ਰਜਿਸਟਰਡ ਪੋਸਟਲ ਰਜਿ: ਨੰ.
Pb/PTA(0274)/2024-26,
ਸਾਲ (Year) 57
ਅੰਕ ਨੰਬਰ (Volume No.) 227
ਫ਼ੋਨ: +91- 92168-07500
E-mail: news@charhdikala.com
www.charhdikala.com

ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬਤ ਦਾ ਭਲਾ

# ਚੜ੍ਹਦੀਕਲਾ

DAILY CHARHDIKALA, PATIALA

ਬਾਨੀ : (ਸਵ.) ਗਿ. ਹਰਨਾਮ ਸਿੰਘ ਜੀ | ਮੁੱਖ ਸੰਪਾਦਕ : ਡਾ. ਜਗਜੀਤ ਸਿੰਘ ਦਰਦੀ | ਸੰਪਾਦਕ : ਹਰਪ੍ਰੀਤ ਸਿੰਘ ਦਰਦੀ

ਕੁੱਲ ਪੰਨੇ: 12 (Monday, 18 August, 2025) ਸੋਮਵਾਰ, 18 ਅਗਸਤ, 2025, 3 ਭਾਦੋਂ, ਨਾਨਕਸ਼ਾਹੀ ਸੰਮਤ 557, ਬਿਕ੍ਰਮੀ 2082/ PRGI (RNI) Regd. No. 22972/1972/ ਮੁੱਲ: 2 ਰੁਪਏ

## ਚੰਡੀਗੜ੍ਹ ਦੇ ਸਾਰੇ ਸਕੂਲ ਅੱਜ ਰਹਿਣਗੇ ਬੰਦ

ਚੰਡੀਗੜ੍ਹ, 17 ਅਗਸਤ (ਚੜ੍ਹਦੀਕਲਾ ਬਿਊਰੋ) : ਪੰਜਾਬ ਦੇ ਗਵਰਨਰ ਅਤੇ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਵੱਲੋਂ ਸੋਮਵਾਰ ਨੂੰ ਚੰਡੀਗੜ੍ਹ ਦੇ ਸਾਰੇ ਸਕੂਲਾਂ ਵਿਚ ਛੁੱਟੀ ਦਾ ਐਲਾਨ ਕੀਤਾ ਗਿਆ ਹੈ। ਇਸ ਫ਼ੈਸਲੇ ਦੇ ਚੱਲਦੇ ਚੰਡੀਗੜ੍ਹ ਦੇ ਸਾਰੇ ਸਰਕਾਰੀ ਅਤੇ ਪ੍ਰਾਈਵੇਟ ਸਕੂਲ ਸੋਮਵਾਰ ਨੂੰ ਬੰਦ ਰਹਿਣਗੇ। ਹਾਲਾਂਕਿ ਪ੍ਰਸ਼ਾਸਨ ਵੱਲੋਂ ਛੁੱਟੀ ਦੇ ਕਾਰਨ ਬਾਰੇ ਕੋਈ ਵਿਸਥਾਰਿਕ ਜਾਣਕਾਰੀ ਨਹੀਂ ਦਿੱਤੀ ਗਈ। ਦਰਅਸਲ ਬੀਤੇ ਦਿਨੀਂ ਦੇਸ਼ ਭਰ ਵਿਚ ਆਜ਼ਾਦੀ ਦਿਹਾੜਾ ਧੂਮਧਾਮ ਨਾਲ ਮਨਾਇਆ ਗਿਆ। ਆਜ਼ਾਦੀ ਦਿਹਾੜੇ ਮੌਕੇ ਕਰਵਾਏ ਗਏ ਪ੍ਰੋਗਰਾਮਾਂ ਵਿਚ ਸਕੂਲਾਂ ਦੇ ਵਿਦਿਆਰਥੀਆਂ ਨੇ ਵੱਡੀ (ਬਾਕੀ ਸਫਾ 2 'ਤੇ)

### ਪ੍ਰਧਾਨ ਮੰਤਰੀ ਦੀ ਲੋਕਾਂ ਨੂੰ ਅਪੀਲ

## ਤੁਸੀਂ ਭਾਰਤੀ ਹੋ ਇਸ ਲਈ ਭਾਰਤ 'ਚ ਬਣਿਆ ਸਾਮਾਨ ਹੀ ਖ਼ਰੀਦੋ: ਮੋਦੀ

ਚੜ੍ਹਦੀਕਲਾ ਬਿਊਰੋ

==============

ਨਵੀਂ ਦਿੱਲੀ, 17 ਅਗਸਤ : ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਅੱਜ ਦਿੱਲੀ ਦੇ ਰੋਹਿਣੀ ਵਿਚ ਦੇਸ਼ ਦੇ ਪਹਿਲੇ 8 ਲੇਨ ਐਲੀਵੇਟਿਡ ਹਾਈਵੇ ਦਵਾਰਕਾ ਐਕਸਪ੍ਰੈਸ ਤੇ ਅਰਬਨ ਐਕਸਟੈਂਸ਼ਨ ਰੋਡ-2 ਦਾ ਉਦਘਾਟਨ ਕੀਤਾ। ਇਸ ਮੌਕੇ ਉਨ੍ਹਾਂ ਨੇ ਲੋਕਾਂ ਨੂੰ 'ਮੇਕ ਇਨ ਇੰਡੀਆ' ਤੇ 'ਵੋਕਲ ਫਾਰ ਲੋਕਲ' ਨੂੰ ਅਪਨਾਉਣ ਲਈ ਕਿਹਾ। ਉਨ੍ਹਾਂ ਕਿਹਾ ਕਿ ਭਾਰਤੀ ਹੋ ਤਾਂ ਭਾਰਤ ਵਿਚ ਬਣਿਆ ਸਾਮਾਨ ਹੀ ਖਰੀਦੋ। ਦੀਵਾਲੀ 'ਤੇ ਵੀ ਉਹੀ ਸਾਮਾਨ ਖਰੀਦੋ ਜੋ ਭਾਰਤੀਆਂ ਨੇ ਭਾਰਤ ਵਿਚ ਬਣਾਇਆ ਹੈ। ਵਪਾਰੀ ਵੀ ਵਿਦੇਸ਼ੀ ਸਾਮਾਨ ਛੱਡ ਕੇ ਲੋਕਲ ਸਾਮਾਨ ਵੇਚਣ। ਪੀ.ਐਮ. ਦਾ ਇਹ ਬਿਆਨ ਅਜਿਹੇ ਸਮੇਂ 'ਤੇ ਆਇਆ ਹੈ ਜਦੋਂ ਭਾਰਤ ਤੇ ਅਮਰੀਕਾ ਵਿਚ ਟੈਰਿਫ ਨੂੰ ਲੈ ਕੇ ਖਿਚੋਤਾਣ ਚੱਲ ਰਹੀ ਹੈ। ਅਮਰੀਕੀ ਰਾਸ਼ਟਰਪਤੀ ਟਰੰਪ ਨੇ ਹੁਣੇ ਜਿਹੇ ਰੂਸ ਤੋਂ ਤੇਲ ਆਯਾਤ ਨੂੰ ਲੈ ਕੇ ਭਾਰਤੀ ਚੀਜ਼ਾਂ 'ਤੇ ਵਾਧੂ 25



ਫੀਸਦੀ ਟੈਰਿਫ ਲਗਾਉਣ ਦਾ ਐਲਾਨ ਕੀਤਾ ਹੈ। 25 ਫੀਸਦੀ ਟੈਰਿਫ 7 ਅਗਸਤ ਤੋਂ ਲਾਗੂ ਹੋ ਚੁੱਕਾ ਹੈ ਜਦੋਂ ਕਿ ਵਾਧੂ 25 ਫੀਸਦੀ ਟੈਰਿਫ 27 ਅਗਸਤ ਤੋਂ ਲਾਗੂ ਕਰਨ ਦਾ ਐਲਾਨ ਕੀਤਾ ਗਿਆ ਹੈ। ਅਜਿਹੇ ਵਿਚ ਪ੍ਰਧਾਨ ਮੰਤਰੀ ਦੇ ਇਸ ਸੰਦੇਸ਼ ਨੂੰ ਸਵਦੇਸ਼ੀ ਉਤਪਾਦਾਂ ਨੂੰ ਬੜ੍ਹਾਵਾ ਦੇਣ ਤੇ ਵਿਦੇਸ਼ੀ ਦਬਾਅ ਵਿਚ 'ਮੇਡ ਇਨ ਇੰਡੀਆ' ਨੂੰ ਮਜ਼ਬੂਤ ਕਰਨ ਦੀ ਰਣਨੀਤੀ ਵਜੋਂ ਦੇਖਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ 11 ਸਾਲ (ਬਾਕੀ ਸਫਾ 2 'ਤੇ)

### ਦਿੱਲੀ 'ਚ ਭੀੜ ਘਟਾਉਣ ਲਈ 11,000 ਕਰੋੜ ਦੀ ਲਾਗਤ ਵਾਲੇ ਦੋ ਰਾਜਮਾਰਗਾਂ ਦਾ ਉਦਘਾਟਨ

ਨਵੀਂ ਦਿੱਲੀ, 17 ਅਗਸਤ (ਚੜ੍ਹਦੀਕਲਾ ਬਿਊਰੋ) : ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਐਤਵਾਰ ਨੂੰ ਕੌਮੀ ਰਾਜਧਾਨੀ ਅਤੇ ਇਸ ਦੇ ਆਲੇ-ਦੁਆਲੇ ਦੇ ਇਲਾਕਿਆਂ 'ਚ ਆਵਾਜਾਈ ਦੀ ਭੀੜ ਨੂੰ ਘੱਟ ਕਰਨ ਲਈ ਲਗਭਗ 11,000 ਕਰੋੜ ਰੁਪਏ ਦੀ ਲਾਗਤ ਵਾਲੇ ਦਵਾਰਕਾ ਐਕਸਪ੍ਰੈਸਵੇਅ ਅਤੇ ਅਰਬਨ ਐਕਸਟੈਂਸ਼ਨ ਰੋਡ-2 ਦੇ ਦਿੱਲੀ ਸੈਕਸ਼ਨ ਦਾ ਉਦਘਾਟਨ ਕੀਤਾ। ਇਹ ਦੋਵੇਂ ਪ੍ਰਾਜੈਕਟ ਰਾਜਧਾਨੀ ਵਿਚ ਭੀੜ ਘਟਾਉਣ ਲਈ ਸਰਕਾਰ ਦੀ ਵਿਆਪਕ ਯੋਜਨਾ ਦੇ ਤਹਿਤ ਵਿਕਸਤ ਕੀਤੇ ਗਏ ਹਨ, ਜਿਸ ਦਾ ਉਦੇਸ਼ ਪਹੁੰਚ ਵਿਚ ਸੁਧਾਰ ਕਰਨਾ, ਯਾਤਰਾ ਦੇ ਸਮੇਂ ਵਿਚ (ਬਾਕੀ ਸਫਾ 2 'ਤੇ)

### 'ਵੋਟ ਚੋਰੀ' ਦੇ ਦੋਸ਼ਾਂ 'ਚ ਘਿਰੇ ਚੋਣ ਕਮਿਸ਼ਨ ਵੱਲੋਂ ਪ੍ਰੈਸ ਕਾਨਫਰੰਸ

## ਰਾਹੁਲ ਗਾਂਧੀ ਸੱਤ ਦਿਨਾਂ 'ਚ ਘੋਸ਼ਣਾ ਪੱਤਰ ਜਮ੍ਹਾਂ ਕਰਵਾਉਣ, ਨਹੀਂ ਤਾਂ ਦਾਅਵੇ ਬੇਬੁਨਿਆਦ ਮੰਨੇ ਜਾਣਗੇ: ਚੋਣ ਕਮਿਸ਼ਨ

ਚੜ੍ਹਦੀਕਲਾ ਬਿਊਰੋ

==============

ਨਵੀਂ ਦਿੱਲੀ, 17 ਅਗਸਤ : 'ਵੋਟ ਚੋਰੀ' ਦੇ ਇਲਜ਼ਾਮਾਂ 'ਚ ਘਿਰੇ ਚੋਣ ਕਮਿਸ਼ਨ ਨੇ ਅੱਜ ਪ੍ਰੈਸ ਕਾਨਫਰੰਸ ਕਰਕੇ ਕਾਂਗਰਸ ਆਗੂ ਰਾਹੁਲ ਗਾਂਧੀ ਵੱਲੋਂ ਕਥਿਤ 'ਵੋਟ ਚੋਰੀ' ਦੇ ਕੀਤੇ ਦਾਅਵਿਆਂ ਬਾਰੇ ਆਪਣਾ ਪੱਖ ਰੱਖਿਆ ਹੈ। ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਨੇ ਕਿਹਾ ਕਿ ਰਾਹੁਲ ਗਾਂਧੀ ਵੋਟ ਚੋਰੀ ਦੇ ਦਾਅਵਿਆਂ 'ਤੇ ਸੱਤ ਦਿਨਾਂ ਅੰਦਰ ਸਹੁੰ ਚੁੱਕ ਕੇ ਘੋਸ਼ਣਾ ਪੱਤਰ ਜਮ੍ਹਾਂ ਕਰਨ ਨਹੀਂ ਤਾਂ ਉਨ੍ਹਾਂ ਦੇ ਵੋਟ ਚੋਰੀ ਦੇ ਦਾਅਵਿਆਂ ਨੂੰ ਬੇਬੁਨਿਆਦ ਅਤੇ ਅਵੈਧ ਕਰਾਰ ਦਿੱਤਾ ਜਾਵੇਗਾ।ਉਨ੍ਹਾਂ ਕਿਹਾ ਕਿ ਜੇਕਰ ਇਹ ਸਾਰੇ ਦਾਅਵੇ ਸਾਬਤ ਕਰਨ ਵਿੱਚ ਰਾਹੁਲ ਗਾਂਧੀ ਫੇਲ ਸਾਬਤ ਹੁੰਦੇ ਹਨ ਤਾਂ ਉਨ੍ਹਾਂ ਨੂੰ ਦੇਸ਼ ਦੀ ਜਨਤਾ ਕੋਲੋਂ ਮੁਆਫ਼ੀ ਮੰਗਣੀ ਪਵੇਗੀ। ਭਾਰਤ ਦੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਨੇ ਕਿਹਾ,ਕਾਨੂੰਨ ਅਨੁਸਾਰ, ਹਰੇਕ ਸਿਆਸੀ ਪਾਰਟੀ ਚੋਣ ਕਮਿਸ਼ਨ ਕੋਲ ਰਜਿਸਟ੍ਰੇਸ਼ਨ ਤੋਂ ਪੈਦਾ ਹੁੰਦੀ ਹੈ, ਫਿਰ ਚੋਣ ਕਮਿਸ਼ਨ ਉਨ੍ਹਾਂ ਸਿਆਸੀ ਪਾਰਟੀਆਂ ਦਰਮਿਆਨ ਵਿਤਕਰਾ ਕਿਵੇਂ ਕਰ ਸਕਦਾ ਹੈ। ਚੋਣ ਕਮਿਸ਼ਨ ਲਈ, ਕੋਈ ਸੱਤਾਧਾਰੀ ਪਾਰਟੀ ਜਾਂ ਵਿਰੋਧੀ ਧਿਰ ਨਹੀਂ ਹੈ, ਸਾਰੀਆਂ ਬਰਾਬਰ ਹਨ... ਪਿਛਲੇ ਦੋ ਦਹਾਕਿਆਂ ਤੋਂ ਕਰੀਬ ਸਾਰੀਆਂ ਸਿਆਸੀ ਪਾਰਟੀਆਂ ਵੋਟਰ ਸੂਚੀ ਵਿੱਚ ਗਲਤੀਆਂ ਨੂੰ ਸੁਧਾਰਨ ਦੀ ਮੰਗ ਕਰ ਰਹੀਆਂ ਹਨ, ਇਸ ਲਈ ਚੋਣ ਕਮਿਸ਼ਨ ਨੇ ਬਿਹਾਰ ਤੋਂ ਇੱਕ ਵਿਸ਼ੇਸ਼ ਵਿਆਪਕ ਸੋਧ (ਸਰ) ਸ਼ੁਰੂ ਕੀਤੀ ਹੈ। ਸਰ ਦੀ ਪ੍ਰਕਿਰਿਆ ਵਿੱਚ, ਸਾਰੇ ਵੋਟਰਾਂ, ਬੂਥ ਪੱਧਰ ਦੇ ਅਧਿਕਾਰੀਆਂ ਅਤੇ ਸਾਰੀਆਂ ਸਿਆਸੀ ਪਾਰਟੀਆਂ ਵੱਲੋਂ ਨਾਮਜ਼ਦ 1.6 ਲੱਖ ਬੂਥ ਪੱਧਰ ਦਾ ਏਜੰਟ ਨੇ ਮਿਲ ਕੇ ਇੱਕ



ਖਰੜਾ ਸੂਚੀ ਤਿਆਰ ਕੀਤੀ ਹੈ।" ਭਾਰਤ ਦੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਨੇ ਕਿਹਾ, ਇਹ ਗੰਭੀਰ ਚਿੰਤਾ ਦਾ ਵਿਸ਼ਾ ਹੈ ਕਿ ਸਿਆਸੀ ਪਾਰਟੀਆਂ ਦੇ ਜ਼ਿਲ੍ਹਾ ਪ੍ਰਧਾਨਾਂ ਅਤੇ ਉਨ੍ਹਾਂ ਵੱਲੋਂ ਨਾਮਜ਼ਦ ਕੀਤੇ ਗਏ ਬੀਐਲਏ ਦੇ ਪ੍ਰਮਾਣਿਤ ਦਸਤਾਵੇਜ਼ ਅਤੇ ਪ੍ਰਸ਼ੰਸਾ ਪੱਤਰ ਜਾਂ ਤਾਂ ਉਨ੍ਹਾਂ ਦੇ ਸਬੰਧਤ ਰਾਜ ਜਾਂ ਰਾਸ਼ਟਰੀ ਪੱਧਰ ਦੇ ਨੇਤਾਵਾਂ ਤੱਕ ਨਹੀਂ ਪਹੁੰਚ ਰਹੇ ਹਨ ਜਾਂ ਜ਼ਮੀਨੀ ਹਕੀਕਤਾਂ ਨੂੰ ਨਜ਼ਰਅੰਦਾਜ਼ ਕਰਕੇ ਭੰਬਲਭੂਸਾ ਪੈਦਾ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਸਾਰੇ ਹਿੱਸੇਦਾਰ ਇਕੱਠੇ ਕੰਮ ਕਰਕੇ ਬਿਹਾਰ ਦੇ ਸਰ ਨੂੰ ਸਫਲ ਬਣਾਉਣ ਲਈ ਵਚਨਬੱਧ ਹਨ। ਗਿਆਨੇਸ਼ ਕੁਮਾਰ ਨੇ ਕਿਹਾ, ਜੇਕਰ ਵੋਟਰ ਸੂਚੀਆਂ ਵਿੱਚ ਗਲਤੀਆਂ ਨੂੰ ਕਾਨੂੰਨ ਅਨੁਸਾਰ ਸਮੇਂ ਸਿਰ ਸਾਂਝਾ ਨਹੀਂ ਕੀਤਾ ਜਾਂਦਾ, ਜੇਕਰ ਵੋਟਰ ਵੱਲੋਂ ਆਪਣਾ ਉਮੀਦਵਾਰ ਚੁਣਨ ਦੇ 45 ਦਿਨਾਂ ਦੇ ਅੰਦਰ-ਅੰਦਰ ਹਾਈ ਕੋਰਟ ਵਿੱਚ ਚੋਣ ਪਟੀਸ਼ਨ ਦਾਇਰ ਨਹੀਂ ਕੀਤੀ ਜਾਂਦੀ, ਅਤੇ ਫਿਰ ਵੋਟ ਚੋਰੀ ਵਰਗੇ ਗਲਤ ਸ਼ਬਦਾਂ ਦੀ ਵਰਤੋਂ ਕਰਕੇ ਜਨਤਾ ਨੂੰ ਗੁੰਮਰਾਹ ਕਰਨ ਦੀ ਅਸਫਲ ਕੋਸ਼ਿਸ਼ ਕੀਤੀ ਜਾਂਦੀ ਹੈ, ਤਾਂ ਇਹ ਭਾਰਤ ਦੇ ਸੰਵਿਧਾਨ ਦਾ ਅਪਮਾਨ ਨਹੀਂ ਤਾਂ ਕੀ ਹੈ? ਗਿਆਨੇਸ਼ ਕੁਮਾਰ ਨੇ ਕਿਹਾ, ... ਇੱਕ ਵਾਰ ਜਦੋਂ ਐਸ.ਡੀ.ਐਮ. ਵੱਲੋਂ ਅੰਤਿਮ ਸੂਚੀ ਪ੍ਰਕਾਸ਼ਿਤ ਹੋ ਜਾਂਦੀ ਹੈ, ਤਾਂ ਡਰਾਫਟ ਸੂਚੀ ਵੀ ਸਿਆਸੀ ਪਾਰਟੀਆਂ ਨਾਲ ਸਾਂਝੀ ਕੀਤੀ ਜਾਂਦੀ ਹੈ ਅਤੇ ਅੰਤਿਮ ਸੂਚੀ ਵੀ ਸਿਆਸੀ ਪਾਰਟੀਆਂ ਨਾਲ ਸਾਂਝੀ ਕੀਤੀ ਜਾਂਦੀ ਹੈ, ਇਹ ਚੋਣ ਕਮਿਸ਼ਨ ਦੀ ਵੈੱਬਸਾਈਟ ਤੇ ਵੀ ਉਪਲਬਧ ਹੈ... (ਬਾਕੀ ਸਫਾ 2 'ਤੇ)

### ਐਨ.ਡੀ.ਏ. ਨੇ ਸੀ.ਪੀ. ਰਾਧਾਕ੍ਰਿਸ਼ਨਨ ਨੂੰ ਉਪ-ਰਾਸ਼ਟਰਪਤੀ ਲਈ ਉਮੀਦਵਾਰ ਐਲਾਨਿਆ

ਨਵੀਂ ਦਿੱਲੀ, 17 ਅਗਸਤ (ਚੜ੍ਹਦੀਕਲਾ ਬਿਊਰੋ) :ਜਗਦੀਪ ਧਨਖੜ ਦੇ ਅਸਤੀਫ਼ੇ ਤੋਂ ਬਾਅਦ, ਰਾਸ਼ਟਰੀ ਲੋਕਤੰਤਰੀ ਗੱਠਜੋੜ (ਐਨ.ਡੀ.ਏ.) ਨੇ ਐਤਵਾਰ ਨੂੰ ਮਹਾਰਾਸ਼ਟਰ ਦੇ ਰਾਜਪਾਲ ਸੀ.ਪੀ.



ਰਾਧਾਕ੍ਰਿਸ਼ਨਨ ਨੂੰ ਭਾਰਤ ਦੇ ਉਪ ਰਾਸ਼ਟਰਪਤੀ ਅਹੁਦੇ ਲਈ ਉਮੀਦਵਾਰ ਵਜੋਂ ਐਲਾਨਿਆ। ਇਸ ਦਾ ਐਲਾਨ ਕਰਦਿਆਂ ਭਾਜਪਾ ਪ੍ਰਧਾਨ ਜੇ.ਪੀ. ਨੱਡਾ ਨੇ ਕਿਹਾ ਕਿ ਸੀ.ਪੀ. ਰਾਧਾਕ੍ਰਿਸ਼ਨਨ ਉਪ ਰਾਸ਼ਟਰਪਤੀ ਅਹੁਦੇ ਲਈ ਐਨ.ਡੀ.ਏ. ਦੇ ਉਮੀਦਵਾਰ ਹੋਣਗੇ। ਇਸ ਵੇਲੇ (ਬਾਕੀ ਸਫਾ 2 'ਤੇ)

## ਹੜ੍ਹਾਂ ਦੀ ਮਾਰ ਹੇਠ ਆਏ ਪੰਜਾਬ ਦੇ ਕਈ ਪਿੰਡ



ਚੜ੍ਹਦੀਕਲਾ ਬਿਊਰੋ

==============

ਚੰਡੀਗੜ੍ਹ, 17 ਅਗਸਤ : ਹਿਮਾਚਲ ਵਿਚ ਪਏ ਭਾਰੀ ਮੀਂਹ ਕਰਕੇ ਰਾਵੀ ਦਰਿਆ ਵਿਚ 1 ਲੱਖ 50 ਹਜ਼ਾਰ ਕਿਊਸਿਕ ਪਾਣੀ ਛੱਡਿਆ ਗਿਆ ਜਿਸ ਕਰਕੇ ਰਾਵੀ ਉਫਾਨ 'ਤੇ ਹੈ ਤੇ ਪਠਾਨਕੋਟ ਦਾ ਭੋਆ ਇਲਾਕਾ ਹੜ੍ਹ ਦੀ ਚਪੇਟ ਵਿਚ ਆ ਗਿਆ। ਸਰਹੱਦੀ ਚੌਕੀਆਂ ਵੀ ਡੁੱਬ ਗਈਆਂ ਹਨ। ਡੇਰਾ ਬਾਬਾ ਨਾਨਕ ਵਿਧਾਨ ਸਭਾ ਖੇਤਰ ਦੇ ਧਰਮਕੋਟ ਪਤਨ, ਗੁਰੂਚਕ ਤੇ ਘਨਿਆਕੇ ਬੇਟ, ਦੀਨਾਨਗਰ ਦੇ ਕਲਾਨੌਰ, ਚੰਦੂਵਦਲਾ, ਕਮਾਲਪੁਰ ਜਟਾ ਤੇ ਕਾਨਾ, ਚੌਂਤੜਾ, ਚਕਰੀ, (ਬਾਕੀ ਸਫਾ 2 'ਤੇ)

## ਸ੍ਰੀ ਸਾਹਿਬ ਕਾਰਨ ਗੁਰਸਿੱਖ ਸਰਪੰਚ ਨੂੰ ਲਾਲ ਕਿਲ੍ਹੇ 'ਚ ਨਹੀਂ ਮਿਲੀ ਐਂਟਰੀ

### ਸੁਰੱਖਿਆ ਗਾਰਡਾਂ ਨੇ ਕਕਾਰਾਂ 'ਤੇ ਪ੍ਰਗਟਾਇਆ ਇਤਰਾਜ਼

ਚੜ੍ਹਦੀਕਲਾ ਬਿਊਰੋ

==============

ਨਵੀਂ ਦਿੱਲੀ, 17 ਅਗਸਤ : 15 ਅਗਸਤ ਨੂੰ ਅਜ਼ਾਦੀ ਦਿਹਾੜੇ ਮੌਕੇ ਪਟਿਆਲਾ ਜ਼ਿਲ੍ਹੇ ਦੇ ਨਾਭਾ ਬਲਾਕ ਦੇ ਪਿੰਡ ਕਾਲਸਨਾਂ ਦੀ ਪੰਚਾਇਤ ਨੂੰ ਨਵੀਂ ਦਿੱਲੀ ਨਗਰ ਪ੍ਰੀਸ਼ਦ 'ਚ ਜਲ ਸ਼ਕਤੀ ਮੰਤਰਾਲੇ ਦੇ ਮੰਤਰੀ ਵੀ. ਸਮਨਾ ਵੱਲੋਂ ਪਿੰਡ ਦੀ ਸਫਾਈ ਲਈ ਸਨਮਾਨਿਤ ਕੀਤਾ ਜਾਣਾ ਸੀ। ਜਿਸ ਦੇ ਚਲਦਿਆਂ ਪਿੰਡ ਕਾਲਸਨਾਂ ਦੇ ਸਰਪੰਚ ਗੁਰਧਿਆਨ ਨੂੰ ਦਿੱਲੀ ਦੇ ਲਾਲ ਕਿਲ੍ਹੇ ਵਿਖੇ ਹੋਣ ਵਾਲੇ ਸਮਾਗਮ 'ਚ ਸ਼ਾਮਲ ਹੋਣ ਲਈ ਸੱਦਾ ਦਿੱਤਾ ਗਿਆ ਸੀ। ਅਜ਼ਾਦੀ ਦਿਹਾੜੇ ਮੌਕੇ ਜਦੋਂ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਦਿੱਲੀ ਦੇ ਲਾਲ ਕਿਲ੍ਹੇ 'ਤੇ ਤਿਰੰਗਾ ਝੰਡਾ ਲਹਿਰਾਉਣਾ ਸੀ, ਤਾਂ ਪਿੰਡ ਦੇ ਸਰਪੰਚ ਗੁਰਧਿਆਨ ਸਿੰਘ ਵੀ ਸੱਦਾ ਪੱਤਰ ਮਿਲਣ ਤੇ ਉੱਥੇ (ਬਾਕੀ ਸਫਾ 2 'ਤੇ)

### ਅੰਮ੍ਰਿਤਧਾਰੀ ਸਰਪੰਚ ਨੂੰ ਆਜ਼ਾਦੀ ਸਮਾਗਮ 'ਚ ਜਾਣ ਤੋਂ ਰੋਕਣ ਦੀ ਗਿ. ਹਰਪ੍ਰੀਤ ਸਿੰਘ ਵੱਲੋਂ ਨਿਖੇਧੀ

ਚੜ੍ਹਦੀਕਲਾ ਬਿਊਰੋ

==============

ਚੰਡੀਗੜ੍ਹ, 17 ਅਗਸਤ : ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਜੱਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਨਾਭਾ ਦੇ ਨੇੜਲੇ ਪਿੰਡ ਕਾਲਸਨਾਂ ਦੇ ਗੁਰਸਿੱਖ ਸਰਪੰਚ ਸਰਦਾਰ ਗੁਰਧਿਆਨ ਸਿੰਘ ਨਾਲ ਦਿੱਲੀ ਪੁਲਿਸ ਵਲੋਂ ਕੀਤੇ ਦੁਰਵਿਹਾਰ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ। ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਜੱਥੇਦਾਰ ਹਰਪ੍ਰੀਤ ਸਿੰਘ ਨੇ ਕਿਹਾ ਕਿ ਇਹ ਮਾਮਲਾ ਬੇਹੱਦ ਗੰਭੀਰ ਹੈ, ਅੱਜ ਵੀ



ਸਿੱਖਾਂ (ਘੱਟ ਗਿਣਤੀ ਭਾਈਚਾਰੇ) ਨੂੰ ਵੱਖਰੀ ਪਛਾਣ ਕਰਕੇ ਟਾਰਗੇਟ ਕੀਤਾ ਜਾ ਰਿਹਾ ਹੈ। ਪਾਰਟੀ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਇਹ ਮਾਮਲਾ ਵਧੇਰੇ ਚਿੰਤਾਜਨਕ ਇਸ ਕਰਕੇ ਬਣ ਜਾਂਦਾ ਹੈ, ਜਿਸ ਅਜ਼ਾਦੀ ਦਿਹਾੜੇ ਦੇ ਸਮਾਗਮਾਂ ਵਿੱਚ ਸ਼ਮੂਲੀਅਤ ਤੋਂ ਸਰਪੰਚ ਗੁਰਧਿਆਨ ਸਿੰਘ ਨੂੰ ਰੋਕਿਆ ਗਿਆ, ਦੇਸ਼ ਦੀ ਅਜ਼ਾਦੀ ਵਿੱਚ ਸਭ ਤੋਂ ਵੱਧ (ਬਾਕੀ ਸਫਾ 2 'ਤੇ)

## ਵੋਟਾਂ 'ਚ ਹੋਰ ਚੋਰੀ ਨਹੀਂ ਹੋਣ ਦਿਆਂਗੇ: ਰਾਹੁਲ

### ਬਿਹਾਰ ਦੇ ਸਾਸਾਰਾਮ ਤੋਂ 'ਵੋਟ ਅਧਿਕਾਰ ਯਾਤਰਾ' ਦਾ ਰਸਮੀ ਆਗਾਜ਼; ਵੋਟ ਚੋਰੀ ਦੇ ਮੁੱਦੇ 'ਤੇ ਮੁੜ ਸਰਕਾਰ ਨੂੰ ਘੇਰਿਆ

ਚੜ੍ਹਦੀਕਲਾ ਬਿਊਰੋ

==============

ਸਾਸਾਰਾਮ, 17 ਅਗਸਤ : ਕਾਂਗਰਸੀ ਆਗੂ ਰਾਹੁਲ ਗਾਂਧੀ ਨੇ ਬਿਹਾਰ ਦੇ ਸਾਸਾਰਾਮ ਜ਼ਿਲ੍ਹੇ ਵਿੱਚ 'ਵੋਟ ਅਧਿਕਾਰ ਯਾਤਰਾ' ਦੌਰਾਨ ਅੱਜ ਦਾਅਵਾ ਕੀਤਾ ਕਿ ਉਹ ਚੋਣਾਂ ਦੌਰਾਨ ਵੋਟਾਂ ਦੀ ਚੋਰੀ ਨਹੀਂ ਹੋਣ ਦੇਣਗੇ ਅਤੇ ਸਰਕਾਰ ਤੇ ਚੋਣ ਕਮਿਸ਼ਨ ਦੀ ਮਿਲੀਭੁਗਤ ਦਾ ਪਰਦਾਫਾਸ਼ ਕਰਕੇ ਰਹਿਣਗੇ। ਉਨ੍ਹਾਂ ਸਹੁੰ ਖਾਧੀ ਕਿ ਮਹਾਰਾਸ਼ਟਰ ਹੋਵੇ ਜਾਂ ਬਿਹਾਰ ਉਹ ਭਵਿੱਖ ਵਿਚ ਵੋਟਾਂ ਦੀ ਚੋਰੀ ਨਹੀਂ ਹੋਣ ਦੇਣਗੇ। ਗਾਂਧੀ ਇਥੇ 'ਵੋਟ ਅਧਿਕਾਰ ਯਾਤਰਾ' ਦੇ ਰਸਮੀ ਆਗਾਜ਼ ਮੌਕੇ ਇਕੱਠ ਨੂੰ ਸੰਬੋਧਨ ਕਰ



ਰਹੇ ਸਨ। ਇਸ ਮੌਕੇ ਸਟੇਜ 'ਤੇ ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ, ਆਰਜੇਡੀ ਆਗੂ ਤੇਜਸਵੀ ਯਾਦਵ, ਬਿਹਾਰ ਦੇ ਸਾਬਕਾ ਮੁੱਖ ਮੰਤਰੀ ਲਾਲੂ ਪ੍ਰਸਾਦ, ਛੱਤੀਸਗੜ੍ਹ ਦੇ ਸਾਬਕਾ ਮੁੱਖ ਮੰਤਰੀ ਭੁਪੇਸ਼ ਬਘੇਲ, ਕਾਂਗਰਸ ਦੇ ਕੇਸੀ ਵੇਣੂਗੋਪਾਲ ਆਦਿ ਹਾਜ਼ਰ ਸਨ। ਰਾਹੁਲ ਗਾਂਧੀ ਨੇ ਕਿਹਾ, ਪੂਰਾ ਦੇਸ਼ ਜਾਣਦਾ ਹੈ ਕਿ ਚੋਣ ਕਮਿਸ਼ਨ ਕੀ ਕਰ ਰਿਹਾ ਹੈ। ਪਹਿਲਾਂ ਦੇਸ਼ ਨੂੰ ਨਹੀਂ ਪਤਾ ਸੀ ਕਿ ਵੋਟਾਂ ਕਿਵੇਂ ਚੋਰੀ ਹੋ ਰਹੀਆਂ ਹਨ। ਪਰ ਅਸੀਂ ਪ੍ਰੈਸ ਕਾਨਫਰੰਸ ਵਿੱਚ ਸਪੱਸ਼ਟ ਕਰ ਦਿੱਤਾ ਸੀ ਕਿ ਵੋਟਾਂ ਕਿਵੇਂ ਚੋਰੀ ਕੀਤੀਆਂ ਜਾ ਰਹੀਆਂ ਹਨ। (ਬਾਕੀ ਸਫਾ 2 'ਤੇ)

## ਭਾਰਤੀ ਪੁਲਾੜ ਯਾਤਰੀ ਸ਼ੁਭਾਂਸ਼ੂ ਸ਼ੁਕਲਾ ਦਿੱਲੀ ਪੁੱਜਿਆ

ਚੜ੍ਹਦੀਕਲਾ ਬਿਊਰੋ

==============

ਨਵੀਂ ਦਿੱਲੀ, 17 ਅਗਸਤ : ਭਾਰਤ ਦਾ ਪੁਲਾੜ ਯਾਤਰੀ



ਗਰੁੱਪ ਕੈਪਟਨ ਸ਼ੁਭਾਂਸ਼ੂ ਸ਼ੁਕਲਾ ਐਤਵਾਰ ਸਵੇਰੇ ਨਵੀਂ ਦਿੱਲੀ ਪਹੁੰਚਿਆ। ਸ਼ੁਕਲਾ 15 ਜੁਲਾਈ ਨੂੰ ਨਾਸਾ ਦੇ ਐਕਸੀਓਮ-4 ਪੁਲਾੜ ਮਿਸ਼ਨ ਨੂੰ ਪੂਰਾ ਕਰਨ ਤੋਂ ਬਾਅਦ ਧਰਤੀ 'ਤੇ ਪਰਤਿਆ ਸੀ। ਕੇਂਦਰੀ ਵਿਗਿਆਨ ਅਤੇ ਤਕਨਾਲੋਜੀ ਰਾਜ ਮੰਤਰੀ ਜਤਿੰਦਰ ਸਿੰਘ ਅਤੇ ਦਿੱਲੀ ਦੀ ਮੁੱਖ ਮੰਤਰੀ ਰੇਖਾ ਗੁਪਤਾ ਨੇ ਸ਼ੁਕਲਾ ਦਾ ਹਵਾਈ ਅੱਡੇ 'ਤੇ ਸਵਾਗਤ ਕੀਤਾ। ਇਸ ਮੌਕੇ ਸ਼ੁਕਲਾ ਦੀ ਪਤਨੀ ਕਾਮਨਾ ਸ਼ੁਕਲਾ ਵੀ ਮੌਜੂਦ ਸਨ। ਸ਼ੁਕਲਾ ਦੇ ਆਉਣ ਤੋਂ ਪਹਿਲਾਂ ਕੇਂਦਰੀ ਮੰਤਰੀ ਅਤੇ ਮੁੱਖ ਮੰਤਰੀ ਨੇ ਉਨ੍ਹਾਂ ਦਾ ਸਵਾਗਤ ਕੀਤਾ। ਸ਼ੁਕਲਾ ਨਾਸਾ ਦੇ ਐਕਸੀਓਮ-4 ਸਪੇਸ ਮਿਸ਼ਨ ਦਾ ਹਿੱਸਾ ਸੀ, ਜਿਸ ਨੇ 25 ਜੂਨ ਨੂੰ ਫਲੋਰੀਡਾ, ਅਮਰੀਕਾ ਵਿੱਚ (ਬਾਕੀ ਸਫਾ 2 'ਤੇ)

### ਨਾਨਾ-ਨਾਨੀ ਨੇ 6 ਮਹੀਨੇ ਦੀ ਦੋਹਤੀ ਦਾ ਕਤਲ ਕਰ ਪੁਲੀ 'ਚ ਸੁੱਟੀ ਲਾਸ਼

ਜਲੰਧਰ, 17 ਅਗਸਤ (ਚੜ੍ਹਦੀਕਲਾ ਬਿਊਰੋ) : ਜਲੰਧਰ ਦੇ ਥਾਣਾ ਭੋਗਪੁਰ ਦੇ ਖੇਤਰ ਵਿਚ 6 ਮਹੀਨੇ ਦੀ ਬੱਚੀ ਦੀ ਉਸ ਦੇ ਨਾਨਾ-ਨਾਨੀ ਨੇ ਹੱਤਿਆ ਕਰ ਦਿੱਤੀ। ਬੱਚੀ ਦੀ ਮਾਂ ਤੀਜੀ ਸ਼ਾਦੀ ਦੇ



ਬਾਵਜੂਦ ਆਪਣੇ ਪ੍ਰੇਮੀ ਨਾਲ ਫਰਾਰ ਹੋ ਗਈ। ਫਰਾਰ ਹੋਣ ਤੋਂ ਪਹਿਲਾਂ ਉਹ ਬੱਚੀ ਨੂੰ ਆਪਣੇ ਪੇਕੇ ਛੱਡ ਗਈ ਸੀ। ਬੱਚੀ ਮਾਂ ਦੇ ਬਿਨਾਂ ਰੋਂਦੀ ਸੀ ਤੇ ਉਸ ਦੇ ਰੋਣ ਤੋਂ ਨਾਨਾ-ਨਾਨੀ ਬਹੁਤ ਪ੍ਰੇਸ਼ਾਨ ਸਨ। ਇਸੇ ਕਰਕੇ ਨਾਨਾ-ਨਾਨੀ ਨੇ ਬੱਚੇ ਦਾ ਗਲਾ ਘੁੱਟ ਕੇ (ਬਾਕੀ ਸਫਾ 2 'ਤੇ)

## ਸਾਵਰਕਰ ਨੇ ਸਭ ਤੋਂ ਪਹਿਲਾਂ ਦੋ-ਰਾਸ਼ਟਰ ਸਿਧਾਂਤ ਦਾ ਕੀਤਾ ਸੀ ਪ੍ਰਚਾਰ: ਪ੍ਰਿਆਂਕ ਖੜਗੇ

### 'ਮੁਹੰਮਦ ਅਲੀ ਜਿਨਾਹ ਅਤੇ ਮੁਸਲਿਮ ਲੀਗ ਨੇ ਇਸ ਨੂੰ ਬਹੁਤ ਬਾਅਦ 'ਚ ਅਪਣਾਇਆ'

ਚੜ੍ਹਦੀਕਲਾ ਬਿਊਰੋ

==============

ਬੈਂਗਲੁਰੂ, 17 ਅਗਸਤ : ਕਰਨਾਟਕ ਸਰਕਾਰ ਵਿਚ ਮੰਤਰੀ ਪ੍ਰਿਆਂਕ ਖੜਗੇ ਨੇ ਦਾਅਵਾ ਕੀਤਾ ਹੈ ਕਿ ਭਾਰਤ ਵਿਚ ਦੋ ਰਾਸ਼ਟਰਾਂ ਦੀ ਧਾਰਨਾ ਸਭ ਤੋਂ ਪਹਿਲਾਂ ਵਿਨਾਇਕ ਦਾਮੋਦਰ ਸਾਵਰਕਰ ਨੇ ਪੇਸ਼ ਕੀਤੀ ਸੀ। ਉਨ੍ਹਾਂ ਕਿਹਾ ਕਿ ਇਸ ਨੂੰ ਮੁਹੰਮਦ ਅਲੀ ਜਿਨਾਹ ਅਤੇ ਮੁਸਲਿਮ ਲੀਗ ਨੇ ਬਹੁਤ ਬਾਅਦ ਵਿਚ ਅਪਣਾਇਆ ਸੀ।



ਸੂਚਨਾ ਤਕਨਾਲੋਜੀ ਅਤੇ ਬਾਇਓਟੈਕਨਾਲੋਜੀ ਮੰਤਰੀ ਨੇ ਕਿਹਾ ਕਿ ਦੋ ਰਾਸ਼ਟਰਾਂ ਦਾ ਵਿਚਾਰ ਸੱਭ ਤੋਂ ਪਹਿਲਾਂ 'ਵੀਰ' ਸਾਵਰਕਰ ਨੇ ਪੇਸ਼ ਕੀਤਾ ਸੀ ਅਤੇ ਉਨ੍ਹਾਂ ਦੇ 'ਟੁਕੜੇ-ਟੁਕੜੇ ਗੈਂਗ' ਨੇ ਇਸ ਦਾ ਸਮਰਥਨ ਕੀਤਾ ਸੀ। ਉਨ੍ਹਾਂ ਨੇ ਸਾਵਰਕਰ ਦੀਆਂ ਲਿਖਤਾਂ ਅਤੇ ਭਾਸ਼ਣਾਂ ਦਾ ਹਵਾਲਾ ਦਿੰਦੇ ਹੋਏ ਘਟਨਾਵਾਂ ਦੇ ਕ੍ਰਮ ਵੀ ਗਿਣਾਇਆ। (ਬਾਕੀ ਸਫਾ 2 'ਤੇ)

### ਧਰਮ ਪ੍ਰਚਾਰ ਫੇਰੀ ਦੌਰਾਨ ਕਸ਼ਮੀਰ ਦੀ ਸੰਗਤ ਵੱਲੋਂ ਜਥੇਦਾਰ ਗੜਗੱਜ ਦਾ ਭਰਵਾਂ ਸਵਾਗਤ

## ਸਰਕਾਰ ਤੋਂ ਹੱਕੀ ਮੰਗਾਂ ਮਨਵਾਉਣ ਲਈ ਸਮੂਹ ਸਿੱਖ ਧੜੇਬੰਦੀ ਛੱਡ ਕੇ ਏਕਤਾ ਨਾਲ ਇੱਕ ਮੰਚ 'ਤੇ ਆਉਣ: ਜਥੇ. ਗੜਗੱਜ

ਬਬਲੂ ਮਹਾਜਨ

============

ਅੰਮ੍ਰਿਤਸਰ, 17 ਅਗਸਤ : ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਸਾਕੇ ਨੂੰ ਸਮਰਪਿਤ ਖੁਆਰ ਹੋਏ ਸਭ ਮਿਲੈਂਗੇ ਧਰਮ ਪ੍ਰਚਾਰ ਲਹਿਰ ਤਹਿਤ ਜੰਮੂ ਕਸ਼ਮੀਰ ਵਿੱਚ ਪ੍ਰਚਾਰ ਫੇਰੀ ਦੌਰਾਨ ਕਸ਼ਮੀਰ ਦੀ ਸਿੱਖ ਸੰਗਤ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਦਾ ਵੱਖ-ਵੱਖ ਪੜਾਵਾਂ ਦੌਰਾਨ ਭਰਵਾਂ ਸਵਾਗਤ ਕੀਤਾ। ਜਥੇਦਾਰ ਗੜਗੱਜ ਪੁਲਵਾਮਾ ਜ਼ਿਲ੍ਹਾ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸੱਦੇ ਉੱਤੇ ਪੁਲਵਾਮਾ ਖੇਤਰ ਵਿੱਚ ਸਮੂਹ ਸਿੱਖ ਬੈਲਟ ਫੋਰਸ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਗੁਰਪੁਰਬ ਨੂੰ



ਸਮਰਪਿਤ ਗੁਰਦੁਆਰਾ ਸਾਹਿਬ ਬੋਰਡਿੰਗ ਹਾਊਸ ਵਿਖੇ 17 ਅਗਸਤ ਨੂੰ ਕਰਵਾਏ ਗਏ ਗੁਰਮਤਿ ਸਮਾਗਮ ਵਿੱਚ ਸ਼ਮੂਲੀਅਤ ਕਰਨ ਲਈ ਕਸ਼ਮੀਰ ਦੌਰੇ ਉੱਤੇ ਗਏ ਹੋਏ ਹਨ। ਇਸ ਦੌਰਾਨ ਜਥੇਦਾਰ ਗੜਗੱਜ ਨੇ ਅਨੰਤਨਾਗ (ਬਾਕੀ ਸਫਾ 2 'ਤੇ)

### ਦਹੀ ਹਾਂਡੀ ਸਮਾਰੋਹ: ਮੁੰਬਈ ਤੇ ਠਾਣੇ 'ਚ ਦੋ ਮੌਤਾਂ; 300 ਤੋਂ ਵੱਧ ਜ਼ਖ਼ਮੀ

ਮੁੰਬਈ, 17 ਅਗਸਤ (ਚੜ੍ਹਦੀਕਲਾ ਬਿਊਰੋ) : ਮੁੰਬਈ ਅਤੇ ਠਾਣੇ ਸ਼ਹਿਰ ਵਿੱਚ 'ਦਹੀ ਹਾਂਡੀ' ਤਿਉਹਾਰ ਦੌਰਾਨ ਵਾਪਰੇ ਹਾਦਸਿਆਂ ਵਿੱਚ ਦੋ ਜਣਿਆਂ ਦੀ ਮੌਤ ਹੋ ਗਈ, ਜਦਕਿ 300 ਤੋਂ ਵੱਧ ਲੋਕ ਜ਼ਖ਼ਮੀ ਹੋ ਗਈ। ਇੱਕ ਸਥਾਨਕ ਅਧਿਕਾਰੀ ਨੇ ਦੱਸਿਆ ਕਿ ਮੁੰਬਈ ਵਿੱਚ ਜ਼ਖ਼ਮੀ ਹੋਏ 318 ਜਣਿਆਂ ਵਿੱਚੋਂ ਸਿਰਫ਼ 24 ਨੂੰ ਹਸਪਤਾਲ ਭਰਤੀ ਕਰਵਾਇਆ ਗਿਆ ਹੈ, ਜਿਸ ਵਿੱਚ ਇੱਕ ਨੌਂ ਸਾਲ ਦਾ ਬੱਚਾ ਵੀ ਸ਼ਾਮਲ ਹੈ, ਜਦਕਿ ਬਾਕੀਆਂ ਨੂੰ ਮੁੱਢਲੀ ਸਹਾਇਤਾ ਮਗਰੋਂ ਘਰ ਭੇਜ ਦਿੱਤਾ ਗਿਆ। ਅਧਿਕਾਰੀਆਂ ਮੁਤਾਬਕ ਨੌਂ ਸਾਲਾ ਬੱਚੇ ਸਣੇ ਜ਼ਖ਼ਮੀ ਹੋਏ ਦੋ ਜਣਿਆਂ ਦੀ ਹਾਲਤ ਗੰਭੀਰ ਹੈ। ਇਸੇ ਤਰ੍ਹਾਂ ਮਾਨਖੁਰਦ ਵਿੱਚ 'ਦਹੀ ਹਾਂਡੀ' ਬੰਨ੍ਹਦੇ ਸਮੇਂ 32 ਸਾਲਾ ਵਿਅਕਤੀ ਦੀ ਡਿੱਗਣ ਕਾਰਨ ਮੌਤ ਹੋ ਗਈ, ਜਿਸ ਦੀ ਪਛਾਣ ਜਗਮੋਹਨ ਸ਼ਿਵਕਿਰਨ ਚੌਧਰੀ ਵਜੋਂ ਹੋਈ ਹੈ, (ਬਾਕੀ ਸਫਾ 2 'ਤੇ)

## ਕਠੂਆ 'ਚ ਬੱਦਲ ਫਟਣ ਨਾਲ ਤਬਾਹੀ, 7 ਦੀ ਮੌਤ, 6 ਜ਼ਖ਼ਮੀ

ਚੜ੍ਹਦੀਕਲਾ ਬਿਊਰੋ

==============

ਜੰਮੂ, 17 ਅਗਸਤ : ਜੰਮੂ-ਕਸ਼ਮੀਰ ਦੇ ਕਿਸ਼ਤਵਾੜ ਤੋਂ ਬਾਅਦ ਹੁਣ ਕਠੂਆ ਜ਼ਿਲ੍ਹੇ ਦੇ ਜੋੜ ਘਾਟੀ ਖੇਤਰ ਵਿੱਚ ਬੱਦਲ ਫਟਣ ਕਾਰਨ ਇੱਕ ਵੱਡਾ ਹਾਦਸਾ ਵਾਪਰਿਆ ਹੈ। ਭਾਰੀ ਬਾਰਿਸ਼ ਅਤੇ ਪਹਾੜਾਂ ਤੋਂ ਮਲਬੇ ਨੇ ਜੰਮੂ-ਪਠਾਨਕੋਟ ਰਾਸ਼ਟਰੀ ਰਾਜਮਾਰਗ ਨੂੰ ਬੰਦ ਕਰ ਦਿੱਤਾ ਹੈ, ਜਦੋਂ ਕਿ ਬੁਧੀ ਖੇਤਰ ਵਿੱਚ ਜੰਮੂ-ਪੰਜਾਬ ਨੂੰ ਜੋੜਨ ਵਾਲਾ ਰੇਲਵੇ ਟਰੈਕ ਵੀ ਨੁਕਸਾਨਿਆ ਗਿਆ ਹੈ। ਕਈ ਘਰ ਮਲਬੇ ਦੀ ਲਪੇਟ ਵਿੱਚ ਆ ਗਏ ਹਨ। ਕਠੂਆ ਸ਼ਹਿਰ ਦੇ ਕਈ ਇਲਾਕਿਆਂ ਵਿੱਚ ਪਾਣੀ ਘਰਾਂ ਦੇ ਅੰਦਰ ਵੜ ਗਿਆ ਹੈ, ਜਿਸ ਕਾਰਨ ਆਮ ਲੋਕਾਂ ਨੂੰ ਬਹੁਤ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਤਾਜ਼ਾ ਜਾਣਕਾਰੀ ਅਨੁਸਾਰ ਇਸ ਹਾਦਸੇ ਵਿੱਚ ਹੁਣ ਤੱਕ 4 ਲੋਕਾਂ ਦੀ ਮੌਤ ਹੋ ਗਈ ਹੈ ਅਤੇ 6 ਲੋਕ ਜ਼ਖਮੀ ਹੋ ਗਏ ਹਨ। ਸਾਰੇ ਜ਼ਖਮੀਆਂ ਨੂੰ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਹੈ। ਪ੍ਰਸ਼ਾਸਨ ਅਤੇ



ਐਸ.ਡੀ.ਆਰ.ਐਫ. ਟੀਮਾਂ ਰਾਹਤ ਅਤੇ ਬਚਾਅ ਕਾਰਜਾਂ ਵਿੱਚ ਲੱਗੀਆਂ ਹੋਈਆਂ ਹਨ। ਪਿੰਡ ਵਾਸੀਆਂ ਅਨੁਸਾਰ, ਕਈ ਪਰਿਵਾਰਾਂ ਨੇ ਸੁਰੱਖਿਅਤ ਥਾਵਾਂ 'ਤੇ ਸ਼ਰਨ ਲਈ ਹੈ। ਜੰਮੂ-ਕਸ਼ਮੀਰ ਵਿੱਚ 4 ਦਿਨਾਂ ਵਿੱਚ ਦੂਜੀ ਵਾਰ ਬੱਦਲ ਫਟਣ ਦੀ ਘਟਨਾ ਦੇਖਣ ਨੂੰ ਮਿਲੀ ਹੈ। ਐਤਵਾਰ ਸਵੇਰੇ ਕਠੂਆ ਜ਼ਿਲ੍ਹੇ ਦੇ ਮਥਰੇ ਚੱਕ ਪਿੰਡ ਵਿੱਚ ਬੱਦਲ ਫਟਣ ਦੀ ਘਟਨਾ ਵਾਪਰੀ। ਇੱਥੇ ਕਈ ਘਰਾਂ ਨੂੰ ਨੁਕਸਾਨ ਪਹੁੰਚਿਆ ਹੈ। ਭਾਰੀ ਬਾਰਿਸ਼ ਕਾਰਨ ਨੇੜਲੇ ਜੋੜ ਪਿੰਡ ਵਿੱਚ ਕਈ ਘਰ ਢਹਿ ਗਏ ਹਨ। ਇੱਥੇ ਲੋਕਾਂ ਦੇ ਮਲਬੇ ਹੇਠ ਦੱਬੇ ਹੋਣ ਦੀ ਸੰਭਾਵਨਾ ਹੈ। ਇੱਥੇ ਬਚਾਅ ਕਾਰਜ ਜਾਰੀ ਹਨ। 17-19 ਅਗਸਤ ਤੱਕ ਜੰਮੂ-ਕਸ਼ਮੀਰ ਵਿੱਚ ਭਾਰੀ ਬਾਰਿਸ਼ ਹੋਣ ਦੀ ਸੰਭਾਵਨਾ ਹੈ। 11 ਜ਼ਿਲ੍ਹਿਆਂ ਜੰਮੂ, ਰਿਆਸੀ, ਊਧਮਪੁਰ, ਰਾਜੌਰੀ, ਪੁੰਛ, ਸਾਂਬਾ, ਕਠੂਆ, ਡੋਡਾ, ਕਿਸ਼ਤਵਾੜ, ਰਾਮਬਨ ਅਤੇ ਕਸ਼ਮੀਰ ਦੇ ਕੁਝ ਹਿੱਸਿਆਂ ਵਿੱਚ ਬੱਦਲ ਫਟਣ ਅਤੇ ਜ਼ਮੀਨ ਖਿਸਕਣ ਦੀ ਚੇਤਾਵਨੀ ਹੈ।

**ਊਧਮਪੁਰ ਤੇ ਪਠਾਨਕੋਟ ਵਿਚਾਲੇ ਰੇਲ ਸੇਵਾ ਰਹੀ ਠੱਪ**: ਜੰਮੂ-ਕਸ਼ਮੀਰ ਵਿੱਚ ਮੀਂਹ ਦਾ ਕਹਿਰ ਜਾਰੀ, ਊਧਮਪੁਰ ਅਤੇ ਪਠਾਨਕੋਟ ਵਿਚਕਾਰ 4 ਘੰਟਿਆਂ ਲਈ ਰੇਲ ਸੇਵਾਵਾਂ ਬੰਦ ਰਹੀਆਂ । ਜੰਮੂ-ਕਸ਼ਮੀਰ ਵਿੱਚ ਭਾਰੀ ਮੀਂਹ ਕਾਰਨ ਊਧਮਪੁਰ-ਪਠਾਨਕੋਟ ਰੇਲਵੇ ਰੂਟ ਤੇ ਰੇਲ ਗੱਡੀਆਂ ਦਾ ਸੰਚਾਲਨ 4 ਘੰਟਿਆਂ ਲਈ ਬੰਦ ਰਿਹਾ। ਰੇਲਵੇ ਅਧਿਕਾਰੀਆਂ ਨੇ ਇਹ ਫੈਸਲਾ ਲਗਾਤਾਰ ਮੀਂਹ ਅਤੇ ਹੜ੍ਹ ਦੀ ਸਥਿਤੀ ਨੂੰ ਦੇਖਦੇ ਹੋਏ ਲਿਆ। ਪਿਛਲੇ 10 ਘੰਟਿਆਂ ਤੋਂ ਹੋ ਰਹੀ ਮੋਹਲੇਧਾਰ ਬਾਰਿਸ਼ ਕਾਰਨ ਪਟੜੀਆਂ ਅਸੁਰੱਖਿਅਤ ਹੋ ਗਈਆਂ ਹਨ, ਜਿਸ ਕਾਰਨ ਯਾਤਰੀਆਂ ਦੀ ਸੁਰੱਖਿਆ ਨੂੰ ਧਿਆਨ ਵਿੱਚ ਰੱਖਦੇ ਹੋਏ ਸੇਵਾਵਾਂ ਨੂੰ ਮੁਅੱਤਲ ਕਰ ਦਿੱਤਾ ਗਿਆ ਹੈ।

**ਪੌਂਗ ਡੈਮ ਤੋਂ ਛੱਡਿਆ ਪਾਣੀ ਬਣਿਆ ਆਫ਼ਤ** : ਹਿਮਾਚਲ ਪ੍ਰਦੇਸ਼ ਦੇ ਪੌਂਗ ਡੈਮ ਤੋਂ ਛੱਡਿਆ ਗਿਆ ਪਾਣੀ ਹੁਣ ਲੋਕਾਂ ਦੇ ਘਰਾਂ ਨੂੰ ਤਬਾਹ ਕਰਨਾ ਸ਼ੁਰੂ ਕਰ ਦਿੱਤਾ ਹੈ। ਕਾਂਗੜਾ ਜ਼ਿਲ੍ਹੇ ਦੇ ਮੰਡ ਖੇਤਰ ਦੇ ਮੰਡ ਭੋਗਰਾਵਾਂ ਪਿੰਡ ਵਿੱਚ ਬਿਆਸ ਨਦੀ ਦੇ ਪਾਣੀ ਦੇ ਪੱਧਰ ਵਿੱਚ ਅਚਾਨਕ ਵਾਧਾ ਹੋਣ ਕਾਰਨ ਕਈ ਏਕੜ ਜ਼ਮੀਨ ਪਾਣੀ ਵਿੱਚ ਡੁੱਬ ਗਈ। ਇਸ ਦੌਰਾਨ, ਇੱਕ ਬਹੁ-ਮੰਜ਼ਿਲਾ ਘਰ ਵੀ ਖ਼ਤਰੇ ਵਿੱਚ ਆ ਗਿਆ ਹੈ, ਜਿਸਨੂੰ ਪ੍ਰਸ਼ਾਸਨ ਨੇ ਪਹਿਲਾਂ ਹੀ ਸਮੇਂ ਸਿਰ ਖਾਲੀ ਕਰਵਾ ਲਿਆ ਹੈ। ਪਿੰਡ ਵਾਸੀਆਂ ਦਾ ਕਹਿਣਾ ਹੈ ਕਿ ਉਨ੍ਹਾਂ ਦੇ ਘਰ ਨੂੰ ਤਬਾਹ ਹੁੰਦਾ ਦੇਖ ਕੇ ਬਹੁਤ ਦੁੱਖ ਹੋਇਆ ਹੈ। (ਬਾਕੀ ਸਫਾ 2 'ਤੇ)

### ਅਫ਼ਗਾਨਿਸਤਾਨ ਤੇ ਜਾਪਾਨ 'ਚ ਮਹਿਸੂਸ ਕੀਤੇ ਗਏ ਭੂਚਾਲ ਦੇ ਝਟਕੇ

ਕਾਬੁਲ, 17 ਅਗਸਤ (ਚੜ੍ਹਦੀਕਲਾ ਬਿਊਰੋ) : ਸ਼ਨੀਵਾਰ ਦੇਰ ਰਾਤ ਅਫ਼ਗਾਨਿਸਤਾਨ ਵਿਚ ਭੂਚਾਲ ਦੇ ਝਟਕੇ ਮਹਿਸੂਸ ਕੀਤੇ ਗਏ। ਇਸ ਭੂਚਾਲ ਦੀ ਤੀਬਰਤਾ 4.9 ਸੀ। ਨੈਸ਼ਨਲ ਸੈਂਟਰ ਫਾਰ ਸੀਸਮੋਲੋਜੀ (ਐਨ.ਸੀ.ਐਸ.) ਦੇ ਅਨੁਸਾਰ, ਭੂਚਾਲ 10 ਕਿਲੋਮੀਟਰ ਦੀ ਡੂੰਘਾਈ ਤੇ ਆਇਆ। ਇਸ ਕਾਰਨ, ਹੋਰ ਵੀ ਭੂਚਾਲ ਆਉਣ ਦੀ ਸੰਭਾਵਨਾ ਹੈ। ਇਸ ਤੋਂ ਇਲਾਵਾ ਜਾਪਾਨ ਵਿੱਚ ਵੀ ਭੂਚਾਲ ਦੇ ਝਟਕਿਆਂ ਕਾਰਨ ਧਰਤੀ ਹਿੱਲ ਗਈ। ਨਾਲ ਹੀ ਇੰਡੋਨੇਸ਼ੀਆ ਦੇ ਸੁਲਾਵੇਸੀ ਵਿੱਚ 5.7 ਤੀਬਰਤਾ ਦਾ ਭੂਚਾਲ ਆਇਆ। ਹਾਲਾਂਕਿ, ਇਸ ਵਿੱਚ ਕਿਸੇ ਵੀ ਤਰ੍ਹਾਂ ਦੇ ਨੁਕਸਾਨ ਦੀ ਕੋਈ ਜਾਣਕਾਰੀ ਨਹੀਂ ਹੈ। ਅਫ਼ਗਾਨਿਸਤਾਨ ਵਿਚ ਸ਼ਨੀਵਾਰ ਰਾਤ 11 ਵਜੇ ਤੋਂ ਬਾਅਦ ਭੂਚਾਲ ਦੇ ਝਟਕੇ ਮਹਿਸੂਸ ਕੀਤੇ ਗਏ। ਇਹ ਭੂਚਾਲ 4.9 ਤੀਬਰਤਾ ਦਾ ਸੀ। ਐਨਸੀਐਸ ਨੇ (ਬਾਕੀ ਸਫਾ 2 'ਤੇ)

# ਪੰਜਾਬ ਹੜ੍ਹ ਸਬੰਧੀ ਕਿਸੇ ਵੀ ਐਮਰਜੈਂਸੀ ਨਾਲ ਨਜਿੱਠਣ ਲਈ ਪੂਰੀ ਤਰ੍ਹਾਂ ਤਿਆਰ: ਡਾ. ਬਲਬੀਰ ਸਿੰਘ

ਚੰਡੀਗੜ੍ਹ, 17 ਅਗਸਤ (ਚ.ਨ.ਸ.) : ਕਈ ਜ਼ਿਲ੍ਹਿਆਂ ਨੂੰ ਪ੍ਰਭਾਵਿਤ ਕਰਨ ਵਾਲੀਆਂ ਹੜ੍ਹ ਵਰਗੀਆਂ ਸਥਿਤੀਆਂ ਪ੍ਰਤੀ ਸਰਗਰਮ ਅਤੇ ਤੇਜ਼ੀ ਨਾਲ ਪ੍ਰਤੀਕਿਰਿਆ ਕਰਦਿਆਂ ਪੰਜਾਬ ਸਰਕਾਰ ਨੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਇੱਕ ਵਿਆਪਕ ਸਿਹਤ ਅਤੇ ਐਮਰਜੈਂਸੀ ਪ੍ਰਤੀਕਿਰਿਆ ਨੈੱਟਵਰਕ ਤਿਆਰ ਕੀਤਾ ਹੈ। ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਐਲਾਨ ਕੀਤਾ ਕਿ ਪ੍ਰਭਾਵਿਤ ਖੇਤਰਾਂ ਵਿੱਚ ਸਮੇਂ ਸਿਰ ਡਾਕਟਰੀ ਸਹਾਇਤਾ ਯਕੀਨੀ ਬਣਾਉਣ ਲਈ 438 ਰੈਪਿਡ ਰਿਸਪਾਂਸ ਟੀਮਾਂ (ਆਰ.ਆਰ.ਟੀਜ਼.), 323 ਮੋਬਾਈਲ ਮੈਡੀਕਲ ਟੀਮਾਂ ਅਤੇ 172 ਐਂਬੂਲੈਂਸਾਂ ਨੂੰ ਕਾਰਜਸ਼ੀਲ ਕੀਤਾ ਗਿਆ ਹੈ। ਪੰਜਾਬ ਭਵਨ ਵਿਖੇ ਅੱਜ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਡਾ. ਬਲਬੀਰ ਸਿੰਘ ਨੇ ਸਰਕਾਰ ਦੀ ਵਚਨਬੱਧਤਾ ’ਤੇ ਜ਼ੋਰ ਦਿੰਦਿਆਂ ਕਿਹਾ ਕਿ ਸਾਡੀ ਤਰਜ਼ੀਹ ਹਰ ਲੋੜਵੰਦ ਵਿਅਕਤੀ ਤੱਕ ਪਹੁੰਚਣਾ ਹੈ ਅਤੇ ਇਹ ਯਕੀਨੀ ਬਣਾਉਣਾ ਹੈ ਕਿ ਇਸ ਸੰਵੇਦਨਸ਼ੀਲ ਸਮੇਂ ਦੌਰਾਨ ਕੋਈ ਵੀ ਮਰੀਜ਼ ਕੋਈ ਵੀ ਡਾਕਟਰੀ ਸਹਾਇਤਾ ਤੋਂ ਬਿਨਾਂ ਨਾ ਰਹੇ। ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਹੜ੍ਹਾਂ ਕਾਰਨ ਪੈਦਾ ਹੋਣ ਵਾਲੀ ਕਿਸੇ ਵੀ ਸਿਹਤ ਐਮਰਜੈਂਸੀ ਦਾ ਸਾਹਮਣਾ ਕਰਨ ਲਈ ਪੂਰੀ ਤਰ੍ਹਾਂ ਤਿਆਰ ਹੈ।

ਗੁਰਦਾਸਪੁਰ ਵਿਖੇ ਕੀਤੀ ਸਮੇਂ ਸਿਰ ਦਖਲਅੰਦਾਜ਼ੀ ਨੂੰ ਉਜਾਗਰ ਕਰਦਿਆਂ ਮੰਤਰੀ ਨੇ ਦੱਸਿਆ ਕਿ ਜਦੋਂ ਪਾਣੀ ਦੇ ਵਧਦੇ ਪੱਧਰ ਕਾਰਨ ਸੱਤ ਪਿੰਡਾਂ ਦਾ ਸੰਪਰਕ ਟੁੱਟ ਗਿਆ ਸੀ, ਤਾਂ ਸਿਹਤ ਵਿਭਾਗ ਨੇ ਕਿਸ਼ਤੀ ਐਂਬੂਲੈਂਸਾਂ ਦੀ ਵਰਤੋਂ ਕਰਨੀ ਸ਼ੁਰੂ ਕਰ ਦਿੱਤੀ। ਉਹਨਾਂ ਅੱਗੇ ਕਿਹਾ ਕਿ ਇਸ ਤੇਜ਼ ਪ੍ਰਤੀਕਿਰਿਆ ਨਾਲ ਅੱਠ ਗਰਭਵਤੀ ਔਰਤਾਂ ਨੂੰ ਬਚਾਇਆ ਗਿਆ, ਜਿਨ੍ਹਾਂ ਵਿੱਚੋਂ ਇੱਕ ਨੇ ਡਾਕਟਰੀ ਨਿਗਰਾਨੀ ਹੇਠ ਸੁਰੱਖਿਅਤ ਢੰਗ ਨਾਲ ਆਪਣੇ ਬੱਚੇ ਨੂੰ ਜਨਮ ਦਿੱਤਾ। ਉਹਨਾਂ ਅੱਗੇ ਦੱਸਿਆ ਕਿ ਫਿਰੋਜ਼ਪੁਰ ਦੇ ਹੜ੍ਹ ਪ੍ਰਭਾਵਿਤ ਟਾਪੂ ਕਾਲੂ ਵਿੱਚ ਵੀ ਇਸੇ ਤਰ੍ਹਾਂ ਦੇ ਉਪਾਅ ਲਾਗੂ ਕੀਤੇ ਗਏ ਹਨ।

ਉਹਨਾਂ ਅੱਗੇ ਦੱਸਿਆ ਕਿ ਕਪੂਰਥਲਾ ਅਤੇ ਹੁਸ਼ਿਆਰਪੁਰ ਵਿਖੇ ਸਥਾਪਤ ਸਿਹਤ ਕੈਂਪਾਂ ਰਾਹੀਂ ਡਾਕਟਰੀ ਤਿਆਰੀ ਨੂੰ ਹੋਰ ਮਜ਼ਬੂਤ ਕੀਤਾ ਗਿਆ ਹੈ, ਜਿੱਥੇ 241 ਮਰੀਜ਼ ਪਹਿਲਾਂ ਹੀ ਇਲਾਜ ਕਰਵਾ ਚੁੱਕੇ ਹਨ। ਇਨ੍ਹਾਂ ਮਾਮਲਿਆਂ ਵਿੱਚ ਦਸਤ, ਗੈਸਟਰੋਐਂਟਰਾਈਟਿਸ, ਬੁਖਾਰ, ਚਮੜੀ ਦੀ ਐਲਰਜੀ ਅਤੇ ਅੱਖਾਂ ਦੀ ਲਾਗ ਸ਼ਾਮਲ ਹੈ। ਉਹਨਾਂ ਅੱਗੇ ਦੱਸਿਆ ਕਿ



ਜ਼ਿਲ੍ਹਿਆਂ ਦੇ ਹਸਪਤਾਲਾਂ ਵਿੱਚ 2,000 ਤੋਂ ਵੱਧ ਬੈੱਡ ਲਗਾਏ ਗਏ ਹਨ ਅਤੇ ਰਾਜ ਨੇ ਕਿਸੇ ਵੀ ਸੰਭਾਵੀ ਮਹਾਂਮਾਰੀ ਨਾਲ ਨਜਿੱਠਣ ਲਈ ਆਗਾਮੀ ਪ੍ਰਬੰਧਾਂ ਨੂੰ ਯਕੀਨੀ ਬਣਾਇਆ ਗਿਆ ਹੈ।

ਪਾਣੀ ਤੋਂ ਹੋਣ ਵਾਲੀਆਂ ਬਿਮਾਰੀਆਂ ਬਾਰੇ ਨਾਗਰਿਕਾਂ ਨੂੰ ਭਰੋਸਾ ਦਿਵਾਉਂਦਿਆਂ ਡਾ. ਬਲਬੀਰ ਸਿੰਘ ਨੇ ਕਿਹਾ ਕਿ ਹਾਲੇ ਤੱਕ ਬਹੁਤ ਘੱਟ ਮਾਮਲੇ ਸਾਹਮਣੇ ਆਏ ਹਨ, ਪਰ ਫਿਰ ਵੀ ਲੋਕਾਂ ਨੂੰ ਚੌਕਸ ਰਹਿਣਾ ਚਾਹੀਦਾ ਹੈ। ਉਹਨਾਂ ਅੱਗੇ ਦੱਸਿਆ ਕਿ ਸਿਹਤ ਸਟਾਫ਼, ਆਸ਼ਾ ਅਤੇ ਪੈਰੀਫਿਰਲ ਸੈਂਟਰਾਂ ਵਿੱਚ ਕਲੋਰੀਨ ਦੀਆਂ ਗੋਲੀਆਂ, ਓਆਰਐਸ ਅਤੇ ਜ਼ਰੂਰੀ ਦਵਾਈਆਂ ਉਪਲਬਧ ਹਨ। ਜੇਕਰ ਕਿਸੇ ਖਾਸ ਖੇਤਰ ਵਿੱਚ ਕੇਸਾਂ ਦੀ ਗਿਣਤੀ ਵੱਧ ਜਾਂਦੀ ਹੈ, ਤਾਂ ਅਸੀਂ ਤੁਰੰਤ ਇਲਾਜ ਮੁਹੱਈਆ ਕਰਵਾਉਣ ਲਈ ਦੂਜੇ ਅਤੇ ਤੀਜੇ ਦਰਜੇ ਦੇ ਦੇਖਭਾਲ ਹਸਪਤਾਲਾਂ ਨਾਲ ਸੰਪਰਕ ਕੀਤਾ ਹੋਇਆ ਹੈ।

ਉਹਨਾਂ ਨੇ ਲੋਕਾਂ ਨੂੰ ਸਿਹਤ ਸਮੱਸਿਆਵਾਂ ਦੀ ਰਿਪੋਰਟ ਕਰਨ ਅਤੇ ਸਹਾਇਤਾ ਲੈਣ ਲਈ ਸਰਕਾਰ ਦੇ ਟੋਲ ਫਰੀ ਹੈਲਪਲਾਈਨ ਨੰਬਰ 104 ’ਤੇ ਕਾਲ ਕਰਨ ਲਈ ਕਿਹਾ। ਉਹਨਾਂ ਅੱਗੇ ਕਿਹਾ ਕਿ ਹਰੇਕ ਵਿਅਕਤੀ ਨੂੰ ਸਿਰਫ਼ ਉਬਲੇ ਹੋਏ ਜਾਂ ਕਲੋਰੀਨੇਟਡ ਪਾਣੀ ਦੀ ਵਰਤੋਂ ਕਰਨੀ ਚਾਹੀਦੀ ਹੈ। ਪਾਣੀ ਦੀ ਗੁਣਵੱਤਾ ਦੀ ਜਾਂਚ ਲਈ ਸਿਹਤ ਟੀਮਾਂ ਨੂੰ ਬੇਨਤੀ ਕੀਤੀ ਜਾਣੀ ਚਾਹੀਦੀ ਹੈ ਅਤੇ ਬਿਮਾਰੀਆਂ ਦੇ ਫੈਲਾਅ ਨੂੰ ਰੋਕਣ ਲਈ ਬਾਸੀ ਭੋਜਨ ਖਾਣ ਤੋਂ ਪਰਹੇਜ਼ ਕਰਨਾ ਚਾਹੀਦਾ ਹੈ।

ਪੰਜਾਬ ਸਿਹਤ ਵਿਭਾਗ ਫਿਰੋਜ਼ਪੁਰ, ਫਾਜ਼ਿਲਕਾ, ਤਰਨਤਾਰਨ, ਗੁਰਦਾਸਪੁਰ, ਹੁਸ਼ਿਆਰਪੁਰ ਅਤੇ ਕਪੂਰਥਲਾ ਸਮੇਤ ਉੱਚ-ਜੋਖਮ ਵਾਲੇ ਖੇਤਰਾਂ ਵਿੱਚ ਡਾਕਟਰੀ ਅਤੇ ਬਚਾਅ ਸਹੂਲਤਾਂ ਨੂੰ ਯਕੀਨੀ ਬਣਾਉਣ ਲਈ ਐਸਡੀਆਰਐਫ, ਐਨਡੀਆਰਐਫ, ਫੌਜ, ਆਈਐਮਏ, ਰੈੱਡ ਕਰਾਸ ਅਤੇ ਐਨਜੀਓ ਨਾਲ ਨੇੜਿਓਂ ਤਾਲਮੇਲ ਕਰ ਰਿਹਾ ਹੈ।

ਡਾ. ਬਲਬੀਰ ਸਿੰਘ ਨੇ ਪਿਛਲੇ ਸਾਲ ਸ਼ੁਰੂ ਕੀਤੀ ਗਈ ਪੰਜਾਬ ਦੀ ਚੱਲ ਰਹੀ ਮੁਹਿੰਮ ’ਹਰ ਸ਼ੁਕਰਵਾਰ, ਡੇਂਗੂ ਤੇ ਵਾਰ’ ਦੇ ਉਤਸ਼ਾਹਜਨਕ ਨਤੀਜਿਆਂ ’ਤੇ ਵੀ ਚਾਨਣਾ ਪਾਇਆ। ਮੰਤਰੀ ਨੇ ਕਿਹਾ ਕਿ ਹਰ ਸ਼ੁੱਕਰਵਾਰ ਅਸੀਂ ਪੰਚਾਇਤਾਂ ਅਤੇ ਸਥਾਨਕ ਸੰਸਥਾਵਾਂ ਦੀ ਮਦਦ ਨਾਲ ਮੱਛਰਾਂ ਦੇ ਪ੍ਰਜਨਨ ਸਥਾਨਾਂ ਨੂੰ ਸਰਗਰਮੀ ਨਾਲ ਖਤਮ ਕਰਦੇ ਹਾਂ। ਇਸ ਸਾਲ 17 ਅਗਸਤ ਤੱਕ, ਪੰਜਾਬ ਵਿੱਚ ਡੇਂਗੂ ਨਾਲ ਕੋਈ ਮੌਤ ਨਹੀਂ ਹੋਈ, ਜਦੋਂ ਕਿ ਪਿਛਲੇ ਸਾਲਾਂ ਵਿੱਚ ਸਾਲਾਨਾ 35-40 ਮੌਤਾਂ ਹੁੰਦੀਆਂ ਸਨ। ਉਹਨਾਂ ਅੱਗੇ ਕਿਹਾ ਕਿ ਡੇਂਗੂ ਦੇ ਮਾਮਲੇ ਕਾਬੂ ਹੇਠ ਹਨ ਅਤੇ ਅਸੀਂ ਤਿੰਨ ਗੁਣਾ ਵਧੀ ਹੋਈ ਦਰ ਨਾਲ ਫਿਊਮੀਗੇਸ਼ਨ, ਲਾਰਵੇ ਦੀ ਨਿਗਰਾਨੀ ਅਤੇ ਟੈਸਟਿੰਗ ਜਾਰੀ ਰੱਖ ਰਹੇ ਹਾਂ। ਇਸੇ ਤਰ੍ਹਾਂ ਦਸਤ ਦੇ ਪ੍ਰਭਾਵ ਨੂੰ ਵੀ ਕਾਫ਼ੀ ਹੱਦ ਤੱਕ ਕਾਬੂ ਕਰ ਲਿਆ ਗਿਆ ਹੈ, ਇਸ ਸੀਜ਼ਨ ਵਿੱਚ ਸਿਰਫ਼ ਤਿੰਨ ਛੋਟੇ ਮਾਮਲੇ ਹੀ ਰਿਪੋਰਟ ਕੀਤੇ ਗਏ ਹਨ।

ਡਾ. ਬਲਬੀਰ ਸਿੰਘ ਨੇ ਪੁਸ਼ਟੀ ਕੀਤੀ ਕਿ ਪੰਜਾਬ ਭਰ ਵਿੱਚ ਕਿਸੇ ਵੀ ਸਰਕਾਰੀ ਸਿਹਤ ਸਹੂਲਤ ਵਿੱਚ ਦਵਾਈਆਂ ਦੀ ਕੋਈ ਕਮੀ ਨਹੀਂ ਹੈ। ਉਹਨਾਂ ਕਿਹਾ ਕਿ ਸਾਡੀਆਂ ਟੀਮਾਂ ਨਾਗਰਿਕਾਂ ਦੀ ਸੁਰੱਖਿਆ ਲਈ ਹਰ ਸਮੇਂ ਕੰਮ ਕਰ ਰਹੀਆਂ ਹਨ ਅਤੇ ਸਾਨੂੰ ਵਿਸ਼ਵਾਸ ਹੈ ਕਿ ਸੂਬਾ ਹੜ੍ਹਾਂ ਕਾਰਨ ਹੋਣ ਵਾਲੀ ਕਿਸੇ ਵੀ ਡਾਕਟਰੀ ਐਮਰਜੈਂਸੀ ਨਾਲ ਨਜਿੱਠਣ ਲਈ ਪੂਰੀ ਤਰ੍ਹਾਂ ਤਿਆਰ ਹੈ।

# ਪਹਿਲੇ ਸਫ਼ੇ ਦੀ ਬਾਕੀ

## ਚੰਡੀਗੜ੍ਹ ਦੇ ਸਾਰੇ ਸਕੂਲ ਅੱਜ ਰਹਿਣਗੇ ਬੰਦ

ਗਿਣਤੀ ਸ਼ਮੂਲੀਅਤ ਕੀਤੀ ਸੀ। ਇਸੇ ਤਹਿਤ ਗਵਰਨਰ ਕਟਾਰੀਆ ਨੇ ਆਜ਼ਾਦੀ ਦਿਹਾੜੇ ਦੇ ਸਮਾਗਮ ਵਿੱਚ ਮੁੱਖ ਮਹਿਮਾਨ ਸਨ। ਗੁਲਾਬ ਚੰਦ ਕਟਾਰੀਆ ਨੇ 79ਵੇਂ ਆਜ਼ਾਦੀ ਦਿਹਾੜੇ ਮੌਕੇ ਕੌਮੀ ਝੰਡਾ ਵੀ ਲਹਿਰਾਇਆ ਸੀ। ਗਵਰਨਰ ਨੇ ਕਿਹਾ ਕਿ ਇਹ ਫ਼ੈਸਲਾ ਵਿਦਿਆਰਥੀਆਂ ਦੀ ਸਹੂਲਤ ਅਤੇ ਸਕੂਲਾਂ ਦੇ ਕੰਮਕਾਜ ਨੂੰ ਧਿਆਨ ਵਿੱਚ ਰੱਖਦੇ ਹੋਏ ਲਿਆ ਗਿਆ ਹੈ।

## ਪ੍ਰਧਾਨ ਮੰਤਰੀ ਦੀ ਲੋਕਾਂ ਨੂੰ ਅਪੀਲ

ਪਹਿਲਾਂ ਭਾਰਤ ਆਪਣੀ ਲੋੜ ਦੇ ਫੋਨ ਬਾਹਰ ਤੋਂ ਮੰਗਵਾਉਂਦਾ ਸੀ ਪਰ ਹੁਣ ਦੇਸ਼ ਵਿਚ ਹੀ ਹਰ ਸਾਲ 30 ਤੋਂ 35 ਕਰੋੜ ਮੋਬਾਈਲ ਫੋਨ ਬਣਾਏ ਜਾ ਰਹੇ ਹਨ ਤੇ ਉਨ੍ਹਾਂ ਨੂੰ ਨਿਰਯਾਤ ਵੀ ਕੀਤਾ ਜਾ ਰਿਹਾ ਹੈ। ਇਹ ਬਦਲਾਅ ਭਾਰਤ ਦੀ ਉਤਪਾਦਨ ਸਮਰੱਥਾ ਤੇ ‘ਮੇਕ ਇਨ ਇੰਡੀਆ’ ਦੀ ਸਫਲਤਾ ਨੂੰ ਦਿਖਾਉਂਦਾ ਹੈ। ਉਨ੍ਹਾਂ ਅਪੀਲ ਕੀਤੀ ਕਿ ਵਪਾਰੀ ਵਿਦੇਸ਼ੀ ਸਾਮਾਨ ਵੇਚਣਾ ਛੱਡਣ ਤੇ ‘ਮੇਡ ਇਨ ਇੰਡੀਆ’ ਦੇ ਉਤਪਾਦ ਪੂਰੀ ਸ਼ਾਨ ਨਾਲ ਵੇਚਣ। ਉਨ੍ਹਾਂ ਕਿਹਾ ਕਿ ਪਹਿਲਾਂ ਵਪਾਰੀ ਜ਼ਿਆਦਾ ਮੁਨਾਫੇ ਲਈ ਵਿਦੇਸ਼ੀ ਸਾਮਾਨ ਲਿਆਉਂਦੇ ਸਨ, ਪਰ ਹੁਣ ਸਮਾਂ ਆ ਗਿਆ ਹੈ ਕਿ ਉਹ ਲੋਕਲ ਪ੍ਰੋਡਕਟਸ ਨੂੰ ਬੜ੍ਹਾਵਾ ਦੇਣ। ਪ੍ਰਧਾਨ ਮੰਤਰੀ ਨੇ ਅੱਗੇ ਕਿਹਾ ਕਿ ਇਕ ਦਹਾਕੇ ਪਹਿਲਾਂ ਤੱਕ ਭਾਰਤ ਖਿਡੌਣੇ ਵੀ ਬਾਹਰ ਤੋਂ ਮੰਗਵਾਉਂਦੇ ਸੀ। ਅੱਜ ਹਾਲਾਤ ਬਦਲ ਚੁੱਕੇ ਹਨ ਤੇ ਦੇਸ਼ 100 ਤੋਂ ਵੱਧ ਦੇਸ਼ਾਂ ਵਿਚ ਖਿਡੌਣੇ ਨਿਰਯਾਤ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਇਹ ਬਦਲਾਅ ਇਸ ਗੱਲ ਦਾ ਸਬੂਤ ਹੈ ਕਿ ਭਾਰਤ ਆਤਮ ਨਿਰਭਰ ਬਣ ਰਿਹਾ ਹੈ ਤੇ ਦੁਨੀਆ ਨੂੰ ਲੋਕਲ ਪ੍ਰੋਡਕਟਸ ਨਾਲ ਜੋੜ ਰਿਹਾ ਹੈ। ਉਨ੍ਹਾਂ ਕਿਹਾ ਕਿ ਜੀ.ਐਸ.ਟੀ. ਵਿਚ ਨੈਕਸਟ ਜਨਰੇਸ਼ਨ ਰਿਫਾਰਮ ਹੋਣ ਜਾ ਰਿਹਾ ਹੈ। ਦੀਵਾਲੀ ’ਤੇ ਡਬਲ ਬੋਨਸ ਮਿਲਣ ਵਾਲਾ ਹੈ। ਇਸ ਦਾ ਪੂਰਾ ਫਾਰਮੇਟ ਸੂਬਿਆਂ ਨੂੰ ਭੇਜ ਦਿੱਤਾ ਹੈ। ਇਸ ਦਾ ਫਾਇਦਾ ਸਾਰਿਆਂ ਨੂੰ ਹੋਵੇਗਾ। ਮੋਦੀ ਨੇ ਕਿਹਾ ਕਿ ਯੂ.ਪੀ.ਏ. ਸਰਕਾਰ ਦੌਰਾਨ ਫਾਈਲਾਂ ਚੱਲਦੀਆਂ ਸਨ ਪਰ ਉਨ੍ਹਾਂ ’ਤੇ ਕੰਮ ਅਸੀਂ ਕੀਤਾ। ਜਦੋਂ ਕੇਂਦਰ ਵਿਚ ਸੂਬਿਆਂ ਭਾਜਪਾ ਦੀਆਂ ਸਰਕਾਰਾਂ ਬਣੀਆਂ ਤਾਂ ਵਿਕਾਸ ਸ਼ੁਰੂ ਹੋਇਆ। ਜੋ ਲੋਕ ਸੰਵਿਧਾਨ ਸਿਰ ’ਤੇ ਰੱਖ ਕੇ ਨੱਚਦੇ ਹਨ, ਉਹੀ ਉਸ ਨੂੰ ਕੁਚਲਦੇ ਵੀ ਸਨ ਤੇ ਬਾਬਾ ਸਾਹਿਬ ਦੀਆਂ ਭਾਵਨਾਵਾਂ ਨਾਲ ਧੋਖਾ ਵੀ ਕਰਦੇ ਸਨ। ਅੱਜ ਜੋ ਸੰਵਿਧਾਨ ਦੀ ਗੱਲ ਕਰਦੇ ਹਨ, ਉਨ੍ਹਾਂ ਨੇ ਜੰਮ ਕੇ ਲੋਕਾਂ ਦਾ ਸ਼ੋਸ਼ਣ ਕੀਤਾ।

## ਦਿੱਲੀ ’ਚ ਭੀੜ ਘਟਾਉਣ ਲਈ 11,000 ਕਰੋੜ ਦੀ ਲਾਗਤ ਵਾਲੇ ਦੋ ਰਾਜਮਾਰਗਾਂ ਦਾ ਉਦਘਾਟਨ

ਕਟੌਤੀ ਕਰਨਾ ਅਤੇ ਦਿੱਲੀ ਅਤੇ ਇਸ ਦੇ ਆਸ-ਪਾਸ ਦੇ ਇਲਾਕਿਆਂ ਵਿਚ ਟਰੈਫਿਕ ਨੂੰ ਘਟਾਉਣਾ ਹੈ। ਇਨ੍ਹਾਂ ਨਵੇਂ ਪ੍ਰਾਜੈਕਟਾਂ ਨਾਲ ਸੋਨੀਪਤ, ਰੋਹਤਕ, ਬਹਾਦਰਗੜ੍ਹ ਅਤੇ ਗੁਰੂਗ੍ਰਾਮ ਤੋਂ ਆਈ.ਜੀ.ਆਈ. ਹਵਾਈ ਅੱਡੇ ਤਕ ਯਾਤਰਾ ਦੇ ਸਮੇਂ ਵਿਚ ਕਾਫ਼ੀ ਕਮੀ ਆਉਣ ਦੀ ਉਮੀਦ ਹੈ। ਉਨ੍ਹਾਂ ਕਿਹਾ ਕਿ ਦਵਾਰਕਾ ਐਕਸਪ੍ਰੈਸਵੇਅ ਅਤੇ ਯੂ.ਈ.ਆਰ.-2 ਨਾਲ ਦਿੱਲੀ-ਐਨ.ਸੀ.ਆਰ. ਦੇ ਲੋਕਾਂ ਨੂੰ ਲਾਭ ਹੋਵੇਗਾ। ਇਨ੍ਹਾਂ ਪ੍ਰਾਜੈਕਟਾਂ ਦਾ ਉਦਘਾਟਨ ਕਰਨ ਤੋਂ ਬਾਅਦ ਮੋਦੀ ਨੇ ਕਿਹਾ ਕਿ ਸਰਕਾਰ ਦਿੱਲੀ ਦੇ ਲੋਕਾਂ ਦੀਆਂ ਸਾਰੀਆਂ ਮੁਸ਼ਕਲਾਂ ਨੂੰ ਦੂਰ ਕਰਨ ਦੀ ਕੋਸ਼ਿਸ਼ ਕਰ ਰਹੀ ਹੈ। ਪ੍ਰਧਾਨ ਮੰਤਰੀ ਨੇ ਕਿਹਾ ਕਿ ਸਰਕਾਰ ਦਿੱਲੀ ਨੂੰ ਵਿਕਾਸ ਦਾ ਮਾਡਲ ਬਣਾ ਰਹੀ ਹੈ ਜੋ ਵਿਕਾਸਸ਼ੀਲ ਭਾਰਤ ਦੀ ਭਾਵਨਾ ਨੂੰ ਦਰਸਾਉਂਦੀ ਹੈ।

## ਰਾਹੁਲ ਗਾਂਧੀ ਸੱਤ ਦਿਨਾਂ ’ਚ ਘੋਸ਼ਣਾ ਪੱਤਰ ਜਮ੍ਹਾਂ ਕਰਨ......

ਪੋਲਿੰਗ ਸਟੇਸ਼ਨ-ਵਾਰ ਸੂਚੀ ਦਿੱਤੀ ਜਾਂਦੀ ਹੈ। ਹਰ ਉਮੀਦਵਾਰ ਨੂੰ ਪੋਲਿੰਗ ਏਜੰਟ ਨੂੰ ਨਾਮਜ਼ਦ ਕਰਨ ਦਾ ਅਧਿਕਾਰ ਹੁੰਦਾ ਹੈ ਅਤੇ ਉਹੀ ਸੂਚੀ ਪੋਲਿੰਗ ਏਜੰਟ ਕੋਲ ਹੁੰਦੀ ਹੈ... ਰਿਟਰਨਿੰਗ ਅਫਸਰ ਦੁਆਰਾ ਨਤੀਜਾ ਘੋਸ਼ਿਤ ਕਰਨ ਤੋਂ ਬਾਅਦ ਵੀ, ਇੱਕ ਵਿਵਸਥਾ ਹੈ ਕਿ ਤੁਸੀਂ 45 ਦਿਨਾਂ ਦੇ ਅੰਦਰ ਹਾਈ ਕੋਰਟ ਵਿੱਚ ਚੋਣ ਪਟੀਸ਼ਨ ਦਾਇਰ ਕਰ ਸਕਦੇ ਹੋ ਅਤੇ ਚੋਣ ਨੂੰ ਚੁਣੌਤੀ ਦੇ ਸਕਦੇ ਹੋ। ਜਦੋਂ 45 ਦਿਨ ਪੂਰੇ ਹੋ ਜਾਂਦੇ ਹਨ ਭਾਵੇਂ ਉਹ ਕੇਰਲ ਹੋਵੇ, ਕਰਨਾਟਕ ਹੋਵੇ, ਬਿਹਾਰ ਹੋਵੇ, ਅਤੇ ਜਦੋਂ ਕਿਸੇ ਵੀ ਪਾਰਟੀ ਨੂੰ 45 ਦਿਨਾਂ ਵਿੱਚ ਕੋਈ ਨੁਕਸ ਨਹੀਂ ਮਿਲਿਆ, ਅੱਜ ਇੰਨੇ ਦਿਨਾਂ ਬਾਅਦ, ਅਜਿਹੇ ਬੇਬੁਨਿਆਦ ਦੋਸ਼ ਲਗਾਉਣ ਪਿੱਛੇ ਰਾਹੁਲ ਗਾਂਧੀ ਦਾ ਕੀ ਮਨੋਰਥ ਹੈ, ਤਾਂ ਪੂਰੇ ਦੇਸ਼ ਦੇ ਲੋਕ ਇਹ ਸਮਝਦੇ ਹਨ। ਕਾਬਿਲੇਗੌਰ ਹੈ ਕਿ ਲੋਕ ਸਭਾ ਵਿਚ ਵਿਰੋਧੀ ਧਿਰ ਦੇ ਆਗੂ ਰਾਹੁਲ ਗਾਂਧੀ ਵੱਲੋਂ ਲਾਏ ਗਏ ‘ਵੋਟ ਚੋਰੀ’ ਦੇ ਇਲਜ਼ਾਮਾਂ ਅਤੇ ਬਿਹਾਰ ਵਿੱਚ ਵੋਟਰ ਸੂਚੀਆਂ ਦੀ ਵਿਸ਼ੇਸ਼ ਵਿਆਪਕ ਸੋਧ (ਸਰ) ਨੂੰ ਲੈ ਕੇ ਵਿਰੋਧੀ ਪਾਰਟੀਆਂ ਵੱਲੋਂ ਲਗਾਤਾਰ ਕੀਤੇ ਜਾ ਰਹੇ ਵਿਰੋਧ ਪ੍ਰਦਰਸ਼ਨਾਂ ਦਰਮਿਆਨ ਭਾਰਤੀ ਚੋਣ ਕਮਿਸ਼ਨ ਵੱਲੋਂ ਇਹ ਕਾਨਫਰੰਸ ਕੀਤੀ ਜਾ ਰਹੀ ਹੈ। ਚੋਣ ਅਥਾਰਟੀ ਵਲੋਂ ਚੋਣਾਂ ਸਬੰਧੀ ਪ੍ਰੋਗਰਾਮ ਦੇ ਐਲਾਨ ਤੋਂ ਇਲਾਵਾ ਕਿਸੇ ਹੋਰ ਮੁੱਦੇ ਨੂੰ ਲੈ ਕੇ ਰਸਮੀ ਪ੍ਰੈੱਸ ਕਾਨਫਰੰਸ ਸੱਦਣੀ ਕੋਈ ਸਧਾਰਨ ਗੱਲ ਨਹੀਂ ਹੈ। ਦੱਸ ਦਈਏ ਕਿ ਕਾਂਗਰਸੀ ਆਗੂ ਰਾਹੁਲ ਗਾਂਧੀ ਨੇ ਵਾਰ-ਵਾਰ ਚੋਣ ਕਮਿਸ਼ਨ ’ਤੇ ਵੋਟਰ-ਡੇਟਾ ਨਾਲ ਛੇੜਛਾੜ ਅਤੇ ਮਹਾਰਾਸ਼ਟਰ, ਕਰਨਾਟਕ ਤੇ ਹਰਿਆਣਾ ਵਿੱਚ ‘ਵੋਟ ਚੋਰੀ’ ਦੇ ਦੋਸ਼ ਲਾਏ ਹਨ। ਕਮਿਸ਼ਨ ਨੇ ਕਾਂਗਰਸੀ ਆਗੂ ਨੂੰ ਉਨ੍ਹਾਂ ਲੋਕਾਂ ਦੇ ਵੇਰਵੇ ਹਲਫ਼ਨਾਮੇ ਸਣੇ ਜਮ੍ਹਾਂ ਕਰਨ ਲਈ ਕਿਹਾ ਹੈ, ਜਿਨ੍ਹਾਂ ਦੇ ਨਾਂ ਸੂਚੀ ਵਿੱਚ ਗਲਤ ਤਰੀਕੇ ਨਾਲ ਜੋੜੇ ਗਏ ਜਾਂ ਹਟਾਏ ਗਏ ਹਨ। ਚੋਣ ਕਮਿਸ਼ਨ ਨੇ ਇਹ ਵੀ ਕਿਹਾ ਕਿ ਜੇ ਵਿਰੋਧੀ ਧਿਰ ਦੇ ਨੇਤਾ ਆਪਣੇ ਦੋਸ਼ਾਂ ਦੇ ਸਮਰਥਨ ਵਿੱਚ ਕੋਈ ਸਬੂਤ ਨਹੀਂ ਦਿੰਦੇ ਹਨ ਤਾਂ ਰਾਹੁਲ ਗਾਂਧੀ ਨੂੰ ਮੁਆਫ਼ੀ ਮੰਗਣੀ ਚਾਹੀਦੀ ਹੈ।

## ਐਨ.ਡੀ.ਏ. ਨੇ ਸੀ.ਪੀ. ਰਾਧਾਕ੍ਰਿਸ਼ਨਨ ਨੂੰ ਐਲਾਨਿਆ ਉਪ-ਰਾਸ਼ਟਪਤੀ

ਸੀ.ਪੀ. ਰਾਧਾਕ੍ਰਿਸ਼ਨਨ ਮਹਾਰਾਸ਼ਟਰ ਦੇ ਰਾਜਪਾਲ ਹਨ। ਜੇ.ਪੀ. ਨੱਡਾ ਨੇ ਕਿਹਾ ਕਿ ਭਾਜਪਾ ਸੰਸਦੀ ਬੋਰਡ ਦੀ ਮੀਟਿੰਗ ਉਪ ਰਾਸ਼ਟਰਪਤੀ ਅਹੁਦੇ ਲਈ ਉਮੀਦਵਾਰ ਦੇ ਨਾਮ ਨੂੰ ਅੰਤਿਮ ਰੂਪ ਦੇਣ ਲਈ ਬੁਲਾਈ ਗਈ ਸੀ।ਆਰ.ਐੱਸ.ਐੱਸ. ਸਵੈਮ ਸੇਵਕ ਵਜੋਂ ਸ਼ੁਰੂਆਤ ਕਰਦਿਆਂ ਰਾਧਾਕ੍ਰਿਸ਼ਨਨ 1974 ਵਿੱਚ ਭਾਰਤੀ ਜਨ ਸੰਘ ਦੇ ਰਾਜ ਕਾਰਜਕਾਰੀ ਕਮੇਟੀ ਮੈਂਬਰ ਬਣੇ। 1996 ਵਿੱਚ ਰਾਧਾਕ੍ਰਿਸ਼ਨਨ ਨੂੰ ਤਾਮਿਲਨਾਡੂ ਵਿੱਚ ਭਾਜਪਾ ਦਾ ਸਕੱਤਰ ਨਿਯੁਕਤ ਕੀਤਾ ਗਿਆ ਸੀ। ਉਹ 1998 ਵਿੱਚ ਕੋਇੰਬਟੂਰ ਤੋਂ ਪਹਿਲੀ ਵਾਰ ਲੋਕ ਸਭਾ ਲਈ ਚੁਣੇ ਗਏ ਸਨ। 1999 ਵਿੱਚ ਉਹ ਲੋਕ ਸਭਾ ਲਈ ਦੁਬਾਰਾ ਚੁਣੇ ਗਏ ਸਨ। ਆਪਣੇ ਸੰਸਦ ਮੈਂਬਰ ਦੇ ਕਾਰਜਕਾਲ ਦੌਰਾਨ ਉਨ੍ਹਾਂ ਕੱਪੜਾ ਉਦਯੋਗ ਲਈ ਸੰਸਦੀ ਸਥਾਈ ਕਮੇਟੀ ਦੇ ਚੇਅਰਮੈਨ ਵਜੋਂ ਸੇਵਾ ਨਿਭਾਈ। ਉਹ ਜਨਤਕ ਖੇਤਰ ਦੇ ਅਦਾਰਿਆਂ ਲਈ ਸੰਸਦੀ ਕਮੇਟੀ ਅਤੇ ਵਿੱਤ ਲਈ ਸਲਾਹਕਾਰ ਕਮੇਟੀ ਦੇ ਮੈਂਬਰ ਵੀ ਸਨ। ਉਹ ਸਟਾਕ ਐਕਸਚੇਂਜ ਘੁਟਾਲੇ ਦੀ ਜਾਂਚ ਕਰਨ ਵਾਲੀ ਸੰਸਦੀ ਵਿਸ਼ੇਸ਼ ਕਮੇਟੀ ਦੇ ਮੈਂਬਰ ਸਨ। 2004 ਵਿੱਚ ਰਾਧਾਕ੍ਰਿਸ਼ਨਨ ਨੇ ਸੰਸਦੀ ਵਫ਼ਦ ਦੇ ਹਿੱਸੇ ਵਜੋਂ ਸੰਯੁਕਤ ਰਾਸ਼ਟਰ ਜਨਰਲ ਅਸੈਂਬਲੀ ਨੂੰ ਸੰਬੋਧਨ ਕੀਤਾ। ਉਹ ਤਾਇਵਾਨ ਦੇ ਪਹਿਲੇ ਸੰਸਦੀ ਵਫ਼ਦ ਦੇ ਮੈਂਬਰ ਵੀ ਸਨ। 2004 ਅਤੇ 2007 ਦਰਮਿਆਨ ਉਨ੍ਹਾਂ ਤਾਮਿਲਨਾਡੂ ਵਿੱਚ ਭਾਜਪਾ ਦੇ ਸੂਬਾ ਪ੍ਰਧਾਨ ਵਜੋਂ ਸੇਵਾ ਨਿਭਾਈ। ਇਸ ਭੂਮਿਕਾ ਵਿੱਚ ਉਨ੍ਹਾਂ ਨੇ 19,000 ਕਿਲੋਮੀਟਰ ਦੀ ‘ਰੱਥ ਯਾਤਰਾ’ ਕੱਢੀ, ਜੋ 93 ਦਿਨਾਂ ਤੱਕ ਚੱਲੀ। ਇਹ ਯਾਤਰਾ ਸਾਰੀਆਂ ਭਾਰਤੀ ਨਦੀਆਂ ਨੂੰ ਜੋੜਨ, ਅੱਤਵਾਦ ਦੇ ਖਾਤਮੇ, ਇਕਸਾਰ ਸਿਵਲ ਕੋਡ ਲਾਗੂ ਕਰਨ, ਛੂਤ-ਛਾਤ ਨੂੰ ਦੂਰ ਕਰਨ ਅਤੇ ਨਸ਼ੀਲੇ ਪਦਾਰਥਾਂ ਦੇ ਖ਼ਤਰੇ ਨਾਲ ਲੜਨ ਦੀਆਂ ਉਨ੍ਹਾਂ ਦੀਆਂ ਮੰਗਾਂ ਨੂੰ ਉਜਾਗਰ ਕਰਨ ਲਈ ਕੀਤੀ ਗਈ ਸੀ। ਉਨ੍ਹਾਂ ਵੱਖ-ਵੱਖ ਕਾਰਨਾਂ ਲਈ ਦੋ ਹੋਰ ਪਦ ਯਾਤਰਾਵਾਂ ਦੀ ਅਗਵਾਈ ਵੀ ਕੀਤੀ।ਚੰਦਰਪੁਰਮ ਪੋਨੂਸਾਮੀ ਰਾਧਾਕ੍ਰਿਸ਼ਨਨ ਨੇ 31 ਜੁਲਾਈ, 2024 ਨੂੰ ਮਹਾਰਾਸ਼ਟਰ ਦੇ ਰਾਜਪਾਲ ਵਜੋਂ ਸਹੁੰ ਚੁੱਕੀ। ਆਪਣੀ ਨਿਯੁਕਤੀ ਤੋਂ ਪਹਿਲਾਂ ਉਨ੍ਹਾਂ ਨੇ ਲੱਗਭੱਗ ਡੇਢ ਸਾਲ ਝਾਰਖੰਡ ਦੇ ਰਾਜਪਾਲ ਵਜੋਂ ਸੇਵਾ ਨਿਭਾਈ। ਝਾਰਖੰਡ ਦੇ ਰਾਜਪਾਲ ਵਜੋਂ, ਰਾਧਾਕ੍ਰਿਸ਼ਨਨ ਨੂੰ ਭਾਰਤ ਦੇ ਰਾਸ਼ਟਰਪਤੀ ਦੁਆਰਾ ਤਿਲੰਗਾਨਾ ਦੇ ਰਾਜਪਾਲ ਅਤੇ ਪੁੱਡੂਚੇਰੀ ਦੇ ਉਪ ਰਾਜਪਾਲ ਦੇ ਕਾਰਜਾਂ ਨੂੰ ਨਿਭਾਉਣ ਲਈ ਨਿਯੁਕਤ ਕੀਤਾ ਗਿਆ ਸੀ। ਚਾਰ ਦਹਾਕਿਆਂ ਤੋਂ ਵੱਧ ਦੇ ਤਜ਼ਰਬੇ ਦੇ ਨਾਲ ਉਨ੍ਹਾਂ ਦਾ ਤਾਮਿਲਨਾਡੂ ਦੀ ਰਾਜਨੀਤੀ ਅਤੇ ਜਨਤਕ ਜੀਵਨ ਵਿੱਚ ਇੱਕ ਸਤਿਕਾਰਤ ਨਾਮ ਹੈ।

## ਹੜ੍ਹਾਂ ਦੀ ਮਾਰ ਹੇਠ ਆਏ ਪੰਜਾਬ ਦੇ ਕਈ ਪਿੰਡ

ਸਲਾਚ ਆਧੀ ਜੈਨਪੁਰ ਤੇ ਠਾਕੁਰਪੁਰ ਵਰਗੇ ਪਿੰਡ ਹੜ੍ਹ ਤੋਂ ਪ੍ਰਭਾਵਿਤ ਹੋ ਰਹੇ ਹਨ। ਹਿਮਾਚਲ ਵਿਚ ਮੀਂਹ ਕਰਕੇ ਹੁਸ਼ਿਆਰਪੁਰ, ਪਠਾਨਕੋਟ, ਤਰਨਤਾਰਨ, ਕਪੂਰਥਲਾ ਤੇ ਫਾਜ਼ਿਲਕਾ ਦੇ ਲੋਕ ਵੀ ਹੜ੍ਹ ਦੀ ਸਥਿਤੀ ਨਾਲ ਜੂਝ ਰਹੇ ਹਨ। ਪ੍ਰਸ਼ਾਸਨ ਵੱਲੋਂ ਲੋਕਾਂ ਨੂੰ ਘਰਾਂ ਤੋਂ ਬਾਹਰ ਨਾ ਨਿਕਲਣ ਦੀ ਅਪੀਲ ਕੀਤੀ ਜਾ ਰਹੀ ਹੈ ਤੇ ਕਮਜ਼ੋਰ ਬੰਨ੍ਹਾਂ ਨੂੰ ਪ੍ਰਸ਼ਾਸਨ ਵਲੋਂ ਮਜ਼ਬੂਤ ਕੀਤਾ ਜਾ ਰਿਹਾ ਹੈ। ਦੂਜੇ ਪਾਸੇ ਹਰੀਕੇ ਵਿਚ ਬਿਆਸ ਤੇ ਸਤਲੁਜ ਮਿਲਦੀ ਹੈ ਜਿੱਥੇ ਪਾਣੀ ਦਾ ਪੱਧਰ ਵਧਣ ਨਾਲ ਆਸ-ਪਾਸ ਦੇ ਪਿੰਡਾਂ ਵਿਚ ਹੜ੍ਹ ਵਰਗੇ ਹਾਲਾਤ ਹਨ। ਪੱਟੀ ਖੇਤਰ ਦੇ ਪਿੰਡ ਰਾਮ ਸਿੰਘ ਵਾਲਾ ਕੋਲ ਸਤਲੁਜ ਨਦੀ ਦਾ ਧੁੱਸੀ ਬੰਨ੍ਹ ਟੁੱਟ ਗਿਆ। ਫਾਜ਼ਿਲਕਾ ਵਿਚ ਪਹਾੜੀ ਇਲਾਕਿਆਂ ਵਿਚ ਭਾਰੀ ਮੀਂਹ ਕਰਕੇ ਸਤਲੁਜ ਨਦੀ ਉਫਾਨ ’ਤੇ ਹੈ ਤੇ ਪਾਣੀ ਦਾ ਪੱਧਰ ਵਧ ਰਿਹਾ ਹੈ। ਇਸੇ ਵਜ੍ਹਾ ਕਰਕੇ ਲੋਕਾਂ ਨੂੰ ਹੁਣ ਡਰ ਸਤਾਉਣ ਲੱਗਾ ਹੈ।

## ਸ੍ਰੀ ਸਾਹਿਬ ਕਾਰਨ ਗੁਰਸਿੱਖ ਸਰਪੰਚ ਨੂੰ ਲਾਲ ਕਿਲ੍ਹੇ ’ਚ ਨਹੀਂ ਮਿਲੀ ਐਂਟਰੀ

ਪਹੁੰਚੇ। ਸਰਪੰਚ ਸਰਪੰਚ ਗੁਰਧਿਆਨ ਨੇ ਆਪਣੇ ਸਰੀਰ ’ਤੇ ਸ੍ਰੀ ਸਾਹਿਬ ਪਹਿਨਿਆ ਹੋਇਆ ਸੀ, ਤਾਂ ਉਨ੍ਹਾਂ ਨੂੰ ਪ੍ਰਧਾਨ ਮੰਤਰੀ ਦੇ ਪ੍ਰੋਗਰਾਮ ਵਿੱਚ ਜਾਣ ਦੀ ਇਜਾਜ਼ਤ ਨਹੀਂ ਦਿੱਤੀ ਗਈ ਅਤੇ ਸੁਰੱਖਿਆ ਨੇ ਉਨ੍ਹਾਂ ਨੂੰ ਕਿਹਾ ਕਿ ਉਨ੍ਹਾਂ ਨੂੰ ਉਦੋਂ ਹੀ ਪ੍ਰਵੇਸ਼ ਮਿਲੇਗਾ, ਜਦੋਂ ਉਹ ਸ੍ਰੀ ਸਾਹਿਬ ਨੂੰ ਉਤਾਰਨਗੇ। ਸਰਪੰਚ ਨੇ ਕਿਹਾ ਕਿ ਉਹ ਸ੍ਰੀ ਸਾਹਿਬ ਨੂੰ ਨਹੀਂ ਉਤਾਰੇਗਾ। ਇਸ ਕਾਰਨ ਸਰਪੰਚ ਵਾਪਸ ਆ ਗਿਆ। ਸਰਪੰਚ ਨੇ ਮੰਗ ਕੀਤੀ ਹੈ ਕਿ ਵਿਦੇਸ਼ਾਂ ਵਿੱਚ ਸਿੱਖਾਂ ਨਾਲ ਇਸ ਤਰ੍ਹਾਂ ਦੀਆਂ ਗੱਲਾਂ ਹੋ ਰਹੀਆਂ ਹਨ, ਪਰ ਦਿੱਲੀ ਵਿੱਚ ਮੇਰੇ ਨਾਲ ਜੋ ਕੁਝ ਵੀ ਹੋਇਆ ਹੈ, ਮੈਂ ਇਸ ਦੀ ਸਖ਼ਤ ਨਿੰਦਾ ਕਰਦਾ ਹਾਂ ਅਤੇ ਸ਼੍ਰੋਮਣੀ ਕਮੇਟੀ ਨੂੰ ਇਸ ’ਤੇ ਕਾਰਵਾਈ ਕਰਨੀ ਚਾਹੀਦੀ ਹੈ।

## ਅੰਮ੍ਰਿਤਧਾਰੀ ਸਰਪੰਚ ਨੂੰ ਆਜ਼ਾਦੀ ਸਮਾਗਮ ....

ਕੁਰਬਾਨੀਆਂ ਸਿੱਖ ਕੌਮ ਦੀਆਂ ਹਨ। ਜਾਰੀ ਬਿਆਨ ਵਿੱਚ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਵਿਦੇਸ਼ੀ ਧਰਤੀ ਉੱਪਰ ਤਾਂ ਸਿੱਖਾਂ ਨੂੰ ਕਈ ਵਾਰ ਅਜਿਹੀਆਂ ਘਟਨਾਵਾਂ ਦਾ ਸਾਹਮਣਾ ਕਰਨਾ ਪਿਆ, ਪਰ ਆਜ਼ਾਦੀ ਸਮਾਗਮਾਂ ਦੇ ਮੌਕੇ ਦੇਸ਼ ਦੀ ਰਾਜਧਾਨੀ ਵਿੱਚ ਅਜਿਹੀ ਘਟਨਾ ਦਾ ਵਾਪਰਨਾ, ਮੰਦਭਾਗਾ ਹੈ। ਪਾਰਟੀ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਪਿੰਡ ਦੀ ਪੰਚਾਇਤ ਦੇ ਸਮਾਜ ਪ੍ਰਤੀ ਕੀਤੇ ਉਪਰਾਲਿਆਂ ਕਰਕੇ ਭਾਰਤ ਸਰਕਾਰ ਵੱਲੋਂ ਸਰਪੰਚ ਗੁਰਧਿਆਨ ਸਿੰਘ ਨੂੰ ਵਿਸ਼ੇਸ਼ ਸੱਦਾ ਪੱਤਰ ਭੇਜਿਆ ਗਿਆ। ਇਸ ਤੋਂ ਪਹਿਲਾਂ ਕੇਂਦਰੀ ਜਲ ਮੰਤਰਾਲਾ ਪਿੰਡ ਦੀ ਪੰਚਾਇਤ ਨੂੰ ਸਨਮਾਨ ਦੇ ਚੁੱਕਾ ਸੀ। ਸਰਕਾਰ ਵੱਲੋਂ ਮਿਲੇ ਅਧਿਕਾਰਿਕ ਸੱਦਾ ਪੱਤਰ ਨੰਬਰ 499 ਸਰਪੰਚ ਸਰਦਾਰ ਗੁਰਧਿਆਨ ਸਿੰਘ ਕੋਲ ਮੌਜੂਦ ਹੋਣ ਦੇ ਬਾਵਜੂਦ ਸ੍ਰੀ ਸਾਹਿਬ ਧਾਰਨ ਹੋਣ ਕਰਕੇ ਸਰਪੰਚ ਗੁਰਧਿਆਨ ਸਿੰਘ ਨੂੰ ਅਜ਼ਾਦੀ ਸਮਾਗਮ ਵਿੱਚ ਹਿੱਸਾ ਲੈਣ ਦੀ ਇਜਾਜ਼ਤ ਨਹੀਂ ਮਿਲੀ ਅਤੇ ਨਾ ਹੀ ਜਿਸ ਉਪਰਾਲੇ ਤਹਿਤ ਭਾਰਤ ਸਰਕਾਰ ਵੱਲੋਂ ਸਨਮਾਨ ਮਿਲਣਾ ਸੀ, ਉਹ ਮਿਲ ਪਾਇਆ।

ਇਸ ਪੂਰੀ ਘਟਨਾ ’ਤੇ ਤਿੱਖਾ ਪ੍ਰਤੀਕਰਮ ਦਿੰਦੇ ਹੋਏ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ, ਅੱਜ ਸਾਡੇ ਲਈ ਇਹ ਬਦਕਿਸਮਤੀ ਹੈ ਕਿ ਘੱਟ ਗਿਣਤੀਆਂ ਨੂੰ ਕਿਸੇ ਨਾ ਕਿਸੇ ਬਹਾਨੇ ਓਹਨਾਂ ਦੀ ਵੱਖਰੀ ਪਛਾਣ ਕਰਕੇ ਨਿਸ਼ਾਨਾ ਬਣਾਇਆ ਜਾਂਦਾ ਹੈ। ਓਹਨਾ ਭਾਰਤ ਸਰਕਾਰ ਨੂੰ ਅਪੀਲ ਕੀਤੀ ਕਿ, ਅਜਿਹੀ ਘਟਨਾਵਾਂ ਪ੍ਰਤੀ ਸਰਕਾਰ ਸੁਚੇਤ ਹੋਵੇ, ਭਾਰਤ ਵੱਖ ਵੱਖ ਵਰਗਾਂ, ਧਰਮਾਂ ਦਾ ਗੁਲਦਸਤਾ ਹੈ। ਇਸ ਕਰਕੇ ਇਸ ਗੁਲਦਸਤੇ ਵਿੱਚੋਂ ਕਿਸੇ ਇੱਕ ਨੂੰ ਨਿਸ਼ਾਨਾ ਬਣਾਉਣਾ ਸਰਾਸਰ ਗਲਤ ਹੈ। ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਨੇ ਦੇਸ਼ ਦੇ ਗ੍ਰਹਿ ਮੰਤਰਾਲੇ ਨੂੰ ਅਪੀਲ ਕੀਤੀ ਕਿ, ਦੇਸ਼ ਦਾ ਸੰਵਿਧਾਨ ਸਿੱਖ ਨੂੰ ਕਿਰਪਾਨ ਪਹਿਨਣ ਦੀ ਇਜਾਜ਼ਤ ਦਿੰਦਾ ਹੈ ਫਿਰ ਦੇਸ਼ ਦੇ ਵੱਖ ਵੱਖ ਕੋਨਿਆਂ ਵਿੱਚ ਅਜਿਹੀਆਂ ਘਟਨਾਵਾਂ ਕਿਉਂ ਵਾਪਰਦੀਆਂ ਹਨ। ਇਸ ਸਬੰਧੀ ਤੁਰੰਤ ਸਖ਼ਤੀ ਨਾਲ ਹੁਕਮ ਜਾਰੀ ਕੀਤੇ ਜਾਣ ਤਾਂ ਕਿ ਅੱਗੇ ਤੋਂ ਅਜਿਹਾ ਕਿਸੇ ਵੀ ਸਿੱਖ ਨਾਲ ਨਾ ਵਾਪਰੇ।

## ਵੋਟਾਂ ’ਚ ਹੋਰ ਚੋਰੀ ਨਹੀਂ ਹੋਣ ਦਿਆਂਗੇ: ਰਾਹੁਲ

ਵੋਟ ਚੋਰੀ ਬਿਹਾਰ, ਮਹਾਰਾਸ਼ਟਰ, ਅਸਾਮ, ਬੰਗਾਲ ਜਾਂ ਫਿਰ ਕਿਤੇ ਵੀ ਹੋਵੇ ਅਸੀਂ ਚੋਰੀ ਨੂੰ ਫੜਾਂਗੇ ਅਤੇ ਲੋਕਾਂ ਸਾਹਮਣੇ ਸੱਚ ਲਿਆਵਾਂਗੇ।’’ ਉਨ੍ਹਾਂ ਕਿਹਾ ,ਮੈਂ ਤੁਹਾਨੂੰ ਇਸ ਸਟੇਜ ਤੋਂ ਦੱਸ ਰਿਹਾ ਹਾਂ ਕਿ ਉਨ੍ਹਾਂ ਦੀ ਨਵੀਂ ਸਾਜ਼ਿਸ਼ ਬਿਹਾਰ ਵਿੱਚ ਵਿਸ਼ੇਸ਼ ਵਿਆਪਕ ਸੁਧਾਈ (ਸਰ) ਕਰਵਾਉਣ ਅਤੇ ਨਵੀਆਂ ਵੋਟਾਂ ਕੱਟ ਕੇ ਅਤੇ ਜਾਅਲੀ ਵੋਟਾਂ ਜੋੜ ਕੇ ਬਿਹਾਰ ਚੋਣਾਂ ਵੀ ਚੋਰੀ ਕਰਨ ਦੀ ਹੈ। ਅਸੀਂ ਸਾਰੇ ਇਸ ਸਟੇਜ ਤੋਂ ਤੁਹਾਨੂੰ ਇਹ ਦੱਸਣ ਲਈ ਆਏ ਹਾਂ ਕਿ ਅਸੀਂ ਉਨ੍ਹਾਂ ਨੂੰ ਇਹ ਚੋਣ ਚੋਰੀ ਨਹੀਂ ਕਰਨ ਦੇਵਾਂਗੇ। ਉਨ੍ਹਾਂ ਕਿਹਾ, ਬਿਹਾਰ ਦੇ ਲੋਕ ਇਸ ਚੋਰੀ ਨੂੰ ਨਹੀਂ ਹੋਣ ਦੇਣਗੇ। ਕਿਉਂ ? ਕਿਉਂਕਿ ਗਰੀਬਾਂ ਕੋਲ ਸਿਰਫ਼ ਵੋਟ ਹੈ ਅਤੇ ਅਸੀਂ ਵੋਟ ਚੋਰੀ ਨਹੀਂ ਹੋਣ ਦੇਵਾਂਗੇ। ਇਸ ਦੌਰਾਨ ਰਾਸ਼ਟਰੀ ਜਨਤਾ ਦਲ ਦੇ ਨੇਤਾ ਤੇਜਸਵੀ ਯਾਦਵ ਨੇ ਚੋਣ ਕਮਿਸ਼ਨ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ’ਤੇ ਵੋਟਰ ਸੂਚੀ ਨੂੰ ਲੈ ਕੇ ਬਿਹਾਰ ਦੇ ਲੋਕਾਂ ਨਾਲ ਧੋਖਾ ਕਰਨ ਦਾ ਦੋਸ਼ ਲਗਾਇਆ। ਉਨ੍ਹਾਂ ਕਿਹਾ, “ਨਰਿੰਦਰ ਮੋਦੀ ਬਿਹਾਰ ਦੇ ਨੌਜਵਾਨਾਂ ਦੀਆਂ ਜ਼ਿੰਦਗੀਆਂ ਤਬਾਹ ਕਰਨ ’ਤੇ ਤੁਲੇ ਹੋਏ ਹਨ। ਮੋਦੀ ਅਨਪੜ੍ਹਾਂ ਲਈ ਤਾੜੀਆਂ ਮਾਰਦੇ ਹਨ ਅਤੇ ਰਾਜਨੀਤੀ ਕਰਦੇ ਹਨ। ਪਰ ਅਸੀਂ ਹਰ ਕਿਸੇ ਦੇ ਹੱਥ ਵਿੱਚ ਕੰਮ ਦੇਣ ਦੀ ਰਾਜਨੀਤੀ ਕਰਦੇ ਹਾਂ। ਅੱਜ ਇਸੇ ਲਈ ਅਸੀਂ ਇੱਥੇ ਹਾਂ। ਚੋਣ ਕਮਿਸ਼ਨ ਤੇ ਮੋਦੀ ਬਿਹਾਰੀਓਂ ਕੋ ਚੂਨਾ ਲਗਾਨਾ ਚਾਹਤੇ ਹੈਂ (ਬਿਹਾਰ ਦੇ ਲੋਕਾਂ ਨੂੰ ਧੋਖਾ ਦੇਣਾ ਚਾਹੁੰਦੇ ਹਨ)। ਬਿਹਾਰੀਆਂ ਨੂੰ ਕਮਜ਼ੋਰ ਨਾ ਸਮਝੋ।

## ਭਾਰਤੀ ਪੁਲਾੜ ਯਾਤਰੀ ਸ਼ੁਭਾਂਸ਼ੂ ਸ਼ੁਕਲਾ ਦਿੱਲੀ ਪੁੱਜਿਆ

ਨਾਸਾ ਦੇ ਕੈਨੇਡੀ ਸਪੇਸ ਸੈਂਟਰ ਤੋਂ ਉਡਾਣ ਭਰੀ ਸੀ। ਉਹ 15 ਜੁਲਾਈ ਨੂੰ ਕੈਲੀਫੋਰਨੀਆ ਦੇ ਤੱਟ ’ਤੇ ਉਤਰੇ। ਸ਼ੁਕਲਾ 41 ਸਾਲਾਂ ਵਿੱਚ ਪੁਲਾੜ ਦੀ ਯਾਤਰਾ ਕਰਨ ਵਾਲਾ ਪਹਿਲਾ ਭਾਰਤੀ ਬਣਿਆ ਹੈ। ਭਾਰਤ ਵਾਪਸੀ ਤੋਂ ਪਹਿਲਾਂ ਸ਼ੁਕਲਾ ਨੇ ਐਕਸ ’ਤੇ ਇੱਕ ਭਾਵਨਾਤਮਕ ਨੋਟ ਸਾਂਝਾ ਕੀਤਾ, ਜਿਸ ਵਿੱਚ ਉਸ ਦੀ ਸਾਲ ਭਰ ਦੀ ਸਿਖਲਾਈ ਅਤੇ ਮਿਸ਼ਨ ਦੌਰਾਨ ਬਣਾਏ ਗਏ ਸਬੰਧਾਂ ਨੂੰ ਦਰਸਾਇਆ ਗਿਆ ਸੀ। ਸ਼ੁਕਲਾ ਨੇ ਲਿਖਿਆ, “ਜਦੋਂ ਮੈਂ ਭਾਰਤ ਵਾਪਸ ਆਉਣ ਲਈ ਜਹਾਜ਼ ’ਤੇ ਬੈਠਦਾ ਹਾਂ ਤਾਂ ਮੇਰੇ ਦਿਲ ਵਿੱਚ ਭਾਵਨਾਵਾਂ ਦਾ ਮਿਸ਼ਰਣ ਦੌੜਦਾ ਹੈ। ਮੈਨੂੰ ਉਨ੍ਹਾਂ ਲੋਕਾਂ ਦੇ ਇੱਕ ਸ਼ਾਨਦਾਰ ਸਮੂਹ ਨੂੰ ਪਿੱਛੇ ਛੱਡ ਕੇ ਦੁੱਖ ਹੋ ਰਿਹਾ ਹੈ ਜੋ ਇਸ ਮਿਸ਼ਨ ਦੌਰਾਨ ਪਿਛਲੇ ਇੱਕ ਸਾਲ ਤੋਂ ਮੇਰੇ ਦੋਸਤ ਅਤੇ ਪਰਿਵਾਰ ਸਨ। ਮੈਂ ਮਿਸ਼ਨ ਤੋਂ ਬਾਅਦ ਪਹਿਲੀ ਵਾਰ ਆਪਣੇ ਸਾਰੇ ਦੋਸਤਾਂ, ਪਰਿਵਾਰ ਅਤੇ ਦੇਸ਼ ਦੇ ਹਰ ਕਿਸੇ ਨੂੰ ਮਿਲਣ ਲਈ ਵੀ ਉਤਸ਼ਾਹਿਤ ਹਾਂ। ਮੈਨੂੰ ਲੱਗਦਾ ਹੈ ਕਿ ਜ਼ਿੰਦਗੀ ਇਹੀ ਹੈ - ਸਭ ਕੁਝ ਇੱਕੋ ਵਾਰ।’’ਸ਼ੁਕਲਾ ਨੇ ਕਿਹਾ, “ਅਲਵਿਦਾ ਕਹਿਣਾ ਔਖਾ ਹੈ ਪਰ ਸਾਨੂੰ ਜ਼ਿੰਦਗੀ ਵਿੱਚ ਅੱਗੇ ਵਧਦੇ ਰਹਿਣ ਦੀ ਲੋੜ ਹੈ। ਜਿਵੇਂ ਕਿ ਮੇਰਾ ਕਮਾਂਡਰ @astro_peggy ਪਿਆਰ ਨਾਲ ਕਹਿੰਦਾ ਹੈ, ਪੁਲਾੜ ਉਡਾਣ ਵਿੱਚ ਇੱਕੋ ਇੱਕ ਸਥਿਰ ਤਬਦੀਲੀ ਹੈ।’ ਮੇਰਾ ਮੰਨਣਾ ਹੈ ਕਿ ਇਹ ਜ਼ਿੰਦਗੀ ’ਤੇ ਵੀ ਲਾਗੂ ਹੁੰਦਾ ਹੈ। ਮੈਨੂੰ ਲੱਗਦਾ ਹੈ ਕਿ ਦਿਨ ਦੇ ਅੰਤ ਵਿੱਚ “ਯੂੰ ਹੀ ਚਲਾ ਚਲ ਰਾਹੀ - ਜੀਵਨ ਗਾੜ੍ਹੀ ਹੈ ਸਮਾਂ ਪਹੀਆ।’’ ਸ਼ੁਕਲਾ ਦੀ ਯਾਤਰਾ ਐਕਸੀਓਮ ਸਪੇਸ ਮਿਸ਼ਨ ਦਾ ਹਿੱਸਾ ਸੀ, ਜੋ 25 ਜੂਨ ਨੂੰ ਸਪੇਸਐਕਸ ਦੇ ਫਾਲਕਨ ਰਾਕੇਟ ’ਤੇ ਲਾਂਚ ਕੀਤਾ ਗਿਆ ਸੀ। ਡਰੈਗਨਫਲਾਈ ਪੁਲਾੜ ਯਾਨ 26 ਜੂਨ ਨੂੰ ਆਈ.ਐਸ.ਐਸ. ਨਾਲ ਜੁੜਿਆ, ਜਿੱਥੇ ਸ਼ੁਕਲਾ ਨੇ ਸੂਖਮ ਗੁਰੂਤਾ ਵਿੱਚ ਵਿਗਿਆਨਕ ਪ੍ਰਯੋਗਾਂ ਦੀ ਇੱਕ ਲੜੀ ਦਾ ਸੰਚਾਲਨ ਕਰਦੇ ਹੋਏ 18 ਦਿਨ ਬਿਤਾਏ। ਨਾਸਾ ਅਤੇ ਸਪੇਸਐਕਸ ਦੇ ਸਹਿਯੋਗ ਨਾਲ ਕੀਤੇ ਗਏ ਇਸ ਮਿਸ਼ਨ ਦਾ ਉਦੇਸ਼ ਭਾਰਤ ਦੇ ਗਗਨਯਾਨ ਮਨੁੱਖੀ ਪੁਲਾੜ ਉਡਾਣ ਪ੍ਰੋਗਰਾਮ ਲਈ ਵਿਹਾਰਕ ਤਜਰਬਾ ਪ੍ਰਾਪਤ ਕਰਨਾ ਸੀ।ਇਸਰੋ ਮੁਤਾਬਕ ਸ਼ੁਕਲਾ ਨੇ ਕੌਮਾਂਤਰੀ ਪੁਲਾੜ ਸਟੇਸ਼ਨ ਅਤੇ ਸਪੇਸ ਸ਼ਟਲ ’ਤੇ ਕਈ ਪ੍ਰਯੋਗ ਕੀਤੇ, ਜਿਸ ਨਾਲ ਭਾਰਤ ਦੀ ਪੁਲਾੜ ਖੋਜ ਵਿੱਚ ਅਹਿਮ ਯੋਗਦਾਨ ਪਾਇਆ। ਸ਼ੁਕਲਾ ਦੇ ਮਿਸ਼ਨ ਤੋਂ ਪ੍ਰਾਪਤ ਸਿੱਖਿਆ ਸਿੱਧੇ ਤੌਰ ’ਤੇ ਭਾਰਤ ਦੇ ਗਗਨਯਾਨ ਪ੍ਰੋਜੈਕਟ ਦਾ ਸਮਰਥਨ ਕਰੇਗੀ, ਜੋ ਕਿ ਇਸ ਸਾਲ ਦੇ ਅੰਤ ਵਿੱਚ ਇੱਕ ਮਨੁੱਖ ਰਹਿਤ ਉਡਾਣ ਨਾਲ ਸ਼ੁਰੂ ਹੋਵੇਗਾ, ਜਿਸ ਤੋਂ ਬਾਅਦ ਦੋ ਹੋਰ ਮਨੁੱਖ ਰਹਿਤ ਮਿਸ਼ਨ ਹੋਣਗੇ। ਅੰਤ ਵਿੱਚ, ਇੱਕ ਭਾਰਤੀ ਪੁਲਾੜ ਯਾਤਰੀ ਨੂੰ ਗਗਨਯਾਨ ਪੁਲਾੜ ਯਾਨ ’ਤੇ 2-7 ਦਿਨਾਂ ਲਈ ਪੁਲਾੜ ਵਿੱਚ ਭੇਜਿਆ ਜਾਵੇਗਾ।

## ਨਾਨਾ-ਨਾਨੀ ਨੇ 6 ਮਹੀਨੇ ਦੀ ਦੋਹਤੀ ਦਾ ਕਤਲ ਕਰ.........

ਬੱਚੇ ਦਾ ਕਤਲ ਕਰ ਦਿੱਤਾ ਤੇ ਲਾਸ਼ ਨੂੰ ਲਿਫਾਫੇ ਵਿਚ ਪਾ ਕੇ ਟਾਂਡਾ ਪੁਲੀ ਵਿਚ ਸੁੱਟ ਦਿੱਤਾ। ਭੋਗਪੁਰ ਪੁਲਿਸ ਨੇ ਬੱਚੀ ਦੇ ਪਿਤਾ ਦੇ ਬਿਆਨਾਂ ’ਤੇ ਨਾਨਾ-ਨਾਮੀ ’ਤੇ ਕਤਲ ਦਾ ਕੇਸ ਦਰਜ ਕਰਕੇ ਉਨ੍ਹਾਂ ਨੂੰ ਗ੍ਰਿਫਤਾਰ ਕਰ ਲਿਆ ਹੈ। ਮੁਲਜ਼ਮ ਤਰਸੇਮ ਆਪਣੀ ਪਤਨੀ ਦਲਜੀਤ ਕੌਰ ਨਾਲ ਪਿੰਡ ਡੱਲਾ ਵਿਚ ਰਹਿੰਦਾ ਹੈ। ਉਸ ਦੀ ਇਕ ਧੀ ਮਨਿੰਦਰ ਕੌਰ ਹੈ ਜਿਸ ਦੇ ਤਿੰਨ ਵਿਆਹ ਹੋ ਚੁੱਕੇ ਹਨ, ਪਰ ਉਸ ਦੇ ਤਿੰਨੋਂ ਵਿਆਹ ਹੀ ਨਹੀਂ ਨਿਭ ਸਕੇ। ਮਨਿੰਦਰ 6 ਮਹੀਨੇ ਪਹਿਲਾਂ ਹੀ ਇਕ ਬੱਚੀ ਦੀ ਮਾਂ ਬਣੀ ਸੀ। 9ਅਗਸਤ ਨੂੰ ਰੱਖੜੀ ਵਾਲੇ ਦਿਨ ਮਨਿੰਦਰ ਕੌਰ ਆਪਣੀ 6 ਮਹੀਨੇ ਦੀ ਧੀ ਨੂੰ ਪੇਕੇ ਛੱਡ ਕੇ ਪ੍ਰੇਮੀ ਨਾਲ ਫਰਾਰ ਹੋ ਗਈ ਜਿਸ ਦੇ ਬਾਅਦ ਬੱਚੀ ਰੋਂਦੀ ਰਹਿੰਦੀ ਸੀ। ਨਾਨਾ-ਨਾਨੀ ਉਸ ਨੂੰ ਸੰਭਾਲ ਨਹੀਂ ਸਕੇ ਤੇ ਉਸ ਦੇ ਰੋਣ ਤੋਂ ਪ੍ਰੇਸ਼ਾਨ ਹੋ ਕੇ ਉਨ੍ਹਾਂ ਨੇ ਬੱਚੀ ਦਾ ਗਲਾ ਘੁੱਟ ਕੇ ਉਸ ਦੀ ਹੱਤਿਆ ਕਰ ਦਿੱਤੀ। ਕਤਲ ਦੇ ਬਾਅਦ ਬੱਚੀ ਦੀ ਲਾਸ਼ ਨੂੰ ਲਿਫਾਫੇ ਵਿਚ ਪਾ ਦਿੱਤਾ ਤੇ ਉਸ ਨੂੰ ਟਾਂਡਾ ਕੋਲ ਸਥਿਤ ਇਕ ਹਾਈਵੇ ਦੀ ਪੁਲੀ ਦੇ ਹੇਠਾਂ ਲੈ ਗਏ ਤੇ ਉਥੇ ਸੁੱਟ ਦਿੱਤਾ। ਜਦੋਂ ਬੱਚੀ ਅਚਾਨਕ ਲਾਪਤਾ ਹੋਈ ਤਾਂ ਪਿਤਾ ਨੇ ਥਾਣੇ ਵਿਚ ਰਿਪੋਰਟ ਕੀਤੀ। ਉਸ ਨੇ ਦੋਸ਼ ਲਗਾਇਆ ਕਿ ਉਸ ਦੇ ਪੇਕੇ ਵਾਲਿਆਂ ਨੇ ਬੱਚੀ ਨੂੰ ਕਿਤੇ ਲੁਕਾ ਦਿੱਤਾ ਹੈ। ਬਾਅਦ ਵਿਚ ਪੁਲਿਸ ਜਾਂਚ ਵਿਚ ਸੱਚ ਸਾਹਮਣੇ ਆਇਆ।

## ਸਾਵਰਕਰ ਨੇ ਸਭ ਤੋਂ ਪਹਿਲਾਂ ਦੋ-ਰਾਸ਼ਟਰ ਸਿਧਾਂਤ ਦਾ ਕੀਤਾ ਸੀ ਪ੍ਰਚਾਰ: ਪ੍ਰਿਆਂਕ ਖੜਗੇ

ਉਨ੍ਹਾਂ ਕਿਹਾ, “1922 ’ਚ ਲਿਖੀ ਗਈ ‘ਹਿੰਦੂਤਵ ਦੀਆਂ ਜ਼ਰੂਰੀ ਚੀਜ਼ਾਂ’ ’ਚ ਸਾਵਰਕਰ ਨੇ ਹਿੰਦੂਤਵ ਨੂੰ ਧਰਮ ਦੇ ਆਧਾਰ ਉਤੇ ਨਹੀਂ, ਸਗੋਂ ਭਾਰਤ ਨੂੰ ‘ਫਾਦਰਲੈਂਡ ਅਤੇ ਹੋਲੀਲੈਂਡ’ ਦੋਹਾਂ ਦੇ ਰੂਪ ’ਚ ਪਰਿਭਾਸ਼ਿਤ ਕੀਤਾ ਹੈ।’’ ਖੜਗੇ ਨੇ ਅੱਗੇ ਕਿਹਾ, “1937 ਵਿਚ ਅਹਿਮਦਾਬਾਦ ਵਿਚ ਹਿੰਦੂ ਮਹਾਂਸਭਾ ਦੇ 19ਵੇਂ ਸੈਸ਼ਨ ਦੌਰਾਨ ਸਾਵਰਕਰ ਨੇ ਕਿਹਾ ਸੀ, ‘ਭਾਰਤ ਵਿਚ ਦੋ ਵਿਰੋਧੀ ਰਾਸ਼ਟਰ ਇਕੱਠੇ ਰਹਿੰਦੇ ਹਨ। ਭਾਰਤ ਨੂੰ ਅੱਜ ਇਕ ਏਕਤਾਵਾਦੀ ਅਤੇ ਇਕਸਾਰ ਰਾਸ਼ਟਰ ਨਹੀਂ ਮੰਨਿਆ ਜਾ ਸਕਦਾ। ਇਸ ਦੇ ਉਲਟ ਭਾਰਤ ਵਿਚ ਮੁੱਖ ਤੌਰ ਉੱਤੇ ਦੋ ਰਾਸ਼ਟਰ ਹਨ: ਹਿੰਦੂ ਅਤੇ ਮੁਸਲਮਾਨ।’’ ਉਨ੍ਹਾਂ ਨੇ 1943 ’ਚ ਨਾਗਪੁਰ ’ਚ ਸਾਵਰਕਰ ਦੀ ਟਿਪਣੀ ਦਾ ਵੀ ਹਵਾਲਾ ਦਿਤਾ, “ਮੇਰਾ ਜਿਨਾਹ ਦੇ ਦੋ-ਰਾਸ਼ਟਰ ਸਿਧਾਂਤ ਨਾਲ ਕੋਈ ਝਗੜਾ ਨਹੀਂ ਹੈ। ਅਸੀਂ ਹਿੰਦੂ ਅਪਣੇ-ਆਪ ਵਿਚ ਇਕ ਰਾਸ਼ਟਰ ਹਾਂ ਅਤੇ ਇਹ ਇਕ ਇਤਿਹਾਸਕ ਤੱਥ ਹੈ ਕਿ ਹਿੰਦੂ ਅਤੇ ਮੁਸਲਮਾਨ ਦੋ ਰਾਸ਼ਟਰ ਹਨ।’’ ਇਹ ਸਵਾਲ ਕਰਦੇ ਹੋਏ ਕਿ ਕੀ ਭਾਜਪਾ ਇਸ ਇਤਿਹਾਸ ਨੂੰ ਮਨਜ਼ੂਰ ਕਰਦੀ ਹੈ, ਖੜਗੇ ਨੇ ਬੀ.ਆਰ. ਅੰਬੇਡਕਰ ਦੀ ਟਿਪਣੀ ਦਾ ਹਵਾਲਾ ਦਿੰਦੇ ਹੋਏ ਕਿਹਾ, “ਇਹ ਅਜੀਬ ਜਾਪਦਾ ਹੈ ਕਿ ਸਾਵਰਕਰ ਅਤੇ ਜਿਨਾਹ ਇਕ ਰਾਸ਼ਟਰ ਬਨਾਮ ਦੋ ਰਾਸ਼ਟਰ ਦੇ ਮੁੱਦੇ ਉਤੇ ਇਕ-ਦੂਜੇ ਦਾ ਵਿਰੋਧ ਕਰਨ ਦੀ ਬਜਾਏ ਇਸ ਬਾਰੇ ਪੂਰੀ ਤਰ੍ਹਾਂ ਸਹਿਮਤ ਹਨ। ਦੋਵੇਂ ਨਾ ਸਿਰਫ ਸਹਿਮਤ ਹਨ, ਬਲਕਿ ਜ਼ੋਰ ਦੇ ਕੇ ਕਹਿੰਦੇ ਹਨ ਕਿ ਭਾਰਤ ਵਿਚ ਦੋ ਰਾਸ਼ਟਰ ਹਨ- ਇਕ ਮੁਸਲਿਮ ਰਾਸ਼ਟਰ ਅਤੇ ਦੂਜਾ ਹਿੰਦੂ ਰਾਸ਼ਟਰ। ਉਹ ਸਿਰਫ ਉਨ੍ਹਾਂ ਨਿਯਮਾਂ ਅਤੇ ਸ਼ਰਤਾਂ ਦੇ ਸੰਬੰਧ ਵਿਚ ਵੱਖਰੇ ਹਨ ਜਿਨ੍ਹਾਂ ਉਤੇ ਦੋਹਾਂ ਦੇਸ਼ਾਂ ਨੂੰ ਰਹਿਣਾ ਚਾਹੀਦਾ ਹੈ।’’ ਜ਼ਿਕਰਯੋਗ ਹੈ ਕਿਐਨ.ਸੀ.ਈ.ਆਰ.ਟੀ ਵਲੋਂ ‘ਵੰਡ ਭਿਆਨਕ ਯਾਦਗਾਰੀ ਦਿਵਸ’ ਦੇ ਮੌਕੇ ਉਤੇ ਜਾਰੀ ਇਕ ਵਿਸ਼ੇਸ਼ ਮਾਡਿਊਲ ’ਚ ਭਾਰਤ ਦੀ ਵੰਡ ਲਈ ਕਾਂਗਰਸ ਦੇ ਮੁਹੰਮਦ ਅਲੀ ਜਿਨਾਹ ਅਤੇ ਉਸ ਸਮੇਂ ਦੇ ਵਾਇਸਰਾਏ ਲਾਰਡ ਮਾਊਂਟਬੈਟਨ ਨੂੰ ਜ਼ਿੰਮੇਵਾਰ ਠਹਿਰਾਇਆ ਗਿਆ ਹੈ। ਐੱਨ.ਸੀ.ਈ.ਆਰ.ਟੀ. ਮਾਡਿਊਲ ਨੇ ‘ਵੰਡ ਦੇ ਦੋਸ਼ੀ’ ਸਿਰਲੇਖ ਵਾਲੇ ਇਕ ਭਾਗ ਵਿਚ ਕਿਹਾ, ‘ਆਖ਼ਰਕਾਰ 15 ਅਗਸਤ, 1947 ਨੂੰ ਭਾਰਤ ਦੀ ਵੰਡ ਹੋ ਗਈ। ਪਰ ਇਹ ਕਿਸੇ ਇਕ ਵਿਅਕਤੀ ਦਾ ਕੰਮ ਨਹੀਂ ਸੀ। ਭਾਰਤ ਦੀ ਵੰਡ ਲਈ ਤਿੰਨ ਤੱਤ ਜ਼ਿੰਮੇਵਾਰ ਸਨ: ਜਿਨਾਹ, ਜਿਨ੍ਹਾਂ ਨੇ ਇਸ ਦੀ ਮੰਗ ਕੀਤੀ ਸੀ; ਦੂਜਾ, ਕਾਂਗਰਸ, ਜਿਸ ਨੇ ਇਸ ਨੂੰ ਮਨਜ਼ੂਰ ਕਰ ਲਿਆ; ਅਤੇ ਤੀਜਾ, ਮਾਊਂਟਬੈਟਨ, ਜਿਸ ਨੇ ਇਸ ਨੂੰ ਲਾਗੂ ਕੀਤਾ।’’

## ਸਰਕਾਰ ਤੋਂ ਹੱਕੀ ਮੰਗਾਂ ਮਨਵਾਉਣ ਲਈ ਸਮੂਹ ਸਿੱਖ ਧੜੇਬੰਦੀ ਛੱਡ ਕੇ ਏਕਤਾ ਨਾਲ ਇੱਕ ਮੰਚ ’ਤੇ ਆਉਣ: ਜਥੇ. ਗੜਗੱਜ

ਜ਼ਿਲ੍ਹੇ ਵਿੱਚ ਸਥਿਤ ਚਿੱਠੀਸਿੰਘਪੁਰਾ ਪਿੰਡ ਦੀ ਸਿੱਖ ਸੰਗਤ ਵੱਲੋਂ ਸੰਧਿਆ ਵੇਲੇ ਕਰਵਾਏ ਗਏ ਗੁਰਮਤਿ ਸਮਾਗਮ ਵਿੱਚ ਵੀ ਹਾਜ਼ਰੀ ਭਰੀ। ਕਸ਼ਮੀਰ ਵੱਲ ਜਾਂਦੇ ਹੋਏ ਜੰਮੂ ਕਸ਼ਮੀਰ ਦੀਆਂ ਸਿੱਖ ਸੰਗਤਾਂ ਨੇ ਊਧਮਪੁਰ, ਕੁਲਗਾਮ, ਅਵੰਤੀਪੁਰਾ ਅਤੇ ਤਰਾਲ ਵਿਖੇ ਜਥੇਦਾਰ ਗੜਗੱਜ ਨੂੰ ਭਾਰੀ ਉਤਸ਼ਾਹ ਨਾਲ ਜੀ ਆਇਆਂ ਨੂੰ ਆਖਿਆ ਅਤੇ ਉਨ੍ਹਾਂ ਨੂੰ ਸਿਰੋਪਾਓ ਦੇ ਨਾਲ-ਨਾਲ ਫੁੱਲਾਂ ਦੇ ਹਾਰਾਂ ਨਾਲ ਸਨਮਾਨਿਤ ਕੀਤਾ। ਪੁਲਵਾਮਾ ਜ਼ਿਲ੍ਹੇ ਦੇ ਤਰਾਲ ਵਿੱਚ ਸਥਿਤ ਗੁਰਦੁਆਰਾ ਸਾਹਿਬ ਬੋਰਡਿੰਗ ਹਾਊਸ ਦੇ ਰਸਤੇ ਵਿੱਚ ਪੈਂਦੇ ਬੇਕੁੰਡ, ਚੰਦਰੀਗ੍ਰਾਮ, ਸੈਮੋਹ, ਸ਼ਕਰਗਾਹ ਅਤੇ ਨਗੀਮਪੁਰਾ ਪਿੰਡਾਂ ਦੀਆਂ ਸੰਗਤਾਂ ਨੇ ਵੀ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਦਾ ਭਰਵਾਂ ਸਵਾਗਤ ਕੀਤਾ। ਤਰਾਲ ਦੇ ਗੁਰਦੁਆਰਾ ਬੋਰਡਿੰਗ ਹਾਊਸ ਵਿਖੇ ਕਰਵਾਏ ਗਏ ਗੁਰਮਤਿ ਸਮਾਗਮ ਦੌਰਾਨ ਪੁਲਵਾਮਾ ਜ਼ਿਲ੍ਹਾ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਕੁਲਵੰਤ ਸਿੰਘ ਨੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਦਾ ਨਿੱਘਾ ਸਵਾਗਤ ਕਰਦਿਆਂ ਕਸ਼ਮੀਰ ਦੀ ਧਰਤੀ ਉੱਤੇ ਪੁੱਜਣ ਲਈ ਉਨ੍ਹਾਂ ਦਾ ਧੰਨਵਾਦ ਕੀਤਾ। ਇਸ ਦੌਰਾਨ ਕੁਲਵੰਤ ਸਿੰਘ ਨੇ ਜਥੇਦਾਰ ਗੜਗੱਜ ਦੇ ਸਾਹਮਣੇ ਸੰਗਤ ਦੀ ਹਾਜ਼ਰੀ ਵਿੱਚ ਸਥਾਨਕ ਸਿੱਖਾਂ ਨਾਲ ਸਬੰਧਤ ਕੁਝ ਅਹਿਮ ਮਾਮਲੇ ਵੀ ਚੁੱਕੇ। ਇਸ ਮੌਕੇ ਸੰਗਤ ਨੂੰ ਸੰਬੋਧਨ ਕਰਦਿਆਂ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ, ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਅਤੇ ਸ੍ਰੀ ਗੁਰੂ ਹਰਿ ਰਾਏ ਸਾਹਿਬ ਜੀ ਆਪਣੇ ਸਮਿਆਂ ਵਿੱਚ ਕਸ਼ਮੀਰ ਦੀ ਧਰਤੀ ਉੱਤੇ ਆਏ ਅਤੇ ਪਹਿਲੇ ਪਾਤਸ਼ਾਹ ਜੀ ਦੇ ਇੱਥੇ ਆਉਣ ਦੇ ਨਾਲ ਹੀ ਇੱਥੇ ਸਿੱਖੀ ਵੀ ਆਈ। ਉਨ੍ਹਾਂ ਕਿਹਾ ਕਿ ਅਸੀਂ ਸਾਰੇ ਖ਼ਾਲਸਾ ਪੰਥ ਵਜੋਂ ਇੱਕ ਸਾਂਝਾ ਪਰਿਵਾਰ ਹਾਂ। ਕਸ਼ਮੀਰ ਦੀ ਧਰਤੀ ਤੋਂ ਹੀ ਪੰਡਿਤ ਕਿਰਪਾ ਰਾਮ ਜੀ ਦੀ ਅਗਵਾਈ ਵਿੱਚ ਕਸ਼ਮੀਰੀ ਪੰਡਿਤਾਂ ਦਾ ਵਫ਼ਦ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਪਾਸ ਅਰਜ਼ੋਈ ਕਰਨ ਸ੍ਰੀ ਅਨੰਦਪੁਰ ਸਾਹਿਬ ਗਿਆ ਸੀ, ਜਿਨ੍ਹਾਂ ਨੇ ਫਿਰ ਬਾਅਦ ਵਿੱਚ ਦਿੱਲੀ ਦੇ ਚਾਂਦਨੀ ਚੌਂਕ ਵਿੱਚ ਤਿਲਕ ਤੇ ਜੰਞੂ ਅਤੇ ਧਰਮ ਦੀ ਰਾਖੀ ਲਈ ਸ਼ਹਾਦਤ ਦਿੱਤੀ। ਉਨ੍ਹਾਂ ਕਿਹਾ ਕਿ ਇਹ ਘਟਨਾ ਕਸ਼ਮੀਰ ਦੇ ਪੰਡਿਤਾਂ, ਕਸ਼ਮੀਰੀ ਲੋਕਾਂ ਅਤੇ ਹਿੰਦੁਸਤਾਨ ਦੇ ਹੁਕਮਰਾਨਾ ਨੂੰ ਹਮੇਸ਼ਾ ਯਾਦ ਰੱਖਣੀ ਚਾਹੀਦੀ ਹੈ, ਇਸ ਲਈ ਜੰਮੂ ਕਸ਼ਮੀਰ ਅਤੇ ਭਾਰਤ ਦੀਆਂ ਸਰਕਾਰਾਂ ਦਾ ਇਹ ਪਹਿਲਾ ਫ਼ਰਜ਼ ਬਣਦਾ ਹੈ ਕਿ ਕਸ਼ਮੀਰੀ ਸਿੱਖਾਂ ਦਾ ਵਿਸ਼ੇਸ਼ ਧਿਆਨ ਰੱਖਿਆ ਜਾਵੇ। ਉਨ੍ਹਾਂ ਕਿਹਾ ਕਿ ਕਸ਼ਮੀਰੀ ਸਿੱਖਾਂ ਨੇ ਔਖੇ ਤੋਂ ਔਖੇ ਸਮੇਂ ਵੀ ਕਸ਼ਮੀਰ ਨਹੀਂ ਛੱਡਿਆ ਤੇ ਦੇਸ਼ ਨਾਲ ਖੜ੍ਹੇ ਅਤੇ ਅੱਜ ਉਨ੍ਹਾਂ ਦੇ ਹੱਕ-ਹਕੂਕ ਸੁਰੱਖਿਅਤ ਕਰਨਾ ਸਰਕਾਰਾਂ ਦਾ ਫ਼ਰਜ਼ ਹੈ। ਜਥੇਦਾਰ ਗੜਗੱਜ ਨੇ ਕਿਹਾ ਕਿ ਸਿੱਖ ਹਿੰਦੁਸਤਾਨ ਹੀ ਨਹੀਂ ਪੂਰੇ ਸੰਸਾਰ ਦੇ ਵਿੱਚ ਘੱਟ-ਗਿਣਤੀ ਹੈ, ਜਿਨ੍ਹਾਂ ਦਾ ਪੱਕਾ ਆਸਰਾ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਹਨ, ਇਸ ਲਈ ਗੁਰਬਾਣੀ ਦੀ ਸਿਖਿਆ ਅਨੁਸਾਰ ਗੁਰੂ ਸਾਹਿਬ ਉੱਤੇ ਭਰੋਸਾ ਰੱਖਦਿਆਂ ਤਰਕ-ਵਿਤਰਕ ਵਿੱਚ ਨਹੀਂ ਪੈਣਾ ਹੈ। ਜਥੇਦਾਰ ਗੜਗੱਜ ਨੇ ਕਿਹਾ ਕਿ ਸਿੱਖਾਂ ਦਾ ਹਰ ਮਸਲਾ ਹੱਲ ਹੋਵੇਗਾ ਜੇਕਰ ਕੌਮ ਵਿੱਚ ਧੜਿਆਂ ਤੋਂ ਉੱਪਰ ਉੱਠ ਕੇ ਏਕਤਾ ਹੋਵੇਗੀ ਅਤੇ ਸਾਡੇ ਲਈ ਕੌਮੀ ਹਿੱਤ ਅਤੇ ਕੌਮ ਦੇ ਹੱਕ-ਹਕੂਕ ਪਹਿਲ ਹੋਣਗੇ। ਉਨ੍ਹਾਂ ਕਿਹਾ ਕਿ ਸਰਕਾਰਾਂ ਵੀ ਸਿੱਖਾਂ ਦੀ ਗੱਲ ਉਦੋਂ ਸੁਣਨਗੀਆਂ ਜਦੋਂ ਸਿੱਖ ਇੱਕ ਮੰਚ ਉੱਤੇ ਹੋਣਗੇ। ਉਨ੍ਹਾਂ ਕਿਹਾ ਕਿ ਜੇਕਰ ਸਾਡੇ ਵੱਖੋ-ਵੱਖਰੇ ਚੁੱਲ੍ਹੇ ਹੋਣਗੇ ਤਾਂ ਮਸਲੇ ਹੱਲ ਨਹੀਂ ਹੋਣੇ, ਅੰਦਰਖਾਤੇ ਸਾਡੇ ਵਿਚਕਾਰ ਵਿਚਰਦੇ ਸਾਰਕਾਰ-ਪੱਖੀ ਬੰਦੇ ਆਪੋ-ਆਪਣੇ ਹਿਤਾਂ ਨੂੰ ਪਹਿਲ ਦੇਣਗੇ, ਨਿੱਜੀ ਗਰਜਾਂ ਦੀ ਗੱਲ ਚੱਲੇਗੀ, ਜਿਸ ਵਿੱਚ ਕੌਮ ਨੂੰ ਕੋਈ ਲਾਭ ਨਹੀਂ ਹੈ। ਉਨ੍ਹਾਂ ਕਿਹਾ ਕਿ ਕਿਸੇ ਵੀ ਪਾਰਟੀ ਦਾ ਕੋਈ ਆਗੂ ਆਵੇ ਉਸ ਦੇ ਸਾਹਮਣੇ ਆਪਣੀਆਂ ਮੰਗਾਂ ਇਕਜੁੱਟਤਾ ਨਾਲ ਰੱਖੋ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਪੂਰਾ ਸਹਿਯੋਗ ਮਿਲੇਗਾ। ਜਥੇਦਾਰ ਗੜਗੱਜ ਨੇ ਕਸ਼ਮੀਰ ਦੇ ਸਿੱਖ ਨੌਜਵਾਨਾਂ ਨੂੰ ਸਿੱਖੀ ਧਰਮ ਵਿੱਚ ਪ੍ਰਪੱਕ ਰਹਿਣ ਦੀ ਅਪੀਲ ਕੀਤੀ। ਉਨ੍ਹਾਂ ਕਸ਼ਮੀਰ ਦੇ ਸਿੱਖਾਂ ਨੂੰ ਵਿਸ਼ੇਸ਼ ਅਪੀਲ ਕੀਤੀ ਕਿ ਸਿੱਖਾਂ ਦੇ ਅਨੰਦ ਕਾਰਜ ਸਿੱਖਾਂ ਦੇ ਘਰਾਂ ਵਿੱਚ ਹੀ ਹੋਣੇ ਚਾਹੀਦੇ ਹਨ ਅਤੇ ਖੁਸ਼ੀ ਪ੍ਰਗਟ ਕੀਤੀ ਕਿ ਕਸ਼ਮੀਰ ਦੇ ਸਾਰੇ ਸਿੱਖ ਸਾਬਤ ਸੂਰਤ ਹਨ। ਸਥਾਨਕ ਸਿੱਖਾਂ ਵੱਲੋਂ ਇਲਾਕੇ ਵਿੱਚ ਬਣਾਏ ਜਾ ਰਹੇ ਸ੍ਰੀ ਗੁਰੂ ਨਾਨਕ ਦੇਵ ਸਕੂਲ ਦੀ ਸੇਵਾ ਲਈ ਕੀਤੀ ਗਈ ਮੰਗ ਸਬੰਧੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਸਕੂਲ ਦੀਆਂ ਰਹਿੰਦੀਆਂ ਤੇ ਲੋੜੀਂਦੀਆਂ ਸੇਵਾਵਾਂ ਪੂਰੀਆਂ ਕਰਨ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨਾਲ ਵੀ ਗੱਲ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਇਹ ਸਕੂਲ ਬਣਨਾ ਜ਼ਰੂਰੀ ਹੈ, ਕਿਉਂਕਿ ਸਾਡੇ ਸੱਭਿਆਚਾਰ ਤੇ ਭਾਸ਼ਾ ਸਾਡੇ ਬੱਚੇ ਉਦੋਂ ਹੀ ਸਿੱਖਣਗੇ ਜਦੋਂ ਸਾਡੇ ਆਪਣੇ ਅਦਾਰੇ ਹੋਣਗੇ। ਉਨ੍ਹਾਂ ਸੰਗਤ ਨੂੰ ਪ੍ਰੇਰਣਾ ਕੀਤੀ ਆਪਣੇ ਖਰਚੇ ਹੋਰ ਪਾਸਿਓਂ (ਵਿਆਹਾਂ ਅਤੇ ਭੋਗਾਂ ਵਿੱਚੋਂ) ਘਟਾ ਕਿ ਦਸਵੰਧ ਸਕੂਲ ਤਿਆਰ ਕਰਨ ਲਈ ਲਗਾਇਆ ਜਾਵੇ। ਉਨ੍ਹਾਂ ਕਿਹਾ ਕਿ ਭਾਰਤ ਸਰਕਾਰ ਨੂੰ ਚਾਹੀਦਾ ਹੈ ਕਿ ਜਦੋਂ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦਾ 350 ਸਾਲਾ ਸ਼ਹੀਦੀ ਸਾਕਾ ਆ ਰਿਹਾ ਹੈ ਤਾਂ ਕਸ਼ਮੀਰੀ ਸਿੱਖਾਂ ਦੀ ਘੱਟ-ਗਿਣਤੀ ਸਥਿਤੀ ਮੁੜ ਬਹਾਲ ਕੀਤੀ ਜਾਵੇ ਅਤੇ ਸਿੱਖਾਂ ਨਾਲ ਵਿਤਕਰਾ ਨਹੀਂ ਹੋਣਾ ਚਾਹੀਦਾ। ਉਨ੍ਹਾਂ ਸੰਗਤ ਨੂੰ ਭਰੋਸਾ ਦਿੱਤਾ ਕਿ ਇਸ ਮਾਮਲੇ ਸਬੰਧੀ ਸਰਕਾਰ ਨਾਲ ਲਿਖਾਪੜ੍ਹੀ ਕੀਤੀ ਜਾਵੇਗੀ ਅਤੇ ਹਰ ਪੱਧਰ ਉੱਤੇ ਗੱਲਬਾਤ ਕੀਤੀ ਜਾਵੇਗੀ। ਜਥੇਦਾਰ ਗੜਗੱਜ ਨੇ ਕਿਹਾ ਕਿ ਅੱਜ ਉਨ੍ਹਾਂ ਦੀ ਜੰਮੂ ਕਸ਼ਮੀਰ ਨੈਸ਼ਨਲ ਕਾਨਫਰੰਸ ਪਾਰਟੀ ਦੇ ਆਗੂ ਫਾਰੂਕ ਅਬਦੁੱਲਾ ਜੀ ਨਾਲ ਵੀ ਫ਼ੋਨ ਉੱਤੇ ਗੱਲ ਹੋਈ ਹੈ, ਜਿਨ੍ਹਾਂ ਨੂੰ ਜੰਮੂ ਕਸ਼ਮੀਰ ਦੇ ਸਿੱਖਾਂ ਦੇ ਹੱਕ ਹਕੂਕ ਸੁਰੱਖਿਅਤ ਕਰਨ ਲਈ ਸੂਬਾ ਪੱਧਰ ਅਤੇ ਕੇਂਦਰ ਸਰਕਾਰ ਦੇ ਪੱਧਰ ਉੱਤੇ ਕਾਰਜ ਕਰਨ ਲਈ ਆਖਿਆ ਹੈ। ਉਨ੍ਹਾਂ ਕਿਹਾ ਕਿ ਜੰਮੂ ਕਸ਼ਮੀਰ ਦੇ ਵਿੱਚ ਪਹਿਲਾਂ ਪੰਜਾਬੀ ਪੰਜਵੇਂ ਸਥਾਨ ਉੱਤੇ ਸੀ ਪਰ ਜਦੋਂ ਤੋਂ ਇੱਥੇ ਧਾਰਾ 370 ਤੋੜੀ ਗਈ ਹੈ ਉਦੋਂ ਤੋਂ ਪੰਜਾਬੀ ਭਾਸ਼ਾ ਦੀ ਤਰਜਮਾਨੀ ਸੂਬੇ ਵਿੱਚੋਂ ਖਤਮ ਕਰ ਦਿੱਤੀ ਗਈ ਹੈ, ਜੋ ਕਿ ਚੰਗੀ ਨੀਤੀ ਨਹੀਂ। ਉਨ੍ਹਾਂ ਕਿਹਾ ਕਿ ਸਿੱਖਾਂ ਨੂੰ ਹਿੰਦੀ, ਉਰਦੂ, ਡੋਗਰੀ, ਕਸ਼ਮੀਰੀ, ਅੰਗਰੇਜ਼ੀ ਭਾਸ਼ਾਵਾਂ ਤੋਂ ਕੋਈ ਪਰੇਸ਼ਾਨੀ ਨਹੀਂ ਹੈ, ਸਰਕਾਰਾਂ ਨੇ ਇਹ ਪੜ੍ਹਾਉਣੀਆਂ ਹਨ ਤਾਂ ਪੜ੍ਹਾਉਣ ਪਰ ਸਿੱਖਾਂ ਦੀ ਮਾਂ-ਬੋਲੀ ਪੰਜਾਬੀ ਨਾਲ ਧੱਕਾ ਕਿਉਂ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਮਾਮਲੇ ਉੱਤੇ ਵੀ ਸਰਕਾਰ ਨਾਲ ਗੱਲ ਕੀਤੀ ਜਾਵੇਗੀ ਕਿ ਪੰਜਾਬੀ ਭਾਸ਼ਾ ਦਾ ਪਹਿਲਾਂ ਵਾਲਾ ਦਰਜਾ ਬਹਾਲ ਕੀਤਾ ਜਾਵੇ ਅਤੇ ਪੰਜਾਬੀ ਨੂੰ ਪਹਿਲਾਂ ਦੀ ਤਰ੍ਹਾਂ ਹੀ ਸਕੂਲਾਂ ਕਾਲਜਾਂ ਵਿੱਚ ਮੁੜ ਪੜ੍ਹਾਇਆ ਜਾਵੇ। ਜਥੇਦਾਰ ਗੜਗੱਜ ਨੇ ਜੰਮੂ ਕਸ਼ਮੀਰ ਦੇ ਸਮੂਹ ਸਿੱਖਾਂ ਨੂੰ ਧੜੇਬੰਦੀ ਤੋਂ ਉੱਪਰ ਉੱਠ ਕੇ ਇਕਜੁੱਟ ਹੋਣ ਦਾ ਸੱਦਾ ਦਿੱਤਾ ਤਾਂ ਜੋ ਸਰਕਾਰਾਂ ਕੋਲੋਂ ਆਪਣੀਆਂ ਮੰਗਾਂ ਮਨਵਾਈਆਂ ਜਾ ਸਕਣ। ਜਥੇਦਾਰ ਗੜਗੱਜ ਨੇ ਕਸ਼ਮੀਰ ਦੀ ਸੰਗਤ ਨੂੰ ਭਰੋਸਾ ਦਿੱਤਾ ਕਿ ਇਸ ਇਲਾਕੇ ਵਿੱਚ ਸਾਲ ਵਿੱਚ ਇੱਕ ਵਾਰ ਗੁਰਮਤਿ ਕੈਂਪ ਲਗਾਏ ਜਾਣਗੇ ਜਿੱਥੇ ਪ੍ਰਚਾਰਕ ਸਿੰਘਾਂ ਦੀ ਵਿਸ਼ੇਸ਼ ਡਿਊਟੀਆਂ ਲਗਾ ਕੇ ਪ੍ਰਚਾਰ ਪ੍ਰਸਾਰ ਕੀਤਾ ਜਾਵੇਗਾ। ਉਨ੍ਹਾਂ ਕਸ਼ਮੀਰ ਦੀ ਸੰਗਤ ਨੂੰ ਨੌਵੇਂ ਪਾਤਸ਼ਾਹ ਜੀ ਦੇ ਸ਼ਹੀਦੀ ਸਾਕੇ ਨਾਲ ਸਬੰਧਤ ਸ੍ਰੀ ਅਨੰਦਪੁਰ ਸਾਹਿਬ ਵਿਖੇ ਮਨਾਈ ਜਾ ਰਹੀ ਸ਼ਤਾਬਦੀ ਦੇ ਸਮਾਗਮਾਂ ਵਿੱਚ ਵੱਧ ਤੋਂ ਵੱਧ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ।ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਜੰਮੂ ਕਸ਼ਮੀਰ ਸਿੱਖ ਮਿਸ਼ਨ ਦੇ ਇੰਚਾਰਜ ਭਾਈ ਹਰਭਿੰਦਰ ਸਿੰਘ, ਜਥੇਦਾਰ ਗੜਗੱਜ ਦੇ ਨਿਜੀ ਸਹਾਇਕ ਸ. ਬਲਦੇਵ ਸਿੰਘ ਸਮੇਤ ਇਲਾਕੇ ਦੀਆਂ ਪ੍ਰਮੁੱਖ ਸ਼ਖ਼ਸ਼ੀਅਤਾਂ ਤੇ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

## ਦਹੀ ਹਾਂਡੀ ਸਮਾਰੋਹ: ਮੁੰਬਈ ਤੇ ਠਾਣੇ ’ਚ ਦੋ ਮੌਤਾਂ...

ਜਦਕਿ ਘਾਟਕੋਪਰ ਦੇ ਹਸਪਤਾਲ ਵਿੱਚ ਸ਼ਨਿੱਚਰਵਾਰ ਰਾਤ ਨੂੰ ਇੱਕ ਚੌਦਾਂ ਸਾਲਾ ਲੜਕੇ ਨੂੰ ਮ੍ਰਿਤਕ ਕਰਾਰ ਦਿੱਤਾ ਗਿਆ। ਠਾਣੇ ਵਿੱਚ ਦਹੀ ਹਾਂਡੀ ਸਮਾਰੋਹ ਦੌਰਾਨ 22 ਜਣੇ ਜ਼ਖ਼ਮੀ ਹੋ ਗਏ। ਠਾਣੇ ਵਿੱਚ ਦਹੀ ਹਾਂਡੀ ਸਮਾਰੋਹ ਵਿੱਚ ਸ਼ਿਰਕਤ ਕਰਨ ਆਏ ਅਦਾਕਾਰ ਗੋਵਿੰਦਾ, ਚੰਕੀ ਪਾਂਡੇ ਅਤੇ ਸੁਨੀਲ ਸ਼ੈਟੀ ਨੂੰ ਦੇਖਣ ਲਈ ਲੋਕਾਂ ਦੀ ਭੀੜ ਇਕੱਠੀ ਹੋਈ। ਭੀੜ ਕਾਰਨ ਇੱਥੇ ਕਈ ਲੋਕਾਂ ਦੇ ਮੋਢਿਆਂ, ਗੋਡਿਆਂ ਅਤੇ ਪਿੱਠ ’ਚ ਗੁੱਝੀਆਂ ਸੱਟਾਂ ਲੱਗੀਆਂ।

## ਕਠੂਆ ’ਚ ਬੱਦਲ ਫਟਣ ਨਾਲ ਤਬਾਹੀ, 7 ਲੋਕਾਂ ਦੀ ਮੌਤ...

ਉਨ੍ਹਾਂ ਦਾ ਦੋਸ਼ ਹੈ ਕਿ ਇਸ ਤਬਾਹੀ ਦਾ ਮੁੱਖ ਕਾਰਨ ਗੈਰ-ਕਾਨੂੰਨੀ ਮਾਈਨਿੰਗ ਹੈ। ਪਿੰਡ ਵਾਸੀਆਂ ਦੇ ਅਨੁਸਾਰ, ਮਾਈਨਿੰਗ ਮਾਫੀਆ ਨੇ ਨਦੀ ਵਿੱਚ ਕੈਰੇਟ ਪਾ ਦਿੱਤੇ ਹਨ, ਜਿਸ ਕਾਰਨ ਪਾਣੀ ਦਾ ਵਹਾਅ ਅਸਧਾਰਨ ਹੋ ਗਿਆ ਹੈ ਅਤੇ ਭਾਰੀ ਨੁਕਸਾਨ ਹੋਇਆ ਹੈ। ਪਿੰਡ ਵਾਸੀਆਂ ਦਾ ਇਹ ਵੀ ਕਹਿਣਾ ਹੈ ਕਿ ਹੁਣ ਤੱਕ ਪ੍ਰਸ਼ਾਸਨ ਵੱਲੋਂ ਕੋਈ ਤੁਰੰਤ ਰਾਹਤ ਨਹੀਂ ਦਿੱਤੀ ਗਈ ਹੈ ਅਤੇ ਅਧਿਕਾਰੀ ਸਿਰਫ਼ ਸਥਿਤੀ ਦਾ ਜਾਇਜ਼ਾ ਲੈਣ ਲਈ ਮੌਕੇ ’ਤੇ ਜਾ ਰਹੇ ਹਨ ਅਤੇ ਹੋਰ ਕੁਝ ਨਹੀਂ ਕਰ ਰਹੇ ਹਨ। ਸਥਾਨਕ ਲੋਕਾਂ ਦਾ ਦੋਸ਼ ਹੈ ਕਿ ਵਿਭਾਗ ਦੀ ਮਿਲੀਭੁਗਤ ਨਾਲ ਇਸ ਇਲਾਕੇ ਵਿੱਚ ਲੰਬੇ ਸਮੇਂ ਤੋਂ ਗੈਰ-ਕਾਨੂੰਨੀ ਮਾਈਨਿੰਗ ਚੱਲ ਰਹੀ ਹੈ, ਅਤੇ ਹੁਣ ਉਹ ਆਪਣੇ ਘਰ ਅਤੇ ਜ਼ਮੀਨ ਗੁਆ ਕੇ ਇਸਦੀ ਕੀਮਤ ਚੁਕਾ ਰਹੇ ਹਨ।

**ਮੰਡੀ ਚ ਹੜ੍ਹ ਨੇ ਮਚਾਈ ਭਾਰੀ ਤਬਾਹੀ, ਰੁੜ੍ਹ ਗਈਆਂ ਸੜਕਾਂ :** ਮੰਡੀ ’ਚ ਲਗਾਤਾਰ ਭਾਰੀ ਬਾਰਿਸ਼ ਅਤੇ ਬੱਦਲਵਾਈ ਨੇ ਮੰਡੀ ਜ਼ਿਲ੍ਹੇ ਵਿੱਚ ਤਬਾਹੀ ਮਚਾਈ ਹੋਈ ਹੈ। ਪਨਾਰਸਾ ਵਿੱਚ ਚਾਰ-ਮਾਰਗੀ ਸੜਕ ਪੂਰੀ ਤਰ੍ਹਾਂ ਨੁਕਸਾਨੀ ਗਈ ਹੈ, ਜੋ ਬੁਰੀ ਤਰ੍ਹਾਂ ਪ੍ਰਭਾਵਿਤ ਹੋਈ ਹੈ। ਇਸ ਦੇ ਨਾਲ ਹੀ, ਸਨੋਰ ਘਾਟੀ ਵਿੱਚ ਭਾਰੀ ਤਬਾਹੀ ਹੋਈ ਹੈ ਅਤੇ ਬਾਗੀ ਜੰਗਲਾਂ ਵਿੱਚ ਹੜ੍ਹ ਆਉਣ ਕਾਰਨ ਆਲੇ-ਦੁਆਲੇ ਦੇ ਇਲਾਕਿਆਂ ਵਿੱਚ ਤਬਾਹੀ ਦਾ ਮਾਹੌਲ ਹੈ। ਸ਼ੁੱਕਰਵਾਰ ਨੂੰ ਟਕੋਲੀ ਸਬਜ਼ੀ ਮੰਡੀ ਨੇੜੇ ਮਾਲਬਾ ਦੇ ਆਉਣ ਕਾਰਨ ਸਥਾਨਕ ਲੋਕਾਂ ਅਤੇ ਬਾਜ਼ਾਰਾਂ ਨੂੰ ਵੀ ਭਾਰੀ ਸਮੱਸਿਆਵਾਂ ਦਾ ਸਾਹਮਣਾ ਕਰਨਾ ਪਿਆ। ਝਾਲੋਗੀ ਨੇੜੇ ਕਾਰੋਬਾਰ ਕਾਰਨ ਮੰਡੀ-ਕੁੱਲੂ ਰਾਸ਼ਟਰੀ ਰਾਜਮਾਰਗ-21ਬੰਦ ਹੋ ਗਿਆ ਹੈ। ਜ਼ਿਲ੍ਹਾ ਪ੍ਰਸ਼ਾਸਨ ਅਤੇ ਪੁਲਿਸ ਟੀਮ ਦੇ ਅਧਿਕਾਰੀ ਅਤੇ ਬਹਾਲੀ ਦਾ ਕੰਮ ਚੱਲ ਰਿਹਾ ਹੈ। ਅਧਿਕਾਰੀਆਂ ਦਾ ਕਹਿਣਾ ਹੈ ਕਿ ਰਸਤੇ ਨੂੰ ਬਹਾਲ ਕਰਨ ਵਿੱਚ ਲਗਭਗ 4-5 ਘੰਟੇ ਲੱਗਦੇ ਹਨ। ਇਸ ਦੇ ਨਾਲ ਹੀ, ਕਟੋਲਾ-ਕਮਾਂਡ ਵਿਕਲਪਿਕ ਰਸਤਾ ਵੀ ਪ੍ਰਭਾਵਿਤ ਹੋਇਆ ਹੈ। ਭਾਰਤ ਮੌਸਮ ਵਿਗਿਆਨ ਕੇਂਦਰ, ਵਿਗਿਆਨੀਆਂ ਨੇ 17 ਅਗਸਤ, 2025 ਨੂੰ ਮੰਡੀ ਜ਼ਿਲ੍ਹੇ ਵਿੱਚ ਕਈ ਥਾਵਾਂ ਤੇ ਭਾਰੀ ਬਾਰਿਸ਼, ਤੇਜ਼ ਹਵਾਵਾਂ ਅਤੇ ਬਿਜਲੀ ਡਿੱਗਣ ਦੀ ਭਵਿੱਖਬਾਣੀ ਕੀਤੀ ਹੈ। ਪੀਲਾ ਅਲਰਟ ਜਾਰੀ ਕੀਤਾ ਗਿਆ ਹੈ। ਮੰਡੀ ਜ਼ਿਲ੍ਹੇ ਦੇ ਟਕੋਲੀ ਖੇਤਰ ਵਿੱਚ ਬੱਦਲ ਫਟਣ ਦੀ ਘਟਨਾ ਤੋਂ ਬਾਅਦ, ਪੰਡੋਹ ਡੈਮ ਤੋਂ ਬਿਆਸ ਨਦੀ ਵਿੱਚ ਵਾਧੂ ਪਾਣੀ ਛੱਡਿਆ ਜਾਵੇਗਾ। ਡੈਮ ਪ੍ਰਬੰਧਨ ਨੇ ਸਪੱਸ਼ਟ ਕੀਤਾ ਹੈ ਕਿ ਪਾਣੀ ਦੀ ਮਾਤਰਾ ਨਦੀ ਵਿੱਚ ਆਉਣ ਵਾਲੇ ਵਹਾਅ ’ਤੇ ਨਿਰਭਰ ਕਰੇਗੀ। ਆਮ ਲੋਕਾਂ, ਸੈਲਾਨੀਆਂ ਅਤੇ ਮਜ਼ਦੂਰਾਂ ਨੂੰ ਇਸ ਸਮੇਂ ਦੌਰਾਨ ਬਿਆਸ ਨਦੀ ਦੇ ਕੰਢਿਆਂ ਤੋਂ ਸੁਰੱਖਿਅਤ ਦੂਰੀ ਬਣਾਈ ਰੱਖਣ ਦੇ ਸਖ਼ਤ ਨਿਰਦੇਸ਼ ਦਿੱਤੇ ਗਏ ਹਨ। ਪ੍ਰਸ਼ਾਸਨ ਨੇ ਕਿਹਾ ਹੈ ਕਿ ਪਾਣੀ ਦੇ ਅਚਾਨਕ ਛੱਡਣ ਕਾਰਨ, ਨਦੀ ਦਾ ਪਾਣੀ ਦਾ ਪੱਧਰ ਕਿਸੇ ਵੀ ਸਮੇਂ ਤੇਜ਼ੀ ਨਾਲ ਵੱਧ ਸਕਦਾ ਹੈ, ਜਿਸ ਨਾਲ ਖ਼ਤਰਾ ਵੱਧ ਸਕਦਾ ਹੈ। ਪਾਂਡੋਹ ਡੈਮ ਪ੍ਰਬੰਧਨ ਅਤੇ ਜ਼ਿਲ੍ਹਾ ਪ੍ਰਸ਼ਾਸਨ ਮੰਡੀ ਨੇ ਲੋਕਾਂ ਨੂੰ ਨਦੀ ਦੇ ਕੰਢੇ ’ਤੇ ਕਿਸੇ ਵੀ ਗਤੀਵਿਧੀ ਤੋਂ ਬਚਣ ਦੀ ਚੇਤਾਵਨੀ ਦਿੱਤੀ ਹੈ। ਮਛੇਰਿਆਂ, ਕਿਸਾਨਾਂ ਅਤੇ ਮਜ਼ਦੂਰਾਂ ਨੂੰ ਖਾਸ ਤੌਰ ’ਤੇ ਸਾਵਧਾਨ ਰਹਿਣ ਦੀ ਅਪੀਲ ਕੀਤੀ ਗਈ ਹੈ। ਸੈਲਾਨੀਆਂ ਨੂੰ ਨਦੀਆਂ ਅਤੇ ਨਾਲਿਆਂ ਦੇ ਕੰਢਿਆਂ ’ਤੇ ਜਾਣ ਤੋਂ ਬਚਣ ਲਈ ਵੀ ਕਿਹਾ ਗਿਆ ਹੈ। ਪ੍ਰਸ਼ਾਸਨ ਦਾ ਕਹਿਣਾ ਹੈ ਕਿ ਲੋਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣਾ ਉਨ੍ਹਾਂ ਦੀ ਪਹਿਲੀ ਤਰਜੀਹ ਹੈ ਅਤੇ ਇਸੇ ਲਈ ਇਹ ਚੇਤਾਵਨੀ ਸਾਵਧਾਨੀ ਵਜੋਂ ਜਾਰੀ ਕੀਤੀ ਗਈ ਹੈ। ਜ਼ਿਲ੍ਹਾ ਪ੍ਰਸ਼ਾਸਨ ਨੇ ਦਰਿਆ-ਨਾਲਿਆਂ ਅਤੇ ਖੇਤਰਾਂ ਵਿੱਚ ਰਹਿਣ ਵਾਲੇ ਲੋਕਾਂ ਨੂੰ ਦਰਿਆ-ਨਾਲਿਆਂ ਅਤੇ ਖੇਤਰਾਂ ਵਿੱਚ ਰਹਿਣ ਦੀ ਅਪੀਲ ਕੀਤੀ ਹੈ। ਮੰਡੀ ਪੁਲਿਸ ਨੇ ਲੋਕਾਂ ਨੂੰ ਯੂਨੀਵਰਸਲ ਟੂਰ ਤੋਂ ਬਚਣ ਅਤੇ ਸਾਮਾਨ ਵੇਚਣ ਦੀ ਅਪੀਲ ਕੀਤੀ ਹੈ। ਪ੍ਰਸ਼ਾਸਨ ਨੇ ਸਪੱਸ਼ਟ ਕੀਤਾ ਹੈ ਕਿ ਵਾਰਸਟਾਰ ਵਿਖੇ ਰਾਹਤ ਅਤੇ ਬਹਾਲੀ ਦਾ ਕੰਮ ਚੱਲ ਰਿਹਾ ਹੈ। ਉੱਧਰ ਮੱਧ ਪ੍ਰਦੇਸ਼ ਵਿੱਚ ਵੀ ਹੜ੍ਹਾਂ ਦੇ ਹਾਲਾਤ ਹਨ। ਬਰਵਾਨੀ ਦੇ ਰਾਜਪੁਰ ਵਿੱਚ ਨਦੀਆਂ ਅਤੇ ਨਾਲੇ ਉਫਾਨ ’ਤੇ ਹਨ ਅਤੇ ਇੱਥੋਂ ਦੀ ਨਗਰਪਾਲਿਕਾ ਦੇ ਉਪ ਪ੍ਰਧਾਨ ਦੀ ਕਾਰ ਨਦੀ ਵਿੱਚ ਰੁੜ੍ਹ ਗਈ। ਉੱਤਰ ਪ੍ਰਦੇਸ਼ ਦੇ 20 ਜ਼ਿਲ੍ਹਿਆਂ ਵਿੱਚ ਵੀ ਹੜ੍ਹ ਵਰਗੇ ਹਾਲਾਤ ਹਨ। ਫਤਿਹਪੁਰ ਵਿੱਚ ਗੰਗਾ ਖ਼ਤਰੇ ਦੇ ਨਿਸ਼ਾਨ ਤੋਂ ਉੱਪਰ ਵਹਿ ਰਹੀ ਹੈ, ਜਿਸ ਦੇ ਚੱਲਦਿਆਂ ਪਾਣੀ 10 ਤੋਂ ਵੱਧ ਪਿੰਡਾਂ ਵਿੱਚ ਦਾਖਲ ਹੋ ਗਿਆ ਹੈ। ਪਿਛਲੇ 24 ਘੰਟਿਆਂ ਵਿੱਚ ਰਾਜ ਵਿੱਚ 0.8 ਮਿਲੀਮੀਟਰ ਬਾਰਿਸ਼ ਹੋਈ ਹੈ, ਜੋ ਕਿ ਆਮ 8.8 ਮਿਲੀਮੀਟਰ ਨਾਲੋਂ 91% ਘੱਟ ਹੈ। 1 ਜੂਨ ਤੋਂ ਲੈ ਕੇ ਹੁਣ ਤੱਕ ਸੂਬੇ ’ਚ 516.2 ਮਿਲੀਮੀਟਰ ਬਾਰਿਸ਼ ਹੋਈ ਹੈ, ਜੋ ਕਿ ਆਮ 488.9 ਮਿਲੀਮੀਟਰ ਨਾਲੋਂ 6% ਵੱਧ ਹੈ।ਮੁੰਬਈ ਵਿੱਚ ਭਾਰੀ ਮੀਂਹ ਦਾ ਰੈੱਡ ਅਲਰਟ ਜਾਰੀ ਹੈ। ਸ਼ਨੀਵਾਰ ਨੂੰ ਵਿਖਰੋਲੀ ਵਿੱਚ ਜ਼ਮੀਨ ਖਿਸਕਣ ਦੀ ਘਟਨਾ ਵਾਪਰੀ, ਜਿਸ ਵਿੱਚ 2 ਲੋਕਾਂ ਦੀ ਮੌਤ ਹੋ ਗਈ ਅਤੇ 2 ਲੋਕ ਜ਼ਖ਼ਮੀ ਹੋ ਗਏ ਅਤੇ ਇੱਥੇ ਐਤਵਾਰ ਨੂੰ ਵੀ ਮੀਂਹ ਜਾਰੀ ਹੈ। ਰਾਏਗੜ੍ਹ ਜ਼ਿਲ੍ਹੇ ਵਿੱਚ ਅੰਬਾ ਨਦੀ ਦਾ ਪਾਣੀ ਦਾ ਪੱਧਰ ਖ਼ਤਰੇ ਦੇ ਨਿਸ਼ਾਨ ਤੋਂ ਉੱਪਰ ਹੈ।

## ਅਫ਼ਗਾਨਿਸਤਾਨ ਤੇ ਜਾਪਾਨ ’ਚ ਮਹਿਸੂਸ ਕੀਤੇ ਭੂਚਾਲ ਦੇ ਝਟਕੇ

ਕਿਹਾ ਕਿ ਭੂਚਾਲ 10 ਕਿਲੋਮੀਟਰ ਦੀ ਡੂੰਘਾਈ ਤੇ ਆਇਆ, ਜਿਸ ਕਾਰਨ ਖ਼ਤਰਾ ਅਜੇ ਵੀ ਟਲਿਆ ਨਹੀਂ ਹੈ।

**ਚੜ੍ਹਦੀਕਲਾ**

ਪਰਮਜੀਤ ਸਿੰਘ, ਪ੍ਰਿੰਟਰ ਪਬਲਿਸ਼ਰ ਨੇ ਰੋਜ਼ਾਨਾ ਚੜ੍ਹਦੀਕਲਾ, ਚੜ੍ਹਦੀਕਲਾ ਪ੍ਰਿੰਟਿੰਗ ਪ੍ਰੈੱਸ ਪ੍ਰਾਈਵੇਟ ਲਿਮਟਿਡ ਲਈ ਦਲਜੀਤ ਪ੍ਰਿੰਟਰਜ਼, 593 ਐਸ.ਐਸ.ਟੀ. ਨਗਰ ਪਟਿਆਲਾ ਤੋਂ ਛਪਵਾ ਕੇ ਦਫ਼ਤਰ ਰੋਜ਼ਾਨਾ ਚੜ੍ਹਦੀਕਲਾ, 577, ਐਸ.ਐਸ.ਟੀ. ਨਗਰ, ਪਟਿਆਲਾ ਤੋਂ ਪ੍ਰਕਾਸ਼ਿਤ ਕੀਤਾ। ਮੁੱਖ ਸੰਪਾਦਕ : ਜਗਜੀਤ ਸਿੰਘ ‘ਦਰਦੀ’।

PRGI (RNI) Regd. No. 22972/1972

Printed & Published by Paramjit Singh on behalf of Charhdikala Printing Press Pvt. Ltd., Patiala & Printed at Daljit Printers 593, SST Nagar Patiala. Published at Office Daily Charhdikala 577, SST Nagar Patiala. Chief Editor : Jagjit Singh Dardi

PRGI (RNI) Regd. No. 22972/1972

# ਹਰਭਜਨ ਸਿੰਘ ਈ.ਟੀ.ਓ. ਵੱਲੋਂ ਸੁਤੰਤਰਤਾ ਸੰਗਰਾਮੀ ਜਥੇਬੰਦੀ ਦੇ ਵਫ਼ਦ ਨਾਲ ਮੀਟਿੰਗ

## ਆਜ਼ਾਦੀ ਘੁਲਾਟੀਆਂ ਤੇ ਉਹਨਾਂ ਦੇ ਪਰਿਵਾਰਾਂ ਦੀ ਭਲਾਈ ਲਈ ਪੰਜਾਬ ਸਰਕਾਰ ਵਚਨਬੱਧ

ਚੰਡੀਗੜ੍ਹ, 17 ਅਗਸਤ (ਹਰਦੀਪ ਕੌਰ): ਦੇਸ਼ ਦੀ ਆਜ਼ਾਦੀ ਦੀ 79 ਵੀ ਵਰੇਗੰਢ ਮਨਾ ਰਹੀ ਪੰਜਾਬ ਸਰਕਾਰ ਵੱਲੋਂ ਬਿਜਲੀ ਅਤੇ ਲੋਕ ਨਿਰਮਾਣ ਵਿਭਾਗ ਦੇ ਮੰਤਰੀ ਹਰਭਜਨ ਸਿੰਘ ਈ ਟੀ ਉ ਨੇ ਅੱਜ ਪੰਜਾਬ ਦੀ ਸੁਤੰਤਰਤਾ ਸੰਗਰਾਮੀ ਜਥੇਬੰਦੀ ਨਾਲ ਮੁਲਾਕਾਤ ਕਰਕੇ ਮੰਗਾਂ ਨੂੰ ਸੁਣਿਆ ਅਤੇ ਜਲਦ ਹੱਲ ਕਰਵਾਉਣ ਦਾ ਭਰੋਸਾ ਦਿੱਤਾ।। ਦੇਸ਼ ਦੀ ਆਜ਼ਾਦੀ ਲਈ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲੇ ਮਹਾਨ ਦੇਸ਼ ਭਗਤਾਂ ਸੁਤੰਤਰਤਾ ਸੰਗਰਾਮੀਆ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਭਲਾਈ ਲਈ ਕੰਮ ਕਰ ਰਹੀ ਸੁਤੰਤਰਤਾ ਸੰਗਰਾਮੀ ਉਤਰਾਧਿਕਾਰੀ ਐਸੋਸੀਏਸ਼ਨ ਪੰਜਾਬ ਰਜਿ ਨੰ 234 ਦੇ ਵਫ਼ਦ ਨਾਲ ਸਰਕਾਰ ਦੇ ਵਿਸ਼ੇਸ਼ ਸੱਦੇ ਤਹਿਤ ਮੀਟਿੰਗ ਦਾ ਪ੍ਰਬੰਧ ਕੀਤਾ ਗਿਆ। ਮੀਟਿੰਗ ਦੌਰਾਨ ਜਥੇਬੰਦੀ ਦੇ ਸੂਬਾ ਜਨਰਲ ਸਕੱਤਰ ਇੰਦਰਪਾਲ ਸਿੰਘ ਧਾਲੀਵਾਲ ਸੋਨੀ ਅਤੇ ਸੂਬਾ ਕਨਵੀਨਰ ਪ੍ਰਕਾਸ਼ ਸਿੰਘ ਧਾਲੀਵਾਲ ਨੇ ਆਜ਼ਾਦੀ ਘੁਲਾਟੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀਆਂ ਪਿਛਲੇ ਲੰਮੇ ਸਮੇਂ ਤੋਂ ਨਜ਼ਰ ਅੰਦਾਜ਼ ਕੀਤੀਆਂ ਜਾ ਰਹੀਆਂ ਸਨਮਾਨ ਸਹੂਲਤਾਂ ਸਬੰਧੀ ਕੈਬਨਿਟ ਮੰਤਰੀ ਸਾਹਮਣੇ ਜ਼ੋਰਦਾਰ ਆਵਾਜ਼ ਉਠਾਈ। ਦੇਸ਼ ਭਗਤ ਜਥੇਬੰਦੀ ਦੇ ਆਗੂਆਂ ਨੇ ਮੰਗ ਕੀਤੀ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨਾਲ ਮੁਲਾਕਾਤ ਦਾ ਸਮਾਂ ਲੈ ਕੇ ਪੈਨਲ ਮੀਟਿੰਗ ਤਹਿ ਕੀਤੀ ਜਾਵੇ। ਸਨਮਾਨ ਸਹੂਲਤਾਂ ਸਬੰਧੀ ਮੁੱਖ ਮੰਗਾਂ ਚੋਥੀ ਪੀੜ੍ਹੀ ਨੂੰ ਕਾਨੂੰਨੀ ਵਾਰਸਾਂ ਵਿੱਚ ਸ਼ਾਮਲ ਕਰਨਾ, ਸਨਮਾਨ ਪੈਨਸ਼ਨ, ਸੁਤੰਤਰਤਾ ਸੰਗਰਾਮੀ ਭਲਾਈ ਬੋਰਡ ਬਣਾਉਣਾ, ਨੋਕਰੀਆਂ ਵਿੱਚ ਰਾਖਵਾਂਕਰਨ ਪੰਜ ਪ੍ਰਤਿਸ਼ਤ ਕਰਨਾ ਆਦਿ ਤੇ ਵਿਚਾਰ ਵਟਾਂਦਰਾ ਕੀਤਾ ਗਿਆ। ਆਗੂਆਂ ਦੀ ਮੰਗ ਤੇ ਮੀਟਿੰਗ 'ਚ ਸ਼ਾਮਲ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨਾਲ ਕੈਬਨਿਟ ਮੰਤਰੀ ਹਰਭਜਨ ਸਿੰਘ ਨੇ ਆਜ਼ਾਦੀ ਘੁਲਾਟੀਆਂ ਦੀ ਯਾਦ ਨੂੰ ਸਮਰਪਿਤ ਪਟਿਆਲਾ ਸ਼ਹਿਰ ਵਿਖੇ ਯਾਦਗਾਰ ਹਾਲ ਬਣਾਉਣ ਲਈ ਜਗਾਂ ਅਲਾਟ ਕਰਨ ਲਈ ਸਹਿਮਤੀ ਪ੍ਰਗਟਾਈ ਗਈ। ਸੁਤੰਤਰਤਾ ਸੰਗਰਾਮੀ ਪਰਿਵਾਰਾਂ ਨੇ ਬਿਜਲੀ ਸਹੂਲਤ ਲਈ ਲਗਾਈ ਸਵੈਂ ਘੋਸ਼ਣਾ ਪੱਤਰ ਦੀ ਸ਼ਰਤ ਦੇਸ਼ ਭਗਤ ਪਰਿਵਾਰਾਂ ਲਈ ਹਟਾਉਣ ਦੀ ਮੰਗ ਕੀਤੀ। ਪਰਿਵਾਰਾਂ ਨੇ ਕਿਹਾ ਕਿ ਆਜ਼ਾਦੀ ਘੁਲਾਟੀਆਂ ਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਮਿਲਣ ਵਾਲਿਆਂ ਸਹੂਲਤਾਂ ਦੀ ਮੰਗ ਸਨਮਾਨ ਵਜੋਂ ਕੀਤੀ ਜਾ ਰਹੀ ਹੈ। ਜਦੋਂ ਕਿ ਦੂਜੇ ਵਰਗਾ ਨੂੰ ਗ਼ਰੀਬੀ ਰੇਖਾ ਤੋਂ ਹੇਠਾਂ ਰਹਿਣ ਕਾਰਨ ਦਿੱਤੀ ਜਾਂਦੀ ਹੈ। ਸਵੈਂ ਘੋਸ਼ਣਾ ਹਟਾਉਣ ਲਈ ਕੈਬਨਿਟ ਮੰਤਰੀ ਨੇ ਵਿਭਾਗ ਦੇ ਅਧਿਕਾਰੀਆਂ ਨੂੰ ਮੰਗ ਵਿਚਾਰਨ ਦੀ ਹਦਾਇਤ ਕੀਤੀ।ਕੈਬਨਿਟ ਮੰਤਰੀ ਹਰਭਜਨ ਸਿੰਘ ਨੇ ਜਥੇਬੰਦੀ ਦੇ ਆਗੂਆਂ ਨੂੰ ਭਰੋਸਾ ਦਿੰਦਿਆਂ ਕਿਹਾ ਕਿ ਦੇਸ਼ ਭਗਤਾਂ ਸੁਤੰਤਰਤਾ ਸੰਗਰਾਮੀਆ ਦੀ ਬਦੌਲਤ ਹੀ ਅਸੀਂ ਆਜ਼ਾਦੀ ਦਾ ਨਿੱਘ ਮਾਣ ਰਹੇ ਹਾਂ। ਪੰਜਾਬ ਸਰਕਾਰ ਆਜ਼ਾਦੀ ਘੁਲਾਟੀਆਂ ਤੇ ਉਨ੍ਹਾਂ ਦੇ ਪਰਿਵਾਰਾਂ ਦੀ ਭਲਾਈ ਲਈ ਵਚਨਬੱਧ ਹੈ। ਆਜ਼ਾਦੀ



ਘੁਲਾਟੀਆਂ ਤੇ ਉਨ੍ਹਾਂ ਦੇ ਪਰਿਵਾਰਾਂ ਦੇ ਕੰਮਾਂ ਨੂੰ ਪਹਿਲ ਦੇ ਆਧਾਰ ਤੇ ਹੱਲ ਕਰਨ ਤੇ ਮਾਣ ਸਨਮਾਨ ਨੂੰ ਯਕੀਨੀ ਬਣਾਉਣ ਦੀ ਸਾਰੇ ਅਧਿਕਾਰੀਆਂ ਨੂੰ ਹਦਾਇਤ ਕੀਤੀ। ਉਨ੍ਹਾਂ ਅਧਿਕਾਰੀਆਂ ਨੂੰ ਜਲਦ ਹੀ ਜਥੇਬੰਦੀ ਦੀ ਮੀਟਿੰਗ ਮੁੱਖ ਮੰਤਰੀ ਨਾਲ ਕਰਵਾਉਣ ਦਾ ਪ੍ਰਬੰਧ ਕਰਨ ਸਬੰਧੀ ਨਿਰਦੇਸ਼ ਦਿੱਤੇ। ਕੈਬਨਿਟ ਮੰਤਰੀ ਤੋਂ ਮਿਲੇ ਭਰੋਸੇ ਤੋਂ ਬਾਅਦ ਸੁਤੰਤਰਤਾ ਸੰਗਰਾਮੀ ਉਤਰਾਧਿਕਾਰੀ ਐਸੋਸੀਏਸ਼ਨ ਪੰਜਾਬ ਰਜਿ ਨੰ 234 ਵਲੋਂ ਐਲਾਨ ਕੀਤਾ ਗਿਆ ਕਿ ਆਉਣ ਵਾਲੇ ਦਿਨਾਂ ਵਿੱਚ ਸੂਬੇ ਵਿੱਚ ਹੋਣ ਵਾਲੇ ਸਰਕਾਰੀ ਸਮਾਗਮਾਂ ਵਿੱਚ ਸੁਤੰਤਰਤਾ ਸੰਗਰਾਮੀ ਤੇ ਉਨ੍ਹਾਂ ਦੇ ਪਰਿਵਾਰ ਸ਼ਾਮਲ ਹੋਣਗੇ ਤੇ ਪ੍ਰਸ਼ਾਸਨ ਦਾ ਸਹਿਯੋਗ ਕਰਨਗੇ। ਮੀਟਿੰਗ ਦੌਰਾਨ ਇੰਦਰਪਾਲ ਸਿੰਘ ਧਾਲੀਵਾਲ ਸੋਨੀ ਸੂਬਾ ਜਨਰਲ ਸਕੱਤਰ, ਪ੍ਰਕਾਸ਼ ਸਿੰਘ ਧਾਲੀਵਾਲ ਸੂਬਾ ਕਨਵੀਨਰ, ਅਮਰਪ੍ਰੀਤ ਸਿੰਘ ਬੋਬੀ ਜ਼ਿਲ੍ਹਾ ਪ੍ਰਧਾਨ, ਅਜੇ ਖੰਨਾ ਸੀਨੀਅਰ ਮੀਤ ਪ੍ਰਧਾਨ, ਰਾਜ ਕੁਮਾਰ ਡਕਾਲਾ ਜ਼ਿਲ੍ਹਾ ਜਰਨਲ ਸਕੱਤਰ, ਗੁਰਇਕਬਾਲ ਸਿੰਘ ਸੰਧੂ ਤੇ ਪੰਜਾਬ ਸਰਕਾਰ ਦੇ ਅਧਿਕਾਰੀ ਮੌਜੂਦ ਰਹੇ।

# ਬਰਿੰਦਰ ਕੁਮਾਰ ਗੋਇਲ ਨੇ ਪ੍ਰਭਾਵਿਤ ਜ਼ਿਲ੍ਹਿਆਂ 'ਚ ਹੜ੍ਹਾਂ ਦੀ ਸਥਿਤੀ ਦਾ ਲਿਆ ਜਾਇਜ਼ਾ

## ਡੀਸੀਜ਼ ਨੂੰ ਪ੍ਰਭਾਵਿਤ ਖ਼ੇਤਰਾਂ 'ਚ ਤੁਰੰਤ ਰਾਹਤ ਕੈਂਪ ਸਥਾਪਤ ਕਰਨ ਦੇ ਦਿੱਤੇ ਹੁਕਮ

ਚੰਡੀਗੜ੍ਹ, 17 ਅਗਸਤ (ਚ.ਨ.ਸ.): ਪਿਛਲੇ ਕਈ ਦਿਨਾਂ ਤੋਂ ਗੁਆਂਢੀ ਸੂਬੇ ਹਿਮਾਚਲ ਪ੍ਰਦੇਸ਼ ਦੇ ਪਹਾੜੀ ਇਲਾਕਿਆਂ ਵਿੱਚ ਹੋ ਰਹੀ ਲਗਾਤਾਰ ਬਾਰਿਸ਼ ਕਾਰਨ ਪੰਜਾਬ ਦੇ ਡੈਮਾਂ ਵਿੱਚ ਪਾਣੀ ਦਾ ਪੱਧਰ ਵੱਧਣ ਦੇ ਮੱਦੇਨਜ਼ਰ ਪੰਜਾਬ ਦੇ ਜਲ ਸਰੋਤ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਅੱਜ ਪ੍ਰਭਾਵਿਤ ਜ਼ਿਲ੍ਹਿਆਂ ਵਿੱਚ ਸਥਿਤੀ ਦਾ ਵਿਸਥਾਰਤ ਜਾਇਜ਼ਾ ਲੈਣ ਲਈ ਸਬੰਧਤ ਡਿਪਟੀ ਕਮਿਸ਼ਨਰਾਂ ਨਾਲ ਟੈਲੀਫੋਨ 'ਤੇ ਗੱਲਬਾਤ ਕੀਤੀ। ਕੈਬਨਿਟ ਮੰਤਰੀ ਨੇ ਡਿਪਟੀ ਕਮਿਸ਼ਨਰਾਂ ਨੂੰ ਜਾਨ-ਮਾਲ ਦੀ ਸੁਰੱਖਿਆ ਯਕੀਨੀ ਬਣਾਉਣ ਲਈ ਤੁਰੰਤ ਰਾਹਤ ਪ੍ਰਬੰਧ ਕਰਨ ਦੇ ਸਖ਼ਤ ਹੁਕਮ ਦਿੱਤੇ। ਇਥੇ ਪੰਜਾਬ ਭਵਨ ਵਿਖੇ ਪ੍ਰੈਸ ਕਾਨਫਰੰਸ ਦੌਰਾਨ ਬਰਿੰਦਰ ਕੁਮਾਰ ਗੋਇਲ ਨੇ ਦੱਸਿਆ ਕਿ ਕਪੂਰਥਲਾ, ਹਸ਼ਿਆਰਪੁਰ, ਗੁਰਦਾਸਪੁਰ, ਫ਼ਾਜ਼ਿਲਕਾ ਅਤੇ ਫ਼ਿਰੋਜ਼ਪੁਰ ਆਦਿ ਜ਼ਿਲ੍ਹਿਆਂ ਵਿੱਚੋਂ ਲੰਘਦੇ ਦਰਿਆਵਾਂ ਦੇ ਬੰਨ੍ਹਾਂ ਦੇ ਅੰਦਰਲੇ ਪਾਸੇ ਵਾਲੇ ਇਲਾਕਿਆਂ ਵਿੱਚ ਹੜ੍ਹ ਵਰਗੇ ਹਾਲਾਤ ਪੈਦਾ ਹੋ ਗਏ ਹਨ ਕਿਉਂਕਿ ਦਰਿਆਵਾਂ ਵਿੱਚ ਪਾਣੀ ਦਾ ਪੱਧਰ ਵਧ ਰਿਹਾ ਹੈ ਤੇ ਹੜ੍ਹ ਵਾਲੇ ਖੇਤਰਾਂ ਵਿੱਚ ਕਿਸਾਨਾਂ ਦੁਆਰਾ ਬਣਾਏ ਗਏ ਅਸਥਾਈ ਬੰਨ੍ਹਾਂ ਵਿੱਚ ਪਾੜ ਪਏ ਹਨ।



ਉਨ੍ਹਾਂ ਦੱਸਿਆ ਕਿ ਕਪੂਰਥਲਾ, ਫਿਰੋਜ਼ਪੁਰ ਅਤੇ ਫ਼ਾਜ਼ਿਲਕਾ ਜ਼ਿਲ੍ਹਿਆਂ ਦਾ ਕਰੀਬ 14,200 ਏਕੜ ਰਕਬਾ ਹੜ੍ਹ ਦੇ ਪਾਣੀ ਨਾਲ ਪ੍ਰਭਾਵਿਤ ਹੋਇਆ ਹੈ। ਉਨ੍ਹਾਂ ਦੱਸਿਆ ਕਿ ਇਸ ਵਿੱਚੋਂ ਜ਼ਿਲ੍ਹਾ ਕਪੂਰਥਲਾ ਦੇ ਰਕਬੇ ਵਿੱਚ ਵਸੋਂ ਪ੍ਰਭਾਵਿਤ ਹੋਈ ਹੈ ਜਦਕਿ ਫ਼ਾਜ਼ਿਲਕਾ ਤੇ ਫਿਰੋਜ਼ਪੁਰ ਦਾ ਪ੍ਰਭਾਵਿਤ ਰਕਬਾ ਖੇਤੀਬਾੜੀ ਅਧੀਨ ਹੈ। ਉਨ੍ਹਾਂ ਦੱਸਿਆ ਕਿ ਸੂਬਾ ਸਰਕਾਰ ਅਤੇ ਜ਼ਿਲ੍ਹਾ ਪ੍ਰਸ਼ਾਸਨ ਲੋਕਾਂ ਦੀ ਹਰ ਸੰਭਵ ਸਹਾਇਤਾ ਲਈ ਮੌਜੂਦ ਹੈ। ਵਿਭਾਗੀ ਅਮਲੇ ਦੇ ਨਿਗਰਾਨੀ ਪ੍ਰਬੰਧਨ ਬਾਰੇ ਗੱਲ ਕਰਦਿਆਂ ਕੈਬਨਿਟ ਮੰਤਰੀ ਨੇ ਦੱਸਿਆ ਕਿ ਫੀਲਡ ਵਿੱਚ 4 ਸੁਪਰੀਡੈਂਟਿੰਗ ਇੰਜੀਨੀਅਰ (ਐਸ.ਈਜ਼), 10 ਐਕਸੀਅਨ, 20 ਐਸ.ਡੀ.ਓਜ਼ ਅਤੇ 200 ਫੀਲਡ ਸਟਾਫ (ਸਮੇਤ ਜੇ.ਈਜ਼) ਨਿਰੰਤਰ 24 ਘੰਟੇ ਨਿਗਰਾਨੀ ਕਰ ਰਹੇ ਹਨ। ਉਨ੍ਹਾਂ ਦੱਸਿਆ ਕਿ ਸਮੁੱਚੇ ਸੰਵੇਦਨਸ਼ੀਲ ਖੇਤਰ ਨੂੰ ਸੈਕਟਰਾਂ ਵਿੱਚ ਵੰਡਿਆ ਗਿਆ ਹੈ ਤਾਂ ਜੋ ਤੁਰੰਤ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਸਕੇ।

ਬਰਿੰਦਰ ਕੁਮਾਰ ਗੋਇਲ ਨੇ ਡਿਪਟੀ ਕਮਿਸ਼ਨਰਾਂ ਨੂੰ ਪ੍ਰਭਾਵਿਤ ਖੇਤਰਾਂ ਵਿੱਚ ਤੁਰੰਤ ਰਾਹਤ ਕੈਂਪ ਸਥਾਪਤ ਕਰਨ ਦੇ ਨਿਰਦੇਸ਼ ਦਿੱਤੇ ਤਾਂ ਜੋ ਬੇਘਰ ਹੋਏ ਲੋਕਾਂ ਨੂੰ ਆਸਰਾ, ਭੋਜਨ ਤੇ ਡਾਕਟਰੀ ਸਹੂਲਤਾਂ ਦਿੱਤੀਆਂ ਜਾ ਸਕਣ। ਉਨ੍ਹਾਂ ਕਿਹਾ ਕਿ ਵਿਭਾਗ ਵੱਲੋਂ ਬਣਾਏ ਬੰਨ੍ਹ ਸੁਰੱਖਿਅਤ ਹਨ ਅਤੇ ਇਨ੍ਹਾਂ ਬੰਨ੍ਹਾਂ ਤੋਂ ਪਾਣੀ ਦਾ ਕੋਈ ਓਵਰਫਲੋਅ ਨਹੀਂ ਹੋਇਆ ਹੈ। ਇਨ੍ਹਾਂ ਬੰਨ੍ਹਾਂ 'ਤੇ ਰੋਸਟਰ-ਆਧਾਰਤ ਮਜ਼ਬੂਤ ਟੀਮਾਂ ਵੱਲੋਂ 24 ਘੰਟੇ ਸਖ਼ਤ ਨਿਗਰਾਨੀ ਕੀਤੀ ਜਾ ਰਹੀ ਹੈ। ਕੈਬਨਿਟ ਮੰਤਰੀ ਨੇ ਡਿਪਟੀ ਕਮਿਸ਼ਨਰਾਂ ਨੂੰ ਪਸ਼ੂਆਂ ਦੀ ਸੁਰੱਖਿਆ ਤੇ ਤੰਦਰੁਸਤੀ ਲਈ ਵਿਸ਼ੇਸ਼ ਇੰਤਜ਼ਾਮ ਕਰਨ ਦੇ ਨਿਰਦੇਸ਼ ਦਿੱਤੇ, ਜਿਸ ਵਿੱਚ ਵੱਖਰੇ ਸ਼ੈਲਟਰ ਬਣਾਉਣਾ, ਚਾਰਾ ਅਤੇ ਪੀਣ ਵਾਲੇ ਪਾਣੀ ਦੀ ਸਪਲਾਈ ਨੂੰ ਯਕੀਨੀ ਬਣਾਉਣਾ ਅਤੇ ਪ੍ਰਭਾਵਿਤ ਖੇਤਰਾਂ ਵਿੱਚ ਵੈਟਰਨਰੀ ਟੀਮਾਂ ਦੀ ਤੈਨਾਤੀ ਕਰਨਾ ਸ਼ਾਮਲ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਬੱਚਿਆਂ, ਬਜ਼ੁਰਗਾਂ ਅਤੇ ਗਰਭਵਤੀ ਔਰਤਾਂ ਨੂੰ ਤਰਜੀਹੀ ਡਾਕਟਰੀ ਸਹਾਇਤਾ ਮੁਹੱਈਆ ਕਰਵਾਈ ਜਾਵੇ। ਉਨ੍ਹਾਂ ਨਿਰਦੇਸ਼ ਦਿੱਤੇ ਕਿ ਪਾਣੀ ਤੋਂ ਹੋਣ ਵਾਲੀਆਂ ਬੀਮਾਰੀਆਂ ਨੂੰ ਰੋਕਣ ਲਈ ਸਾਫ਼ ਪੀਣ ਵਾਲੇ ਪਾਣੀ, ਮੋਬਾਈਲ ਸਿਹਤ ਯੂਨਿਟਾਂ ਅਤੇ ਜ਼ਰੂਰੀ ਦਵਾਈਆਂ ਦੀ ਨਿਰਵਿਘਨ ਸਪਲਾਈ ਦਾ ਪ੍ਰਬੰਧ ਯਕੀਨੀ ਬਣਾਇਆ ਜਾਵੇ। ਕੈਬਨਿਟ ਮੰਤਰੀ ਨੇ ਤਰਨ ਤਾਰਨ ਤੇ ਫ਼ਿਰੋਜ਼ਪੁਰ ਦੇ ਡਿਪਟੀ ਕਮਿਸ਼ਨਰਾਂ ਨੂੰ ਵੀ ਹਦਾਇਤ ਕੀਤੀ ਕਿ ਉੱਪਰੀ ਇਲਾਕਿਆਂ ਵਿੱਚ ਭਾਰੀ ਮੀਂਹ ਕਾਰਨ ਸਤਲੁਜ ਤੇ ਬਿਆਸ ਦਰਿਆਵਾਂ ਵਿੱਚ ਪਾਣੀ ਦੇ ਵਧੇ ਵਹਾਅ ਦੇ ਮੱਦੇਨਜ਼ਰ ਉਹ ਨਿੱਜੀ ਤੌਰ 'ਤੇ ਹਰੀਕੇ ਹੈੱਡਵਰਕਸ ਦੀ 24 ਘੰਟੇ ਨਿਗਰਾਨੀ ਕਰਨ। ਪੰਜਾਬ ਸਰਕਾਰ ਦੀ ਵਚਨਬੱਧਤਾ ਦੁਹਰਾਉਂਦਿਆਂ ਬਰਿੰਦਰ ਕੁਮਾਰ ਗੋਇਲ ਨੇ ਭਰੋਸਾ ਦਿੱਤਾ ਕਿ ਪੰਜਾਬ ਦੇ ਲੋਕਾਂ ਦੀ ਸੁਰੱਖਿਆ ਲਈ ਹਰ ਸੰਭਵ ਉਪਾਅ ਕੀਤੇ ਜਾ ਰਹੇ ਹਨ ਅਤੇ ਸਥਿਤੀ ਦੀ ਨਿਰੰਤਰ ਨਿਗਰਾਨੀ ਕੀਤੀ ਜਾ ਰਹੀ ਹੈ। ਇਸ ਮੌਕੇ ਕੈਬਨਿਟ ਮੰਤਰੀ ਨਾਲ ਚੀਫ਼ ਇੰਜੀਨੀਅਰ (ਡਰੇਨੇਜ) ਸ੍ਰੀ ਹਰਦੀਪ ਸਿੰਘ ਮੈਂਦੀਰੱਤਾ ਅਤੇ ਚੀਫ਼ ਇੰਜੀਨੀਅਰ (ਨਹਿਰਾਂ) ਸ਼ੇਰ ਸਿੰਘ ਵੀ ਮੌਜੂਦ ਸਨ।

# ਮੁਫ਼ਤ ਸਿੱਖਿਆ ਕ੍ਰਾਂਤੀ ਤਹਿਤ ਪੰਜਾਬ ਦੇ ਨੌਜਵਾਨਾਂ ਦੇ ਸੁਪਨਿਆਂ ਨੂੰ ਮਿਲੀ ਨਵੀਂ ਪ੍ਰਵਾਜ਼ : ਸੰਧਵਾਂ

ਚੰਡੀਗੜ੍ਹ, 17 ਅਗਸਤ (ਚ.ਨ.ਸ.): ਸਾਡੇ ਗੁਰੂ ਸਾਹਿਬਾਨ ਦੇ ਮਾਨਵਵਾਦੀ ਸਿਧਾਂਤਾਂ ਅਤੇ ਉਨਾਂ ਵੱਲੋਂ ਦਰਸਾਏ ਗਏ ਮਾਰਗ 'ਤੇ ਚੱਲਣਾ ਵਡੇਰੇ ਭਾਗਾਂ ਨਾਲ ਨਸੀਬ ਹੁੰਦਾ ਹੈ। ਪੰਜਾਬ ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਦੱਸਿਆ ਕਿ ਉਹ ਪੀਸੀਐਸ ਪ੍ਰੀਖਿਆ ਦੇ ਚਾਹਵਾਨਾਂ ਉਮੀਦਵਾਰਾਂ ਨੂੰ ਮੁਫਤ ਸਿੱਖਿਆ ਅਤੇ ਕੋਚਿੰਗ ਪ੍ਰਦਾਨ ਕਰਵਾਉਣ ਦੇ ਉਦੇਸ਼ ਨਾਲ ਰਾਜ ਮਲਹੋਤਰਾ ਦੁਆਰਾ ਚੰਡੀਗੜ੍ਹ ਵਿੱਚ ਚਲਾਏ ਜਾ ਰਹੇ 'ਆਈਏਐਸ ਸਟੱਡੀ ਗਰੁੱਪ' ਨਾਲ ਸੰਪਰਕ ਕੀਤਾ ਅਤੇ ਰਾਜ ਮਲਹੋਤਰਾ ਨੂੰ ਇਸ ਨੇਕ ਕਾਰਜ ਲਈ ਪ੍ਰੇਰਿਆ । ਉਨਾਂ ਨੇ ਸੰਧਵਾਂ ਦੇ ਪ੍ਰਸਤਾਵ ਨੂੰ ਸਵੀਕਾਰ ਕਰ ਲਿਆ ਹੈ ਅਤੇ ਉਨਾਂ ਨੂੰ ਪੇਸ਼ਕਸ਼ ਕੀਤੀ ਹੈ ਕਿ ਉਹ ਪੀਸੀਐਸ (ਕਾਰਜਕਾਰੀ) ਮੁੱਢਲੀ ਪ੍ਰੀਖਿਆ-2025 (ਜਨਰਲ ਸਟੱਡੀਜ਼ ਅਤੇ ਸੀਐਸਏਟੀ) ਦੀ ਤਿਆਰੀ ਲਈ ਪੰਜਾਬ ਦੇ ਸਾਰੇ ਚਾਹਵਾਨ ਉਮੀਦਵਾਰਾਂ ਨੂੰ ਮੁਫਤ ਕੋਚਿੰਗ ਪ੍ਰਦਾਨ ਕਰਨਗੇ। ਇਸ ਕੋਰਸ ਦੀ ਮਿਆਦ 45 ਦਿਨ ਹੋਵੇਗੀ ਅਤੇ ਇਹ ਸੰਸਥਾ ਆਪਣੇ ਨਤੀਜਾ-ਮੁਖੀ ਲਈ ਮਸ਼ਹੂਰ ਹੈ।

ਸਪੀਕਰ ਨੇ ਕਿਹਾ ਕਿ ਚਾਹਵਾਨ ਉਮੀਦਵਾਰ ਮੁਫ਼ਤ ਕੋਚਿੰਗ ਲਈ ਸਿੱਧੇ ਰਾਜ ਮਲਹੋਤਰਾ ਆਈਏਐਸ ਸਟੱਡੀ



ਗਰੁੱਪ, ਚੰਡੀਗੜ੍ਹ ਨਾਲ ਸੰਪਰਕ ਕਰ ਸਕਦੇ ਹਨ। ਰਜਿਸਟ੍ਰੇਸ਼ਨ ਲਈ, ਵਿਦਿਆਰਥੀ 9814711661 'ਤੇ 'ਜੋ ਬੋਲੇ ਸੋ ਨਿਹਾਲ, ਸਤਿ ਸ੍ਰੀ ਅਕਾਲ।' ਲਿਖਕੇ ਵਟਸਐਪ ਸੁਨੇਹਾ ਭੇਜ ਸਕਦੇ ਹਨ। ਆਓ, ਇਸ ਮਹਾਨ ਪਹਿਲਕਦਮੀ ਦਾ ਹਿੱਸਾ ਬਣਕੇ ਤੇ ਆਪਣੀ ਕਿਸਮਤ ਬਦਲੋ।

ਪੰਜਾਬ ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਜੋਰ ਦੇ ਕੇ ਕਿਹਾ ਕਿ ਇਹ ਸਿਰਫ ਇੱਕ ਮੌਕਾ ਨਹੀਂ ਹੈ, ਸਗੋਂ ਆਪਣੇ ਸੁਪਨਿਆਂ ਨੂੰ ਸਾਕਾਰ ਕਰਨ ਦੇ ਸਫ਼ਰ ਦੀ ਸ਼ੁਰੂਆਤ ਹੈ। ਇਸ ਪਹਿਲਕਦਮੀ ਤਹਿਤ, ਪੰਜਾਬ ਦੇ ਨੌਜਵਾਨਾਂ ਦੀ ਸਖਤ ਮਿਹਨਤ ਨੂੰ ਇੱਕ ਨਵੀਂ ਦਿਸ਼ਾ ਮਿਲੇਗੀ ਅਤੇ ਸਫ਼ਲਤਾ ਦੇ ਨਵੇਂ ਰਿਕਾਰਡ ਸਥਾਪਤ ਹੋਣਗੇ। ਸਪੀਕਰ ਨੇ ਦੱਸਿਆ ਕੀਤਾ ਕਿ ਇਹ ਕਦਮ ਪੰਜਾਬ, ਪੰਜਾਬੀਅਤ ਅਤੇ ਪੰਜਾਬੀਆਂ ਦੀ ਤਰੱਕੀ ਲਈ ਇੱਕ ਇਨਕਲਾਬੀ ਪਹਿਲਕਦਮੀ ਸਾਬਿਤ ਹੋਵੇਗਾ। ਵੱਧ ਤੋਂ ਵੱਧ ਵਿਦਿਆਰਥੀਆਂ ਨੂੰ ਮੁਫਤ ਸਿੱਖਿਆ ਅਤੇ ਕੋਚਿੰਗ ਪ੍ਰਦਾਨ ਕਰਨ ਦੇ ਉਦੇਸ਼ ਨਾਲ, ਇਸ ਪਹਿਲਕਦਮੀ ਵਿੱਚ ਰਜਿਸਟਰ ਕਰਨ ਵਾਲੇ ਵਿਦਿਆਰਥੀਆਂ ਦੀ ਗਿਣਤੀ ਦੀ ਕੋਈ ਸੀਮਾ ਨਹੀਂ ਹੈ। ਉਨਾਂ ਵਿਦਿਆਰਥੀਆਂ ਨੂੰ ਇਸ ਸੁਨਹਿਰੀ ਮੌਕੇ ਦਾ ਫਾਇਦਾ ਲੈਣ ਅਤੇ ਆਪਣੀਆਂ ਅਸੀਮ ਸੰਭਾਵਨਾ ਨੂੰ ਸਮਝਣ ਦੀ ਸਲਾਹ ਦਿੱਤੀ। ਸੰਧਵਾਂ ਨੇ ਕਿਹਾ ਕਿ ਸਫ਼ਲਤਾ ਤੁਹਾਡੀ ਉਡੀਕ ਕਰ ਰਹੀ ਹੈ, ਬੱਸ ਇੱਕ ਕਦਮ ਅੱਗੇ ਵਧੋ ਤੇ ਆਪਣਾ ਭਵਿੱਖ ਰੌਸ਼ਨ ਕਰ ਲਵੋ।

# ਬੀਜੇਪੀ ਦੀ 'ਕਿਸਾਨ ਮਜ਼ਦੂਰ ਫ਼ਤਿਹ ਰੈਲੀ' ਆਪ-ਕਾਂਗਰਸ 'ਤੇ ਲੈਂਡ ਪੂਲਿੰਗ ਨੀਤੀ ਦੇ ਨਾਂ 'ਤੇ ਪੰਜਾਬੀਆਂ ਦੇ ਹਿੱਤ ਵੇਚਣ ਦਾ ਦੋਸ਼

## ਲੋਕਾਂ ਨੇ ਭਗਵੰਤ ਮਾਨ ਨੂੰ ਵੋਟ ਦਿੱਤੀ ਸੀ, ਕੇਜਰੀਵਾਲ ਜਾਂ ਸਿਸੋਦੀਆ ਨੂੰ ਨਹੀਂ : ਜਾਖੜ, ਅਸ਼ਵਨੀ ਸ਼ਰਮਾ

ਰਾਜਪੁਰਾ, 17 ਅਗਸਤ (ਰੁਪਾਣਾ/ਸੰਜੀਵ ਸ਼ਰਮਾ): ਭਾਰਤੀ ਜਨਤਾ ਪਾਰਟੀ (ਬੀਜੇਪੀ) ਪੰਜਾਬ ਨੇ ਰਾਜਪੁਰਾ ਵਿਖੇ ਆਮ ਆਦਮੀ ਪਾਰਟੀ ਸਰਕਾਰ ਦੀ ਕਿਸਾਨ ਵਿਰੋਧੀ ਲੈਂਡ ਪੂਲਿੰਗ ਨੀਤੀ ਨੂੰ ਵਾਪਸ ਲੈਣ ਦੇ ਜਸ਼ਨ ਵਜੋਂ ਇੱਕ ਵਿਸ਼ਾਲ 'ਕਿਸਾਨ ਮਜ਼ਦੂਰ ਫਤਿਹ ਰੈਲੀ' ਦਾ ਆਯੋਜਨ ਕੀਤਾ। ਹਜ਼ਾਰਾਂ ਦੀ ਗਿਣਤੀ ਵਿੱਚ ਕਿਸਾਨ ਅਤੇ ਪਾਰਟੀ ਕਾਰਕੁਨਾਂ ਨੇ ਰੈਲੀ ਵਿੱਚ ਸ਼ਿਰਕਤ ਕੀਤੀ, ਜਿਸ ਨਾਲ ਪੰਜਾਬ ਦੇ ਪੇਂਡੂ ਖੇਤਰਾਂ ਵਿੱਚ ਬੀਜੇਪੀ ਦੀ ਵੱਧ ਰਹੀ ਤਾਕਤ ਅਤੇ ਕਿਸਾਨ ਵਰਗ ਦੇ ਹੱਕਾਂ ਦੀ ਰੱਖਿਆ ਲਈ ਇਸ ਦੇ ਪੱਕੇ ਇਰਾਦੇ ਦਾ ਪ੍ਰਦਰਸ਼ਨ ਹੋਇਆ। ਪੰਜਾਬ ਬੀਜੇਪੀ ਦੇ ਪ੍ਰਧਾਨ ਸੁਨੀਲ ਜਾਖੜ ਨੇ ਆਪ 'ਤੇ ਜ਼ੋਰਦਾਰ ਹਮਲਾ ਬੋਲਦੇ ਹੋਏ, ਇਸ ਵਿਵਾਦਿਤ ਲੈਂਡ ਪੂਲਿੰਗ ਨੀਤੀ ਨੂੰ ਕਿਸਨੇ ਬਣਾਇਆ, ਇਸ ਬਾਰੇ ਸਪਸ਼ਟਤਾ ਦੀ ਮੰਗ ਕੀਤੀ। ਉਨ੍ਹਾਂ ਕਿਹਾ ਕਿ ਇਹ ਹੈਰਾਨੀਜਨਕ ਹੈ ਕਿ ਬਾਹਰਲੇ ਲੋਕ ਪੰਜਾਬ ਸਰਕਾਰ ਚਲਾ ਰਹੇ ਹਨ। ਇਹ ਨੀਤੀ ਜਾਂ ਤਾਂ ਕੇਜਰੀਵਾਲ ਜਾਂ ਮਨੀਸ਼ ਸਿਸੋਦੀਆ ਨੇ ਬਣਾਈ ਸੀ, ਜਦੋਂ ਕਿ ਪੰਜਾਬ ਦੇ ਮੁੱਖ ਸਕੱਤਰ ਨੂੰ ਇਸ ਕਮੇਟੀ ਦਾ ਚੇਅਰਮੈਨ ਬਣਾਇਆ ਗਿਆ ਸੀ। ਨਾ ਤਾਂ ਮੁੱਖ ਮੰਤਰੀ ਅਤੇ ਨਾ ਹੀ ਉਨ੍ਹਾਂ ਦਾ ਕੈਬਨਿਟ ਇਸ ਵਿੱਚ ਸ਼ਾਮਲ ਸੀ, ਪਰ ਇਸ ਦੀ ਕੀਮਤ ਪੰਜਾਬੀਆਂ ਨੂੰ ਭੁਗਤਣੀ ਪੈ ਰਹੀ ਹੈ। ਉਨ੍ਹਾਂ ਕਿਹਾ ਕਿ ਕੇਜਰੀਵਾਲ ਪੰਜਾਬ ਦੇ ਪ੍ਰਾਕਸੀ ਸੀਐਮ ਵਜੋਂ ਕੰਮ ਕਰ ਰਿਹਾ ਹੈ ਜਦਕਿ ਪੰਜਾਬੀਆਂ ਨੇ ਭਗਵੰਤ ਮਾਨ ਨੂੰ ਵੋਟ ਦਿੱਤੀ ਸੀ। ਉਨ੍ਹਾਂ ਕਿਹਾ, "ਮੈਂ ਸਾਰੇ ਕਿਸਾਨਾਂ ਅਤੇ ਬੀਜੇਪੀ ਕਾਰਕੁਨਾਂ ਦਾ ਧੰਨਵਾਦ ਕਰਦਾ ਹਾਂ, ਤੁਹਾਡੇ ਅਥੱਕ ਯਤਨਾਂ ਅਤੇ ਦਬਾਅ ਕਾਰਨ ਹੀ ਇਹ




ਬੇਕਾਰ ਅਤੇ ਕਿਸਾਨ ਵਿਰੋਧੀ ਨੀਤੀ ਅੰਤ ਵਿੱਚ ਵਾਪਸ ਲੈ ਲਈ ਗਈ ਹੈ।"

ਪੰਜਾਬ ਬੀਜੇਪੀ ਦੇ ਕਾਰਜਕਾਰੀ ਪ੍ਰਧਾਨ ਅਸ਼ਵਨੀ ਸ਼ਰਮਾ ਨੇ ਕਿਹਾ ਕਿ ਬੀਜੇਪੀ ਦਾ ਬਲਾਕ ਅਤੇ ਤਹਿਸੀਲ ਪੱਧਰ 'ਤੇ ਲਗਾਤਾਰ ਸੰਘਰਸ਼ ਹੀ ਸਰਕਾਰ ਨੂੰ ਆਪਣੇ ਕਿਸਾਨ ਵਿਰੋਧੀ ਏਜੰਡੇ ਨੂੰ ਵਾਪਸ ਲੈਣ ਲਈ ਮਜਬੂਰ ਕਰਨ ਵਿੱਚ ਕਾਮਯਾਬ ਰਿਹਾ। ਉਨ੍ਹਾਂ ਕਿਹਾ, "ਆਪ ਦੀ ਮਿਆਦ ਪੁੱਗ ਗਈ ਹੈ। ਪੰਜਾਬ ਦੇ ਲੋਕ ਅਸਲੀ ਬਦਲਾਅ ਲਈ ਮੋਦੀ ਸਰਕਾਰ ਮੰਗ ਰਹੇ ਹਨ। ਆਪ ਦੇ 24 ਫਸਲਾਂ 'ਤੇ ਐੱਮਐੱਸਪੀ (ਘੱਟੋ-ਘੱਟ ਸਮਰਥਨ ਮੁੱਲ) ਵਰਗੇ ਵਾਅਦੇ ਵੀ ਅਧੂਰੇ ਰਹਿ ਗਏ ਹਨ। ਪੰਜਾਬ ਨੂੰ ਆਪਣੇ ਛੋਟੇ ਭਰਾ ਹਰਿਆਣਾ ਜਿੱਥੇ ਬੀਜੇਪੀ ਦਾ ਰਾਜ ਹੈ - ਵੱਲ ਦੇਖਣਾ ਚਾਹੀਦਾ ਹੈ, ਜੋ ਕਿਸਾਨਾਂ ਨੂੰ ਸਾਰੀਆਂ ਸਬਜ਼ੀਆਂ ਅਤੇ ਫਲਾਂ 'ਤੇ ਐੱਮਐੱਸਪੀ ਦਿੰਦਾ ਹੈ। ਅੱਜ, ਰੋਡਵੇਅ ਕਰਮਚਾਰੀ, ਅਧਿਆਪਕ, ਡਾਕਟਰ ਆਦਿ - ਸਾਰੇ ਸੜਕਾਂ ਉਤੇ ਵਿਰੋਧ ਕਰ ਰਹੇ ਹਨ। ਆਪ ਨੇ ਸਮੁੱਚੀ ਪ੍ਰਸ਼ਾਸਨ ਪ੍ਰਣਾਲੀ ਨੂੰ ਅਵਿਵਸਥਾ ਵਿੱਚ ਸੁੱਟ ਦਿੱਤਾ ਹੈ, ਅਤੇ ਰਾਜ ਵਿੱਚ ਪ੍ਰਸ਼ਾਸਨ ਪੂਰੀ ਤਰ੍ਹਾਂ ਢਹਿ ਗਿਆ ਹੈ। ਬੀਜੇਪੀ ਹਰ ਵਿਧਾਨ ਸਭਾ ਹਲਕੇ ਵਿੱਚ ਹਰ ਪੰਜਾਬੀ ਦੀ ਆਵਾਜ਼ ਉਠਾਉਂਦੀ ਰਹੇਗੀ।" ਬੀਜੇਪੀ ਦੇ ਕੌਮੀ ਮਹਾਸਚਿਵ ਤਰੁਣ ਚੁਘ ਨੇ ਨੀਤੀ ਵਾਪਸੀ ਨੂੰ "ਪੰਜਾਬੀਅਤ ਦੀ ਜਿੱਤ" ਦੱਸਿਆ। ਉਨ੍ਹਾਂ ਆਪ 'ਤੇ ਹਮਲਾ ਕਰਦੇ ਹੋਏ ਕਿਹਾ ਕਿ ਇਸ ਨੇ ਪੰਜਾਬ ਨੂੰ ਆਪਣੀ ਦਿੱਲੀ ਦੀ ਸਿਆਸਤ ਨੂੰ ਫੰਡ ਕਰਨ ਲਈ "ਏਟੀਐੱਮ" ਬਣਾ ਦਿੱਤਾ ਹੈ। ਉਨ੍ਹਾਂ ਕਿਹਾ, "ਮੁੱਖ ਮੰਤਰੀ ਭਗਵੰਤ ਮਾਨ ਆਪਣੇ ਆਪ ਨੂੰ ਇੱਕ ਕਠਪੁਤਲੀ ਸੀਐਮ ਵਿੱਚ ਬਦਲ ਚੁੱਕੇ ਹਨ, ਜੋ ਮਨੀਸ਼ ਸਿਸੋਦੀਆ ਅਤੇ ਸਤਿੰਦਰ ਜੈਨ ਵਰਗੇ ਨੇਤਾਵਾਂ ਦੇ ਇਸ਼ਾਰਿਆਂ 'ਤੇ ਨੱਚ ਰਹੇ ਹਨ, ਜਿਹੜੇ ਦੋਵੇਂ ਪਹਿਲਾਂ ਹੀ ਜੇਲ੍ਹ ਦੀਆਂ ਸਜ਼ਾਵਾਂ ਕੱਟ ਚੁੱਕੇ ਹਨ। ਆਪ ਵੱਲੋਂ ਪੰਜਾਬ ਲੋਕਾਂ ਲਈ ਨਹੀਂ, ਸਗੋਂ ਮਾਫੀਆ ਅਤੇ ਭ੍ਰਿਸ਼ਟ ਨੇਤਾਵਾਂ ਲਈ ਚਲਾਇਆ ਜਾ ਰਿਹਾ ਹੈ।" ਕੇਂਦਰੀ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਲੈਂਡ ਪੂਲਿੰਗ ਨੀਤੀ ਰੱਦ ਕਰਨ ਨੂੰ ਪੰਜਾਬ ਦੇ ਕਿਸਾਨਾਂ ਲਈ ਇੱਕ ਐਤਿਹਾਸਿਕ ਜਿੱਤ ਦੱਸਿਆ। ਉਨ੍ਹਾਂ ਕਿਹਾ, "ਇਹ ਸਿਰਫ਼ ਇੱਕ ਰਾਜਨੀਤਿਕ ਸਫਲਤਾ ਨਹੀਂ ਹੈ ਬਲਕਿ ਸਾਡੀ ਜ਼ਮੀਨ ਲਈ ਲੜਾਈ ਹੈ, ਅਤੇ ਇਹ ਹਰੇਕ ਕਿਸਾਨ ਦੀ ਜਿੱਤ ਹੈ। ਸਿਰਫ਼ ਬੀਜੇਪੀ ਹੀ ਪੰਜਾਬ ਨੂੰ ਵਧ ਰਹੇ ਕਰਜ਼ੇ ਤੋਂ ਮੁਕਤ ਕਰਾ ਸਕਦੀ ਹੈ ਅਤੇ ਲੋਕ ਪੱਖੀ ਕਲਿਆਣਕਾਰੀ ਯੋਜਨਾਵਾਂ ਅਤੇ ਵਿਕਾਸ-ਅਧਾਰਿਤ ਪ੍ਰਸ਼ਾਸਨ ਰਾਹੀਂ ਅਸਲੀ ਰਾਹਤ ਦੇ ਸਕਦੀ ਹੈ।"

ਸਾਬਕਾ ਕੇਂਦਰੀ ਮੰਤਰੀ ਸ੍ਰੀਮਤੀ ਪ੍ਰਨੀਤ ਕੌਰ ਨੇ ਕਿਸਾਨਾਂ ਅਤੇ ਬੀਜੇਪੀ ਕਾਰਕੁਨਾਂ ਦਾ ਧੰਨਵਾਦ ਕੀਤਾ, ਕਿਹਾ, "ਅੱਜ ਇੱਥੇ ਦਿਖਾਈ ਦੇ ਰਹੀ ਤਾਕਤ ਪੰਜਾਬ ਵਿੱਚ ਬੀਜੇਪੀ ਪਰਿਵਾਰ ਦੀ ਸ਼ਕਤੀ ਨੂੰ ਦਰਸਾਉਂਦੀ ਹੈ। ਅਸੀਂ ਹਮੇਸ਼ਾ ਆਪਣੇ ਲੋਕਾਂ ਨਾਲ ਖੜ੍ਹੇ ਰਹੇ ਹਾਂ, ਅਤੇ ਇਹ ਰੈਲੀ ਇਸ ਗੱਲ ਦਾ ਸਬੂਤ ਹੈ ਕਿ 2027 ਦੇ ਵਿਧਾਨ ਸਭਾ ਚੋਣਾਂ ਵਿੱਚ ਬੀਜੇਪੀ ਜਿੱਤ ਦੇ ਰਸਤੇ 'ਤੇ ਹੈ। ਇਹ ਸੱਚਮੁੱਚ ਸਾਡੇ ਕਿਸਾਨਾਂ ਅਤੇ ਪੰਜਾਬ ਦੀ ਜਿੱਤ ਹੈ।" ਰਾਜਪੁਰਾ ਵਿਖੇ 'ਕਿਸਾਨ ਮਜ਼ਦੂਰ ਫਤਿਹ ਰੈਲੀ' ਨੇ ਇੱਕ ਸਪਸ਼ਟ ਸੁਨੇਹਾ ਦਿੱਤਾ ਕਿ ਪੰਜਾਬ ਦੇ ਕਿਸਾਨ ਆਪ ਦੇ ਹੇਠਾਂ ਆਪਣੀ ਜ਼ਮੀਨ ਅਤੇ ਅਧਿਕਾਰਾਂ ਨਾਲ ਸਮਝੌਤਾ ਨਹੀਂ ਹੋਣ ਦੇਣਗੇ। ਬੀਜੇਪੀ ਨੇ ਪੰਜਾਬ ਦੇ ਲੋਕਾਂ ਤੇ ਕਿਸਾਨ ਵਰਗ ਦੀ ਸੱਚੀ ਆਵਾਜ਼ ਵਜੋਂ ਖੜ੍ਹੇ ਰਹਿਣ ਦੀ ਆਪਣੀ ਪ੍ਰਤੀਬੱਧਤਾ ਨੂੰ ਦੁਹਰਾਇਆ। ਇਸ ਮੌਕੇ 'ਤੇ ਸਾਬਕਾ ਮੰਤਰੀ ਮਨਪ੍ਰੀਤ ਸਿੰਘ ਬਾਦਲ, ਸਾਬਕਾ ਮੰਤਰੀ ਸੁਰਜੀਤ ਜੈਣੀ, ਸਾਬਕਾ ਸੀ.ਪੀ.ਐਸ. ਕੇ.ਡੀ. ਭੰਡਾਰੀ, ਰਾਜ ਜਨਰਲ ਸਕੱਤਰ ਅਨੀਲ ਸਰੀਨ, ਰਾਜ ਉਪ ਪ੍ਰਧਾਨ ਬਿਕਰਮ ਚੀਮਾ, ਸੁਭਾਸ਼ ਸ਼ਰਮਾ ਤੇ ਫਤੇਹ ਜੰਗ ਸਿੰਘ ਬਾਜਵਾ, ਰਾਜ ਮਹਿਲਾ ਮੋਰਚਾ ਪ੍ਰਧਾਨ ਜੈ ਇੰਦਰ ਕੌਰ, ਰਾਜ ਮੀਡੀਆ ਪ੍ਰਮੁੱਖ ਭਾਜਪਾ ਪੰਜਾਬ ਵਿਨੀਤ ਜੋਸ਼ੀ, ਰਾਜ ਬੁਲਾਰੇ ਪ੍ਰਿਥਪਾਲ ਸਿੰਘ ਬਾਲਿਆਵਾਲ, ਰਾਜਪੁਰਾ ਇੰਚਾਰਜ ਜਗਦੀਸ਼ ਕੁਮਾਰ ਜੱਗਾ, ਜ਼ਿਲ੍ਹਾ ਪ੍ਰਧਾਨ ਜਸਪਾਲ ਗਗਰੋਲੀ, ਹਰਮੇਸ਼ ਗੋਯਲ, ਵਿਜੈ ਕੁਮਾਰ ਕੁਕਾ, ਬਿਕਰਮਿੰਦਰਜੀਤ ਸਿੰਘ ਚਾਹਲ, ਹਰਦਰਪਾਲ ਸਿੰਘ, ਸੁਰਿੰਦਰ ਸਿੰਘ ਖੇੜਕੀ ਅਤੇ ਨਾਰਾਇਣ ਸਿੰਘ ਨਰਸੋਟ, ਬਰਿੰਦਰ ਬਿੱਟੂ ਹਾਜ਼ਰ ਸਨ।

# ਸੁਪਰੀਮ ਕੋਰਟ ਦੇ ਹੁਕਮਾਂ ਅਨੁਸਾਰ ਸਾਲਾਂ ਤੋਂ ਜੇਲ੍ਹਾਂ 'ਚ ਬੰਦ ਸਿੱਖ ਕੈਦੀਆਂ ਨੂੰ ਰਿਹਾ ਕਰੇ ਸਰਕਾਰ : ਕਾਲਕਾ

ਨਵੀਂ ਦਿੱਲੀ, 17 ਅਗਸਤ (ਅੰਮ੍ਰਿਤਪਾਲ ਸਿੰਘ): ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ



ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਨੇ ਅੱਜ ਮੰਗ ਕੀਤੀ ਕਿ ਬੰਦੀ ਸਿੱਖਾਂ ਨੂੰ, ਜੋ ਪਿਛਲੇ 30-35 ਸਾਲਾਂ ਤੋਂ ਦੇਸ਼ ਦੀਆਂ ਵੱਖ-ਵੱਖ ਜੇਲ੍ਹਾਂ ਵਿੱਚ ਬੰਦ ਹਨ ਅਤੇ ਆਪਣੀ ਸਜ਼ਾ ਪੂਰੀ ਕਰ ਚੁੱਕੇ ਹਨ, ਤੁਰੰਤ ਰਿਹਾ ਕੀਤਾ ਜਾਵੇ। ਕਾਲਕਾ ਨੇ ਕਿਹਾ ਕਿ ਇਹ ਮੰਗ 12 ਅਗਸਤ ਨੂੰ ਸੁਪਰੀਮ ਕੋਰਟ ਵੱਲੋਂ ਦਿੱਤੇ ਗਏ ਆਦੇਸ਼ਾਂ ਤੋਂ ਬਾਅਦ ਹੋਰ ਮਜ਼ਬੂਤ ਹੋ ਗਈ ਹੈ, ਜਿਸ ਵਿੱਚ ਅਦਾਲਤ ਨੇ ਚਿੰਤਾ ਪ੍ਰਗਟਾਈ ਕਿ ਕਈ ਕੈਦੀ ਸਜ਼ਾ ਪੂਰੀ ਕਰਨ ਤੋਂ ਬਾਅਦ ਵੀ ਜੇਲ੍ਹਾਂ 'ਚ ਡੱਕੇ ਹੋਏ ਹਨ। ਕੋਰਟ ਨੇ ਸਾਰੀਆਂ ਰਾਜ ਸਰਕਾਰਾਂ ਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਨੂੰ ਹੁਕਮ ਦਿੱਤਾ ਕਿ ਜਿਹੜਾ ਵੀ ਕੈਦੀ ਕਿਸੇ ਹੋਰ ਕੇਸ ਵਿੱਚ ਸ਼ਾਮਲ ਨਹੀਂ ਹੈ, ਉਸ ਨੂੰ ਤੁਰੰਤ ਰਿਹਾ ਕੀਤਾ ਜਾਵੇ।ਕਾਲਕਾ ਨੇ ਜ਼ੋਰ ਦਿੰਦਿਆਂ ਕਿਹਾ ਅਤੇ ਸਿੱਖ ਕੈਦੀਆਂ ਦੀ ਰਿਹਾਈ ਲਈ ਭਾਵੁਕ ਅਪੀਲ ਕੀਤੀ। ਹਰਮੀਤ ਸਿੰਘ ਕਾਲਕਾ ਨੇ ਕਿਹਾ ਕਿ ਸੁਪਰੀਮ ਕੋਰਟ ਨੇ ਹੋਰ ਵੀ ਸਪੱਸ਼ਟ ਕੀਤਾ ਕਿ 'ਜੇਕਰ ਕੋਈ ਦੋਸ਼ੀ ਹੋਰ ਕਿਸੇ ਕੇਸ ਵਿੱਚ ਸ਼ਾਮਲ ਨਹੀਂ ਹੈ ਤਾਂ ਉਸ ਦੀ ਰਿਹਾਈ ਲਈ ਹੁਕਮ ਜਾਰੀ ਕੀਤੇ ਜਾਣ। ਇਸਦੇ ਨਾਲ ਹੀ ਇੱਕ ਨਕਲ ਰਾਸ਼ਟਰੀ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਮੈਂਬਰ ਸਕੱਤਰ ਨੂੰ ਭੇਜੀ ਜਾਵੇ, ਤਾਂ ਜੋ ਇਹ ਆਦੇਸ਼ ਸਾਰੇ ਰਾਜਾਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਦੀਆਂ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਮੈਂਬਰ ਸਕੱਤਰਾਂ ਨੂੰ ਭੇਜਿਆ ਜਾ ਸਕੇ ਅਤੇ ਉਹ ਆਪਣੇ-ਆਪਣੇ ਜ਼ਿਲ੍ਹਾ ਕਾਨੂੰਨੀ ਸੇਵਾ ਅਥਾਰਟੀ ਰਾਹੀਂ ਇਸ ਫੈਸਲੇ ਨੂੰ ਲਾਗੂ ਕਰ ਸਕਣ।'

ਕਾਲਕਾ ਨੇ ਕਿਹਾ ਤੇ ਵੱਖ-ਵੱਖ ਰਾਜ ਸਰਕਾਰਾਂ ਅਤੇ ਕੇਂਦਰ ਨੂੰ ਅਪੀਲ ਕੀਤੀ ਕਿ ਬੰਦੀ ਸਿੱਖਾਂ ਦੀ ਰਿਹਾਈ ਲਈ ਬਕਾਇਆ ਮਾਮਲਿਆਂ ਨੂੰ ਤੁਰੰਤ ਨਿਪਟਾਇਆ ਜਾਵੇ।

# ਪੰਜਾਬ ਸਰਕਾਰ ਨੇ ਵਨ ਟਾਈਮ ਸੈਟਲਮੈਂਟ ਸਕੀਮ ਦੀ 31 ਤੱਕ ਵਧਾਈ : ਡਾ. ਰਵਜੋਤ ਸਿੰਘ

ਚੰਡੀਗੜ੍ਹ, 17 ਅਗਸਤ (ਚ.ਨ.ਸ.): ਪੰਜਾਬ ਸਰਕਾਰ ਨੇ ਪ੍ਰਾਪਰਟੀ ਟੈਕਸ ਡਿਫਾਲਟਰਾਂ ਲਈ ਵਨ ਟਾਈਮ ਸੈਟਲਮੈਂਟ ਸਕੀਮ (ਓ.ਟੀ.ਐਸ) ਦੀ ਤਾਰੀਖ 31 ਅਗਸਤ, 2025 ਤੱਕ ਵਧਾ ਦਿੱਤੀ ਹੈ। ਇਸ ਸਕੀਮ ਤਹਿਤ ਸਰਕਾਰ ਵੱਲੋਂ ਘੱਟ ਜੁਰਮਾਨੇ ਦੇ ਨਾਲ ਬਕਾਇਆ ਟੈਕਸ ਅਦਾ ਕਰਨ ਮੌਕਾ ਦਿੱਤਾ ਗਿਆ ਹੈ।



ਇਹ ਪ੍ਰਗਟਾਵਾ ਕਰਦਿਆਂ ਪੰਜਾਬ ਦੇ ਸਥਾਨਕ ਸਰਕਾਰਾਂ ਮੰਤਰੀ ਡਾ. ਰਵਜੋਤ ਸਿੰਘ ਨੇ ਦੱਸਿਆ ਕਿ ਸੂਬਾ ਸਰਕਾਰ ਨੇ ਵਨ ਟਾਈਮ ਸੈਟਲਮੈਂਟ ਸਕੀਮ ਜੋ ਕਿ ਪਹਿਲਾਂ 15 ਅਗਸਤ ਤੱਕ ਲਾਗੂ ਸੀ, ਨੂੰ 31 ਅਗਸਤ, 2025 ਤੱਕ ਵਧਾ ਦਿੱਤਾ ਹੈ। ਉਨ੍ਹਾਂ ਕਿਹਾ ਕਿ ਜਾਇਦਾਦ ਮਾਲਕਾਂ ਲਈ ਹੁਣ 31 ਅਗਸਤ ਤੱਕ ਬਕਾਇਆ ਪ੍ਰਾਪਰਟੀ ਟੈਕਸ ਜ਼ਮ੍ਹਾਂ ਕਰਾਉਣ 'ਤੇ ਵਿਆਜ ਪੈਨਲਟੀ ਮੁਆਫ਼ ਹੋਵੇਗੀ। ਕੈਬਨਿਟ ਮੰਤਰੀ ਨੇ ਦੱਸਿਆ ਕਿ ਇਹ ਸਕੀਮ ਸਮੁੱਚੇ ਅਦਾਇਗੀ ਨਾ ਕੀਤੇ ਅਤੇ ਅੰਸ਼ਕ ਤੌਰ 'ਤੇ ਅਦਾ ਕੀਤੇ ਗਏ ਪ੍ਰਾਪਰਟੀ ਟੈਕਸਾਂ 'ਤੇ ਲਾਗੂ ਹੁੰਦੀ ਹੈ। ਉਨ੍ਹਾਂ ਦੱਸਿਆ ਕਿ ਜਾਇਦਾਦ ਮਾਲਕ ਭੁਗਤਾਨ ਦੀ ਸਮਾਂ-ਸੀਮਾ ਦੇ ਆਧਾਰ 'ਤੇ ਵਿਆਜ ਅਤੇ ਜੁਰਮਾਨੇ 'ਤੇ ਛੋਟ ਦੇ ਨਾਲ ਆਪਣੇ ਬਕਾਇਆ ਟੈਕਸਾਂ ਦਾ ਭੁਗਤਾਨ ਕਰ ਸਕਦੇ ਹਨ।

ਸਥਾਨਕ ਸਰਕਾਰਾਂ ਮੰਤਰੀ ਨੇ ਦੱਸਿਆ ਕਿ ਓ.ਟੀ.ਐਸ ਸਕੀਮ ਸ਼ੁਰੂ ਵਿੱਚ 15 ਮਈ ਤੋਂ 15 ਅਗਸਤ, 2025 ਤੱਕ ਉਪਲੱਬਧ ਸੀ, ਜਿਸਨੂੰ 31 ਅਗਸਤ, 2025 ਤੱਕ ਵਧਾ ਦਿੱਤਾ ਗਿਆ ਹੈ। ਉਨ੍ਹਾਂ ਦੱਸਿਆ ਕਿ 31 ਅਗਸਤ, 2025 ਤੋਂ ਬਾਅਦ, ਬਕਾਇਆ ਪ੍ਰਾਪਰਟੀ ਟੈਕਸ ਭੁਗਤਾਨਾਂ 'ਤੇ 50 ਫੀਸਦੀ ਜੁਰਮਾਨਾ ਲਾਗੂ ਹੋ ਜਾਵੇਗਾ।

ਕੈਬਨਿਟ ਮੰਤਰੀ ਨੇ ਅੱਗੇ ਦੱਸਿਆ ਕਿ ਜਾਇਦਾਦ ਮਾਲਕ ਪੂਰਾ ਜੁਰਮਾਨਾ ਅਤੇ ਵਿਆਜ ਅਦਾ ਕੀਤੇ ਬਿਨਾਂ ਆਪਣੇ ਬਕਾਇਆ ਟੈਕਸਾਂ ਦਾ ਨਿਪਟਾਰਾ ਕਰ ਸਕਦੇ ਹਨ। ਉਨ੍ਹਾਂ ਦੱਸਿਆ ਕਿ ਇਸ ਸਕੀਮ ਦਾ ਉਦੇਸ਼ ਪ੍ਰਾਪਰਟੀ ਮਾਲਕਾਂ ਨੂੰ ਆਪਣੇ ਬਕਾਏ ਦਾ ਭੁਗਤਾਨ ਕਰਨ ਅਤੇ ਹੋਰ ਜੁਰਮਾਨਿਆਂ ਤੋਂ ਬਚਣ ਲਈ ਉਤਸ਼ਾਹਿਤ ਕਰਨਾ ਹੈ।

ਇਸ ਸਕੀਮ ਦੀ ਭੁਗਤਾਨ ਪ੍ਰਕਿਰਿਆ ਸਬੰਧੀ ਜਾਣਕਾਰੀ ਦਿੰਦਿਆਂ ਡਾ. ਰਵਜੋਤ ਸਿੰਘ ਨੇ ਦੱਸਿਆ ਕਿ ਜਾਇਦਾਦ ਮਾਲਕ MSeva ਪੋਰਟਲ (mseva.lgpunjab.gov.in) ਰਾਹੀਂ ਆਪਣੇ ਟੈਕਸ ਆਨਲਾਈਨ ਅਦਾ ਕਰ ਸਕਦੇ ਹਨ ਜਾਂ ਆਪਣੇ ਸ਼ਹਿਰ ਦੇ ਨਗਰ ਨਿਗਮ ਦਫ਼ਤਰ ਜਾ ਸਕਦੇ ਹਨ।

ਉਨ੍ਹਾਂ ਦੱਸਿਆ ਕਿ ਸਾਰੀਆਂ ਜਾਇਦਾਦਾਂ ਦੇ ਮਾਲਕਾਂ ਲਈ ਆਪਣਾ ਪ੍ਰਾਪਰਟੀ ਟੈਕਸ ਰਿਟਰਨ ਭਰਨਾ ਲਾਜ਼ਮੀ ਹੈ।

# ਸ਼੍ਰੋਮਣੀ ਅਕਾਲੀ ਦਲ ਦਾ ਨਾਮ ਵਰਤਣ 'ਤੇ ਹੋਣ ਵਾਲੀ ਕਾਨੂੰਨੀ ਪ੍ਰਕਿਰਿਆ ਦਾ ਦੇਵਾਂਗੇ ਅਦਾਲਤਾਂ 'ਚ ਜਵਾਬ : ਗਿ. ਹਰਪ੍ਰੀਤ ਸਿੰਘ

ਫਤਿਹਗੜ੍ਹ ਸਾਹਿਬ, 17 ਅਗਸਤ (ਨਰਿੰਦਰ ਸਿੰਘ): ਨਵੇਂ ਬਣੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਜਥੇਦਾਰ ਹਰਪ੍ਰੀਤ ਸਿੰਘ ਨੇ ਪਿਛਲੇ ਕਾਫੀ ਸਮੇਂ ਤੋਂ ਨਰਾਜ਼ ਬੈਠੇ ਟਕਸਾਲੀ ਅਕਾਲੀਆਂ ਨੂੰ ਪਾਰਟੀ ਵਿੱਚ ਸ਼ਾਮਿਲ ਕਰਨ ਲਈ ਯਤਨ ਆਰੰਭੇ ਜਾਣਗੇ ਅਤੇ ਘਰ ਘਰ ਜਾ ਕੇ ਉਹਨਾਂ ਨੂੰ ਅਕਾਲੀ ਦਲ ਵਿੱਚ ਸ਼ਾਮਿਲ ਹੋਣ ਲਈ ਪ੍ਰੇਰਿਤ ਕੀਤਾ ਜਾਵੇਗਾ। ਫਤਿਹਗੜ੍ਹ ਸਾਹਿਬ ਪਹੁੰਚਣ ਤੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਦਾ ਰਵੀ ਰੋਜ਼ ਗਾਰਡਨ ਸ਼ਮਸ਼ੇਰ ਨਗਰ ਸਰਹੰਦ ਵਿਖੇ ਅਕਾਲੀ ਦਲ ਦੇ ਅਹੁਦੇਦਾਰਾਂ ਅਤੇ ਵਰਕਰਾਂ ਰਣਬੀਰ ਸਿੰਘ ਪੂਨੀਆਂ ਬੀਬੀਪੁਰ, ਦਰਬਾਰਾ ਸਿੰਘ ਰੰਧਾਵਾ, ਤੇ ਹੋਰ ਆਗੂਆਂ ਵੱਲੋਂ ਵਿਸ਼ੇਸ਼ ਸਨਮਾਨ ਕੀਤਾ ਗਿਆ।



ਉਨ੍ਹਾਂ ਕਿਹਾ ਕਿ ਆਉਣ ਵਾਲੀਆਂ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਸਬੰਧੀ ਬੋਲਦਿਆਂ ਕਿਹਾ ਕਿ ਇਸ ਨੂੰ ਪਾਰਟੀ ਮੰਚ ਤੇ ਬੈਠ ਕੇ ਵਿਚਾਰਿਆ ਜਾਵੇਗਾ। ਸ਼੍ਰੋਮਣੀ ਅਕਾਲੀ ਦਲ ਵੱਲੋਂ, ਸ਼੍ਰੋਮਣੀ ਅਕਾਲੀ ਦਲ ਦਾ ਨਾਮ ਵਰਤੇ ਜਾਣ ਸਬੰਧੀ ਦਿੱਤੀ ਗਈ ਚਿਤਾਵਨੀ ਨੂੰ ਲੈ ਕੇ ਬੋਲਦਿਆਂ ਜਥੇਦਾਰ ਹਰਪ੍ਰੀਤ ਸਿੰਘ ਨੇ ਕਿਹਾ ਕਿ ਉਹ ਹਰੇਕ ਪ੍ਰਕਾਰ ਦੀ ਕਾਨੂੰਨੀ ਪ੍ਰਕਿਰਿਆ ਨਾਲ ਨਜਿੱਠਣ ਲਈ ਤਿਆਰ ਹਨ ਤੇ ਜੇਕਰ ਅਜਿਹਾ ਹੁੰਦਾ ਹੈ ਤਾਂ ਇਸ ਦਾ ਜਵਾਬ ਅਦਾਲਤਾਂ ਵਿੱਚ ਦਿੱਤਾ ਜਾਵੇਗਾ। ਸ਼੍ਰੋਮਣੀ ਅਕਾਲੀ ਦਲ ਦੇ ਨਵੇਂ ਬਣੇ ਪ੍ਰਧਾਨ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦਾ ਜਲਦ ਹੀ ਵਿਸਥਾਰ ਵੀ ਕਰ ਦਿੱਤਾ ਜਾਵੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਰਣਬੀਰ ਸਿੰਘ ਪੂਨੀਆਂ ਬੀਬੀਪੁਰ, ਦਰਬਾਰਾ ਸਿੰਘ ਰੰਧਾਵਾ, ਜੈ ਸਿੰਘ ਬਾੜਾ, ਮਨਦੀਪ ਸਿੰਘ ਤਰਖਾਣ ਮਾਜਰਾ ਅਤੇ ਹੋਰ ਆਗੂ ਵੀ ਹਾਜ਼ਰ ਸਨ।

# 'ਯੁੱਧ ਨਸ਼ਿਆਂ ਵਿਰੁੱਧ' ਦੇ 169ਵੇਂ ਦਿਨ 286 ਥਾਵਾਂ 'ਤੇ ਛਾਪੇਮਾਰੀ 57 ਨਸ਼ਾ ਤਸਕਰ ਕਾਬੂ

ਚੰਡੀਗੜ੍ਹ, 17 ਅਗਸਤ (ਚ.ਨ.ਸ.): ਸੂਬੇ ਵਿੱਚੋਂ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ 'ਤੇ ਵਿੱਢੇ ਗਏ "ਯੁੱਧ ਨਸ਼ਿਆਂ ਵਿਰੁੱਧ" ਦੇ 169ਵੇਂ ਦਿਨ ਪੰਜਾਬ ਪੁਲਿਸ ਨੇ ਅੱਜ 286 ਥਾਵਾਂ 'ਤੇ ਛਾਪੇਮਾਰੀ ਕੀਤੀ, ਜਿਸ ਉਪਰੰਤ ਸੂਬੇ ਭਰ ਵਿੱਚ 42 ਐਫਆਈਆਰਜ਼ ਦਰਜ ਕਰਕੇ 57 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ। ਇਸ ਨਾਲ 169 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 26, 023 ਹੋ ਗਈ ਹੈ। ਇਹਨਾਂ ਛਾਪੇਮਾਰੀਆਂ ਦੇ ਨਤੀਜੇ ਵਜੋਂ ਗ੍ਰਿਫ਼ਤਾਰ ਕੀਤੇ ਗਏ ਨਸ਼ਾ ਤਸਕਰਾਂ ਦੇ ਕਬਜ਼ੇ ਵਿੱਚੋਂ 461 ਗ੍ਰਾਮ ਹੈਰੋਇਨ, 415 ਨਸ਼ੀਲੀਆਂ ਗੋਲੀਆਂ/ਕੈਪਸੂਲ ਅਤੇ 31,550 ਦੀ ਡਰੱਗ ਮਨੀ ਬਰਾਮਦ ਕੀਤੀ ਗਈ ਹੈ। ਇਹ ਆਪ੍ਰੇਸ਼ਨ ਡਾਇਰੈਕਟਰ ਜਨਰਲ ਆਫ ਪੁਲਿਸ (ਡੀਜੀਪੀ) ਗੌਰਵ ਯਾਦਵ ਦੇ ਨਿਰਦੇਸ਼ਾਂ 'ਤੇ ਸੂਬੇ ਦੇ ਸਾਰੇ 28 ਜ਼ਿਲ੍ਹਿਆਂ 'ਚ ਇੱਕੋ ਸਮੇਂ ਚਲਾਇਆ ਗਿਆ।

ਜ਼ਿਕਰਯੋਗ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੁਲਿਸ ਕਮਿਸ਼ਨਰਾਂ, ਡਿਪਟੀ ਕਮਿਸ਼ਨਰਾਂ ਅਤੇ ਐਸ.ਐਸ.ਪੀਜ਼ ਨੂੰ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਦੇ ਹੁਕਮ ਦਿੱਤੇ ਹਨ। ਪੰਜਾਬ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਜੰਗ ਦੀ ਨਿਗਰਾਨੀ ਲਈ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੀ ਅਗਵਾਈ ਹੇਠ 5 ਮੈਂਬਰੀ ਕੈਬਨਿਟ ਸਬ ਕਮੇਟੀ ਵੀ ਬਣਾਈ ਗਈ ਹੈ। ਵਿਸ਼ੇਸ਼ ਡੀਜੀਪੀ ਕਾਨੂੰਨ ਅਤੇ ਵਿਵਸਥਾ ਅਰਪਿਤ ਸ਼ੁਕਲਾ ਨੇ ਜਾਣਕਾਰੀ ਦਿੱਤੀ ਕਿ 59 ਗਜ਼ਟਿਡ ਅਧਿਕਾਰੀਆਂ ਦੀ ਨਿਗਰਾਨੀ ਹੇਠ 1000 ਤੋਂ ਵੱਧ ਪੁਲਿਸ ਕਰਮਚਾਰੀਆਂ ਵਾਲੀਆਂ 120 ਤੋਂ ਵੱਧ ਪੁਲਿਸ ਟੀਮਾਂ ਨੇ ਰਾਜ ਭਰ ਵਿੱਚ ਛਾਪੇਮਾਰੀ ਕੀਤੀ ਹੈ। ਉਨ੍ਹਾਂ ਅੱਗੇ ਦੱਸਿਆ ਕਿ ਦਿਨ ਭਰ ਚੱਲੇ ਇਸ ਆਪ੍ਰੇਸ਼ਨ ਦੌਰਾਨ ਪੁਲਿਸ ਟੀਮਾਂ ਨੇ 335 ਸ਼ੱਕੀ ਵਿਅਕਤੀਆਂ ਦੀ ਜਾਂਚ ਵੀ ਕੀਤੀ ਹੈ। ਸਪੈਸ਼ਲ ਡੀਜੀਪੀ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸੂਬੇ 'ਚੋਂ ਨਸ਼ਿਆਂ ਦੇ ਖਾਤਮੇ ਲਈ ਤਿੰਨ-ਪੱਖੀ ਰਣਨੀਤੀ-ਇਨਫੋਰਸਮੈਂਟ, ਡੀ-ਅਡਿਕਸ਼ਨ ਅਤੇ ਪ੍ਰੀਵੈਂਸ਼ਨ (ਈਡੀਪੀ) - ਲਾਗੂ ਕੀਤੀ ਗਈ ਹੈ ਅਤੇ ਪੰਜਾਬ ਪੁਲਿਸ ਨੇ ਇਸ ਰਣਨੀਤੀ ਦੇ ਹਿੱਸੇ ਵਜੋਂ 45 ਵਿਅਕਤੀਆਂ ਨੂੰ ਨਸ਼ਾ ਛੱਡਣ ਅਤੇ ਮੁੜ ਵਸੇਬੇ ਦਾ ਇਲਾਜ ਲੈਣ ਲਈ ਰਾਜ਼ੀ ਕੀਤਾ ਹੈ।

# ਆਰ.ਆਈ.ਐਮ.ਸੀ. ਦੇਹਰਾਦੂਨ ਟਰਮ ਦਾਖ਼ਲੇ ਦੀ ਆਖ਼ਰੀ ਮਿਤੀ 15 ਅਕਤੂਬਰ

ਚੰਡੀਗੜ੍ਹ, 17 ਅਗਸਤ (ਚ.ਨ.ਸ.): ਡਾਇਰੈਕਟੋਰੇਟ ਰੱਖਿਆ ਸੇਵਾਵਾਂ ਭਲਾਈ, ਪੰਜਾਬ ਦੇ ਇੱਕ ਬੁਲਾਰੇ ਨੇ ਦੱਸਿਆ ਕਿ ਰਾਸ਼ਟਰੀ ਇੰਡੀਅਨ ਮਿਲਟਰੀ ਕਾਲਜ (ਆਰ.ਆਈ.ਈ.ਸੀ.), ਦੇਹਰਾਦੂਨ ਵੱਲੋਂ ਜੁਲਾਈ, 2026 ਟਰਮ ਵਾਸਤੇ ਦਾਖ਼ਲੇ ਲਈ ਲਿਖਤੀ ਪ੍ਰਵੇਸ਼ ਪ੍ਰੀਖਿਆ 7 ਦਸੰਬਰ, 2025 (ਐਤਵਾਰ) ਨੂੰ ਲਾਲਾ ਲਾਜਪਤ ਰਾਏ ਭਵਨ, ਸੈਕਟਰ-15, ਚੰਡੀਗੜ੍ਹ ਵਿਖੇ ਕਰਵਾਈ ਜਾਵੇਗੀ।

**ਲਿਖਤੀ ਪ੍ਰੀਖਿਆ 7 ਦਸੰਬਰ ਨੂੰ**

ਸਰਕਾਰੀ ਬੁਲਾਰੇ ਨੇ ਅੱਗੇ ਦੱਸਿਆ ਕਿ ਪ੍ਰਾਸਪੈਕਟਸ-ਕਮ-ਅਰਜ਼ੀ ਫਾਰਮ www.rimc.gov.in 'ਤੇ ਆਨਲਾਈਨ ਭੁਗਤਾਨ ਰਾਹੀਂ ਜਾਂ ਕਮਾਂਡੈਂਟ RIMC ਫੰਡ ਦੇ ਹੱਕ 'ਚ ਡਿਮਾਂਡ ਡਰਾਫਟ ਦੇ ਨਾਲ ਇੱਕ ਲਿਖਤੀ ਬੇਨਤੀ ਭੇਜ ਕੇ ਪ੍ਰਾਪਤ ਕੀਤਾ ਜਾ ਸਕਦਾ ਹੈ। ਇਸ ਸਬੰਧੀ ਮੁਕੰਮਲ ਅਰਜ਼ੀਆਂ 15 ਅਕਤੂਬਰ, 2025 ਜਾਂ ਇਸ ਤੋਂ ਪਹਿਲਾਂ ਡਾਇਰੈਕਟੋਰੇਟ ਰੱਖਿਆ ਸੇਵਾਵਾਂ ਭਲਾਈ, ਪੰਜਾਬ, ਸੈਨਿਕ ਭਵਨ, ਸੈਕਟਰ 21-ਡੀ, ਚੰਡੀਗੜ੍ਹ ਵਿਖੇ ਪਹੁੰਚ ਜਾਣੀਆਂ ਚਾਹੀਦੀਆਂ ਹਨ। ਇਸ ਮਿਤੀ ਤੋਂ ਬਾਅਦ ਪ੍ਰਾਪਤ ਹੋਈਆਂ ਅਰਜ਼ੀਆਂ ਨੂੰ ਵਿਚਾਰਿਆ ਨਹੀਂ ਜਾਵੇਗਾ।

ਉਨ੍ਹਾਂ ਅੱਗੇ ਦੱਸਿਆ ਕਿ ਹੋਰ ਵਧੇਰੇ ਜਾਣਕਾਰੀ ਅਤੇ ਅਰਜ਼ੀ ਦੇ ਵੇਰਵਿਆਂ ਲਈ ਉਮੀਦਵਾਰ ਹੇਠ ਦਿੱਤੀਆਂ ਅਧਿਕਾਰਤ ਵੈੱਬਸਾਈਟਾਂ 'ਤੇ ਜਾ ਸਕਦੇ ਹਨ: www.rimc.gov.in, www.dsw.punjab.gov.in, https://admission.schoolmitra.com/#/admission/newEnquiry/6396eff3fc26e41841a5afd6.

# ਜਨਮ ਅਸ਼ਟਮੀ ਦਾ ਤਿਉਹਾਰ ਮੋਹਾਲੀ ਹਲਕੇ 'ਚ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ

ਮੋਹਾਲੀ 17 ਅਗਸਤ (ਹਰਦੀਪ ਕੌਰ): ਜਨਮ ਅਸ਼ਟਮੀ ਦੇ ਪਾਵਨ ਤਿਉਹਾਰ ਦੇ ਮੌਕੇ ਤੇ ਵਿਧਾਇਕ ਮੋਹਾਲੀ ਕੁਲਵੰਤ ਸਿੰਘ ਵੱਲੋਂ ਮੋਹਾਲੀ ਹਲਕੇ ਨਾਲ ਸੰਬੰਧਿਤ ਮੰਦਰਾਂ ਵਿਖੇ ਕਰਵਾਏ ਗਏ ਧਾਰਮਿਕ ਸਮਾਗਮਾਂ ਦੇ ਵਿੱਚ ਸ਼ਮੂਲੀਅਤ ਕੀਤੀ, ਮੰਦਰਾਂ ਵਿਖੇ ਨਤਮਸਤਕ ਹੋ ਕੇ ਸ਼ਰਧਾਲੂਆਂ ਨਾਲ ਸਾਂਝ ਪਾਈ, ਐਰੋਸਿਟੀ ਵਿਖੇ ਮੰਦਰ ਕਮੇਟੀਆਂ ਵੱਲੋਂ ਸਾਂਝੇ ਤੌਰ ਤੇ ਜਨਮ ਅਸ਼ਟਮੀ ਦੇ ਮੌਕੇ ਤੇ ਸ਼ੋਭਾ ਯਾਤਰਾ ਕੱਢੀ ਤੇ ਲੰਗਰ ਲਗਾਏ ਗਏ, ਇਸ ਤੋਂ ਇਲਾਵਾ ਵਿਧਾਇਕ ਕੁਲਵੰਤ ਸਿੰਘ ਵੱਲੋਂ ਮੰਦਰ ਠਾਕੁਰ ਦੁਆਰਾ-ਸੁਹਾਣਾ, ਮਟੌਰ ਵਿਖੇ ਸਥਿਤ ਮੰਦਿਰ ਬਾਲ ਭਾਰਤੀ, ਸ੍ਰੀ ਸੱਤ ਨਾਰਾਇਣ ਮੰਦਿਰ-ਮਟੌਰ ਤੇ ਫੇਸ -10 ਵਿਖੇ ਸਥਿਤ ਸ੍ਰੀ ਦੁਰਗਾ ਮੰਦਰ ਵਿਖੇ ਵੀ ਹਾਜ਼ਰੀ ਭਰੀ , ਇਸ ਮੌਕੇ ਤੇ ਵਿਧਾਇਕ ਕੁਲਵੰਤ ਸਿੰਘ ਨੇ ਸ਼ਮੂਲੀਅਤ ਦੇ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਅੱਜ ਦੇਸ਼ ਭਰ ਦੇ ਕੋਨੇ- ਕੋਨੇ ਵਿੱਚ ਜਨਮ ਅਸ਼ਟਮੀ ਦੇ ਮੌਕੇ ਤੇ ਸ਼ਰਧਾਲੂਆਂ ਵੱਲੋਂ ਵੱਡੀ ਪੱਧਰ ਤੇ ਬੜੀ ਹੀ ਸ਼ਰਧਾ ਅਤੇ ਉਤਸ਼ਾਹ ਦੇ ਨਾਲ



ਜਨਮ ਅਸ਼ਟਮੀ ਦਾ ਪਾਵਨ ਤਿਉਹਾਰ ਮਨਾਇਆ ਜਾ ਰਿਹਾ ਹੈ, ਭਗਵਾਨ ਕ੍ਰਿਸ਼ਨ ਜੀ ਨੇ ਗੀਤਾ ਦੇ ਵਿੱਚ ਜੋ ਉਪਦੇਸ਼ ਸਮੁੱਚੀ ਸਮਾਜਿਕ ਲੁਕਾਈ ਦੇ ਲਈ ਦਿੱਤੇ ਹਨ, ਸਾਨੂੰ ਉਹਨਾਂ ਤੇ ਅਮਲ ਕਰਨ ਦੀ ਜਰੂਰਤ ਹੈ, ਤਾਂ ਕਿ ਸਾਡਾ ਸਮਾਜਿਕ ਚੌਗਿਰਦਾ ਹਰਿਆ ਭਰਿਆ ਰਹੇ, ਵਿਧਾਇਕ ਕੁਲਵੰਤ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਉਹਨਾਂ ਨੇ ਹਲਕੇ ਦੇ ਮੰਦਰਾਂ ਦੇ ਵਿੱਚ ਹੋਏ ਧਾਰਮਿਕ ਸਮਾਗਮਾਂ ਦੇ ਵਿੱਚ ਸ਼ਿਰਕਤ ਕੀਤੀ ਹੈ, ਲੋਕਾਂ ਵੱਲੋਂ ਬੜੀ ਹੀ ਸ਼ਰਧਾ ਦੇ ਨਾਲ ਸ਼ੋਭਾ ਯਾਤਰਾ ਕੱਢੀ ਗਈ ਹੈ, ਤੇ ਥਾਂ-ਥਾਂ ਤੇ ਲੰਗਰ ਲਗਾਏ ਗਏ, ਸ਼ਰਧਾਲੂਆਂ ਵੱਲੋਂ ਇਹਨਾਂ ਸ਼ੋਭਾ ਯਾਤਰਾ ਦੇ ਦੌਰਾਨ ਸਵਾਗਤੀ ਗੇਟਾਂ ਤੇ ਸ਼ਰਧਾਲੂਆਂ ਦੇ 'ਚ ਪਾਇਆ ਜਾ ਰਿਹਾ ਉਤਸ਼ਾਹ ਵੇਖਿਆ ਹੀ ਬਣਦਾ ਸੀ, ਸ਼ਰਧਾਲੂਆਂ ਵੱਲੋਂ ਆਪ ਮੁਹਾਰੇ ਇੱਕ ਦੂਸਰੇ ਤੋਂ ਮੋਹਰੇ ਹੋ ਕੇ ਸੇਵਾ ਕੀਤੀ ਜਾ ਰਹੀ ਸੀ, ਵਿਧਾਇਕ ਕੁਲਵੰਤ ਸਿੰਘ ਹੋਰਾਂ ਕਿਹਾ ਕਿ ਸ਼ਰਧਾਲੂਆਂ ਵੱਲੋਂ ਜਨਮ ਅਸ਼ਟਮੀ ਦਾ ਤਿਉਹਾਰ ਆਪਸੀ ਸਦਭਾਵਨਾ ਦਾ ਪ੍ਰਤੀਕ ਹੈ ਅਤੇ ਲੋਕਾਂ ਵਿੱਚ ਅਜਿਹੇ ਤਿਉਹਾਰ ਸਾਂਝੇ ਤੌਰ ਤੇ ਮਨਾਏ ਜਾਣ ਦੇ ਚਲਦਿਆਂ ਆਪਸੀ ਭਾਈਚਾਰਕ ਸਾਂਝ ਹੋਰ ਮਜਬੂਤ ਹੁੰਦੀ ਹੈ, ਮੌਕੇ ਤੇ ਆਪ ਦੇ ਸੀਨੀਅਰ ਨੇਤਾ-ਕੁਲਦੀਪ ਸਿੰਘ ਸਮਾਣਾ, ਹਰਮੇਸ਼ ਸਿੰਘ ਕੁੰਬੜਾ, ਅਵਤਾਰ ਸਿੰਘ ਮੌਲੀ, ਭੁਪਿੰਦਰ ਸਿੰਘ, ਜਸਪਾਲ ਸਿੰਘ ਮਟੌਰ, ਬਲਜੀਤ ਸਿੰਘ ਹੈਪੀ ਵੀ ਹਾਜ਼ਰ ਸਨ।

# ਪੰਜਾਬ ਨੂੰ ਲਾਂਬੂ ਲਾਉਣ ਦੀਆਂ ਸਾਜ਼ਿਸ਼ਾਂ ਦਾ ਤੁਰੰਤ ਨੋਟਿਸ ਲੈਣ ਕੇਂਦਰੀ ਏਜੰਸੀਆਂ : ਪੁਰਖਾਲਵੀ

ਮੋਹਾਲੀ, 17 ਅਗਸਤ (ਹਰਦੀਪ ਕੌਰ): ਆਮ ਆਦਮੀ ਪਾਰਟੀ ਪੰਜਾਬ ਦੇ ਇੰਚਾਰਜ ਮਨੀਸ਼ ਸਿਸੋਦੀਆਂ ਵੱਲੋਂ ਬੀਤੇ ਦਿਨੀਂ ਮੁਹਾਲੀ ਵਿਖੇ ਇੱਕ ਮਹਿਲਾ ਸੰਮੇਲਨ ਦੌਰਾਨ ਦਿੱਤੇ ਗਏ ਇੱਕ ਵਿਵਾਦਿਤ ਬਿਆਨ ਪ੍ਰਤੀ ਸ਼੍ਰੋਮਣੀ ਅਕਾਲੀ ਦਲ ਨੇ ਕਾਫੀ ਨਰਾਜ਼ਗੀ ਜ਼ਾਹਰ ਕਰਦਿਆਂ ਸਮੂਹ ਪੰਜਾਬੀਆਂ ਨੂੰ ਉਨ੍ਹਾਂ ਦੇ ਮੁਕੰਮਲ ਬਾਈਕਾਟ ਦੀ ਅਪੀਲ ਕੀਤੀ ਹੈ। ਪਾਰਟੀ ਦੇ ਬੁਲਾਰੇ ਤੇ ਸੀਨੀਅਰ ਆਗੂ ਸ਼ਮਸ਼ੇਰ ਪੁਰਖਾਲਵੀ ਨੇ ਕਿਹਾ ਕਿ 'ਆਪ' ਆਗੂ ਮਨੀਸ਼ ਸਿਸੋਦੀਆਂ ਲੰਮਾ ਸਮਾਂ ਤਿਹਾੜ ਜੇਲ ਵਿੱਚ ਰਹਿਕੇ ਆਏ ਹਨ ਜਿੱਥੇ ਹਰ ਕਿਸਮ ਦਾ ਮੁਜ਼ਰਮ ਹਵਾਲਾਤੀ ਤੇ ਸਜ਼ਾ-ਯਾਫਤਾ ਮੌਜੂਦ ਹਨ ਸੁਭਾਵਿਕ ਹੈ ਕਿ ਜੇਲ ਵਿੱਚ ਸਿਸੋਦੀਆ ਦਾ ਇਨ੍ਹਾਂ ਗ਼ੈਰ-ਸਮਾਜਿਕ ਸ਼ਕਤੀਆਂ ਨਾਲ ਕੋਈ ਵਿਸ਼ੇਸ਼ ਗੱਠਜੋੜ ਬਣਿਆ ਹੋਵੇਗਾ। ਪੁਰਖਾਲਵੀ ਨੇ ਕਿਹਾ ਕਿ ਇਸੇ ਕੁਲਿਹਣੇ ਗੱਠਜੋੜ ਤੋਂ ਉਤਸ਼ਾਹਿਤ ਤੇ ਸ਼ਕਤੀਵਾਨ ਹੋਕੇ ਉਨ੍ਹਾਂ ਵੱਲੋਂ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਹਰ ਹੀਲੇ ਜਿੱਤਣ ਲਈ ਮਹਿਲਾਵਾਂ ਨੂੰ ਹਰ ਤਰ੍ਹਾਂ ਦੇ ਜੁਰਮ ਨੂੰ ਅਮਲ ਵਿੱਚ ਲਿਆਉਣ ਦਾ ਮੰਤਰ ਦਿੱਤਾ ਗਿਆ ਹੋਵੇ।

ਅਕਾਲੀ ਆਗੂ ਪੁਰਖਾਲਵੀ ਨੇ ਕਿਹਾ ਕਿ ਆਮ ਆਦਮੀ ਪਾਰਟੀ ਵੱਲੋਂ 2017



ਦੀਆਂ ਚੋਣਾਂ ਨੂੰ ਜਿੱਤਣ ਲਈ ਤੱਤਕਾਲੀ ਸੱਤਾਧਾਰੀ ਅਕਾਲੀ ਦਲ ਨੂੰ ਬਦਨਾਮ ਕਰਨ ਲਈ 2015 ਵਿੱਚ ਬੇਅਦਬੀਆਂ ਦੀ ਖੇਡ ਖੇਡੀ ਗਈ ਸੀ, ਜਿਸ ਕਾਰਨ ਉਨ੍ਹਾਂ ਦੇ ਦਿੱਲੀ ਤੋਂ ਵਿਧਾਇਕ ਨਰੇਸ਼ ਯਾਦਵ ਨੂੰ ਮਾਨਯੋਗ ਅਦਾਲਤ ਵੱਲੋਂ ਦੋ ਸਾਲ ਦੀ ਸਜ਼ਾ ਵੀ ਸੁਣਾਈ ਗਈ ਸੀ। ਮੌਜੂਦਾ ਸਮੇਂ ਮਨੀਸ਼ ਸਿਸੋਦੀਆ ਦਾ ਅਜਿਹਾ ਬਿਆਨ ਇਸ ਗੱਲ ਵੱਲ ਸਿੱਧਾ ਇਸ਼ਾਰਾ ਕਰਦਾ ਹੈ ਕਿ ਆਮ ਆਦਮੀ ਪਾਰਟੀ ਅਗਾਮੀ ਵਿਧਾਨ ਸਭਾ ਚੋਣਾਂ ਲੁੱਟਣ ਲਈ ਪੰਜਾਬ ਵਿੱਚ ਖ਼ੂਨੀ ਖੇਡ ਦੇ ਨਾਲ-ਨਾਲ ਫ਼ਿਰਕਾਪ੍ਰਸਤੀ ਦਾ ਪੱਤਾ ਖੇਡਣ ਲਈ ਕਮਰਕੱਸਾ ਕੱਸ ਚੁੱਕੀ ਹੈ ਜਿਸ ਦਾ ਕੇਂਦਰੀ ਅਜੈਂਸੀਆਂ ਨੂੰ ਤੁਰੰਤ ਨੋਟਿਸ ਲੈਂਦਿਆਂ ਉਨ੍ਹਾਂ ਵਿਰੁੱਧ ਫੌਜਦਾਰੀ ਮਾਮਲਾ ਦਰਜ ਕਰਕੇ ਉਨ੍ਹਾਂ ਦੀ ਜ਼ਮਾਨਤ ਵੀ ਰੱਦ ਕੀਤੀ ਜਾਵੇ। ਉਨ੍ਹਾਂ ਚੋਣ ਕਮਿਸ਼ਨ ਦੇ ਦਖਲ ਦੀ ਮੰਗ ਕਰਦਿਆਂ ਅਪੀਲ ਕੀਤੀ ਕਿ ਪਾਰਟੀ ਦੀ ਮਾਨਤਾ ਰੱਦ ਕੀਤੀ ਜਾਵੇ ਕਿਉਂਕਿ ਅਜਿਹੇ ਗਰੁੱਪ ਦੇਸ਼ ਅਤੇ ਸਮਾਜ ਲਈ ਗੰਭੀਰ ਖ਼ਤਰਾ ਖੜ੍ਹਾ ਕਰ ਸਕਦੇ ਹਨ।

ਪੁਰਖਾਲਵੀ ਨੇ ਸਮੂਹ ਪੰਜਾਬੀਆਂ ਨੂੰ ਅਪੀਲ ਕੀਤੀ ਕਿ ਉਹ ਇਨਕਲਾਬ ਦੇ ਚੋਲੇ ਵਿੱਚ ਛੁਪੇ ਇਨ੍ਹਾਂ ਮਵਾਲੀ ਗੁੰਡੇ ਅਤੇ ਮੁਜਰਮਾਂ ਦੀਆਂ ਪੰਜਾਬ ਤੇ ਲੋਕ-ਵਿਰੋਧੀ ਚਾਲਾਂ ਤੋਂ ਸੁਚੇਤ ਰਹਿਣ ਅਤੇ ਦਿੱਲੀ ਦੇ ਇਨ੍ਹਾਂ ਧਾੜਵੀਆਂ ਵੱਲੋਂ ਪੰਜਾਬੀਆਂ ਨੂੰ ਦਿੱਤੀ ਗਈ ਵੰਗਾਰ ਨੂੰ ਚੁਣੌਤੀ ਮੰਨਦੇ ਹੋਏ ਇਸ ਟੋਲੇ ਨੂੰ ਸੱਤਾ ਤੋਂ ਬਾਹਰ ਦਾ ਰਸਤਾ ਦਿਖਾਉਣ।

## ਸੰਪਾਦਕੀ

# ਸਾਈਬਰ ਧੋਖਾਧੜੀ

ਇਸ ਤਰ੍ਹਾਂ ਦੀਆਂ ਖ਼ਬਰਾਂ ਅਕਸਰ ਹੀ ਸੁਣਨ ਜਾਂ ਦੇਖਣ ਨੂੰ ਮਿਲ ਰਹੀਆਂ ਹਨ ਕਿ ਠੱਗ ਲੋਕਾਂ ਦੁਆਰਾ ਭੋਲ਼ੇ-ਭਾਲੇ ਲੋਕਾਂ ਨੂੰ ਡਿਜੀਟਲ ਅਰੈਸਟ ਕਰ ਕੇ ਠੱਗਿਆ ਜਾ ਰਿਹਾ ਹੈ। ਅਜਿਹੀ ਠੱਗੀ ਦਾ ਸ਼ਿਕਾਰ ਆਮ ਲੋਕ ਹੀ ਨਹੀਂ ਹੋ ਰਹੇ ਬਲਕਿ ਬਹੁਤ ਸਾਰੇ ਅਜਿਹੇ ਲੋਕ ਹਨ, ਜਿਨ੍ਹਾਂ ਦੇ ਵੱਡੇ-ਵੱਡੇ ਕਾਰੋਬਾਰ ਹਨ, ਜੋ ਪੜ੍ਹੇ-ਲਿਖੇ ਤੇ ਨੌਕਰੀਪੇਸ਼ਾ ਲੋਕ ਹਨ। ਜਾਗਰੂਕ ਵੀ ਹਨ। ਹੋਰ ਤਾਂ ਹੋਰ ਪਿਛਲੇ ਸਮੇਂ ਦੌਰਾਨ ਇਕ ਮੈਂਬਰ ਪਾਰਲੀਮੈਂਟ ਨੂੰ ਅਜਿਹੇ ਲੋਕਾਂ ਠੱਗੀ ਦਾ ਸ਼ਿਕਾਰ ਬਣਾਇਆ ਸੀ। ਇਸ ਸਬੰਧ ਵਿੱਚ ਸਰਕਾਰ ਵੱਲੋਂ ਲਗਾਤਾਰ ਜਾਗਰੂਕਤਾ ਮੁਹਿੰਮ ਵੀ ਚਲਾਈ ਹੋਈ ਹੈ ਪਰ ਇਹ ਸ਼ਾਤਰ ਲੋਕ ਦੋ ਕਦਮ ਅੱਗੇ ਜਾ ਕੇ ਗੱਲ ਕਰਦੇ ਹਨ। ਇਸ ਕਾਰਨ ਲੋਕਾਂ ਤੋਂ ਵੱਡੀਆਂ ਰਕਮਾਂ ਠੱਗ ਲਈਆਂ ਜਾਂਦੀਆਂ ਹਨ। ਸਖ਼ਤੀ ਅਤੇ ਜਾਗਰੂਕਤਾ ਦੇ ਦਾਅਵਿਆਂ ਦੇ ਬਾਵਜੂਦ, ਸਾਈਬਰ ਧੋਖਾਧੜੀ ਰੁਕ ਨਹੀਂ ਰਹੀ, ਤਾਂ ਇਸਦਾ ਕਾਰਨ ਕੀ ਹੈ ? ਹਰ ਸਾਲ ਲੱਖਾਂ ਸ਼ਿਕਾਇਤਾਂ ਦਰਜ ਹੁੰਦੀਆਂ ਹਨ, ਪਰ ਜ਼ਿਆਦਾਤਰ ਮਾਮਲਿਆਂ ਵਿੱਚ ਗੰਭੀਰਤਾ ਨਹੀਂ ਦਿਖਾਈ ਦਿੰਦੀ। ਦੇਸ਼ ਅਤੇ ਹੋਰ ਦੇਸ਼ਾਂ ਦੇ ਅੰਦਰ ਬੈਠੇ ਜਾਲਮ ਅਪਰਾਧੀ ਚਲਾਕੀ ਨਾਲ ਨਾਗਰਿਕਾਂ ਨੂੰ ਆਪਣੇ ਜਾਲ ਵਿੱਚ ਫਸਾਉਂਦੇ ਹਨ। ਸਾਈਬਰ ਅਪਰਾਧ ਦੇ ਇੰਨੇ ਸਾਰੇ ਰੂਪ ਹਨ ਕਿ ਲੋਕ ਉਨ੍ਹਾਂ ਨੂੰ ਸਮਝ ਨਹੀਂ ਪਾਉਂਦੇ ਅਤੇ ਆਪਣੀ ਜਾਨ ਦੀ ਮਿਹਨਤ ਦੀ ਕਮਾਈ ਗੁਆ ਦਿੰਦੇ ਹਨ। ਅੱਜ ਸਾਈਬਰ ਅਪਰਾਧੀ ਹਰ ਸਾਲ ਕਰੋੜਾਂ ਰੁਪਏ ਦੀ ਠੱਗੀ ਮਾਰ ਰਹੇ ਹਨ ਅਤੇ ਜਾਂਚ ਏਜੰਸੀਆਂ ਉਨ੍ਹਾਂ ਤੱਕ ਪਹੁੰਚਣ ਵਿੱਚ ਅਸਮਰੱਥ ਹਨ। ਨਤੀਜਾ ਇਹ ਹੈ ਕਿ ਅਪਰਾਧੀ ਨਾਗਰਿਕਾਂ ਨੂੰ ਕਿਸੇ ਨਾ ਕਿਸੇ ਰੂਪ ਵਿੱਚ ਲਾਲਚ ਦੇ ਕੇ ਜਾਂ ਧਮਕੀ ਦੇ ਕੇ ਆਪਣਾ ਸ਼ਿਕਾਰ ਬਣਾਉਂਦੇ ਰਹਿੰਦੇ ਹਨ। ਇਸ ਦੇ ਨਤੀਜੇ ਵਜੋਂ ਪਿਛਲੇ ਸਾਲ 22 ਹਜ਼ਾਰ 845 ਕਰੋੜ ਰੁਪਏ ਤੋਂ ਵੱਧ ਦੀ ਸਾਈਬਰ ਧੋਖਾਧੜੀ ਹੋਈ ਹੈ। ਜਦੋਂ ਕਿ ਸਾਲ 2023 ਵਿੱਚ ਇਹ ਅੰਕੜਾ 7,465 ਕਰੋੜ ਰੁਪਏ ਸੀ। ਲੋਕ ਸਭਾ ਵਿੱਚ ਗ੍ਰਹਿ ਰਾਜ ਮੰਤਰੀ ਵੱਲੋਂ ਦਿੱਤੀ ਗਈ ਇਸ ਜਾਣਕਾਰੀ ਨੇ ਚਿੰਤਾ ਵਧਾ ਦਿੱਤੀ ਹੈ। ਇਸ ਤੋਂ ਪਤਾ ਲੱਗਦਾ ਹੈ ਕਿ ਪੁਲਿਸ ਪ੍ਰਣਾਲੀ ਸਾਈਬਰ ਅਪਰਾਧੀਆਂ 'ਤੇ ਲਗਾਮ ਲਗਾਉਣ ਵਿੱਚ ਅਸਫਲ ਰਹੀ ਹੈ। ਕੀ ਕਾਰਨ ਹੈ ਕਿ ਅੱਜ ਦੇ ਤਕਨੀਕੀ ਯੁੱਗ ਵਿੱਚ ਵੀ ਸੁਰੱਖਿਆ ਏਜੰਸੀਆਂ ਸਾਈਬਰ ਧੋਖਾਧੜੀ ਕਰਨ ਵਾਲਿਆਂ ਤੱਕ ਨਹੀਂ ਪਹੁੰਚ ਪਾ ਰਹੀਆਂ ? ਭਾਵੇਂ ਪੁਲਿਸ ਪ੍ਰਸ਼ਾਸਨ ਸਾਈਬਰ ਅਪਰਾਧ ਨਾਲ ਤੁਰੰਤ ਅਤੇ ਸਖ਼ਤੀ ਨਾਲ ਨਜਿੱਠਣ ਦਾ ਦਾਅਵਾ ਕਰਦਾ ਹੈ, ਪਰ ਦਰਜ ਹੋਣ ਵਾਲੇ ਮਾਮਲਿਆਂ ਦੀ ਗਿਣਤੀ ਲਗਾਤਾਰ ਵੱਧ ਰਹੀ ਹੈ। ਸਰਕਾਰੀ ਅੰਕੜਿਆਂ ਅਨੁਸਾਰ ਪਿਛਲੇ ਸਾਲ ਨੈਸ਼ਨਲ ਸਾਈਬਰ ਅਪਰਾਧ ਰਿਪੋਰਟਿੰਗ ਪੋਰਟਲ 'ਤੇ ਵਿੱਤੀ ਧੋਖਾਧੜੀ ਦੇ 36 ਲੱਖ ਤੋਂ ਵੱਧ ਮਾਮਲੇ ਦਰਜ ਕੀਤੇ ਗਏ ਸਨ । ਅਪਰਾਧੀਆਂ ਦੇ ਨੈੱਟਵਰਕ ਨੂੰ ਖਤਮ ਕਰਨ ਦੀਆਂ ਕੋਸ਼ਿਸ਼ਾਂ ਦੇ ਬਾਵਜੂਦ, ਇਹ ਅੰਕੜੇ ਸਾਲ ਦਰ ਸਾਲ ਵੱਧ ਰਹੇ ਹਨ। ਅਜਿਹੀ ਸਥਿਤੀ ਵਿੱਚ ਸਵਾਲ ਇਹ ਹੈ ਕਿ ਜੇਕਰ ਅਪਰਾਧੀ ਨਿਡਰਤਾ ਨਾਲ ਸਾਈਬਰ ਧੋਖਾਧੜੀ ਕਰ ਰਹੇ ਹਨ, ਤਾਂ ਕੀ ਇਹ ਪੁਲਿਸ ਜਾਂਚ ਪ੍ਰਣਾਲੀ ਵਿੱਚ ਕੋਈ ਨੁਕਸ ਨਹੀਂ ਹੈ ? ਇਹ ਜ਼ਰੂਰੀ ਹੈ ਕਿ ਆਧੁਨਿਕ ਤਕਨਾਲੋਜੀ ਦੀ ਵਰਤੋਂ ਕਰਕੇ ਸਿਸਟਮ ਨੂੰ ਬਿਹਤਰ ਬਣਾਇਆ ਜਾਵੇ ਅਤੇ ਅਪਰਾਧੀਆਂ ਨੂੰ ਨਿਆਂ ਦੇ ਕਟਹਿਰੇ ਵਿੱਚ ਲਿਆਂਦਾ ਜਾਵੇ। ਇਸ ਦੇ ਨਾਲ ਹੀ, ਆਮ ਨਾਗਰਿਕਾਂ ਨੂੰ ਵਿਆਪਕ ਪੱਧਰ 'ਤੇ ਜਾਗਰੂਕ ਕਰਨ ਦੀ ਜ਼ਰੂਰਤ ਹੈ, ਤਾਂ ਜੋ ਉਹ ਸਾਈਬਰ ਅਪਰਾਧ ਦੇ ਚੁੰਗਲ ਵਿੱਚ ਫਸਣ ਤੋਂ ਬਚ ਸਕਣ।

-ਜਗਜੀਤ ਸਿੰਘ ਦਰਦੀ

# ਪੰਜਾਬੀਆਂ ਦੇ ਸੁਭਾਅ ਨੂੰ ਸਮਝ ਨਹੀਂ ਸਕੀ ਦਿੱਲੀ ਦੀ ਨਵੀਂ ਸਿਆਸਤ

ਬਘੇਲ ਸਿੰਘ ਧਾਲੀਵਾਲ
99142-58142



ਅਣਖ ਦੀ ਜਰਖੇਜ਼ ਮਿੱਟੀ 'ਚੋਂ ਪੈਦਾ ਹੋਏ ਪੰਜਾਬੀਆਂ ਦੀ ਅਣਖ ਨੂੰ ਜਦੋਂ ਵੀ ਕਿਸੇ ਨੇ ਵੰਗਾਰਨ ਦੀ ਕੋਸ਼ਿਸ਼ ਕੀਤੀ ਹੈ, ਉਹਨੂੰ ਮੂੰਹ ਦੀ ਖਾਣੀ ਪਈ ਹੈ।ਇਹ ਕੋਈ ਕਹਿਣ ਦੀਆਂ ਗੱਲਾਂ ਨਹੀਂ ਹਨ,ਬਲਕਿ ਪੰਜਾਬ ਦਾ ਇਤਿਹਾਸ ਅਜਿਹਾ ਸਮਝਾ ਰਿਹਾ ਹੈ।ਇਹ ਬਾਬਰ, ਜਹਾਂਗੀਰ ਤੋਂ ਲੈ ਕੇ ਔਰੰਗਜ਼ੇਬ, ਫਰਖਸ਼ੀਅਰ, ਦੁਰਾਨੀਆਂ ਅਬਦਾਲੀਆਂ ਤੋਂ ਹੁੰਦਾ ਹੋਇਆ ਗੋਰੇ ਫਰੰਗੀਆਂ ਤੋਂ ਇੰਦਰਾ ਗਾਂਧੀ ਤੱਕ ਅਤੇ ਉਸ ਤੋਂ ਵੀ ਅੱਗੇ ਦਿੱਲੀ ਅੰਦੋਲਨ ਤੱਕ ਦਾ ਵਰਤਾਰਾ ਇਸ ਇਤਿਹਾਸਿਕ ਸਚਾਈ ਦੀ ਗਵਾਹੀ ਭਰਦਾ ਹੈ, ਕਿ ਪੰਜਾਬ ਨੇ ਕਦੇ ਵੀ ਆਪਣੀ ਅਣਖ ਨੂੰ ਆਂਚ ਨਹੀਂ ਆਉਣ ਦਿੱਤੀ।ਹੁਣ ਜਦੋਂ ਪੰਜਾਬ ਵਿੱਚ ਉਸ ਪਾਰਟੀ ਦੀ ਸਰਕਾਰ ਬਣੀ ਨੂੰ ਸਾਢੇ ਤਿੰਨ ਸਾਲ ਦੇ ਕਰੀਬ ਸਮਾਂ ਹੋ ਚੁੱਕਿਆ ਹੈ, ਜਿਸ ਦੀ ਬੁਨਿਆਦ ਹੀ ਪੰਜਾਬ ਦੇ ਸਿਰ 'ਤੇ ਖੜ੍ਹੀ ਹੈ ਅਤੇ ਜੇਕਰ 2014 ਵਿੱਚ ਪੰਜਾਬ ਦੇ ਵੋਟਰ ਚਾਰ ਮੈਂਬਰ ਪਾਰਲੀਮੈਂਟ ਜਿਤਾ ਕੇ ਪਾਰਲੀਮੈਂਟ ਵਿੱਚ ਨਾ ਭੇਜਦੇ ਤਾਂ ਅੱਜ ਤੋਂ ਕਾਫੀ ਸਮਾਂ ਪਹਿਲਾਂ ਹੀ ਇਹ ਪਾਰਟੀ ਆਪਣੀ ਹੋਂਦ ਗਵਾ ਚੁੱਕੀ ਹੁੰਦੀ । ਪੰਜਾਬ ਦੇ ਲੋਕਾਂ ਨੇ ਕਾਂਗਰਸ ਅਤੇ ਅਕਾਲੀ ਭਾਜਪਾ ਗੱਠਜੋੜ ਦੀਆਂ ਸਰਕਾਰਾਂ ਤੋਂ ਤੰਗ ਆ ਕੇ ਆਮ ਆਦਮੀ ਪਾਰਟੀ ਦੀ ਸਰਕਾਰ ਇਸ ਆਸ ਨਾਲ ਬਣਾਈ ਸੀ ਕਿ ਇਹ ਪੰਜਾਬ ਵਿੱਚ ਅਜਿਹਾ ਬਦਲਾਓ ਲੈ ਕੇ ਆਵੇਗੀ, ਜਿਹੜਾ ਉਹਨਾਂ ਦੇ ਪਿਛਲੇ 70,75 ਸਾਲਾਂ ਵਿੱਚ ਬਦ ਤੋਂ ਬਦਤਰ ਹੋਏ ਹਾਲਾਤਾਂ ਨੂੰ ਸੁਧਾਰਨ ਦੇ ਉਪਰਾਲੇ ਕਰੇਗਾ, ਪਰ ਹੋਇਆ ਕੀ ? ਸਾਰਾ ਕੁੱਝ ਹੀ ਉਲਟ। ਕਹਿਣੀ ਤੇ ਕਰਨੀ ਵਿੱਚ ਜ਼ਮੀਨ ਅਸਮਾਨ ਦੇ ਫਰਕ ਤੋਂ ਵੀ ਜ਼ਿਆਦਾ ਫਰਕ, ਬਲਕਿ ਮੌਕਾਪ੍ਰਸਤਾਂ ਦੇ ਮਾਹਰ ਦਿੱਲੀ ਦੀ ਨਵੀਂ ਸਿਆਸਤ ਨੇ ਪੰਜਾਬ ਨੂੰ ਅਸਲੋਂ ਹੀ ਬੁੱਧੂ ਸਮਝ ਲਿਆ।ਉਹ ਇਹ ਗੱਲ ਸ਼ਾਇਦ ਅਜੇ ਤੱਕ ਵੀ ਨਹੀਂ ਸਮਝੇ ਕਿ ਉਹਨਾਂ ਦੀ ਪੰਜਾਬ 'ਤੇ ਜਿੱਤ ਜਿੱਥੇ ਉਹਨਾਂ ਦੇ ਸਬਜ਼ ਬਾਗਾਂ ਦੀ ਕਰਾਮਾਤ ਕਰਕੇ ਵੀ ਸੀ, ਉੱਥੇ ਇਸ ਦਾ ਮੁੱਖ ਕਾਰਨ ਤਾਂ ਲੋਕਾਂ ਦਾ ਇੱਥੋਂ ਦੀਆਂ ਪਹਿਲੀਆਂ ਰਵਾਇਤੀ ਪਾਰਟੀਆਂ ਤੋਂ ਮੋਹ ਭੰਗ ਹੋਣ ਕਰਕੇ ਸੀ,ਪਰ ਆਪ ਦੀ ਦਿੱਲੀ ਦੀ ਲੀਡਰਸ਼ਿੱਪ ਇਸ ਜਿੱਤ ਨੂੰ ਪੰਜਾਬ ਦੇ ਲੋਕਾਂ ਨੂੰ ਮੂਰਖ ਬਨਾਉਣ ਦੀ ਆਪਣੀ ਕਾਬਲੀਅਤ ਸਮਝਣ ਦੀ ਭੁੱਲ ਕਰ ਬੈਠੀ । ਇਹ ਦੁਖਾਂਤ ਹੀ ਸਮਝਣਾ ਹੋਵੇਗਾ ਕਿ ਪੰਜਾਬੀਆਂ ਦੇ ਸੁਭਾਅ ਨੂੰ ਸਮਝ ਨਹੀਂ ਸਕੀ ਦਿੱਲੀ ਦੀ ਨਵੀਂ ਸਿਆਸਤ, ਬਲਕਿ ਗਲਤ ਅੰਦਾਜ਼ੇ ਲਾਕੇ ਭਵਿੱਖ ਦੀ ਰਾਜਨੀਤੀ ਤਹਿ ਕਰਨ ਦੇ ਮਨਸੂਬੇ ਬਣਾ ਰਹੀ ਹੈ। ਲਿਹਾਜ਼ਾ ਪਿਛਲੇ ਦਿਨੀਂ ਆਮ ਆਦਮੀ ਪਾਰਟੀ ਦੇ ਦੂਜੇ ਨੰਬਰ ਦੇ ਨੇਤਾ ਮੁਨੀਸ਼ ਸਿਸੋਦੀਆ ਦੀ ਵਾਇਰਲ ਹੋਈ ਵੀਡੀਓ ਤੋਂ ਸਪੱਸ਼ਟ ਹੁੰਦਾ ਹੈ ਕਿ ਆਮ ਆਦਮੀ ਪਾਰਟੀ ਦੀ ਲੀਡਰਸ਼ਿੱਪ ਪੰਜਾਬ ਦੇ ਲੋਕਾਂ ਨੂੰ ਅਸਲ ਵਿੱਚ ਕੀ ਸਮਝ ਬੈਠੀ ਹੈ।ਉਹਨਾਂ ਦਾ ਮੰਨਣਾ ਹੈ ਕਿ ਜਿਸਤਰ੍ਹਾਂ ਪਹਿਲਾਂ ਪੰਜਾਬ ਦੇ ਲੋਕਾਂ ਨੂੰ ਵੱਡੇ ਵੱਡੇ ਸਬਜ਼ ਬਾਗ ਦਿਖਾ ਕੇ ਅਤੇ ਝੂਠ ਮੂਠ ਦੇ ਇਨਕਲਾਬ ਦੇ ਨਾਅਰਿਆਂ ਨਾਲ 2014 ਤੋਂ ਲੈ ਕੇ ਭਰਮਾਉਂਦੇ ਆ ਰਹੇ ਹਨ, ਸ਼ਾਇਦ ਹੁਣ ਵੀ ਕੁੱਝ ਇਹੋ ਜਿਹਾ ਹੀ ਕਰਕੇ ਮੁੜ ਸੱਤਾ 'ਤੇ ਕਾਬਜ਼ ਹੋ ਸਕਣਗੇ।ਬਲਕਿ ਇਸ ਵਾਰ ਤਾਂ ਮੁਨੀਸ਼ ਸਿਸੋਦੀਆ ਸਾਮ ਦਾਮ ਦੰਡ ਭੇਦ ਦੇ ਨਾਲ ਲੜਾਈਆਂ ਝਗੜੇ ਕਰਵਾਉਣ ਦੀ ਗੱਲ ਵੀ ਬੜੇ ਹੰਕਾਰ ਨਾਲ ਕਰਦੇ ਸਾਫ ਦਿਖਾਈ ਦਿੰਦੇ ਹਨ, ਜਿਸ ਤੋਂ ਸਪੱਸ਼ਟ ਹੁੰਦਾ ਹੈ ਕਿ ਉਹ ਪੰਜਾਬ ਵਿੱਚ ਨਸਲੀ ਫਸਾਦ ਕਰਵਾਉਣ ਦਾ ਮਨ ਬਣਾਈ ਬੈਠੇ ਹਨ, ਜਿਸ ਨੂੰ ਪੰਜਾਬ ਦੇ ਲੋਕ ਭਲੀ ਭਾਂਤ ਸਮਝ ਗਏ ਹਨ।ਉਹਨਾਂ ਦੀ ਇਸ ਵੀਡੀਓ ਨੇ ਆਪ ਨੇਤਾ ਦਾ ਮੁਜ਼ਾਮ ਚਿਹਰੇ ਦੀ ਅਸਲ ਪਛਾਣ ਕਰਵਾਉਣ ਵਿੱਚ ਵੱਡੀ ਭੂਮਿਕਾ ਅਦਾ ਕੀਤੀ ਹੈ। ਪੰਜਾਬ ਦੇ ਆਮ ਆਦਮੀ ਪਾਰਟੀ ਦੇ ਆਗੂ, ਵਰਕਰ,ਪੁਰਸ਼, ਮਹਿਲਾਵਾਂ ਸਮੇਤ ਪੰਜਾਬ ਦੇ ਮੁੱਖ ਮੰਤਰੀ ਅਤੇ ਸੂਬਾ ਪ੍ਰਧਾਨ ਤੋਂ ਉਪਰੋਕਤ 'ਤੇ ਸਹੀ ਪਵਾਉਂਦੇ ਹੋਏ ਜਦੋਂ ਵਾਅਦਾ ਲੈ ਰਹੇ ਹਨ ਤਾਂ ਉਸ ਮੌਕੇ ਮੁੱਖ ਮੰਤਰੀ ਦੇ ਬੁੱਲਾਂ ਦੀ ਮੁਸਕਾਨ ਪ੍ਰਤੀ ਜਿੱਥੇ ਭਾਰੀ ਰੰਜਸ਼ ਹੈ, ਉੱਥੇ ਸੂਬਾ ਪ੍ਰਧਾਨ ਦੇ ਚਿਹਰੇ ਦੀ ਗੰਭੀਰਤਾ ਭਾਵੇਂ ਕੁੱਝ ਹੋਰ ਬਿਆਨ ਕਰਦੀ ਹੈ, ਪਰ ਦਿੱਲੀ ਵਾਲੇ ਨੇਤਾ ਦੇ ਪ੍ਰਵਚਨ ਸੁਣਕੇ ਚੁੱਪ ਬੈਠੇ ਰਹਿਣ ਕਾਰਨ ਉਹਨਾਂ ਦੀ ਪੰਜਾਬ ਪ੍ਰਤੀ ਇਮਾਨਦਾਰੀ ਅਤੇ ਦਿਆਨਤਦਾਰੀ 'ਤੇ ਸਵਾਲੀਆ ਨਿਸ਼ਾਨ ਵੀ ਲੱਗਦਾ ਹੈ । ਬਲਕਿ ਉਹਨਾਂ ਨੂੰ ਰੋਸ ਪ੍ਰਗਟ ਕਰਨਾ ਚਾਹੀਦਾ ਸੀ ਅਤੇ ਆਪ ਦੀ ਹਾਈਕਮਾਂਡ ਨੂੰ ਇਹ ਦੱਸਣਾ ਵੀ ਬਣਦਾ ਸੀ ਕਿ ਪੰਜਾਬ ਦੇ ਲੋਕ ਮੂਰਖ ਨਹੀਂ ਹਨ ਅਤੇ ਐਨੇ ਭੋਲ਼ੇ ਵੀ ਨਹੀਂ ਜਿਹੜੇ ਫਿਰਕੂ ਅਤੇ ਮਾਰੂ ਚਲਾਕੀਆਂ ਨੂੰ ਵੀ ਸਮਝ ਨਹੀਂ ਸਕਣਗੇ । ਇਹ ਪੰਜਾਬ ਦੇ ਲੋਕਾਂ ਦੇ 2022 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਉਹਨਾਂ ਦੀ ਪਾਰਟੀ 'ਤੇ ਪ੍ਰਗਟਾਏ ਗਏ ਅਥਾਹ ਭਰੋਸੇ ਦਾ ਹੀ ਨਤੀਜਾ ਹੈ ਕਿ ਆਪ ਦੇ ਆਗੂ ਪੰਜਾਬ ਦੇ ਲੋਕਾਂ ਦੀ ਲਿਆਕਤ ਨੂੰ ਬੇਵਕੂਫੀ ਸਮਝ ਬੈਠੇ ਹਨ।ਉਹ ਆਪਣੀ ਪਾਰਟੀ ਦੇ ਵਰਕਰਾਂ ਨੂੰ 2027 ਦੀਆਂ ਚੋਣਾਂ ਜਿੱਤਣ ਲਈ ਲੜਾਈ ਝਗੜੇ ਕਰਵਾ ਕੇ ਵੋਟਾਂ ਬਟੋਰਨ ਲਈ ਉਕਸਾ ਰਹੇ ਸਾਫ ਦਿਖਾਈ ਦਿੰਦੇ ਹਨ । ਉਹ ਮੌਸਮੀ ਹਾਸੀ ਹੱਸਦੇ ਹੋਏ ਹਾਜ਼ਰੀਨ ਤੋਂ ਵਾਅਦਾ ਲੈਂਦੇ ਕਹਿ ਰਹੇ ਹਨ, ਕੀ ਤੁਸੀ ਅਜਿਹਾ ਸਭ ਕੁੱਝ ਕਰਨ ਲਈ ਤਿਆਰ ਹੋ।ਸਿਸੋਦੀਆ ਦਾ ਅਜਿਹਾ ਫਿਰਕੂ ਭਾਸ਼ਣ ਸੁਣ ਕੇ ਸ਼ੱਕ ਦੀ ਕੋਈ ਗੁੰਜਾਇਸ਼ ਨਹੀਂ ਰਹਿ ਜਾਂਦੀ ਕਿ ਇਸ ਪਾਰਟੀ ਨੂੰ ਵੀ ਦਿਸ਼ਾ ਨਿਰਦੇਸ਼ ਕਿੱਥੋਂ ਮਿਲਦੇ ਹੋਣਗੇ।ਮੈਂ ਪਹਿਲਾਂ ਵੀ ਬਹੁਤ ਵਾਰੀ ਇਹ ਲਿਖ ਚੁੱਕਾ ਹਾਂ ਕਿ ਭਾਰਤੀ ਜਨਤਾ ਪਾਰਟੀ ਸਿਰੇ ਦੀ ਫਿਰਕੂ ਹੋਣ ਦੇ ਬਾਵਜੂਦ ਵੀ ਆਮ ਆਦਮੀ ਪਾਰਟੀ ਤੋਂ ਵੱਧ ਖਤਰਨਾਕ ਨਹੀਂ ਹੋ ਸਕਦੀ, ਕਿਉਂਕਿ ਭਾਜਪਾ ਆਪਣੇ ਏਜੰਡੇ ਪ੍ਰਤੀ ਸਪੱਸ਼ਟ ਹੈ, ਉਹਨਾਂ ਨੇ ਜੋ ਕਰਨਾ ਹੈ ਉਹ ਡੰਕੇ ਦੀ ਚੋਟ 'ਤੇ ਕਰਨ ਦਾ ਦਾਅਵਾ ਕਰਦੀ ਹੈ। ਮਿਸਾਲ ਦੇ ਤੌਰ 'ਤੇ ਉਹ ਹਿੰਦੂ ਰਾਸ਼ਟਰ ਦੀ ਗੱਲ ਕਰਦੇ ਹਨ, ਅਹੁਦੇ ਲਈ ਬਿਲਕੁਲ ਸਪੱਸ਼ਟ ਹਨ, ਉਹ ਘੱਟ ਗਿਣਤੀਆਂ ਪ੍ਰਤੀ ਚੰਗੀ ਸੋਚ ਨਹੀਂ ਰੱਖਦੇ, ਅਹੁਦੇ ਲਈ ਵੀ ਉਹਨਾਂ ਦੀਆਂ ਨੀਤੀਆਂ ਸਪੱਸ਼ਟ ਹਨ,ਪਰ ਉਹਨਾਂ ਦੇ ਮੁਕਾਬਲੇ ਆਮ ਆਦਮੀ ਪਾਰਟੀ ਕਿਤੇ ਵੱਧ ਫਿਰਕੂ ਅਤੇ ਘੱਟ ਗਿਣਤੀਆਂ ਪ੍ਰਤੀ ਉਹਨਾਂ ਤੋਂ ਵੀ ਮਾੜੀ ਸੋਚ ਮਨ ਵਿੱਚ ਲੈ ਕੇ ਲੁਕਵੇਂ ਏਜੰਡੇ ਨਾਲ ਅੱਗੇ ਵੱਧ ਰਹੀ ਹੈ, ਜਿਹੜਾ ਘੱਟ ਗਿਣਤੀਆਂ ਲਈ ਭਾਜਪਾ ਤੋਂ ਵੱਧ ਖਤਰਨਾਕ ਅਤੇ ਜ਼ਹਿਰੀਲਾ ਹੈ। ਇਸ ਤੋਂ ਵੀ ਵੱਧ ਦੰਭ ਅਤੇ ਅਕ੍ਰਿਤਘਣਤਾ ਇਹ ਹੈ ਕਿ ਜਿਹੜੇ ਸੂਬੇ ਦੇ ਲੋਕਾਂ ਨੇ ਉਹਨਾਂ ਦੀ ਪਾਰਟੀ ਦੀ ਜੜ ਲਈ ਉਹਨਾਂ ਦੀਆਂ ਝੂਠੀਆਂ ਨੀਤੀਆਂ ਵਿੱਚ ਵਿਸ਼ਵਾਸ ਪ੍ਰਗਟਾ ਕੇ ਰਿਕਾਰਡ ਤੋੜ ਜਿੱਤ ਉਹਨਾਂ ਦੀ ਝੋਲੀ ਵਿੱਚ ਪਾਈ, ਅੱਜ ਉਹਨਾਂ ਲੋਕਾਂ ਨੂੰ ਇਹ ਲੋਕ ਬੇ-ਗੈਰਤੇ, ਬੇ-ਅਣਖੇ ਅਤੇ ਬੇ-ਅਕਲੇ ਸਮਝਣ ਦੀ ਭੁੱਲ ਕਰਕੇ ਆਪਣੇ ਪੈਰ 'ਤੇ ਖੁਦ ਕੁਹਾੜਾ ਮਾਰਨ ਵਾਲੀ ਬੇਵਕੂਫੀ ਖੁਦ ਕਰ ਰਹੇ ਹਨ। ਸਿਆਣੇ ਕਹਿੰਦੇ ਹਨ ਜੋ ਪਰਮਾਤਮਾ ਕਰਦਾ ਹੈ ਉਹ ਠੀਕ ਹੀ ਕਰਦਾ ਹੈ।ਜੇਕਰ ਸਿਸੋਦੀਆ ਹੁਰਾਂ ਨੇ ਪੰਜਾਬ ਦੇ ਲੋਕਾਂ ਦੀ ਲਿਆਕਤ ਅਤੇ ਸਿਆਣਪ ਦਾ ਗਲਤ ਅੰਦਾਜ਼ਾ ਨਾ ਲਾਇਆ ਹੁੰਦਾ ਤਾਂ ਉਹਨਾਂ ਦੀ ਅਜਿਹੀ ਵੀਡੀਓ ਸਾਹਮਣੇ ਨਹੀਂ ਸੀ ਆਉਣੀ । ਸੋ ਇਸ ਵੀਡੀਓ ਨੇ ਆਮ ਆਦਮੀ ਪਾਰਟੀ ਦੇ ਅੰਦਰਲੀ ਦੰਭੀ ਸੋਚ ਨੂੰ ਜਨਤਕ ਕਰ ਦਿੱਤਾ ਹੈ।ਹੁਣ ਦੇਖਣਾ ਇਹ ਹੋਵੇਗਾ ਕਿ ਉਸ ਇਕੱਠ ਵਿੱਚ ਬੈਠੇ ਪੰਜਾਬ ਦੀ ਆਮ ਆਦਮੀ ਪਾਰਟੀ ਦੇ ਬਹਾਦਰ ਸਿਪਾਹੀਆਂ ਅਤੇ ਸਿਪਾਹ ਸਲਾਰਾਂ ਦੀ ਅਣਖ ਹਲੂਣਾ ਖਾਵੇਗੀ, ਜਾਂ ਡੇਢ ਕੁ ਸਾਲ ਦੀ ਬਾਕੀ ਬਚੀ ਸੱਤਾ ਦੇ ਅਨੰਦ ਦੀ ਲਾਲਸਾ ਉਹਨਾਂ ਦੀ ਅਣਖ 'ਤੇ ਭਾਰੂ ਹੀ ਰਹੇਗੀ। ਪਰੰਤੂ ਪੰਜਾਬ ਦਾ ਇਤਿਹਾਸ ਅਜਿਹਾ ਹੀ ਦਰਸਾਉਂਦਾ ਹੈ ਕਿ ਪੰਜਾਬ ਦੇ ਲੋਕ ਨਾ ਕਦੇ ਚੰਗਾ ਕਰਨ ਵਾਲਿਆਂ ਨੂੰ ਵਿਸਾਰਦੇ ਹਨ ਅਤੇ ਨਾ ਹੀ ਮਾੜਾ ਕਰਨ ਵਾਲਿਆਂ ਨੂੰ ਚੇਤਿਆਂ ਵਿੱਚੋਂ ਮਨਫੀ ਹੋਣ ਦਿੰਦੇ ਹਨ । ਪੰਜਾਬ ਪ੍ਰਤੀ ਅਜਿਹੀ ਮੰਦ ਭਾਵਨਾ ਨੂੰ ਵੀ ਲੋਕ ਚੇਤਿਆਂ ਵਿੱਚੋਂ ਕੱਢਿਆ ਨਹੀਂ ਜਾ ਸਕੇਗਾ।

### ਹਲ.ਫਨਾਮਾ ਦਿਓ ਜਾਂ ਦੇਸ਼ ਤੋਂ ਮੁਆ.ਫੀ ਮੰਗੋ

# ਚੋਣ ਕਮਿਸ਼ਨ ਦੇ ਮੋਢੇ 'ਤੇ ਬੰਦੂਕ ਰੱਖ ਕੇ ਰਾਜਨੀਤੀ ਨਾ ਕਰੋ



ਪ੍ਰੋ . ਡਾ . ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਉਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

ਭਾਰਤ ਦੇ ਚੋਣ ਕਮਿਸ਼ਨ ਨੇ ਅੱਜ ਪ੍ਰੈਸ ਕਾਨਫਰੰਸ ਕਰਕੇ ਆਪਣਾ ਸਿੱਧਾ ਤੇ ਸਖ਼ਤ ਸੰਦੇਸ਼ ਪੂਰੇ ਦੇਸ਼ ਨੂੰ ਸੁਣਾਇਆ ਹੈ ਕਿ ਉਹ ਸੰਵਿਧਾਨ ਦੇ ਪ੍ਰਤੀ ਵਫ਼ਾਦਾਰ ਹੈ ਅਤੇ ਸਾਰੀਆਂ ਰਾਜਨੀਤਿਕ ਪਾਰਟੀਆਂ ਉਸ ਲਈ ਇੱਕ ਹਨ ਪਰੰਤੂ ਉਹਨਾਂ ਨੇ ਵੋਟ ਚੋਰੀ ਵਰਗੇ ਇਲਜ਼ਾਮਾਂ ਉੱਤੇ ਖੁੱਲ੍ਹ ਕੇ ਗੱਲ ਕੀਤੀ ਅਤੇ ਇਹ ਕਿਹਾ ਕਿ ਸੱਤ ਦਿਨ ਦੇ ਅੰਦਰ ਨੇਤਾ ਵਿਰੋਧੀ ਪਾਰਟੀ ਜਾਂ ਤਾਂ ਮਾਫ਼ੀ ਮੰਗਣ ਜਾਂ ਫਿਰ ਹਲਫ਼ਨਾਮਾ ਦੇ ਕੇ ਗੱਲ ਕਰਨ ।

ਇਹ ਸਭ ਕੁੱਝ ਭਾਰਤ ਦੇ ਚੋਣ ਕਮਿਸ਼ਨ ਨੇ ਇੱਕ ਭਰੀ ਹੋਈ ਪ੍ਰੈਸ ਕਾਨਫਰੰਸ ਵਿੱਚ ਪੂਰੇ ਦੇਸ਼ ਤੋਂ ਪੱਤਰਕਾਰਾਂ ਨਾਲ ਗੱਲ ਕਰਦਿਆਂ ਆਪਣਾ ਸਖ਼ਤ ਸਟੈਂਡ ਲੈਂਦਿਆਂ ਵਿਰੋਧੀ ਧਿਰ ਦੇ ਨੇਤਾ ਨੂੰ ਬਿਨਾਂ ਨਾਮ ਲਏ ਸਿੱਧਾ ਸੰਵਿਧਾਨਕ ਚੈਲੰਜ ਕੀਤਾ ਹੈ। ਭਾਰਤੀ ਲੋਕਤੰਤਰ ਦੀਆਂ ਜੜ੍ਹਾਂ ਜਿੰਨੀਆਂ ਡੂੰਘੀਆਂ ਹਨ, ਉਨ੍ਹਾਂ ਵਾਰ-ਵਾਰ ਇਸ ਨੂੰ ਇਲਜ਼ਾਮਾਂ ਅਤੇ ਸਵਾਲਾਂ ਨਾਲ ਚੁਣੌਤੀ ਵੀ ਮਿਲਦੀ ਹੈ। ਵਿਰੋਧੀ ਪਾਰਟੀਆਂ, ਖਾਸ ਕਰਕੇ ਕਾਂਗਰਸ ਦੇ ਆਗੂ ਰਾਹੁਲ ਗਾਂਧੀ ਅਤੇ ਉਨ੍ਹਾਂ ਨਾਲ ਖੜ੍ਹੀਆਂ ਜ਼ਿਆਦਾਤਰ ਵਿਰੋਧੀ ਪਾਰਟੀਆਂ ਨੇ ਹਾਲ ਹੀ ਵਿੱਚ ਚੋਣ ਕਮਿਸ਼ਨ ਉੱਤੇ ਗੰਭੀਰ ਇਲਜ਼ਾਮ ਲਾਏ ਹਨ । ਵੋਟ ਚੋਰੀ ਅਤੇ ਚੋਣ ਪ੍ਰਕਿਰਿਆ ਨੂੰ ਪੱਖਪਾਤ ਵਾਲੇ ਤਰੀਕੇ ਨਾਲ ਚਲਾਉਣ ਵਾਲੇ ਇਨ੍ਹਾਂ ਇਲਜ਼ਾਮਾਂ ਨੇ ਨਾ ਸਿਰਫ਼ ਬਿਹਾਰ ਵਿਧਾਨ ਸਭਾ ਚੋਣਾਂ ਦੀ ਆਹਟ ਨੂੰ ਵਿਵਾਦਾਂ ਵਿੱਚ ਪਾ ਦਿੱਤਾ ਹੈ, ਸਗੋਂ ਲੋਕਤੰਤਰੀ ਸੰਸਥਾਵਾਂ ਉੱਤੇ ਆਮ ਜਨਤਾ ਦੇ ਭਰੋਸੇ ਨੂੰ ਵੀ ਸਵਾਲਾਂ ਦੇ ਘੇਰੇ ਵਿੱਚ ਲਿਆ ਦਿੱਤਾ ਹੈ। ਅੱਜ ਇਸ ਪ੍ਰੈਸ ਕਾਨਫਰੰਸ ਦੌਰਾਨ ਚੋਣ ਕਮਿਸ਼ਨ ਦਾ ਸਖ਼ਤ ਰੁਖ਼ ਸੀ। ਅੱਜ ਭਾਰਤੀ ਚੋਣ ਕਮਿਸ਼ਨ ਨੇ ਇੱਕ ਵਿਸ਼ੇਸ਼ ਪ੍ਰੈਸ ਕਾਨਫਰੰਸ ਆਯੋਜਿਤ ਕਰ ਵਿਰੋਧੀ ਪਾਰਟੀਆਂ ਦੇ ਇਲਜ਼ਾਮਾਂ ਦਾ ਸਿੱਧਾ ਅਤੇ ਤਰਕਸੰਗਤ ਜਵਾਬ ਦਿੱਤਾ ਹੈ । ਕਮਿਸ਼ਨ ਨੇ ਸੰਵਿਧਾਨ ਅਤੇ ਕਾਨੂੰਨ ਦੇ ਦਾਇਰੇ ਦਾ ਹਵਾਲਾ ਦਿੰਦੇ ਹੋਏ ਕਿਹਾ ਕਿ ਚੋਣ ਪ੍ਰਕਿਰਿਆ ਪਾਰਦਰਸ਼ੀ ਅਤੇ ਨਿਰਪੱਖ ਹੈ ਅਤੇ ਇਸ ਉੱਤੇ ਸਵਾਲ ਖੜ੍ਹਾ ਕਰਨਾ ਸਿੱਧੇ ਤੌਰ 'ਤੇ ਲੋਕਤੰਤਰੀ ਢਾਂਚੇ ਨੂੰ ਚੋਟ ਪਹੁੰਚਾਉਣਾ ਹੈ । ਕਮਿਸ਼ਨ ਨੇ ਇੱਥੇ ਤੱਕ ਕਿਹਾ ਕਿ ਜੇ ਵਿਰੋਧੀ ਆਗੂ ਅਤੇ ਖਾਸ ਕਰਕੇ ਰਾਹੁਲ ਗਾਂਧੀ ਆਪਣੇ ਇਲਜ਼ਾਮਾਂ ਦੇ ਪੱਖ ਵਿੱਚ ਹਲਫਨਾਮਾ ਅਤੇ ਠੋਸ ਸਬੂਤ ਨਹੀਂ ਦਿੰਦੇ ਤਾਂ ਉਨ੍ਹਾਂ ਨੂੰ ਦੇਸ਼ ਤੋਂ ਮੁਆਫੀ ਮੰਗਣੀ ਚਾਹੀਦੀ ਹੈ। ਇਹ ਬਿਆਨ ਚੋਣ ਕਮਿਸ਼ਨ ਦੇ ਹੁਣ ਤੱਕ ਦੇ ਸਭ ਤੋਂ ਸਖ਼ਤ ਬਿਆਨਾਂ ਵਿੱਚ ਗਿਣਿਆ ਜਾ ਰਿਹਾ ਹੈ। ਸਪੱਸ਼ਟ ਹੈ ਕਿ ਕਮਿਸ਼ਨ ਆਪਣੇ ਅਧਿਕਾਰ ਅਤੇ ਸਾਖ ਦੀ ਰੱਖਿਆ ਲਈ ਹੁਣ ਪਿੱਛੇ ਹਟਣ ਨੂੰ ਤਿਆਰ ਨਹੀਂ । ਹੁਣ ਬਿਹਾਰ ਚੋਣਾਂ ਉੱਤੇ ਅਸਰ ਕੀ ਹੋਵੇਗਾ । ਬਿਹਾਰ ਵਿਧਾਨ ਸਭਾ ਚੋਣਾਂ ਨੇੜੇ ਹਨ ਅਤੇ ਉੱਥੇ ਦਾ ਸਿਆਸੀ ਮਾਹੌਲ ਪਹਿਲਾਂ ਹੀ ਜਾਤੀ ਸਮੀਕਰਨਾਂ ਅਤੇ ਵਿਕਾਸ ਦੇ ਵਾਅਦਿਆਂ ਨਾਲ ਗਰਮ ਹੈ। ਅਜਿਹੇ ਵਿੱਚ ਵਿਰੋਧੀ ਪਾਰਟੀਆਂ ਵੱਲੋਂ ਲਾਏ ਗਏ ਵੋਟ ਚੋਰੀ ਦੇ ਇਲਜ਼ਾਮ ਅਤੇ ਕਮਿਸ਼ਨ ਦੀ ਸਖ਼ਤ ਪ੍ਰਤੀਕਿਰਿਆ ਨੇ ਸਥਿਤੀ ਨੂੰ ਹੋਰ ਵੀ ਸੰਵੇਦਨਸ਼ੀਲ ਬਣਾ ਦਿੱਤਾ ਹੈ। ਜੇ ਕਮਿਸ਼ਨ ਦੇ ਪੱਖ ਵਿੱਚ ਜਨਤਾ ਦਾ ਭਰੋਸਾ ਬਣਿਆ ਰਹਿੰਦਾ ਹੈ, ਤਾਂ ਇਹ ਵਿਰੋਧੀ ਪਾਰਟੀਆਂ ਲਈ ਵੱਡਾ ਝਟਕਾ ਸਾਬਤ ਹੋਵੇਗਾ।ਉੱਥੇ ਜੇ ਵਿਰੋਧੀ ਪਾਰਟੀਆਂ ਆਪਣੇ ਇਲਜ਼ਾਮਾਂ ਨੂੰ ਪ੍ਰਮਾਣਿਤ ਕਰਨ ਵਿੱਚ ਸਫਲ ਹੁੰਦੀਆਂ ਹਨ, ਤਾਂ ਇਹ ਚੋਣ ਸਿਆਸਤ ਦਾ ਰੁਖ ਹੀ ਬਦਲ ਸਕਦਾ ਹੈ।ਅੱਜ ਵੋਟਰ ਦਾ ਭਰੋਸਾ ਅਤੇ ਲੋਕਤੰਤਰ ਦੀ ਪ੍ਰੀਖਿਆ ਹੈ ਅਤੇ ਲੋਕਤੰਤਰ ਵਿੱਚ ਸਭ ਤੋਂ ਅਹਿਮ ਪੂੰਜੀ ਜਨਤਾ ਦਾ ਭਰੋਸਾ ਹੈ। ਜੇ ਵੋਟਰ ਨੂੰ ਲੱਗੇ ਕਿ ਉਸ ਦੀ ਆਵਾਜ਼ ਸੁਰੱਖਿਅਤ ਹੈ ਅਤੇ ਉਸ ਦਾ ਵੋਟ ਸਹੀ ਜਗ੍ਹਾ ਜਾ ਰਿਹਾ ਹੈ, ਤਾਂ ਹੀ ਲੋਕਤੰਤਰ ਮਜ਼ਬੂਤ ਰਹਿ ਸਕਦਾ ਹੈ।ਕਮਿਸ਼ਨ ਦੇ ਬਿਆਨ ਨਾਲ ਇੱਕ ਸੰਦੇਸ਼ ਜ਼ਰੂਰ ਗਿਆ ਹੈ ਕਿ ਉਹ ਹੁਣ ਕਿਸੇ ਵੀ ਤਰ੍ਹਾਂ ਦੀ ਛਵੀ ਧੁੰਦਲੀ ਹੋਣ ਤੋਂ ਬਚਾਉਣ ਲਈ ਕਰੜੇ ਕਦਮ ਚੁੱਕਣ ਨੂੰ ਤਿਆਰ ਹੈ। ਵਿਰੋਧੀ ਪਾਰਟੀਆਂ ਦੀ ਰਣਨੀਤੀ ਹੁਣ ਇਸ ਉੱਤੇ ਟਿਕੀ ਹੋਵੇਗੀ ਕਿ ਉਹ ਆਪਣੇ ਇਲਜ਼ਾਮਾਂ ਨੂੰ ਕਿੰਨਾ ਸਬੂਤਾਂ ਨਾਲ ਪੇਸ਼ ਕਰ ਪਾਂਦੀਆਂ ਹਨ।ਹੁਣ ਅੱਗੇ ਦਾ ਸਿਆਸੀ ਪਰਿਦ੍ਰਿਸ਼ ਕੀ ਹੋਵੇਗਾ। ਰਾਹੁਲ ਗਾਂਧੀ ਉੱਤੇ ਦਬਾਅ ਹੈ ਕਿ ਹੁਣ ਉਨ੍ਹਾਂ ਤੋਂ ਉਮੀਦ ਕੀਤੀ ਜਾਵੇਗੀ ਕਿ ਉਹ ਜਾਂ ਤਾਂ ਠੋਸ ਸਬੂਤ ਪੇਸ਼ ਕਰਨ ਜਾਂ ਫਿਰ ਸਾਰਵਜਨਕ ਰੂਪ ਵਿੱਚ ਮੁਆਫੀ ਮੰਗਣ।

ਵਿਰੋਧੀ ਪਾਰਟੀਆਂ ਦੀ ਏਕਤਾ, ਇਹ ਮੁੱਦਾ ਵਿਰੋਧੀ ਏਕਤਾ ਨੂੰ ਮਜ਼ਬੂਤ ਕਰ ਸਕਦਾ ਹੈ, ਪਰ ਬਿਨਾਂ ਤੱਥਾਤਮਕ ਪ੍ਰਮਾਣ ਦੇ ਇਹ ਉਲਟ ਵੀ ਪੈ ਸਕਦਾ ਹੈ। ਸੱਤਾਧਾਰੀ ਪਾਰਟੀ ਦਾ ਫਾਇਦਾ ਹੈ ਜੇ ਵਿਰੋਧੀ ਪਾਰਟੀਆਂ ਪ੍ਰਮਾਣ ਦੇਣ ਵਿੱਚ ਫੇਲ੍ਹ ਰਹਿੰਦੀਆਂ ਹਨ, ਤਾਂ ਸੱਤਾਧਾਰੀ ਪਾਰਟੀ ਇਸ ਨੂੰ ਆਪਣੇ ਪੱਖ ਵਿੱਚ ਮਾਹੌਲ ਬਣਾਉਣ ਲਈ ਵਰਤੇਗੀ।

ਹੁਣ ਜਨਤਾ ਦੀ ਭੂਮਿਕਾ ਵਿਚ ਅੰਤ ਵਿੱਚ ਸਭ ਤੋਂ ਨਿਰਣਾਇਕ ਭੂਮਿਕਾ ਵੋਟਰ ਦੀ ਹੋਵੇਗੀ । ਉਨ੍ਹਾਂ ਦੀ ਧਾਰਨਾ ਹੀ ਤੈਅ ਕਰੇਗੀ ਕਿ ਇਲਜ਼ਾਮ ਸਹੀ ਹਨ ਜਾਂ ਇਹ ਸਿਰਫ਼ ਚੋਣ ਰਣਨੀਤੀ ਹੈ।ਭਾਰਤੀ ਸਿਆਸਤ ਦੇ ਇਸ ਮੋੜ ਉੱਤੇ ਚੋਣ ਕਮਿਸ਼ਨ ਦੀ ਸਾਖ ਅਤੇ ਵਿਰੋਧੀ ਪਾਰਟੀਆਂ ਦੀ ਵਿਸ਼ਵਸਨੀਯਤਾ, ਦੋਵੇਂ ਹੀ ਕਠਘਰੇ ਵਿੱਚ ਹਨ । ਕਮਿਸ਼ਨ ਨੇ ਅੱਜ ਇਹ ਸਪੱਸ਼ਟ ਕਰ ਦਿੱਤਾ ਹੈ ਕਿ ਲੋਕਤੰਤਰ ਦੀ ਰੱਖਿਆ ਲਈ ਸਿਰਫ਼ ਇਲਜ਼ਾਮ ਨਹੀਂ, ਸਗੋਂ ਸਬੂਤਾਂ ਦੀ ਸਿਆਸਤ ਕਰਨੀ ਪਵੇਗੀ। ਹੁਣ ਗੇਂਦ ਰਾਹੁਲ ਗਾਂਧੀ ਅਤੇ ਵਿਰੋਧੀ ਪਾਰਟੀਆਂ ਦੇ ਪਾਲੇ ਵਿੱਚ ਹੈ, ਜਾਂ ਤਾਂ ਉਹ ਹਲਫ਼ਨਾਮਾ ਦੇ ਕੇ ਦੇਸ਼ ਨੂੰ ਸੱਚ ਦੱਸਣ, ਜਾਂ ਫਿਰ ਦੇਸ਼ ਤੋਂ ਮੁਆਫੀ ਮੰਗਣ ।

# ਆਮ ਆਦਮੀ ਪਾਰਟੀ ਲਈ ਖੜਕੀ ਖ਼ਤਰੇ ਦੀ ਘੰਟੀ

ਕਮਲਜੀਤ ਸਿੰਘ ਬਨਵੈਤ
98147 34035



ਪੰਜਾਬ ਦੀ ਸਿਆਸਤ ਕੁਰੱਪਟ ਤਾਂ ਕਹੀ ਜਾਂਦੀ ਰਹੀ ਹੈ। ਇਹ ਅਪਰਾਧਿਕ ਨਹੀਂ ਸੀ। ਪੰਜਾਬ ਵਿੱਚ ਚੋਣਾਂ ਵਿਧਾਨ ਸਭਾ ਦੀਆਂ ਹੋਈਆਂ ਹੋਣ, ਲੋਕ ਸਭਾ ਦੀਆਂ ਜਾਂ ਫਿਰ ਸਥਾਨਕ ਸਰਕਾਰ ਦੀਆਂ ਬੂਥ ਕੈਪਚਰਿੰਗ ਨਹੀਂ ਸੀ ਹੋਈ। ਵੋਟਾਂ ਦੇ ਦਿਨ ਗੋਲੀਆਂ ਵੀ ਕਦੇ ਭਾਵੇਂ ਹੀ ਚੱਲੀਆਂ ਹੋਈਆਂ ਹੋਣਗੀਆਂ। ਦਿੱਲੀ ਦੀ ਆਮ ਆਦਮੀ ਪਾਰਟੀ ਪੰਜਾਬ ਦੇ ਇਤਿਹਾਸ ਨੂੰ ਬਦਲਣਾ ਚਾਹੁੰਦੀ ਦਿਸਣ ਲੱਗੀ ਹੈ। ਦਿੱਲੀ ਦੇ ਸਾਬਕਾ ਡਿਪਟੀ ਮੁੱਖ ਮੰਤਰੀ ਅਤੇ ਪਾਰਟੀ ਦੇ ਪੰਜਾਬ ਮਾਮਲਿਆਂ ਦੇ ਇੰਚਾਰਜ ਮੁਨੀਸ਼ ਸਿਸੋਦੀਆ ਨੇ ਪਿਛਲੇ ਦਿਨੀਂ ਮਹਿਲਾ ਵਰਕਰਾਂ ਦੀ ਰੱਖੀ ਮੀਟਿੰਗ ਵਿੱਚ ਚੋਣਾਂ ਜਿੱਤਣ ਲਈ ਮਾਰ ਧਾੜ, ਲੁੱਟ ਖੋਹ ਕਰਨ ਦਾ ਪਾਠ ਪੜ੍ਹਾਇਆ ਹੈ। ਉਹ ਚੰਡੀਗੜ੍ਹ ਦੇ ਮਿਊਂਸਪਲ ਭਵਨ ਵਿੱਚ ਪਾਰਟੀ ਦੀਆਂ ਮਹਿਲਾ ਵਰਕਰਾਂ ਨੂੰ ਚੋਣਾਂ ਜਿੱਤਣ ਦਾ ਪਾਠ ਪੜ੍ਹਾ ਰਹੇ ਸਨ।

ਪੰਜਾਬ ਨੇ ਹਾਲੇ ਤੱਕ ਮੁਨੀਸ਼ ਸਿਸੋਦੀਆ ਦੇ ਇਸ ਭਾਸ਼ਾ 'ਤੇ ਆਪਣਾ ਰਿਐਕਸ਼ਨ ਨਹੀਂ ਕੀਤਾ ਹੈ। ਪੰਜਾਬ ਜਦੋਂ ਰਿਐਕਸ਼ਨ ਕਰਦਾ ਹੈ ਤਾਂ ਇਹ ਦੂਜਿਆਂ ਲਈ ਤਕਲੀਫ਼ਦੇਹ ਬਣਦਾ ਹੈ । ਸਿਤਮ ਹੈ ਕਿ ਇਸ ਸਮਾਗਮ ਦੌਰਾਨ ਮੂਹਰਲੀ ਕਤਾਰ ਵਿੱਚ ਬੈਠੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਪੰਜਾਬ ਆਪ ਦੇ ਪ੍ਰਧਾਨ ਅਮਨ ਅਰੋੜਾ ਹਾਲੇ ਤੱਕ ਮੂੰਹ ਵਿੱਚ ਘੁੰਗਣੀਆਂ ਪਾਈ ਬੈਠੇ ਹਨ। ਪਿੱਛੇ ਤੋਂ ਹਾਲ ਤਾੜੀਆਂ ਨਾਲ ਗੂੰਜ ਉੱਠਿਆ ਸੀ। ਉਮੀਦ ਕੀਤੀ ਜਾਂਦੀ ਸੀ ਕਿ ਮਾਨ ਜਾਂ ਅਰੋੜਾ ਵਿੱਚੋਂ ਕੋਈ ਨਾ ਕੋਈ ਸਿੱਧੇ ਅਸਿੱਧੇ ਤੌਰ 'ਤੇ ਪੰਜਾਬੀਆਂ ਦੇ ਪਿੰਡੇ ਉੱਤੇ ਹੋਏ ਜ਼ਖਮਾਂ 'ਤੇ ਮਲ੍ਹਮ ਲਾਵੇਗਾ। ਪਰ ਭਗਵੰਤ ਮਾਨ ਤਾਂ ਆਜ਼ਾਦੀ ਦਿਵਸ ਮੌਕੇ ਸਰਕਾਰ ਦੀਆਂ ਪ੍ਰਾਪਤੀਆਂ ਬਾਰੇ ਦਿੱਤੇ ਜਾਣ ਵਾਲੇ ਭਾਸ਼ਣ ਦੀ ਤਿਆਰੀ ਵਿੱਚ ਮਸ਼ਰੂਫ ਰਹੇ।

ਪੰਜਾਬ ਭਾਜਪਾ ਦੇ ਪ੍ਰਧਾਨ ਸੁਨੀਲ ਜਾਖੜ ਨੇ ਚੋਣ ਕਮਿਸ਼ਨ ਨੂੰ ਲੋਕਪ੍ਰਿਅਤਾ ਐਕਟ 1951 ਦੀਆਂ ਵੱਖ-ਵੱਖ ਧਰਾਵਾਂ ਦੇ ਹਵਾਲੇ ਨਾਲ ਇੱਥੇ ਚਿੱਠੀ ਭੇਜ ਕੇ ਮੁਨੀਸ਼ ਸਿਸੋਦੀਆ ਅਤੇ ਆਮ ਆਦਮੀ ਪਾਰਟੀ ਦੇ ਖ਼ਿਲਾਫ਼ ਕਾਰਵਾਈ ਦੀ ਮੰਗ ਕਰ ਦਿੱਤੀ। ਕਾਨੂੰਨ ਨਾਲ ਜੁੜੇ ਮਾਹਿਰਾਂ ਦਾ ਕਹਿਣਾ ਹੈ ਕਿ ਚੋਣ ਕਮਿਸ਼ਨ , ਪਾਰਟੀ ਦੀ ਮਾਨਤਾ ਰੱਦ ਵੀ ਕਰ ਸਕਦਾ ਹੈ ਅਤੇ ਮੁਨੀਸ਼ ਸਿਸੋਦੀਆ ਖ਼ਿਲਾਫ਼ ਅਪਰਾਧਿਕ ਕਾਰਵਾਈ ਦੇ ਆਦੇਸ਼ ਵੀ ਦੇ ਸਕਦਾ ਹੈ। ਪੰਜਾਬ ਦੀਆਂ ਸਾਰੀਆਂ ਵਿਰੋਧੀ ਪਾਰਟੀਆਂ ਨੇ ਤਿੱਖੀ ਬਿਆਨਬਾਜ਼ੀ ਕੀਤੀ ਹੈ। ਸ਼੍ਰੋਮਣੀ ਅਕਾਲੀ ਦਲ ਨੇ ਵੀ ਭਾਰਤ ਦੇ ਚੋਣ ਕਮਿਸ਼ਨ ਕੋਲ ਮੁਨੀਸ਼ ਸਿਸੋਦੀਆ ਦੇ ਖ਼ਿਲਾਫ਼ ਇੱਕ ਸ਼ਿਕਾਇਤ ਦਰਜ ਕਰਾਈ ਹੈ। ਇੱਥੇ ਬਹੁਤ ਵੱਡਾ ਸਵਾਲ ਪੈਦਾ ਹੁੰਦਾ ਹੈ ਕਿ ਮੁਨੀਸ਼ ਸਿਸੋਦੀਆ ਨੇ ਪਾਰਟੀ ਦੇ ਵਲੰਟੀਅਰਾਂ ਦੀ ਥਾਂ ਕਥਿਤ ਤੌਰ 'ਤੇ ਗੈਂਗਸਟਰ ਪੈਦਾ ਕਰਨ ਦਾ ਸੱਦਾ ਆਪਣੇ ਪੱਧਰ 'ਤੇ ਦਿੱਤਾ ਹੈ ਜਾਂ ਇਹ ਆਮ ਆਦਮੀ ਪਾਰਟੀ ਦੀ ਆਪਣੀ ਨੀਤੀ ਦਾ ਹਿੱਸਾ ਹੈ । ਕੁਝ ਵੀ ਹੋਵੇ ਸਿਸੋਦੀਆ ਦੇ ਭਾਸ਼ਣ ਵਿੱਚੋਂ ਉਹਨਾਂ ਦੀ ਆਪਣੀ ਅਤੇ ਪਾਰਟੀ ਦੀ ਮਾਨਸਿਕਤਾ ਸਾਫ਼ ਝਲਕਦੀ ਹੈ। ਪੰਜਾਬ ਵਿੱਚ ਚੋਣਾਂ ਦੀ ਹਕੀਕਤ ਇਸ ਦੇ ਨੇੜੇ ਤੇੜੇ ਘੁੰਮਦੀ ਰਹੀ ਹੈ। ਮੁਲਕ ਦੇ ਕਈ ਅਜਿਹੇ ਸੂਬੇ ਹਨ ਜਿੱਥੇ ਚੋਣਾਂ ਅਤੇ ਅਪਰਾਧੀਆਂ ਦਾ ਨੇੜੇ ਦਾ ਸਬੰਧ ਹੈ। ਪਰ ਆਮ ਆਦਮੀ ਪਾਰਟੀ ਤਾਂ ਇੱਕ ਵੱਖਰੀ ਸੋਚ ਲੈ ਕੇ ਸਿਆਸਤ ਵਿੱਚ ਆਈ ਸੀ। ਆਮ ਲੋਕਾਂ ਲਈ ਅਤੇ ਆਮ ਲੋਕਾਂ ਰਾਹੀਂ ਸਿਆਸਤ ਕਰਨ ਦੀ ਸੋਚ ਦਾ ਪ੍ਰਗਟਾਵਾ ਕਰਕੇ ਇਸਦਾ ਨਾਂ ਹੀ ਆਮ ਆਦਮੀ ਪਾਰਟੀ ਰੱਖਿਆ ਗਿਆ ਸੀ। ਚੋਣ ਨਿਸ਼ਾਨ ਝਾੜੂ ਵੀ ਸਿਆਸੀ ਸਫਾਈ ਕਰਨ ਦਾ ਸੁਨੇਹਾ ਦਿੰਦਾ ਹੈ।

ਆਮ ਆਦਮੀ ਪਾਰਟੀ ਨੇ ਕੁਰੱਪਸ਼ਨ ਦਾ ਝਾੜੂ ਨਾਲ ਸਫ਼ਾਇਆ ਕਰਕੇ ਸਾਫ ਸੁਥਰਾ ਪ੍ਰਸ਼ਾਸਨ ਦੇਣ ਦੇ ਦਾਅਵੇ ਨਾਲ ਵੋਟਰਾਂ ਨੂੰ ਪ੍ਰੇਰਿਆ ਸੀ। ਅੱਜ ਇਹ ਦਾਅਵਾ ਸੱਚ ਤੋਂ ਕੋਹਾਂ ਦੂਰ ਲੱਗਦੇ ਹਨ।ਆਮ ਆਦਮੀ ਪਾਰਟੀ ਨੇ ਤਾਂ ਇਹ ਵੀ ਕਿਹਾ ਸੀ ਕਿ ਲੋਕਪਾਲ ਦੀ ਨਿਯੁਕਤੀ ਕਰਕੇ ਕੁਰੱਪਟ ਅਫਸਰਾਂ ਨੂੰ ਇਸ ਦੇ ਘੇਰੇ ਵਿੱਚ ਲਿਆਂਦਾ ਜਾਵੇਗਾ। ਪਾਰਟੀ ਨੂੰ ਹੋਂਦ ਵਿੱਚ ਆਇਆਂ ਦਹਾਕੇ ਤੋਂ ਵੱਧ ਸਮਾਂ ਹੋ ਗਿਆ ਹੈ। ਪਰ ਲੋਕਪਾਲ ਦਾ ਗਠਨ ਤਾਂ ਕੀ ਕਰਨਾ ਸੀ ਇਸ ਦੇ ਸੁਪਰੀਮੋ ਭਰਿਸ਼ਟਾਚਾਰ ਦੇ ਦੋਸ਼ਾਂ ਤਹਿਤ ਆਪ ਜੇਲ੍ਹ ਦੀਆਂ ਸਲਾਖਾਂ ਪਿੱਛੇ ਬੰਦ ਰਹੇ ਹਨ। ਇੱਥੇ ਹੀ ਬਸ ਨਹੀਂ ਉਹਨਾਂ ਦੇ ਦੋ ਨੇੜਲੇ ਸਾਥੀਆਂ ਅਤੇ ਸਾਬਕਾ ਕੈਬਨਿਟ ਮੰਤਰੀਆਂ ਮੁਨੀਸ਼ ਸਿਸੋਦੀਆ ਅਤੇ ਸਤੇਂਦਰ ਜੈਨ ਨੂੰ ਵੀ ਜੇਲ੍ਹ ਵਿੱਚ ਗੁੜ ਨਾਲ ਚਨੇ ਚੱਬਣੇ ਪਏ ਸਨ। ਅਰਵਿੰਦ ਕੇਜਰੀਵਾਲ ਪਾਰਟੀ ਦੇ ਸੁਪਰੀਮੋ ਦੀ ਹੈਸੀਅਤ ਵਿੱਚ ਪੰਜਾਬ ਅੰਦਰ ਡੇਰੇ ਲਾਈ ਬੈਠੇ ਹਨ। ਮੁਨੀਸ਼ ਸਿਸੋਦੀਆ ਨੂੰ ਪੰਜਾਬ ਆਪ ਦਾ ਕੋਆਰਡੀਨੇਟਰ ਅਤੇ ਸਤੇਂਦਰ ਜੈਨ ਨੂੰ ਕੋ-ਕੁਆਰਡੀਨੇਟਰ ਲਾ ਕੇ ਆਪਣੇ ਨਾਲ ਜੋੜ ਲਿਆ ਹੈ। ਅਸਲ ਵਿੱਚ ਕੇਜਰੀਵਾਲ ਅਤੇ ਸਿਸੋਦੀਆ ਹੀ ਪੰਜਾਬ ਸਰਕਾਰ ਚਲਾ ਰਹੇ ਹਨ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਇਹਨਾਂ ਤਿੰਨਾਂ ਦੇ ਭਾਰ ਹੇਠ ਏਨਾ ਦੱਬ ਚੁੱਕੇ ਹਨ ਕਿ ਮੁਨੀਸ਼ ਸਿਸੋਦੀਆ ਪੰਜਾਬੀਆਂ ਨੂੰ ਇੱਕ ਤਰ੍ਹਾਂ ਦੀ ਭਾਜੀ ਪਾਉਣ ਦਾ ਹੀਆ ਕਰ ਗਏ ਹਨ।

ਇੱਥੇ ਭਗਵੰਤ ਮਾਨ ਵੱਲੋਂ ਲੋਕਾਂ ਨੂੰ ਦਿੱਤੀ ਜਾ ਰਹੀ ਉਸ ਨਸੀਹਤ ਦਾ ਜ਼ਿਕਰ ਕਰਨਾ ਵੀ ਜ਼ਰੂਰੀ ਹੋਵੇਗਾ, ਜਿਸ ਰਾਹੀਂ ਉਹ ਅਕਸਰ ਕਹਿੰਦੇ ਹਨ ਕਿ ਪੈਸੇ ਜਿਸ ਤੋਂ ਮਰਜ਼ੀ ਲਓ ਪਰ ਮੋਹਰ ਝਾੜੂ ਉੱਤੇ ਹੀ ਲਾਉਣੀ ਹੈ। ਉਹਨਾਂ ਦੇ ਲੈਕਚਰ ਤੋਂ ਬਾਅਦ ਮੈਂ ਅਕਸਰ ਸੋਚਦਾ ਰਿਹਾ ਹਾਂ ਕਿ ਮੁੱਖ ਮੰਤਰੀ ਸਮੇਤ ਆਪ ਦੇ ਦੂਜੇ ਲੀਡਰਾਂ ਦਾ ਇਖਲਾਕ ਕਿੱਥੇ ਗਿਆ ।ਉਹਨਾਂ ਦੀ ਜ਼ਮੀਰ ਕਿਹੋ ਜਿਹੀ ਗੱਲ ਕਰਨ ਦੀ ਇਜਾਜ਼ਤ ਕਿਵੇਂ ਦਿੰਦੀ ਹੋਊ ? ਇੱਕ ਪਾਸੇ ਭਰਿਸ਼ਟਾਚਾਰ ਦੇ ਖ਼ਿਲਾਫ਼ ਮੁਹਿੰਮ ਚੱਲ ਰਹੀ ਹੈ, ਦੂਜੇ ਪਾਸੇ ਕੁਰੱਪਸ਼ਨ ਦੇ ਗੁਰ ਦੱਸੇ ਜਾ ਰਹੇ ਹਨ।

ਸਿਆਸੀ ਪਾਰਟੀਆਂ ਨੇ ਪਹਿਲਾਂ ਪਹਿਲ ਸਬਸਿਡੀਆਂ ਦੇ ਨਾਂ ਉਤੇ ਪਰਚੂਨ ਕੁਰੱਪਸ਼ਨ ਸ਼ੁਰੂ ਕੀਤੀ ਸੀ। ਉਨ੍ਹਾਂ ਨੇ ਗਰੰਟੀਆਂ ਦੇ ਨਾਂ ਉੱਤੇ ਲੋਕਾਂ ਦਾ ਪਾਰਾ ਨਾਪਿਆ। ਲੋਕਾਂ ਨੂੰ ਮੁਫ਼ਤ ਦੀਆਂ ਸਹੂਲਤਾਂ ਦੀ ਚਾਟ ਉੱਤੇ ਲਾਇਆ। ਉਸ ਤੋਂ ਬਾਅਦ ਵੋਟਰਾਂ ਦਾ ਮੁੱਲ ਪੈਣ ਲੱਗਾ। ਵੋਟਾਂ ਵਿਕਣ ਲੱਗੀਆਂ। ਪਰ ਪੰਜਾਬ ਵਿੱਚ ਵੋਟਾਂ ਦੇ ਦਿਨ ਸਿਆਸੀ ਤੌਰ 'ਤੇ ਖ਼ੂਨ ਡੋਲਣ ਦੀਆਂ ਗਿਣਵੀਂਆਂ ਮਿਣਵੀਂਆਂ ਘਟਨਾਵਾਂ ਹੀ ਵਾਪਰੀਆਂ ਹੋਣਗੀਆਂ। ਹੁਣ ਤਾਂ ਹੱਦ ਹੀ ਹੋ ਗਈ ਜਦੋਂ ਜ਼ਿਲ੍ਹਾ ਬਲਾਕ ਅਤੇ ਬੂਥ ਪੱਧਰ ਉੱਤੇ ਵੋਟਾਂ ਭੁਗਤਾਉਣ ਵਾਲੀਆਂ ਮਹਿਲਾਵਾਂ ਨੂੰ ਸਾਮ ਦਾਮ, ਸੱਚ ਝੂਠ ਅਤੇ ਕੁੱਟ ਮਾਰ ਦਾ ਪਾਠ ਪੜ੍ਹਾਇਆ ਗਿਆ ਹੈ। ਵਿਧਾਨ ਸਭਾ ਦੀਆਂ ਅਗਲੀਆਂ ਚੋਣਾਂ ਹਾਲੇ ਦੂਰ ਹਨ। ਜ਼ਿਲ੍ਹਾ ਪ੍ਰੀਸ਼ਦਾਂ ਅਤੇ ਬਲਾਕ ਸਮਿਤੀ ਦੀਆਂ ਚੋਣਾਂ 5 ਅਕਤੂਬਰ ਨੂੰ ਹੋਣੀਆਂ ਹਨ। ਆਮ ਆਦਮੀ ਪਾਰਟੀ ਇਹਨਾਂ ਚੋਣਾਂ ਵਿੱਚ ਤਜ਼ਰਬਾ ਕਰੇਗੀ।

ਹੈਰਾਨੀ ਤਾਂ ਇਸ ਗੱਲ ਦੀ ਹੈ ਕਿ ਮੁਨੀਸ਼ ਸਿਸੋਦੀਆ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਪੰਜਾਬ ਆਪ ਦੇ ਪ੍ਰਧਾਨ ਅਰੋੜਾ ਬੜੀ ਛੇਤੀ ਭੁੱਲ ਗਏ ਹਨ ਕਿ ਲੈਂਡ ਪੂਲਿੰਗ ਨੂੰ ਲੈ ਕੇ ਪੰਜਾਬੀਆਂ ਨੇ ਉਹਨਾਂ ਦੇ ਛੱਤਣੀ ਹੱਥ ਲਵਾ ਦਿੱਤੇ ਸਨ। ਇਸ ਤੋਂ ਪਹਿਲਾਂ ਵੀ ਇੱਕ ਵਾਰ ਨਹੀਂ ਬੜੀ ਵਾਰ ਪੰਜਾਬ ਸਰਕਾਰ ਨੂੰ ਆਪਣੇ ਫੈਸਲਿਆਂ ਤੋਂ ਪਿੱਛੇ ਹੱਟਣਾ ਪਿਆ ਹੈ। ਇਹ ਨਹੀਂ ਕਿ ਆਮ ਆਦਮੀ ਪਾਰਟੀ ਨੇ ਆਪਣੇ ਸਾਢੇ ਤਿੰਨ ਸਾਲਾਂ ਦੇ ਕਾਰਜਕਾਲ ਦੌਰਾਨ ਕੋਈ ਲੋਕ ਲੁਭਾਊ ਫੈਸਲੇ ਨਹੀਂ ਲਏ। ਕਈ ਵਾਰ ਇੰਝ ਹੁੰਦਾ ਹੈ ਕਿ ਤੁਸੀਂ ਕੋਈ ਅਜਿਹੀ ਗਲਤੀ ਕਰ ਬੈਠਦੇ ਹੋ ਕਿ ਤੁਹਾਡੇ ਕੀਤੇ ਵੱਡੇ ਤੋਂ ਵੱਡੇ ਨੇਕ ਕੰਮ ਵੀ ਉਸਦੇ ਭਾਰ ਥੱਲੇ ਦੱਬ ਕੇ ਰਹਿ ਜਾਂਦੇ ਹਨ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਭ੍ਰਿਸ਼ਟਾਚਾਰ ਅਤੇ ਨਸ਼ਿਆਂ ਖਿਲਾਫ਼ ਮੁਹਿੰਮ ਚਲਾ ਕੇ ਉੱਪਰੋਂ ਉੱਪਰੋਂ ਬਾਗੋ ਬਾਗ ਖਿੜੇ ਹੋਣ ਦਾ ਵਿਖਾਵਾ ਕਰ ਰਹੇ ਹਨ। ਸੱਚ ਤੋਂ ਅਣਜਾਣ ਉਹ ਵੀ ਨਹੀਂ ਹਨ। ਪਰ ਆਮ ਲੋਕਾਂ ਵਿੱਚ ਚਰਚਾ ਹੈ ਕਿ ਦਿੱਲੀ ਵਾਲੇ ਪੰਜਾਬ ਵਿੱਚੋਂ ਜੇਬਾਂ ਭਰ ਕੇ ਵਾਪਸ ਪਰਤ ਰਹੇ ਹਨ। ਸੰਦੀਪ ਪਾਠਕ ਜਾਂ ਰਾਘਵ ਚੱਡਾ ਨੂੰ ਚਾਹੇ ਤੋਰਿਆ ਪਾਰਟੀ ਨੇ ਹੈ ਪਰ ਦੰਦ ਕਥਾਵਾਂ ਇਹ ਹਨ ਕਿ ਉਹ ਪੰਜਾਬ ਦੇ ਸਿਰੋਂ ਪੁਸ਼ਤਾਂ ਦੀਆਂ ਰੋਟੀਆਂ ਬਣਾ ਗਏ ਹਨ। ਆਮ ਆਦਮੀ ਪਾਰਟੀ ਅਤੇ ਭਗਵੰਤ ਸਿੰਘ ਮਾਨ ਹਮੇਸ਼ਾ ਕਹਿੰਦੇ ਰਹੇ ਹਨ ਕਿ ਉਹਨਾਂ ਦੀ ਸਰਕਾਰ ਦਾ ਕੰਮ ਬੋਲਦਾ ਹੈ। ਜੇ ਕੰਮ ਬੋਲਦਾ ਹੁੰਦਾ ਤਾਂ ਸੂਬੇ ਅਤੇ ਇਸ ਤੋਂ ਬਾਹਰਲੇ ਪ੍ਰਾਂਤਾਂ ਦੀਆਂ ਅਖ਼ਬਾਰਾਂ ਵਿੱਚ ਕਰੋੜਾਂ ਦੇ ਅਖਤਿਆਰ ਨਹੀਂ ਸੀ ਦੇਣੇ ਪੈਣੇ ਨਾ ਹੀ ਪੰਜਾਬ ਵਿੱਚ ਪੈਰ ਪੈਰ ਉੱਤੇ ਕੇਜਰੀਵਾਲ ਦੇ ਹੋਰਡਿੰਗਜ ਲਾਉਣ ਦੀ ਲੋੜ ਪੈਣੀ ਸੀ। ਪੰਜਾਬ ਦੇ ਲੋਕਾਂ ਦਾ ਪੈਸਾ ਪ੍ਰਚਾਰ ਉੱਤੇ ਪਾਣੀ ਦੀ ਤਰ੍ਹਾਂ ਵਹਾਇਆ ਜਾ ਰਿਹਾ ਹੈ।

ਇੱਕ ਸੱਚ ਇਹ ਵੀ ਹੈ ਕਿ ਸਾਰੀਆਂ ਸਿਆਸੀ ਪਾਰਟੀਆਂ ਕੁਰੱਪਟ ਪ੍ਰੈਕਟਿਸ ਕਰ ਰਹੀਆਂ ਹਨ। ਹਰ ਪਾਰਟੀ ਚੋਣਾਂ ਲਈ ਟਿਕਟ ਵੇਲੇ ਉਮੀਦਵਾਰ ਦੀ ਜੇਬ ਦਾ ਭਾਰ ਦੇਖਦੀ ਹੈ। ਜਾਤ ,ਪਾਤ, ਧਰਮ ਅਤੇ ਖੇਤਰ ਨੂੰ ਵੀ ਸਾਹਮਣੇ ਰੱਖਿਆ ਜਾਂਦਾ ਹੈ। ਇਹੋ ਵਜ੍ਹਾ ਹੈ ਕਿ ਯੋਗ ਲੋਕ ਪਿੱਛੇ ਰਹਿ ਜਾਂਦੇ ਹਨ ਜਾਂ ਕਾਬਿਲ ਲੋਕ ਸਿਆਸਤ ਵਿੱਚ ਆਉਣ ਤੋਂ ਹੱਟਣ ਲੱਗੇ ਹਨ। ਪਰ ਆਮ ਆਦਮੀ ਪਾਰਟੀ ਭਰਿਸ਼ਟ ਸਿਆਸਤ ਤੋਂ ਅੱਗੇ ਅਪਰਾਧਿਕ ਸਿਆਸਤ ਕਰਨ ਲੱਗੀ ਹੈ, ਜਿਹੜਾ ਪੰਜਾਬ ਦੇ ਸੁਭਾਅ ਨਾਲ ਮੇਲ ਨਹੀਂ ਖਾ ਰਿਹਾ ਹੈ। ਪੰਜਾਬੀ ਹਾਲੇ ਤੱਕ ਤਾਂ ਦਿਲ 'ਤੇ ਹੱਥ ਰੱਖ ਕੇ ਜ਼ਰਦੇ ਆ ਰਹੇ ਹਨ ਪਰ ਜਦੋਂ ਰਿਐਕਸ਼ਨ 'ਤੇ ਆ ਗਏ ਫਿਰ ਸੰਭਲਣ ਦਾ ਮੌਕਾ ਵੀ ਨਹੀਂ ਦਿੰਦੇ। ਭਾਰਤੀ ਚੋਣ ਕਮਿਸ਼ਨ ਕੀ ਕਾਰਵਾਈ ਕਰਦਾ ਹੈ ਇਹ ਤਾਂ ਅਗਲੇ ਦਿਨ ਹੀ ਸਾਹਮਣੇ ਆਵੇਗਾ ਪਰ ਆਮ ਆਦਮੀ ਪਾਰਟੀ ਵਾਸਤੇ ਮੌਕਾ ਸੰਭਾਲਦਿਆਂ ਪੰਜਾਬੀਆਂ ਮੂਹਰੇ ਗ਼ਲਤੀ ਦਾ ਅਹਿਸਾਸ ਕਰਨਾ ਬਣਦਾ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤਾਂ ਆਪਣੇ ਹਨ। ਆਪ ਪੰਜਾਬ ਦੇ ਪ੍ਰਧਾਨ ਅਮਨ ਅਰੋੜਾ ਵੀ ਸਾਡੇ ਆਪਣੇ। ਬੇਗਾਨਿਆਂ ਉੱਤੇ ਕੀ ਹਿਰਖ ਕਰਨਾ ਹੋਇਆ ! ਜੇ ਆਪਣੇ ਹੀ ਨਿਰਮੋਹੇ ਹੋ ਜਾਣ ਤਾਂ ਬੇਗਾਨਿਆਂ ਤੋਂ ਕੀ ਆਸ ਰੱਖੀਏ।

# ਖੋਜੀ ਇਤਿਹਾਸਕਾਰ-ਪ੍ਰਿੰਸੀਪਲ ਸਤਿਬੀਰ ਸਿੰਘ ਨੂੰ ਯਾਦ ਕਰਦਿਆਂ



ਭਗਵਾਨ ਸਿੰਘ ਜੌਹਲ
ਮੋ. 98143-24040

ਬੀਤੀ ਸਦੀ ਦੇ ਦੂਜੇ ਅੱਧ ਵਿੱਚ ਸਿੱਖ ਵਿਦਵਾਨ ਅਤੇ ਸਿੱਖ ਇਤਿਹਾਸ ਦੀ ਰਚਨਾ ਲਈ ਇਕ ਖੋਜੀ ਵਿਦਵਾਨ ਵਜੋਂ ਆਪਣੀ ਪਛਾਣ ਬਨਾਉਣ ਲਈ ਜਾਣੇ ਜਾਂਦੇ ਪ੍ਰਿੰਸੀਪਲ ਸਤਿਬੀਰ ਸਿੰਘ ਨੇ ਗੁਰਮਤਿ ਸਾਹਿਤ ਦੇ ਖੇਤਰ ਵਿੱਚ ਜਿਹੜਾ ਮਾਣ-ਮੱਤਾ ਕਾਰਜ ਕੀਤਾ, ਉਸ ਨੂੰ ਕਦਾਚਿੱਤ ਵੀ ਭੁਲਾਇਆ ਨਹੀਂ ਜਾ ਸਕਦਾ। ਧਰਮ ਦੇ ਖੇਤਰ ਵਿੱਚ ਇਕ ਸ਼ਰਧਾਲੂ ਸਿੱਖ ਵਜੋਂ ਪ੍ਰਿੰਸੀਪਲ ਸਤਿਬੀਰ ਸਿੰਘ ਦੀ ਇਤਿਹਸਕ ਖੋਜ ਲਈ ਜਿਹੜੀ ਮਾਣ-ਵਡਿਆਈ ਮਿਲੀ, ਇਹ ਗੁਣ ਅਜੋਕੇ ਇਤਿਹਾਸਕਾਰਾਂ ਵਿੱਚੋਂ ਕਿਸੇ ਵਿਰਲੇ ਕੋਲ ਹੀ ਹੋਵੇਗਾ ।ਅਸਲ ਵਿੱਚ ਉਨ੍ਹਾਂ ਇੱਕ ਸ਼ਰਧਾਵਾਨ ਸਿੱਖ ਵਜੋਂ ਸਿੱਖ ਇਤਿਹਾਸ ਨੂੰ ਵਾਚਿਆ, ਜਦੋਂ ਉਨ੍ਹਾਂ ਇਤਿਹਾਸ ਨੂੰ ਲਿਖਣ ਲਈ ਕਲਮ ਚੁੱਕੀ ਤਾਂ ਉਨ੍ਹਾਂ ਦੀ ਲੇਖਣੀ ਵਿੱਚੋਂ ਵੀ ਇਸ ਗੁਣ ਦੀ ਪ੍ਰਤੱਖ ਝਲਕ ਨਜ਼ਰ ਆਉਂਦੀ ਹੈ । ਸ਼ਾਇਦ ਇਸੇ ਕਰਕੇ ਪੰਥ ਰਤਨ ਸੱਚਖੰਡਵਾਸੀ ਜਥੇਦਾਰ ਗੁਰਚਰਨ ਸਿੰਘ ਟੌਹੜਾ ਪ੍ਰਿੰਸੀਪਲ ਸਾਹਿਬ ਨੂੰ ਅਥਾਹ ਪਿਆਰ ਕਰਦੇ ਸਨ । ਜਦੋਂ ਪ੍ਰਿੰਸੀਪਲ ਸਾਹਿਬ ਨੇ ਵੱਖ-ਵੱਖ ਸਿਰਲੇਖਾਂ ਅਧੀਨ ਦੱਸ ਪੁਸਤਕਾਂ, ਦੱਸ ਗੁਰੂ ਸਾਹਿਬਾਨਾਂ ਦੀ ਜੀਵਨ ਯਾਤਰਾ ਸਬੰਧੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਦੀ ਹਰਿ ਕੀ ਪੌੜੀ ਤੋਂ ਸਿੱਖ ਜਗਤ ਲਈ ਜਾਰੀ ਕੀਤੀਆਂ ਤਾਂ ਉਨ੍ਹਾਂ ਦੇ ਇਸ ਵਿਲੱਖਣ ਕਾਰਜ ਦੀ ਹਰ ਵਿਚਾਰਵਾਨ ਸਿੱਖ ਨੇ ਭਰਪੂਰ ਪ੍ਰਸ਼ੰਸਾ ਕੀਤੀ ।



ਇਸ ਆਧੁਨਿਕ ਸਿੱਖ ਵਿਦਵਾਨ ਅਤੇ ਇਤਿਹਾਸਕਾਰ ਦਾ ਜਨਮ ਪਹਿਲੀ ਮਾਰਚ, 1932 ਈ: ਨੂੰ ਭਾਈ ਹਰਨਾਮ ਸਿੰਘ ਦੇ ਘਰ ਬੀਬੀ ਰਣਜੀਤ ਕੌਰ ਦੀ ਕੁੱਖ ਤੋਂ ਜ਼ਿਲ੍ਹਾ ਜਿਹਲਮ (ਪੱਛਮੀ ਪੰਜਾਬ) ਪਾਕਿਸਤਾਨ ਵਿਖੇ ਹੋਇਆ । ਦੇਸ਼ ਦੇ ਬਟਵਾਰੇ ਤੋਂ ਪਿੱਛੋਂ ਉਨ੍ਹਾਂ ਦਾ ਪਰਿਵਾਰ ਕਾਨਪੁਰ (ਉੱਤਰ ਪ੍ਰਦੇਸ਼) ਵਿੱਚ ਆ ਵਸਿਆ । ਉਨ੍ਹਾਂ ਪੰਜਾਬੀ ਯੂਨੀਵਰਸਿਟੀ ਤੋਂ ਐੱਮ.ਏ. (ਹਿਸਟਰੀ) ਕਰਕੇ ਲਾਇਲਪੁਰ ਖ਼ਾਲਸਾ ਕਾਲਜ ਜਲੰਧਰ ਵਿਖੇ ਬਤੌਰ ਲੈਕਚਰਾਰ ਨਿਯੁਕਤੀ ਪ੍ਰਾਪਤ ਕੀਤੀ । ਉਨ੍ਹਾਂ ਦੀ ਰੁਚੀ ਗੁਰਮਤਿ ਸਾਹਿਤ ਅਤੇ ਸਿੱਖ ਇਤਿਹਾਸ ਦੀ ਪੇਸ਼ਕਾਰੀ ਨੂੰ ਨਿਵੇਕਲੇ ਪ੍ਰੀਖੇਪ ਵਿੱਚ ਕਰਨ ਵਿੱਚ ਸੀ । ਇਨ੍ਹਾਂ ਦੋਵਾਂ ਵਿਸ਼ਿਆਂ ਵਿੱਚ ਉਨ੍ਹਾਂ ਡੂੰਘਾ ਅਧਿਐਨ ਕੀਤਾ । ਸਭ ਤੋਂ ਪਹਿਲਾਂ 1957 ਈ: ਵਿੱਚ ਉਨ੍ਹਾਂ ਸਾਡਾ ਇਤਿਹਾਸ ਪਹਿਲਾ ਭਾਗ (ਦੱਸ ਗੁਰੂ ਸਾਹਿਬਾਨ ਤੱਕ) ਅਤੇ 1962 ਈ: ਵਿੱਚ ਦੂਜਾ ਭਾਗ (ਬਾਬਾ ਬੰਦਾ ਸਿੰਘ ਬਹਾਦਰ ਤੋਂ ਪਿੱਛੋਂ) ਪ੍ਰਕਾਸ਼ਿਤ ਕੀਤੇ। ਇਸ ਤੋਂ ਪਿੱਛੋਂ ਗੁਰਮਤਿ ਸਾਹਿਤ ਤੇ ਹੋਰ ਅਨੇਕਾਂ ਰਚਨਾਵਾਂ ਦਾ ਦੌਰ ਸ਼ੁਰੂ ਹੋਇਆ ।

ਪ੍ਰਿੰਸੀਪਲ ਸਤਿਬੀਰ ਸਿੰਘ ਨੇ 62 ਵਰ੍ਹਿਆਂ ਦੀ ਉਮਰ ਤੱਕ ਪੰਜਾਬੀ ਅਤੇ ਅੰਗ੍ਰੇਜ਼ੀ ਪੁਸਤਕਾਂ, ਜਿਨ੍ਹਾਂ ਦੀ ਗਿਣਤੀ ਛੇ ਦਰਜਨਾਂ ਤੋਂ ਵੱਧ ਬਣਦੀ ਹੈ, ਆਪਣੇ ਸੁਹਿਰਦ ਪਾਠਕਾਂ ਦੀ ਝੋਲੀ ਪਾਈਆਂ । ਇਨ੍ਹਾਂ ਸਾਰੀਆਂ ਪੁਸਤਕਾਂ ਦੇ ਵਿਸ਼ੇ ਗੁਰਬਾਣੀ ਦੀ ਵਿਆਖਿਆ, ਗੁਰ ਇਤਿਹਾਸ, ਸਿੱਖ ਰਹਿਤ ਮਰਿਯਾਦਾ ਅਤੇ ਸ਼੍ਰੋਮਣੀ ਸਿੱਖ ਸ਼ਖ਼ਸੀਅਤਾਂ ਦੇ ਜੀਵਨ ਹਨ । ਪ੍ਰਿੰਸੀਪਲ ਸਾਹਿਬ ਦਾ ਵੱਡਾ ਗੁਰਮਤਿ ਸਾਹਿਤ ਦਾ ਕਾਰਜ ਸ੍ਰੀ ਗੁਰੂ ਨਾਨਕ ਦੇਵ ਜੀ ਤੋਂ ਲੈ ਕੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਤੱਕ ਵੱਖ-ਵੱਖ ਪੁਸਤਕਾਂ ਅਲੱਗ-ਅਲੱਗ ਸਿਰਲੇਖਾਂ ਅਧੀਨ ਪੇਸ਼ ਕਰਨਾ ਹੈ ।

ਇਸ ਇਤਿਹਾਸਕ ਕਾਰਜ ਦੇ ਨਾਲ-ਨਾਲ ਪ੍ਰਿੰਸੀਪਲ ਸਤਿਬੀਰ ਸਿੰਘ ਨੇ ਗੁਰਮਤਿ ਕਾਲਜ ਪਟਿਆਲਾ ਵਿੱਚ ਬਤੌਰ ਪ੍ਰਿੰਸੀਪਲ ਸੇਵਾ ਬਾਖੂਬੀ ਨਿਭਾਈ । ਅੱਜ ਗੁਰਮਤਿ ਕਾਲਜ ਪਟਿਆਲਾ ਦੇ ਵਿਦਿਆਰਥੀ ਸਿੱਖ ਧਰਮ ਦੀਆਂ ਵੱਖ-ਵੱਖ ਸੰਸਥਾਵਾਂ ਵਿੱਚ ਸਫ਼ਲਤਾ ਨਾਲ ਕਾਰਜ ਨਿਭਾ ਰਹੇ ਹਨ । ਇਸ ਤੋਂ ਇਲਾਵਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਵਜੋਂ ਵੀ ਲੰਬਾ ਸਮਾਂ ਅਹਿਮ ਸੇਵਾ ਨਿਭਾਈ । ਪ੍ਰਿੰਸੀਪਲ ਸਤਿਬੀਰ ਸਿੰਘ ਕਰਨਾਲ ਅਤੇ ਯਮੁਨਾਨਗਰ ਵਿਖੇ ਖ਼ਾਲਸਾ ਕਾਲਜਾਂ ਵਿੱਚ ਵੀ ਬਤੌਰ ਪ੍ਰਿੰਸੀਪਲ ਕਾਰਜਸ਼ੀਲ ਰਹੇ । ਭਾਸ਼ਾ ਵਿਭਾਗ ਪੰਜਾਬ ਵੱਲੋਂ ਇਤਿਹਾਸਕ ਪੁਸਤਕਾਂ ਦੇ ਯੋਗਦਾਨ ਵਜੋਂ ਉਨ੍ਹਾਂ ਨੂੰ 1991 ਈ: ਵਿੱਚ ਸ਼੍ਰੋਮਣੀ ਪੰਜਾਬੀ ਲੇਖਕ ਵਜੋਂ ਸਨਮਾਨਿਤ ਕੀਤਾ ਗਿਆ । ਪ੍ਰਿੰਸੀਪਲ ਸਤਿਬੀਰ ਸਿੰਘ ਇਕ ਅਜਿਹਾ ਨਿਸ਼ਠਾਵਾਨ ਲੇਖਕ ਸੀ, ਜਿੰਨਾ ਸਮਾਂ ਉਹ ਜੀਇਆ, ਉਸ ਨੇ ਗੁਰਮਤਿ ਸਾਹਿਤ ਦੇ ਰਚੇਤਾ ਵਜੋਂ ਗੁਰੂ ਪੰਥ ਪ੍ਰਤੀ ਸਮਰਪਿਤ ਭਾਵਨਾ ਨਾਲ ਸੇਵਾ ਨਿਭਾਈ । ਆਪਣੇ ਸਮਕਾਲੀ ਸਾਹਿਤਕਾਰਾਂ ਵਿੱਚ ਉਨ੍ਹਾਂ ਨੂੰ ਗੁਰੂ ਘਰ ਦੇ ਸ਼ਰਧਾਵਾਨ ਗੁਰ-ਸਿੱਖ ਲੇਖਕ ਅਤੇ ਵਿਚਾਰਵਾਨ ਵਜੋਂ ਜਿਹੜਾ ਮਾਣ-ਸਨਮਾਨ ਮਿਲਿਆ, ਉਸ ਨੂੰ ਅੱਜ ਵੀ ਬੜੀ ਸ਼ਿੱਦਤ ਤੇ ਪਿਆਰ ਨਾਲ ਯਾਦ ਕੀਤਾ ਜਾਂਦਾ ਹੈ । ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸਾਡੀਆਂ ਹੋਰ ਅਨੇਕਾਂ ਧਾਰਮਿਕ ਅਤੇ ਵਿੱਦਿਅਕ ਸੰਸਥਾਵਾਂ ਉਨ੍ਹਾਂ ਵੱਲੋਂ ਦਿੱਤੀਆਂ ਸੇਧਾਂ, ਸਲਾਹਾਂ ਕਰਕੇ ਉਨ੍ਹਾਂ ਦੀ ਭਰਪੂਰ ਪ੍ਰਸ਼ੰਸਾ ਕਰਦੀਆਂ ਹਨ ।

ਆਖਰ ਪ੍ਰਿੰਸੀਪਲ ਸਾਹਿਬ 18 ਅਗਸਤ, 1994 ਈ: ਨੂੰ ਦਿਲ ਦੀ ਹਰਕਤ ਬੰਦ ਹੋਣ ਨਾਲ ਪਟਿਆਲਾ ਵਿਖੇ ਇਸ ਫਾਨੀ ਸੰਸਾਰ ਨੂੰ ਛੱਡ ਕੇ ਹਮੇਸ਼ਾਂ ਲਈ ਵਿਦਾ ਹੋ ਗਏ । ਪੰਥਕ ਸਫਾਂ ਵਿੱਚ ਸੇਵਾ ਨਿਭਾਉਣ ਵਾਲਿਆਂ ਲਈ ਉਨ੍ਹਾਂ ਦਾ ਜੀਵਨ ਪ੍ਰੇਰਨਾ ਸਰੋਤ ਹੈ ।

# ਮਾਝਾ-ਦੁਆਬਾ
ਆਸ ਪਾਸ

# ਸ਼ਹੀਦਾਂ ਦੀਆਂ ਕੁਰਬਾਨੀਆਂ ਸਦਕਾ ਹੀ ਦੇਸ਼ ਆਜ਼ਾਦ ਹੋਇਆ : ਭੁੱਲਰ

## ਸਾਨੂੰ ਮਾਣ ਹੈ ਕਿ ਮਦਨ ਲਾਲ ਢੀਂਗਰਾ ਅੰਮ੍ਰਿਤਸਰ ਦਾ ਬੇਟਾ ਸੀ : ਗੁਪਤਾ

ਅੰਮ੍ਰਿਤਸਰ, 17 ਅਗਸਤ (ਬਬਲੂ ਮਹਾਜਨ): ਪੰਜਾਬ ਸਰਕਾਰ ਵੱਲੋਂ ਸ਼ਹੀਦ ਮਦਨ ਲਾਲ ਢੀਂਗਰਾ ਦੀ ਸ਼ਹੀਦੀ ਸਬੰਧੀ ਰਾਜ ਪੱਧਰੀ ਸਮਾਗਮ ਜੋ ਕਿ ਸ਼ਹੀਦ ਮਦਨ ਲਾਲ ਯਾਦਗਾਰੀ ਸਮਾਰਕ ਗੋਲ ਬਾਗ ਵਿਖੇ ਮਨਾਇਆ ਗਿਆ। ਇਸ ਸਮਾਗਮ ਦੇ ਮੁੱਖ ਮਹਿਮਾਨ ਵਜੋਂ ਟਰਾਂਸਪੋਰਟ ਅਤੇ ਜੇਲ੍ਹ ਮੰਤਰੀ ਪੰਜਾਬ ਲਾਲਜੀਤ ਸਿੰਘ ਭੁੱਲਰ ਅਤੇ ਲੋਕ ਨਿਰਮਾਣ ਅਤੇ ਬਿਜਲੀ ਮੰਤਰੀ ਪੰਜਾਬ ਹਰਭਜਨ ਸਿੰਘ ਈ.ਟੀ.ਓ. ਨੇ ਸ਼ਿਰਕਤ ਕੀਤੀ।ਸਭ ਤੋਂ ਪਹਿਲਾਂ ਦੋਵਾਂ ਕੈਬਨਿਟ ਮੰਤਰੀਆਂ ਨੇ ਸ਼ਹੀਦ ਮਦਨ ਲਾਲ ਢੀਂਗਰਾ ਦੇ ਬੁੱਤ ਉਤੇ ਫੁੱਲ ਮਲਾਵਾਂ ਅਰਪਿਤ ਕਰਕੇ ਸਰਧਾਂਜਲੀ ਭੇਟ ਕੀਤੀ। ਇਸ ਮੌਕੇ ਉਨਾਂ ਨਾਲ ਵਿਧਾਇਕ ਡਾ. ਅਜੈ ਗੁਪਤਾ, ਮੇਅਰ ਜਤਿੰਦਰ ਸਿੰਘ ਮੋਤੀ ਭਾਟੀਆ, ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ, ਚੇਅਰਮੈਨ ਕਰਮਜੀਤ ਸਿੰਘ ਰਿੰਟੂ, ਡਿਪਟੀ ਪੁਲਿਸ ਕਮਿਸ਼ਨਰ ਆਲਮ ਵਿਜੈ ਸਿੰਘ, ਵਧੀਕ ਡੀ.ਸੀ. ਰੋਹਿਤ ਗੁਪਤਾ, ਐਸ.ਡੀ.ਐਮ. ਗੁਰਸਿਮਰਨ ਸਿੰਘ ਢਿੱਲੋਂ, ਜਸਕਰਨ ਬੰਦੇਸ਼ਾ ਅਤੇ ਹੋਰ ਅਧਿਕਾਰੀ ਹਾਜ਼ਰ ਸਨ। ਇਸ ਸਮਾਗਮ ਨੂੰ ਸੰਬੋਧਨ ਕਰਦੇ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵੱਲੋਂ ਸ਼ਹੀਦ ਮਦਨ ਲਾਲ ਢੀਂਗਰਾ ਨੂੰ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਕਿਹਾ ਕਿ



ਸ਼ਹੀਦਾਂ ਦੀਆਂ ਕੁਰਬਾਨੀਆਂ ਸਦਕਾ ਹੀ ਦੇਸ਼ ਆਜ਼ਾਦ ਹੋਇਆ ਹੈ। ਉਨਾਂ ਕਿਹਾ ਕਿ ਦੇਸ਼ ਲਈ ਕੁਰਬਾਨੀਆਂ ਕਰਨ ਵਾਲੇ ਸ਼ਹੀਦ ਤੇ ਉਨਾਂ ਦੇ ਪਰਿਵਾਰ ਦੇਸ਼ ਦਾ ਅਨਮੋਲ ਵਿਰਸਾ ਅਤੇ ਸਰਮਾਇਆ ਹਨ ਅਤੇ ਅੱਜ ਦੀ ਨੌਜਵਾਨ ਪੀੜੀ ਨੂੰ ਸ਼ਹੀਦਾਂ ਵੱਲੋਂ ਦਰਸਾਏ ਗਏ ਰਸਤੇ ਤੋਂ ਸੇਧ ਲੈਣੀ ਚਾਹੀਦੀ ਹੈ। ਉਨਾਂ ਕਿਹਾ ਕਿ ਆਜ਼ਾਦੀ ਪ੍ਰਾਪਤ ਕਰਨ ਲਈ ਲੱਖਾਂ ਹੀ ਦੇਸ਼ ਭਗਤਾਂ, ਸੂਰਬੀਰ ਯੋਧਿਆਂ ਨੇ ਕੁਰਬਾਨੀ ਦਿੱਤੀ ਹੈ, ਜਿੰਨਾਂ ਦੀ ਬਦੌਲਤ ਅਸੀਂ ਆਜ਼ਾਦ ਫਿਜ਼ਾਂ ਵਿੱਚ ਘੁੰਮ ਰਹੇ ਹਾਂ ਅਤੇ ਇਸ ਆਜ਼ਾਦੀ ਨੂੰ ਕਾਇਮ ਰੱਖਣਾ ਵੀ ਜ਼ਰੂਰੀ ਹੈ।ਇਸ ਮੌਕੇ ਕੈਬਨਿਟ ਮੰਤਰੀ ਭੁੱਲਰ ਨੇ ਸ਼ਹੀਦ ਮਦਨ ਲਾਲ ਢੀਂਗਰਾ ਦੀ ਯਾਦਗਾਰੀ ਸਮਾਰਕ ਨੂੰ 5 ਲੱਖ ਰੁਪਏ ਦੇਣ ਦੀ ਪ੍ਰਵਾਨਗੀ ਮੌਕੇ ਉੱਤੇ ਹੀ ਜਾਰੀ ਕਰਕੇ ਟਰੱਸਟ ਨੂੰ ਪੱਤਰ ਸੌਂਪਿਆ।

ਸਮਾਗਮ ਨੂੰ ਸੰਬੋਧਨ ਕਰਦੇ ਹੋਏ ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਸਰਕਾਰ ਸ਼ਹੀਦਾਂ ਵਲੋਂ ਸਿਰਜੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਵਚਨਬੱਧ ਹੈ ਅਤੇ ਪੰਜਾਬ ਸਰਕਾਰ ਸ਼ਹੀਦਾਂ ਦੇ ਸੁਪਨੇ ਪੂਰੇ ਕਰਨ ਲਈ ਦ੍ਰਿੜ ਸੰਕਲਪ ਹੈ।ਉਨਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਨੇ ਆਪਣਾ ਅਹੁਦਾ ਵੀ ਸ਼ਹੀਦ ਭਗਤ ਸਿੰਘ ਦੇ ਜੱਦੀ ਪਿੰਡ ਖਟਕੜ ਕਲਾਂ ਵਿਖੇ ਹੀ ਸੰਭਾਲਿਆ ਸੀ ਤੇ ਉਨਾਂ ਦਾ ਮੁੱਖ ਮਕਸਦ ਦੇਸ਼ ਲਈ ਜਾਨਾਂ ਵਾਰਨ ਵਾਲੇ ਸੂਰਬੀਰਾਂ ਦੇ ਸੁਪਨਿਆਂ ਨੂੰ ਪੂਰਾ ਕਰਨਾ ਹੈ। ਵਿਧਾਇਕ ਡਾ. ਅਜੈ ਗੁਪਤਾ ਨੇ ਸ਼ਹੀਦ ਢੀਂਗਰਾ ਨੂੰ ਸ਼ਰਧਾ ਭੇਂਟ ਕਰਦਿਆਂ ਕਿਹਾ ਕਿ ਸਾਨੂੰ ਮਾਣ ਹੈ ਕਿ ਅਸੀਂ ਉਸ ਸ਼ਹਿਰ ਦੇ ਵਾਸੀ ਹਾਂ ਜਿੱਥੇ ਮਦਨ ਲਾਲ ਢੀਂਗਰਾ ਨੇ ਜਨਮ ਲਿਆ।ਉਨਾਂ ਨੇ ਸ਼ਹੀਦ ਦੀ ਯਾਦ ਵਿੱਚ ਰਾਜ ਪੱਧਰੀ ਪ੍ਰੋਗਰਾਮ ਕਰਵਾਉਣ ਲਈ ਮੁੱਖ ਮੰਤਰੀ ਪੰਜਾਬ ਦਾ ਵਿਸ਼ੇਸ਼ ਤੌਰ ਤੇ ਧੰਨਵਾਦ ਕੀਤਾ। ਉਨਾਂ ਸ਼ਹੀਦ ਦੀ ਯਾਦਗਾਰ ਸਥਾਪਿਤ ਕਰਨ ਲਈ ਬੀਤੇ ਸਮੇ ਦੌਰਾਨ ਕੀਤੇ ਸੰਘਰਸ਼ ਨੂੰ ਯਾਦ ਕੀਤਾ ਅਤੇ ਸਰਕਾਰ ਤੇ ਪ੍ਰਸ਼ਾਸਨ ਵਲੋਂ ਸਮਾਗਮ ਲਈ ਦਿੱਤੇ ਸਹਿਯੋਗ ਵਾਸਤੇ ਧੰਨਵਾਦ ਕੀਤਾ। ਸਮਾਗਮ ਮੌਕੇ ਸਕੂਲੀ ਬੱਚਿਆਂ ਵਲੋਂ ਦੇਸ਼ ਭਗਤੀ ਦੇ ਗੀਤ ਵੀ ਗਾਏ ਗਏ ਅਤੇ ਪੁਲਿਸ ਬੈਂਡ ਵਲੋਂ ਸ਼ਹੀਦਾਂ ਦੀ ਯਾਦ ਵਿੱਚ ਦੇਸ਼ ਭਗਤੀ ਦੀਆਂ ਧੁੰਨ ਨਾਲ ਸ਼ਹੀਦ ਨੂੰ ਸ਼ਰਧਾਂਜਲੀ ਅਰਪਿਤ ਕੀਤੀ ਗਈ।

ਇਸ ਤੋਂ ਪਹਿਲਾਂ ਸ਼ਹੀਦ ਮਦਨ ਲਾਲ ਯਾਦਗਾਰੀ ਸਮਾਰਕ ਵਲੋਂ ਟਾਊਨ ਹਾਲ ਵਿਖੇ ਵੱਡਾ ਸਮਾਗਮ ਹੋਇਆ। ਜਿਥੇ ਸਥਿਤ ਸ਼ਹੀਦ ਮਦਨ ਲਾਲ ਦੇ ਬੁੱਤ ਤੇ ਸ਼ਰਧਾਂਜਲੀ ਅਰਪਿਤ ਕੀਤੀ ਗਈ।ਸ਼ਹੀਦ ਦੀ ਯਾਦ ਵਿਚ ਇਕ ਖੂਨਦਾਨ ਕੈਂਪ ਵੀ ਲਗਾਇਆ ਗਿਆ, ਜਿਸ ਵਿੱਚ 50 ਤੋਂ ਵੱਧ ਵਿਅਕਤੀਆਂ ਨੇ ਖੂਨਦਾਨ ਕੀਤਾ।ਇਸ ਮੌਕੇ ਸ਼ਹੀਦ ਮਦਨ ਲਾਲ ਢੀਂਗਰਾ ਯਾਦਗਾਰ ਸਮਾਰਕ ਕਮੇਟੀ ਵਲੋਂ ਦੋਵੇਂ ਕੈਬਨਿਟ ਮੰਤਰੀਆਂ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਸ਼ਹੀਦ ਮਦਨ ਲਾਲ ਯਾਦਗਾਰੀ ਸਮਾਰਕ ਦੇ ਪ੍ਰਧਾਨ ਡਾ. ਰਾਕੇਸ਼ ਸ਼ਰਮਾ, ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫ਼ਸਰ ਸੰਦੀਪ ਮਲਹੋਤਰਾ, ਚੇਅਰਮੈਨ ਹਰਪ੍ਰੀਤ ਸਿੰਘ ਆਹਲੂਵਾਲੀਆ, ਚੇਅਰਮੈਨ ਦਿਲਬਾਗ ਸਿੰਘ, ਚੇਅਰਮੈਨ ਸਤਪਾਲ ਸੋਖੀ, ਐਸ.ਈ. ਸੰਦੀਪ ਸਿੰਘ, ਅਰਵਿੰਦਰ ਭੱਟੀ, ਮਾਲਾ ਚਾਵਲਾ, ਮਨਦੀਪ ਸਿੰਘ ਮੰਨਾ, ਹੁਸਨਪ੍ਰੀਤ ਸਿੰਘ ਸਿਆਲਕਾ, ਕੌਂਸਲਰ ਵਿੱਕੀ ਦੱਤਾ ਤੇ ਹੋਰ ਸਖਸ਼ੀਅਤਾਂ ਵੱਲੋਂ ਸ਼ਹੀਦ ਨੂੰ ਸ਼ਰਧਾਂਜਲੀ ਦਿੱਤੀ ਗਈ।ਇਸ ਮੌਕੇ ਵੱਡੀ ਗਿਣਤੀ ਵਿੱਚ ਸ਼ਹੀਦਾਂ ਦੇ ਪਰਿਵਾਰ ਵੀ ਹਾਜ਼ਰ ਸਨ।

# ਡਾ. ਇੰਦਰਪਾਲ 'ਆਪ' ਐਸਸੀ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਨਿਯੁਕਤ

ਅੰਮ੍ਰਿਤਸਰ, 17 ਅਗਸਤ (ਬਬਲੂ ਮਹਾਜਨ): ਆਮ ਆਦਮੀ ਪਾਰਟੀ ਦੇ ਐਸਸੀ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਡਾ. ਇੰਦਰਪਾਲ ਨੂੰ ਫਿਰ ਮਿਲੀ ਜ਼ਿਲ੍ਹਾ ਲੀਡਰਸ਼ਿਪ ਦੀ ਜ਼ਿੰਮੇਵਾਰੀ ਅੰਮ੍ਰਿਤਸਰ: ਆਮ ਆਦਮੀ ਪਾਰਟੀ ਦੇ ਐਸਸੀ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਡਾ. ਇੰਦਰਪਾਲ ਨੂੰ ਆਮ ਆਦਮੀ ਪਾਰਟੀ ਵੱਲੋਂ ਫਿਰ ਤੋਂ ਜ਼ਿਲ੍ਹਾ ਲੀਡਰਸ਼ਿਪ ਦੀ ਜ਼ਿੰਮੇਵਾਰੀ ਸੌਂਪੀ ਗਈ ਹੈ। ਆਮ ਆਦਮੀ ਪਾਰਟੀ ਦੇ ਪੰਜਾਬ ਇੰਚਾਰਜ ਮਨੀਸ਼ ਸਿਸੋਦੀਆ ਅਤੇ ਪੰਜਾਬ ਪ੍ਰਧਾਨ ਅਮਨ ਅਰੋੜਾ ਨੇ ਉਨ੍ਹਾਂ ਨੂੰ ਇਹ ਜ਼ਿੰਮੇਵਾਰੀ ਸੌਂਪੀ ਹੈ। ਡਾ. ਇੰਦਰਪਾਲ ਨੇ ਇਹ ਜ਼ਿੰਮੇਵਾਰੀ ਦੇਣ ਲਈ ਪਾਰਟੀ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਉਹ ਪਹਿਲਾਂ ਵੀ ਪਾਰਟੀ ਵੱਲੋਂ ਸੌਂਪੀ ਗਈ ਜ਼ਿੰਮੇਵਾਰੀ ਨੂੰ ਇਮਾਨਦਾਰੀ ਨਾਲ ਨਿਭਾਉਂਦੇ ਰਹੇ ਹਨ ਅਤੇ ਅੱਗੇ ਵੀ ਕਰਦੇ ਰਹਿਣਗੇ।



ਉਨ੍ਹਾਂ ਦੀ ਨਿਯੁਕਤੀ ਲਈ ਆਲ ਪੰਜਾਬ ਰੈਡੀਮੇਡ ਫਾਰਮ ਯੂਨੀਅਨ, ਭਾਰਤੀ ਨਿਰਮਾਣ ਮਜ਼ਦੂਰ ਯੂਨੀਅਨ, ਆਟੋ ਯੂਨੀਅਨ ਅਤੇ ਈ-ਰਿਕਸ਼ਾ ਯੂਨੀਅਨ ਦੇ ਅਧਿਕਾਰੀਆਂ ਨੇ ਆਮ ਆਦਮੀ ਪਾਰਟੀ ਸੁਪਰੀਮੋ ਅਰਵਿੰਦ ਕੇਜਰੀਵਾਲ, ਪੰਜਾਬ ਇੰਚਾਰਜ ਮਨੀਸ਼ ਸਿਸੋਦੀਆ, ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ, ਪੰਜਾਬ ਪ੍ਰਧਾਨ ਅਮਨ ਅਰੋੜਾ ਅਤੇ ਸੀਨੀਅਰ ਲੀਡਰਸ਼ਿਪ ਦਾ ਧੰਨਵਾਦ ਕੀਤਾ ਹੈ। ਤੁਹਾਨੂੰ ਦੱਸ ਦੇਈਏ ਕਿ ਉਨ੍ਹਾਂ ਨੂੰ ਹਾਲ ਹੀ ਵਿੱਚ ਆਮ ਆਦਮੀ ਪਾਰਟੀ ਵੱਲੋਂ ਜ਼ਿਲ੍ਹਾ ਯੋਜਨਾ ਬੋਰਡ ਦੇ ਮੈਂਬਰ ਵਜੋਂ ਵੀ ਨਿਯੁਕਤ ਕੀਤਾ ਗਿਆ ਸੀ।

# ਅੰਮ੍ਰਿਤਧਾਰੀ ਸਰਪੰਚ ਨੂੰ ਕ੍ਰਿਪਾਨ ਕਾਰਨ ਲਾਲ ਕਿਲ੍ਹੇ ਤੇ ਜਾਣ ਤੋਂ ਰੋਕਣ ਦੀ ਐਡ. ਧਾਮੀ ਵੱਲੋਂ ਨਿੰਦਾ

ਅੰਮ੍ਰਿਤਸਰ, 17 ਅਗਸਤ (ਗੁਰਦਿਆਲ ਸਿੰਘ): ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡ. ਹਰਜਿੰਦਰ ਸਿੰਘ ਧਾਮੀ ਨੇ 15 ਅਗਸਤ ਨੂੰ ਲਾਲ ਕਿਲ੍ਹੇ 'ਤੇ ਹੋਏ ਸਮਾਗਮ ਵਿੱਚ ਵਿਸ਼ੇਸ਼ ਸੱਦੇ 'ਤੇ ਗਏ ਨਾਭਾ ਨੇੜਲੇ ਪਿੰਡ ਦੇ ਅੰਮ੍ਰਿਤਧਾਰੀ ਗੁਰਸਿੱਖ ਸਰਪੰਚ ਗੁਰਧਿਆਨ ਸਿੰਘ ਨੂੰ ਕਿਰਪਾਨ ਕਾਰਨ ਦਾਖਲ ਹੋਣ ਤੋਂ ਰੋਕਣ ਦੀ ਕਰੜੀ ਨਿੰਦਾ ਕਰਦਿਆਂ ਇਸ ਨੂੰ ਸਿੱਖ ਵਿਰੋਧੀ ਮਾਨਸਿਕਤਾ ਦਾ ਪ੍ਰਗਟਾਵਾ ਕਰਾਰ ਦਿੱਤਾ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਜਾਰੀ ਇੱਕ ਬਿਆਨ ਵਿੱਚ ਆਖਿਆ ਕਿ ਗੁਰਧਿਆਨ ਸਿੰਘ ਵਿਸ਼ੇਸ਼ ਸੱਦੇ 'ਤੇ ਬੁਲਾਇਆ ਹੋਣ ਦੇ ਬਾਵਜੂਦ ਵੀ ਧਾਰਮਿਕ ਚਿੰਨ੍ਹ ਕਿਰਪਾਨ ਕਾਰਨ ਅੰਦਰ ਜਾਣ ਤੋਂ ਰੋਕਣਾ ਆਪਣੇ ਹੀ ਦੇਸ਼ ਅੰਦਰ ਬੇਗਾਨਗੀ ਵਾਲਾ ਵਿਹਾਰ ਹੈ। ਐਡ. ਧਾਮੀ ਨੇ ਕਿਹਾ ਕਿ ਸਿੱਖਾਂ ਨੇ ਦੇਸ਼ ਦੀ ਅਜ਼ਾਦੀ ਲਈ ਵੱਡੀਆਂ ਕੁਰਬਾਨੀਆਂ ਕੀਤੀਆਂ ਹਨ, ਪ੍ਰੰਤੂ ਦੇਸ਼ ਅਜ਼ਾਦ ਹੋਣ ਤੋਂ ਲੈ ਕੇ ਹੁਣ ਤੱਕ ਸਿੱਖਾਂ ਨਾਲ ਹਮੇਸ਼ਾ ਵਿਤਕਰੇ ਹੋ ਰਹੇ ਹਨ। ਦੇਸ਼ ਦੇ ਸੰਵਿਧਾਨ ਵਿੱਚ ਮਿਲੇ ਹੱਕਾਂ ਤੋਂ ਵੀ ਸਿੱਖਾਂ ਨੂੰ ਵਾਂਝਿਆਂ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਹ ਕਿਹੋ ਜਿਹਾ ਅਜ਼ਾਦੀ ਦਿਹਾੜਾ ਹੈ, ਜਿਸ ਵਿਚ ਦੇਸ਼ ਦੇ ਬਸ਼ਿੰਦਿਆਂ ਨੂੰ ਆਪਣੀਆਂ ਧਾਰਮਿਕ ਪਰੰਪਰਾਵਾਂ ਨਿਭਾਉਣ ਤੋਂ ਵੀ ਰੋਕਿਆ ਜਾਵੇ। ਉਨ੍ਹਾਂ ਕਿਹਾ ਕਿ ਪੰਜ ਕਕਾਰ ਸਿੱਖ ਰਹਿਣੀ ਦਾ ਅਹਿਮ ਹਿੱਸਾ ਹਨ ਜਿਨ੍ਹਾਂ ਨੂੰ ਸਿੱਖ ਕਦੇ ਵੀ ਜੁਦਾ ਨਹੀਂ ਕਰ ਸਕਦਾ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਇਸ ਘਟਨਾ ਨੇ ਇੱਕ ਵਾਰ ਫਿਰ ਸਾਬਤ ਕਰ ਦਿੱਤਾ ਹੈ ਕਿ ਸਿੱਖਾਂ ਨੂੰ ਉਨ੍ਹਾਂ ਦੇ ਧਾਰਮਿਕ ਅਧਿਕਾਰਾਂ ਤੋਂ ਵਾਂਝਾ ਰੱਖਿਆ ਜਾ ਰਿਹਾ ਹੈ। ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਕਿ ਇਸ ਮਾਮਲੇ ਦੇ ਦੋਸ਼ੀ ਅਧਿਕਾਰੀਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇ, ਤਾਂ ਜੋ ਅੱਗੇ ਤੋਂ ਕੋਈ ਵੀ ਅਜਿਹੀ ਹਰਕਤ ਨਾ ਕਰੇ।



# ਮਹਾਂ ਪੰਜਾਬ ਸਮੇਂ ਬਣੇ ਬਲਾਕ ਤਰਸਿੱਖਾਂ ਨੂੰ ਖ਼ਤਮ ਕਰਨ ਦੀ ਨਿਖੇਧੀ

ਤਰਸਿੱਕਾ, 17 ਅਗਸਤ (ਦਵਿੰਦਰ ਸਿੰਘ ਤਰਸਿੱਕਾ): ਮਹਾਂ ਪੰਜਾਬ ਦੇ ਸਮੇ ਬਣੇ ਬਲਾਕ ਤਰਸਿੱਕਾ ਨੂੰ ਬਦਲਾਅ ਦੇ ਨਾਮ ਤੇ ਹੋਂਦ ਵਿੱਚ ਆਈ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਪੂਰੇ ਪੰਜਾਬ ਦੇ ਬਲਾਕਾਂ ਦੇ ਪੁਨਰਗਠਨ ਅਧੀਨ ਜਾਰੀ ਨੋਟੀਫਿਕੇਸ਼ਨ ਵਿੱਚ ਤਰਸਿੱਕਾ ਬਲਾਕ ਨੂੰ ਖਤਮ ਕਰ ਦਿੱਤਾ ਗਿਆ ਹੈ। ਅੱਜ ਦਾਣਾ ਮੰਡੀ ਤਰਸਿੱਕਾ ਵਿਖੇ ਤਰਸਿੱਕਾ ਅਤੇ ਇਲਾਕਾ ਨਿਵਾਸੀਆਂ ਦੀ ਇੱਕ ਭਰਵੀ ਮੀਟਿੰਗ ਹੋਈ ਜਿਸ ਵਿੱਚ ਆਮ ਆਦਮੀ ਪਾਰਟੀ ਨੂੰ ਛੱਡ ਕੇ ਸਾਰੀਆਂ ਪਾਰਟੀਆਂ ਦੇ ਨੁਮਾਇੰਦਿਆਂ ਨੇ ਇਸ ਵਿੱਚ ਭਾਗ ਲਿਆ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ (ਬਾਦਲ) ਦੇ ਸੀਨੀਅਰ ਆਗੂ ਮਨਜੀਤ ਸਿੰਘ ਤਰਸਿੱਕਾ ਨੇ ਦੱਸਿਆ ਕਿ ਮਹਾਂ ਪੰਜਾਬ ਦੇ ਸਮੇਂ ਤਰਸਿੱਕਾ ਦੇ ਸਪੂਤ ਕਾਮਰੇਡ ਮੱਖਣ ਸਿੰਘ ਤਰਸਿੱਕਾ ਜੋ ਕਿ ਉਸ ਸਮੇਂ ਐਮ.ਐਲ.ਏ.ਸਨ ਦੇ ਯਤਨਾ ਸਦਕਾ 1963 -64 ਵਿੱਚ ਪ੍ਰਤਾਪ ਸਿੰਘ ਕੈਰੋ ਦੀ ਸਰਕਾਰ ਵੱਲੋਂ ਪਾਸ ਕੀਤਾ ਗਿਆ ਸੀ ਅਤੇ ਉਸ ਸਮੇਂ ਦੇ ਪਿੰਡ ਤਰਸਿੱਕਾ ਦੇ ਸਰਪੰਚ ਸਰਦਾਰ ਮੋਹਨ ਸਿੰਘ ਵੱਲੋਂ ਪੰਚਾਇਤੀ ਮਤੇ ਪਾ ਕੇ ਬਾਪੂ ਸ਼ਾਮ ਸਿੰਘ ਤੇ ਸ੍ਰੀ ਹਰੀ ਸ਼ਾਹ ਜੀ ਦੀ ਜੀ ਜਮੀਨ ਜੱਦੀ ਬਦਲੇ ਪੰਚਾਇਤੀ ਜ਼ਬਲ ਜਮੀਨ ਦਿੱਤੀ ਸੀ ਜਿਸ ਉੱਤੇ ਅੱਜ ਬਲਾਕ ਤਰਸਿੱਕਾ ਦੀ ਬਿਲਡਿੰਗ ਕਾਇਮ ਹੈ। ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਤਰਸਿੱਕਾ ਦੇ ਪ੍ਰਧਾਨ ਬਲਜੀਤ ਸਿੰਘ ਤਰਸਿੱਕਾ ਨੇ ਦੱਸਿਆ ਕਿ ਇਸ ਤੋਂ ਪਹਿਲਾਂ ਵੀ ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਸਾਹਿਬ ਕੋਲੋਂ ਤਰਸਿੱਕਾ ਨੂੰ ਸਬ ਡਿਵੀਜ਼ਨ ਬਣਾਉਣ ਦੀ ਮੰਗ ਕੀਤੀ ਗਈ ਸੀ। ਪਰ ਉਹਨਾਂ ਕਿਹਾ ਕਿ ਸਬ ਡਿਵੀਜ਼ਨ ਤਾਂ ਕੀ ਤਰਸਿੱਕਾ ਦੀ ਹੋਂਦ ਨੂੰ ਹੀ ਖਤਮ ਕਰਨ ਲਈ ਤਰਸਿੱਕਾ ਬਲਾਕ ਦਾ ਹੀ ਖ਼ਾਤਮਾ ਕਰ ਦਿੱਤਾ ਗਿਆ। ਉਹਨਾਂ ਸਰਕਾਰ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਤਰਸਿੱਕਾ ਬਲਾਕ ਨੂੰ ਮੁੜ ਬਹਾਲ ਨਾ ਕੀਤਾ ਤਾਂ ਜੋਰਦਾਰ ਸੰਘਰਸ਼ ਪੂਰੇ ਪੰਜਾਬ ਲੈਵਲ ਤੇ ਆਰੰਭਿਆ ਜਾਵੇਗਾ।



ਪ੍ਰਿੰ ਸੀ ਪ ਲ ਬਚਿੱਤਰ ਸਿੰਘ ਤਰਸਿੱਕਾ ਨੇ ਕਿਹਾ ਕਿ ਬਲਾਕ ਦੇ ਖਾਤਮੇ ਨਾਲ ਜਿੱਥੇ ਸਮੁੱਚੇ ਇਲਾਕੇ ਨੂੰ ਕਈ ਮੁ ਸ਼ ਕਿ ਲਾਂ ਦਾ ਸਾਹਮਣਾ ਕਰਨਾ ਪੈ ਸਕਦਾ ਹੈ ਉਥੇ ਗਰੀਬ ਲੋਕਾਂ ਦਾ ਜੰਡਿਆਲਾ ਗੁਰੂ ਵਿਖੇ ਬਲਾਕ ਸਬੰਧੀ ਕੰਮਾਂ ਲਈ ਜਾਣਾ ਇੱਕ ਮੁਸ਼ਕਿਲ ਬਣ ਜਾਵੇਗਾ। ਉਹਨਾਂ ਸਰਕਾਰ ਨੂੰ ਕਿਹਾ ਕਿ ਉਹ ਇਸ ਮਹਾਂ ਪੰਜਾਬ ਦੇ ਬਲਾਕ ਨੂੰ ਮੁੜ ਬਹਾਲ ਕਰੇ ਅਤੇ ਇਸ ਇਲਾਕੇ ਲਈ ਤਰਸਿੱਕਾ ਹਸਪਤਾਲ ਵਿੱਚ ਸੀਨੀਅਰ ਡਾਕਟਰਾਂ ਦੀ ਤੈਨਾਤੀ ਕਰੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਨੰਬਰਦਾਰ ਅਜਮੇਰ ਸਿੰਘ ਤਰਸਿੱਕਾ, ਸਾਬਕਾ ਸਰਪੰਚ ਗੁਰਦੇਵ ਸਿੰਘ, ਸਿਮਰਨਜੀਤ ਸਿੰਘ ਮੱਗਟ, ਨਵਜੋਤ ਸਿੰਘ ਤਰਸਿੱਕਾ, ਬਲਦੇਵ ਸਿੰਘ ਤਰਸਿੱਕਾ, ਨਿਸ਼ਾਨ ਸਿੰਘ ਜੰਡ, ਫੌਜੀ ਬਲਵਿੰਦਰ ਸਿੰਘ ਤਰਸਿੱਕਾ ਵੀ ਹਾਜ਼ਰ ਸਨ।

# ਐਡ. ਖੁਰਮਨੀਆ ਦਾ ਆਜ਼ਾਦੀ ਦਿਵਸ ਮੌਕੇ ਚੰਗੀਆਂ ਸੇਵਾਵਾਂ ਨਿਭਾਉਣ ਪ੍ਰਤੀ ਸਨਮਾਨ



ਅੰਮ੍ਰਿਤਸਰ, 17 ਅਗਸਤ (ਬਬਲੂ ਮਹਾਜਨ): 79ਵੇਂ ਆਜ਼ਾਦੀ ਦਿਵਸ ਸਮਾਰੋਹ ਦਾ ਆਯੋਜਨ ਗੁਰੂ ਨਾਨਕ ਸਟੇਡੀਅਮ, ਅੰਮ੍ਰਿਤਸਰ ਵਿਖੇ ਬਹੁਤ ਉਤਸ਼ਾਹ ਨਾਲ ਕੀਤਾ ਗਿਆ।ਇਸ ਵਿੱਚ ਅੰਮ੍ਰਿਤਸਰ ਵਿੱਚ ਜ਼ਿਲ੍ਹਾ ਪੱਧਰ 'ਤੇ ਚੰਗੀਆਂ ਸੇਵਾਵਾਂ ਨਿਭਾਉਣ ਵਾਲੀਆਂ ਸ਼ਖ਼ਸੀਅਤਾਂ ਨੂੰ ਮੰਤਰੀ ਡਾ. ਬਲਬੀਰ ਸਿੰਘ, ਸਿਹਤ ਅਤੇ ਪਰਿਵਾਰ ਭਲਾਈ ਮੰਤਰੀ, ਪੰਜਾਬ ਸਰਕਾਰ ਵੱਲੋਂ ਸਨਮਾਨਿਤ ਕੀਤਾ ਗਿਆ। ਇਸ ਮੌਕੇ 'ਤੇ ਐਡਵੋਕੇਟ ਗੁਰਪ੍ਰੀਤ ਸਿੰਘ ਖੁਰਮਨੀਆ ਨੂੰ ਚੰਗੀਆਂ ਗਤੀਵਿਧੀਆਂ ਅਤੇ ਸੇਵਾਵਾਂ ਨਿਭਾਉਣ ਲਈ ਸਨਮਾਨ ਪੱਤਰ ਨਾਲ ਸਨਮਾਨਿਤ ਕੀਤਾ ਗਿਆ।ਇਸ ਮੌਕੇ 'ਤੇ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸਾਕਸ਼ੀ ਸਾਹਨੀ, ਪੁਲਿਸ ਕਮਿਸ਼ਨਰ ਅੰਮ੍ਰਿਤਸਰ ਗੁਰਪ੍ਰੀਤ ਸਿੰਘ ਭੁੱਲਰ, ਗੁਰੂ ਨਗਰੀ ਅੰਮ੍ਰਿਤਸਰ ਦੇ ਮੇਅਰ ਜਤਿੰਦਰ ਸਿੰਘ ਮੋਤੀ ਭਾਟੀਆ ਮੌਜੂਦ ਸਨ।

# ਭਾਦਰੋਂ ਦੀ ਸੰਗਰਾਂਦ ਦੇ ਵਿਸ਼ੇਸ਼ ਦੀਵਾਨ ਸਜਾਏ

ਅੰਮ੍ਰਿਤਸਰ, 17 ਅਗਸਤ (ਬਬਲੂ ਮਹਾਜਨ): ਜੁਗੋ ਜੁਗ ਅਟੱਲ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਦੀ ਖੁਸ਼ੀ ਵਿੱਚ ਭਾਦਰੋ ਮਹੀਨੇ ਦੀ ਸੰਗਰਾਂਦ ਮੌਕੇ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਚਰਨ ਛੋਹ ਪ੍ਰਾਪਤ ਇਤਿਹਾਸਿਕ ਅਸਥਾਨ ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਵਿਖੇ ਧਾਰਮਿਕ ਦੀਵਾਨ ਸਜਾਏ ਗਏ। ਜ਼ਿਕਰਯੋਗ ਹੈ ਕਿ ਗੁਰੂ ਨਗਰੀ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਸ਼ਬਦ ਕੀਰਤਨ ਨਾਮ ਸਿਮਰਨ ਸਤਿਸੰਗ ਸੁਸਾਇਟੀ ਵੱਲੋਂ 6ਜੁਲਾਈ ਤੋਂ 23 ਅਗਸਤ ਤੱਕ ਸ਼ਹਿਰ ਦੇ ਵੱਖ ਵੱਖ ਅਸਥਾਨਾਂ ਤੇ ਜੀਵਨ ਜੁਗਤਿ ਸਮਾਗਮਾਂ ਦੀ ਲੜੀ ਦੇ ਪ੍ਰਵਾਹ ਨਿਰੰਤਰ ਜਾਰੀ ਹਨ। ਇਹ ਗੁਰਮਤਿ ਸਮਾਗਮ ਸਿੱਖ ਕੌਮ ਦੀ ਸਿਰਮੌਰ ਸੰਸਥਾ ਤੇ ਸਿੱਖਾਂ ਦੀ ਮਿੰਨੀ ਪਾਰਲੀਮੈਂਟ ਵਜੋਂ ਜਾਣੀਂ ਜਾਂਦੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਮੈਨੇਜਰ ਸ੍ਰੀ ਦਰਬਾਰ ਸਾਹਿਬ, ਦੇ ਪ੍ਰਬੰਧਾਂ ਹੇਠ ਕਰਵਾਏ ਜਾ ਰਹੇ ਹਨ।ਸੁਸਾਇਟੀ ਦੇ ਮੁੱਖ ਸੇਵਾਦਾਰ ਸ੍ ਰਜਿੰਦਰ ਸਿੰਘ, ਸਰਪ੍ਰਸਤ ਅਤੇ ਮੋਢੀ ਸ੍ ਜਸਬੀਰ ਸਿੰਘ ਬੈਂਕ ਵਾਲਿਆਂ ਦੀ ਦਿਸ਼ਾ ਨਿਰਦੇਸ਼ਾਂ ਅਨੁਸਾਰ ਕਰਵਾਏ ਜਾ ਰਹੇ ਦੀਵਾਨ ਵਿਚ ਸਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਦੇ ਹਜ਼ੂਰੀ ਰਾਗੀ ਭਾਈ ਕਿਰਪਾਲ ਸਿੰਘ ਸ਼ਹਿਰੀ, ਕਥਾ ਵਾਚਕ ਭਾਈ ਵਿਸ਼ਾਲ ਸਿੰਘ, ਭਾਈ ਜ਼ੋਰਾਵਰ ਸਿੰਘ ਅਖੰਡ ਕੀਰਤਨੀ ਜੱਥਾ, ਬੀਬੀ ਹਰਲੀਨ ਕੌਰ ਸ੍ਰੀ ਅੰਮ੍ਰਿਤਸਰ ਸਾਹਿਬ ਨੇ ਧੁਰ ਕੀ ਬਾਣੀ ਦੇ ਰਸਭਿੰਨੇ ਕੀਰਤਨ ਦੀ ਛਹਿਬਰ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ। ਲੱਗਪਗ ਪਿਛਲੇ ਪੰਜ ਦਹਾਕਿਆਂ ਤੋਂ ਮੰਚ ਸੰਚਾਲਨ ਦੀ ਭੂਮਿਕਾ ਨਿਭਾਉਣ ਵਾਲੇ ਗੁਰੂ ਘਰ ਦੇ ਅਨਿਨ ਸੇਵਕ, ਗੁਰਬਾਣੀ ਦੇ ਗਿਆਤਾ ਅਤੇ ਆਪਣੀ ਵਿਲੱਖਣ ਸ਼ੈਲੀ ਅਨੁਸਾਰ ਕੀਰਤਨ ਦਰਬਾਰਾਂ ਤੇ ਚਲ ਰਹੇ ਗੁਰਮਤਿ ਸਮਾਗਮਾਂ 'ਚ ਬੜੀ ਗਹਿਰਾਈ, ਨਾਲ ਗੁਰਬਾਣੀ ਦੇ ਹਵਾਲੇ ਦਿੰਦਿਆਂ ਗੁਰੂ ਦਰਬਾਰ ਵਿੱਚ ਬੈਠੀਆਂ ਸੰਗਤਾਂ ਨੂੰ ਬਹੁਤ ਸਰਲ ਸ਼ਬਦਾਂ ਵਿਚ ਇਹ ਦੱਸਣ ਦੀ ਮੁਹਾਰਤ ਰੱਖਦੇ ਹਨ ਕਿ ਅੱਜ ਦੇ ਸਮਾਗਮ ਦਾ ਮੁੱਖ ਉਦੇਸ਼ ਕੀ ਹੈ? ਉਹ ਹਨ ਮੇਰੇ ਬਹੁਤ ਪਿਆਰੇ,ਹਰਦਿਲ ਅਜ਼ੀਜ਼,ਨਿਕਟਵਰਤੀ ਭਰਾਵਾਂ ਤੋਂ ਜ਼ਿਆਦਾ ਪਿਆਰ ਦੇਣ ਵਾਲੇ ਬਹੁ ਪੱਖੀ ਮਾਇਆਨਾਜ਼ ਸਖਸ਼ੀਅਤ ਦਵਿੰਦਰ ਸਿੰਘ ਸੈਕਟਰੀ ਸ਼ਬਦ ਕੀਰਤਨ ਨਾਮ ਸਿਮਰਨ ਸਤਿਸੰਗ ਰਜਿ: ਸ੍ਰੀ ਅੰਮ੍ਰਿਤਸਰ ਸਾਹਿਬ ਨੇ ਦੱਸਿਆ ਕਿ 23 ਅਗਸਤ ਦੇ ਵਿਸ਼ੇਸ਼ ਦੀਵਾਨ ਇਸੇ ਪਾਵਨ ਅਸਥਾਨ ਤੇ ਸਜਾਏ ਜਾ ਰਹੇ ਹਨ। ਇਸੇ ਪਾਵਨ ਅਸਥਾਨ ਤੋਂ 24 ਅਗਸਤ ਸਵੇਰੇ 7 ਵਜੇ ਮੁਢ ਕਦੀਮਾਂ ਤੋਂ ਚਲੀ ਆ ਰਹੀ ਪ੍ਰੰਪਰਾ ਅਨੁਸਾਰ ਅਲੌਕਿਕ ਨਗਰ ਕੀਰਤਨ ਆਰੰਭ ਹੋਵੇਗਾ।ਜੋਂ ਬਜਾਰ ਰਾਮਸਰ, ਚੌਂਕ ਕਰੋੜੀ, ਬਜਾਰ ਬਾਬਾ ਸਾਹਿਬ, ਸਰਾਂ ਸ੍ਰੀ ਗੁਰੂ ਰਾਮਦਾਸ ਤੋਂ ਹੁੰਦਾ ਹੋਇਆ ਸਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਵਿਖੇ ਸੰਪੰਨ ਹੋਵੇਗਾ। ਬੀਬੀ ਜਸਵਿੰਦਰ ਕੌਰ,ਬੇਟੀ ਆਨੰਨਿਆ ਸਿੰਘ, ਬੀਬੀ ਰਵਨੀਤ ਕੌਰ ਭਾਈ ਅਮਰਜੀਤ ਸਿੰਘ ਪਸਰੀਚਾ ਕੀਰਤਨ ਕੌਂਸਲ ਵੱਲੋਂ ਗੁਰਬਾਣੀ ਦੇ ਰਸਭਿੰਨੇ ਕੀਰਤਨ ਦੀ ਛਹਿਬਰ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ। ਸੰਸਥਾ ਦੇ ਅਹੁਦੇਦਾਰਾਂ ਵੱਲੋਂ ਪ੍ਰਮੁੱਖ ਸਖਸ਼ੀਅਤਾਂ ਨੂੰ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਦੇ ਕੇ ਨਿਵਾਜਿਆ ਗਿਆ। ਭਾਈ ਸੁਰਿੰਦਰ ਸਿੰਘ ਅਰੋੜਾ ਨੇ ਸੰਮੂਹ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਨੂੰ ਨਿਮਰਤਾ ਸਹਿਤ ਬੇਨਤੀ ਕਰਦਿਆ ਕਿਹਾ ਕਿ ਸਰਬਸਾਂਝੀ ਵਾਲਤਾ ਦਾ ਦੁਨੀਆ ਭਰ ਵਿਚ ਸੰਦੇਸ਼ ਪਹੁੰਚਾਉਣ ਵਾਲੇ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਦੀ ਖੁਸ਼ੀ ਵਿੱਚ ਜੀਵਨ ਜੁਗਤਿ ਸਮਾਗਮਾਂ ਦੀ 23 ਅਗਸਤ ਤੱਕ ਲੜੀ ਦੇ ਦੀਵਾਨਾਂ ਵਿੱਚ ਅੰਮ੍ਰਿਤ ਵਰਖਾ ਦੇ ਇਸ ਮਹਾਨ ਕੁੰਭ ਵਿਚ ਹਾਜ਼ਰੀਆਂ ਭਰ ਕੇ ਅਤੇ ਗੁਰੂ ਕੇ ਲੰਗਰਾਂ ਅਤੇ ਸੰਗਤਾਂ ਦੀ ਹੱਥੀਂ ਸੇਵਾ ਕਰਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰੋ। ਉਨ੍ਹਾਂ ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਤੋਂ 24 ਅਗਸਤ ਨੂੰ ਸਜਾਏ ਜਾਣ ਵਾਲੇ ਅਲੌਕਿਕ ਨਗਰ ਕੀਰਤਨ ਵਿੱਚ ਪਰਿਵਾਰਾਂ ਸਮੇਤ ਸ਼ਾਮਲ ਹੋਣ ਲਈ ਕਿਹਾ।




# ਡਾ. ਕਰਮਜੀਤ ਸਿੰਘ ਦਾ ਆਰ.ਐਸ.ਐਸ. ਪ੍ਰਤੀ ਝੁਕਾਓ ਯੂਨੀਵਰਸਿਟੀ ਦੀ ਅੱਡਰੀ ਹੋਂਦ ਲਈ ਖ਼ਤਰਾ

ਅੰਮ੍ਰਿਤਸਰ, 17 ਅਗਸਤ (ਬਬਲੂ ਮਹਾਜਨ): ਜਥੇਦਾਰ ਹਵਾਰਾ ਕਮੇਟੀ ਦੇ ਪ੍ਰੋਫੈਸਰ ਬਲਜਿੰਦਰ ਸਿੰਘ, ਬਾਪੂ ਗੁਰਚਰਨ ਸਿੰਘ ਅਤੇ ਡਾ ਸੁਖਦੇਵ ਸਿੰਘ ਬਾਬਾ ਨੇ ਕਿਹਾ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਵੀਸੀ ਡਾ. ਕਰਮਜੀਤ ਸਿੰਘ ਦਾ ਆਰ ਐਸ ਐਸ਼ ਪ੍ਰਤੀ ਝੁਕਾਵ ਯੂਨੀਵਰਸਿਟੀ ਦੀ ਅੱਡਰੀ ਹੋਂਦ ਲਈ ਖਤਰਾ ਹੈ ਇਸ ਲਈ ਵੀਸੀ ਨੂੰ ਇਸ ਅਹੁਦੇ ਤੋਂ ਹਟਾਉਣਾ ਜ਼ਰੂਰੀ ਹੈ। ਸਰਕਾਰ ਵੱਲੋਂ ਸੱਦੀ ਗਈ ਮੀਟਿੰਗਾਂ ਵਿੱਚ ਵੀਸੀ ਦਾ ਜਾਣਾ ਜਾਇਜ਼ ਹੈ ਪਰ ਸੰਘ ਪਰਿਵਾਰ ਦੀ ਸੰਸਥਾ 'ਗਿਆਨ ਸਭਾ ਐਜੂ ਫਾਰ ਵਿਕਸਿਤ ਭਾਰਤ' ਦੇ ਸੱਦੇ ਤੇ ਜਾਣਾ ਤੇ ਸਨਾਤਨੀ ਵਿਚਾਰਧਾਰਾ ਨੂੰ ਯੂਨੀਵਰਸਿਟੀ ਵਿੱਚ ਅਮਲ ਵਿੱਚ ਲਿਆਉਣ ਦੀ ਗੱਲ ਕਰਨੀ ਬਰਦਾਸ਼ਤ ਨਹੀ ਹੈ। ਉਨ੍ਹਾਂ ਕਿਹਾ ਗੁਰੂ ਨਾਨਕ ਸਾਹਿਬ ਦੇ ਨਾਮ ਤੇ ਬਣੀ ਯੂਨੀਵਰਸਿਟੀ ਦਾ ਵੀਸੀ ਗੁਰੂ ਸਾਹਿਬ ਦੀ ਵਿਚਾਰਧਾਰਾ ਨੂੰ ਅੱਗੇ ਲੈ ਕੇ ਜਾਣ ਲਈ ਵਿਦਿਆਰਥੀਆਂ ਸਾਹਮਣੇ ਰੋਲ ਮਾਡਲ ਹੋਣਾ ਚਾਹੀਦਾ ਹੈ।



ਵਿਦਿਆਰਥੀ ਜਥੇਬੰਦੀ ਯੂਨਾਈਟਿਡ ਸਿੱਖ ਸਟੂਡੈਂਟਸ ਫੈਡਰੇਸ਼ਨ ਵੱਲੋਂ ਸ਼ਾਂਤਮਈ ਰੋਸ ਪ੍ਰਗਟ ਕੀਤੇ ਜਾਣ ਨੂੰ ਹਵਾਰਾ ਕਮੇਟੀ ਨੇ ਠੀਕ ਦੱਸਿਆ। ਫੈਡਰੇਸ਼ਨ ਕਾਰਕੁਨਾਂ ਦੇ ਕੈਰੀਅਰ ਨਾਲ ਯੂਨੀਵਰਸਿਟੀ ਅਧਿਕਾਰੀਆਂ ਵੱਲੋਂ ਕੀਤੀ ਜਾ ਰਹੀ ਧੱਕੇਸ਼ਾਹੀ ਵਿਰੁੱਧ ਹਵਾਰਾ ਕਮੇਟੀ ਨੇ ਸਖ਼ਤ ਤਾੜਨਾ ਕੀਤੀ। ਵਿਦਿਆਰਥੀਆਂ ਵਿਰੁੱਧ ਕੀਤੀ ਗਈ ਕਿਸੇ ਵੀ ਕਾਰਵਾਈ ਨੂੰ ਸੰਘ ਪਰਿਵਾਰ ਦੇ ਹਮਲੇ ਵਜੋਂ ਦੇਖਿਆ ਜਾਵੇਗਾ ਤੇ ਇਸ ਨਾਲ ਅਕਾਦਮਿਕ ਮਹੌਲ ਖਰਾਬ ਹੋਵੇਗਾ।

ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਵੀਸੀ ਤੋਂ ਸਪਸ਼ਟੀਕਰਨ ਮੰਗੇ ਜਾਣ ਤੇ ਕਮੇਟੀ ਆਗੂ ਮਹਾਂਬੀਰ ਸਿੰਘ ਸੁਲਤਾਨਵਿੰਡ, ਬਲਦੇਵ ਸਿੰਘ ਨਵਾਂ ਪਿੰਡ ਅਤੇ ਰਘਬੀਰ ਸਿੰਘ ਭੁੱਚਰ ਨੇ ਕਿਹਾ ਕਿ ਇਹ ਪੰਥਕ ਮੁੱਦਾ ਬਣ ਗਿਆ ਹੈ ਜਿਸ ਦੀ ਵਿਆਪਕ ਵਿਰੋਧਤਾ ਹੋਣੀ ਚਾਹੀਦੀ ਹੈ। ਉਨ੍ਹਾਂ ਨੇ ਕਿਹਾ ਵੀਸੀ ਸਿੱਖ ਕੌਮ ਦੀਆਂ ਭਾਵਨਾਵਾਂ ਨੂੰ ਸੱਟ ਮਾਰਨ ਦਾ ਦੋਸ਼ੀ ਹੈ। ਉਨ੍ਹਾਂ ਕਿਹਾ ਸਿੱਖ ਕਦੀ ਵੀ ਸਨਾਤਨੀ ਵਿਚਾਰਧਾਰਾ ਨਾਲ ਬਣੇ ਅਦਾਰਿਆਂ ਵਿੱਚ ਦਖਲਅੰਦਾਜ਼ੀ ਨਹੀਂ ਕਰਦੇ ਇਸ ਲਈ ਆਪਣੀਆਂ ਸੰਸਥਾਵਾਂ ਵਿੱਚ ਇਨ੍ਹਾਂ ਦੀ ਦਖਲਅੰਦਾਜ਼ੀ ਬਰਦਾਸ਼ਤ ਕਿਉਂ ਕਰਨ।

# ਰਾਮਗੜ੍ਹੀਆ ਵੈੱਲਫ਼ੇਅਰ ਬੋਰਡ ਦੇ ਚੇਅਰਮੈਨ ਤੇ ਮੈਂਬਰਾਂ ਦਾ ਜੱਸਾ ਸਿੰਘ ਰਾਮਗੜ੍ਹੀਆ ਫੈਡਰੇਸ਼ਨ ਵੱਲੋਂ ਸਨਮਾਨ

ਅੰਮ੍ਰਿਤਸਰ, 17 ਅਗਸਤ (ਬਬਲੂ ਮਹਾਜਨ): ਆਲ ਇੰਡੀਆ ਜੱਸਾ ਸਿੰਘ ਰਾਮਗੜ੍ਹੀਆ ਫੈਡਰੇਸ਼ਨ ਦੇ ਪ੍ਰਧਾਨ ਗਿਆਨ ਸਿੰਘ ਸੱਗੂ, ਸੀਨੀਅਰ ਮੀਤ ਪ੍ਰਧਾਨ ਨਿਰਮਲ ਸਿੰਘ ਭਰਮੀ, ਸਰਪ੍ਰਸਤ ਖੁਸ਼ਵਿੰਦਰ ਸਿੰਘ ਸੰਧੂ ਅਤੇ ਹੋਰ ਸਾਥੀਆਂ ਵੱਲੋਂ ਰਾਮਗੜ੍ਹੀਆ ਗੇਟ ਨਜ਼ਦੀਕ ਗੁਰੂਦੁਆਰਾ ਸ਼ਹੀਦ ਗੰਜ ਸਾਹਿਬ ਵਿਖੇ ਪੰਜਾਬ ਸਰਕਾਰ ਦੇ ਰਾਮਗੜ੍ਹੀਆ ਵੈੱਲਫੇਅਰ ਬੋਰਡ ਦੇ ਚੇਅਰਮੈਨ ਸਤਪਾਲ ਸਿੰਘ ਸੋਖੀ, ਮੈਂਬਰ ਸਤਨਾਮ ਸਿੰਘ ਮਠਾੜੂ ਤੇ ਸ਼ਰਨਜੀਤ ਸਿੰਘ ਦਾ ਸਿਰੋਪਾ ਪਾ ਕੇ ਤੇ ਸਨਮਾਨ ਚਿੰਨ ਦੇ ਕੇ ਸਨਮਾਨ ਕੀਤਾ ਗਿਆ। ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਕੁਝ ਦਿਨ ਪਹਿਲਾਂ ਰਾਮਗੜ੍ਹੀਆ ਸਮਾਜ ਅਤੇ ਸਰਕਾਰ ਵਿਚਾਲੇ ਲਿੰਕ ਸਥਾਪਤ ਕਰਨ ਲਈ ਰਾਮਗੜ੍ਹੀਆ ਵੈੱਲਫੇਅਰ ਬੋਰਡ ਦਾ ਗਠਨ ਕੀਤਾ ਗਿਆ ਸੀ, ਜਿਸ ਵਿੱਚ ਸਤਪਾਲ ਸਿੰਘ ਸੋਖੀ ਨੂੰ ਚੇਅਰਮੈਨ, ਸਤਨਾਮ ਸਿੰਘ ਮਠਾੜੂ (ਜ਼ਿਲ੍ਹਾ ਮੀਡੀਆ ਇੰਚਾਰਜ) ਨੂੰ ਮੈਂਬਰ, ਸ਼ਰਨਜੀਤ ਸਿੰਘ ਨੂੰ ਮੈਂਬਰ, ਬੀਰ ਸੁਖਪਾਲ ਸਿੰਘ ਨੂੰ ਮੈਂਬਰ ਅਤੇ ਸਤਨਾਮ ਸਿੰਘ ਬਟਾਲਾ ਨੂੰ ਮੈਂਬਰ ਨਿਯੁਕਤ ਕੀਤਾ ਗਿਆ। ਚੇਅਰਮੈਨ ਸਤਪਾਲ ਸਿੰਘ ਸੋਖੀ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਉਹ ਮੁੱਖ ਮੰਤਰੀ ਵੱਲੋਂ ਦਿੱਤੀ ਗਈ ਜ਼ਿੰਮੇਵਾਰੀ ਨਾਲ ਪੂਰਾ ਇਨਸਾਫ਼ ਕਰਨਗੇ। ਉਹ ਸਰਕਾਰ ਤੇ ਰਾਮਗੜ੍ਹੀਆ ਸਮਾਜ ਵਿਚਾਲੇ ਇੱਕ ਪੁੱਲ ਵਜੋਂ ਕੰਮ ਕਰਦੇ ਹੋਏ ਸਮਾਜ ਦੀਆਂ ਸਾਰੀਆਂ ਮੰਗਾਂ ਸਰਕਾਰ ਤੱਕ ਪਹੁੰਚਾਉਣਗੇ ਤੇ ਹੱਲ ਕਰਾਉਣ ਦੀ ਵੀ ਪੁਰਜ਼ੋਰ ਕੋਸ਼ਿਸ਼ ਕਰਨਗੇ। ਰਾਮਗੜ੍ਹੀਆ ਸਮਾਜ ਲਈ ਕੰਮ ਕਰਦੇ ਆਏ ਹਨ ਅਤੇ ਹੁਣ ਸਰਕਾਰੀ ਮੰਚ ਦੇ ਰਾਹੀਂ ਉਹਨਾਂ ਨੂੰ ਹੋਰ ਵੱਡੇ ਪੱਧਰ 'ਤੇ ਆਪਣੇ ਸਮਾਜ ਦੀ ਸੇਵਾ ਕਰਨ ਦਾ ਮੌਕਾ ਮਿਲਿਆ ਹੈ। ਇਸ ਮੌਕੇ ਬੋਲਦੇ ਹੋਏ ਫੈਡਰੇਸ਼ਨ ਦੇ ਸਾਥੀਆਂ ਨੇ ਨਵੇਂ ਚੁਣੇ ਚੇਅਰਮੈਨ ਅਤੇ



ਮੈਂਬਰ ਸਤਨਾਮ ਸਿੰਘ ਮਠਾੜੂ ਨੇ ਕਿਹਾ ਕਿ ਰਾਮਗੜ੍ਹੀਆ ਸਮਾਜ ਹਮੇਸ਼ਾਂ ਕਿਰਤ ਅਤੇ ਮਿਹਨਤ ਵਿੱਚ ਅਗੇ ਰਹਿਆ ਹੈ। ਸਮਾਜ ਦੇ ਬਹੁਤ ਸਾਰੇ ਲੋਕਾਂ ਨੇ ਆਪਣੀ ਮਿਹਨਤ ਨਾਲ ਇੰਡਸਟਰੀਜ ਖੜ੍ਹੀਆਂ ਕੀਤੀਆਂ ਹਨ, ਪਰ ਫਿਰ ਵੀ ਅੱਜ ਵੀ ਸਮਾਜ ਦਾ ਵੱਡਾ ਹਿੱਸਾ ਮੱਧਮ ਵਰਗ ਨਾਲ ਸੰਬੰਧਿਤ ਹੈ। ਉਹਨਾਂ ਕਿਹਾ ਕਿ ਬੈਕਵਰਡ ਕਲਾਸ ਅਤੇ ਬੈਕਫਿੰਕੋ ਦੇ ਤਹਿਤ ਮਿਲਣ ਵਾਲੀਆਂ ਸੁਵਿਧਾਵਾਂ ਆਪਣੇ ਸਮਾਜ ਤੱਕ ਪਹੁੰਚਾਉਣ ਲਈ ਉਹ ਜ਼ੋਰਦਾਰ ਯਤਨ ਕਰਨਗੇ। ਮੈਂਬਰ ਸ਼ਰਨਜੀਤ ਸਿੰਘ ਨੇ ਕਿਹਾ ਕਿ ਉਹ ਹਮੇਸ਼ਾਂ ਮੈਂਬਰਾਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਉਮੀਦ ਜ਼ਾਹਰ ਕੀਤੀ ਕਿ ਉਹ ਸਮਾਜ ਦੀਆਂ ਲੋੜਾਂ ਅਤੇ ਮੰਗਾਂ ਨੂੰ ਸਰਕਾਰ ਤੱਕ ਬੜੇ ਜਜ਼ਬੇ ਨਾਲ ਪਹੁੰਚਾਉਣਗੇ। ਇਸ ਮੌਕੇ ਤਜਿੰਦਰਪਾਲ ਸਿੰਘ ਕੇ.ਬੀ, ਜਸਪਾਲ ਸਿੰਘ ਭੁੱਲਰ, ਅਵਤਾਰ ਸਿੰਘ ਮੁੱਛਲ, ਧਰਮਪਾਲ ਸਿੰਘ ਬਮਰਾ, ਹਰਮਹਿੰਦਰ ਸਿੰਘ ਠੇਕੇਦਾਰ, ਜਗਦੀਤ ਸਿੰਘ ਠੇਕੇਦਾਰ, ਜਗਦੀਸ਼ ਸਿੰਘ ਵਾਲੀਆ, ਜਿਲ੍ਹਾ ਜਨਰਲ ਸਕੱਤਰ ਮੁਖਵਿੰਦਰ ਵਿਰਦੀ, ਹਰਪ੍ਰੀਤ ਬੇਦੀ, ਸੁਰਜੀਤ ਸਿੰਘ, ਸਰਬਜੀਤ ਬਿੱਟੂ, ਰਜਿੰਦਰ ਕੁਮਾਰ, ਤਰਸੇਮ ਕਲਿਆਣ, ਦਵਿੰਦਰ ਅਤੇ ਹੋਰ ਸਾਥੀ ਹਾਜ਼ਰ ਸਨ।

# ਏਂਜਲਜ਼ ਪੈਰਾਡਾਈਸ ਪ੍ਰੀ-ਸਕੂਲ ਵਿਖੇ ਮਨਾਈ ਕ੍ਰਿਸ਼ਨ ਜਨਮ ਅਸ਼ਟਮੀ



ਜੰਡਿਆਲਾ ਗੁਰੂ, 17 ਅਗਸਤ (ਰਾਮ ਸ਼ਰਨਜੀਤ ਸਿੰਘ, ਮੰਗਲਦੀਪ ਸਿੰਘ): ਏਜਲਸ ਪੈਰਾਡਾਈਸ ਪ੍ਰੀ ਸਕੂਲ ਜੰਡਿਆਲਾ ਗੁਰੂ ਵਿਖੇ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦਾ ਤਿਉਹਾਰ ਬੜੀ ਧੂਮ ਧਾਮ ਨਾਲ ਮਨਾਇਆ ਗਿਆ।ਇਸ ਮੌਕੇ ਸਕੂਲ ਵਿੱਚ ਭਗਵਾਨ ਸ੍ਰੀ ਕ੍ਰਿਸ਼ਨ ਜੀ ਦਾ ਝੂਲਾ ਲਗਾਇਆ ਗਿਆ ਅਤੇ ਮੱਖਣ ਦੀਆਂ ਮਟਕੀਆਂ ਨਾਲ ਸਕੂਲ ਨੂੰ ਸਜਾਇਆ ਗਿਆ। ਨੰਨੇ ਮੁੰਨੇ ਬੱਚੇ ਸ੍ਰੀ ਕ੍ਰਿਸ਼ਨ ਅਤੇ ਰਾਧਾ ਕ੍ਰਿਸ਼ਨ ਜੀ ਦੇ ਪਹਿਰਾਵੇ ਵਿੱਚ ਬਹੁਤ ਸੁੰਦਰ ਲੱਗ ਰਹੇ ਸਨ। ਸਕੂਲ ਵਿੱਚ ਬੱਚਿਆਂ ਨੇ ਕਰਾਫਟ ਵਿੱਚ ਮਟਕੀਆਂ ਤੇ ਬਾਂਸਰੀਆਂ ਆਦਿ ਵੀ ਬਣਾਈਆਂ। ਬੱਚਿਆਂ ਨੇ ਭਗਵਾਨ ਸ੍ਰੀ ਕ੍ਰਿਸ਼ਨ ਜੀ ਦੇ ਭਜਨ ਗਾ ਕੇ ਸਭ ਨੂੰ ਮੰਤਰ ਮੁਗਧ ਕਰਦਿਆਂ ਨੱਚਣ ਲਈ ਵੀ ਮਜਬੂਰ ਕਰ ਦਿੱਤਾ । ਅਧਿਆਪਕਾਂ ਵੱਲੋਂ ਬੱਚਿਆਂ ਨੂੰ ਸ੍ਰੀ ਕ੍ਰਿਸ਼ਨ ਜੀ ਨਾਲ ਜੁੜੀਆਂ ਅਨੇਕਾਂ ਕਹਾਣੀਆਂ ਵੀ ਸੁਣਾਈਆਂ ਗਈਆਂ । ਏਂਜਲ ਪੈਰਾਡਾਈਜ ਪ੍ਰੀ ਸਕੂਲ ਜੰਡਿਆਲਾ ਗੁਰੂ ਬਰਾਂਚ ਦੇ ਡਾਇਰੈਕਟਰ ਮੈਡਮ ਮਨਦੀਪ ਕੌਰ ਤੇ ਪ੍ਰਿੰਸੀਪਲ ਅੰਮ੍ਰਿਤਪਾਲ ਸਿੰਘ ਨੇ ਸਾਰੇ ਬੱਚਿਆਂ ਨੂੰ ਜਨਮ ਅਸ਼ਟਮੀ ਦੀ ਵਧਾਈ ਦਿੱਤੀ ਅਤੇ ਕਿਹਾ ਕਿ ਉਹ ਹਰ ਤਿਉਹਾਰ ਬੱਚਿਆਂ ਨਾਲ ਉਤਸ਼ਾਹ ਪੂਰਵਕ ਮਨਾਉਂਦੇ ਹਨ ਇਸ ਨਾਲ ਬੱਚਿਆਂ ਨੂੰ ਸਾਡੀ ਸੰਸਕ੍ਰਿਤੀ ਬਾਰੇ ਪਤਾ ਲੱਗਦਾ ਹੈ ਅਤੇ ਉਹਨਾਂ ਨੂੰ ਬਚਪਨ ਤੋਂ ਹੀ ਚੰਗੇ ਸੰਸਕਾਰ ਮਿਲਦੇ ਹਨ।ਇਸ ਮੌਕੇ ਸਕੂਲ ਦੇ ਅਧਿਆਪਕ ਰਿਚਾ ਅਰੋੜਾ, ਜੈਸਮੀਨ ਕੌਰ, ਸਿਮੀ, ਰੰਜੂ ਕਥੂਰੀਆ , ਗੁਰਸ਼ਰਨ ਕੌਰ ਤੇ ਮਹਿਕਦੀਪ ਕੌਰ ਹਾਜ਼ਰ ਸਨ।

# ਪ੍ਰਾਚੀਨ ਸ਼ਿਵ ਮੰਦਿਰ 'ਚ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦਾ ਤਿਉਹਾਰ ਮਨਾਇਆ

ਲੋਹੀਆਂ ਖਾਸ, 17 ਅਗਸਤ (ਸਬਪ੍ਰੀਤ ਸਿੰਘ): ਬ੍ਰਹਮਲੀਨ ਮਹੰਤ ਸ਼ਾਂਤੀ ਗਿਰੀ ਜੀ ਮਹਾਰਾਜ, ਬ੍ਰਹਮਲੀਨ ਮਹੰਤ ਸ਼੍ਰਵਿੰਦਰਾ ਗਿਰੀ ਜੀ ਮਹਾਰਾਜ ਦੀ ਅਪਾਰ ਕਿਰਪਾ ਨਾਲ ਤੇ ਪ੍ਰਾਚੀਨ ਸ਼ਿਵ ਮੰਦਿਰ ਲੋਹੀਆਂ ਖਾਸ ਦੇ ਗੱਦੀਨਸ਼ੀਨ ਸ੍ਰੀ ਸ੍ਰੀ 1008 ਮਹਾਂ ਮੰਡਲੇਸ਼ਵਰ ਮਹੰਤ ਸ਼੍ਰੀ ਸ਼ਿਪਰਾ ਗਿਰੀ ਜੀ ਮਹਾਰਾਜ ਬਾਪ ਜੀ ਦੇ ਪ੍ਰੇਰਨਾ , ਆਸ਼ੀਰਵਾਦ ਤੇ ਅਗਵਾਈ ਹੇਠ ਕ੍ਰਿਸ਼ਨ ਜਨਮ ਅਸ਼ਟਮੀ ਉਤਸਵ 2025 ਪ੍ਰਾਚੀਨ ਸ਼ਿਵ ਮੰਦਿਰ ਲੋਹੀਆਂ ਖਾਸ ਵਿੱਚ ਬੜੀ ਸ਼ਰਧਾ ਭਾਵਨਾ , ਉਤਸਾਹ ਤੇ ਮਰਿਆਦਾ ਨਾਲ ਮਨਾਇਆ ਗਿਆ। ਇਸ ਮੌਕੇ ਪ੍ਰਾਚੀਨ ਸ਼ਿਵ ਮੰਦਿਰ ਲੋਹੀਆਂ ਖਾਸ ਵਿੱਚ ਆਈਆਂ ਸੰਗਤਾਂ ਵੱਲੋਂ ਆਪਣੇ ਨਾਲ ਲੱਡੂ ਗੋਪਾਲ ਜੀ ਨੂੰ ਲੈ ਕੇ ਆਈਆਂ, ਆਪਣੇ ਨਾਲ ਆਪਣੇ ਨੰਨ੍ਹੇ ਮੁੰਨੇ ਬਚਿਆ ਨੂੰ ਸ੍ਰੀ ਕ੍ਰਿਸ਼ਨ ਤੇ ਸ੍ਰੀ ਰਾਧਾ ਰਾਣੀ ਜੀ ਦੇ ਸਰੂਪ ਚ ਤਿਆਰ ਕਰਕੇ ਲਿਆਏ ਇਹ ਛੋਟੇ ਛੋਟੇ ਸ੍ਰੀ ਕ੍ਰਿਸ਼ਨ ਤੇ ਰਾਧਾ ਦਾ ਸਰੂਪ ਸਾਰਿਆਂ ਦਾ ਖਿੱਚ ਦਾ ਕੇਂਦਰ ਬਣੇ ਹੋਏ ਸਨ, ਸਾਰੇ ਭਗਤ ਇਹਨਾਂ ਨਾਲ ਸੈਲਫੀਆਂ ਲੈ ਰਹੇ ਸਨ। ਪੰਡਿਤ ਵਿਸ਼ਨੂ ਜੀ ਵੱਲੋਂ ਪੂਰੇ ਵਿਧੀ ਵਿਧਾਨ ਤੇ ਸ਼ਰਧਾ ਦੇ ਨਾਲ ਪ੍ਰੋਗਰਾਮ ਸ਼ੁਰੂ ਕਰਨ ਤੇ ਪੂਜਾ ਕਰਾਈ ਗਈ ਤੇ ਅੰਤ ਵਿੱਚ ਸ੍ਰੀ ਕ੍ਰਿਸ਼ਨ ਜੀ ਦੀ ਪੂਜਾ ਤੇ ਕਰਵਾਈ।

ਪਰਚੀਨ ਸ਼ਿਵ ਮੰਦਿਰ ਲੋਈਆਂ ਖਾਸ ਨੂੰ ਬਹੁਤ ਹੀ ਵਧੀਆ ਤਰੀਕੇ ਦੇ ਨਾਲ ਸਜਾਇਆ ਗਿਆ ਸੀ। ਸ੍ਰੀ ਕ੍ਰਿਸ਼ਨ ਤੇ ਰਾਧਾ ਜੀ ਦਾ ਜੋ ਸਰੂਪ ਸਜਾਇਆ ਗਿਆ ਸੀ, ਓ ਸਾਰਿਆਂ ਨੂੰ ਆਪਣੇ ਵੱਲ ਧਿਆਨ ਲਾਉਣ ਲਈ ਪ੍ਰੇਰਿਤ ਕਰ ਰਿਹਾ ਸੀ, ਸ੍ਰੀ ਕ੍ਰਿਸ਼ਨ ਜੀ ਦੇ ਭਗਤਾਂ ਦਾ ਉਤਸਾਹ ਸ਼ਰਧਾ ਦੇਖ ਕੇ ਸ੍ਰੀ ਬੰਕੇ ਬਿਹਾਰੀ ਮੰਦਰ ਜੀ ਦੀ ਝਲਕ ਕੱਲ ਪ੍ਰਾਚੀਨ ਸ਼ਿਵ ਮੰਦਿਰ ਲੋਹੀਆਂ ਦੇ ਵਿੱਚ ਦੇਖਣ ਨੂੰ ਮਿਲੀ । ਸਾਰੇ ਭਗਤ ਇਸ ਤਰ੍ਹਾਂ ਹੀ ਕਹਿ ਰਹੇ ਸੀ ਕਿ ਸਾਨੂੰ ਤਾਂ ਅੱਜ ਇਸ ਤਰ੍ਹਾਂ ਮਹਿਸੂਸ ਹੋ ਰਿਹਾ ਹੈ ਕਿ ਅੱਜ ਅਸੀਂ ਸ੍ਰੀ ਬੰਕੇ ਬਿਹਾਰੀ ਮੰਦਰ ਵਰਿੰਦਾਵਨ ਵਿੱਚ ਹਾਂ। ਗੱਦੀਨਸ਼ੀਨ ਪਰਮਪੂਜਾਯ ਗੁਰੂ ਦੇਵ ਬਾਪ ਜੀ ਮਹਾਰਾਜ ਜੀ ਵੱਲੋਂ ਵੀਡੀਓ ਕਾਲ ਤੇ ਸਾਰੇ ਭਗਤਾਂ ਨੂੰ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦੇ ਮੌਕੇ ਤੇ ਵਧਾਈ ਦਿੱਤੀ ਗਈ ਤੇ ਆਸ਼ੀਰਵਾਦ ਦਿੱਤਾ। ਇਸ ਮੌਕੇ ਕ੍ਰਿਸ਼ਨ ਜੀ ਦੀ ਮਹਿਮਾ ਦਾ ਗੁਣਗਾਨ ਮਹਿੰਦਰਪਾਲ ਖੇੜਾ, ਰਾਜ ਬਾਊ, ਰਵੀ ਸ਼ੰਕਰ, ਅਮਨ ਸ਼ਰਮਾ, ਕਪਿਲ ਕਵੀ , ਲੱਕੀ ਮਤਰੀ, ਜੈ ਅਰੋੜਾ, ਕਾਲਾ ਸੱਦੀ ਪਰਦੀਪ ਮਹਿਤਾ ਤੇ ਰੋਜ਼ਾਨਾ ਮੰਦਿਰ ਆਉਣ ਵਾਲੀਆਂ ਬੀਬੀਆ ਵੱਲੋਂ ਕੀਤਾ ਗਿਆ। ਇਸ ਮੌਕੇ ਲੋਹੀਆਂ ਖਾਸ ਦੀ ਸਾਰੀ ਸੰਗਤ ਵੱਡੀ ਗਿਣਤੀ ਵਿੱਚ ਹੁਮ ਹੁਮਾ ਕੇ ਮੰਦਿਰ ਵਿੱਚ ਪਹੁੰਚੀ। ਇਸ ਮੌਕੇ ਤੇ ਮਾਤਾ ਕਮਲੇਸ਼ ਰਾਣੀ, ਪੰਡਿਤ ਪਾਰਸ , ਪੰਡਿਤ ਧਰਮਰਾਜ , ਪੰਡਿਤ ਰਘਵੀਰ ਸ਼ਰਮਾ, ਸੁਭਾਸ਼ ਸੱਦੀ ,ਰੁਪੇਸ਼ ਕੁਮਾਰ ਸੱਦੀ, ਰਾਜੀਵ ਕੁਮਾਰ ਮੋਨੂੰ, ਸੰਜੀਵ ਕੁਮਾਰ ਕੰਡਾ, ਪ੍ਰਸ਼ੋਤਮ ਲਾਲ ਗੁਪਤਾ, ਖਜਾਨਚੀ ਦਾਸ, ਰਘਬੀਰ ਸ਼ਰਮਾ, ਦਿਨੇਸ਼ ਗੁਪਤਾ, ਸੁਰਿੰਦਰ ਕੁਮਾਰ ਨੀਟਾ, ਮਹਾਂਦੇਵ ਸੇਵਾ ਦਲ, ਮਨੀਸ਼ ਕੁਮਾਰ ਮੰਗਾ, ਲਖਨ ਵਰਮਾ, ਯੋਗੇਸ਼ਵਰ, ਰੋਹਿਤ ਸ਼ਰਮਾ, ਹਨੀ ਸ਼ਰਮਾ, ਮੁਨੀਤ ਗਾਂਧੀ, ਇੰਦਰ ਖੈੜਾ, ਅਮਿਤ, ਦਿਨੇਸ਼ ਗੁਪਤਾ , ਵਿਕਾਸ ਵਰਮਾ , ਬੌਬੀ ਕੰਡਾ, ਦਿਨਾਂ ਨਾਥ, ਸਾਹਿਲ ਸ਼ਰਮਾ, ਰਿਤਿਸ਼ ਅਗਰਵਾਲ, ਸੌਰਵ ਟਾਰਗੇਟ, ਅਸ਼ਵਨੀ ਕੰਡਾ , ਗਗਨ ਗੱਗੀ, ਅੰਕੁਸ਼ ਸ਼ਰਮਾ ਸ਼ਮੀ ਖੇੜਾ , ਸ਼ਾਲੂ ਸੱਦੀ , ਮਨੀ ਗਾਂਧੀ, ਅਮਿਤ ਡੋਗਰਾ , ਲੱਕੀ ਕੌਂਡਲ, ਸੁਰਿੰਦਰ ਸ਼ਰਮਾ, ਡਾਕਟਰ ਵਿਸ਼ਾਲ ਗੁਪਤਾ, ਵਿਨੈ , ਸੰਤੋਖ ਸਿੰਘ ਸਾਊਂਡ ਵਾਲਾ , ਸੰਜਯ, ਕਮਲ ਸ਼ਰਮਾ , ਸਮੇਤ ਆਦਿ ਭਗਤ ਹਾਜ਼ਰ ਸਨ।



# ਬੀਬੀ ਕੌਲਾਂ ਜੀ ਭਲਾਈ ਕੇਂਦਰ ਟਰੱਸਟ ਨੇ ਚੁਪਹਿਰੇ 'ਤੇ ਆਉਣ ਵਾਲੀਆਂ ਸੰਗਤਾਂ ਦੀ ਸਹੂਲਤ ਲਈ ਤਿਆਰ ਕਰਵਾਏ ਬਾਥਰੂਮ



ਅੰਮ੍ਰਿਤਸਰ, 17 ਅਗਸਤ (ਬਬਲੂ ਮਹਾਜਨ): ਗੁਰਦੁਆਰਾ ਬਾਬਾ ਦੀਪ ਸਿੰਘ ਸਹੀਦਾ ਸਾਹਿਬ ਦੀ ਪਿਛਲੇ ਪਾਸੇ ਚਲਾਏ ਜਾ ਰਹੇ ਬਾਬਾ ਦੀਪ ਸਿੰਘ ਬਾਬਾ ਕੁੰਦਨ ਸਿੰਘ ਚੈਰੀਟੇਬਲ ਹਸਪਤਾਲ ਦੇ ਨਾਲ ਸੰਗਤਾਂ ਦੀ ਆਮਦ ਨੂੰ ਦੇਖਦੇ ਹੋਏ ਬੀਬੀ ਕੌਲਾਂ ਜੀ ਭਲਾਈ ਕੇਂਦਰ ਟਰੱਸਟ ਭਾਈ ਗੁਰਇਕਬਾਲ ਸਿੰਘ ਜੀ ਵੱਲੋਂ ਚੁਪਹਿਰੇ ਤੇ ਆਣ ਵਾਲੀਆ ਸੰਗਤਾਂ ਦੀ ਸਹੂਲਤ ਲਈ ਬੀਬੀਆਂ ਲਈ ਅਤੇ ਭਾਈਆ ਲਈ ਬਾਥਰੂਮ ਤਿਆਰ ਕਰਕੇ ਸੰਗਤਾਂ ਨੂੰ ਸਮਰਪਿਤ ਕੀਤੇ ਗਏ ਇਸ ਮੌਕੇ ਭਾਈ ਗੁਰਇਕਬਾਲ ਸਿੰਘ ਜੀ ਨੇ ਦਸਿਆ ਕਿ ਗੁਰਦੁਆਰਾ ਸ਼ਹੀਦਾ ਸਾਹਿਬ ਵਿਖੇ ਸੰਗਤਾਂ ਦੀ ਆਮਦ ਨੂੰ ਦੇਖਦੇ ਹੋਏ ਨਵੇਂ ਲੇਡਿਜ ਅਤੇ ਜੈਂਟਸ ਬਾਥਰੂਮ ਤਿਆਰ ਕੀਤੇ ਗਏ।

ਇਸ ਮੌਕੇ ਗੁਰਦੁਆਰਾ ਸ਼ਹੀਦਾ ਸਾਹਿਬ ਦੇ ਮੈਨੇਜਰ ਜੇਪੀ ਸਿੰਘ ਨੇ ਕਿਹਾ ਕਿ ਭਾਈ ਗੁਰਇਕਬਾਲ ਸਿੰਘ ਜੀ ਵੱਲੋਂ ਸੰਗਤਾਂ ਲਈ ਕੀਤੀਆਂ ਜਾ ਰਹੀਆਂ ਸੇਵਾਵਾਂ ਪੰਥ ਨੂੰ ਵੱਡੀ ਦੇਣ ਹੈ ਇਸ ਮੌਕੇ ਭਾਈ ਗੁਰਇਕਬਾਲ ਸਿੰਘ ਜੀ ਦੀਆਂ ਸੇਵਾਵਾਂ ਨੂੰ ਦੇਖਦੇ ਹੋਏ ਮੈਨੇਜਰ ਜਤਿੰਦਰ ਪਾਲ ਸਿੰਘ ਵਲੋਂ ਭਾਈ ਗੁਰਇਕਬਾਲ ਸਿੰਘ ਜੀ ਨੂੰ ਸਨਮਾਨਿਤ ਕੀਤਾ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਟਹਿਲਇੰਦਰ ਸਿੰਘ ਮਨਦੀਪ ਸਿੰਘ ਭੋਲੂ, ਸਤਨਾਮ ਸਿੰਘ ਸੱਤਾ, ਤਰਵਿੰਦਰ ਸਿੰਘ ਨਿੱਕੂ ਕੁਲਦੀਪ ਸਿੰਘ ਸਲੋ ਜਸਵਿੰਦਰ ਸਿੰਘ ਨਰਿੰਦਰ ਸਿੰਘ ਮੈਂਬਰ ਤੇ ਹੋਰ ਪਤਵੰਤੇ ਸੱਜਣ ਹਾਜ਼ਰ ਸਨ।

# ਧਮਕੀਆਂ ਦੇਣ ਤੋਂ ਪਹਿਲਾਂ ਦਿੱਲੀ ਵਾਲੇ 'ਆਪ' ਆਗੂ ਪੰਜਾਬੀਆਂ ਦਾ ਇਤਿਹਾਸ ਪੜ੍ਹ ਲੈਣ : ਟਿੱਕਾ



ਲੁਧਿਆਣਾ, 17 ਅਗਸਤ (ਰਵਿੰਦਰ ਸਿੰਘ ਨਿੱਝਰ): ਭਾਰਤੀ ਜਨਤਾ ਪਾਰਟੀ ਪੰਜਾਬ ਦੀ ਕਾਰਜਕਾਰਨੀ ਦੇ ਮੈਂਬਰ ਤੇ ਮੱਧਮ ਉਦਯੋਗ ਵਿਕਾਸ ਬੋਰਡ ਦੇ ਸਾਬਕਾ ਚੇਅਰਮੈਨ ਅਮਰਜੀਤ ਸਿੰਘ ਟਿੱਕਾ ਨੇ ਆਮ ਆਦਮੀ ਪਾਰਟੀ ਦਿੱਲੀ ਦੇ ਆਗੂ ਮਨੀਸ਼ ਸਿਸੋਦੀਆ ਵੱਲੋਂ ਆਪ ਅਹੁਦੇਦਾਰਾਂ ਅਤੇ ਵਰਕਰਾਂ ਨੂੰ ਪੰਜਾਬ ਵਿੱਚ 2027 ਦੀਆਂ ਵਿਧਾਨ ਸਭਾ ਚੋਣਾਂ ਜਿੱਤਣ ਲਈ ਜਾਇਜ਼ ਨਜਾਇਜ਼ ਢੰਗ ਨਾਲ ਕਿਸੇ ਵੀ ਹੱਦ ਤੱਕ ਜਾਣ ਲਈ ਉਤਸ਼ਾਹਿਤ ਕਰਨ ਦੀ ਆਲੋਚਨਾ ਕਰਦੇ ਹੋਏ ਕਿਹਾ, ਕਿ ਆਮ ਆਦਮੀ ਪਾਰਟੀ ਦਾ ਘਿਨੌਣਾ ਚਿਹਰਾ ਬੇਨਕਾਬ ਹੋ ਗਿਆ ਹੈ। ਟਿੱਕਾ ਨੇ ਅੱਗੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੇ ਹਾਜ਼ਰੀ ਵਿੱਚ ਮੌਜੂਦ ਇੱਕ ਸਮਾਗਮ ਦੌਰਾਨ ਸਿਸੋਦੀਆ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਸਾਮ-ਦਾਮ, ਦੰਡ-ਭੇਦ, ਸੱਚ-ਝੂਠ, ਸਵਾਲ-ਜਵਾਬ, ਲੜਾਈ-ਝਗੜਾ, ਜੋ ਵੀ ਕਰਨਾ ਪੜੇਗਾ, ਕਰੇਂਗੇ..., ਨਾਲ ਆਪ ਦੀ ਮਾਨਸਿਕਤਾ ਅਤੇ ਰਣਨੀਤੀ ਦਾ ਖੁਲਾਸਾ ਹੋਇਆ ਹੈ ਅਤੇ ਆਪ ਆਗੂਆਂ ਦੇ ਘਿਨੌਣੇ ਚਿਹਰੇ ਬੇਨਕਾਬ ਹੋ ਗਏ ਹਨ। ਉਨ੍ਹਾਂ ਨੇ ਕਿਹਾ ਕਿ ਸੱਤਾਧਾਰੀ ਪਾਰਟੀ ਦੇ ਆਗੂਆਂ ਨੂੰ ਚੇਤਾਵਨੀ ਦਿੰਦੇ ਹੋਏ ਕਿਹਾ ਕਿ ਉਹ ਭੁਲੇਖੇ ਵਿੱਚ ਨਾਂ ਰਹਿਣ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਪੰਜਾਬੀ ਉਨ੍ਹਾਂ ਨੂੰ ਧੱਕਾ ਕਰਨ ਦੇਣਗੇ, ਕਿਉਂ ਕਿ ਵਿਸ਼ਵਾਸ਼ ਅਤੇ ਪਿਆਰ ਨਾਲ ਤਾਂ ਪੰਜਾਬੀ ਆਪਣੀ ਜਾਨ ਵੀ ਦੇ ਦਿੰਦੇ ਹਨ, ਪ੍ਰੰਤੂ ਆਪ ਉਹ ਵੀ ਗੁਆ ਚੁੱਕੀ ਹੈ। ਟਿੱਕਾ ਨੇ ਕਿਹਾ ਕਿ ਆਪ ਲੀਡਰਸ਼ਿਪ ਨੇ ਕੰਧ 'ਤੇ ਲਿਖਿਆ ਪੜ੍ਹ ਲਿਆ ਹੈ ਕਿ ਪਾਰਟੀ ਕਿਸੇ ਤਰ੍ਹਾਂ ਵੀ ਇਮਾਨਦਾਰੀ ਅਤੇ ਨਿਰਪੱਖ ਤਰੀਕੇ ਨਾਲ 2027 ਵਿੱਚ ਪੰਜਾਬ ਵਿਧਾਨ ਸਭਾ ਦੀਆਂ ਚੋਣਾਂ ਨਹੀਂ ਜਿੱਤ ਸਕਦੀ, ਜਿਸ ਕਾਰਨ ਉਹ ਲੋਕਾਂ ਨੂੰ ਗਲਤ ਤਰੀਕਿਆਂ ਦਾ ਸਹਾਰਾ ਲੈਣ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ। ਟਿੱਕਾ ਨੇ ਆਪ ਆਗੂਆਂ ਨੂੰ ਚੇਤਾਵਨੀ ਦਿੰਦੇ ਹੋਏ ਕਿਹਾ ਕਿ 2027 ਵਿੱਚ ਕਿਤੇ ਦਹੀਂ ਦੇ ਭੁਲੇਖੇ ਕਪਾਹ ਨਾਂ ਖਾ ਬੈਠਿਓ। ਉਨ੍ਹਾਂ ਕਿਹਾ ਕਿ ਪੰਜਾਬੀ ਹੁਣ ਅਜਿਹਾ ਨਹੀਂ ਹੋਣ ਦੇਣਗੇ। ਟਿੱਕਾ ਨੇ ਸਿਸੋਦੀਆ ਨੂੰ ਕਿਹਾ, "ਜੇ ਤੁਸੀਂ ਸੋਚਦੇ ਹੋ ਕਿ ਦਿੱਲੀ ਤੋਂ ਆ ਕੇ ਪੰਜਾਬ ਵਿਚ ਅਜਿਹੇ ਗਲਤ ਤਰੀਕਿਆਂ ਨਾਲ ਚੋਣਾਂ ਨੂੰ ਹਾਈਜੈਕ ਕਰ ਲਵੋਗੇ ਤਾਂ ਤੁਸੀਂ ਸ਼ਾਇਦ ਪੰਜਾਬੀਆਂ ਨੂੰ ਨਹੀਂ ਜਾਣਦੇ।" ਤੁਹਾਡਾ ਤੇ ਆਮ ਆਦਮੀ ਪਾਰਟੀ ਦਾ ਹਾਲ 2027 'ਚ ਦਿੱਲੀ, ਗੁਜਰਾਤ ਹਰਿਆਣਾ ਤੇ ਹਿਮਾਚਲ ਵਰਗਾ ਹੋਵੇਗਾ, ਤੇ ਪੰਜਾਬ ਵਿਧਾਨ ਸਭਾ ਚੋਣਾਂ ਤੋਂ ਬਾਅਦ ਆਮ ਆਦਮੀ ਪਾਰਟੀ ਇਕ ਬੀਤੇ ਸਮੇਂ ਦੀ ਕਹਾਣੀ ਬਣ ਕੇ ਰਹਿ ਜਾਵੇਗੀ।

# ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਨਗਰ ਕੀਰਤਨ ਸਜਾਇਆ



ਲੁਧਿਆਣਾ, 17 ਅਗਸਤ (ਰਵਿੰਦਰ ਸਿੰਘ ਨਿੱਝਰ): ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਸਤਿਸੰਗ ਸਭਾ ਹਾਉਸਿੰਗ ਬੋਰਡ ਕਲੋਨੀ ਭਾਈ ਰਣਧੀਰ ਸਿੰਘ ਨਗਰ ਲੁਧਿਆਣਾ ਵਿਖੇ ਧੰਨ-ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਨਗਰ ਕੀਰਤਨ ਦੀ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰਛਾਇਆ ਹੇਠ, ਪੰਜ ਪਿਆਰਿਆਂ ਦੀ ਅਗਵਾਈ 'ਚ ਗੁਰਦੁਆਰਾ ਸਾਹਿਬ ਦੇ ਗ੍ਰੰਥੀ ਸਿੰਘ ਭਾਈ ਅਵਤਾਰ ਸਿੰਘ ਵੱਲੋਂ ਅਰਦਾਸ ਕਰਨ ਉਪਰੰਤ ਜੈਕਾਰਿਆਂ ਨਾਲ ਅਰੰਭਤਾ ਹੋਈ।ਸਬਦੀ ਜਥਿਆਂ ਅਤੇ ਸੁਖਮਨੀ ਸੇਵਾ ਸੁਸਾਇਟੀ ਦੀਆਂ ਬੀਬੀਆਂ ਨੇ ਸੰਗਤਾਂ ਨੂੰ ਗੁਰੂ ਸਬਦ ਨਾਲ ਜੋੜਿਆ ਥਾਂ-ਥਾਂ 'ਤੇ ਨਗਰ ਕੀਰਤਨ ਦਾ ਸੰਗਤਾ ਨੇ 'ਤੇ ਮੁਹੱਲਾ ਵਾਸੀਆਂ ਨੇ ਭਰਵਾਂ ਸੁਆਗਤ ਕੀਤਾ। ਗੁਰਦੁਆਰਾ ਸਾਹਿਬ ਕਮੇਟੀ ਦੇ ਪ੍ਰਧਾਨ ਜਥੇਦਾਰ ਨਛੱਤਰ ਸਿੰਘ ਸਿੱਧੂ ਤੇ ਜਨਰਲ ਸਕੱਤਰ ਗੁਰਦੀਪ ਸਿੰਘ ਲੀਲ ਨੇ ਸੰਗਤਾਂ ਨੂੰ ਸਹਿਯੋਗ ਦੇਣ 'ਤੇ ਧੰਨਵਾਦ ਕੀਤਾ । ਗੁਰਦੁਆਰਾ ਸਾਹਿਬ ਵਿਖੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ। ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋ ਪੰਜ ਪਿਆਰਿਆਂ ਦਾ ਸਨਮਾਨ ਕੀਤਾ ਗਿਆ ਤੇ ਵਿਸ਼ੇਸ਼ ਤੇ ਸੰਗਤੀ ਰੂਪ ਪਹੁੰਚੀਆਂ ਸ਼ਖ਼ਸ਼ੀਅਤਾਂ ਦਾ ਸਤਿਕਾਰ ਕੀਤਾ ਗਿਆ। ਇਸ ਸਮੇ ਸੰਗਤੀ ਰੂਪ ਨਗਰ ਕੀਰਤਨ ਸਾਮਲ ਮੁੱਖ ਸੇਵਾਦਾਰ ਜਥੇਦਾਰ ਨਛੱਤਰ ਸਿੰਘ ਸਿੱਧੂ, ਜਨਰਲ ਸਕੱਤਰ ਗੁਰਦੀਪ ਸਿੰਘ ਲੀਲ, ਕੌਂਸਲਰ ਸਤਨਾਮ ਸਿੰਘ ਸਨੀ ਮਾਸਟਰ, ਮਾਸਟਰ ਬਲਰਾਜ ਸਿੰਘ, ਬੀਬੀ ਨਿੱਕੀ ਕੋਹਲੀ, ਗੁਰਦੀਪ ਸਿੰਘ ਘੁਮਾਣ, ਗੁਰਮੀਤ ਸਿੰਘ ਕੋਚਰ, ਅਵਤਾਰ ਸਿੰਘ ਨਿਰਬਾਣ, ਬੂਟਾ ਸਿੰਘ, ਕਮਲਜੀਤ ਸਿੰਘ ਕੋਚਰ, ਡਾ. ਮਹਿੰਦਰ ਸਿੰਘ, ਦਵਿੰਦਰ ਸਿੰਘ, ਹਰਮਿੰਦਰ ਸਿੰਘ ਸੇਠੀ, ਜਥੇਦਾਰ ਚਰਨ ਸਿੰਘ, ਭਾਈ ਗੁਰਜੀਤ ਸਿੰਘ, ਭਾਈ ਕੁਲਦੀਪ ਸਿੰਘ, ਬਲਰਾਜ ਸਿੰਘ, ਜਗਦੀਸ ਸਿੰਘ ਬਿੱਟੂ, ਭਗਤ ਸਿੰਘ, ਜਗਦੀਪ ਸਿੰਘ ਭੱਠਲ, ਜਥੇਦਾਰ ਜੋਰਾ ਸਿੰਘ, ਭਾਈ ਪਰਵੀਨਪਾਲ ਸਿੰਘ, ਸਤਪਾਲ ਸਿੰਘ ਸਹਿਣਾ, ਮਨਮੋਹਣ ਸਿੰਘ ਮੋਹਣੀ, ਰਜਿੰਦਰ ਸਿੰਘ ਮਿੰਨੀ, ਨਰਿੰਦਰਪਾਲ ਸਿੰਘ ਸੋਨੂੰ, ਸੁਖਵੀਰ ਸਿੰਘ ਬਿੱਟੂ, ਕੁਲਜੀਤ ਸਿੰਘ, ਹਰਜੀਤ ਸਿੰਘ ਜੇ ਬਲਾਕ, ਬਾਬਾ ਸੁਰਜੀਤ ਸਿੰਘ ਬਰਨਾਲਾ, ਕੋਰ ਤੋਂ ਇਲਾਵਾ ਵੱਡੀ ਗਿਣਤੀ 'ਚ ਸੰਗਤਾ ਹਾਜ਼ਰ ਸਨ।

# ਆਤਮ ਨਗਰ 'ਚ ਵਿਧਾਇਕ ਸਿੱਧੂ ਤੇ ਕੌਂਸਲਰ ਮਮਤਾ ਨੇ ਝੰਡਾ ਲਹਿਰਾਇਆ



ਲੁਧਿਆਣਾ, 17 ਅਗਸਤ (ਰਵਿੰਦਰ ਸਿੰਘ ਨਿੱਝਰ): ਹਲਕਾ ਆਤਮ ਨਗਰ 'ਚ ਡਾਬਾ ਰੋਡ ਸ਼ਿਮਲਾਪੁਰੀ ਵਿਖੇ ਆਜ਼ਾਦੀ ਦਿਹਾੜਾ ਬੜੀ ਧੂਮ ਧਾਮ ਨਾਲ ਮਨਾਇਆ ਗਿਆ। ਇਸ ਮੌਕੇ ਹਲਕਾ ਵਿਧਾਇਕ ਕੁਲਵੰਤ ਸਿੰਘ ਸਿੱਧੂ ਅਤੇ ਵਾਰਡ ਨਬਰ 41 ਦੀ ਕੌਂਸਲਰ ਮਮਤਾ ਰਾਣੀ ਨੇ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ। ਇਸ ਮੌਕੇ ਸੰਬੋਧਨ ਕਰਦਿਆਂ ਮਮਤਾ ਰਾਣੀ ਨੇ ਆਖਿਆ ਕਿ ਸਾਨੂੰ ਆਜ਼ਾਦੀ ਲੈਣ ਲਈ ਅਣਗਿਣਤ ਕੁਰਬਾਨੀਆਂ ਦੇਣੀਆਂ ਪਈਆਂ ਅਤੇ ਅਨੇਕਾਂ ਆਜ਼ਾਦੀ ਘੁਲਾਟੀਆਂ ਦੇ ਘਰ ਘਾਟ ਉੱਜੜ ਗਏ।ਪ੍ਰੰਤੂ ਉਹਨਾਂ ਨੇ ਆਪਣੇ ਦੇਸ਼ ਨੂੰ ਆਜ਼ਾਦ ਕਰਾਉਣ ਦੀਆਂ ਕੋਸ਼ਿਸ਼ਾਂ ਜਾਰੀ ਰੱਖੀਆਂ। ਉਨ੍ਹਾਂ ਕਿਹਾ ਕਿ ਸਾਨੂੰ ਮਹਿੰਗੇ ਮੁੱਲ ਮਿਲੀ ਇਸ ਆਜ਼ਾਦੀ ਨੂੰ ਕਾਇਮ ਰੱਖਣ ਲਈ ਸਭ ਤੋਂ ਪਹਿਲਾਂ ਦੇਸ਼ ਬਾਰੇ ਸੋਚਣਾ ਚਾਹੀਦਾ ਹੈ ਤੇ ਆਪਣੇ ਬਾਰੇ ਬਾਅਦ ਵਿੱਚ ਸੋਚਣਾ ਚਾਹੀਦਾ ਹੈ। ਇਸ ਮੌਕੇ ਸਾਬਕਾ ਕੌਂਸਲਰ ਕੁਲਦੀਪ ਸਿੰਘ ਬਿੱਟਾ, ਮਨੀ ਭਗਤ, ਕੌਂਸਲਰ ਯੁਵਰਾਜ ਸਿੱਧੂ, ਮੌਂਟੀ ਸਚਦੇਵਾ, ਅਰਸ਼ਦੀਪ ਬਿੱਲਾ, ਹਰਦੇਵ ਸਿੰਘ ਠੇਕੇਦਾਰ, ਜਸਪਾਲ ਸਿੰਘ ਹੂੰਝਣ, ਸੁਰੇਸ਼ ਸੋਨੂ, ਦਲੀਪ ਕੁਮਾਰ, ਲਖਵਿੰਦਰ ਲੱਖੀ, ਰਜੇਸ਼ ਸੋਨੀ, ਬਹਾਦਰ ਸਿੰਘ, ਰਜਿੰਦਰ ਬੇਦੀ ਜਤਿੰਦਰ ਚਾਨੇ, ਸੁਰਿੰਦਰ ਬਜਾਜ, ਸੁਰੇਸ਼ ਵਰਮਾ, ਮਹਿੰਦਰ ਸਿੰਘ, ਲਾਲੀ ਸ਼ਰਮਾ, ਰਾਖੀ ਸ਼ਰਮਾ ਤੇ ਏਕਮਜੀਤ ਪ੍ਰਿੰਸ ਆਦਿ ਅਨੇਕਾਂ ਸ਼ਖਸ਼ੀਅਤਾਂ ਨੇ ਇਸ ਸਮਾਗਮ ਵਿੱਚ ਭਾਗ ਲਿਆ।

# ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਮੌਕੇ ਵੱਖ-ਵੱਖ ਮੰਦਰਾਂ 'ਚ ਨਤਮਸਤਕ ਹੋਏ ਪਵਨ ਦੀਵਾਨ



ਲੁਧਿਆਣਾ, 17 ਅਗਸਤ (ਰਵਿੰਦਰ ਸਿੰਘ ਨਿੱਝਰ): ਜ਼ਿਲ੍ਹਾ ਕਾਂਗਰਸ ਕਮੇਟੀ ਦੇ ਸਾਬਕਾ ਪ੍ਰਧਾਨ ਪਵਨ ਦੀਵਾਨ ਨੇ ਕਿਹਾ ਹੈ ਕਿ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦਾ ਤਿਉਹਾਰ ਚੰਗਿਆਈ ਦੀ ਜਿੱਤ ਅਤੇ ਬੁਰਿਆਈ ਦੇ ਅੰਤ ਦਾ ਸੁਨੇਹਾ ਦਿੰਦਾ ਹੈ। ਭਗਵਾਨ ਸ੍ਰੀ ਕ੍ਰਿਸ਼ਨ ਨੇ ਸਾਨੂੰ ਕਰਮਾਂ ਦੇ ਮਾਰਗ 'ਤੇ ਚੱਲ ਕੇ ਸਰਬੱਤ ਦੇ ਭਲੇ ਲਈ ਕੰਮ ਕਰਨ ਦਾ ਸੰਦੇਸ਼ ਦਿੱਤਾ ਹੈ। ਉਹ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਮੌਕੇ ਜਵਾਹਰ ਨਗਰ ਸਥਿਤ ਸ੍ਰੀ ਸਨਾਤਨ ਧਰਮ ਮੰਦਰ, ਸਰਾਭਾ ਨਗਰ ਸਥਿਤ ਸ੍ਰੀ ਨਵ ਦੁਰਗਾ ਮਾਤਾ ਮੰਦਰ ਅਤੇ ਪੱਖੋਵਾਲ ਰੋਡ ਸਥਿਤ ਸ੍ਰੀ ਨੀਲਕੰਠ ਮਹਾਂਦੇਵ ਮੰਦਿਰ ਵਿਖੇ ਨਤਮਸਤਕ ਹੋਣ ਪਹੁੰਚੇ ਸਨ।ਇਸ ਮੌਕੇ ਉਹਨਾਂ ਨਾਲ ਸੀਨੀਅਰ ਕਾਂਗਰਸੀ ਆਗੂ ਇੰਦਰਜੀਤ ਕਪੂਰ, ਸੁਧੀਰ ਸਿਆਲ, ਹੈਪੀ ਕਪੂਰ, ਆਜ਼ਾਦ ਸ਼ਰਮਾ, ਪੁਲਕਿਤ ਚੌਧਰੀ, ਰੋਹਿਤ ਸ਼ਰਮਾ ਸਣੇ ਹੋਰ ਪਤਵੰਤੇ ਸੱਜਣ ਵੀ ਮੌਜੂਦ ਸਨ।ਪਵਨ ਦੀਵਾਨ ਨੇ ਸਮੂਹ ਦੇਸ਼ ਵਾਸੀਆਂ ਨੂੰ ਜਨਮ ਅਸ਼ਟਮੀ ਦੀ ਵਧਾਈ ਦਿੱਤੀ ਅਤੇ ਆਯੋਜਕਾਂ ਵੱਲੋਂ ਕੀਤੇ ਗਏ ਪ੍ਰਬੰਧਾਂ ਦੀ ਸ਼ਲਾਘਾ ਕੀਤੀ।

# ਗੁ. ਬ੍ਰਹਮ ਗਿਆਨੀ ਬਾਬਾ ਬੁੱਢਾ ਜੀ ਦੇ ਦਰਬਾਰ ਹਾਲ ਦੇ ਹੋਰ ਵਿਸਥਾਰ ਦੀ ਕਾਰ ਸੇਵਾ ਜੈਕਾਰਿਆਂ ਦੀ ਗੂੰਜ 'ਚ ਹੋਈ ਆਰੰਭ



ਲੁਧਿਆਣਾ, 17 ਅਗਸਤ (ਜਤਿੰਦਰ ਪਾਲ ਸਿੰਘ ਛਾਬੜਾ): ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਮਾਡਲ ਟਾਊਨ ਐਕਸਟੈਂਸ਼ਨ ਦੀ ਪ੍ਰਬੰਧਕ ਕਮੇਟੀ ਵੱਲੋਂ ਇਲਾਕੇ ਦੀਆਂ ਸਮੂਹ ਸੰਗਤਾਂ ਦੇ ਨਿੱਘੇ ਸਹਿਯੋਗ ਦੇ ਨਾਲ ਅੱਜ ਮਹਾਨ ਤਪੱਸਵੀ ਬ੍ਰਹਮ ਗਿਆਨੀ ਬਾਬਾ ਬੁੱਢਾ ਜੀ ਨੂੰ ਸਮਰਪਿਤ ਪਾਵਨ ਅਸਥਾਨ ਦੇ ਦਰਬਾਰ ਹਾਲ ਨੂੰ ਵੱਡੇ ਕਰਨ ਦੀ ਸੇਵਾ ਜੈਕਾਰਿਆਂ ਦੀ ਗੂੰਜ 'ਚ ਆਰੰਭ ਹੋਈ। ਪਾਵਨ ਅਸਥਾਨ ਦੇ ਦਰਬਾਰ ਹਾਲ ਨੂੰ ਵੱਡਾ ਕਰਨ ਦੀ ਸੇਵਾ ਆਰੰਭਤਾ ਤੋਂ ਪਹਿਲਾਂ ਆਯੋਜਿਤ ਕੀਤੇ ਗਏ ਅਰਦਾਸ ਸਮਾਗਮ ਦੌਰਾਨ ਇੱਕਤਰ ਹੋਈਆਂ ਸੰਗਤਾਂ ਨੂੰ ਸੰਬੋਧਨ ਕਰਦਿਆਂ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਇੰਦਰਜੀਤ ਸਿੰਘ ਮੱਕੜ ਨੇ ਕਿਹਾ ਕਿ ਸ਼ਬਦ ਗੁਰੂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅੰਦਰ ਦਰਜ ਗੁਰੂ ਸਾਹਿਬਾਨ ਤੇ ਭਗਤਾਂ ਦੀ ਬਾਣੀ ਸਾਨੂੰ ਜਿੱਥੇ ਸਾਨੂੰ ਅਧਿਆਤਮਕ ਤੇ ਰੂਹਾਨੀਅਤ ਦਾ ਸਕੂਨ ਪ੍ਰਦਾਨ ਕਰਦੀ ਹੈ, ਉੱਥੇ ਨਾਲ ਹੀ ਅਕਾਲ ਪੁਰਖ ਦੀ ਬੰਦਗੀ ਕਰਨ ਤੇ ਸੇਵਾ ਦੇ ਸਕੰਲਪ ਨਾਲ ਜੁੜਨ ਦਾ ਸੰਦੇਸ਼ ਵੀ ਦੇਂਦੀ ਹੈ। ਉਨ੍ਹਾਂ ਨੇ ਕਿਹਾ ਕਿ ਮੌਜੂਦਾ ਸਮੇਂ ਅੰਦਰ ਬਾਬਾ ਬੁੱਢਾ ਜੀ ਵੱਲੋਂ ਬਖ਼ਸ਼ੇ ਸੇਵਾ ਤੇ ਸਿਮਰਨ ਦੇ ਸੰਕਲਪ ਨੂੰ ਸੰਗਲਾਣ ਦੀ ਮੁੱਖ ਜ਼ਰੂਰਤ ਹੈ ਤਾਂ ਹੀ ਹਰ ਵਿਅਕਤੀ ਆਪਣੇ ਅੰਦਰ ਗੁਰਸਿੱਖੀ ਵਾਲਾ ਜਜ਼ਬਾ ਪੈਦਾ ਕਰਕੇ ਗੁਰੂ ਵਾਲਾ ਬਣ ਸਕਦਾ ਹੈ। ਇਸ ਦੌਰਾਨ ਉਨ੍ਹਾਂ ਨੇ ਕਿਹਾ ਕਿ ਇਸੇ ਆਸ਼ੇ ਨੂੰ ਮੁੱਖ ਰੱਖਦਿਆਂ ਸੰਗਤਾਂ ਦੀ ਪੁਰਜ਼ੋਰ ਮੰਗ 'ਤੇ ਬਾਬਾ ਬੁੱਢਾ ਜੀ ਦੇ ਅਸਥਾਨ ਦੀ ਉਸਾਰੀ ਕੀਤੀ ਗਈ ਸੀ ਤੇ ਹੁਣ ਸੰਗਤਾਂ ਦੀ ਦਿਨ ਪ੍ਰਤੀ ਦਿਨ ਵੱਧ ਰਹੀ ਆਮਦ ਨੂੰ ਮੁੱਖ ਰੱਖਦਿਆਂ ਅਸਥਾਨ ਦੇ ਦਰਬਾਰ ਹਾਲ ਦਾ ਹੋਰ ਵਿਸਥਾਰ ਕੀਤਾ ਜਾ ਰਿਹਾ ਹੈ। ਇਸ ਦੌਰਾਨ ਗੁਰਦੁਆਰਾ ਸਾਹਿਬ ਦੇ ਗ੍ਰੰਥੀ ਭਾਈ ਸੁਖਵਿੰਦਰ ਸਿੰਘ ਨੇ ਕਾਰਸੇਵਾ ਦੀ ਆਰੰਭਤਾ ਦੀ ਅਰਦਾਸ ਕੀਤੀ!ਇਸ ਮੌਕੇ ਮੱਕੜ ਨੇ ਅਰਦਾਸ ਸਮਾਗਮ ਵਿੱਚ ਪੁੱਜੀਆਂ ਸਮੂਹ ਸੰਗਤਾਂ ਦਾ ਉਚੇਚੇ ਤੌਰ 'ਤੇ ਧੰਨਵਾਦ ਕੀਤਾ। ਇਸ ਸਮੇਂ ਉਨ੍ਹਾਂ ਦੇ ਨਾਲ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਮੁੱਖ ਅਹੁਦੇਦਾਰ ਮਹਿੰਦਰ ਸਿੰਘ ਡੰਗ, ਅਤਰ ਸਿੰਘ ਮੱਕੜ, ਰਜਿੰਦਰ ਸਿੰਘ ਡੰਗ, ਹਰਪਾਲ ਸਿੰਘ ਖਾਲਸਾ, ਬਲਬੀਰ ਸਿੰਘ ਭਾਟੀਆ, ਪਰਮਜੀਤ ਸਿੰਘ ਸੇਠੀ ਗੁਰਦੀਪ ਸਿੰਘ ਡੀਮਾਟੇ, ਨਰਿੰਦਰਪਾਲ ਸਿੰਘ ਕਥੂਰੀਆ, ਭੁਪਿੰਦਰ ਸਿੰਘ (ਮਨੀ ਜਿਊਲਰਜ਼) ਸੁਰਿੰਦਰ ਸਿੰਘ ਭਾਟੀਆਨੀ, ਇੰਦਰਜੀਤ ਸਿੰਘ ਖੁਰਾਣਾ, ਹਰਮਿੰਦਰ ਸਿੰਘ ਕੋਹਲੀ, ਇੰਦਰਬੀਰ ਸਿੰਘ ਬੱਤਰਾ, ਹਰਮੀਤ ਸਿੰਘ ਡੰਗ, ਅਵਤਾਰ ਸਿੰਘ ਮਿੱਢਾ, ਅਵਤਾਰ ਸਿੰਘ ਬੀ.ਕੇ, ਗੁਰਦੁਆਰਾ ਸਾਹਿਬ ਦੇ ਹੈਡ ਗ੍ਰੰਥੀ ਗਿਆਨੀ ਬਚਿੱਤਰ ਸਿੰਘ, ਗ੍ਰੰਥੀ ਜਸਵਿੰਦਰ ਸਿੰਘ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

# ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਧੂਮਧਾਮ ਨਾਲ ਮਨਾਈ



ਲੁਧਿਆਣਾ, 17 ਅਗਸਤ (ਵਿਸ਼ਾਲ ਸ਼ਰਮਾ): ਨਾਮਧਾਰੀ ਪੰਥ ਦੇ ਨਾਮਧਾਰੀ ਪੰਥ ਦੇ ਵਰਤਮਾਨ ਮੁਖੀ ਸਤਿਗੁਰੂ ਦਲੀਪ ਸਿੰਘ ਦੀ ਅਪਾਰ ਕਿਰਪਾ ਨਾਲ ਸ੍ਰੀ ਗੋਬਿੰਦ ਧਾਮ ਹੰਬੜਾ ਰੋਡ ਲੁਧਿਆਣਾ ਵਿਖੇ ਭਗਵਾਨ ਸ਼੍ਰੀ ਕ੍ਰਿਸ਼ਨ ਚੰਦਰ ਜੀ ਦਾ ਪ੍ਰਕਾਸ਼ ਪੁਰਬ ਬੜੀ ਹੀ ਧੂਮਧਾਮ ਅਤੇ ਸ਼ਰਧਾ ਭਾਵਨਾ ਨਾਲ ਨਾਮਧਾਰੀ ਸਿੱਖਾਂ ਤੇ ਮੰਦਰ ਦੀ ਸੰਗਤ ਵੱਲੋਂ ਮਨਾਇਆ ਗਿਆ, ਜਿਸ ਵਿੱਚ ਬੀਬੀਆਂ ਨੇ ਸੱਤ ਤੋਂ 8 ਵਜੇ ਤੱਕ ਸ਼ਾਮ ਨੂੰ ਮਨਮੋਹਕ, ਰਸੀਲਾ ਤੇ ਸੁਰਮਈ ਕੀਰਤਨ ਕੀਤਾ। ਸਤਿਗੁਰੂ ਦਲੀਪ ਸਿੰਘ ਜੀ ਦੇ ਹੁਕਮ ਅਨੁਸਾਰ ਭਗਵਾਨ ਸ੍ਰੀ ਕ੍ਰਿਸ਼ਨ ਜੀ ਸਾਡੇ ਪੂਜਨੀਕ ਹਨ, ਤੇ ਉਨ੍ਹਾਂ ਦਾ ਪ੍ਰਕਾਸ਼ ਪੁਰਬ ਵੀ ਸਾਨੂੰ ਪੂਰੇ ਚਾਅ ਨਾਲ ਸਤਿਕਾਰ ਨਾਲ ਮਨਾਉਣਾ ਚਾਹੀਦਾ ਹੈ। ਆਪ ਜੀ ਦੇ ਉਪਦੇਸ਼ ਇਸ ਸਮੇਂ ਸਾਧ ਸੰਗਤ ਜੀ ਨੂੰ ਦਸੇ ਗਏ ਕਿ ਨਾਮਧਾਰੀ ਹਰੇਕ ਖ਼ੇਤਰ 'ਚ ਅੱਗੇ ਵਧਣ ਅਤੇ ਗਰੀਬ ਬੱਚਿਆਂ ਦੀ ਪੜ੍ਹਾਈ ਲਈ ਨਾਮਧਾਰੀ ਬੀਬੀਆਂ ਵੱਧ ਚੜ੍ਹ ਕੇ ਝੁੱਗੀਆਂ ਵਿਖੇ ਵਿੱਦਿਆ ਦਾਨ ਦੇਣ। ਸਾਨੂੰ ਆਪਣੇ ਵਿੱਚ ਆਤਮ ਸਨਮਾਨ ਲਿਆਣਾ ਚਾਹੀਦਾ ਹੈ ਤੇ ਸਮਾਜ ਵਿੱਚ ਰਹਿੰਦੇ ਆ ਸ਼ੁਭ ਕਰਮ ਕਰਨੇ ਚਾਹੀਦੇ ਹਨ ਤਾਂ ਜੋ ਸਮਾਜ ਦਾ ਭਲਾ ਹੋਵੇ ਤੇ ਸਭ ਨਾਲ ਏਕਤਾ ਬਣਾ ਕੇ ਰੱਖੀ ਜਾਏ । ਹਿੰਦੂ-ਸਿੱਖ ਏਕਤਾ ਨੂੰ ਕਾਇਮ ਰੱਖਣ ਲਈ ਹਰੇਕ ਸਾਲ ਦੀ ਤਰਾਂ ਇਸ ਵਾਰ ਵੀ ਨਾਮਧਾਰੀ ਸਿੱਖ ਸੰਗਤ ਨੇ ਜੋੜੀਆ ਦੀ ਸੇਵਾ ਕੀਤੀ।

# ਡਾ. ਏਵੀਐਮ ਸਕੂਲ ਵਿਖੇ ਮਨਾਇਆ ਆਜ਼ਾਦੀ ਦਿਹਾੜਾ

ਲੁਧਿਆਣਾ, 17 ਅਗਸਤ (ਰਵਿੰਦਰ ਸਿੰਘ ਨਿੱਝਰ): ਡਾ. ਏਵੀਐਮ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਨੇੜੇ ਈਸਾ ਨਗਰੀ ਪੁੱਲੀ ਵਿਖੇ ਆਜ਼ਾਦੀ ਦਾ ਦਿਹਾੜਾ ਧੂਮ ਧਾਮ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲੀ ਵਿਦਿਆਰਥੀ ਦੇਸ਼ ਭਗਤੀ ਦਾ ਸੁਨੇਹਾ ਦਿੰਦੇ ਹੋਏ, ਵੱਖ-ਵੱਖ ਤਰਹਾਂ ਦੀਆਂ ਪੁਸ਼ਾਕਾਂ ਪਹਿਣ ਕੇ ਆਏ ਸਨ। ਵਿਦਿਆਰਥੀਆਂ ਵੱਲੋਂ ਵਿਸ਼ੇਸ਼ ਤੌਰ 'ਤੇ ਪ੍ਰਦਰਸ਼ਨੀਆਂ ਵੀ ਤਿਆਰ ਕੀਤੀਆਂ ਗਈਆਂ ਸਨ, ਜੋ ਹਰ ਕਿਸੇ ਦਾ ਮਨ ਮੋਹ ਰਹੀਆਂ ਸਨ। ਇਸ ਮੌਕੇ ਸੰਬੋਧਨ ਕਰਦੇ ਹੋਏ, ਸਕੂਲ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਰਾਜੀਵ ਕੁਮਾਰ ਲਵਲੀ ਨੇ ਕਿਹਾ ਕਿ ਸਾਡੇ ਆਜ਼ਾਦੀ ਗੁਲਾਟੀਆਂ ਵੱਲੋਂ ਦਿੱਤੀਆਂ ਗਈਆਂ ਮਹਾਨ ਕੁਰਬਾਨੀਆਂ ਕਾਰਨ ਅਸੀਂ ਆਜ਼ਾਦ ਦੀ ਇਸ ਫਿਜ਼ਾ 'ਚ ਸਾਹ ਲੈ ਰਹੇ ਹਾਂ। ਉਨ੍ਹਾਂ ਨੇ ਸੱਭ ਨੂੰ ਆਜ਼ਾਦੀ ਦਿਹਾੜੇ ਦੀ ਵਧਾਈ ਦਿੰਦੇ ਹੋਏ, ਖਾਸ ਤੌਰ 'ਤੇ ਵਿਦਿਆਰਥੀਆਂ ਨੂੰ ਸ਼ਹੀਦਾਂ ਦੇ ਸੁਪਨਿਆਂ ਵਾਲਾ ਦੇਸ ਸਿਰਜਣ ਲਈ ਪ੍ਰੇਰਿਤ ਕੀਤਾ।

ਪ੍ਰਿੰਸੀਪਲ ਮਨੀਸ਼ਾ ਗਾਬਾ ਨੇ ਵਿਦਿਆਰਥੀਆਂ ਵੱਲੋਂ ਤਿਆਰ ਕੀਤੀਆਂ ਗਈਆਂ ਵੱਖ-ਵੱਖ ਪ੍ਰਦਰਸ਼ਨੀਆਂ ਦੀ ਸ਼ਲਾਘਾ ਕੀਤੀ। ਇਸ ਮੌਕੇ ਹੋਰਨਾਂ ਤੋਂ ਇਲਾਵਾ, ਅਮਿਤਾ ਆਰ ਸਿੰਘ, ਦਮਨਜੀਤ ਕੌਰ, ਰਜਨੀ, ਰਿਤਿਕਾ, ਸ਼ਿੰਪੀ, ਸੋਨੀਆ, ਹਰਸ਼ ਬਾਲਾ ਵੀ ਮੌਜੂਦ ਰਹੇ।

# ਦੇਸ਼ ਦੇ ਸੰਵਿਧਾਨ ਦੀ ਕੀਤੀ ਉਲੰਘਣਾ ਪ੍ਰਤੀ ਸਿੱਖ ਕੌਮ ਹੋਵੇ ਜਾਗਰੂਕ : ਅੰਮ੍ਰਿਤਪਾਲ ਸਿੰਘ



ਲੁਧਿਆਣਾ, 17 ਅਗਸਤ (ਜਤਿੰਦਰ ਪਾਲ ਸਿੰਘ ਛਾਬੜਾ): ਯੂਨਾਈਟਿਡ ਸਿੱਖਜ਼ ਨੇ ਬੀਤੇ ਦਿਨੀਂ ਦੇਸ਼ ਦੀ ਰਾਜਧਾਨੀ ਦਿੱਲੀ ਵਿਖੇ ਸਥਿਤ ਇਤਿਹਾਸਕ ਲਾਲ ਕਿਲ੍ਹੇ ਵਿਖੇ ਸਰਕਾਰ ਵੱਲੋ ਮਨਾਏ ਗਏ 79ਵੇਂ ਸੁਤੰਤਰਤਾ ਦਿਵਸ ਸਮਾਗਮ ਦੌਰਾਨ ਸੁਰੱਖਿਆ ਅਧਿਕਾਰੀਆਂ ਵੱਲੋਂ ਪੰਜਾਬ ਤੋਂ ਆਏ ਇੱਕ ਅੰਮ੍ਰਿਤਧਾਰੀ ਸਰਪੰਚ ਨੂੰ ਆਪਣੀ ਪਹਿਨੀ ਕਿਰਪਾਨ (ਸ੍ਰੀ ਸਾਹਿਬ) ਨੂੰ ਉਤਰਾਨ ਲਈ ਮਜ਼ਬੂਰ ਕਰਨ ਦੀ ਕਾਰਵਾਈ ਦੀ ਸਖਤ ਸ਼ਬਦਾਂ 'ਚ ਨਿੰਦਾ ਕੀਤੀ ਹੈ। ਉਕਤ ਮੁੱਦੇ 'ਤੇ ਆਪਣੇ ਵਿਚਾਰਾਂ ਦੀ ਸਾਂਝ ਕਰਦਿਆਂ ਹੋਇਆ ਯੂਨਾਈਟਿਡ ਸਿੱਖਜ਼ ਪੰਜਾਬ ਦੇ ਡਾਇਰੈਕਟਰ ਅੰਮ੍ਰਿਤਪਾਲ ਸਿੰਘ ਨੇ ਕਿਹਾ ਕਿ ਅੰਮ੍ਰਿਤਧਾਰੀ ਸਿੱਖ ਸਰਪੰਚ ਨੂੰ ਕਿਰਪਾਨ ਨਾਲ ਦਿੱਲੀ ਦੇ ਲਾਲ ਕਿਲ੍ਹੇ 'ਚ ਆਯੋਜਿਤ ਸੁਤੰਤਰਤਾ ਦਿਵਸ ਸਮਾਗਮ ਅੰਦਰ ਸੁਰੱਖਿਆ ਅਧਿਕਾਰੀਆਂ ਵੱਲੋਂ ਦਾਖ਼ਲ ਹੋਣ ਤੋਂ ਰੋਕਣ ਦੀ ਘਟਨਾ ਦੇਸ਼ ਦੇ ਸੰਵਿਧਾਨ ਦੀ ਉਲੰਘਣਾ ਹੈ। ਅਜਿਹਾ ਕਰਨ ਵਾਲੇ ਸੁਰੱਖਿਆ ਕਰਮਚਾਰੀਆਂ ਖਿਲਾਫ ਸਖਤ ਕਾਰਵਾਈ ਕੀਤੀ ਜਾਵੇ।ਉਨ੍ਹਾਂ ਨੇ ਕਿਹਾ ਕਿ ਦੇਸ਼ ਵਿੱਚ ਸਿੱਖਾਂ ਦੀਆਂ ਧਾਰਮਿਕ ਭਾਵਨਾਵਾਂ ਨਾਲ ਖਿਲਵਾੜ ਕਰਨ ਦੇ ਮਾਮਲੇ ਵਾਰ-ਵਾਰ ਸਾਹਮਣੇ ਆ ਰਹੇ ਹਨ। ਜੋ ਕਿ ਸਿੱਧੇ ਰੂਪ ਵਿੱਚ ਸਿੱਖਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਣ 'ਤੇ ਜਲੀਲ ਕਰਨ ਵਾਲੀਆਂ ਫਿਰਕਾਪ੍ਰਸਤੀ ਵਾਲੀਆਂ ਕਾਰਵਾਈਆਂ ਹਨ।ਪਰ ਦੁੱਖ ਦੀ ਗੱਲ ਹੈ ਕਿ ਦੇਸ਼ ਦੀ ਸਰਕਾਰ ਅਜਿਹਾ ਕਰਨ ਵਾਲਿਆਂ ਖਿਲਾਫ ਸਖਤ ਕਾਰਵਾਈ ਨਹੀਂ ਕਰ ਰਹੀ। ਅੰਮ੍ਰਿਤਪਾਲ ਸਿੰਘ ਨੇ ਕਿਹਾ ਕਿ ਭਾਰਤੀ ਸੰਵਿਧਾਨ ਵਿੱਚ ਧਾਰਮਿਕ ਮਾਨਤਾਵਾਂ ਦੀ ਰਾਖੀ ਕਰਨ ਦੀ ਆਜ਼ਾਦੀ ਹੈ। ਪਰ ਇਸ ਦੇ ਬਾਵਜੂਦ ਸਿੱਖਾਂ ਦੇ ਧਾਰਮਿਕ ਚਿੰਨ੍ਹਾਂ 'ਤੇ ਸਵਾਲ ਉਠਾਏ ਜਾ ਰਹੇ ਹਨ।ਉਨ੍ਹਾਂ ਨੇ ਕਿਹਾ ਕਿ ਸਾਡੀ ਸੰਸਥਾ ਦਿੱਲੀ ਵਿਖੇ ਵਾਪਰੇ ਸਮੁੱਚੇ ਉਕਤ ਸ਼ਰਮਨਾਕ ਵਰਤਾਰੇ ਦੀ ਨਿਖੇਧੀ ਕਰਦੀ ਹੈ। ਉਹ ਜਲਦੀ ਹੀ ਇਸ ਸਬੰਧੀ ਦੇਸ਼ ਦੀ ਸਰਕਾਰ ਤੇ ਗ੍ਰਹਿ ਮੰਤਰਾਲੇ ਨੂੰ ਪੱਤਰ ਲਿਖੇਗੀ।ਉਨ੍ਹਾਂ ਨੇ ਕਿਹਾ ਕਿ ਭਾਰਤੀ ਸੰਵਿਧਾਨ 'ਚ ਧਾਰਮਿਕ ਮਾਨਤਾਵਾਂ ਦੀ ਰਾਖੀ ਕਰਨ ਦੀ ਆਜ਼ਾਦੀ ਹੈ। ਇਸ ਦੇ ਬਾਵਜੂਦ ਸਿੱਖਾਂ ਦੇ ਧਾਰਮਿਕ ਚਿੰਨ੍ਹਾਂ 'ਤੇ ਸਵਾਲ ਉਠਾਏ ਜਾ ਰਹੇ ਹਨ। ਇਹ ਪਹਿਲੀ ਵਾਰ ਨਹੀਂ ਹੈ ਜਦੋਂ ਸਿੱਖ ਧਰਮ ਦੇ ਪ੍ਰਤੀਕ ਕਿਰਪਾਨ ਨੂੰ ਲੈ ਕੇ ਵਿਵਾਦ ਖੜ੍ਹਾ ਹੋਇਆ ਹੈ। ਕੁਝ ਸਮਾਂ ਪਹਿਲਾਂ ਹਵਾਬਾਜ਼ੀ ਮੰਤਰਾਲੇ ਵੱਲੋਂ ਇਕ ਨੋਟੀਫਿਕੇਸ਼ਨ ਜਾਰੀ ਕੀਤਾ ਗਿਆ ਸੀ।

ਜਿਸ ਵਿਚ ਭਾਰਤੀ ਹਵਾਈ ਅੱਡਿਆਂ 'ਤੇ ਕੰਮ ਕਰਨ ਵਾਲੇ ਸਿੱਖਾਂ ਨੂੰ ਕਿਰਪਾਨ ਪਹਿਨਣ ਦੀ ਮਨਾਹੀ ਕੀਤੀ ਗਈ ਸੀ। ਪਰ ਸ਼੍ਰੋਮਣੀ ਕਮੇਟੀ ਦੇ ਦਖਲ ਤੋਂ ਬਾਅਦ ਉਕਤ ਮਸਲੇ ਨੂੰ ਪੂਰੀ ਸੁਹਿਰਦਤਾ ਨਾਲ ਸੁਲਝਾ ਲਿਆ ਗਿਆ ਸੀ। ਜੋ ਕਿ ਸਿੱਧੇ ਰੂਪ ਵਿੱਚ ਸਿੱਖਾਂ ਦੇ ਧਾਰਮਿਕ ਚਿੰਨ੍ਹਾਂ 'ਤੇ ਪਬੰਦੀ ਲਗਾਉਣ ਦੇ ਬਰਾਬਰ ਹੈ। ਜਿਸ ਤੋ ਸਮੁੱਚੀ ਸਿੱਖ ਕੌਮ ਨੂੰ ਜਾਗਰੂਕ ਹੋਣ ਦੀ ਲੋੜ ਹੈ।

## ਵਿਦਿਆਰਥੀਆਂ ਨੂੰ ਕਰਨਾ ਪਵੇਗਾ ਇਹ ਕੰਮ ਲਾਜ਼ਮੀ, ਸੀਬੀਐਸੀ ਬੋਰਡ ਨੇ ਦਿੱਤੇ ਸਖ਼ਤ ਨਿਰਦੇਸ਼

ਲੁਧਿਆਣਾ, 17 ਅਗਸਤ (ਵਿਸ਼ਾਲ ਸ਼ਰਮਾ): ਕੇਂਦਰੀ ਸੈਕੰਡਰੀ ਸਿੱਖਿਆ ਬੋਰਡ ਦੇ ਵਿਦਿਆਰਥੀਆਂ ਲਈ ਮਹੱਤਵਪੂਰਨ ਖ਼ਬਰ ਹੈ। ਦਰਅਸਲ, ਸੀਬੀਐਸੀ ਨੇ ਇੱਕ ਵੱਡਾ ਫੈਸਲਾ ਲਿਆ ਹੈ। ਮਿਲੀ ਜਾਣਕਾਰੀ ਅਨੁਸਾਰ, 9ਵੀਂ ਤੋਂ 12ਵੀਂ ਜਮਾਤ ਦੇ ਵਿਦਿਆਰਥੀਆਂ ਲਈ ਅਪਾਰ ਆਈਡੀ (ਆਟੋਮੇਟਿਡ ਪਰਮਾਨੈਂਟ ਅਕਾਦਮਿਕ ਅਕਾਊਂਟ ਰਜਿਸਟਰੀ 94) ਪ੍ਰਾਪਤ ਕਰਨਾ ਲਾਜ਼ਮੀ ਕਰ ਦਿੱਤਾ ਗਿਆ ਹੈ। ਇਹ ਧਿਆਨ ਦੇਣ ਯੋਗ ਹੈ ਕਿ ਸੀਬੀਐਸਈ ਨੇ ਇਹ ਫੈਸਲਾ ਇੱਕ ਸੈਸ਼ਨ, ਇੱਕ ਵਿਦਿਆਰਥੀ ਆਈਡੀ ਸਕੀਮ ਦੇ ਤਹਿਤ ਲਿਆ ਹੈ।

ਇਸਦਾ ਉਦੇਸ਼ ਸਾਰੀ ਅਕਾਦਮਿਕ ਜਾਣਕਾਰੀ ਨੂੰ ਇੱਕ ਜਗ੍ਹਾ 'ਤੇ ਸੁਰੱਖਿਅਤ ਕਰਨਾ ਹੈ। ਏਪੀਏਆਰ ਆਈਡੀ ਇੱਕ 12-ਅੰਕਾਂ ਦਾ ਵਿਲੱਖਣ ਡਿਜੀਟਲ ਨੰਬਰ ਹੋਵੇਗਾ ਜਿਸ ਰਾਹੀਂ ਵਿਦਿਆਰਥੀਆਂ ਦੀ ਪੂਰੀ ਵਿਦਿਅਕ ਜਾਣਕਾਰੀ ਇੱਕ ਜਗ੍ਹਾ 'ਤੇ ਸੁਰੱਖਿਅਤ ਰਹੇਗੀ। ਇਸ 'ਚ ਸਕੂਲ ਰਿਕਾਰਡ, ਮਾਰਕ ਸ਼ੀਟਾਂ, ਸਰਟੀਫਿਕੇਟ ਤੇ ਹੋਰ ਵਿਦਿਅਕ ਦਸਤਾਵੇਜ਼ ਡਿਜੀਟਲ ਰੂਪ 'ਚ ਸਟੋਰ ਕੀਤੇ ਜਾਣਗੇ। ਇਸ ਦੇ ਨਾਲ ਹੀ ਸੀਬੀਐਸਈ ਸਕੂਲਾਂ ਨੂੰ ਸਖ਼ਤ ਹਦਾਇਤਾਂ ਦਿੱਤੀਆਂ ਗਈਆਂ ਹਨ ਕਿ ਉਹ ਯੂਡੀਆਈਐਸਈ + ਪੋਰਟਲ 'ਤੇ ਇਹ ਯਕੀਨੀ ਬਣਾਉਣ ਕਿ 9ਵੀਂ ਤੇ 11ਵੀਂ ਜਮਾਤ ਦੀ ਰਜਿਸਟ੍ਰੇਸ਼ਨ ਤੋਂ ਪਹਿਲਾਂ ਵਿਦਿਆਰਥੀਆਂ ਦੀ ਏਪੀਏਆਰ ਆਈਡੀ ਬਣਾਉਣਾ ਜ਼ਰੂਰੀ ਹੈ। ਇਸ ਦੇ ਨਾਲ ਹੀ 10ਵੀਂ ਤੇ 12ਵੀਂ ਜਮਾਤ ਦੇ ਵਿਦਿਆਰਥੀਆਂ ਦੀ ਏਪੀਏਆਰ ਆਈਡੀ ਬੋਰਡ ਪ੍ਰੀਖਿਆ ਲਈ ਉਮੀਦਵਾਰਾਂ ਦੀ ਸੂਚੀ ਜਾਰੀ ਹੋਣ ਤੋਂ ਪਹਿਲਾਂ ਤਿਆਰ ਹੋਣੀ ਚਾਹੀਦੀ ਹੈ। ਇਸ ਕਦਮ ਨਾਲ, ਵਿਦਿਆਰਥੀ ਭਵਿੱਖ 'ਚ ਡਿਜੀਟਲ ਰੂਪ 'ਚ ਆਪਣੇ ਸਾਰੇ ਅਕਾਦਮਿਕ ਰਿਕਾਰਡਾਂ ਤੱਕ ਆਸਾਨੀ ਨਾਲ ਪਹੁੰਚ ਕਰ ਸਕਣਗੇ।

# ਭੂਖੜੀ ਖ਼ੁਰਦ ਵਿਖੇ ਵਾਤਾਵਰਣ ਸੰਭਾਲ ਬਾਰੇ ਕਵੀ ਦਰਬਾਰ ਕਰਵਾਇਆ



ਲੁਧਿਆਣਾ, 17 ਅਗਸਤ (ਵਿਸ਼ਾਲ ਸ਼ਰਮਾ): ਉੱਘੇ ਵਾਤਾਵਰਨ ਪ੍ਰੇਮੀ ਤੇ ਰਾਜ ਸਭਾ ਮੈਂਬਰ ਪਦਮ ਸ਼੍ਰੀ ਬਲਬੀਰ ਸਿੰਘ ਸੀਚੇਵਾਲ ਜੋ ਅੱਜ ਕੱਲ੍ਹ ਬੁੱਢੇ ਦਰਿਆ ਦੀ ਕਾਇਆ ਕਲਪ ਲਈ ਲਗਾਤਾਰ ਯਤਨਸ਼ੀਲ ਹਨ। ਉਨ੍ਹਾਂ ਦੀ ਰਹਿਨੁਮਾਈ ਹੇਠ ਪੰਜਾਬੀ ਲੋਕ ਵਿਰਾਸਤ ਅਕਾਡਮੀ ਦੇ ਚੇਅਰਮੈਨ ਪ੍ਰੋ. ਗੁਰਭਜਨ ਸਿੰਘ ਗਿੱਲ ਦੇ ਸਹਿਯੋਗ ਨਾਲ ਗੁਰੂ ਨਾਨਕ ਦੇਵ ਜੀ ਦੀ ਚਰਨ ਛੋਹ ਪ੍ਰਾਪਤ ਪਵਿੱਤਰ ਬੁੱਢੇ ਦਰਿਆ ਦੇ ਕੰਢੇ ਪਿੰਡ ਭੂਖੜੀ ਖੁਰਦ ਦੇ ਗੁਰਦੁਆਰਾ ਸਾਹਿਬ ਵਿਖੇ ਵਾਤਾਵਰਨ ਸਬੰਧੀ ਕਵੀ ਦਰਬਾਰ ਕਰਵਾਇਆ ਗਿਆ। ਕਵੀ ਦਰਬਾਰ 'ਚ ਸ਼ਾਮਲ ਕਵੀਆਂ ਪ੍ਰਸਿੱਧ ਕਵਿਤਰੀ ਡਾ. ਗੁਰਚਰਨ ਕੌਰ ਕੋਚਰ (ਨੈਸ਼ਨਲ ਅਵਾਰਡੀ) ਨੇ ਕਦੇ ਨਾ ਸੋਚਿਆ ਸੀ ਇਸ ਤਰ੍ਹਾਂ ਦਾ ਵਕਤ ਆਏਗਾ, ਸਹਿਜਪ੍ਰੀਤ ਸਿੰਘ ਮਾਂਗਟ ਨੇ ਬਾਹਰੋਂ ਆਈ ਆਵਾਜ਼ ਮੈਂ ਹਾਂ ਪੌਣ, ਤ੍ਰੈਲੋਚਨ ਲੋਚੀ ਇਕੋ ਰੁਖ ਜੇ ਲਾਵੇਂਗਾ ਤੂੰ ਚਾਵਾਂ ਨਾਲ, ਕਰਮਜੀਤ ਗਰੇਵਾਲ ਵੱਲੋਂ ਜੇ ਨਾ ਵਾਤਾਵਰਨ ਬਚਾਇਆ ਕਿੰਝ ਫਿਰ ਆਪਾਂ ਜੀਵਾਂਗੇ, ਪ੍ਰਭਜੋਤ ਸੋਹੀ ਪੌਣਾਂ ਦੀ ਆਜ਼ਾਦੀ ਤੇ ਰਵਾਨੀ ਪਾਣੀ ਦੀ, ਦਿਲ ਨੂੰ ਆਾਲੇ ਵਾਂਗ ਬਣਾ ਕੇ 'ਚ ਸਜਾਇਆ ਤੇਰਾ ਨਾਂ, ਰਾਜਦੀਪ ਤੂਰ ਨੇ ਫਿਰ ਨਾ ਲੱਭਿਆ ਲੱਭਣੇ ਬੰਦਿਆ ਰੁੱਤਾਂ ਦੇ ਸਿਰਨਾਵੇ , ਡਾ. ਰਾਮ ਮੂਰਤੀ ਨੇ ਗੁਰੂ ਨਾਨਕ, ਸੰਤ ਸਿੰਘ ਸੰਧੂ ਨੇ ਹਵਾ ਪਾਣੀ ਨੂੰ ਬਚਾਉਣ ਬਾਰੇ ਕਵਿਤਾ ਸੁਣਾ ਕੇ ਸਰੋਤਿਆਂ ਨੂੰ ਮੰਤਰ ਮੁਗਧ ਕੀਤਾ। ਸੰਤ ਬਾਬਾ ਬਲਵੀਰ ਸਿੰਘ ਸੀਚੇਵਾਲ ਨੇ ਕਵੀਆਂ ਨੂੰ ਸਨਮਾਨਤ ਕਰਦਿਆਂ ਕਿਹਾ ਕਿ ਭਾਦਰੋਂ ਦੀ ਸੰਗਰਾਂਦ ਦੇ ਮੌਕੇ 'ਤੇ ਕਵੀ ਦਰਬਾਰ ਵਿੱਚ ਆਏ ਕਵੀਆਂ ਨੇ ਵਾਤਾਵਰਣ ਨੂੰ ਬਚਾਉਣ ਲਈ, ਪਾਣੀ ਨੂੰ ਬਚਾਉਣ ਲਈ, ਹਵਾ ਨੂੰ ਬਚਾਉਣ ਲਈ ਕਵਿਤਾਵਾਂ ਸੁਣਾ ਕੇ ਸਾਨੂੰ ਇੱਕ ਨਵਾਂ ਸੁਨੇਹਾ ਦਿੱਤਾ ਹੈ। ਸਾਨੂੰ ਸਾਰਿਆਂ ਨੂੰ ਰਲ਼ ਕੇ ਆਪਣੀ ਧਰਤੀ ਤੇ ਵਾਤਾਵਰਨ ਨੂੰ ਬਚਾਉਣ ਲਈ ਹੰਭਲਾ ਮਾਰਨ ਦੀ ਲੋੜ ਹੈ। ਸੰਤ ਬਾਬਾ ਬਲਬੀਰ ਸਿੰਘ ਸੀਚੇਵਾਲ ਨੇ ਕਵੀਆਂ ਤੇ ਇਲਾਕਾ ਨਿਵਾਸੀਆਂ ਦੇ ਨਾਲ ਮਿਲ ਕੇ ਬੁੱਢੇ ਦਰਿਆ ਦੇ ਕੰਢੇ ਪੌਦੇ ਲਗਵਾਏ। ਕਵੀ ਦਰਬਾਰ ਦੀ ਰੂਪ ਰੇਖਾ ਪਾਲ ਸਿੰਘ ਨੌਲੀ ਨੇ ਵਿਉਂਤੀ ਸੀ। ਪ੍ਰੋ. ਗੁਰਭਜਨ ਸਿੰਘ ਗਿੱਲ ਨੇ ਇਸ ਕਵੀ ਦਰਬਾਰ ਮੌਕੇ ਸ਼ੁੱਭ ਕਾਮਨਾਵਾਂ ਦੇਂਦਿਆਂ ਕਿਹਾ ਕਿ ਵਾਤਾਵਰਣ ਸੰਭਾਲ ਦੇ ਮਹਾਂਯੱਗ 'ਚ ਕਲਮਕਾਰਾਂ, ਗਾਇਕਾਂ ਤੇ ਸਮਾਜਿਕ ਕਾਰਕੁਨਾਂ ਨੂੰ ਵੱਧ ਚੜ੍ਹ ਕੇ ਹਿੱਸਾ ਪਾਉਣਾ ਚਾਹੀਦਾ ਹੈ। ਬੁੱਢੇ ਦਰਿਆ ਨੂੰ ਸਾਫ ਕਰਨ ਦੇ ਚੱਲ ਰਹੇ ਕਾਰਜਾਂ ਨੂੰ ਦੇਖ ਕੇ ਕਵੀ ਦਰਬਾਰ 'ਚ ਸ਼ਾਮਲ ਕਵੀਆਂ ਤੇ ਇਸ ਮੌਕੇ ਆਈਆਂ ਸੰਗਤਾਂ ਨੇ ਬਾਬਾ ਬਲਬੀਰ ਸਿੰਘ ਸੀਚੇਵਾਲ ਦਾ ਵਿਸ਼ੇਸ਼ ਧੰਨਵਾਦ ਕੀਤਾ।

# ਗੁਰੂ ਨਾਨਕ ਮਿਸ਼ਨ ਸਕੂਲ ਵਿਖੇ ਮਨਾਈ ਜਨਮ ਅਸ਼ਟਮੀ



ਲੁਧਿਆਣਾ, 17 ਅਗਸਤ (ਰਵਿੰਦਰ ਸਿੰਘ ਨਿੱਝਰ): ਗੁਰੂ ਨਾਨਕ ਮਿਸ਼ਨ ਸੀਨੀਅਰ ਸੈਕੰਡਰੀ ਸਕੂਲ ਗੋਬਿੰਦ ਨਗਰ ਡਾਬਾ ਵਿਖੇ ਪ੍ਰਿੰਸੀਪਲ ਮਧੂ ਬਾਲਾ ਦੀ ਦੇਖ-ਰੇਖ ਹੇਠ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦੇ ਤਿਉਹਾਰ ਨੂੰ ਬਹੁਤ ਹੀ ਉਤਸ਼ਾਹ ਤੇ ਰਵਾਇਤੀ ਜੋਸ਼ ਨਾਲ ਮਨਾਇਆ ਗਿਆ, ਜਿਸ ਵਿਚ ਸਕੂਲ ਦੇ ਸਾਰੇ ਬੱਚਿਆਂ ਨੇ ਭਾਗ ਲਿਆ। ਬੱਚੇ ਰਾਧਾ, ਕ੍ਰਿਸ਼ਨ, ਯਸ਼ੋਦਾ ਤੇ ਸੁਦਾਮਾ ਦੇ ਪਹਿਰਾਵੇ ਵਿਚ ਤਿਆਰ ਹੋ ਕੇ ਆਏ। ਬਾਲ ਗੋਪਾਲ ਕ੍ਰਿਸ਼ਨ ਨੂੰ ਝੂਲਾ ਵੀ ਝੁਲਾਇਆ ਗਿਆ । ਇਸ ਤੋਂ ਇਲਾਵਾ ਸੁਦਾਮਾ ਤੇ ਕ੍ਰਿਸ਼ਨ ਦੀ ਦੋਸਤੀ ਦੇ ਉੱਤੇ ਆਧਾਰਿਤ ਇਕ ਨਾਟਕ ਵੀ ਪੇਸ਼ ਕੀਤਾ ਗਿਆ। ਸਕੂਲ ਦੇ ਚੇਅਰਮੈਨ ਜਸਵਿੰਦਰ ਸਿੰਘ ਤੇ ਐਮ ਡੀ ਮਧੂ ਬਾਲਾ ਨੇ ਤੇ ਸਕੂਲ ਦੇ ਸਮੂਹ ਸਟਾਫ ਨੇ ਸ੍ਰੀ ਕ੍ਰਿਸ਼ਨਾ ਤੇ ਮਾਤਾ ਰਾਧਾ ਜੀ ਦੀ ਆਰਤੀ ਕੀਤੀ।

ਸਕੂਲ ਦੇ ਚੇਅਰਮੈਨ ਜਸਵਿੰਦਰ ਸਿੰਘ ਤੇ ਪ੍ਰਿੰਸੀਪਲ ਮਧੂ ਬਾਲਾ ਨੇ ਜਨਮ ਅਸ਼ਟਮੀ ਦੀਆਂ ਬਹੁਤ ਬਹੁਤ ਮੁਬਾਰਕਾਂ ਦਿੰਦਿਆਂ ਕਿਹਾ ਕੇ ਸਾਨੂੰ ਬੱਚਿਆਂ ਨਾਲ ਇਹੋ ਜਿਹੇ ਤਿਉਹਾਰ ਮਨਾਉਂਦੇਰਹਿਣਾ ਚਾਹੀਦਾ ਹੈ ਤਾਂ ਜੋ ਬੱਚਿਆਂ ਨੂੰ ਆਪਣੇ ਧਰਮ ਬਾਰੇ ਪਤਾ ਲੱਗ ਸਕੇ ਤੇ ਉਨ੍ਹਾਂ ਦੇ ਗਿਆਨ ਵਿਚ ਵਾਧਾ ਹੋ ਸਕੇ। ਇਸ ਮੌਕੇ ਸਕੂਲ ਦੇ ਚੀਫ ਕੋਆਰਡੀਨੇਟਰ ਰਮਨਦੀਪ ਕੌਰ, ਸੀਨੀਅਰ ਕੋਆਰਡੀਨੇਟਰ ਮੈਡਮ ਅਮਨ ਜੋਤੀ ਤੇ ਪ੍ਰਾਇਮਰੀ ਕੋਆਰਡੀਨੇਟਰ ਜਸਪ੍ਰੀਤ ਕੌਰ ਵੀ ਹਾਜ਼ਰ ਸਨ।

# ਸੁਤੰਤਰਤਾ ਸਮਾਗਮ 'ਚ ਅੰਮ੍ਰਿਤਧਾਰੀ ਸਰਪੰਚ ਨੂੰ ਸ੍ਰੀ ਸਾਹਿਬ ਉਤਾਰਨ ਲਈ ਮਜਬੂਰ ਕਰਨ ਦੀ ਨਿੰਦਾ

ਲੁਧਿਆਣਾ, 17 ਅਗਸਤ (ਰਵਿੰਦਰ ਸਿੰਘ ਨਿੱਝਰ): ਯੂਨਾਈਟਿਡ ਸਿੱਖਜ਼ ਨੇ ਬੀਤੇ ਦਿਨੀ ਦੇਸ਼ ਦੀ ਰਾਜਧਾਨੀ ਦਿੱਲੀ ਵਿਖੇ ਸਥਿਤ ਇਤਿਹਾਸਕ ਲਾਲ ਕਿਲ੍ਹੇ ਵਿਖੇ ਸਰਕਾਰ ਵੱਲੋ ਮਨਾਏ ਗਏ 79ਵੇਂ ਸੁਤੰਤਰਤਾ ਦਿਵਸ ਸਮਾਗਮ ਦੌਰਾਨ ਸੁਰੱਖਿਆ ਅਧਿਕਾਰੀਆਂ ਵੱਲੋ ਪੰਜਾਬ ਤੋ ਆਏ ਇੱਕ ਅੰਮ੍ਰਿਤਧਾਰੀ ਸਰਪੰਚ ਨੂੰ ਆਪਣੀ ਪਹਿਨੀ ਕਿਰਪਾਨ (ਸ੍ਰੀ ਸਾਹਿਬ) ਨੂੰ ਉਤਰਾਨ ਲਈ ਕਥਿਤ ਤੌਰ ਤੇ ਮਜ਼ਬੂਰ ਕਰਨ ਦੀ ਕਾਰਵਾਈ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ! ਯੂਨਾਈਟਿਡ ਸਿੱਖਜ਼ ਪੰਜਾਬ ਦੇ ਡਾਇਰੈਕਟਰ ਅੰਮ੍ਰਿਤਪਾਲ ਸਿੰਘ ਨੇ ਕਿਹਾ ਕਿ ਇਹ ਘਟਨਾ ਦੇਸ਼ ਦੇ ਸੰਵਿਧਾਨ ਦੀ ਉਲੰਘਣਾ ਹੈ। ਅਜਿਹਾ ਕਰਨ ਵਾਲੇ ਸੁਰੱਖਿਆ ਕਰਮਚਾਰੀਆਂ ਖਿਲਾਫ ਸਖਤ ਕਾਰਵਾਈ ਕੀਤੀ ਜਾਵੇ ਉਨ੍ਹਾਂ ਨੇ ਕਿਹਾ ਕਿ ਦੇਸ਼ ਵਿੱਚ ਸਿੱਖਾਂ ਦੀਆਂ ਧਾਰਮਿਕ ਭਾਵਨਾਵਾਂ ਨਾਲ ਖਿਲਵਾੜ ਕਰਨ ਦੇ ਮਾਮਲੇ ਵਾਰ-ਵਾਰ ਸਾਹਮਣੇ ਆ ਰਹੇ ਹਨ। ਜੋ ਕਿ ਸਿੱਧੇ ਰੂਪ ਵਿੱਚ ਸਿੱਖਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਣ ਤੇ ਜਲੀਲ ਕਰਨ ਵਾਲੀਆਂ ਫਿਰਕਾਪ੍ਰਸਤੀ ਵਾਲੀਆਂ ਕਾਰਵਾਈਆਂ ਹਨ ਪਰ ਦੁੱਖ ਦੀ ਗੱਲ ਹੈ ਕਿ ਦੇਸ਼ ਦੀ ਸਰਕਾਰ ਅਜਿਹਾ ਕਰਨ ਵਾਲਿਆਂ ਖਿਲਾਫ ਸਖਤ ਕਾਰਵਾਈ ਨਹੀਂ ਕਰ ਰਹੀ। ਅੰਮ੍ਰਿਤਪਾਲ ਸਿੰਘ ਨੇ ਕਿਹਾ ਕਿ ਭਾਰਤੀ ਸੰਵਿਧਾਨ ਵਿੱਚ ਧਾਰਮਿਕ ਮਾਨਤਾਵਾਂ ਦੀ ਰਾਖੀ ਕਰਨ ਦੀ ਆਜ਼ਾਦੀ ਹੈ। ਪਰ ਇਸ ਦੇ ਬਾਵਜੂਦ ਸਿੱਖਾਂ ਦੇ ਧਾਰਮਿਕ ਚਿੰਨ੍ਹਾਂ 'ਤੇ ਸਵਾਲ ਉਠਾਏ ਜਾ ਰਹੇ ਹਨ ।ਉਨ੍ਹਾਂ ਨੇ ਕਿਹਾ ਕਿ ਉਹ ਜਲਦੀ ਹੀ ਇਸ ਸਬੰਧੀ ਦੇਸ਼ ਦੀ ਸਰਕਾਰ ਅਤੇ ਗ੍ਰਹਿ ਮੰਤਰਾਲੇ ਨੂੰ ਪੱਤਰ ਲਿਖੇਗੀ। ਇਹ ਸਿੱਧੇ ਰੂਪ ਵਿੱਚ ਗੈਰ ਇਖਲਾਕੀ ਕਰਵਾਈ ਹੈ।

ਜੋ ਕਿ ਸਿੱਧੇ ਰੂਪ ਵਿੱਚ ਸਿੱਖਾਂ ਦੇ ਧਾਰਮਿਕ ਚਿੰਨ੍ਹਾਂ ਤੇ ਪਬੰਦੀ ਲਗਾਉਣ ਦੇ ਬਰਾਬਰ ਹੈ। ਜਿਸ ਤੋਂ ਸਮੁੱਚੀ ਸਿੱਖ ਕੌਮ ਨੂੰ ਜਾਗਰੂਕ ਹੋਣ ਦੀ ਲੋੜ ਹੈ।

# ਡਾ.ਏ.ਵੀ.ਐਮ ਸੈਕੰਡਰੀ ਸਕੂਲ ਵਿਖੇ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦਾ ਤਿਉਹਾਰ ਮਨਾਇਆ



ਲੁਧਿਆਣਾ, 17 ਅਗਸਤ (ਰਵਿੰਦਰ ਸਿੰਘ ਨਿੱਝਰ): ਡਾ. ਏਵੀਐਮ ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਨੇੜੇ ਈਸਾ ਨਗਰੀ ਪੁੱਲੀ ਵਿਖੇ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦਾ ਤਿਉਹਾਰ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਸ੍ਰੀ ਕ੍ਰਿਸ਼ਨ ਤੇ ਰਾਧਾ ਜੀ ਦੀਆਂ ਪੁਸ਼ਾਕਾਂ ਵਿੱਚ ਪਹੁੰਚੇ ਸਕੂਲੀ ਵਿਦਿਆਰਥੀ ਬਹੁਤ ਸੁੰਦਰ ਦਿੱਖ ਰਹੇ ਸਨ।

ਸਕੂਲ ਦੇ ਸਮੂਹ ਸਟਾਫ ਤੇ ਵਿਦਿਆਰਥੀਆਂ ਨੂੰ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦੀ ਵਧਾਈ ਦਿੰਦੇ ਹੋਏ, ਡਾ. ਏਵੀਐਮ ਐਜੂਕੇਸ਼ਨਲ ਸੋਸਾਇਟੀ ਦੇ ਮੁਖੀ ਰਾਜੀਵ ਕੁਮਾਰ ਲਵਲੀ ਨੇ ਕਿਹਾ ਕਿ ਭਗਵਾਨ ਸ੍ਰੀ ਕ੍ਰਿਸ਼ਨ ਨੇ ਦੁਨੀਆ ਨੂੰ ਸ਼੍ਰੀਮਦ ਭਗਵਤ ਗੀਤਾ ਨੂੰ ਅਨਿਆ ਖਿਲਾਫ ਲੜਦਿਆਂ ਚੰਗੇ ਕਰਮ ਕਰਨ ਦਾ ਸੰਦੇਸ਼ ਦਿੰਦਾ ਹੈ। ਉਹਨਾਂ ਨੇ ਦੱਸਿਆ ਹੈ ਕਿ ਸਕੂਲ ਵੱਲੋਂ ਹਰ ਤਿਉਹਾਰ ਬਹੁਤ ਹੀ ਸ਼ਰਧਾ ਅਤੇ ਉਤਸਾਹ ਨਾਲ ਮਨਾਇਆ ਜਾਂਦੇ ਹਨ। ਪ੍ਰਿੰਸੀਪਲ ਮਨੀਸ਼ਾ ਗਾਬਾ ਨੇ ਵਿਦਿਆਰਥੀਆਂ ਅਤੇ ਸਮੂਹ ਸਕੂਲ ਸਟਾਫ ਨੂੰ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦੀ ਵਧਾਈ ਦਿੱਤੀ।ਜਿੱਥੇ ਹੋਰਨਾਂ ਤੋਂ ਇਲਾਵਾ, ਅਮਿਤਾ ਆਰ ਸਿੰਘ, ਦਮਨਜੀਤ ਕੌਰ, ਰਜਨੀ, ਰਿਤਿਕਾ, ਸ਼ਿੰਪੀ, ਸੋਨੀਆ, ਹਰਸ਼ ਬਾਲਾ ਵੀ ਮੌਜੂਦ ਰਹੇ।

# ਡਾ. ਅੰਬੇਦਕਰ ਨਗਰ ਵਿਖੇ ਆਜ਼ਾਦੀ ਦਿਹਾੜਾ ਮਨਾਇਆ



ਲੁਧਿਆਣਾ, 17 ਅਗਸਤ (ਰਵਿੰਦਰ ਸਿੰਘ ਨਿੱਝਰ): ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਡਾ. ਅੰਬੇਦਕਰ ਨਗਰ ਵਿਖੇ 79ਵਾਂ ਸੁਤੰਤਰਤਾ ਦਿਵਸ ਮਨਾਇਆ ਗਿਆ। ਇਸ ਸਮਾਗਮ 'ਚ ਕੌਂਸਲਰ ਕੋਮਲਪ੍ਰੀਤ ਕੌਰ ਸਚਦੇਵਾ ਪ੍ਰਿੰਸੀਪਲ ਜਗਦੀਸ਼ ਸਿੰਘ, ਸਕੂਲ ਮੈਨੇਜਮੈਂਟ ਕਮੇਟੀ ਦੇ ਚੇਅਰਮੈਨ ਡਾ. ਸੁਰਜੀਤ ਸਿੰਘ, ਕਮੇਟੀ ਮੈਂਬਰ, ਪਤਵੰਤੇ ਸੱਜਣ, ਸਮੂਹ ਸਟਾਫ ਮੈਂਬਰ ਤੇ ਸਕੂਲ ਦੇ ਬੱਚਿਆਂ ਨੇ ਰਲ ਕੇ ਅਜਾਦੀ ਦਿਵਸ ਮਨਾਇਆ ਤੇ ਕੌਮੀ ਝੰਡਾ ਵਾਰਡ ਨੰ. 51 ਦੇ ਕੌਂਸਲਰ ਕੋਮਪ੍ਰੀਤ ਕੌਰ ਨੇ ਲਹਿਰਾਇਆ। ਬੱਚਿਆਂ ਨੇ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤਾ। ਅੰਤ 'ਚ ਬੱਚਿਆਂ ਨੂੰ ਲੱਡੂ ਵੰਡੇ ਗਏ। ਇਸ ਮੌਕੇ ਬੋਲਦਿਆਂ ਡਾ. ਸੁਰਜੀਤ ਸਿੰਘ ਨੇ ਕਿਹਾ ਕਿ 15 ਅਗਸਤ 1947 ਨੂੰ ਸਾਡਾ ਦੇਸ਼ ਅਜਾਦ ਹੋਇਆ ਅਸੀਂ 79ਵਾਂ ਸੁੰਤਤਰਤਾ ਦਿਵਸ ਮਨਾ ਰਹੇ ਹਾਂ। ਦੇਸ਼ ਦੀ ਅਜ਼ਾਦੀ ਪ੍ਰਾਪਤ ਕਰਨ ਲਈ ਲਗਭਗ 200 ਸਾਲ ਦਾ ਲੰਮਾ ਸੰਘਰਸ਼ ਕਰਨਾ ਪਿਆ। ਸਾਨੂੰ ਮਾਣ ਵਾਲੀ ਗੱਲ ਹੈ ਕਿ ਇਸ ਵਿੱਚ ਪੰਜਾਬੀਆਂ ਦੀਆਂ ਕੁਰਬਾਨੀਆਂ 90 ਫੀਸਦੀ ਤੋਂ ਵਧੇਰੇ ਹਨ। ਉਨ੍ਹਾਂ ਬੱਚਿਆਂ ਨੂੰ ਕਿਹਾ ਹੁਣ ਅਜਾਦੀ ਨੂੰ ਕਾਇਮ ਰੱਖਣਾ ਸਾਡਾ ਸਾਰਿਆਂ ਦਾ ਫਰਜ ਹੈ ਅਸੀਂ ਆਪੋ ਆਪਣੀ ਜ਼ਿੰਮੇਵਾਰੀ ਨਿਭਾਈਏ। ਜਾਤ ਬਿਰਾਦਰੀ ਤੇ ਪਾਰਟੀ ਬਾਜੀ ਤੋਂ ਉਪਰ ਉਠ ਕੇ ਕੰਮ ਕਰੀਏ।

# ਭਾਈ ਜਸਬੀਰ ਸਿੰਘ ਖ਼ਾਲਸਾ ਦੇ ਜਨਮ ਦਿਨ ਨੂੰ ਸਮਰਪਿਤ ਸਮਾਗਮ ਕਰਵਾਇਆ



ਲੁਧਿਆਣਾ, 17 ਅਗਸਤ (ਰਵਿੰਦਰ ਸਿੰਘ ਨਿੱਝਰ): ਪੰਥ ਰਤਨ ਭਾਈ ਜਸਬੀਰ ਸਿੰਘ ਖਾਲਸਾ ਕੇਵਲ ਇੱਕ ਚੰਗੇ ਪ੍ਰਚਾਰਕ ਹੀ ਨਹੀਂ ਸਨ ਬਲਕਿ ਸੇਵਾ ਤੇ ਸਿਮਰਨ ਦੇ ਸਿਧਾਂਤ ਨਾਲ ਜੁੜੀ ਹੋਈ ਗੁਰਸਿੱਖ ਸ਼ਖ਼ਸ਼ੀਅਤ ਸਨ ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਇੰਦਰਜੀਤ ਸਿੰਘ ਮੱਕੜ ਪ੍ਰਧਾਨ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਮਾਡਲ ਟਾਊਨ ਐਕਸਟੈਨਸ਼ਨ ਨੇ ਬੀਤੀ ਰਾਤ ਪੰਥ ਰਤਨ ਭਾਈ ਸਾਹਿਬ ਭਾਈ ਜਸਬੀਰ ਸਿੰਘ ਜੀ ਖਾਲਸਾ ਖੰਨੇ ਵਾਲਿਆਂ ਦੇ ਜਨਮ ਦਿਵਸ ਨੂੰ ਸਮਰਪਿਤ ਭਾਈ ਖਾਲਸਾ ਦੇ ਪ੍ਰੀਵਾਰ ਵੱਲੋ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਮਾਡਲ ਟਾਊਨ ਐਕਸਟੈਨਸ਼ਨ ਵਿਖੇ ਅਯੋਜਿਤ ਘਦੋ ਰੋਜਾ ਗੁਰਮਤਿ ਸਮਾਗਮ ਦੌਰਾਨ ਇੱਕਤਰ ਹੋਈਆਂ ਸੰਗਤਾਂ ਨੂੰ ਸੰਬੋਧਨ ਕਰਦਿਆਂ ਹੋਇਆ ਕੀਤਾ ।ਉਨ੍ਹਾਂ ਕਿਹਾ ਕਿ ਸੇਵਾ ਤੇ ਸਿਮਰਨ ਦੇ ਸਿਧਾਂਤ ਉਪਰ ਪਹਿਰਾ ਦੇਣ ਵਾਲੇ ਪੰਥ ਰਤਨ ਭਾਈ ਜਸਬੀਰ ਸਿੰਘ ਖਾਲਸਾ ਜੀ ਵੱਲੋ ਆਰੰਭ ਕੀਤੀ ਗਈ ਨਿਸ਼ਕਾਮ ਕੀਰਤਨ ਸਮਾਗਮਾਂ ਦੀ ਲੜੀ ਸਿੱਖੀ ਦੇ ਪ੍ਰਚਾਰ ਦਾ ਧੁਰਾ ਬਣ ਚੁੱਕੀ ਹੈ। ਸਮਾਗਮ ਦੌਰਾਨ ਪੰਥਕ ਬੁਲਾਰੇ ਤਜਿੰਦਰਪਾਲ ਸਿੰਘ ਨੇ ਆਪਣੇ ਸੰਬੋਧਨ ਚ ਭਾਈ ਜਸਬੀਰ ਸਿੰਘ ਖਾਲਸਾ ਨੂੰ ਕੌਮ ਦਾ ਦਰਵੇਸ਼ ਪ੍ਰਚਾਰਕ ਦੱਸਿਆ। ਦੋ ਰੋਜਾ ਗੁਰਮਤਿ ਸਮਾਗਮ ਅੰਦਰ ਪੰਥ ਦੇ ਪ੍ਰਸਿੱਧ ਕੀਰਤਨੀਏ ਭਾਈ ਸਤਿੰਦਰਬੀਰ ਸਿੰਘ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਦਰਬਾਰ ਸਾਹਿਬ ਅਮ੍ਰਿਤਸਰ, ਭਾਈ ਬਲਦੇਵ ਸਿੰਘ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ, ਭਾਈ ਤਰਨਵੀਰ ਸਿੰਘ ਰੱਬੀ, ਪ੍ਰਿੰਸੀਪਲ ਸੁਖਵੰਤ ਸਿੰਘ, ਭਾਈ ਜਸਪਾਲ ਸਿੰਘ, ਭਾਈ ਸੰਜਮਪ੍ਰੀਤ ਸਿੰਘ (ਪੋਤਰਾ ਭਾਈ ਜਸਬੀਰ ਸਿੰਘ ਜੀ) ਤੇ ਸ਼ਬਦਨਾਦ ਅਕੈਡਮੀ ਦੇ ਵਿਦਿਆਰਥੀਆਂ ਦੇ ਸ਼ਬਦੀ ਜੱਥਿਆਂ ਨੇ ਵਿਸ਼ੇਸ਼ ਤੌਰ ਤੇ ਆਪਣੀਆਂ ਹਾਜਰੀਆਂ ਭਰ ਕੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਰਾਹੀਂ ਨਿਹਾਲ ਕੀਤਾ। ਸਮਾਗਮ ਦੀ ਸਮਾਪਤੀ ਮੌਕੇ ਹਰਪਾਲ ਸਿੰਘ ਖਾਲਸਾ, ਜਗਮੋਹਨ ਸਿੰਘ ਗੁਰੂ ਮੱਕੜ, ਮਹਿੰਦਰ ਸਿੰਘ ਡੰਗ, ਅਤੱਰ ਸਿੰਘ ਮਕੱੜ ਤੇ ਮਾਤਾ ਵਿਪਨਪ੍ਰੀਤ ਕੌਰ ਨੇ ਕੀਰਤਨੀ ਜਥਿਆਂ ਦੇ ਮੈਬਰਾਂ ਨੂੰ ਸਿਰਪਾਉ ਭੇਟ ਕੀਤੇ। ਇਸ ਸਮੇਂ ਉਨ੍ਹਾਂ ਦੇ ਨਾਲ ਰਜਿੰਦਰ ਸਿੰਘ ਡੰਗ, ਪਰਮਜੀਤ ਸਿੰਘ ਸੇਠੀ, ਬਲਬੀਰ ਸਿੰਘ ਭਾਟੀਆ, ਹਰਮੀਤ ਸਿੰਘ ਢੰਗ, ਗੁਰਦੀਪ ਸਿੰਘ ਵੀ ਹਾਜ਼ਰ ਸਨ।

# ਫਾਜ਼ਿਲਕਾ ਸ਼ਹਿਰ ਨੂੰ ਛੋਟੀਆਂ ਗਲੀਆਂ 'ਚ ਸੀਵਰੇਜ ਦੀ ਸਫ਼ਾਈ ਲਈ ਪੰਜ ਜੈਟਿੰਗ ਮਸ਼ੀਨਾਂ ਮਿਲੀਆਂ

☛ ਵਿਧਾਇਕ ਨਰਿੰਦਰਪਾਲ ਸਿੰਘ ਸਵਨਾ ਨੇ ਹਰੀ ਝੰਡੀ ਵਿਖਾ ਕੇ ਕੀਤੀਆਂ ਰਵਾਨਾ



ਫਾਜ਼ਿਲਕਾ, 17 ਅਗਸਤ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਲਗਾਤਾਰ ਸ਼ਹਿਰੀ ਖੇਤਰਾਂ ਦੇ ਲੋਕਾਂ ਨੂੰ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣ ਲਈ ਉਪਰਾਲੇ ਕੀਤੇ ਜਾ ਰਹੇ ਹਨ। ਇਸੇ ਲੜੀ ਦੇ ਤਹਿਤ ਨਗਰ ਕੌਂਸਲ ਫਾਜ਼ਿਲਕਾ ਨੂੰ ਪੰਜ ਜੈਟਿੰਗ ਮਸ਼ੀਨਾਂ ਮਿਲੀਆਂ ਹਨ। ਇਹ ਮਸ਼ੀਨਾਂ ਸੀਵਰੇਜ ਸਾਫ ਕਰਨ ਲਈ ਵਰਤੀਆਂ ਜਾਣਗੀਆਂ। ਫਾਜ਼ਿਲਕਾ ਦੇ ਵਿਧਾਇਕ ਨਰਿੰਦਰਪਾਲ ਸਿੰਘ ਸਵਨਾ ਨੇ ਅੱਜ ਇਹਨਾਂ ਮਸ਼ੀਨਾਂ ਨੂੰ ਹਰੀ ਝੰਡੀ ਵਿਖਾ ਕੇ ਰਵਾਨਾ ਕੀਤਾ। ਉਨ੍ਹਾਂ ਨੇ ਆਖਿਆ ਕਿ ਇਹਨਾਂ ਰਾਹੀਂ ਛੋਟੀਆਂ ਗਲੀਆਂ ਵਿੱਚ ਵੀ ਜਿੱਥੇ ਵੱਡੀਆਂ ਜੈਟਿੰਗ ਮਸ਼ੀਨਾਂ ਨਹੀਂ ਜਾ ਸਕਦੀਆਂ ਸਨ, ਸਫਾਈ ਹੋ ਸਕੇਗੀ ਤੇ ਸੀਵਰੇਜ ਜਾਮ ਦੀ ਸਮੱਸਿਆ ਤੋਂ ਸ਼ਹਿਰ ਵਾਸੀਆਂ ਨੂੰ ਰਾਹਤ ਮਿਲੇਗੀ। ਉਹਨਾਂ ਨੇ ਕਿਹਾ ਕਿ ਇਸ ਨਾਲ ਸ਼ਹਿਰ ਦੀ ਸਵੱਛਤਾ ਲਈ ਬਹੁਤ ਵਧੀਆ ਉਪਰਾਲਾ ਹੋਵੇਗਾ। ਵਿਧਾਇਕ ਨਰਿੰਦਰਪਾਲ ਸਿੰਘ ਸਵਨਾ ਨੇ ਆਖਿਆ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਹਮੇਸ਼ਾ ਹੀ ਸਰਬਪੱਖੀ ਵਿਕਾਸ 'ਤੇ ਤਵੱਜੋ ਦਿੰਦੀ ਹੈ ਅਤੇ ਇਸੇ ਲੜੀ ਤਹਿਤ ਇਹ ਮਸ਼ੀਨਾਂ ਮੁਹੱਈਆ ਕਰਵਾਈਆਂ ਗਈਆਂ ਹਨ। ਇਸ ਮੌਕੇ ਕਾਰਜਸਾਧਕ ਅਫਸਰ ਵਿਕਰਮ ਧੂੜੀਆ ਵੀ ਹਾਜ਼ਰ ਸਨ। ਉਹਨਾਂ ਨੇ ਵੀ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਸੀਵਰੇਜ ਅਤੇ ਨਾਲੀਆਂ ਵਿੱਚ ਪਲਾਸਟਿਕ ਜਾਂ ਪਲਾਸਟਿਕ ਦੀਆਂ ਬੋਤਲਾਂ ਨਾ ਸੁੱਟੀਆਂ ਜਾਣ, ਕਿਉਂਕਿ ਇਹਨਾਂ ਕਾਰਨ ਹੀ ਮੁੱਖ ਤੌਰ 'ਤੇ ਸੀਵਰੇਜ ਜਾਮ ਹੁੰਦਾ ਹੈ। ਇਸ ਮੌਕੇ ਸੁਰਿੰਦਰ ਕੰਬੋਜ ਤੇ ਹੋਰ ਅਹੁਦੇਦਾਰ ਵੀ ਹਾਜ਼ਰ ਸਨ।

# ਨਾਨਾ-ਨਾਨੀ ਨੇ ਹੀ ਕੀਤਾ ਦੋਹਤੀ ਦਾ ਕਤਲ, ਕੀਤੇ ਗ੍ਰਿਫ਼ਤਾਰ



ਭੋਗਪੁਰ, 17 ਅਗਸਤ (ਅਮਰਜੀਤ ਸਿੰਘ ਸੈਣੀ ਜੰਡੀਰ): ਭੋਗਪੁਰ ਨਜ਼ਦੀਕ ਪਿੰਡ ਡੱਲਾ ਦੀ 6 ਮਹੀਨੇ ਦੀ ਛੋਟੀ ਬੱਚੀ ਨਾਮ ਅਲੀਜਾ ਦੇ ਨਾਨੀ ਨਾਨਾ ਵੱਲੋਂ ਹੀ ਕਤਲ ਕਰ ਦਿੱਤਾ ਗਿਆ ਅਤੇ ਉਸ ਦੀ ਡੈੱਡ ਬੋਡੀ ਟਾਂਡੇ ਦੀ ਛੋਟੀ ਪੁਲੀ ਥੱਲੇ ਸੁੱਟ ਦਿੱਤੀ ਗਈ ਅਤੇ ਇਸ ਦੇ ਸਬੰਧ ਵਿੱਚ ਸਲਿੰਦਰ ਕੁਮਾਰ ਪੁੱਤਰ ਰਤਨ ਚੰਦ ਨਿਵਾਸੀ ਜਗਤਪੁਰ ਥਾਣਾ ਤਾਰਾਗੜ੍ਹ ਜ਼ਿਲ੍ਹਾ ਪਠਾਨਕੋਟ ਨੇ ਭੋਗਪੁਰ ਪੁਲਿਸ ਨੂੰ ਕੁਝ ਦਿਨ ਪਹਿਲੇ ਹੀ ਸ਼ਿਕਾਇਤ ਦਰਜ ਕਰਵਾਈ ਸੀ, ਕਿਹਾ ਸੀ ਕਿ ਉਸ ਦਾ ਵਿਆਹ ਮਨਿੰਦਰ ਕੌਰ ਪੁੱਤਰੀ ਤਰਸੇਮ ਸਿੰਘ ਪਿੰਡ ਡੱਲਾ ਢਾਈ ਸਾਲ ਪਹਿਲੇ ਹੋਇਆ ਸੀ ਅਤੇ ਘਰ ਲੜਕੀ ਅਲੀਜਾ ਨੇ ਜਨਮ ਲਿਆ ਅਤੇ 15 ਦਿਨ ਪਹਿਲੇ ਹੀ ਬੇਟੀ ਅਲੀਜਾ ਨੂੰ ਆਪਣੇ ਸਹੁਰੇ ਘਰ ਛੱਡ ਕੇ ਆਇਆ ਸੀ ਅਤੇ 8 ਅਗਸਤ ਨੂੰ ਉਸ ਨੇ ਆਪਣੀ ਪਤਨੀ ਨੂੰ ਫੋਨ ਕੀਤਾ ਤਾਂ ਉਸ ਨੂੰ ਬੇਟੀ ਅਲੀਜਾ ਬਾਰੇ ਕੁੱਝ ਨਹੀਂ ਸੀ ਦੱਸਿਆ। ਉਸ ਤੋਂ ਬਾਅਦ 13 ਅਗਸਤ ਨੂੰ ਥਾਣਾ ਭੋਗਪੁਰ ਵਿੱਚ ਮਨਿੰਦਰ ਕੌਰ ਅਤੇ ਸੱਸ ਦਲਜੀਤ ਕੌਰ ਨੇ ਸ਼ਿਕਾਇਤ ਦਰਜ ਕਰਵਾਈ ਸੀ ਤਾਂ ਭੋਗਪੁਰ ਪੁਲਿਸ ਨੇ ਪਤਨੀ ਮਨਿੰਦਰ ਕੌਰ ਨੂੰ ਗ੍ਰਿਫਤਾਰ ਕਰਕੇ ਪੁੱਛਗਿੱਛ ਸ਼ੁਰੂ ਕੀਤੀ ਤਾਂ ਉਸ ਨੇ ਅਲੀਜਾ ਬਾਰੇ ਕੁਝ ਨਹੀਂ ਦੱਸਿਆ ਜਦ ਪੁਲਿਸ ਨੇ ਉਸ ਦੀ ਮਾਂ ਦਲਜੀਤ ਕੌਰ ਨੂੰ ਲਿਜਾ ਕੇ ਪੁੱਛਗਿਛ ਕੀਤੀ ਤਾਂ ਉਸ ਨੇ ਸਾਰਾ ਸੱਚ ਦੱਸ ਦਿੱਤਾ। ਉਸ ਤੋਂ ਬਾਅਦ ਪੁਲਿਸ ਨੇ ਹਾਈਵੇ 'ਤੇ ਟਾਂਡੇ ਦੀ ਪੁਲੀ ਤੋਂ ਅਲੀਜਾ ਦੀ ਡੈੱਡ ਬੋਡੀ ਬਰਾਮਦ ਕਰ ਲਈ ਅਤੇ ਪੋਸਟਮਾਰਟਮ ਲਈ ਭੇਜ ਦਿੱਤੀ ਤੇ ਅਲੀਜਾ ਦੇ ਨਾਨਾ ਤਰਸੇਮ ਸਿੰਘ ਤੇ ਨਾਨੀ ਦਿਲਜੀਤ ਕੌਰ ਨੂੰ ਗ੍ਰਿਫਤਾਰ ਕਰ ਲਿਆ।

# ਸ਼ਤਾਬਦੀਆਂ ਨੂੰ ਸਮਰਪਿਤ ਬੁੱਢਾ ਦਲ ਨੇ ਪੂਣੇ 'ਚ ਨਗਰ ਕੀਰਤਨ ਸਜਾਇਆ



ਸ੍ਰੀ ਅਨੰਦਪੁਰ ਸਾਹਿਬ, 17 ਅਗਸਤ (ਤਰਲੋਚਨ ਸਿੰਘ): ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਪੰਜਵਾਂ ਤਖ਼ਤ ਦੇ ਜਥੇਦਾਰ ਸਿੰਘ ਸਾਹਿਬ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਦੀ ਅਗਵਾਈ ਵਿੱਚ ਖਾਲਸਾ ਪੰਥ ਵੱਲੋਂ ਸਿੱਖ ਧਰਮ ਦੇ ਨੌਵੇਂ ਪਾਤਸ਼ਾਹ ਗੁਰੂ ਤੇਗ਼ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਦਿਹਾੜਾ ਤੇ ਦਸਮ ਪਾਤਸ਼ਾਹ ਦਾ ਗੁਰਤਾਗੱਦੀ 350 ਸਾਲਾ ਦਿਵਸ ਸ਼ਤਾਬਦੀਆਂ ਨੂੰ ਸਮਰਪਿਤ ਬੁੱਢਾ ਦਲ ਵੱਲੋਂ ਮਹਾਰਾਸ਼ਟਰ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਵਿਸ਼ੇਸ਼ ਨਗਰ ਕੀਰਤਨ ਅੱਜ ਗੁਰਦੁਆਰਾ ਗੁਰੂ ਨਾਨਕ ਦਰਬਾਰ ਕੈਂਪ ਤੋਂ ਪੂਰੇ ਖਾਲਸਾਈ ਸ਼ਾਨੋ ਸ਼ੌਕਤ, ਖਾਲਸਾਈ ਜੈਕਾਰਿਆਂ ਦੀ ਗੂੰਜ ਨਾਲ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਤਾਬਿਆ ਅਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਅਲੌਕਿਕ ਨਗਰ ਕੀਰਤਨ ਸਜਾਇਆ ਗਿਆ। ਬੁੱਢਾ ਦਲ ਦੇ ਸਕੱਤਰ ਦਿਲਜੀਤ ਸਿੰਘ ਬੇਦੀ ਤੋਂ ਪ੍ਰਾਪਤ ਜਾਣਕਾਰੀ ਅਨੁਸਾਰ ਇਸ ਤੋਂ ਪਹਿਲਾਂ ਗੁਰਦੁਆਰਾ ਗੁਰੂ ਨਾਨਕ ਦਰਬਾਰ ਵਿੱਚ ਬੁੱਢਾ ਦਲ ਤੇ ਸਥਾਨਕ ਰਾਗੀ ਜੱਥਿਆਂ ਨੇ ਗੁਰਬਾਣੀ ਦਾ ਰਸ ਭਿੰਨਾ ਮਨੋਹਰ ਕੀਰਤਨ ਕੀਤਾ। ਪ੍ਰਸਿੱਧ ਕਥਾਵਾਚਕ ਭਾਈ ਸੁਖਜੀਤ ਸਿੰਘ ਕਨੱਈਆ ਨੇ ਗੁਰੂ ਸ਼ਬਦ ਦੀ ਕਥਾ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ, ਉਪਰੰਤ ਬੁੱਢਾ ਦਲ ਦੇ 14ਵੇਂ ਮੁਖੀ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਨੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਅਸੀ ਸਾਰੇ ਵਡਭਾਗੇ ਹਾਂ ਕਿ ਸਾਡੇ ਜੀਵਨ ਕਾਲ ਵਿਚ ਸ਼ਤਾਬਦੀਆਂ ਮਨਾਈਆਂ ਜਾ ਰਹੀਆਂ ਹਨ ਤੇ ਅਸੀਂ ਕਿਸੇ ਨਾ ਕਿਸੇ ਦਿਸ਼ਾ ਵਿੱਚ ਇਨ੍ਹਾਂ ਦੇ ਭਾਗੀਦਾਰ ਹਾਂ। ਉਨ੍ਹਾਂ ਕਿਹਾ ਕਿ ਮੌਜੂਦਾ ਸਮਾਜ ਅੰਦਰ ਬਹੁਤ ਵੱਡੀਆ ਚੁਣੌਤੀਆਂ ਸਾਡੇ ਸਨਮੁੱਖ ਹਨ, ਜਿਨ੍ਹਾਂ ਦਾ ਸਰਲੀਕਰਨ ਕੇਵਲ ਤੇ ਕੇਵਲ ਗੁਰੂ ਦੇ ਲੜ ਲੱਗ ਕੇ ਹੀ ਹੋ ਸਕਦਾ ਹੈ। ਉਨ੍ਹਾਂ ਸਮੁੱਚੀ ਨੌਜਵਾਨ ਪੀੜੀ ਤੇ ਹਰ ਉਸ ਵਿਅਕਤੀ ਨੂੰ ਅਪੀਲ ਕੀਤੀ ਜੋ ਦਸਮ ਪਿਤਾ ਦੇ ਅੰਮ੍ਰਿਤ ਦੀ ਦਾਤ ਪ੍ਰਾਪਤ ਨਹੀਂ ਸਕਿਆ, ਉਹ ਗੁਰੂ ਜੀ ਦੀ ਬਖਸ਼ਿਸ਼ ਅੰਮ੍ਰਿਤ ਬਾਟੇ ਦਾ ਅੰਮ੍ਰਿਤ ਛੱਕ ਕੇ ਗੁਰੂ ਵਾਲੇ ਬਣਨ, ਬਾਣੀ ਅਤੇ ਬਾਣੇ ਵਿੱਚ ਪ੍ਰਪੱਕ ਹੋਣ। ਸ. ਬੇਦੀ ਨੇ ਦੱਸਿਆ ਕਿ ਇਹ ਨਗਰ ਕੀਰਤਨ ਗੁ: ਨਾਨਕ ਦਰਬਾਰ ਕੈਂਪ ਸਸ਼ਬਾਜੀ ਨਗਰ, ਔਰੰਗਾਬਾਦ, ਅਹਿਮਦਨਗਰ ਤੋਂ ਹੁੰਦਾ ਹੋਇਆ ਮੁੜ ਗੁ: ਨਾਨਕ ਦਰਬਾਰ ਵਿਖੇ ਪੁੱਜੇਗਾ। ਇਸ ਅਲੌਕਿਕ ਨਗਰ ਕੀਰਤਨ ਵਿਚ ਲੋਕਲ ਕਮੇਟੀਆਂ ਦੇ ਮੁਖੀ ਸਾਹਿਬਾਨ ਤੇ ਅਹੁਦੇਦਾਰ, ਸ਼ਹਿਰ ਦੀਆਂ ਸਮੂਹ ਅਤੇ ਸਥਾਨਕ ਪ੍ਰਮੁੱਖ ਸਿੱਖ ਸ਼ਖਸੀਅਤਾਂ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਈਆਂ ਹਨ। ਇਸ ਸਮੇਂ ਇੰਦਰਪਾਲ ਸਿੰਘ ਫੌਜੀ, ਬਾਬਾ ਗੁਰਮੀਤ ਸਿੰਘ, ਬਾਬਾ ਗੁਰਮੁਖ ਸਿੰਘ, ਬਾਬਾ ਦਲੇਰ ਸਿੰਘ, ਬਾਬਾ ਪਰਮਜੀਤ ਸਿੰਘ, ਬਾਬਾ ਜ਼ਿੰਦਾ ਸਿੰਘ, ਬਾਬਾ ਲਛਮਣ ਸਿੰਘ, ਬਾਬਾ ਕਰਮ ਸਿੰਘ, ਬਾਬਾ ਸੁਖਦੇਵ ਸਿੰਘ ਸੁੱਖਾ, ਬਾਬਾ ਲਖਵੀਰ ਸਿੰਘ, ਬਾਬਾ ਗੁਰਸ਼ੇਰ ਸਿੰਘ, ਬਾਬਾ ਗੁਰਪਾਲ ਸਿੰਘ, ਬਾਬਾ ਸੁਖਵਿੰਦਰ ਸਿੰਘ ਮੋਰ, ਬਾਬਾ ਸਤਨਾਮ ਸਿੰਘ, ਬਾਬਾ ਜਸਬੀਰ ਸਿੰਘ, ਦਲਜੀਤ ਸਿੰਘ, ਬਾਬਾ ਗਗਨਦੀਪ ਸਿੰਘ ਨੇ ਸ਼ਮੂਲੀਅਤ ਕੀਤੀ।

# ਵਿਜ਼ਡਮ ਕਾਨਵੈਂਟ ਸਕੂਲ 'ਚ ਧੂਮਧਾਮ ਨਾਲ ਮਨਾਇਆ ਆਜ਼ਾਦੀ ਦਿਹਾੜਾ

ਫ਼ਾਜ਼ਿਲਕਾ, 17 ਅਗਸਤ (ਬਖ਼ਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਵਿਜ਼ਡਮ ਕਾਨਵੈਂਟ ਸਕੂਲ ਨੇ ਅੱਜ 79ਵਾਂ ਸੁਤੰਤਰਤਾ ਦਿਵਸ ਵੱਡੇ ਉਤਸ਼ਾਹ ਨਾਲ ਮਨਾਇਆ। ਅੱਜ ਸਕੂਲ ਦੇਸ਼ ਭਗਤੀ ਦੀ ਭਾਵਨਾ ਨਾਲ ਭਰਪੂਰ ਸੀ। ਇਹ ਸਮਾਗਮ ਸਕੂਲ ਦੇ ਪ੍ਰਬੰਧਕ ਨਿਰਦੇਸ਼ਕ ਪਰਮਜੀਤ ਸਿੰਘ ਵੈਰੜ ਅਤੇ ਪ੍ਰਿੰਸੀਪਲ ਨਿਮਰਤਾ ਸੰਧੂ ਦੀ ਰਹਿਨੁਮਾਈ ਹੇਠ ਵੱਡੇ ਜੋਸ਼ ਨਾਲ ਕਰਵਾਇਆ ਗਿਆ। ਸਕੂਲ ਦੇ ਪ੍ਰਧਾਨ ਕਵਿੰਦ੍ਰਨਾਥ ਦਹੂਜਾ ਤੇ ਮੁੱਖ ਮਹਿਮਾਨ ਮਾਨਯੋਗ ਚੇਤਨ ਸੇਤੀਆ ਨੇ ਝੰਡਾ ਲਹਿਰਾ ਕੇ ਕਾਰਜਕ੍ਰਮ ਦੀ ਸ਼ੁਰੂਆਤ ਕੀਤੀ। ਰਾਸ਼ਟਰੀ ਗੀਤ ਦੀ ਧੁੰਨ ਨਾਲ ਤਿਰੰਗਾ ਝੰਡਾ ਲਹਿਰਾਇਆ ਗਿਆ। ਮੰਚ ਸਾਂਭਣ ਦੀ ਜ਼ਿੰਮੇਵਾਰੀ ਸ਼੍ਰੀਮਤੀ ਸ਼ਿਲਪਾ ਨੇ ਨਿਭਾਈ। ਉਸ ਤੋਂ ਬਾਅਦ ਰੇਣੂ ਸੇਠੀ ਨੇ ਆਪਣੇ ਪ੍ਰਭਾਵਸ਼ਾਲੀ ਭਾਸ਼ਣ ਨਾਲ ਸਭ ਨੂੰ ਮੋਹ ਲਿਆ। ਆਪਣੇ ਭਾਸ਼ਣ ਵਿੱਚ ਉਨ੍ਹਾਂ ਨੇ ਆਜ਼ਾਦੀ ਦੀ ਅਹਿਮੀਅਤ ਨੂੰ ਅੱਜ ਦੇ ਸਮੇਂ ਵਿੱਚ ਸਮਝਾਇਆ ਤੇ ਸਭ ਨੂੰ ਇਸ ਦੇ ਅਸਲੀ ਮੁੱਲ ਨੂੰ ਸਮਝਣ ਲਈ ਪ੍ਰੇਰਿਤ ਕੀਤਾ। ਸੰਗੀਤ ਅਧਿਆਪਕ ਹਰਪ੍ਰੀਤ ਸਿੰਘ ਨੇ ਆਪਣੀ ਮਿੱਠੀ ਆਵਾਜ਼ ਨਾਲ ਦੇਸ਼ ਭਗਤੀ ਦਾ ਗੀਤ ਗਾ ਕੇ ਮਾਹੌਲ ਨੂੰ ਦੇਸ਼ ਪ੍ਰੇਮ ਨਾਲ ਰੰਗ ਦਿੱਤਾ। ਸਕੂਲ ਦੇ ਅਧਿਆਪਕ ਰਜਤ ਪੁਰੂਥੀ ਨੇ ਵੀ ਆਪਣੀ ਪ੍ਰਸਤੁਤੀ ਨਾਲ ਸਮਾਰੋਹ ਨੂੰ ਚਾਰ ਚੰਦ ਲਗਾਏ।

# ਹਲਕਾ ਇੰਚਾਰਜ ਪਵਨ ਕੁਮਾਰ ਟੀਨੂ ਦੀ ਅਗਵਾਈ ਹੇਠ ਚੋਣ ਹੋਈ



ਭੋਗਪੁਰ, 17 ਅਗਸਤ (ਅਮਰਜੀਤ ਸਿੰਘ ਸੈਣੀ ਜੰਡੀਰ): ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂਆਂ ਵੱਲੋਂ ਇੱਕ ਖਾਸ ਬੈਠਕ ਕੀਤੀ ਗਈ, ਜਿਸ ਵਿੱਚ ਵਿਸ਼ੇਸ਼ ਤੌਰ 'ਤੇ ਪਹੁੰਚੇ ਹਲਕਾ ਇੰਚਾਰਜ ਪਵਨ ਕੁਮਾਰ ਟੀਨੂ, ਪਰਮਜੀਤ ਪੰਮਾ ਗੇਲਣ ਸੰਗਠਨ ਇੰਚਾਰਜ ਅਤੇ ਹੋਰ ਵੀ ਸੀਨੀਅਰ ਆਗੂ ਮੌਜੂਦ ਸਨ। ਇਸ ਮੌਕੇ 'ਤੇ ਪਵਨ ਕੁਮਾਰ ਟੀਨੂ ਵੱਲੋਂ ਪਰਮਜੀਤ ਸਿੰਘ ਪੱਪੀ ਨੂੰ ਅਲਾਵਲਪੁਰ ਤੋਂ ਆਮ ਆਦਮੀ ਪਾਰਟੀ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ। ਇਸ ਦੇ ਨਾਲ ਹੀ ਅਮਰਜੀਤ ਸਿੰਘ ਨੂੰ ਐਕਸ ਸਰਵਿਸਮੈਨ ਦਾ ਇੰਚਾਰਜ ਚੁਣਿਆ ਗਿਆ। ਪਵਨ ਕੁਮਾਰ ਟੀਨੂ ਨੇ ਕਿਹਾ ਕਿ ਪਰਮਜੀਤ ਪੱਪੀ ਅਤੇ ਅਮਰਜੀਤ ਸਿੰਘ ਬਹੁਤ ਹੀ ਸੂਝਵਾਨ ਤੇ ਇਮਾਨਦਾਰ ਇਨਸਾਨ ਹਨ, ਉਹ ਲੰਬੇ ਸਮੇਂ ਤੋਂ ਪਾਰਟੀ ਦੀ ਸੇਵਾ ਕਰ ਰਹੇ ਹਨ, ਉਹਨਾਂ ਦੀ ਮਿਹਨਤ ਨੂੰ ਦੇਖਦੇ ਹੋਏ ਸੇਵਾਵਾਂ ਦਿੱਤੀਆਂ ਗਈਆਂ ਹਨ। ਪਰਮਜੀਤ ਪੱਪੀ ਤੇ ਅਮਰਜੀਤ ਸਿੰਘ ਨੇ ਕਿਹਾ ਕਿ ਉਹਨਾਂ ਨੂੰ ਜੋ ਜ਼ਿੰਮੇਵਾਰੀ ਸੌਂਪੀ ਗਈ ਹੈ, ਉਹ ਇਮਾਨਦਾਰੀ ਅਤੇ ਮਿਹਨਤ ਦੇ ਨਾਲ ਨਿਭਾਉਣਗੇ। ਉਹਨਾਂ ਨੇ ਪਵਨ ਕੁਮਾਰ ਟੀਨੂ ਦਾ ਧੰਨਵਾਦ ਕੀਤਾ। ਇਸ ਮੌਕੇ 'ਤੇ ਪਵਨ ਕੁਮਾਰ ਟੀਨੂ, ਪਰਮਜੀਤ ਪੰਮਾ ਸੰਗਠਨ ਇੰਚਾਰਜ ਆਪ, ਅਸ਼ਵਨੀ ਸ਼ਰਮਾ, ਮਨਦੀਪ ਸਿੰਘ, ਅਮਰੀਕ ਸਿੰਘ ਬਲਾਕ ਪ੍ਰਧਾਨ, ਸੁਖਬੀਰ ਕੁਮਾਰ, ਚਰਨਜੀਤ, ਕੁਲਦੀਪ ਕੁਮਾਰ, ਪ੍ਰਦੀਪ ਭਾਟੀਆ, ਰਵਿੰਦਰ ਕੁਮਾਰ, ਜਸਵਿੰਦਰ ਸਿੰਘ, ਅਸ਼ਵਨੀ ਕੁਮਾਰ, ਕਿਸ਼ਨ ਲਾਲ, ਬਰਿੰਦਰ ਕੁਮਾਰ, ਬਿੱਟੂ ਰੋਜੀ ਆਦਿ ਹਾਜ਼ਰ ਸਨ।

# ਨੌਜਵਾਨ ਚੋਰੀ ਦੇ ਤਿੰਨ ਮੋਟਰਸਾਈਕਲਾਂ ਸਮੇਤ ਕਾਬੂ



ਫਿਰੋਜ਼ਪੁਰ, 17 ਅਗਸਤ (ਤਿਵਾੜੀ): ਮਾਣਯੋਗ ਸਪੈਸ਼ਲ ਡਾਇਰੈਕਟਰ ਜਨਰਲ ਪੁਲਿਸ ਰੇਲਵੇ ਪੰਜਾਬ ਚੰਡੀਗੜ੍ਹ ਤੇ ਉਪ-ਕਪਤਾਨ ਪੁਲਿਸ (ਜ਼ੋਨਲ) ਫਿਰੋਜ਼ਪੁਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਮਾੜੇ ਅਨਸਰਾਂ ਖਿਲਾਫ ਕਾਰਵਾਈ ਕਰਦੇ ਹੋਏ ਕੱਲ ਮਿਤੀ 15-08-2025 ਨੂੰ ਐਸਆਈ/ਐਸਐਚਓ ਸੁਰਜੀਤ ਸਮੇਤ ਪੁਲਿਸ ਪਾਰਟੀ ਰੇਲਵੇ ਸਟੇਸ਼ਨ ਮੱਖੂ ਡਿਊਟੀ ਕਰ ਰਹੇ ਸੀ ਤਾਂ ਮੁਖ਼ਬਰ ਖਾਸ ਵੱਲੋਂ ਮਿਲੀ ਇਤਲਾਹ 'ਤੇ ਲਾਜਰ ਪੁੱਤਰ ਕਸ਼ਮੀਰ ਵਾਸੀ ਇੱਸਾ ਨਗਰੀ ਮੱਖੂ ਜ਼ਿਲ੍ਹਾ ਫਿਰੋਜ਼ਪੁਰ ਨੂੰ ਕਾਬੂ ਕਰਕੇ ਉਸ ਪਾਸੋਂ ਚੋਰੀ ਦਾ ਮੋਟਰਸਾਈਕਲ ਬਿਨਾਂ ਨੰਬਰੀ ਐੱਚਐੱਫ ਡੀਲਕਸ ਰੰਗ ਕਾਲਾ ਬ੍ਰਾਮਦ ਹੋਇਆ, ਜਿਸ 'ਤੇ ਮੁਕੱਦਮਾ ਨੰਬਰ 26 ਮਿਤੀ 15-08-2025 ਅ/ਧ 303(2), 317(2) ਬੀਐਨਐਸ ਥਾਣਾ ਜੀ.ਆਰ.ਪੀ. ਫਿਰੋਜ਼ਪੁਰ ਵਿਖੇ ਦਰਜ ਰਜਿਸਟਰ ਕਰਕੇ ਤਫਤੀਸ਼ ਅਮਲ ਵਿੱਚ ਲਿਆਂਦੀ ਗਈ। ਦੌਰਾਨ ਤਫਤੀਸ਼ ਪੁੱਛਗਿੱਛ ਵਿੱਚ ਮੌਸਮੀ ਲਾਜ਼ਰ ਨੇ ਬਿਆਨ ਇੰਕਸ਼ਾਫ ਰਾਹੀਂ ਮੰਨਿਆ ਕਿ ਉਸਨੇ 02 ਹੋਰ ਮੋਟਰਸਾਈਕਲ ਵੱਖ-ਵੱਖ ਥਾਵਾ ਤੋਂ ਚੋਰੀ ਕਰਕੇ ਮੱਖੂ ਝਾੜੀਆਂ ਵਿੱਚ ਲੁਕਾ-ਛੁਪਾ ਕੇ ਰੱਖੇ ਹੋਏ ਹਨ। ਜਿਸ 'ਤੇ ਐਸਆਈ/ਐਸਐਚਓ ਸੁਰਜੀਤ ਸਿੰਘ ਨੇ ਸਮੇਤ ਸਾਥੀ ਕਰਮਚਾਰੀਆਂ ਦੇ ਮੌਸਮੀ ਲਾਜ਼ਰ ਉਕਤ ਦੀ ਨਿਸ਼ਾਨਦੇਹੀ 'ਤੇ ਰੇਲਵੇ ਲਾਈਨਾਂ ਮੱਖੂ ਦੇ ਕੋਲ ਟਰਾਲੀ ਹੱਟ ਦੇ ਨੇੜੇ ਝਾੜੀਆਂ ਕੋਲੋਂ 02 ਮੋਟਰਸਾਈਕਲ ਮਾਰਕਾ ਹੀਰੋ ਪੈਸ਼ਨ ਪਰੋ ਬਿਨਾਂ ਨੰਬਰੀ ਰੰਗ ਕਾਲਾ ਲਾਲ ਪੱਟੀ ਅਤੇ ਦੂਜਾ ਮੋਟਰਸਾਈਕਲ ਹੀਰੋ ਸਪਲੈਂਡਰ ਪੱਲਸ ਬਿਨਾਂ ਨੰਬਰੀ ਰੰਗ ਕਾਲਾ ਬਰਾਮਦ ਕੀਤੇ। ਮੌਸਮੀ ਲਾਜ਼ਰ ਉਕਤ ਨੂੰ ਅੱਜ ਪੇਸ਼ ਅਦਾਲਤ ਕੀਤਾ ਜਾ ਰਿਹਾ ਹੈ, ਅਗਲੀ ਤਫ਼ਤੀਸ਼ ਜਾਰੀ ਹੈ।

# ਆਜ਼ਾਦੀ ਦਿਵਸ ਮੌਕੇ ਲੈਕਚਰਾਰ ਰੂਪਪ੍ਰੀਤ ਕੌਰ ਦਾ ਹੋਇਆ ਸਨਮਾਨ



ਫਤਹਿਗੜ੍ਹ ਸਾਹਿਬ, 17 ਅਗਸਤ (ਹਰਪ੍ਰੀਤ ਕੌਰ ਟਿਵਾਣਾ): 15 ਅਗਸਤ ਮੌਕੇ ਲੈਕਚਰਾਰ ਰੂਪਪ੍ਰੀਤ ਕੌਰ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਬੱਸੀ ਪਠਾਣਾ ਨੂੰ ਜ਼ਿਲ੍ਹਾ ਦੇ ਸੁਤੰਤਰ ਦਿਵਸ, ਗਣਤੰਤਰ ਦਿਵਸ ਅਤੇ ਹੋਰ ਜ਼ਿਲ੍ਹਾ ਤੇ ਸਟੇਟ ਲੈਵਲ ਸਮਾਗਮਾਂ ਨੂੰ ਪਿਛਲੇ 20 ਸਾਲਾਂ ਤੋਂ ਬਾਖੂਬੀ ਨਿਭਾਉਣ ਤੇ ਵਿੱਦਿਆ, ਖੇਡਾਂ, ਸੱਭਿਆਚਾਰਕ ਗਤੀਵਿਧੀਆਂ ਤੋਂ ਸਮਾਜਿਕ ਖੇਤਰ ਵਿੱਚ ਵਿਸ਼ੇਸ਼ ਯੋਗਦਾਨ ਪਾਉਣ ਲਈ, ਜ਼ਿਲ੍ਹਾ ਨੋਡਲ ਅਫਸਰ ਸੱਭਿਆਚਾਰਕ ਗਤੀਵਿਧੀਆਂ ਦੀ ਸੇਵਾ ਸੁਚੱਜੇ ਢੰਗ ਨਾਲ ਨਿਭਾਉਣ ਲਈ ਜ਼ਿਲ੍ਹਾ ਪੱਧਰ 'ਤੇ ਸਨਮਾਨਤ ਕੀਤਾ ਗਿਆ। ਇਸ ਮੌਕੇ ਡੀ.ਸੀ. ਡਾ. ਸੋਨਾ ਥਿੰਦ ਤੇ ਐੱਸ ਐੱਸ ਪੀ ਲਖਵੀਰ ਸਿੰਘ ਰਾਏ ਨੇ ਇਨ੍ਹਾਂ ਦੇ ਕੰਮਾਂ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਰੂਪਪ੍ਰੀਤ ਕੌਰ ਬਾਕੀ ਅਧਿਆਪਕਾਂ ਲਈ ਵੀ ਪ੍ਰੇਰਨਾਦਾਇਕ ਅਧਿਆਪਕ ਹਨ।

# ਫ਼ਤਹਿਗੜ੍ਹ ਨਿਊਆਂ ਦੀ ਅਧਿਆਪਕਾ ਬਲਵਿੰਦਰ ਕੌਰ ਨੂੰ ਜ਼ਿਲ੍ਹਾ ਪੱਧਰੀ ਸਮਾਗਮ 'ਚ ਮਿਲਿਆ ਸਨਮਾਨ



ਫਤਹਿਗੜ੍ਹ ਸਾਹਿਬ, 17 ਅਗਸਤ (ਸੂਦ): ਜ਼ਿਲ੍ਹੇ ਦੇ ਪਿੰਡ ਫ਼ਤਹਿਗੜ੍ਹ ਨਿਊਆਂ ਦੀ ਵਸਨੀਕ ਅੰਗਰੇਜੀ ਅਧਿਆਪਕਾ ਬਲਵਿੰਦਰ ਕੌਰ ਪਤਨੀ ਅਵਤਾਰ ਸਿੰਘ ਜੋ ਕਿ ਸਰਕਾਰੀ ਮਿਡਲ ਸਕੂਲ ਜੰਡਾਲੀ 'ਚ ਕੰਮ ਕਰਦੀ ਹੈ, ਦਾ ਵਧੀਆ ਸੇਵਾਵਾਂ ਬਦਲੇ ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਨੇ ਆਜ਼ਾਦੀ ਦਿਵਸ ਮੌਕੇ ਵਿਸ਼ੇਸ਼ ਸਨਮਾਨ ਕੀਤਾ। ਇਸ ਮੌਕੇ ਹੋਰ ਵੀ ਸ਼ਖਸੀਅਤਾਂ ਹਾਜ਼ਰ ਸਨ।

# ਆਜ਼ਾਦੀ ਦਿਹਾੜੇ ਦੇ ਰਾਜ ਪੱਧਰੀ ਸਮਾਗਮ ਮੌਕੇ ਮੁੱਖ ਮੰਤਰੀ ਮਾਨ ਵੱਲੋਂ ਸਮਾਜ ਸੇਵੀ ਕੁਮਾਰ ਪੇਂਟਰ ਦਾ ਸਨਮਾਨ



ਮੁਕੇਰੀਆਂ, 17 ਅਗਸਤ (ਧਰਮ ਚੰਦ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਲੋਂ 79ਵੇਂ ਆਜ਼ਾਦੀ ਦਿਹਾੜੇ ਮੌਕੇ ਰਾਜ ਪੱਧਰੀ ਸਮਾਗਮ ਦੌਰਾਨ ਸਰਵ ਪਿੱਤਰੀ ਮੁਕਤੀ ਅਤੇ ਮਾਨਵ ਕਲਿਆਣ ਸੰਸਥਾ ਦੇ ਸਰਪ੍ਰਸਤ ਕੁਮਾਰ ਪੇਂਟਰ (ਬਲਦੇਵ ਕੁਮਾਰ) ਨੂੰ ਸਨਮਾਨਿਤ ਕੀਤਾ ਗਿਆ। ਇਹ ਸਨਮਾਨ ਉਹਨਾਂ ਵਲੋਂ ਹਲ਼ਕੇ ਵਿੱਚ ਲੰਮੇ ਸਮੇਂ ਤੋਂ ਕੀਤੇ ਜਾ ਰਹੇ ਸਮਾਜ ਭਲਾਈ ਦੇ ਕੰਮਾਂ ਨੂੰ ਦੇਖਦੇ ਹੋਏ ਕੀਤਾ ਗਿਆ। ਇਥੇ ਦੱਸ ਦੇਈਏ ਕੀ 2013 ਨੂੰ ਹੋਂਦ ਵਿੱਚ ਆਈ ਇਹ ਸਮਾਜ ਸੇਵੀ ਸੰਸਥਾ ਜੋ ਲੋਕਾਂ ਦੇ ਸਹਿਯੋਗ ਦੇ ਨਾਲ ਕੁਮਾਰ ਪੇਂਟਰ ਦੀ ਅਗਵਾਈ ਵਿੱਚ ਜਨ ਕਲਿਆਣ ਦੇ ਕੰਮ ਕਰਦੀ ਹੈ, ਜਿਸ ਵਿੱਚ ਲਵਾਰਸ ਲਾਸ਼ਾਂ ਦਾ ਸਸਕਾਰ ਕਰਕੇ ਅਸਥੀਆਂ ਪ੍ਰਵਾਹ ਕਰਕੇ ਪਿੰਡ ਦਾਨ ਕਰਨਾ, ਜ਼ਰੂਰਤਮੰਦ ਮਰੀਜ਼ਾਂ ਲਈ ਐਂਬੂਲੈਂਸ ਸੇਵਾ, ਸਪੈਸ਼ਲ ਬੱਚਿਆਂ ਲਈ ਸਕੂਲ ਲਿਆਣ ਤੇ ਲਿਜਾਣ ਲਈ ਫਰੀ ਵੈਨ ਸੇਵਾ, ਜ਼ਰੂਰਤਮੰਦ ਵਿਦਿਆਰਥੀਆਂ ਲਈ ਸਕੂਲ ਵਰਦੀਆਂ ਤੇ ਲੋੜੀਂਦੀ ਲੇਖਣ ਸਮੱਗਰੀ ਵੰਡਣਾ, ਰੇਲਵੇ ਸਟੇਸ਼ਨ ਮੁਕੇਰੀਆਂ 'ਤੇ ਯਾਤਰੀਆਂ ਲਈ ਮੌਸਮ ਅਨੁਸਾਰ ਠੰਡੇ ਅਤੇ ਗੁਨਗੁਣੇ ਪਾਣੀ ਲਈ ਜਲ ਸੇਵਾ, ਮ੍ਰਿਤਕ ਸਰੀਰ ਲਈ ਗੱਡੀ ਦੀ ਸੇਵਾ ਆਦਿ ਕੀਤੇ ਜਾਂਦੇ ਹਨ। ਇਸਤੋਂ ਇਲਾਵਾ ਕੋਰੋਨਾ ਕਾਲ ਦੌਰਾਨ ਲਾਸ਼ਾਂ ਦਾ ਸਸਕਾਰ, ਜ਼ਰੂਰਤਮੰਦ ਪਰਿਵਾਰਾਂ ਨੂੰ ਰਾਸ਼ਨ ਵੰਡਣ ਅਤੇ ਪ੍ਰਸ਼ਾਸਨ ਨਾਲ ਮੋਢੇ ਨਾਲ ਮੋਢਾ ਜੋੜ ਕੀਤੇ ਗਏ ਸਮਾਜ ਸੇਵੀ ਕੰਮਾਂ ਨੂੰ ਦੇਖਦੇ ਹੋਏ ਪੰਜਾਬ ਸਰਕਾਰ ਵੱਲੋਂ ਕੁਮਾਰ ਪੇਂਟਰ ਨੂੰ ਸਟੇਟ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ। ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਹੱਥੋਂ ਸਨਮਾਨ ਪ੍ਰਾਪਤ ਕਰਕੇ ਕੁਮਾਰ ਪੇਂਟਰ (ਬਲਦੇਵ ਕੁਮਾਰ) ਵਲੋਂ ਮੁੱਖ ਮੰਤਰੀ ਪੰਜਾਬ ਦਾ ਧੰਨਵਾਦ ਕਰਦਿਆਂ ਅੱਗੇ ਤੋਂ ਵੀ ਲੋਕਾਂ ਦੇ ਸਹਿਯੋਗ ਦੇ ਨਾਲ ਸੰਸਥਾ ਵੱਲੋਂ ਜਨ ਕਲਿਆਣ ਦੇ ਕੰਮ ਜਾਰੀ ਰੱਖਣ ਦੀ ਗੱਲ ਆਖੀ।

# ਭਾਜਪਾ ਨੇ ਸ੍ਰੀ ਅਨੰਦਪੁਰ ਸਾਹਿਬ ਵਿਖੇ ਕੱਢੀ ਤਿਰੰਗਾ ਯਾਤਰਾ



ਸ੍ਰੀ ਅਨੰਦਪੁਰ ਸਾਹਿਬ, 17 ਅਗਸਤ (ਤਰਲੋਚਨ ਸਿੰਘ): ਆਜ਼ਾਦੀ ਦਿਹਾੜੇ ਨੂੰ ਸਮਰਪਿਤ ਭਾਜਪਾ ਵੱਲੋਂ ਅੱਜ ਗੁਰੂ ਨਗਰੀ ਵਿਖੇ ਪਾਰਟੀ ਦੇ ਸੀਨੀਅਰ ਆਗੂ ਸੁਭਾਸ਼ ਸ਼ਰਮਾ ਦੀ ਅਗਵਾਈ ਹੇਠ ਤਿਰੰਗਾ ਯਾਤਰਾ ਕੱਢੀ ਗਈ। ਜਿਸ ਵਿੱਚ ਬਹੁਤ ਵੱਡੀ ਗਿਣਤੀ ਭਾਜਪਾ ਵਰਕਰਾਂ ਨੇ ਸ਼ਮੂਲੀਅਤ ਕੀਤੀ। ਗੁਰਦੁਆਰਾ ਸੀਸ ਗੰਜ ਸਾਹਿਬ ਤੋਂ ਸ਼ੁਰੂ ਹੋਈ ਇਹ ਤਿਰੰਗਾ ਯਾਤਰਾ ਮੁੱਖ ਬਜ਼ਾਰ ਵਿੱਚੋਂ ਹੁੰਦੀ ਹੋਈ ਗੁਰਦੁਆਰਾ ਭਗਤ ਰਵਿਦਾਸ ਜੀ ਚੌਂਕ ਵਿਖੇ ਆ ਕੇ ਸਮਾਪਤ ਹੋਈ। ਇਸ ਤਿਰੰਗਾ ਯਾਤਰਾ ਦੌਰਾਨ ਹਰੇਕ ਭਾਜਪਾ ਵਰਕਰ ਦੇ ਹੱਥ ਵਿੱਚ ਇੱਕ ਤਿਰੰਗਾ ਝੰਡਾ ਫੜਿਆ ਹੋਇਆ ਸੀ ਅਤੇ ਉਹਨਾਂ ਵੱਲੋਂ 'ਭਾਰਤ ਮਾਤਾ ਦੀ ਜੈ ਨਾਅਰੇ' ਲਗਾਏ ਜਾ ਰਹੇ ਸਨ। ਇਸ ਮੌਕੇ ਜ਼ਿਲ੍ਹਾ ਭਾਜਪਾ ਅਹੁਦੇਦਾਰ ਅਠਵਾਲ, ਦਿਨੇਸ਼ ਜੋਸ਼ੀ, ਮੰਡਲ ਪ੍ਰਧਾਨ ਰਤਨ ਕੁਮਾਰ ਧਨੇੜਾ, ਹਰਮਨਪ੍ਰੀਤ ਸਿੰਘ ਪ੍ਰਿੰਸ ਪ੍ਰਧਾਨ ਨੰਗਲ ਮੰਡਲ, ਭਨੂਪਲੀ ਦੇ ਮੰਡਲ ਪ੍ਰਧਾਨ ਮੋਹਿਤ ਸ਼ਰਮਾ, ਕੀਰਤਪੁਰ ਸਾਹਿਬ ਦੇ ਮੰਡਲ ਪ੍ਰਧਾਨ ਵਿਵੇਕ ਸੂਬਾ, ਰੰਗਾ ਪਰਾਸ਼ਰ, ਪਰਮਿੰਦਰ ਸ਼ਰਮਾ, ਜਸਿੰਦਰ ਧੀਮਾਨ ਸਮੇਤ ਬਹੁਤ ਵੱਡੀ ਗਿਣਤੀ ਵਿੱਚ ਭਾਜਪਾ ਦੇ ਸਾਬਕਾ ਪ੍ਰਧਾਨ ਜਤਿੰਦਰ ਸਿੰਘ ਆਗੂ ਤੇ ਵਰਕਰ ਹਾਜ਼ਰ ਸਨ।

# ਵਿਧਾਇਕ ਗੈਰੀ ਬੜਿੰਗ ਨੇ ਗਊ ਸੇਵਾ ਸੰਮਤੀ ਦੇ ਸਮਾਗਮ ਮੌਕੇ ਸ਼ਖ਼ਸੀਅਤਾਂ ਦਾ ਕੀਤਾ ਸਨਮਾਨ



ਅਮਲੋਹ, 17 ਅਗਸਤ (ਜਸਵੰਤ ਸਿੰਘ): ਅਮਲੋਹ ਹਲਕੇ ਦੇ ਵਿਧਾਇਕ ਗੁਰਿੰਦਰ ਸਿੰਘ ਗੈਰੀ ਬੜਿੰਗ ਨੇ ਸ੍ਰੀ ਸੰਗਮੇਸ਼ਵਰ ਗਊਸ਼ਾਲਾ ਅਮਲੋਹ ਵਿਚ ਗਊ ਸੇਵਾ ਸਮਿਤੀ ਵਲੋਂ ਕਰਵਾਏ ਸਮਾਗਮ ਵਿਚ ਸ਼ਿਰਕਤ ਕਰਕੇ ਸਮਿਤੀ ਨੂੰ ਸਹਿਯੋਗ ਦੇਣ ਵਾਲੀਆਂ ਸ਼ਖਸੀਅਤਾਂ ਦਾ ਵਿਸ਼ੇਸ਼ ਸਨਮਾਨ ਕੀਤਾ। ਸਮਿਤੀ ਦੇ ਪ੍ਰਧਾਨ ਭੂਸ਼ਨ ਸੂਦ ਅਤੇ ਸਰਪ੍ਰਸਤ ਪ੍ਰੇਮ ਚੰਦ ਸ਼ਰਮਾ ਨੇ ਜੀ ਆਇਆਂ ਆਖਿਆ ਅਤੇ ਸਮਿਤੀ ਦੀਆਂ ਪ੍ਰਾਪਤੀਆਂ ਬਾਰੇ ਚਾਨਣਾ ਪਾਇਆ। ਇਸ ਮੌਕੇ ਮਾਰਕੀਟ ਕਮੇਟੀ ਦੀ ਚੇਅਰਪਰਸਨ ਸੁਖਵਿੰਦਰ ਕੌਰ ਗਹਿਲੌਤ, ਕੌਂਸਲ ਪ੍ਰਧਾਨ ਸਿਕੰਦਰ ਸਿੰਘ ਗੋਗੀ, ਮੀਤ ਪ੍ਰਧਾਨ ਜਗਤਾਰ ਸਿੰਘ, ਕੌਂਸਲਰ ਅਤੁੱਲ ਲੁਟਾਵਾ, ਲਵਪ੍ਰੀਤ ਸਿੰਘ, ਹਰਿੰਦਰ ਕੌਰ ਚੀਮਾ, ਮੋਨੀ ਪੰਡਤ, ਸਾਬਕਾ ਕੌਂਸਲਰ ਕੁਲਦੀਪ ਦੀਪਾ, ਆਪ ਆਗੂ ਪਾਲੀ ਅਰੋੜਾ, ਸਮਿਤੀ ਦੇ ਸੀਨੀਅਰ ਮੀਤ ਪ੍ਰਧਾਨ ਸੰਜੀਵ ਧੀਰ, ਜਨਰਲ ਸਕੱਤਰ ਮਾਸਟਰ ਰਾਜੇਸ਼ ਕੁਮਾਰ, ਜੁਆਇੰਟ ਸਕੱਤਰ ਸੁੰਦਰ ਲਾਲ ਝੱਟਾ, ਹੈਪੀ ਠੇਕੇਦਾਰ, ਅਰਸ਼ ਕੁਮਾਰ, ਪ੍ਰਿੰਸ ਕੁਮਾਰ ਝੱਟਾ, ਦੀਪਕ ਅਰੋੜਾ ਵਿੱਕੀ, ਮਿੰਟੂ ਅਰੋੜਾ, ਭੂਸ਼ਨ ਗਰਗ, ਮਹਿੰਦਰਪਾਲ ਲੁਟਾਵਾ, ਰਾਜ਼ਨ ਮਿਤਲ, ਹਰੀ ਗੋਇਲ, ਅਸ਼ੋਕ ਮਿੱਤਲ, ਕਮਲ ਭੂਸ਼ਨ ਵਰਮਾ, ਕ੍ਰਿਸ਼ਨਾ ਮੰਦਰ ਦੇ ਪ੍ਰਧਾਨ ਦੀਪਕ ਗੋਇਲ, ਕੌਂਸਲ ਦੇ ਸਾਬਕਾ ਪ੍ਰਧਾਨ ਬਲਦੇਵ ਸੇਢਾ, ਰਜੀਵ ਕ੍ਰਿਸ਼ਨ ਸ਼ਰਮਾ, ਦਾਰਪਾਲ ਬੈਂਸ, ਸਮੇਤ ਵੱਖ-ਵੱਖ ਧਾਰਮਿਕ ਸੰਸਥਾਵਾਂ ਦੇ ਅਹੁੱਦੇਦਾਰ ਤੇ ਪਤਵੰਤਿਆਂ ਨੇ ਸ਼ਿਰਕਤ ਕੀਤੀ। ਇਸ ਮੌਕੇ ਮੁਫ਼ਤ ਮੈਡੀਕਲ ਕੈਂਪ ਵੀ ਲਗਾਇਆ ਗਿਆ।

# ਬੱਚਿਆਂ ਨੇ ਸਕੂਲ 'ਚ ਮਨਾਈ ਜਨਮ ਅਸ਼ਟਮੀ




ਜ਼ੀਰਾ, 17 ਅਗਸਤ (ਦੀਪਕ ਭਾਰਗੋ): ਸ਼੍ਰੀ ਆਤਮ ਵੱਲਭ ਜੈਨ ਸਕੂਲ ਵਿੱਚ ਸ਼੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦਾ ਪਵਿੱਤਰ ਤਿਉਹਾਰ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲ ਦੇ ਪ੍ਰੰਗਣ ਨੂੰ ਸੋਹਣੀਆਂ ਫੁੱਲਾਂ ਦੀਆਂ ਮਾਲਾਵਾਂ, ਰੰਗ-ਬਿਰੰਗੇ ਰੰਗੋਲੀਆਂ ਅਤੇ ਸ਼੍ਰੀ ਕ੍ਰਿਸ਼ਨ ਜੀ ਦੇ ਚਿੱਤਰਾਂ ਨਾਲ ਸਜਾਇਆ ਗਿਆ, ਜਿਸ ਨਾਲ ਸਾਰਾ ਮਾਹੌਲ ਭਗਤੀਮਈ ਹੋ ਗਿਆ। ਸਮਾਰੋਹ ਦੀ ਸ਼ੁਰੂਆਤ ਜੋਤ ਜਗਾ ਕੇ ਹੋਈ। ਬੱਚਿਆਂ ਨੇ ਭਜਨ-ਕੀਰਤਨ, ਨਾਚ ਅਤੇ ਨਾਟਕ ਰਾਹੀਂ ਸ਼੍ਰੀ ਕ੍ਰਿਸ਼ਨ ਜੀ ਦੇ ਜੀਵਨ ਦੀਆਂ ਘਟਨਾਵਾਂ ਦਰਸਾਈਆਂ। ਨੰਨੇ-ਮੁੰਨੇ ਵਿਦਿਆਰਥੀਆਂ ਨੇ ਰਾਧਾ ਅਤੇ ਕ੍ਰਿਸ਼ਨ ਦੇ ਰੂਪ ਵਿੱਚ ਭੇਸ ਬਣਾ ਕੇ ਸਭ ਦਾ ਮਨ ਮੋਹ ਲਿਆ। ਇਸ ਮੌਕੇ 'ਤੇ ਮੈਨੇਜਰ ਸ਼੍ਰੀ ਹਰੀਸ਼ ਜੈਨ, ਐਕਟਿਵ ਮੈਨੇਜਰ ਸ਼੍ਰੀਮਤੀ ਅਰਚਨਾ ਜੈਨ, ਪ੍ਰਿੰਸੀਪਲ ਸ਼੍ਰੀਮਤੀ ਕਿਰਨ ਅੱਗਰਵਾਲ ਅਤੇ ਪ੍ਰਿੰਸੀਪਲ ਡਾ. ਸ਼ਾਲੂ ਸੂਦ ਨੇ ਵਿਦਿਆਰਥੀਆਂ ਨੂੰ ਅਸੀਸਾਂ ਦਿੱਤੀਆਂ ਅਤੇ ਤਿਉਹਾਰ ਦੀਆਂ ਵਧਾਈਆਂ ਦਿੱਤੀਆਂ। ਉਨ੍ਹਾਂ ਨੇ ਬੱਚਿਆਂ ਨੂੰ ਸੱਚਾਈ, ਪਿਆਰ ਅਤੇ ਨੇਕੀਆਂ ਦੇ ਰਾਹ 'ਤੇ ਤੁਰਨ ਲਈ ਪ੍ਰੇਰਿਤ ਕੀਤਾ। ਇਹ ਸਮਾਰੋਹ ਸਾਨੂੰ ਯਾਦ ਦਿਵਾਉਂਦਾ ਹੈ ਕਿ ਸ਼੍ਰੀ ਕ੍ਰਿਸ਼ਨ ਜੀ ਦੇ ਉਪਦੇਸ਼ ਅੱਜ ਵੀ ਉਤਨੇ ਹੀ ਮਹੱਤਵਪੂਰਨ ਹਨ।

# ਸੈਕਰਟ ਹਾਰਟ ਸੀਨੀ. ਸੈਕੰ. ਸਕੂਲ ਵੱਲੋਂ ਖੇਲੋ ਇੰਡੀਆ ਅਸਮਿਤਾ ਤਾਇਕਵਾਂਡੋ ਲੀਗ 'ਚ ਸ਼ਾਨਦਾਰ ਪ੍ਰਦਰਸ਼ਨ




ਮੰਡੀ ਗੋਬਿੰਦਗੜ੍ਹ, 17 ਅਗਸਤ (ਸੂਦ): ਸੈਕਰਡ ਹਾਰਟ ਸੀਨੀਅਰ ਸੈਕੰਡਰੀ ਸਕੂਲ, ਜਲਾਲਪੁਰ ਦੇ ਵਿਦਿਆਰਥੀਆਂ ਨੇ ਖੇਲੋ ਇੰਡੀਆ ਅਸਮਿਤਾ ਤਾਇਕਵਾਂਡੋ ਲੀਗ 2025-26 ਜੋ ਕਿ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ 'ਚ ਹੋਈ, ਵਿੱਚ ਆਪਣੀ ਕਾਬਲੀਅਤ ਅਤੇ ਖੇਡ-ਭਾਵਨਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਸਕੂਲ ਦੇ 5 ਤੋਂ 7 ਦੇ ਵਿਦਿਆਰਥੀਆਂ ਨੇ ਸਕੂਲ ਦੀ ਨੁਮਾਇੰਦਗੀ ਕੀਤੀ। ਪ੍ਰਿੰਸੀਪਲ ਦਿਵਿਆ ਮਹਿਤਾ ਨੇ ਭਾਗੀਦਾਰਾਂ ਨੂੰ ਵਧਾਈ ਦਿੱਤੀ ਤੇ ਉਨ੍ਹਾਂ ਨੂੰ ਭਵਿੱਖ ਵਿੱਚ ਵੀ ਆਪਣੀ ਖੇਡ ਭਾਵਨਾ ਜ਼ਿੰਦਾ ਰੱਖਣ ਲਈ ਪ੍ਰੇਰਿਤ ਕੀਤਾ। ਮੈਨੇਜਿੰਗ ਡਾਇਰੈਕਟਰ ਜੇਪੀਐਸ ਜੋਲੀ, ਡਿਪਟੀ ਮੈਨੇਜਿੰਗ ਡਾਇਰੈਕਟਰ ਸਤਿੰਦਰਜੀਤ ਜੋਲੀ ਅਤੇ ਪ੍ਰੈਜ਼ੀਡੈਂਟ ਮਿਸ ਨਵੇਰਾ ਜੋਲੀ ਨੇ ਵੀ ਖਿਡਾਰੀਆਂ ਦੀ ਜੋਸ਼ੀਲੀ ਭਾਗੀਦਾਰੀ ਦੀ ਪ੍ਰਸ਼ੰਸਾ ਕੀਤੀ ਅਤੇ ਉਨ੍ਹਾਂ ਨੂੰ ਆਉਣ ਵਾਲੇ ਮੁਕਾਬਲਿਆਂ ਵਿੱਚ ਵੀ ਸ਼ਾਨਦਾਰ ਪ੍ਰਦਰਸ਼ਨ ਕਰਨ ਲਈ ਉਤਸ਼ਾਹਿਤ ਕੀਤਾ। ਇਹ ਪ੍ਰੋਗਰਾਮ ਨਾ ਸਿਰਫ ਵਿਦਿਆਰਥੀਆਂ ਨੂੰ ਆਪਣੀ ਕਾਬਲੀਅਤ ਦਿਖਾਉਣ ਦਾ ਮੰਚ ਬਣਿਆ ਸਗੋਂ ਉਨ੍ਹਾਂ ਦੇ ਆਤਮ-ਵਿਸ਼ਵਾਸ, ਅਨੁਸ਼ਾਸਨ ਅਤੇ ਟੀਮ ਸਪਿਰਟ ਨੂੰ ਵੀ ਮਜ਼ਬੂਤ ਬਣਾਇਆ।

# ਗਊ ਸੇਵਾ ਸੰਮਤੀ ਦੇ ਧਾਰਮਿਕ ਤੇ ਸਮਾਜ ਸੇਵਾ ਦੇ ਕਾਰਜ ਸ਼ਲਾਘਾਯੋਗ: ਬਾਬਾ ਪਰਮਜੀਤ ਸਿੰਘ ਹੰਸਾਲੀ

☛ ਗਵਾਲਿਆਂ ਲਈ ਬਣਾਏ ਕਮਰਿਆਂ ਦੇ ਉਦਘਾਟਨ ਮੌਕੇ ਸਾਂਸਦ ਧਰਮਵੀਰ ਗਾਂਧੀ, ਵਿਧਾਇਕ ਬੜਿੰਗ, ਚੰਦਰ ਕਾਂਤ ਮਹਾਰਾਜ, ਕੰਵਰਬੀਰ ਟੌਹੜਾ ਵੱਲੋਂ ਸ਼ਿਰਕਤ



ਅਮਲੋਹ, 17 ਅਗਸਤ (ਜਸਵੰਤ ਸਿੰਘ): ਗਊ ਸੇਵਾ ਸਮਿਤੀ ਅਮਲੋਹ ਵਲੋਂ ਸ੍ਰੀ ਸੰਗਮੇਸ਼ਵਰ ਗਊਸ਼ਾਲਾ ਅਮਲੋਹ ਵਿਚ ਗਵਾਲਿਆਂ ਦੀ ਰਿਹਾਇਸ਼ ਲਈ ਬਣਾਏ ਸ਼ਾਨਦਾਰ ਕਮਰਿਆਂ ਦਾ ਉਦਘਾਟਨ ਸੰਤ ਬਾਬਾ ਪਰਮਜੀਤ ਸਿੰਘ ਜੀ ਹੰਸਾਲੀ ਵਾਲਿਆਂ ਨੇ ਹਰੇ ਚਾਰੇ ਦਾ 'ਕੇਕ' ਕੱਟ ਕੇ ਕੀਤਾ। ਸਮਾਗਮ ਵਿਚ ਸ੍ਰੀ ਚੰਦਰ ਕਾਂਤ ਜੀ ਮਹਾਰਾਜ, ਸਾਂਸਦ ਧਰਮਵੀਰ ਗਾਂਧੀ, ਅਮਲੋਹ ਹਲਕੇ ਦੇ ਵਿਧਾਇਕ ਗੁਰਿੰਦਰ ਸਿੰਘ ਗੈਰੀ ਬੜਿੰਗ ਅਤੇ ਭਾਜਪਾ ਦੇ ਕੰਵਰਬੀਰ ਸਿੰਘ ਟੌਹੜਾ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ ਜਦੋਂ ਕਿ ਵੱਡੀ ਗਿਣਤੀ ਵਿਚ ਨਾਮਵਰ ਸ਼ਖਸੀਅਤਾਂ ਤੇ ਇਲਾਕੇ ਦੀਆਂ ਸੰਗਤਾਂ ਨੇ ਭਾਗ ਲਿਆ। ਉਨ੍ਹਾਂ ਸਮਿਤੀ ਵੱਲੋਂ ਧਾਰਮਿਕ ਅਤੇ ਸਮਾਜ ਸੇਵਾ ਦੇ ਖੇਤਰ ਵਿਚ ਪਾਏ ਜਾ ਰਹੇ ਸ਼ਾਨਦਾਰ ਯੋਗਦਾਨ ਦੀ ਸ਼ਲਾਘਾ ਕੀਤੀ। ਸਮਿਤੀ ਦੇ ਪ੍ਰਧਾਨ ਭੂਸ਼ਨ ਸੂਦ, ਸਰਪ੍ਰਸਤ ਪ੍ਰੇਮ ਚੰਦ ਸ਼ਰਮਾ, ਸੀਨੀਅਰ ਮੀਤ ਪ੍ਰਧਾਨ ਸੰਜੀਵ ਧੀਰ ਅਤੇ ਜੁਆਇੰਟ ਸਕੱਤਰ ਸੁੰਦਰ ਲਾਲ ਝੱਟਾ ਨੇ ਮਹਿਮਾਨਾਂ ਨੂੰ ਜੀ ਆਇਆਂ ਆਖਿਆ ਅਤੇ ਮਹਿਮਾਨਾਂ ਦਾ ਸਨਮਾਨ ਕੀਤਾ ਜਦੋਂ ਕਿ ਸਟੇਜ ਸਕੱਤਰ ਦਾ ਫਰਜ਼ ਜਨਰਲ ਸਕੱਤਰ ਮਾਸਟਰ ਰਾਜੇਸ਼ ਕੁਮਾਰ ਨੇ ਬਾਖੂਬੀ ਨਿਭਾਇਆ। ਇਸ ਮੌਕੇ ਭਾਜਪਾ ਦੇ ਅਮਲੋਹ ਹਲਕੇ ਦੇ ਇੰਚਾਰਜ ਤੇ ਸੂਬਾਈ ਸਕੱਤਰ ਕੰਵਰਬੀਰ ਸਿੰਘ ਟੌਹੜਾ, ਉਘੇ ਸਮਾਜ ਸੇਵੀ ਪ੍ਰਦੀਪ ਬਾਂਸਲ ਵੱਲੋਂ ਉਨ੍ਹਾਂ ਦੇ ਭਤੀਜੇ ਸੁਸ਼ੀਲ ਬਾਂਸਲ, ਆੜਤੀ ਐਸੋਸੀਏਸਨ ਦੇ ਜ਼ਿਲ੍ਹਾ ਪ੍ਰਧਾਨ ਤੇ ਡੇਰਾ ਹੰਸਾਲੀ ਦੇ ਮੈਨੇਜਰ ਸਾਧੂ ਰਾਮ ਭੱਟਮਾਜਰਾ, ਡੀਐਸਪੀ ਅਮਲੋਹ ਗੁਰਦੀਪ ਸਿੰਘ ਸੰਧੂ, ਥਾਣਾ ਮੁੱਖੀ ਬਲਜਿੰਦਰ ਸਿੰਘ, ਭਾਜਪਾ ਆਗੂ ਵਿਨੋਦ ਮਿੱਤਲ, ਗਊਸ਼ਾਲਾ ਅਮਲੋਹ ਦੇ ਪ੍ਰਧਾਨ ਸ਼ਿਵ ਕੁਮਾਰ ਗਰਗ, ਰਾਜਪਾਲ ਗਰਗ, ਸ਼ੈਲਰ ਐਸੋਸੀਏਸ਼ਨ ਦੇ ਪ੍ਰਧਾਨ ਰਕੇਸ਼ ਗਰਗ, ਇੰਦਰ ਮੋਹਨ ਸੂਦ, ਮੋਨੂੰ ਸੂਦ, ਰਾਮ ਮੰਦਰ ਕਮੇਟੀ ਦੇ ਪ੍ਰਧਾਨ ਸੋਹਣ ਲਾਲ ਅਬਰੋਲ, ਖਜ਼ਾਨਚੀ ਸ਼ਿਵ ਕੁਮਾਰ ਗੋਇਲ, ਸਮਾਜ ਸੇਵੀ ਡਾ. ਰਘਬੀਰ ਸ਼ੁਕਲਾ, ਸੁਭਾਸ਼ ਜੋਸ਼ੀ, ਗੁਰਦੁਆਰਾ ਸਾਹਿਬ ਦੀ ਸੁਪਰ ਕਮੇਟੀ ਦੇ ਮੈਂਬਰ ਦਰਸ਼ਨ ਸਿੰਘ ਚੀਮਾ, ਮਾਰਕੀਟ ਕਮੇਟੀ ਦੀ ਚੇਅਰਪਰਸਨ ਸੁਖਵਿੰਦਰ ਕੌਰ ਗਹਿਲੌਤ, ਕੌਂਸਲ ਪ੍ਰਧਾਨ ਸਿਕੰਦਰ ਸਿੰਘ ਗੋਗੀ, ਮੀਤ ਪ੍ਰਧਾਨ ਜਗਤਾਰ ਸਿੰਘ, ਕੌਂਸਲਰ ਅਤੁੱਲ ਲੁਟਾਵਾ, ਪੂਨਮ ਜਿੰਦਲ, ਲਵਪ੍ਰੀਤ ਸਿੰਘ, ਹਰਿੰਦਰ ਕੌਰ ਚੀਮਾ, ਕੁਲਵਿੰਦਰ ਸਿੰਘ, ਮੋਨੀ ਪੰਡਤ, ਰੂਪ ਸਿੰਘ, ਸਾਬਕਾ ਕੌਂਸਲਰ ਕੁਲਦੀਪ ਦੀਪਾ, ਅਕਾਲੀ ਦਲ ਦੇ ਸ਼ਹਿਰੀ ਪ੍ਰਧਾਨ ਰਕੇਸ਼ ਸ਼ਾਹੀ, ਆਪ ਆਗੂ ਪਾਲੀ ਅਰੋੜਾ, ਰੁਪਿੰਦਰ ਜਿੰਦਲ, ਭਾਜਪਾ ਦੇ ਸ਼ਹਿਰੀ ਪ੍ਰਧਾਨ ਅਤੇ ਸਾਬਕਾ ਕੌਂਸਲ ਪ੍ਰਧਾਨ ਡਾ. ਹਰਪ੍ਰੀਤ ਸਿੰਘ, ਰਾਮ ਬਾਗ ਮੰਦਰ ਕਮੇਟੀ ਦੇ ਪ੍ਰਧਾਨ ਤੇ ਸਾਬਕਾ ਕੌਂਸਲ ਪ੍ਰਧਾਨ ਬਲਦੇਵ ਸੇਢਾ, ਸਾਬਕਾ ਸਿੱਖਿਆ ਡਾਇਰੈਕਟਰ ਰੌਸ਼ਨ ਸੂਦ, ਸ਼ੀਤਲਾ ਮਾਤਾ ਮੰਦਰ ਕਮੇਟੀ ਦੇ ਚੇਅਰਮੈਨ ਵਿਨੇ ਪੁਰੀ, ਕ੍ਰਿਸ਼ਨਾ ਮੰਦਰ ਕਮੇਟੀ ਦੇ ਸਰਪ੍ਰਸਤ ਰਮੇਸ਼ ਕੁਮਾਰ ਗੁਪਤਾ, ਸ਼ਾਮ ਪਰਿਵਾਰ ਅਮਲੋਹ ਦੇ ਪ੍ਰਧਾਨ ਦਿਨੇਸ਼ ਕੁਮਾਰ, ਰਾਮ ਕਲਾ ਮੰਚ ਦੇ ਪ੍ਰਧਾਨ ਗੁਲਸ਼ਨ ਤੱਗੜ੍ਹ, ਅਸ਼ੋਕ ਮਿੱਤਲ, ਮਦਨ ਮੋਹਨ ਅਬਰੋਲ, ਮਾਨਵ ਭਲਾਈ ਮੰਚ ਦੇ ਪ੍ਰਧਾਨ ਮਨੋਹਰ ਲਾਲ ਵਰਮਾ, ਕਲਾਥ ਮਰਚੈਂਟ ਐਸੋਸੀਏਸ਼ਨ ਦੇ ਪ੍ਰਧਾਨ ਰਾਮ ਸਰੂਪ ਥੌਰ, ਅਰਸ਼ ਕੁਮਾਰ, ਮੋਹਨ ਲਾਲ ਵਰਮਾ, ਸੁਦਰਸ਼ਨ ਵਰਮਾ, ਡਾ. ਅਮਰਜੀਤ ਸਿੰਘ ਅਨੇਤਾ, ਸੁਭਾਸ਼ ਚੰਦ ਗੁਪਤਾ, ਪੰਮੀ ਜਿੰਦਲ, ਵੈਦਿਕ ਸਨਾਤਨ ਭਵਨ ਅਮਲੋਹ ਦੇ ਸੰਚਾਲਕ ਸ਼ਾਸਤਰੀ ਗੁਰੂ ਦੱਤ ਸ਼ਰਮਾ, ਪੰਡਤ ਰਵਿੰਦਰ ਰਵੀ ਸ਼ਰਮਾ, ਸੁਰੇਸ਼ ਲੁਟਾਵਾ, ਪ੍ਰਦੀਪ ਘਈ, ਭਾਵਿਕ ਘਈ, ਦੰਦਾਂ ਦੇ ਮਾਹਰ ਡਾ. ਹਿਮਾਂਸ਼ੂ ਸੂਦ ਐਮਡੀਐਸ, ਸਮਿਤੀ ਦੇ ਜ਼ਿਲ੍ਹਾ ਪ੍ਰਧਾਨ ਭੂਪੇਸ਼ ਕੁਮਾਰ, ਬੱਬੀ ਡੰਗ, ਸਸ਼ਸੀਲ ਗਰਗ, ਦਿਨੇਸ਼ ਗੋਇਲ, ਹਨੀ ਗੋਇਲ, ਸੰਜੇ ਗਰਗ, ਹੈਪੀ ਧੀਰ ਤੇ ਮਾਸਟਰ ਜਤਿੰਦਰ ਪਾਲ ਆਦਿ ਨੇ ਸ਼ਿਰਕਤ ਕੀਤੀ। ਪ੍ਰੋਗਰਾਮ ਦੀ ਸ਼ੁਰੂਆਤ ਬਾਰ ਐਸੋਸੀਏਸ਼ਨ ਦੇ ਸਾਬਕਾ ਪ੍ਰਧਾਨ ਗੋਪਾਲ ਕ੍ਰਿਸ਼ਨ ਗਰਗ ਤੇ ਸੀਨੀਅਰ ਐਡਵੋਕੇਟ ਸੁਨੀਲ ਕੁਮਾਰ ਗਰਗ ਨੇ ਜੋਤੀ ਪ੍ਰਚੰਡ ਕਰਕੇ ਕੀਤੀ, ਜਿਸ ਉਪਰੰਤ ਆਯੂਸ਼ ਜਿੰਦਲ ਰਾਧਾ ਰਾਣੀ ਸੰਕੀਰਤਨ ਮੰਡਲੀ ਪਟਿਆਲਾ ਨੇ ਭੇਟਾਂ ਦਾ ਗੁਣਗਾਣ ਕੀਤਾ। ਇਸ ਮੌਕੇ ਫ਼ਲ, ਬਰਫ਼ੀ, ਲੱਡੂ, ਚਾਹ, ਪਕੌੜ੍ਹੇ, ਕੜ੍ਹੀ, ਚਾਵਲ ਤੇ ਦੇਸੀ ਘੀ ਦੇ ਹਲਵੇ ਦਾ ਭੰਡਾਰਾ ਵੀ ਚਲਾਇਆ ਗਿਆ।

# ਆਜ਼ਾਦੀ ਦਿਹਾੜੇ ਮੌਕੇ ਬਿਹਤਰ ਸਿਹਤ ਸੇਵਾਵਾਂ ਬਦਲੇ ਸਿਹਤ ਵਿਭਾਗ ਦੇ ਡਾਕਟਰ ਤੇ ਸਟਾਫ਼ ਸਨਮਾਨਤ




ਫ਼ਾਜ਼ਿਲਕਾ, 17 ਅਗਸਤ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਜ਼ਿਲ੍ਹਾ ਪੱਧਰੀ ਆਜ਼ਾਦੀ ਦਿਹਾੜਾ ਫ਼ਾਜ਼ਿਲਕਾ ਦੇ ਸ਼ਹੀਦ ਭਗਤ ਸਿੰਘ ਸਟੇਡੀਅਮ ਵਿੱਚ ਕੌਮੀ ਜਜ਼ਬੇ ਤੇ ਉਤਸ਼ਾਹ ਨਾਲ ਮਨਾਇਆ ਗਿਆ। ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਨੇ ਤਿਰੰਗਾ ਝੰਡਾ ਲਹਿਰਾਇਆ। ਸਮਾਗਮ ਦੌਰਾਨ ਸਿਹਤ, ਸਿੱਖਿਆ ਤੇ ਸਮਾਜ ਸੇਵਾ ਦੇ ਖੇਤਰ ਵਿੱਚ ਵਧੀਆ ਕੰਮ ਕਰਨ ਵਾਲੀਆਂ ਸੰਸਥਾਵਾਂ ਅਤੇ ਵਿਅਕਤੀਆਂ ਨੂੰ ਸਨਮਾਨਿਤ ਕੀਤਾ ਗਿਆ। ਇਸ ਸਮਾਗਮ ਦੌਰਾਨ ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ, ਡਿਪਟੀ ਕਮਿਸ਼ਨਰ ਅਮਰਪ੍ਰੀਤ ਕੌਰ ਸੰਧੂ ਤੇ ਐਸ.ਐਸ.ਪੀ ਗੁਰਮੀਤ ਸਿੰਘ, ਵਿਧਾਇਕ ਨਰਿੰਦਰ ਪਾਲ ਸਿੰਘ ਸਵਨਾ, ਵਿਧਾਇਕ ਜਗਦੀਪ ਕੰਬੋਜ ਗੋਲਡੀ, ਵਿਧਾਇਕ ਅਮਨਦੀਪ ਸਿੰਘ ਗੋਲਡੀ ਮੁਸਾਫਿਰ, ਸਾਬਕਾ ਵਿਧਾਇਕ ਅਰੁਣ ਨਾਰੰਗ ਵੱਲੋਂ ਸਿਹਤ ਵਿਭਾਗ ਫਾਜ਼ਿਲਕਾ ਦੇ ਡਾਕਟਰਾਂ ਤੇ ਸਟਾਫ ਨੂੰ ਸਮਾਜ ਪ੍ਰਤੀ ਉਨ੍ਹਾਂ ਦੀਆਂ ਵਧੀਆ ਸਿਹਤ ਸੇਵਾਵਾਂ ਲਈ ਪ੍ਰਸੰਸਾ ਪੱਤਰ ਦੇ ਕੇ ਸਨਮਾਨਤ ਕੀਤਾ ਗਿਆ। ਸਨਮਾਨਤ ਹੋਣ ਵਾਲਿਆਂ ਵਿਚ ਸੀਨੀਅਰ ਮੈਡੀਕਲ ਅਫਸਰ ਡਾ. ਰੋਹਿਤ ਗੋਇਲ, ਜ਼ਿਲ੍ਹਾ ਟੀਕਾਕਰਨ ਅਫਸਰ ਡਾ. ਅਰਪਿਤ ਗੁਪਤਾ, ਡਿਪਟੀ ਮੈਡੀਕਲ ਕਮਿਸ਼ਨਰ ਡਾ, ਏਰਿਕ , ਹੱਡੀਆਂ ਦੇ ਮਾਹਿਰ ਡਾ. ਨਿਸ਼ਾਂਤ ਸੇਤੀਆ, ਰੋਹਿਤ ਸਚਦੇਵਾ, ਯੁਵਰਾਜ, ਸੰਦੀਪ ਕੌਰ, ਇੰਜੀਨੀਅਰ ਪਾਰਸ ਕਟਾਰੀਆ ਸ਼ਾਮਲ ਸਨ। ਸਨਮਾਨ ਪ੍ਰਾਪਤ ਕਰਨ ਉੱਪਰੰਤ, ਡਾ. ਰੋਹਿਤ ਗੋਇਲ ਨੇ ਆਪਣੀ ਖੁਸ਼ੀ ਪ੍ਰਗਟਾਉਂਦਿਆਂ ਕਿਹਾ, "ਇਹ ਮਾਣ ਸਿਰਫ਼ ਮੇਰਾ ਨਹੀਂ, ਸਗੋਂ ਪੂਰੇ ਸਿਹਤ ਵਿਭਾਗ ਦੀ ਟੀਮ ਦਾ ਹੈ। ਸਾਡੇ ਸਟਾਫ ਨੇ ਦਿਨ-ਰਾਤ ਮਿਹਨਤ ਕਰਕੇ ਲੋਕਾਂ ਨੂੰ ਵਧੀਆ ਸਿਹਤ ਸੇਵਾਵਾਂ ਦੇਣ ਦਾ ਕੰਮ ਕੀਤਾ ਹੈ। ਇਹ ਸਨਮਾਨ ਸਾਡੇ ਲਈ ਹੌਂਸਲਾ ਵਧਾਉਣ ਵਾਲਾ ਹੈ ਅਤੇ ਅਸੀਂ ਆਪਣੀ ਜ਼ਿੰਮੇਵਾਰੀ ਨੂੰ ਹੋਰ ਵੀ ਗੰਭੀਰਤਾ ਨਾਲ ਨਿਭਾਉਣ ਲਈ ਪ੍ਰੇਰਿਤ ਹੋਏ ਹਾਂ। ਡਾ. ਅਰਪਿਤ ਗੁਪਤਾ ਨੇ ਧੰਨਵਾਦ ਪ੍ਰਗਟ ਕਰਦਿਆਂ ਕਿਹਾ ਕਿ ਇਹ ਸਾਡੇ ਲਈ ਇੱਕ ਵੱਡੀ ਪ੍ਰੇਰਣਾ ਹੈ ਕਿ ਅਸੀਂ ਆਪਣੀਆਂ ਸੇਵਾਵਾਂ ਨੂੰ ਹੋਰ ਵੀ ਬਿਹਤਰ ਬਣਾਈਏ। ਉਨ੍ਹਾਂ ਕਿਹਾ ਲੋਕਾਂ ਦੀ ਸਿਹਤ ਦੀ ਸੰਭਾਲ ਸਾਡੇ ਲਈ ਸਿਰਫ਼ ਪੇਸ਼ਾ ਨਹੀਂ, ਸਗੋਂ ਫ਼ਰਜ਼ ਹੈ।

# ਚੇਅਰਮੈਨ ਬਹਿਲ ਤੇ ਸ਼ਰਮਾ ਦੀ ਅਗਵਾਈ ਹੇਠ ਨਗਰ ਸੁਧਾਰ ਟਰੱਸਟ ਨੇ ਪਿੰਡਾਂ ਦੇ ਵਿਕਾਸ ਲਈ ਆਪਣੇ ਖ਼ਜ਼ਾਨੇ ਦੇ ਮੂੰਹ ਖੋਲ੍ਹੇ



ਗੁਰਦਾਸਪੁਰ, 17 ਅਗਸਤ (ਜਗੀਰ ਸਿੰਘ ਮੰਡ/ਕੁਲਜੀਤ ਖੋਖਰ): ਪੰਜਾਬ ਹੈਲਥ ਸਿਸਟਮ ਕਾਰਪੋਰੇਸ਼ਨ ਦੇ ਚੇਅਰਮੈਨ ਰਮਨ ਬਹਿਲ ਤੇ ਨਗਰ ਸੁਧਾਰ ਟਰੱਸਟ ਗੁਰਦਾਸਪੁਰ ਦੇ ਚੇਅਰਮੈਨ ਰਾਜੀਵ ਸ਼ਰਮਾ ਦੀ ਅਗਵਾਈ ਹੇਠ ਨਗਰ ਸੁਧਾਰ ਟਰੱਸਟ ਗੁਰਦਾਸਪੁਰ ਵੱਲੋਂ ਸ਼ਹਿਰ ਵਿਚਲੀਆਂ ਆਪਣੀਆਂ ਕਲੋਨੀਆਂ ਦੇ ਵਿਕਾਸ ਤੋਂ ਬਾਅਦ ਗੁਰਦਾਸਪੁਰ ਸ਼ਹਿਰ ਦੇ ਨਾਲ ਲੱਗਦੇ ਪਿੰਡਾਂ ਦੇ ਵਿਕਾਸ ਲਈ ਵੀ ਆਪਣੇ ਖ਼ਜ਼ਾਨੇ ਦੇ ਮੂੰਹ ਖੋਲ੍ਹ ਦਿੱਤੇ ਹਨ। ਨਗਰ ਸੁਧਾਰ ਟਰੱਸਟ ਗੁਰਦਾਸਪੁਰ ਵੱਲੋਂ ਵਿਧਾਨ ਸਭਾ ਹਲਕਾ ਗੁਰਦਾਸਪੁਰ ਦੇ ਪਿੰਡ ਗੋਹਤ ਪੋਕਰ ਤੇ ਹਯਾਤ ਨਗਰ ਵਿਖੇ 5.42 ਕਰੋੜ ਰੁਪਏ ਦੀ ਲਾਗਤ ਨਾਲ ਵੱਖ-ਵੱਖ ਵਿਕਾਸ ਕਾਰਜ ਕੀਤੇ ਜਾਣਗੇ, ਜਦਕਿ ਟਰੱਸਟ ਵੱਲੋਂ 48.74 ਲੱਖ ਰੁਪਏ ਗੀਤਾ ਭਵਨ ਮੰਦਰ ਤੇ ਹਿੰਦੂ ਯੁਵਕ ਸਭਾ ਰਾਮਲੀਲਾ ਨਾਟਕ ਕਲੱਬ ਦੇ ਵਿਕਾਸ ਉੱਪਰ ਖਰਚ ਕੀਤੇ ਜਾਣਗੇ। ਇਸ ਸਥਾਨਕ ਪੰਚਾਇਤ ਭਵਨ ਵਿਖੇ ਇਨ੍ਹਾਂ ਵਿਕਾਸ ਕਾਰਜਾਂ ਸਬੰਧੀ ਜਾਣਕਾਰੀ ਦਿੰਦਿਆਂ ਚੇਅਰਮੈਨ ਰਮਨ ਬਹਿਲ ਨੇ ਦੱਸਿਆ ਕਿ ਨਗਰ ਸੁਧਾਰ ਟਰੱਸਟ ਵੱਲੋਂ ਵਿਕਾਸ ਕਾਰਜਾਂ ਉੱਪਰ ਕੁੱਲ 5.90 ਕਰੋੜ ਰੁਪਏ ਖ਼ਰਚ ਕੀਤੇ ਜਾ ਰਹੇ ਹਨ ਤੇ ਇਨ੍ਹਾਂ ਵਿਕਾਸ ਕਾਰਜਾਂ ਦੇ ਟੈਂਡਰ ਲੱਗ ਗਏ ਹਨ ਤੇ ਅਗਲੇ ਮਹੀਨੇ ਦੇ ਦੂਸਰੇ ਹਫ਼ਤੇ ਵਿਕਾਸ ਕਾਰਜਾਂ ਦੀ ਸ਼ੁਰੂਆਤ ਕਰ ਦਿੱਤੀ ਜਾਵੇਗੀ। ਚੇਅਰਮੈਨ ਰਮਨ ਬਹਿਲ ਨੇ ਦੱਸਿਆ ਕਿ ਪਿੰਡ ਹਯਾਤ ਨਗਰ ਵਿਖੇ 2.81 ਕਰੋੜ ਰੁਪਏ ਦੀ ਲਾਗਤ ਨਾਲ ਵੱਖ-ਵੱਖ ਵਿਕਾਸ ਕਾਰਜ ਕੀਤੇ ਜਾਣਗੇ, ਜਿਨ੍ਹਾਂ ਵਿੱਚ 1.34 ਕਰੋੜ ਰੁਪਏ ਦੀ ਲਾਗਤ ਨਾਲ ਪਿੰਡ ਦੀਆਂ ਗਲੀਆਂ ਵਿੱਚ ਇੰਟਰਲਾਕ ਟਾਇਲਾਂ ਲਗਾਈਆਂ ਜਾਣਗੀਆਂ। 17.03 ਲੱਖ ਰੁਪਏ ਦੀ ਲਾਗਤ ਨਾਲ ਪਿੰਡ ਵਿੱਚ ਪਾਰਕ ਬਣਾਈ ਜਾਵੇਗੀ। ਪਿੰਡ ਦੇ ਛੱਪੜ ਦੀ ਰੀਟੇਨਿੰਗ ਵਾਲ, ਛੱਪੜ ਦੇ ਆਲੇ-ਦੁਆਲੇ ਇੰਟਰਲਾਕ ਟਾਇਲਾਂ ਤੇ ਲਾਈਟਾਂ ਲਗਾਉਣ ਉੱਪਰ 50 ਲੱਖ ਰੁਪਏ, ਪਿੰਡ ਦੀ ਡਿਸਪੈਂਸਰੀ ਵਿੱਚ ਇੱਕ ਨਵਾਂ ਕਮਰਾ ਬਣਾਉਣ ਲਈ 5 ਲੱਖ ਰੁਪਏ, ਪਿੰਡ ਦੀ ਫਿਰਨੀ ਬਣਾਉਣ ਉੱਪਰ 20 ਲੱਖ ਰੁਪਏ, ਪਿੰਡ ਦੀ ਗਰਾਊਂਡ ਤੇ ਜਿੰਮ ਉੱਪਰ 50 ਲੱਖ ਰੁਪਏ ਤੇ ਪਿੰਡ ਵਿੱਚ ਸਿਮਿੰਟ ਬੈਂਚ ਲਗਾਉਣ ਲਈ 5 ਲੱਖ ਰੁਪਏ ਖ਼ਰਚੇ ਜਾਣਗੇ। ਚੇਅਰਮੈਨ ਰਾਜੀਵ ਸ਼ਰਮਾ ਨੂੰ ਵਧਾਈ ਦਿੰਦਿਆਂ ਸ੍ਰੀ ਬਹਿਲ ਨੇ ਕਿਹਾ ਕਿ ਜੇਕਰ ਟਰੱਸਟ ਦੇ ਇਨ੍ਹਾਂ ਕਿਸਮਿਨਾਰ ਮਿਲਣ ਲੱਗ ਜਾਵੇ ਤਾਂ ਘਾਟੇ ਮੁਨਾਫ਼ੇ ਵਿੱਚ ਬਦਲ ਜਾਂਦੇ ਹਨ। ਉਨ੍ਹਾਂ ਕਿਹਾ ਕਿ ਹੁਣ ਗੁਰਦਾਸਪੁਰ ਟਰੱਸਟ ਮਨਾਫ਼ੇ ਵਾਲੀ ਟਰੱਸਟ ਬਣ ਗਈ ਹੈ। ਇਸ ਮੌਕੇ ਨਗਰ ਸੁਧਾਰ ਟਰੱਸਟ ਗੁਰਦਾਸਪੁਰ ਦੇ ਟਰੱਸਟੀ ਰਘੁਬੀਰ ਸਿੰਘ ਖ਼ਾਲਸਾ, ਹਿਤੇਸ਼ ਮਹਾਜਨ, ਅਜੇ ਬਹਿਲ, ਅਮਨ ਬਹਿਲ, ਸੁੱਚਾ ਸਿੰਘ ਮੁਲਤਾਨੀ, ਕਬੀਰ ਬਹਿਲ ਤੋਂ ਇਲਾਵਾ ਇਲਾਕੇ ਦੇ ਪੰਚ-ਸਰਪੰਚ ਤੇ ਮੋਹਤਬਰ ਹਾਜ਼ਰ ਸਨ।

## 'ਜ਼ਿਲ੍ਹਾ ਪ੍ਰੀਸ਼ਦਾਂ ਤੇ ਪੰਚਾਇਤ ਸੰਮਤੀਆਂ ਚੋਣਾਂ' ਮਤਦਾਤਾ ਸੂਚੀਆਂ ਦਾ ਖਰੜਾ ਪ੍ਰਕਾਸ਼ਨ 19 ਤੇ ਅੰਤਿਮ ਪ੍ਰਕਾਸ਼ਨ 3 ਸਤੰਬਰ ਤੱਕ ਹੋਵੇਗੀ: ਡੀ ਸੀ.



ਗੁਰਦਾਸਪੁਰ, 17 ਅਗਸਤ (ਜਗੀਰ ਸਿੰਘ ਮੰਡ/ਸੁਰਿੰਦਰ ਸਿੰਘ ਬਾਗੜਾ): ਰਾਜ ਚੋਣ ਕਮਿਸ਼ਨ ਪੰਜਾਬ ਨੇ 5 ਅਕਤੂਬਰ, 2025 ਤੱਕ ਹੋਣ ਵਾਲੀਆਂ ਜ਼ਿਲ੍ਹਾ ਪ੍ਰੀਸ਼ਦਾਂ ਤੇ ਪੰਚਾਇਤ ਸੰਮਤੀਆਂ ਦੀਆਂ ਆਮ ਚੋਣਾਂ ਲਈ ਵੋਟਰ ਸੂਚੀਆਂ ਦੇ ਅੱਪਡੇਟ ਲਈ ਸਮਾਂ-ਸਾਰਣੀ ਦਾ ਐਲਾਨ ਕਰ ਦਿੱਤਾ ਹੈ। ਇਸ ਸਬੰਧ ਵਿੱਚ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਗੁਰਦਾਸਪੁਰ ਦਲਵਿੰਦਰਜੀਤ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜ਼ਿਲ੍ਹਾ ਪ੍ਰੀਸ਼ਦ ਗੁਰਦਾਸਪੁਰ ਤੇ 11 ਪੰਚਾਇਤ ਸੰਮਤੀਆਂ ਦੇ ਜ਼ੋਨਾਂ ਦੀਆਂ ਵੋਟਰ ਸੂਚੀਆਂ, ਜੋ ਕਿ ਪਹਿਲਾਂ ਹੀ 3 ਮਾਰਚ, 2025 ਨੂੰ ਪ੍ਰਕਾਸ਼ਿਤ ਹੋਈਆਂ ਸਨ, ਉਨ੍ਹਾਂ ਨੂੰ ਹੁਣ 1 ਸਤੰਬਰ, 2025 ਦੀ ਯੋਗਤਾ ਮਿਤੀ ਨਾਲ ਅੱਪਡੇਟ ਕੀਤਾ ਜਾਵੇਗਾ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਸਾਰੇ ਯੋਗ ਵੋਟਰ ਸ਼ਾਮਲ ਹਨ। ਡੀ.ਸੀ. ਦਲਵਿੰਦਰਜੀਤ ਸਿੰਘ ਨੇ ਕਿਹਾ ਕਿ ਮੌਜੂਦਾ ਵੋਟਰ ਸੂਚੀਆਂ ਦਾ ਖਰੜਾ 19 ਅਗਸਤ ਨੂੰ ਪ੍ਰਕਾਸ਼ਿਤ ਕੀਤਾ ਜਾਵੇਗਾ ਤੇ 20 ਅਗਸਤ ਤੋਂ 27 ਅਗਸਤ, 2025 ਤੱਕ ਦਾਅਵੇ ਤੇ ਇਤਰਾਜ਼ ਦਾਇਰ ਕੀਤੇ ਜਾ ਸਕਦੇ ਹਨ, ਜਿਨ੍ਹਾਂ ਦਾ ਨਿਪਟਾਰਾ 01 ਸਤੰਬਰ, 2025 ਤੱਕ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਵੋਟਰ ਸੂਚੀਆਂ ਦਾ ਅੰਤਿਮ ਪ੍ਰਕਾਸ਼ਨ 03 ਸਤੰਬਰ, 2025 ਤੱਕ ਹੋਵੇਗੀ। ਡੀ.ਸੀ. ਨੇ ਸਾਰੇ ਚੋਣਕਾਰ ਰਜਿਸਟ੍ਰੇਸ਼ਨ ਅਧਿਕਾਰੀਆਂ-ਕਮ-ਸਬ ਡਵੀਜ਼ਨਲ ਮੈਜਿਸਟਰੇਟਾਂ ਨੂੰ ਇਸ ਸ਼ਡਿਊਲ ਦੀ ਸਖ਼ਤੀ ਨਾਲ ਪਾਲਣਾ ਕਰਨ ਦੇ ਨਿਰਦੇਸ਼ ਦਿੱਤੇ ਤਾਂ ਜੋ ਜ਼ਿਲ੍ਹਾ ਪ੍ਰੀਸ਼ਦਾਂ ਤੇ ਪੰਚਾਇਤ ਸੰਮਤੀਆਂ ਹਲਕਿਆਂ ਦੇ ਸਾਰੇ ਯੋਗ ਵੋਟਰ ਇਸ ਪ੍ਰਕਿਰਿਆ ਵਿੱਚ ਹਿੱਸਾ ਲੈ ਸਕਣ।

# ਭੱਠੇ 'ਤੇ ਪਾਣੀ 'ਚ ਡੁੱਬਣ ਨਾਲ 2 ਬੱਚਿਆਂ ਦੀ ਮੌਤ

**☛ਇਸ ਮਾਮਲੇ 'ਚ ਭੱਠਾ ਮਾਲਕਾਂ ਦੀ ਲਾਪ੍ਰਵਾਹੀ ਆਈ ਸਾਹਮਣੇ**



ਡੇਰਾ ਬਾਬਾ ਨਾਨਕ, 17 ਅਗਸਤ (ਹੈਪੀ ਕੰਟਲੀ): ਇਤਿਹਾਸਕ ਕਸਬਾ ਧਿਆਨਪੁਰ ਨਜ਼ਦੀਕੀ ਪਿੰਡ ਚੰਦੂਸੂਜਾ ਦੇ ਭੱਠੇ 'ਤੇ ਇੱਟਾਂ ਬਣਾਉਣ ਦੀ ਵਰਤੋਂ ਲਈ ਪੁੱਟੇ ਹੋਏ ਟੋਏ 'ਚ ਡੁੱਬਣ ਨਾਲ ਦੋ ਬੱਚਿਆਂ ਦੀ ਮੌਤ ਹੋ ਜਾਣ ਦਾ ਮਾਮਲਾ ਸਾਹਮਣੇ ਆਇਆ ਹੈ, ਜਾਣਕਾਰੀ ਦਿੰਦੇ ਹੋਏ ਮ੍ਰਿਤਕ ਬੱਚਿਆਂ ਦੀ ਮਾਂ ਨੇ ਦੱਸਿਆ ਕਿ ਬੀਤੀ 15 ਅਗਸਤ ਸ਼ਾਮ ਨੂੰ ਉਨ੍ਹਾਂ ਦੇ ਦੋਵੇਂ ਬੱਚੇ ਖੇਡ ਰਹੇ ਸਨ ਤੇ ਖੇਡਦੇ-ਖੇਡਦੇ ਉਹ ਗੁੰਮ ਹੋ ਗਏ, ਉਨ੍ਹਾਂ ਵੱਲੋਂ ਬੱਚਿਆਂ ਦੀ ਇਧਰ-ਉਧਰ ਭਾਲ ਕੀਤੀ ਗਈ। ਬੱਚੇ ਉਨ੍ਹਾਂ ਨੂੰ ਨਾ ਮਿਲੇ। ਦੇਰ ਰਾਤ ਉਨ੍ਹਾਂ ਵੱਲੋਂ ਪੁਲਿਸ ਚੌਕੀ ਕਾਲਾ ਅਫ਼ਗਾਨਾ ਵਿਖੇ ਬੱਚਿਆਂ ਦੇ ਗੁੰਮ ਹੋਣ ਦੀ ਸੂਚਨਾ ਦਿੱਤੀ ਗਈ। ਪੁਲਿਸ ਵੱਲੋਂ ਵੀ ਬੱਚਿਆਂ ਦੀ ਕਾਫੀ ਭਾਲ ਕੀਤੀ ਗਈ ਪਰ ਬੱਚੇ ਨਹੀਂ ਮਿਲੇ ਤੇ ਅੱਜ ਕਰੀਬ ਸਵੇਰੇ 9 ਵਜੇ ਦੇ ਨਾਲ ਜਦੋਂ ਉਹ ਬੱਚਿਆਂ ਦੀ ਭਾਲ ਕਰ ਰਹੇ ਸਨ ਤਾਂ ਭੱਠੇ 'ਤੇ ਹੀ ਪਾਣੀ ਨਾਲ ਭਰੇ ਇੱਕ ਟੋਏ ਵਿੱਚੋਂ ਦੋਵਾਂ ਬੱਚਿਆਂ ਦੀਆਂ ਮ੍ਰਿਤਕ ਦੇਹਾਂ ਮਿਲੀਆਂ ਹਨ। ਮ੍ਰਿਤਕ ਬੱਚਿਆਂ ਦੀ ਮਾਂ ਰੱਜੀ ਨੇ ਕਿਹਾ ਕਿ ਜੇਕਰ ਬਰਸਾਤਾਂ ਦੇ ਮੌਸਮ ਕੰਮ ਬੰਦ ਹੋਣ ਕਰਕੇ ਭੱਠਾ ਮਾਲਕ ਵੱਲੋਂ ਖੱਡੇ ਬੰਦ ਕੀਤੇ ਹੁੰਦੇ ਤਾਂ ਉਸਦੇ ਦੋਵੇਂ ਬੱਚੇ 13 ਸਾਲਾ ਪ੍ਰਿੰਸ 10 ਸਾਲਾ ਬੱਚੀ ਲਛਮੀ ਉਨ੍ਹਾਂ ਦੇ ਕੋਲ ਹੁੰਦੇ। ਮ੍ਰਿਤਕ ਬੱਚਿਆਂ ਦੀ ਮਾਂ ਵੱਲੋਂ ਭੱਠਾ ਮਾਲਕ ਦੀ ਲਾਪ੍ਰਵਾਹੀ ਨੂੰ ਬੱਚਿਆਂ ਦਾ ਮੌਤ ਦਾ ਕਸੂਰਵਾਰ ਠਹਿਰਾਇਆ ਜਾ ਰਿਹਾ ਹੈ। ਇਸ ਮਾਮਲੇ ਨੂੰ ਲੈ ਕੇ ਜਾਣਕਾਰੀ ਦਿੰਦਿਆਂ ਭੱਠੇ 'ਤੇ ਕੰਮ ਕਰਦੇ ਕਰਿੰਦੇ ਨੇ ਕਿਹਾ ਕਿ ਉਹ ਸਵੇਰੇ 9 ਵਜੇ ਭੱਠੇ 'ਤੇ ਆਉਂਦੇ ਹਨ ਤੇ ਸ਼ਾਮ 6 ਵਜੇ ਚਲੇ ਜਾਂਦੇ ਹਨ। ਜਮਾਂਦਾਰ ਦੇ ਕਹਿਣ ਸ਼ਾਮ ਤੱਕ ਬੱਚੇ ਠੀਕ-ਠਾਕ ਸਨ। ਭੱਠਾ ਕਰਿੰਦੇ ਨੂੰ ਜਦੋਂ ਖੱਡਾਂ ਬੰਦ ਸਬੰਧੀ ਸਵਾਲ ਜਵਾਬ ਕੀਤਾ ਗਿਆ ਤਾਂ ਉਨ੍ਹਾਂ ਇਹੋ ਜਿਹਾ ਕੋਈ ਇਸ਼ੂ ਨਹੀਂ ਹੈ, ਤਕਰੀਬਨ 40,45 ਸਾਲਾਂ ਤੋਂ ਭੱਠੇ 'ਤੇ ਐਵੇਂ ਹੀ ਖੱਡਾ ਪੁੱਟਿਆ ਹੋਇਆ ਹੈ ਤੇ ਸਾਰਿਆਂ ਭੱਠਿਆਂ 'ਤੇ ਐਵੇਂ ਹੀ ਕੰਮ ਚੱਲਦਾ ਹੈ ਤੇ ਬੱਚੇ ਅਕਸਰ ਹੀ ਭੱਠੇ 'ਤੇ ਖੇਡਦੇ ਰਹਿੰਦੇ ਹਨ ਤੇ ਪਰਿਵਾਰ ਦਾ ਵੀ ਫ਼ਰਜ਼ ਬਣਦਾ ਹੈ ਕਿ ਉਹ ਆਪਣੇ ਬੱਚਿਆਂ ਦਾ ਧਿਆਨ ਰੱਖਣ। ਉਨ੍ਹਾਂ ਕਿਹਾ ਕਿ ਇਨ੍ਹਾਂ ਬੱਚਿਆਂ ਦੇ ਪਿਤਾ ਦੀ ਐਕਸੀਡੈਂਟ ਵਿੱਚ ਮੌਤ ਹੋ ਚੁੱਕੀ ਹੈ ਤੇ ਹਮਦਰਦੀ ਦੇ ਤੌਰ 'ਤੇ ਇਨ੍ਹਾਂ ਨੂੰ ਘਰ-ਬਾਰ ਨਾ ਹੋਣ ਕਰਕੇ ਨੂੰ ਭੱਠੇ 'ਤੇ ਰੱਖਿਆ ਗਿਆ ਸੀ। ਕਿਉਂਕਿ ਇਨ੍ਹਾਂ ਦੇ ਰਿਸ਼ਤੇਦਾਰ ਸਾਡੇ ਕੋਲ ਭੱਠੇ 'ਤੇ ਕੰਮ ਕਰਦੇ ਹਨ, ਕੱਲ੍ਹ ਪਰਿਵਾਰ ਦੀ ਸਹਿਮਤੀ ਨਾਲ ਮ੍ਰਿਤਕ ਬੱਚਿਆਂ ਦਾ ਅੰਤਿਮ ਸਸਕਾਰ ਕੀਤਾ ਗਿਆ ਹੈ। ਇਸ ਮਾਮਲੇ ਨੂੰ ਪੁਲਿਸ ਚੌਂਕੀ ਕਾਲਾ ਅਫਗਾਨਾ ਦੇ ਅਧਿਕਾਰੀਆਂ ਵੱਲੋਂ ਕਾਨੂੰਨੀ ਅਨੁਸਾਰ ਬਣਦੀ ਕਾਰਵਾਈ ਕਰਨ ਦੀ ਗੱਲ ਆਖੀ ਗਈ।

# 79ਵੇਂ ਆਜ਼ਾਦੀ ਦਿਹਾੜੇ ਮੌਕੇ ਰਘਬੀਰ ਸਿੰਘ ਬਡਵਾਲ ਹੋਏ ਸਨਮਾਨਤ



ਗੁਰਦਾਸਪੁਰ, 17 ਅਗਸਤ (ਜਗੀਰ ਸਿੰਘ ਮੰਡ/ਨਾਹਰ): ਸਰਕਾਰੀ ਕਾਲਜ ਗੁਰਦਾਸਪੁਰ ਦੇ ਸ਼ਹੀਦ ਲੈਫ਼ਟੀਨੈਂਟ ਨਵਦੀਪ ਸਿੰਘ ਖੇਡ ਸਟੇਡੀਅਮ ਵਿਖੇ 79ਵਾਂ ਆਜ਼ਾਦੀ ਦਿਹਾੜਾ ਪੂਰੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਸੂਬੇ ਦੇ ਮਾਲ, ਮੁੜ ਵਸੇਬਾ ਤੇ ਆਫ਼ਤ ਪ੍ਰਬੰਧਨ, ਜਲ ਸਪਲਾਈ ਤੇ ਸੈਨੀਟੇਸ਼ਨ, ਮਕਾਨ ਉਸਾਰੀ ਤੇ ਸ਼ਹਿਰੀ ਵਿਕਾਸ ਮੰਤਰੀ ਹਰਦੀਪ ਸਿੰਘ ਮੁੰਡੀਆਂ ਵੱਲੋਂ ਮੁੱਖ ਮਹਿਮਾਨ ਵਜੋਂ ਗੁਰਦਾਸਪੁਰ ਵਿਖੇ ਪਹੁੰਚ ਕੇ ਕੌਮੀ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ ਗਈ। ਸਭ ਤੋਂ ਪਹਿਲਾਂ ਕੈਬਨਿਟ ਮੰਤਰੀ ਵੱਲੋਂ ਸ਼ਹੀਦ ਲੈਫ਼ਟੀਨੈਂਟ ਨਵਦੀਪ ਸਿੰਘ ਦੇ ਬੁੱਤ ਤੇ ਸ਼ਹੀਦ ਗੈਲਰੀ ਵਿਖੇ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਉਪਰੰਤ ਉਨ੍ਹਾਂ ਨੇ ਸੰਬੋਧਨ ਦੌਰਾਨ ਗੁਰਦਾਸਪੁਰ ਦੇ ਸਮੂਹ ਵਾਸੀਆਂ ਨੂੰ ਆਜ਼ਾਦੀ ਦਿਹਾੜੇ ਦੀ ਵਧਾਈ ਦਿੱਤੀ। ਇਸ ਮੌਕੇ ਆਜ਼ਾਦੀ ਦਿਵਸ 'ਤੇ ਜ਼ਿਲ੍ਹਾ ਪੱਧਰੀ ਸਮਾਗਮ ਵਿੱਚ ਲੋਕ ਸੰਪਰਕ ਵਿਭਾਗ ਗੁਰਦਾਸਪੁਰ ਵਿੱਚ ਕੰਮ ਕਰਦੇ ਸੁਪਰਡੈਂਟ ਰਘਬੀਰ ਸਿੰਘ ਬਡਵਾਲ ਨੂੰ ਮਹਿਕਮੇ ਵਿੱਚ ਵਧੀਆ ਸੇਵਾਵਾਂ ਦੇਣ ਬਦਲੇ ਕੈਬਨਿਟ ਮੰਤਰੀ ਪੰਜਾਬ ਹਰਦੀਪ ਸਿੰਘ ਮੁੰਡੀਆਂ ਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਨਮਾਨਤ ਕੀਤਾ ਗਿਆ।

# ਮੰਦਰ ਬਾਬਾ ਨਿਰਮਲ ਸ਼ਾਹ ਨਵਾਂਗਰਾਂ ਵਿਖੇ ਜਨਮ ਅਸ਼ਟਮੀ ਮੌਕੇ ਸਾਲਾਨਾ ਜੋੜ ਮੇਲਾ ਲੱਗਿਆ



ਕਾਠਗੜ੍ਹ, 17 ਅਗਸਤ (ਸੁਖਜੀਤ ਭਾਟੀਆ): ਜਨਮ ਅਸ਼ਟਮੀ ਮੌਕੇ ਮੰਦਰ ਬਾਬਾ ਨਿਰਮਲ ਸ਼ਾਹ ਨਵਾਂਗਰਾਂ ਵਿਖੇ 46ਵਾਂ ਸਾਲਾਨਾ ਜੋੜ ਮੇਲਾ ਲੱਗਿਆ। ਇਸ ਮੌਕੇ ਪਹਿਲਾਂ ਸਵੇਰੇ ਹਵਨ ਪੂਜਾ ਹੋਈ ਤੇ ਫਿਰ ਝੰਡਾ ਚੜ੍ਹਾਉਣ ਦੀ ਰਸਮ ਅਦਾ ਕੀਤੀ ਗਈ। ਇਸ ਮੇਲੇ ਦੌਰਾਨ ਸੰਤੋਸ਼ ਕਟਾਰੀਆ ਵਿਧਾਇਕਾ ਬਲਾਚੌਰ, ਅਜੇ ਕੁਮਾਰ ਮੰਗੂਪੁਰ ਜ਼ਿਲ੍ਹਾ ਪ੍ਰਧਾਨ ਕਾਂਗਰਸ ਕਮੇਟੀ ਤੇ ਬ੍ਰਿਗੇਡੀਅਰ ਰਾਜ ਕੁਮਾਰ ਚੇਅਰਮੈਨ ਗੁੱਜਰ ਭਲਾਈ ਬੋਰਡ ਨੇ ਵਿਸ਼ੇਸ਼ ਤੌਰ 'ਤੇ ਹਾਜ਼ਰ ਲਗਾਈ ਤੇ ਸਮੂਹ ਸੰਗਤਾਂ ਨੂੰ ਭਗਵਾਨ ਸ੍ਰੀ ਕ੍ਰਿਸ਼ਨ ਜੀ ਦੇ ਜਨਮ ਦਿਵਸ ਦੀ ਵਧਾਈ ਦਿੰਦੇ ਹੋਏ ਕਿਹਾ ਕਿ ਸਾਨੂੰ ਮਹਾਂਪੁਰਸ਼ਾਂ ਦੇ ਦਰਸਾਏ ਰਸਤੇ 'ਤੇ ਚੱਲ ਕੇ ਆਪਣਾ ਜੀਵਨ ਸਫਲ ਬਣਾਉਣਾ ਚਾਹੀਦਾ ਹੈ। ਇਸ ਮੌਕੇ ਪੰਜਾਬ ਦੇ ਨਾਮਵਰ ਪੰਜਾਬੀ ਗਾਇਕ ਕਾਸੀ ਨਾਥ ਨੇ ਸ਼ਾਨਦਾਰ ਪ੍ਰੋਗਰਾਮ ਪੇਸ਼ ਕਰਕੇ ਦਰਸ਼ਕਾਂ ਦਾ ਭਰਪੂਰ ਮਨੋਰੰਜਨ ਕੀਤਾ। ਇਸ ਮੌਕੇ ਮਿਸਤਰੀ ਭਾਈਚਾਰੇ ਵੱਲੋਂ ਆਇਸਕਰੀਮ, ਕਰੀਮਪੁਰ ਚਾਹਵਾਲਾ ਵਾਸੀਆਂ ਵੱਲੋਂ ਬਨਾਨਾ ਸ਼ੇਕ ਤੇ ਠੰਡੇ ਦੀ ਛਬੀਲ, ਕਮਲਜੀਤ ਕਾਕਾ ਤੇ ਪ੍ਰਵੀਨ ਪੀਨੂ ਵੱਲੋਂ ਲੱਸੀ ਤੇ ਮੋਹਿਤ ਭਾਟੀਆ ਆਸਟ੍ਰੇਲੀਆ, ਧੀਰਜ ਲੱਕੀ ਨਿਊਜ਼ੀਲੈਂਡ ਤੇ ਰਾਹੁਲ ਕੈਨੇਡਾ ਵੱਲੋਂ ਫਰੂਟੀਆਂ ਦਾ ਲੰਗਰ, ਕਮੇਟੀ ਵੱਲੋਂ ਜਲੇਬੀਆ ਦਾ ਲੰਗਰ ਲਗਾਇਆ ਗਿਆ। ਇਸ ਮੌਕੇ ਮਾਸਟਰ ਮੇਹਰ ਚੰਦ ਹੱਕਲਾ ਸਾਬਕਾ ਸਰਪੰਚ, ਨੰਬਰਦਾਰ ਬਲਵੀਰ ਸਿੰਘ ਭਾਟੀਆ, ਸੋਹਣ ਲਾਲ ਭੂੰਬਲਾ, ਕਮਲ ਭਾਟੀਆ ਸਰਪੰਚ, ਮਨੋਹਰ ਲਾਲ ਭਾਟੀਆ ਸਾਬਕਾ ਸਰਪੰਚ, ਸੂਰਜ ਪ੍ਰਕਾਸ਼, ਕਮਲ ਭਾਟੀਆ ਮੈਨੇਜਰ, ਮਾਸਟਰ ਮਹਿੰਦਰ ਪਾਲ ਹੱਕਲਾ, ਮਾਸਟਰ ਖੁਸ਼ਬੀਰ ਚੰਦ ਭਾਟੀਆ, ਮਾਸਟਰ ਸੁਰਜੀਤ ਸਿੰਘ ਹੱਕਲਾ, ਰਿਟਾ. ਡੀ.ਐਸ.ਪੀ. ਰਾਮ ਸਰੂਪ ਭਾਟੀਆ, ਏ.ਐਸ.ਆਈ. ਰਮਨ ਕੁਮਾਰ ਭਾਟੀਆ, ਰਾਮ ਸਰੂਪ ਭੂੰਬਲਾ, ਥਾਣੇਦਾਰ ਹਰਮੇਸ਼ ਲਾਲ ਭਾਟੀਆ, ਥਾਣੇਦਾਰ ਕ੍ਰਿਸ਼ਨ ਲਾਲ ਪੰਚ, ਏ.ਐਸ.ਆਈ. ਸੋਹਣ ਲਾਲ ਸੇਠੀ, ਏ.ਐਸ.ਆਈ. ਜਸਵਿੰਦਰ ਕਾਲਾ, ਮਾਸਟਰ ਦਵਿੰਦਰ ਪਾਲ ਭਾਟੀਆ, ਮਾਸਟਰ ਸਤੀਸ਼ ਕੁਮਾਰ, ਮਨੋਹਰ ਲਾਲ ਸਟੈਨੋ, ਕੈਪਟਨ ਕੁਲਦੀਪ ਸਿੰਘ, ਮਾਸਟਰ ਨਰਿੰਦਰ ਸਿੰਘ, ਰਵੀ ਕੁਮਾਰ ਭਾਟੀਆ, ਰਾਕੇਸ਼ ਕੁਮਾਰ ਦੇਵਗਨ, ਮਾਸਟਰ ਵਿਜੇ ਕੁਮਾਰ ਆਦਿ ਸਮੇਤ ਸਮੂਹ ਨਗਰ ਨਿਵਾਸੀ ਹਾਜ਼ਰ ਸਨ।

# ਬਾਬਾ ਨਾਮਦੇਵ ਯੂਨੀਵਰਸਿਟੀ ਵਿਖੇ ਮਨਾਇਆ ਤੀਆਂ ਦਾ ਤਿਉਹਾਰ



ਘੁਮਾਣ/ਸ੍ਰੀ ਹਰਗੋਬਿੰਦਪੁਰ ਸਾਹਿਬ, 17 ਅਗਸਤ (ਡਾ. ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ): ਗੁਰੂ ਨਾਨਕ ਦੇਵ ਯੂਨੀਵਰਸਿਟੀ ਦੁਆਰਾ ਚਲਾਈ ਜਾ ਰਹੀ ਸੰਸਥਾ ਬਾਬਾ ਨਾਮਦੇਵ ਯੂਨੀਵਰਸਿਟੀ ਕਾਲਜ ਕਿਸ਼ਨਕੋਟ ਵਿਖੇ ਪ੍ਰਿੰਸੀਪਲ ਡਾ. ਵੀ.ਕੇ.ਸਿੰਘ ਦੀ ਰਹਿਨੁਮਾਈ ਹੇਠ ਕੋ-ਆਰਡੀਨੇਟਰ ਪ੍ਰੋਫੈਸਰ ਸੰਦੀਪ ਕੌਰ (ਅੰਗਰੇਜ਼ੀ ਵਿਭਾਗ) ਦੇ ਸਹਿਯੋਗ ਨਾਲ 'ਤੀਆਂ ਦਾ ਤਿਉਹਾਰ' ਮਨਾਇਆ ਗਿਆ। ਜਿਸ ਵਿੱਚ ਡਾ. ਸ਼ਸ਼ੀ ਬਾਲਾ (ਪ੍ਰਿੰਸੀਪਲ ਗੌਰਮਿੰਟ ਕਾਲਜ ਟਾਂਡਾ) ਨੇ ਮੁੱਖ ਮਹਿਮਾਨ ਵਜੋਂ, ਪ੍ਰੋਫੈਸਰ ਰਮਿੰਦਰਜੀਤ ਕੌਰ ਤੇ ਕੁਲਵੰਤ ਕੌਰ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ। ਕਾਲਜ ਪਹੁੰਚਣ 'ਤੇ ਉਨ੍ਹਾਂ ਦਾ 'ਢੋਲ 'ਤੇ ਬੋਲੀਆਂ ਪਾ ਕੇ' ਵਿਦਿਆਰਥਣਾਂ ਦੁਆਰਾ ਨਿੱਘਾ ਸਵਾਗਤ ਕੀਤਾ ਗਿਆ ਤੇ ਉਨ੍ਹਾਂ ਨੇ ਫੈਸ਼ਨ ਡਿਜ਼ਾਇਨਿੰਗ ਵਿਭਾਗ ਦੁਆਰਾ ਲਗਾਈ ਗਈ ਪ੍ਰਦਰਸ਼ਨੀ ਦਾ ਜਾਇਜ਼ਾ ਲਿਆ। ਪ੍ਰੋਗਰਾਮ ਦੀ ਸ਼ੁਰੂਆਤ ਸਮੇਂ ਪ੍ਰੋ. ਕਰਮਜੀਤ ਕੌਰ ਤੇ ਪ੍ਰੋ. ਲਵਪ੍ਰੀਤ ਕੌਰ ਦੁਆਰਾ ਸਭ ਨੂੰ ਤੀਆਂ ਦੇ ਤਿਉਹਾਰ ਦੀ ਵਧਾਈ ਦਿੱਤੀ ਗਈ। ਇਸ ਮੌਕੇ ਪ੍ਰਿੰਸੀਪਲ ਨੇ ਵੀ ਆਏ ਹੋਏ ਮਹਿਮਾਨਾਂ ਨੂੰ 'ਜੀ ਆਇਆਂ' ਆਖਿਆ ਤੇ ਤੀਆਂ ਦੇ ਤਿਉਹਾਰ ਬਾਰੇ ਆਪਣੇ ਕੀਮਤੀ ਵਿਚਾਰ ਪ੍ਰਗਟ ਕੀਤੇ। ਪ੍ਰੋ. ਸੁਖਵਿੰਦਰ ਕੌਰ ਦੁਆਰਾ ਤੀਆਂ ਦੇ ਇਤਿਹਾਸ ਤੇ ਮਹੱਤਤਾ ਬਾਰੇ ਵਿਦਿਆਰਥੀਆਂ ਨੂੰ ਜਾਣੂ ਕਰਵਾਇਆ ਗਿਆ। ਇਸ ਉਪਰੰਤ 'ਤੀਆਂ ਧੀਆਂ ਦੀਆਂ' ਵਿਸ਼ੇ 'ਤੇ ਡਾ. ਸ਼ਸ਼ੀ ਬਾਲਾ ਨੇ ਆਪਣੇ ਵਡਮੁੱਲੇ ਵਿਚਾਰ ਪੇਸ਼ ਕੀਤੇ ਤੇ ਆਪਣਾ ਵਿਰਸਾ, ਆਪਣਾ ਸੱਭਿਆਚਾਰ ਸੰਭਾਲਣ ਲਈ ਵਿਦਿਆਰਥੀਆਂ ਨੂੰ ਪ੍ਰੇਰਿਤ ਕੀਤਾ। ਅੰਤ ਵਿੱਚ ਪ੍ਰੋ. ਸੰਦੀਪ ਕੌਰ ਅੰਗਰੇਜ਼ੀ ਵਿਭਾਗ ਨੇ ਸਾਰਿਆਂ ਦਾ ਧੰਨਵਾਦ ਕੀਤਾ। ਇਸ ਮੌਕੇ ਪ੍ਰੋ. ਸ਼ਮਸ਼ੇਰ ਸਿੰਘ, ਪ੍ਰੋ. ਲਖਵਿੰਦਰ ਕੌਰ, ਪ੍ਰੋ. ਧੀਰਜਗਿਰੀ, ਪ੍ਰੋ. ਰਾਜਵਿੰਦਰ ਸਿੰਘ ਰਿਆੜ, ਪ੍ਰੋ. ਮੀਨਾਕਸ਼ੀ, ਪ੍ਰੋ. ਨਵਨੀਤ ਕੌਰ, ਪ੍ਰੋ. ਗੁਰਨੀਰ ਕੌਰ, ਪ੍ਰੋ. ਸੰਦੀਪ ਕੌਰ, ਪ੍ਰੋ. ਮਨਦੀਪ ਕੌਰ, ਪ੍ਰੋ. ਦਲਜੀਤ ਕੌਰ, ਪ੍ਰੋ. ਗੁਰਪ੍ਰੀਤ ਕੌਰ, ਪ੍ਰੋ. ਨਵਜੋਤ ਕੌਰ, ਪ੍ਰੋ. ਰਾਜਵਿੰਦਰ ਕੌਰ, ਪ੍ਰੋ. ਨਿਧੀ ਭੱਲਾ, ਪ੍ਰੋ. ਕਿਰਨਜੀਤ ਕੌਰ, ਪ੍ਰੋ. ਸਿਮਰਨ ਕੌਰ, ਪ੍ਰੋ. ਕਿਰਨਪ੍ਰੀਤ ਕੌਰ, ਪ੍ਰੋ. ਅਮਰਪ੍ਰੀਤ ਸਿੰਘ, ਪ੍ਰੋ. ਹਰਦਵਿੰਦਰ ਸਿੰਘ, ਪ੍ਰੋ. ਰੋਹਨ ਬਜਾਜ, ਪ੍ਰੋ. ਰਵਨੀਤ ਕੌਰ, ਗੁਰਪ੍ਰੀਤ ਸਿੰਘ ਤੇ ਸਨੀ ਬਮੋਤਰਾ ਆਦਿ ਹਾਜ਼ਰ ਰਹੇ।

# ਨਵ-ਨਿਯੁਕਤ ਚੇਅਰਮੈਨ ਤੇ ਜ਼ਿਲ੍ਹਾ ਪ੍ਰਧਾਨ ਜੋਬਨ ਰੰਧਾਵਾ ਦੇ ਅੱਚਲ ਸਾਹਿਬ ਪਹੁੰਚਣ 'ਤੇ 'ਆਪ' ਆਗੂਆਂ ਵੱਲੋਂ ਸਵਾਗਤ



ਬਟਾਲਾ, 17 ਅਗਸਤ (ਬਲਵਿੰਦਰ ਸਿੰਘ ਪੰਜਗਰਾਈਂ/ਧੰਨਪਾਲ ਸਿੰਘ ਕਲਸੀ): ਯੋਜਨਾ ਬੋਰਡ ਗੁਰਦਾਸਪੁਰ ਦੇ ਨਵ-ਨਿਯੁਕਤ ਚੇਅਰਮੈਨ ਤੇ ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਜੋਬਨ ਰੰਧਾਵਾ ਦੇ ਗੁਰਦੁਆਰਾ ਅੱਚਲ ਸਾਹਿਬ ਪਹੁੰਚਣ 'ਤੇ ਹਲਕੇ ਦੇ ਆਮ ਆਦਮੀ ਪਾਰਟੀ ਦੇ ਬਲਾਕ ਪ੍ਰਧਾਨ ਹਰਜੀਤ ਸਿੰਘ ਖੋਜੇਵਾਲ, ਬਲਾਕ ਪ੍ਰਭਾਰੀ ਸਾਬਕਾ ਇੰਸ. ਦਲਜੀਤ ਸਿੰਘ ਬਹਾਦਰ ਹੁਸੈਨ, ਗੁਰਜੀਤ ਸਿੰਘ ਨੱਤ ਡੇਅਰੀ ਵਾਲੇ ਤੇ ਡਾ. ਸੁਖਵਿੰਦਰ ਸਿੰਘ ਸੁੱਖ ਨੱਤ ਆਦਿ ਆਗੂਆਂ ਨੇ ਫੁੱਲਾਂ ਦਾ ਗੁਲਦਸਤਾ ਭੇਟ ਕਰਕੇ ਨਿੱਘਾ ਸਵਾਗਤ ਕੀਤਾ। ਇਸ ਮੌਕੇ ਜੋਬਨ ਰੰਧਾਵਾ ਨੇ ਕਿਹਾ ਕਿ ਇੱਥੇ ਆਉਣ ਦਾ ਮੇਰਾ ਕੋਈ ਪੋਲੀਟੀਕਲ ਏਜੰਡਾ ਨਹੀਂ ਹੈ ਮੈਂ ਤਾਂ ਗੁਰੂ ਨਾਨਕ ਸਾਹਿਬ ਦੀ ਚਰਨ ਛੋਹ ਪ੍ਰਾਪਤ, ਇਸ ਪਵਿੱਤਰ ਧਰਤੀ ਨੂੰ ਸਿਜਦਾ ਕਰਨ ਵਾਸਤੇ ਆਇਆ ਹਾਂ, ਜਿੱਥੇ ਮਨੁੱਖਤਾ ਦੇ ਰਹਿਬਰ, ਕੁੱਲ ਲੋਕਾਈ ਦੇ ਪਾਲਣਹਾਰ, ਸ੍ਰੀ ਗੁਰੂ ਨਾਨਕ ਸਾਹਿਬ ਨੇ ਸਿੱਧਾਂ ਨੂੰ ਤਰਕ ਨਾਲ, ਦਲੀਲਾਂ ਨਾਲ ਸੱਚ ਦੇ ਮਾਰਗ ਦੇ ਪਾਂਧੀ ਬਣਾਇਆ ਸੀ। ਇਸ ਮੌਕੇ ਆਮ ਆਦਮੀ ਪਾਰਟੀ ਦੇ ਆਗੂਆਂ ਵੱਲੋਂ ਦਿੱਤੀਆਂ ਜਾ ਰਹੀਆਂ ਵਧਾਈਆਂ ਕਬੂਲਦਿਆਂ ਹੋਇਆਂ ਰੰਧਾਵਾ ਨੇ ਕਿਹਾ ਕਿ ਪਾਰਟੀ ਨੇ ਮੈਨੂੰ ਜ਼ਿਲ੍ਹਾ ਪ੍ਰਧਾਨ ਬਣਾਇਆ ਸੀ ਮੈਂ ਇਮਾਨਦਾਰੀ ਨਾਲ ਕੰਮ ਕੀਤਾ, ਹੁਣ ਪਾਰਟੀ ਨੇ ਜ਼ਿਲ੍ਹਾ ਪਲਾਨਿੰਗ ਬੋਰਡ ਦੀ ਜੋ ਜ਼ਿੰਮੇਵਾਰੀ ਸੌਂਪੀ ਹੈ, ਕੋਸ਼ਿਸ਼ ਕਰਾਂਗੇ ਕਿ ਇਸ ਜ਼ਿੰਮੇਵਾਰੀ ਨੂੰ ਵੀ ਪੂਰੀ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਇਆ ਜਾਵੇ। ਇਸ ਮੌਕੇ ਬਲਾਕ ਪ੍ਰਧਾਨ ਹਰਜੀਤ ਸਿੰਘ ਖੋਜੇਵਾਲ, ਸਾਬਕਾ ਇੰਸਪੈਕਟਰ ਦਲਜੀਤ ਸਿੰਘ ਤੋਂ ਇਲਾਵਾ ਭੁਪਿੰਦਰ ਸਿੰਘ, ਸੰਜੀਵ ਕੁਮਾਰ, ਸਰਪੰਚ ਮੇਜਰ ਸਿੰਘ, ਪੰਚ ਬਚਨ ਸਿੰਘ, ਪੰਚ ਕੇਵਲ ਸਿੰਘ, ਮਨਪ੍ਰੀਤ ਸਿੰਘ, ਗਾਇਕ ਨੂਰੀ ਚਾਹਲ ਤੇ ਹੋਰ ਅਨੇਕਾਂ ਵਲੰਟੀਅਰ ਤੇ ਆਗੂ ਮੌਜੂਦ ਸਨ।

# ਮੰਦਰ ਨਾਨਕ ਚੱਕ ਵਿਖੇ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਮਨਾਈ



ਫਤਹਿਗੜ੍ਹ ਚੂੜੀਆਂ, 17 ਅਗਸਤ (ਰਾਜਨ ਸ਼ਰਮਾ): ਫਤਹਿਗੜ੍ਹ ਚੂੜੀਆਂ ਤੋਂ ਕੁਝ ਹੀ ਦੂਰੀ ਉੱਤੇ ਪ੍ਰਸਿੱਧ ਮੰਦਰ ਨਾਨਕ ਚੱਕ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਮਨਾਈ ਗਈ। ਜਿਸ ਵਿੱਚ ਮੰਦਰ ਨਾਨਕ ਚੱਕ ਦੇ ਮਹੰਤ ਹਰੀਕੁੰਭ ਦਾਸ ਨੇ ਮੰਦਰ ਨਾਨਕ ਚੱਕ ਵਿਖੇ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦੇ ਸ਼ੁਭ ਅਵਸਰ 'ਤੇ ਕੇਕ ਕੱਟਿਆ। ਉਨ੍ਹਾਂ ਇਹ ਦੱਸਿਆ ਕਿ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦੇਸ਼ ਭਰ ਵਿੱਚ ਬਹੁਤ ਹੀ ਧੂਮ ਧਾਮ ਦੇ ਨਾਲ ਮਨਾਈ ਜਾਂਦੀ ਹੈ ਤੇ ਰਾਤ ਦੇ 12 ਵਜੇ ਸ੍ਰੀ ਕ੍ਰਿਸ਼ਨ ਭਗਵਾਨ ਜੀ ਦਾ ਅਵਤਾਰ ਹੁੰਦਾ ਹੈ। ਇਸ ਮੌਕੇ ਮਹੰਤ ਹਰੀ ਕੁੰਭ ਦਾਸ, ਰਵਿੰਦਰ ਮੁਨੀ, ਰੰਮੀ, ਜੱਸ ਲੋਧੀ ਨੰਗਲ, ਰਣਜੋਤ ਸਿੰਘ ਘਣੀਏ ਕੇ ਬਾਂਗਰ, ਪ੍ਰਿੰਸ ਘਣੀਏ ਕੇ ਬਾਂਗਰ, ਮੰਨਾ ਸੀੜਾ, ਢੱਲਾ, ਦੀਪੂ, ਮਨਪ੍ਰੀਤ, ਅੰਮ੍ਰਿਤ ਪਾਲ, ਸ਼ੈਂਕੀ, ਜੋਬਨ ਡੁਲਟ, ਜਸ਼ਨ ਕੋਟਲਾ, ਧਰਮਵੀਰ, ਸੰਦੀਪ ਬੇਦੀ, ਨੀਰਜ ਬੇਦੀ, ਕੁਲਦੀਪ ਪੇਂਟਰ, ਸਾਬਾ, ਹੀਰਾ ਸਿੰਘ, ਜਗਪ੍ਰੀਤ, ਤੋਂ ਇਲਾਵਾ ਮੰਦਰ ਨਾਨਕ ਚੱਕ ਦੇ ਸੇਵਾਦਾਰ ਤੇ ਛੋਟੇ-ਛੋਟੇ ਬੱਚੇ ਵੀ ਹਾਜ਼ਰ ਸਨ।

# ਸ੍ਰੀ ਗੁਰੂ ਰਾਮਦਾਸ ਨਰਸਿੰਗ ਇੰਸਟੀਚਿਊਟ ਪੰਧੇਰ ਵਿਖੇ ਅੰਤਰਰਾਸ਼ਟਰੀ ਯੁਵਾ ਦਿਵਸ ਮਨਾਇਆ




ਬਟਾਲਾ, 17 ਅਗਸਤ (ਸੁਖਦੇਵ ਸਿੰਘ ਰੰਧਾਵਾ/ਬਲਬੀਰ ਸੋਹਲ): ਸ੍ਰੀ ਗੁਰੂ ਰਾਮਦਾਸ ਨਰਸਿੰਗ ਇੰਸਟੀਚਿਊਟ ਪੰਧੇਰ ਵਿਖੇ ਅੰਤਰਰਾਸ਼ਟਰੀ ਯੁਵਾ ਦਿਵਸ ਪੂਰੇ ਉਤਸ਼ਾਹ ਨਾਲ ਮਨਾਇਆ ਗਿਆ। ਕਾਲਜ ਦੇ ਮੈਨੇਜਿੰਗ ਡਾਇਰੈਕਟਰ ਅਵਤਾਰ ਸਿੰਘ ਕੰਗ ਤੇ ਪ੍ਰਿੰਸੀਪਲ ਹਰਜਿੰਦਰ ਪਾਲ ਕੌਰ ਕੰਗ ਦੀ ਅਗਵਾਈ ਹੇਠ ਰਿਬਨ ਕਲੱਬ ਦੀ ਸਹਾਇਤਾ ਨਾਲ ਇਹ ਯੁਵਾ ਦਿਵਸ ਕਾਲਜ ਦੇ ਸੈਮੀਨਾਰ ਹਾਲ ਵਿੱਚ ਮਨਾਇਆ ਗਿਆ। ਇਸ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਸ੍ਰੀ ਗੁਰੂ ਰਾਮਦਾਸ ਕਾਲਜ ਆਫ ਐਜੂਕੇਸ਼ਨ ਦੇ ਪ੍ਰਿੰਸੀਪਲ ਡਾ. ਮੀਨੂੰ ਚੌਧਰੀ ਹਾਜ਼ਰ ਹੋਏ। ਉਨ੍ਹਾਂ ਨੇ ਸੰਬੋਧਨ ਕਰਦੇ ਹੋਏ ਕਿਹਾ ਕਿ ਨੌਜਵਾਨ ਦੇਸ਼ ਦੀ ਸਭ ਤੋਂ ਵੱਡੀ ਤਾਕਤ ਹੁੰਦੇ ਹਨ। ਯੁਵਾ ਦਿਵਸ ਦਾ ਮੁੱਖ ਮਕਸਦ ਸਮਾਜਿਕ, ਆਰਥਿਕ, ਰਾਜਨੀਤਿਕ, ਧਾਰਮਿਕ, ਦੇਸ਼ ਦੇ ਵਿਕਾਸ ਦੇ ਮੁੱਦਿਆਂ ਉੱਪਰ ਗੰਭੀਰਤਾ ਨਾਲ ਵਿਚਾਰਾਂ ਤੇ ਚਰਚਾ ਕਰਨਾ ਹੈ। ਇਸ ਸਮਾਗਮ ਵਿੱਚ ਭਾਸ਼ਣ ਤੇ ਪੇਂਟਿੰਗ ਮੁਕਾਬਲੇ ਕਰਵਾਏ ਗਏ ਤੇ ਮੁੱਖ ਮਹਿਮਾਨ ਡਾ. ਮੀਨੂੰ ਚੌਧਰੀ ਵੱਲੋਂ ਵਿਦਿਆਰਥੀਆਂ ਦੀ ਸ਼ਲਾਘਾ ਕਰਦੇ ਹੋਏ ਉਨ੍ਹਾਂ ਨੂੰ ਇਨਾਮ ਦਿੱਤੇ ਗਏ। ਇਸ ਮੌਕੇ ਨਰਸਿੰਗ ਕਾਲਜ ਦਾ ਸਟਾਫ ਸ਼ਿਫਾਲੀ, ਪ੍ਰਭਜੋਤ ਕੌਰ, ਅਰਪਨਦੀਪ ਕੌਰ, ਅਵਨੀਤ ਕੌਰ, ਕਵਿਤਾ ਰੋਬਰਟ, ਹਰਮਨ ਕੌਰ, ਨੇਹਾ, ਮਨਿੰਦਰ ਕੌਰ ਤੇ ਸਮੂਹ ਸਟਾਫ ਮੈਂਬਰ ਆਦਿ ਹਾਜ਼ਰ ਸਨ।

# ਲਿਵਾਸਾ ਹਸਪਤਾਲ ਵਿਖੇ ਮਾਈਕ੍ਰੋ ਵਾਸਕੁਲਰ ਸਰਜਰੀ ਨਾਲ ਲੱਤ ਨੂੰ ਕੱਟਣ ਤੋਂ ਬਚਾਇਆ




ਨਵਾਂਸ਼ਹਿਰ, 17 ਅਗਸਤ (ਸੁਖਦੇਵ ਸਿੰਘ ਉੜਾਪੜ): ਲਿਵਾਸਾ ਹਸਪਤਾਲ ਵਿਖੇ ਜਟਿਲ ਮਾਈਕ੍ਰੋ ਵਾਸਕੁਲਰ ਸਰਜਰੀ ਨਾਲ ਖੱਬੀ ਲੱਤ ਨੂੰ ਕੱਟਣ ਤੋਂ ਬਚਾਉਣ ਤੋਂ ਬਾਅਦ 45 ਸਾਲਾਂ ਮਰੀਜ਼ ਨੂੰ ਨਵਾਂ ਜੀਵਨ ਮਿਲਿਆ। ਮਰੀਜ਼ ਨੂੰ ਇੰਡਸਟਰੀਅਲ ਟਰੋਮਾ ਦੇ ਬਾਅਦ ਲਿਵਾਸਾ ਹਸਪਤਾਲ ਵਿਖੇ ਗੰਭੀਰ ਹਾਲਤ ਵਿੱਚ ਲਿਆਂਦਾ ਗਿਆ ਸੀ। ਆਰਥੋ ਸਰਜਨ ਡਾ. ਆਦਿਤਯ ਅਗਰਵਾਲ ਤੇ ਡਾ. ਸੌਰਭ ਵਸ਼ਿਸ਼ਟ ਨੇ ਐਕਸਟਰਨਲ ਫਿਕਸੇਸ਼ਨ ਦੀ ਵਰਤੋਂ ਕਰਕੇ ਮਰੀਜ਼ ਦੀ ਲੱਤ ਨੂੰ ਸਥਿਰ ਕੀਤਾ, ਜੋ ਲੱਤ ਬਚਾਉਣ ਲਈ ਇੱਕ ਮਹੱਤਵਪੂਰਨ ਕਦਮ ਹੈ। ਪਲਾਸਟਿਕ ਸਰਜਨ ਡਾ. ਨਿਖਿਲ ਮੱਕਰ ਨੇ ਜਟਿਲ ਰਿਕੰਸਟਰਕਟਿਵ ਸਰਜਰੀ ਦੇ ਨਾਲ ਮਰੀਜ਼ ਦੀ ਲੱਤ ਨੂੰ ਕੱਟਣ ਤੋਂ ਬਚਾਇਆ। ਡਾ.ਨਿਖਿਲ ਮੱਕਰ ਨੇ ਕਿਹਾ ਕਿ ਅਸੀਂ ਹੱਡੀ ਤੇ ਜ਼ਖਮ ਦੇ ਕਵਰ ਲਈ ਇੱਕ ਫ੍ਰੀ ਫਲੈਪ ਪ੍ਰੋਸੀਜਰ ਕੀਤਾ, ਜਿਸ ਨਾਲ ਮਰੀਜ਼ ਦੀ ਲੱਤ ਨੂੰ ਬਚਾਇਆ ਜਾ ਸਕਿਆ। ਸੌਰਭ ਵਾਸਿਸ਼ਟ ਨੇ ਕਿਹਾ ਕਿ ਉਦਯੋਗਿਕ ਘਟਨਾਵਾਂ ਦੇ ਕਾਰਨ ਅੰਗ ਕੱਟਣਾ ਆਮ ਗੱਲ ਹੈ। ਜੇ ਸਮੇਂ 'ਚ ਇਲਾਜ ਨਾ ਕੀਤਾ ਜਾਵੇ ਤਾਂ ਵਿਅਕਤੀ ਆਜੀਵਨ ਵਿਕਲਾਂਗ ਹੋ ਜਾਂਦਾ ਹੈ। ਹਾਲਾਂਕਿ, ਸਹੀ ਇਲਾਜ ਨਾਲ ਸਰੀਰ ਦੇ ਕੱਟੇ ਹਿੱਸੇ ਨੂੰ ਮੁੜ ਜੋੜਿਆ ਜਾ ਸਕਦਾ ਹੈ ਤੇ ਮਾਈਕ੍ਰੋ ਵਾਸਕੁਲਰ ਸਰਜਰੀ ਦੇ ਨਾਲ ਖ਼ੂਨ ਦਾ ਪ੍ਰਵਾਹ ਸ਼ੁਰੂ ਕਰਕੇ ਕੱਟਿਆ ਹੋਇਆ ਸਰੀਰ ਦਾ ਹਿੱਸਾ ਕੰਮ ਕਰਨ ਦੇ ਯੋਗ ਹੋ ਸਕਦਾ ਹੈ। ਡਾ. ਨਿਖਿਲ ਮੱਕਰ ਨੇ ਮਾਈਕ੍ਰੋ ਵਾਸਕੁਲਰ ਸਰਜਰੀ ਦੇ ਮਹੱਤਵ 'ਤੇ ਰੋਸ਼ਨੀ ਪਾਉਂਦੇ ਹੋਏ ਕਿਹਾ ਕਿ ਰੀਇੰਪਲਾਂਟੇਸ਼ਨ ਦੀ ਸਫਲਤਾ ਵੱਖ-ਵੱਖ ਕਾਰਕਾਂ 'ਤੇ ਨਿਰਭਰ ਕਰਦੀ ਹੈ, ਜਿਸ ਵਿੱਚ ਕੱਟਿਆ ਹੋਇਆ ਹਿੱਸਾ, ਚੋਟ ਦੀ ਪ੍ਰਕਿਰਤੀ, ਚੋਟ ਤੇ ਸਰਜਰੀ ਵਿਚਕਾਰ ਦਾ ਸਮਾਂ ਤੇ ਕੱਟੇ ਹੋਏ ਹਿੱਸੇ ਨੂੰ ਮਹਿਫੂਜ਼ ਕਰਨਾ ਸ਼ਾਮਲ ਹੈ। ਸਭ ਤੋਂ ਮਹੱਤਵਪੂਰਨ ਗੱਲ ਇਹ ਹੈ ਕਿ ਇਸ ਲਈ ਇੱਕ ਅਨੁਭਵੀ ਮਾਈਕ੍ਰੋ ਵਾਸਕੁਲਰ ਸੁਰਜਨ ਤੇ ਖਾਸ ਉਪਕਰਨਾਂ ਦੀ ਜ਼ਰੂਰਤ ਹੁੰਦੀ ਹੈ, ਜੋ ਕੇਵਲ ਕੁਝ ਹਸਪਤਾਲਾਂ ਵਿੱਚ ਉਪਲਬਧ ਹਨ।

# ਬਾਬਾ ਬੁੱਢਾ ਸਾਹਿਬ ਮਾਡਰਨ ਸੀਨੀ.ਸੈਕੰ. ਸਕੂਲ ਉਗਰੇਵਾਲ 'ਚ ਆਜ਼ਾਦੀ ਦਿਹਾੜਾ ਤੇ ਤੀਆਂ ਦਾ ਤਿਉਹਾਰ ਮਨਾਇਆ




ਬਟਾਲਾ, 17 ਅਗਸਤ (ਸੁਖਦੇਵ ਸਿੰਘ ਰੰਧਾਵਾ/ਬਲਬੀਰ ਸੋਹਲ): ਬਾਬਾ ਬੁੱਢਾ ਸਾਹਿਬ ਮਾਡਰਨ ਸੀਨੀਅਰ ਸੈਕੰਡਰੀ ਸਕੂਲ ਉਗਰੇਵਾਲ ਵਿਖੇ ਹਰ ਸਾਲ ਦੀ ਤਰ੍ਹਾਂ ਆਜ਼ਾਦੀ ਦਿਹਾੜਾ ਤੇ ਤੀਆਂ ਦਾ ਤਿਉਹਾਰ ਮਨਾਇਆ ਗਿਆ। ਨਰਸਰੀ ਕਲਾਸ ਤੋਂ ਪਹਿਲੀ ਕਲਾਸ ਦੇ ਬੱਚਿਆਂ ਦੇ ਬਹੁਤ ਹੀ ਸੁੰਦਰ ਫੈਂਸੀ ਡਰੈੱਸ ਮੁਕਾਬਲੇ ਕਰਵਾਏ ਗਏ। ਜਿਸ ਵਿੱਚ ਬੱਚਿਆਂ ਨੇ ਵੱਖ-ਵੱਖ ਆਜ਼ਾਦੀ ਘੁਲਾਟੀਆਂ ਦੇ ਕਿਰਦਾਰ ਪੇਸ਼ ਕੀਤੇ। ਜਿਵੇਂ ਕਿ ਸ਼ਹੀਦ ਭਗਤ ਸਿੰਘ, ਪੰਡਿਤ ਜਵਾਹਰ ਲਾਲ ਨਹਿਰੂ, ਡਾਕਟਰ, ਫੌਜੀ, ਪੁਲਿਸ ਤੇ ਹੋਰ ਕਈ ਕਿਰਦਾਰ ਪੇਸ਼ ਕੀਤੇ। ਇਸ ਤੋਂ ਬਾਅਦ ਪ੍ਰਿੰਸੀਪਲ ਹਰਪ੍ਰੀਤ ਕੌਰ ਵੱਲੋਂ ਬੱਚਿਆਂ ਨੂੰ ਸੰਬੋਧਨ ਕੀਤਾ ਗਿਆ ਤੇ ਬੱਚਿਆਂ ਨੂੰ ਤੀਆਂ ਦੇ ਤਿਉਹਾਰ ਤੇ ਆਜ਼ਾਦੀ ਦਿਹਾੜੇ ਬਾਰੇ ਜਾਣਕਾਰੀ ਦਿੱਤੀ ਗਈ। ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਉਨ੍ਹਾਂ ਦੱਸਿਆ ਕਿ ਭਾਰਤ ਵਿੱਚ ਆਜ਼ਾਦੀ ਦਿਹਾੜਾ ਹਰ ਸਾਲ 15 ਅਗਸਤ ਨੂੰ ਦੇਸ਼ ਭਰ ਵਿੱਚ ਉਤਸ਼ਾਹ ਤੇ ਮਾਣ ਨਾਲ ਮਨਾਇਆ ਜਾਂਦਾ ਹੈ। ਇਸ ਵਾਰ ਦੇਸ਼ ਆਪਣਾ 79ਵਾਂ ਆਜ਼ਾਦੀ ਦਿਹਾੜਾ ਮਨਾ ਰਿਹਾ ਹੈ। ਇਹ ਦਿਨ ਭਾਰਤ ਦੇ ਇਤਿਹਾਸ ਦਾ ਇੱਕ ਸੁਨਹਿਰੀ ਪੰਨਾ ਹੈ, ਜੋ ਸਾਨੂੰ ਆਜ਼ਾਦੀ ਦੇ ਮੁੱਲ ਤੇ ਮਹੱਤਵ ਦੀ ਯਾਦ ਦਿਵਾਉਂਦਾ ਹੈ। ਉਸ ਤੋਂ ਬਾਅਦ ਦੂਜੀ ਕਲਾਸ ਤੋਂ ਲੈ ਕੇ ਬਾਰ੍ਹਵੀਂ ਕਲਾਸ ਦੇ ਬੱਚਿਆਂ ਨੇ ਤੀਆਂ ਦੇ ਤਿਉਹਾਰ ਨਾਲ ਸਬੰਧਤ ਇੱਕ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤਾ। ਜਿਸ ਵਿੱਚ ਬੱਚਿਆਂ ਨੇ ਬਹੁਤ ਹੀ ਸੁੰਦਰ ਲੋਕ ਨਾਚ, ਭਾਸ਼ਣ, ਭੰਗੜਾ ਤੇ ਗਿੱਧਾ ਪੇਸ਼ ਕੀਤਾ। ਵਿਦਿਆਰਥੀ ਇਸ ਪ੍ਰੋਗਰਾਮ ਨੂੰ ਲੈ ਕੇ ਬਹੁਤ ਹੀ ਉਤਸ਼ਾਹਿਤ ਸਨ, ਜਿਸ ਤੋਂ ਬਾਅਦ ਕਿ ਉਹ ਬਹੁਤ ਖੁਸ਼ ਨਜ਼ਰ ਆਏ। ਇਸ ਮੌਕੇ ਸਕੂਲ ਦੇ ਮੁੱਖ ਪ੍ਰਬੰਧਕ ਗੁਰਪ੍ਰੀਤ ਸਿੰਘ, ਪ੍ਰਿੰਸੀਪਲ ਹਰਪ੍ਰੀਤ ਕੌਰ, ਵਾਈਸ ਪ੍ਰਿੰਸੀਪਲ ਸਰਬਜੀਤ ਸਿੰਘ, ਪ੍ਰਭਜੀਤ ਕੌਰ, ਅਰਸ਼ਦੀਪ ਕੌਰ, ਸੁਖਮੀਤ ਕੌਰ, ਰਜਵੰਤ ਕੌਰ ਤੇ ਸਮੂਹ ਸਟਾਫ ਮੈਂਬਰ ਹਾਜ਼ਰ ਸਨ।

# ਵਿਸ਼ਾਲ ਖ਼ਾਲਸਾ ਚੇਤਨਾ ਮਾਰਚ ਦਾ ਕਸਬੇ 'ਚ ਪਹੁੰਚਣ 'ਤੇ ਹੋਵੇਗਾ ਨਿੱਘਾ ਸਵਾਗਤ



ਚੌਂਕ ਮਹਿਤਾ, 17 ਅਗਸਤ (ਬਲਜਿੰਦਰ ਸਿੰਘ ਰੰਧਾਵਾ): ਅੱਜ ਸਥਾਨਕ ਕਸਬੇ ਦੇ ਨਾਮਵਰ ਦੁਕਾਨਦਾਰ ਅਮਰ ਪੇਂਟਰ ਦੇ ਦਫ਼ਤਰ ਵਿਖੇ ਉਨ੍ਹਾਂ ਦੀ ਅਗਵਾਈ ਹੇਠ ਇਲਾਕੇ ਦੇ ਸਰਪੰਚ ਤੇ ਗੁਰੂ ਕੇ ਬੇਟੇ ਸਮਾਜ ਸੁਧਾਰ ਮਿਸ਼ਨ ਦੇ ਆਗੂਆਂ ਵੱਲੋਂ ਵਿਸ਼ੇਸ਼ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਸਾਂਝੇ ਬਿਆਨ ਵਿੱਚ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਦੱਸਿਆ ਕਿ ਵਿਸ਼ਾਲ ਖ਼ਾਲਸਾ ਚੇਤਨਾ ਮਾਰਚ ਨਗਰ ਕੀਰਤਨ ਦੇ ਰੂਪ ਵਿੱਚ 4 ਸਤੰਬਰ ਨੂੰ ਪਿੰਡ ਸਿਆਲਕਾ ਤੋਂ ਆਰੰਭ ਹੋ ਕੇ ਗੁਰਦੁਆਰਾ ਤਪ ਅਸਥਾਨ ਬਾਬਾ ਜੀਵਨ ਸਿੰਘ ਜੀ ਸ੍ਰੀ ਅਨੰਦਪੁਰ ਸਾਹਿਬ ਪਹੁੰਚੇਗਾ। ਉਨ੍ਹਾਂ ਕਿਹਾ ਕਿ ਨਗਰ ਕੀਰਤਨ ਦਾ ਕਸਬਾ ਮਹਿਤਾ ਚੌਂਕ ਵਿਖੇ ਪਹੁੰਚਣ 'ਤੇ ਫੁੱਲਾਂ ਦੀ ਵਰਖਾ ਨਾਲ ਨਿੱਘਾ ਸਵਾਗਤ ਕੀਤਾ ਜਾਵੇਗਾ। ਇਸ ਮੌਕੇ 'ਤੇ ਪ੍ਰਧਾਨ ਰੰਗਰੇਟਾ ਸੁਧਾਰ ਸੂਬੇਦਾਰ ਹਰਜੀਤ ਸਿੰਘ, ਸਰਪੰਚ ਬਲਜੀਤ ਸਿੰਘ ਸੈਦੋਕੇ, ਸਰਪੰਚ ਰਣਜੀਤ ਸਿੰਘ ਮਹਿਤਾ, ਸਰਪੰਚ ਮਨਜੀਤ ਸਿੰਘ ਮਲਕ ਨੰਗਲ, ਸਰਪੰਚ ਹਰਪ੍ਰੀਤ ਸਿੰਘ ਉਦੋਂਨੰਗਲ ਖੁਰਦ, ਸਰਪੰਚ ਜੋਬਨਜੀਤ ਸਿੰਘ ਘੁਹਾਟਵਿੰਡ, ਜੱਸਾ ਸਿੰਘ ਬੁਤਾਲਾ, ਅਮਰਜੀਤ ਸਿੰਘ ਸਰਾਂ ਤਲਵੰਡੀ ਤੇ ਹੋਰ ਵੀ ਬਹੁਤ ਸਾਰੇ ਮੋਹਤਬਰ ਵਿਅਕਤੀ ਹਾਜ਼ਰ ਸਨ।

# ਜੈਨ ਸਕੂਲ 'ਚ ਆਜ਼ਾਦੀ ਦਿਹਾੜਾ ਤੇ ਜਨਮ ਅਸ਼ਟਮੀ ਮਨਾਈ




ਬੰਗਾ, 17 ਅਗਸਤ (ਪ੍ਰਭਜੋਤ ਸਿੰਘ): ਸਵਾਮੀ ਰੂਪ ਚੰਦ ਜੈਨ ਮਾਡਲ ਸੀਨੀਅਰ ਸੈਕੰਡਰੀ ਸਕੂਲ ਬੰਗਾ ਵਿਖੇ ਸਕੂਲ ਦੇ ਵਿਦਿਆਰਥੀਆਂ ਵੱਲੋਂ ਆਜ਼ਾਦੀ ਦਿਹਾੜਾ ਤੇ ਸ੍ਰੀ ਕ੍ਰਿਸ਼ਨ ਦੇ ਜਨਮ ਨਾਲ ਸਬੰਧਤ ਜਨਮ ਅਸ਼ਟਮੀ ਮਨਾਈ ਗਈ। ਸਕੂਲ ਦੇ ਪ੍ਰਿੰਸੀਪਲ ਮੰਜੂ ਮੋਹਨ ਬਾਲਾ ਨੇ ਦੱਸਿਆ ਕਿ ਜੈਨ ਸਕੂਲ ਸਮੇਂ-ਸਮੇਂ 'ਤੇ ਆਪਣੇ ਵਿਦਿਆਰਥੀਆਂ ਨੂੰ ਹਰੇਕ ਤਿਉਹਾਰ ਤੋਂ ਜਾਣੂ ਕਰਵਾਉਂਦਾ ਹੈ ਤੇ ਸੱਭਿਆਚਾਰ ਨਾਲ ਜੋੜਦਾ ਹੈ। ਇਸੇ ਹੀ ਸਬੰਧ ਵਿੱਚ ਬੱਚਿਆਂ ਨੂੰ 15 ਅਗਸਤ ਦੀ ਮਹੱਤਤਾ ਨੂੰ ਦੱਸਦੇ ਹੋਏ ਆਜ਼ਾਦੀ ਦਿਹਾੜੇ ਬਾਰੇ ਦੱਸਿਆ ਗਿਆ। ਜੈਨ ਸਕੂਲ ਦੇ ਵਿਦਿਆਰਥੀਆਂ ਵੱਲੋਂ ਆਜ਼ਾਦੀ ਦਿਹਾੜੇ ਦੇ ਸਬੰਧ ਵਿੱਚ ਦੇਸ਼ ਭਗਤੀ ਨਾਲ ਭਰਪੂਰ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤਾ ਗਿਆ। ਸਕੂਲ ਦੇ ਵਿਦਿਆਰਥੀਆਂ ਵੱਲੋਂ ਜਨਮ ਅਸ਼ਟਮੀ ਦੇ ਸਬੰਧ ਵਿੱਚ ਵੀ ਪ੍ਰੇਮ ਭਗਤੀ ਨਾਲ ਭਰਪੂਰ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤਾ ਗਿਆ। ਸਕੂਲ ਦੇ ਨੰਨ੍ਹੇ ਮੁੰਨ੍ਹੇ ਵਿਦਿਆਰਥੀ ਕ੍ਰਿਸ਼ਨ ਭਗਵਾਨ ਦਾ ਰੂਪ ਧਾਰਨ ਕਰਕੇ ਆਏ। ਬੱਚਿਆਂ ਵੱਲੋਂ ਛੋਟੀ ਨਾਟਿਕਾ ਵੀ ਪੇਸ਼ ਕੀਤੀ ਗਈ, ਜਿਸ ਵਿੱਚ ਭਗਵਾਨ ਸ੍ਰੀ ਕ੍ਰਿਸ਼ਨ ਤੇ ਸੁਦਾਮਾ ਦੇ ਪਿਆਰ ਨੂੰ ਦਰਸਾਇਆ ਗਿਆ। ਇਸ ਮੌਕੇ 'ਤੇ ਸਕੂਲ ਦੀ ਮੈਨੇਜਿੰਗ ਕਮੇਟੀ ਦੇ ਸਕੂਲ ਪ੍ਰਧਾਨ ਕਮਲ ਜੈਨ, ਮੈਨੇਜਰ ਸੰਜੀਵ ਜੈਨ, ਵਾਈਸ ਪ੍ਰਧਾਨ ਅਰਪਣ ਜੈਨ, ਸੈਕਟਰੀ ਅਰੁਣ ਜੈਨ ਨੇ ਸਕੂਲ ਪ੍ਰਿੰਸੀਪਲ ਸਕੂਲ ਸਟਾਫ ਤੇ ਵਿਦਿਆਰਥੀਆਂ ਨੂੰ ਆਜ਼ਾਦੀ ਦਿਹਾੜੇ ਤੇ ਜਨਮ ਅਸ਼ਟਮੀ ਦੀ ਵਧਾਈ ਦਿੱਤੀ। ਇਸ ਮੌਕੇ 'ਤੇ ਕਾਜਲ, ਗੁਰਪ੍ਰੀਤ, ਅਮਨਦੀਪ, ਗੁਰਵਿੰਦਰ, ਪਮਲਜੀਤ, ਸਿਮਰਨ, ਨਿਸ਼ਾ, ਮਿਸਟਰ ਰਜਤ ਤੇ ਸਮੂਹ ਸਟਾਫ ਮੌਜੂਦ ਸੀ।

# ਆਜ਼ਾਦੀ ਦਿਹਾੜਾ ਤੇ ਜਨਮ ਅਸ਼ਟਮੀ ਨੂੰ ਸਮਰਪਿਤ ਖ਼ੂਨਦਾਨ ਕੈਂਪ ਲਗਾਇਆ




ਕਾਦੀਆਂ, 17 ਅਗਸਤ (ਸਲਾਮ ਤਾਰੀ): ਮੁਸਲਿਮ ਜਮਾਤ ਅਹਿਮਦੀਆ ਦੇ ਮੁੱਖ ਕੇਂਦਰ ਕਾਦੀਆਂ ਵਿਖੇ ਅੱਜ 15 ਅਗਸਤ ਆਜ਼ਾਦੀ ਦਿਹਾੜਾ ਤੇ ਜਨਮ ਅਸ਼ਟਮੀ ਦੇ ਸ਼ੁਭ ਦਿਹਾੜੇ ਨੂੰ ਸਮਰਪਿਤ ਮਜਲਿਸ ਖੁਦਾਮ ਉਲ ਅਹਿਮਦੀਆ ਵੱਲੋਂ ਖ਼ੂਨਦਾਨ ਕੈਂਪ ਲਗਾਇਆ ਗਿਆ। ਅੱਜ ਇਸ ਮੌਕੇ ਪਵਿੱਤਰ ਕੁਰਾਨ ਦੀ ਤਿਲਾਵਤ ਦੇ ਨਾਲ ਇਸ ਖ਼ੂਨਦਾਨ ਕੈਂਪ ਦਾ ਸ਼ੁਭ ਆਰੰਭ ਹੋਇਆ। ਮਜਲਿਸ ਦੇ ਪ੍ਰਧਾਨ ਨਿਆਜ਼ ਅਹਿਮਦ ਨਾਇਕ ਦੀ ਪ੍ਰਧਾਨਗੀ ਹੇਠ ਖ਼ੂਨਦਾਨ ਕੈਂਪ ਮੌਕੇ ਇੱਕ ਸਮਾਰੋਹ ਆਯੋਜਿਤ ਕੀਤਾ ਗਿਆ। ਇਸ ਮੌਕੇ ਨਿਆਜ਼ ਅਹਿਮਦ ਨਾਇਕ ਨੇ ਸੰਬੋਧਨ ਕਰਦਿਆਂ ਕਿਹਾ ਕਿ ਅਹਿਮਦੀਆ ਯੂਥ ਵਿੰਗ ਵੱਲੋਂ ਹਰ ਸਾਲ ਖ਼ੂਨਦਾਨ ਕੈਂਪ ਲਗਾਇਆ ਜਾਂਦਾ ਹੈ ਤੇ ਲੋਕ ਭਲਾਈ ਦੇ ਕਾਰਜ ਵੱਡੇ ਪੱਧਰ 'ਤੇ ਕੀਤੇ ਜਾਂਦੇ ਹਨ। ਉਨ੍ਹਾਂ ਕਿਹਾ ਕਿ ਇਨਸਾਨੀਅਤ ਦੀ ਸੇਵਾ ਤੇ ਕੌਮ ਤੇ ਦੇਸ਼ ਦੀ ਸੇਵਾ ਲਈ ਹਮੇਸ਼ਾ ਨੌਜਵਾਨਾਂ ਨੂੰ ਤਿਆਰ ਰਹਿਣਾ ਚਾਹੀਦਾ ਹੈ। ਅੱਜ ਇਸ ਖ਼ੂਨਦਾਨ ਕੈਂਪ ਵਿੱਚ ਲਗਭਗ 100 ਨੌਜਵਾਨਾਂ ਨੇ ਖ਼ੂਨ ਦਾਨ ਕੀਤਾ ਜਿਸ ਵਿੱਚ ਮਹੀਲਾਵਾਂ ਵੀ ਸ਼ਾਮਲ ਸਨ। ਅੱਜ ਇਸ ਮੌਕੇ ਸਾਰੇ ਦੇਸ਼ ਵਾਸੀਆਂ ਨੂੰ 15 ਅਗਸਤ ਆਜ਼ਾਦੀ ਦਿਹਾੜੇ ਦੀ ਵਧਾਈ ਵੀ ਦਿੱਤੀ। ਅੱਜ ਇਸ ਮੌਕੇ ਹੋਰਨਾਂ ਤੋਂ ਇਲਾਵਾ ਮੌਲਾਨਾ ਨੂਰ ਉਦੀਨ ਪ੍ਰਧਾਨ, ਨਵੀਦ ਅਹਿਮਦ ਫਜ਼ਲ, ਸ਼ਰਜੀਲ ਅਹਿਮਦ, ਸਹਾਰਾ ਕਲੱਬ ਦੇ ਸੰਜੀਵ ਭਸੀਮ, ਬਟਾਲਾ ਬਲੱਡ ਬੈਂਕ ਦੇ ਡਾ. ਪ੍ਰੀਆ ਦੀਪ ਕੌਰ, ਪਾਰਵਤੀ ਹਸਪਤਾਲ ਤੋਂ ਜਗਪ੍ਰੀਤ ਸਿੰਘ ਤੇ ਪਤਵੰਤੇ ਵੱਡੀ ਗਿਣਤੀ ਵਿੱਚ ਮੌਜੂਦ ਸੀ। ਇਸ ਮੌਕੇ ਡਾ. ਪ੍ਰੀਆ ਦੀਪ ਕੌਰ ਨੇ ਕਿਹਾ ਕਿ ਅਹਿਮਦੀਆ ਯੂਥ ਵਿੰਗ ਵੱਲੋਂ ਹਰ ਸਾਲ ਖ਼ੂਨਦਾਨ ਕੈਂਪ ਲਗਾਇਆ ਜਾਂਦਾ ਹੈ।

# ਕੇਂਦਰ ਸਰਕਾਰ ਦੀਆਂ ਸਕੀਮਾਂ ਘਰ-ਘਰ ਪਹੁੰਚਾਉਣ ਲਈ ਕੈਂਪ ਲਗਾਇਆ




ਸ੍ਰੀ ਹਰਗੋਬਿੰਦਪੁਰ/ਘੁਮਾਣ, 17 ਅਗਸਤ (ਡਾ. ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ ): ਭਾਰਤੀ ਜਨਤਾ ਪਾਰਟੀ, ਪੰਜਾਬ ਦੇ ਹਾਈਕਮਾਨ ਸੁਨੀਲ ਜਾਖੜ, ਪ੍ਰਧਾਨ ਤੇ ਕਾਰਜਕਾਰੀ ਪ੍ਰਧਾਨ ਅਸ਼ਵਨੀ ਕੁਮਾਰ ਸ਼ਰਮਾ ਦੇ ਨਿਰਦੇਸ਼ ਅਨੁਸਾਰ ਨਰਿੰਦਰ ਮੋਦੀ ਦੀ ਕੇਂਦਰੀ ਸਰਕਾਰ ਵੱਲੋਂ ਦਿੱਤੀਆਂ ਜਾ ਰਹੀਆਂ ਸਕੀਮਾਂ ਨੂੰ ਘਰ-ਪਰਿਵਾਰ ਤੱਕ ਪਹੁੰਚਾਉਣ ਲਈ ਵਿਧਾਨ ਸਭਾ ਹਲਕਾ ਸ੍ਰੀ ਹਰਗੋਬਿੰਦਪੁਰ ਦੇ ਪਿੰਡ ਮਚਰਾਏ ਵਿਖੇ ਵਿਸ਼ੇਸ਼ ਤੌਰ 'ਤੇ ਕੈਂਪ ਲਗਾਇਆ ਗਿਆ, ਜਿਸ ਵਿੱਚ ਉਚੇਚੇ ਤੌਰ 'ਤੇ ਭਾਜਪਾ ਜ਼ਿਲ੍ਹਾ ਪ੍ਰਧਾਨ ਹਰਸਿਮਰਤ ਸਿੰਘ ਵਾਲੀਆ ਤੇ ਬਲਜਿੰਦਰ ਸਿੰਘ ਦਕੋਹਾ ਇੰਚਾਰਜ ਹਲਕਾ ਸ੍ਰੀ ਹਰਗੋਬਿੰਦਪੁਰ (ਬੀ.ਜੇ.ਪੀ.) ਪਹੁੰਚੇ। ਇਸ ਕੈਂਪ ਵਿੱਚ ਕੇਂਦਰੀ ਸਰਕਾਰ ਦੀਆਂ ਸਕੀਮਾਂ ਜਿਵੇਂ 5 ਲੱਖ ਤੱਕ ਮੁਫਤ ਸਿਹਤ ਬੀਮਾ ਯੋਜਨਾ ਲਈ ਆਯੂਸ਼ਮਾਨ ਕਾਰਡ, ਕਿਸਾਨ ਸਨਮਾਨ ਨਿਧੀ ਯੋਜਨਾ, ਗਰੀਬ ਪਰਿਵਾਰਾਂ ਲਈ ਪ੍ਰਧਾਨ ਪ੍ਰਧਾਨ ਮੰਤਰੀ ਆਵਾਸ ਯੋਜਨਾ, ਈ-ਸ਼ਰਮ ਈ-ਸ਼ਰਮ ਕਾਰਡ, ਹੁਨਰਮੰਦ ਕਾਮਿਆਂ ਲਈ ਪ੍ਰਧਾਨ ਮੰਤਰੀ ਵਿਸ਼ਵਕਰਮਾ ਯੋਜਨਾ, ਵਿਧਵਾ ਜਾਂ ਬੁਢਾਪਾ ਪੈਨਸ਼ਨ, ਪ੍ਰਧਾਨ ਮੰਤਰੀ ਸੂਰਯਾ ਘਰ ਮੁਫ਼ਤ ਬਿਜਲੀ ਯੋਜਨਾ, ਹੁਨਰਮੰਦ ਔਰਤਾਂ ਲਈ ਮੁਫਤ ਟੂਲ ਕਿੱਟ ਵੰਡ ਪ੍ਰੋਗਰਾਮ ਤੇ ਹੋਰ ਬਹੁਤ ਸਾਰੀਆਂ ਸਕੀਮਾਂ ਬਿਨਾਂ ਭੇਦਭਾਵ ਤੇ ਬਿਨਾਂ ਕਿਸੇ ਖਰਚੇ ਦੇ ਆਮ ਲੋਕਾਂ ਤੱਕ ਪਹੁੰਚਾਉਣ ਲਈ ਉਪਰਲਾ ਕੀਤਾ ਗਿਆ। ਇਸ ਸਮੇਂ ਗੱਲ ਕਰਦਿਆਂ ਜ਼ਿਲ੍ਹਾ ਪ੍ਰਧਾਨ ਸ੍ਰੀ ਵਾਲੀਆ ਨੇ ਦੱਸਿਆ ਕਿ ਇਸ ਤਰ੍ਹਾਂ ਦੇ ਕੈਂਪ ਹਲਕਾ ਸ੍ਰੀ ਹਰਗੋਬਿੰਦਪੁਰ ਦੇ ਹਰ ਪਿੰਡ ਵਿੱਚ ਲਗਾਏ ਜਾਣਗੇ। ਕੈਂਪ ਦਾ ਆਯੋਜਨ ਲਾਜਵੰਤ ਸਿੰਘ ਸਰਪੰਚ ਪਿੰਡ ਮਚਰਾਏ, ਜ਼ਿਲ੍ਹਾ ਮਹਾਂ-ਮੰਤਰੀ-ਬਟਾਲਾ (ਬੀ.ਜੇ.ਪੀ.) ਵੱਲੋਂ ਕੀਤਾ ਗਿਆ। ਇਸ ਸਮੇਂ ਗੁਰਸੇਵਕ ਸਿੰਘ ਪ੍ਰਧਾਨ ਮੰਡਲ ਮਚਰਾਏ, ਨਵਤੇਜ ਸਿੰਘ ਪ੍ਰਧਾਨ ਮੰਡਲ ਸ੍ਰੀ ਹਰਗੋਬਿੰਦਪੁਰ, ਪਲਵਿੰਦਰ ਸਿੰਘ ਪ੍ਰਧਾਨ ਮੰਡਲ ਘੁਮਾਣ, ਗੁਰਜੀਤ ਸਿੰਘ ਕਿਸ਼ਨਕੋਟ ਤੋਂ ਇਲਾਵਾ ਪਿੰਡ ਮਚਰਾਏ, ਕਿਸ਼ਨਕੋਟ, ਨੂਰਪੁਰ ਤੇ ਹੋਰਨਾਂ ਪਿੰਡਾਂ ਦੇ ਲਾਭਪਾਤਰੀ ਹਾਜ਼ਰ ਸਨ।

# ਸਿਰਲੇਖਵਾਰ ਇਸ਼ਤਿਹਾਰ /Classified Advertisement

(U/o 5 Rule 20 CPC)
**In The Court of Hon'ble Aman Sharma**
**Additional Principal Judge Family Court, Amritsar**
CNR No. PBAS01-018325-2024
Next Date : 03-09-2025
Gurwinder Singh
Versus
Kulwinder Kaur
Notice to : Kulwinder Kaur Spouse:- Gurwinder Singh Daughter of Jaswinder Singh Village Chamke Khurd, Distt. Tarn Taran
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on 03-09-2025 at 10:00 A.M.
For details logon to https://highcourtchd.gov.in/?trs=district notice&district=Amritsar
Dated, this day of 26-07-2025
**Sd/- Additional Principal Judge Family Court, Amritsar**

(U/o 5 Rule 20 CPC)
**In the Court of Hon'ble Divyani Luthra**
**Civil Judge (Junior Division), Dasuya**
CNR No. PBHOA0-000023-2025
Next Date : 03-09-2025
Case No:CS/18/2025
Vipan Kumar Jasra
Versus
Mehanga Singh (Deceased) Through Lr. 1. Gurvinder Singh
Notice to: 2. Lakhwinder Singh Father:- Late Mehanga Singh R/o Village Sehbazpur, Tehsil Dasuya Distt. Hoshiarpur
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on 03-09-2025 at 10:00 A.M.
For details logon to https://highcourtchd.gov.in/?mod=district_notice&district=Hoshiarpur
Dated this day of 11-08-2025
**Sd/- Civil Judge (Junior Division), Dasuya**

(U/o 5 Rule 20 CPC)
(Succession Case)
**In the Court of Sh. Rajinder Singh-I**
**Additional Civil Judge (Senior Division), Samrala**
CNR No. PBLDC0-000634-2025
Next Date : 02-09-2025
Parkash Kaur Widow of Bhadar Singh Resident of Village Bondli, Tehsil Samrala, District Ludhiana
Versus
General Public
Notice to: General Public
In above titled titled Case the defendant(s)/respondent(s) could not be served. It is ordered that defendant(s)/respondent(s) should appear in person or through counsel on **02-09-2025** at 10:00 A.M.
For details logon to https://highcourtchd.gov.in/?mod=district_notice&district=Ludhianacourt
Dated, this day of 06-08-2025
**Sd/- Additional Civil Judge (Senior Division), Samrala**

(U/o 5 Rule 20 CPC)
**In the Court of Ms. Neha Goel**
**Civil Judge (Senior Division), Ferozepur**
CNR No. PBFZ02-001755-2024
Next Date : 02.09.2025
State Bank of India
Versus
Bhupinder Kaur
Civil Suit for a decree of Recovery of Rs. 01,91,740/-
Notice to: Defendant:- Bhupinder Kaur wife of Buta Singh, resident of Village Khsi Pheme Ki, Tehsil and District Ferozepur
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on 02-09-2025 at 10:00 A.M.
For details logon to https://highcourtchd.gov.in/?mod=district_notice&district=mogacourt
Dated, this day of 22-07-2025
**Sd/- Civil Judge (Senior Division), Ferozepur**

(U/o 5 Rule 20 CPC)
(Under Guardian and Ward Act)
**In the Court of Ms. Rana Kanwardeep Kaur Chahal**
**Principal Judge, Family Court, Kapurthala**
CNR No. PBKP01-000928-2023
Next Date : 02.09.2025
Narinder Kaur
Versus
General Public Nitin Thapar
Notice to: General Public
In above titled case the defendant(s)/respondent(s) could not be served. It is ordered that defendant (s) / respondent(s) should appear in person or through counsel on 02-09-2025 at 10:00 A.M.
For details logon to https://highcourtchd.gov.in/?mod=district_notice&district=Kapurthala
Dated, this day of 01-08-2025
**Sd/- Principal Judge, Family Court, Kapurthala**

(U/o 5 Rule 20 CPC)
**In the Court of Sh. Jarnail Singh**
**Principal Judge Family Court, Mohali**
CNR No. PBSA01-006722-2022
Next Date : 02.09.2025
Priyanka Bhat
Versus
Vishal Bhat
Divorce Petition
Notice to: Vishal Bhat Father:- Tej Krishan Bhat HNo 96, Sector 2, Pamtosh Colony, Palora, Jammu
In above titled case the defendant(s)/respondent(s) could not be served. It is ordered that defendant (s)/respondent(s) should appear in person or through counsel on 02-09-2025 at 10:00 A.M.
For details logon to https://highcourtchd.gov.in/?mod=district_notice&district=mohali
Dated, this day of 04-08-2025
**Sd/- Principal Judge Family Court, Mohali**

(U/o 5 Rule 20 CPC)
**In the Court of Sh. Kanwal Jit Singh**
**Civil Judge Junior Division-1 Rajpura,**
CNR No. PBPTA0-000357-2024
Next Date : 03.09.2025
Balwinder Singh @ Gurpreet Singh
Versus
Kulwant Kaur
Suit for Declaration and Permanent Injunction
Notice to: Kulwant Kaur D/o Joginder Singh Village Tajpur Tehsil Bassi Pathana Distt. Fatehgarh Sahib And Persently R/o C/o Joginder Singh R/o Village Alampur Kohli Tehsil and Distt. Patiala.
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on 03-09-2025 at 10:00 A.M.
For details logon to https://highcourtchd.gov.in/?mod=district_notice&district=Patiala
Dated, this day of 04-08-2025
**Sd/- Civil Judge Junior Division-1 Rajpura,**

(U/o 5 Rule 20 CPC)
**In The Court of Ms. Sumandeep Kaur**
**Civil Judge (Junior Division), Malout**
CNR No. PBSMB0-000247-2024
Next Date : 02-09-2025
Preet Kamal Kaur
Versus
Jaskaran Singh
Notice to : 1. Jaskaran Singh S/o Hazoor Singh 2. Harkrishan Singh S/o Jangir Singh 4. Balraj Singh S/o Jangir Singh 6. Satinder Pal Singh S/o Jora Singh 7. Randhir Singh S/o Swaran Singh 8. Jagdev Singh S/o Swaran Singh 10. Manjit Singh S/o Gurdev Singh All are R/o Resident of Village Alamwala, Tehsil Malout, District Sri Muktsar Sahib
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on 02-09-2025 at 10:00 A.M.
For details logon to https://highcourtchd.gov.in/?mod=district notice&district=mogacourt
Dated, this day of 26-07-2025
**Sd/- Civil Judge (Junior Division), Malout**

**In the Court of**
**Ms. Neelam**
**Judicial Magistrate Ist Class, Amritsar**
CNR No. PBAS030045062024
Next Date : 02-09-2025
Nact/687/2024
Gurmeet Kaur W/o Surjit Singh R/o 1192, Main Bazar, Jaura Phatak, Judge Nagar, Amritsar General Power of Attorney of Mr. Surjit Singh S/o S. Amar Singh R/o 1192, Main Bazar, Jaura Phatak, Judge Nagar, Amritsar
.......Complainant
Versus
Arun Kumar
**U/s 138 Negotiable Instruments Act**
Notice to: Arun Kumar S/o Ashok Kumar R/o 3102, Sector 23-D, Chandigarh Now At 177, Sector-5. Desumajra, Kharar, SAS Nagar, Mohali, Punjab
.....Accused.
Whereas complaint has been made before me that the above said accused has committed (or) suspected to have committed the offence Punishable under section 138 of Negotiable Instrument Act and it has been returned to warrant of arrest thereupon issued that the said accused cannot be found and whereas it has been shown to my satisfaction that the said accused has absconded (or is concealing himself to avoid the service of the said warrant).
Proclamation is hereby made that the said accused is required to appear before this Court (or before me) to answer the said complaint on 02.09.2025
For details logon to https://highcourtchd.gov.in/?trs=district_notice&district=amritsar
**Sd/- Judicial Magistrate Ist Class, Amritsar**

(U/o 5 Rule 20 CPC)
**In the Court of**
**Dr. Monika Goyal**
**Principal Judge, Family Court, Rupnagar**
CNR No. PBRO01-003943-2025
Next Date : 03-10-2025
JASPREET KAUR w/o Malkit singh and d/o surinder singh, r/o vill. Bajheri, tehsil and Distt. SAS nagar (mohali) presently residing at her parental house no. 103, ward no.4, main road, morinda, p.s morinda, distt ropar
Versus
1. Malkit Singh s/o late Gopal Dhiman, r/o vill. Bajheri, tehsil and Distt. SAS Nagar (mohali) 2. GENERAL PUBLIC, RUPNAGAR
Notice to: General Public:- Rupnagar
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on 03-10-2025 at 10:00 A.M.
For details logon to https://highcourtchd.gov.in/?mod=district_notice&district=Rupnagar
Dated this day of 02-08-2025
**Sd/- Principal Judge, Family Court, Rupnagar**

(U/o 5 Rule 20 CPC)
**In the Court of**
**Ms. Joshica Sood**
**Civil Judge (Junior Division), Rupnagar**
CNR No. PBRO02-001250-2020
Next Date : 15-09-2025
State Bank of India (SBI) Branch at Civil Hospital Road Rupnagar (Through its Chief Manager, State Bank of India, Civil Hospital Road, Rupnagar.)
Versus
1. Jaswinder Kaur W/o Jaswant Singh 2. Jaswant Singh S/o Gurdass Singh (Borrowers) Both Residents of Village Bhamian, Tehsil Khamano, District Fatehgarh Sahib)
(Suit Under Order XXXIV CPC for Recovery)
Notice to: Sandeep Kaur Mother:- Jaswinder Kaur Wife of Jaswant Singh R/o Village Bhamian, Tehsil Khamano, District Fatehgarh Sahib
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on 15-09-2025 at 10:00 A.M.
For details logon to https://highcourtchd.gov.in/?mod=district_notice&district=Rupnagar
Dated this day of 04-08-2025
**Sd/- Civil Judge (Junior Division), Rupnagar**

(U/o 5 Rule 20 CPC)
**In the Court of**
**Ms. Gurjit Kaur Dhillon**
**Civil Judge (Senior Division), Fatehgarh Sahib**
CNR No. PBFG02-000683-2025
Next Date : 03-09-2025
Kamlesh Kumar Garg
Versus
General Public
Succession Act
Notice to: General Public
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on 03-09-2025 at 10:00 A.M.
For details logon to https://highcourtchd.gov.in/?trs=district_notice&district=fatehgarh sahib
Dated this day of 25-07-2025
**Sd/- Civil Judge (Senior Division), Fatehgarh Sahib**

(U/o 5 Rule 20 CPC)
**In The Court of Sh. Sumit Bhalla**
**Additional Principal Judge Family Court, Camp Court Batala**
CNR No. PBGDF2-000441-2024
Next Date : 03-09-2025
MNT125/79/2024
1. Jaswinder Kaur (Adhar No. 647828495657) Aged About 32 Yrs Wife Of Bakhtour Singh And D/O Sh Bakshish Singh Currently Residing At Mohalla Ahmdiya, Qadian, Tehsil Batala, Distt Gurdaspur 2 Harkiran Singh Monor S/O Bakhtour Singh 3. Komaldeep Kaur(Minor) D/O Rashpal Singh Minors Through Their Nautral Guardian Applicant No.1 Jaswinder Kaur Wife Of Bakhtour Singh And D/O Sh Bakshish Singh All R/O Mohalla Ahmdiya, Quadian Tehsil Batala Dist Gurdaspur
Versus
Bakhtour Singh Son Of Bakshish Singh R/O Vill Hassanpur Kalan (Wadda) Near Gurdwara Sahib, Tehsil Batala, Distt. Gurdaspur
Notice to : Bakhtour Singh Son Of Bakshish Singh R/O Vill Hassanpur Kalan (Wadda) Near Gurdwara Sahib, Tehsil Batala, Dsit Gurdaspur
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on 03-09-2025 at 10:00 A.M.
For details logon to https://highcourtchd.gov.in/?trs=district notice&district=Gurdaspur
Dated, this day of 11-07-2025
**Sd/- Additional Principal Judge Family Court, Camp Court Batala**

(U/o 5 Rule 20 CPC)
**In the Court of**
**Ms. Sumukhi**
**Additional Civil Judge (Senior Division), Malout**
CNR No. PBSMB0-000672-2025
Next Date : 03-09-2025
Veerpal Kaur
Versus
General Public
Notice to: General Public
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on 03-09-2025 at 10:00 A.M.
For details logon to https://highcourtchd.gov.in/?mod=district_notice&district=mogacourt
Dated this day of 28-07-2025
**Sd/- Additional Civil Judge (Senior Division), Malout**

**ਬਾ-ਅਦਾਲਤ ਮਾਨਯੋਗ ਤਹਿਸੀਲਦਾਰ ਸਾਹਿਬ, ਬਾਅਖਤਿਆਰ ਸਹਾਇਕ ਕੁਲੈਕਟਰ ਦਰਜਾ ਅਵਲ, ਅਬੋਹਰ**
ਕੇਸ ਨੰ. 60 ਦਾਇਰ ਕਰਨ ਦੀ ਮਿਤੀ 16.07.2024
ਹਰਨੇਕ ਸਿੰਘ ਬਨਾਮ ਬਿਆਸ ਸਿੰਘ ਵਗੈਰਾ
ਦਰਖਾਸਤ ਤਕਸੀਮ ਅਰਾਜੀ 2 ਕਨਾਲ 17 ਮਰਲੇ ਖੇਵਟ ਨੰ. 267/244 ਖਤੌਨੀ ਨੰ. 582,583 ਮੁਤਾਬਕ ਜਮਾਂਬੰਦੀ ਸਾਲ 2021-22 ਵਾਕਿਆ ਰਕਬਾ ਪਿੰਡ ਰਾਜਾਂਵਾਲੀ ਤਹਿਸੀਲ ਅਬੋਹਰ ਜ਼ਿਲ੍ਹਾ ਫਾਜ਼ਿਲਕਾ।
ਨੋਟਿਸ ਬਨਾਮ ਫਰੀਕਸਾਨੀਆਨ
1) ਪਦਮ ਚੰਦ ਪੁੱਤਰ ਆਸਾ ਰਾਮ ਪੁੱਤਰ ਰਾਊਮਲ
2) ਸਾਗਰ ਮੱਲ ਪੁੱਤਰ ਬਾਲ ਚੰਦ ਪੁੱਤਰ ਆਸਾ ਰਾਮ
3) ਜੈ ਚੰਦ ਪੁੱਤਰ ਬਾਲ ਚੰਦ ਪੁੱਤਰ ਆਸਾ ਰਾਮ
4) ਇੰਦਰ ਚੰਦ ਪੁੱਤਰ ਬਾਲ ਚੰਦ ਪੁੱਤਰ ਆਸਾ ਰਾਮ
5) ਬਾਬੂ ਲਾਲ ਪੁੱਤਰ ਬਾਲ ਚੰਦ ਪੁੱਤਰ ਆਸਾ ਰਾਮ
6) ਰਾਜਿੰਦਰ ਕੁਮਾਰ ਪੁੱਤਰ ਬਾਲ ਚੰਦ ਆਸਾ ਰਾਮ
7) ਪਰਦੀਪ ਕੁਮਾਰ ਪੁੱਤਰ ਬਾਲ ਚੰਦ ਪੁੱਤਰ ਆਸਾ ਰਾਮ
8) ਕਿਰਨ ਦੇਵੀ ਪੁੱਤਰੀ ਬਾਲ ਚੰਦ ਪੁੱਤਰ ਆਸਾ ਰਾਮ
9) ਕੰਚਨ ਦੇਵੀ ਪੁੱਤਰੀ ਬਾਲ ਚੰਦ ਪੁੱਤਰ ਆਸਾ ਰਾਮ
10) ਵਿਜੈ ਲਕਸ਼ਮੀ ਪੁੱਤਰੀ ਬਾਲ ਚੰਦ ਪੁੱਤਰ ਆਸਾ ਰਾਮ
11) ਨਥੂ ਰਾਮ ਪੁੱਤਰ ਸੂਰਜ ਮੱਲ ਪੁੱਤਰ ਰਾਊਮਲ
12) ਸਰਲਾ ਵਿਧਵਾ ਅਰੁਨ ਕੁਮਾਰ ਪੁੱਤਰ ਮੋਹਨ ਲਾਲ
13) ਸਵਾਤੀ ਪੁੱਤਰੀ ਅਰੁਨ ਕੁਮਾਰ ਪੁੱਤਰ ਮੋਹਨ ਲਾਲ
14) ਮਿਤਾਲੀ ਪੁੱਤਰੀ ਅਰੁਨ ਕੁਮਾਰ ਪੁੱਤਰ ਮੋਹਨ ਲਾਲ
15) ਯਸ ਪੁੱਤਰ ਅਰੁਨ ਕੁਮਾਰ ਪੁੱਤਰ ਮੋਹਨ ਲਾਲ
16) ਜਗਤਾਰ ਸਿੰਘ ਪੁੱਤਰ ਬਿਆਸ ਸਿੰਘ ਪੁੱਤਰ ਬਚਨ ਸਿੰਘ ਵਾਸੀਆਨ ਪਿੰਡ ਰਾਜਾਂਵਾਲੀ ਤਹਿਸੀਲ ਅਬੋਹਰ ਜ਼ਿਲ੍ਹਾ ਫਾਜ਼ਿਲਕਾ।
17) ਪੰਜਾਬ ਨੈਸ਼ਨਲ ਬੈਂਕ ਬਰਾਂਚ ਅਬੋਹਰ ਬਜਰੀਆ ਬਰਾਂਚ ਮੈਨੇਜਰ
ਜਦਕਿ ਇਹ ਇਸ ਅਦਾਲਤ ਦੀ ਤਸੱਲੀ ਹੋ ਚੁੱਕੀ ਹੈ ਕਿ ਉਕਤ ਨਾਮ ਵਾਲੇ ਫਰੀਕਸਾਨੀਆਨ ਦੀ ਸਧਾਰਨ ਢੰਗ ਨਾਲ ਸੰਮਨਾਂ ਤੋਂ ਤਾਮੀਲ ਨਹੀਂ ਹੋ ਸਕਦੀ। ਇਸ ਲਈ ਇਹ ਪ੍ਰਕਾਸ਼ਨਾ ਉਪਰੋਕਤ ਨਾਮ ਵਾਲੇ ਫਰੀਕਸਾਨੀਆਨ ਦੇ ਵਿਰੁੱਧ ਜਾਰੀ ਕੀਤੀ ਜਾਂਦੀ ਹੈ ਕਿ ਉਹ ਇਸ ਅਦਾਲਤ ਦੇ ਸਾਹਮਣੇ ਮਿਤੀ 22.08.2025 ਨੂੰ ਸਵੇਰੇ 10-00 ਵਜੇ ਜਾਂ ਤਾਂ ਖੁਦ ਜਾਂ ਕਿਸੇ ਅਧਿਕਾਰਤ ਜਾਂ ਵਕੀਲ ਰਾਹੀਂ ਹਾਜ਼ਰ ਹੋਣ ਨਹੀਂ ਤਾਂ ਕਾਨੂੰਨ ਮੁਤਾਬਕ ਉਨ੍ਹਾਂ ਦੇ ਵਿਰੁੱਧ ਇਕਤਰਫਾ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ। ਅੱਜ ਮਿਤੀ 14.08.2025 ਨੂੰ ਅਦਾਲਤ ਦੀ ਮੋਹਰ ਅਤੇ ਮੇਰੇ ਹਸਤਾਖਰਾਂ ਰਾਹੀਂ ਜਾਰੀ ਹੋਇਆ।
**ਸਹੀ/- ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਅਵਲ, ਅਬੋਹਰ**


## ਜ਼ਰੂਰੀ ਸੂਚਨਾ
ਰੋਜ਼ਾਨਾ ਚੜ੍ਹਦੀਕਲਾ ਵਿਚ ਛੱਪੇ ਲੇਖ, ਲੇਖਕਾਂ ਦੇ ਆਪਣੇ ਵਿਚਾਰ ਹਨ। ਇਸ ਨਾਲ ਸੰਪਾਦਕ ਦਾ ਸਹਿਮਤ ਹੋਣਾ ਕੋਈ ਜ਼ਰੂਰੀ ਨਹੀਂ। ਇਸ਼ਤਿਹਾਰ (ਡਿਸਪਲੇ/ਕਲਾਸੀਫਾਈਡ) ਦੇ ਤੱਥਾਂ ਲਈ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਨ੍ਹਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਨ੍ਹਾਂ ਇਸ਼ਤਿਹਾਰਾਂ ਦੇ ਤੱਥਾਂ ਦੀ ਪੁਸ਼ਟੀ ਕਰ ਲੈਣ।


# ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਨੂੰ ਮੁੱਖ ਰੱਖਦਿਆਂ ਗੁਰੂ ਸਾਹਿਬਾਨ ਨਾਲ ਸਬੰਧਤ ਪਿੰਡਾਂ ਦਾ ਹੋਵੇਗਾ ਸੁੰਦਰੀਕਰਨ : ਭਗਵੰਤ ਮਾਨ

## ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਵਿਖੇ ਨਤਮਸਤਕ ਹੋਣ ਸਮੇਂ ਸੌਂਪਿਆ ਸੀ ਮੰਗ ਪੱਤਰ




ਫਤਿਹਗੜ੍ਹ ਸਾਹਿਬ, 17 ਅਗਸਤ (ਹਰਪ੍ਰੀਤ ਕੌਰ ਟਿਵਾਣਾ) : ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਜਥੇਦਾਰ ਕਰਨੈਲ ਸਿੰਘ ਪੰਜੋਲੀ ਵਲੋਂ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦੇ ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਨਤਮਸਤਕ ਹੋਣ ਆਉਣ ਮੌਕੇ ਸੌਂਪੇ ਗਏ ਮੰਗ ਪੱਤਰ ਵਿੱਚ ਮੰਗ ਕੀਤੀ ਗਈ ਸੀ ਕਿ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਨੂੰ ਮੁੱਖ ਰੱਖਦਿਆਂ, ਜਿਨ੍ਹਾਂ ਥਾਵਾਂ 'ਤੇ ਗੁਰੂ ਸਾਹਿਬਾਨ ਆਏ, ਉਹਨਾਂ ਗੁਰਦੁਆਰਾ ਸਾਹਿਬਾਨ ਪਿੰਡਾਂ, ਸ਼ਹਿਰਾਂ ਦਾ ਸੁੰਦਰੀਕਰਨ ਕੀਤਾ ਜਾਵੇ, ਜਿਸ ਨੂੰ ਮੰਨਦਿਆਂ ਹੋਇਆਂ ਮੁੱਖ ਮੰਤਰੀ ਪੰਜਾਬ ਵੱਲੋਂ ਇਹਨਾਂ ਮੰਗਾਂ ਨੂੰ ਪ੍ਰਵਾਨ ਕਰਦਿਆਂ ਲਾਗੂ ਕਰਨ ਦਾ ਐਲਾਨ ਕੀਤਾ ਹੈ, ਜਿਸ ਦਾ ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਕਰਨੈਲ ਸਿੰਘ ਪੰਜੋਲੀ ਨੇ ਭਰਵਾਂ ਸਵਾਗਤ ਕੀਤਾ।

ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਕਿ ਪੰਜਾਬ ਦੇ 108 ਪਿੰਡਾਂ 32 ਤੋਂ 34 ਸ਼ਹਿਰ ਤੇ ਕਸਬਿਆਂ ਦੀ ਸੁੰਦਰਤਾ ਅਤੇ ਵਿਕਾਸ ਲਈ ਜਿੱਥੇ ਕੋਈ ਕਿਸੇ ਕਿਸਮ ਦੀ ਕੋਈ ਘਾਟ ਨਹੀਂ ਰੱਖੀ ਜਾਵੇਗੀ, ਉੱਥੇ ਹੀ ਇਹਨਾਂ ਪਿੰਡਾਂ ਅਤੇ ਸ਼ਹਿਰਾਂ ਵਿੱਚ ਅਦੁੱਤੀ ਕੀਰਤਨ ਦਰਬਾਰ, ਧਾਰਮਿਕ ਦੀਵਾਨ ਤੇ ਗੁਰੂ ਸਾਹਿਬਾਨ ਨਾਲ ਸਬੰਧਤ ਲਾਈਟ ਐਂਡ ਸਾਊਂਡ ਸ਼ੋਅ ਕਰਵਾਏ ਜਾਣਗੇ ਤੇ ਨਾਲ ਹੀ ਗੁਰੂ ਘਰ ਦੇ ਰਾਗੀ ਸਿੰਘਾਂ ਵੱਲੋਂ ਕੀਰਤਨ ਦਰਬਾਰ ਦੇ ਨਾਲ-ਨਾਲ ਕਥਾ ਵਾਚਕਾਂ ਵੱਲੋਂ ਗੁਰੂ ਸਾਹਿਬਾਨ ਦੇ ਜੀਵਨ ਬਾਰੇ ਸੰਗਤਾਂ ਨੂੰ ਜਾਣੂੰ ਕਰਵਾਇਆ ਜਾਵੇਗਾ। ਇਸ ਮੌਕੇ ਬੋਲਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਜਥੇਦਾਰ ਕਰਨੈਲ ਸਿੰਘ ਪੰਜੋਲੀ ਨੇ ਕਿਹਾ ਕਿ ਉਹਨਾਂ ਵੱਲੋਂ ਮੁੱਖ ਮੰਤਰੀ ਨੂੰ ਮੰਗ ਪੱਤਰ ਸੌਂਪਿਆ ਗਿਆ ਸੀ, ਜਿਸ ਵਿੱਚ ਕਿਹਾ ਗਿਆ ਸੀ ਕਿ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਨੂੰ ਮੁੱਖ ਰੱਖਦਿਆਂ ਗੁਰੂ ਸਾਹਿਬਾਨ ਨਾਲ ਸਬੰਧਤ ਪੰਜਾਬ ਦੇ ਸਾਰੇ ਪਿੰਡਾਂ ਦੇ ਸੁੰਦਰੀਕਰਨ ਕੀਤੇ ਜਾਣ ਦੀ ਮੰਗ ਉਠਾਈ ਗਈ ਸੀ, ਉਹਨਾਂ ਫਤਿਹਗੜ੍ਹ ਸਾਹਿਬ ਦਾ ਜ਼ਿਕਰ ਕਰਦਿਆਂ ਕਿਹਾ ਸੀ ਕਿ ਪਿੰਡ ਨੌਲੱਖਾ ਸਾਹਿਬ, ਜਖਵਾਲੀ, ਆਕੜ ਅਤੇ ਮੁਕਾਰੋਂਪੁਰ ਸਾਹਿਬ ਵਿਖੇ ਗੁਰੂ ਸਾਹਿਬ ਦੀ ਯਾਦ ਵਿੱਚ ਗੁਰਦੁਆਰਾ ਸਾਹਿਬ ਬਣੇ ਹੋਏ ਹਨ ਪਰ ਉਹਨਾਂ ਦਾ ਆਲਾ ਦੁਆਲਾ ਸੁੰਦਰੀਕਰਨ ਅਤੇ ਸੜਕਾਂ ਬਣਾਉਣ ਦਾ ਕੰਮ ਕਰਨ ਅਤੇ ਪਿੰਡ ਨੂੰ ਸੁੰਦਰ ਕੀਤਾ ਜਾਣਾ ਚਾਹੀਦਾ ਹੈ। ਜਥੇਦਾਰ ਪੰਜੋਲੀ ਨੇ ਦੱਸਿਆ ਕਿ ਮੁੱਖ ਮੰਤਰੀ ਦੇ ਧਿਆਨ ਵਿੱਚ ਲਿਆਂਦਾ ਗਿਆ ਸੀ ਕਿ ਸ੍ਰੀ ਗੁਰੂ ਤੇਗ ਬਹਾਦਰ ਜੀ ਬੱਸੀ ਪਠਾਣਾ ਜੇਲ੍ਹ ਵਿੱਚ ਤਿੰਨ ਮਹੀਨੇ ਕੈਦ ਰਹੇ, ਜਿਸ ਨੂੰ ਪਿਛਲੀ ਸਰਕਾਰ ਨੇ ਉਸ ਜੇਲ੍ਹ ਨੂੰ ਉਨ੍ਹਾਂ ਦੀ ਯਾਦਗਾਰ ਵਜੋਂ ਸੰਭਾਲਣ ਦਾ ਫੈਸਲਾ ਕੀਤਾ ਸੀ ਪਰ ਇੱਥੇ ਕੋਈ ਕੰਮ ਆਰੰਭ ਹੀ ਨਹੀਂ ਕੀਤਾ ਗਿਆ, ਕੇਵਲ ਐਲਾਨ ਹੀ ਕੀਤਾ ਗਿਆ ਸੀ, ਉਹਨਾਂ ਕਿਹਾ ਕਿ ਬੱਸੀ ਪਠਾਣਾ ਦੀ ਇਸ ਜੇਲ੍ਹ ਨੂੰ ਗੁਰੂ ਸਾਹਿਬ ਜੀ ਦੀ ਸੁੰਦਰ ਯਾਦਗਾਰ ਵੱਜੋਂ ਵਿਕਸਿਤ ਕੀਤਾ ਜਾਵੇ। ਜਥੇਦਾਰ ਪੰਜੋਲੀ ਨੇ ਕਿਹਾ ਕਿ ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਦੇ ਨਾਲ ਪੰਜਾਬ ਸਰਕਾਰ ਵੱਲੋਂ ਮਹਾਨ ਸ਼ਹੀਦੀ ਭਾਈ ਮੋਤੀ ਰਾਮ ਮਹਿਰਾ ਜੀ ਦੀ ਯਾਦ ਵਿੱਚ ਗੁਰਦੁਆਰਾ ਠੰਢਾ ਬੁਰਜ ਦੇ ਪਿਛਲੇ ਪਾਸੇ ਭਾਈ ਮੋਤੀ ਰਾਮ ਮਹਿਰਾ ਸੁੰਦਰ ਪਾਰਕ ਬਣਿਆ ਹੋਇਆ ਹੈ, ਜਿਸ ਦੀ ਸਾਂਭ ਸੰਭਾਲ ਪੰਜਾਬ ਸਰਕਾਰ ਦੇ ਪੁਰਾਤਨ ਵਿਭਾਗ ਵੱਲੋਂ ਕੀਤੀ ਜਾਂਦੀ ਹੈ, ਹੁਣ ਇਸ ਪਾਰਕ ਦੀ ਹਾਲਤ ਬਹੁਤ ਖਰਾਬ ਹੈ, ਜਿਸ ਕਰਕੇ ਸਬੰਧਤ ਮਹਿਕਮੇ ਨੂੰ ਹਦਾਇਤ ਕੀਤੀ ਜਾਵੇ ਕਿ ਹੁਣ ਪਾਰਕ ਦੀ ਦੇਖਰੇਖ ਚੰਗੀ ਤਰ੍ਹਾਂ ਕਰਨ ਦੇ ਯਤਨ ਕਰਨ।

ਉਹਨਾਂ ਨਾਲ ਹੀ ਦੱਸਿਆ ਕਿ ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਨੂੰ ਵੱਖ-ਵੱਖ ਪਿੰਡਾਂ ਵਿੱਚੋਂ ਆਉਣ ਵਾਲੀਆਂ ਸੜਕਾਂ ਘੱਟੋ ਘੱਟ 24 ਫੁੱਟ ਕੀਤੀਆਂ ਜਾਣੀਆਂ ਚਾਹੀਦੀਆਂ ਹਨ। ਤਾਂ ਕਿ ਸ਼ਹੀਦੀ ਜੋੜ ਮੇਲ ਮੌਕੇ ਸੰਗਤਾਂ ਨੂੰ ਆਉਣ ਜਾਣ ਵਿੱਚ ਕੋਈ ਮੁਸ਼ਕਲ ਨਾ ਆਵੇ ਇਸ ਦਾ ਘੇਰਾ 10 ਕਿਲੋਮੀਟਰ ਮਿਥ ਲਿਆ ਜਾਣਾ ਚਾਹੀਦਾ ਹੈ। ਜਥੇਦਾਰ ਪੰਜੋਲੀ ਨੇ ਦੱਸਿਆ ਕਿ ਮੁੱਖ ਮੰਤਰੀ ਵੱਲੋਂ ਇਹਨਾਂ ਮੰਗਾਂ ਨੂੰ ਵੀ ਮੰਨਣ ਦਾ ਵਿਸ਼ਵਾਸ ਦਿਵਾਇਆ ਗਿਆ ਹੈ।

**ਜਨਤਕ ਸੂਚਨਾ**
**ਵੱਲੋਂ ਸ਼੍ਰੀ ਰਾਜੀਵ ਤਿਵਾੜੀ, ਸਹਾਇਕ ਅਸਟੇਟ ਅਫ਼ਸਰ (ਅਸਟੇਟ ਅਫ਼ਸਰ ਦੀਆਂ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ) ਯੂ.ਟੀ., ਚੰਡੀਗੜ੍ਹ**



ਵਿਸ਼ਾ:- ਲੜੀ ਨੰ. 2558, ਕਿਤਾਬ ਨੰ. 1, ਭਾਗ ਨੰ., ਪੰਨਾ ਨੰ., ਮਿਤੀ 29/08/2014 'ਤੇ ਰਜਿਸਟਰਡ ਪਰਿਵਾਰਕ ਤਬਾਦਲਾ ਡੀਡ ਦੇ ਆਧਾਰ 'ਤੇ ਉਦਯੋਗਿਕ ਪਲਾਟ ਨੰ. 117, ਉਦਯੋਗਿਕ ਖੇਤਰ ਚੰਡੀਗੜ੍ਹ ਦੇ ਸਬੰਧ ਵਿੱਚ 100% ਹਿੱਸੇ ਦੀ ਹੱਦ ਤੱਕ ਲੀਜ਼ ਹੋਲਡ ਅਧਿਕਾਰਾਂ ਦੇ ਤਬਾਦਲੇ ਸੰਬੰਧੀ।
ਆਮ ਜਨਤਾ ਅਤੇ ਸਾਰੇ ਸੰਬੰਧਤਾਂ ਦੀ ਜਾਣਕਾਰੀ ਲਈ ਸੂਚਿਤ ਕੀਤਾ ਜਾਂਦਾ ਹੈ ਕਿ ਇਸ ਦਫ਼ਤਰ ਦੇ ਰਿਕਾਰਡ ਅਨੁਸਾਰ ਮੈਸਰਜ਼ ਐਨ.ਪੀ. ਇੰਡਸਟਰੀਅਲ ਕਾਰਪੋਰੇਸ਼ਨ, ਇੰਡਸਟਰੀਅਲ ਪਲਾਟ ਨੰ. 117, ਇੰਡਸਟਰੀਅਲ ਏਰੀਆ-2, ਚੰਡੀਗੜ੍ਹ ਦਾ 100% ਹਿੱਸੇ ਦੀ ਹੱਦ ਤੱਕ ਮਾਲਕ/ਪੱਟਾ ਲੈਣ ਵਾਲਾ ਹੈ। ਸ਼੍ਰੀ ਗੌਤਮ ਜੁਨੇਜਾ ਦੁਆਰਾ ਸੂਚਿਤ ਕੀਤਾ ਗਿਆ ਹੈ ਕਿ ਮੈਸਰਜ਼ ਐਨ.ਪੀ. ਇੰਡਸਟਰੀਅਲ ਕਾਰਪੋਰੇਸ਼ਨ ਉਪਰੋਕਤ ਜਾਇਦਾਦ ਦੇ 100% ਹਿੱਸੇ ਦੀ ਹੱਦ ਤੱਕ ਮਾਲਕ ਨੇ 29/08/2014 ਨੂੰ ਗੌਤਮ ਜੁਨੇਜਾ ਦੇ ਹੱਕ ਵਿੱਚ 100% ਹਿੱਸੇ ਦੀ ਹੱਦ ਤੱਕ ਪਰਿਵਾਰਕ ਤਬਾਦਲਾ ਡੀਡ ਕੀਤਾ ਸੀ ਅਤੇ ਇਸਨੂੰ ਲੜੀ ਨੰਬਰ 2558, ਕਿਤਾਬ ਨੰਬਰ 1, ਭਾਗ ਨੰ. ਪੰਨਾ ਨੰ._, ਮਿਤੀ 29/08/2014 ਨੂੰ ਸਬ-ਰਜਿਸਟਰਾਰ, ਯੂ.ਟੀ., ਚੰਡੀਗੜ੍ਹ ਦੇ ਦਫ਼ਤਰ ਵਿੱਚ ਰਜਿਸਟਰ ਕੀਤਾ ਗਿਆ ਹੈ। ਹੁਣ ਗੌਤਮ ਜੁਨੇਜਾ ਨੇ 29/08/2014 ਦੀ ਪਰਿਵਾਰਕ ਤਬਾਦਲਾ ਡੀਡ ਦੇ ਆਧਾਰ 'ਤੇ ਉਪਰੋਕਤ ਜਾਇਦਾਦ ਦੇ 100% ਹਿੱਸੇ ਨੂੰ ਆਪਣੇ ਹੱਕ ਵਿੱਚ ਤਬਦੀਲ ਕਰਨ ਲਈ ਅਰਜ਼ੀ ਦਿੱਤੀ ਹੈ। ਜੇਕਰ ਕਿਸੇ ਨੂੰ ਉਪਰੋਕਤ ਨਾਮਜ਼ਦ ਬਿਨੈਕਾਰਾਂ ਦੇ ਹੱਕ ਵਿੱਚ ਉਕਤ ਜਾਇਦਾਦ ਵਿੱਚ ਉਕਤ ਹਿੱਸੇ ਦੇ ਇੰਤਕਾਲ 'ਤੇ ਕੋਈ ਇਤਰਾਜ਼ ਹੈ, ਤਾਂ ਉਹ ਇਸ ਨੋਟਿਸ ਦੇ ਪ੍ਰਕਾਸ਼ਨ ਦੀ ਮਿਤੀ ਤੋਂ 30 ਦਿਨਾਂ ਦੇ ਅੰਦਰ-ਅੰਦਰ ਲਿਖਤੀ ਰੂਪ ਵਿੱਚ (ਮੈਜਿਸਟ੍ਰੇਟ/ਨੋਟਰੀ ਦੁਆਰਾ ਪ੍ਰਮਾਣਿਤ ਹਲਫ਼ਨਾਮੇ ਨਾਲ ਸਮਰਥਤ) ਹੇਠ ਹਸਤਾਖਰ ਕਰਨ ਵਾਲੇ ਦੇ ਦਫ਼ਤਰ ਵਿੱਚ ਜਮ੍ਹਾਂ ਕਰਵਾ ਸਕਦੇ ਹਨ, ਨਹੀਂ ਤਾਂ ਉਕਤ ਜਾਇਦਾਦ ਵਿੱਚ ਉਕਤ ਹਿੱਸੇ ਦਾ ਇੰਤਕਾਲ ਉਪਰੋਕਤ ਲਾਭਪਾਤਰੀ ਦੇ ਨਾਮ 'ਤੇ ਕਰ ਦਿੱਤਾ ਜਾਵੇਗਾ ਅਤੇ ਬਾਅਦ ਵਿੱਚ ਕਿਸੇ ਵੀ ਹੋਰ ਦਾਅਵੇ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ।
**ਸ਼੍ਰੀ ਰਾਜੀਵ ਤਿਵਾੜੀ, ਸਹਾਇਕ ਅਸਟੇਟ ਅਫ਼ਸਰ, ਅਸਟੇਟ ਅਫ਼ਸਰ, ਯੂ.ਟੀ., ਚੰਡੀਗੜ੍ਹ ਦੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ**

**ਜਨਤਕ ਸੂਚਨਾ**
**ਸ਼੍ਰੀ ਰਾਜੀਵ ਤਿਵਾੜੀ, ਸਹਾਇਕ ਅਸਟੇਟ ਅਫ਼ਸਰ-III, ਅਸਟੇਟ ਅਫ਼ਸਰ, ਯੂ.ਟੀ., ਚੰਡੀਗੜ੍ਹ ਦੀਆਂ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ।**



ਵਿਸ਼ਾ: ਭਾਈਵਾਲੀ ਦੇ ਭੰਗ ਹੋਣ ਦੇ ਆਧਾਰ 'ਤੇ ਐਸ.ਸੀ.ਓ. ਸਾਈਟ ਨੰਬਰ 4, ਸੈਕਟਰ 16-ਡੀ, ਚੰਡੀਗੜ੍ਹ ਦੇ ਸਬੰਧ ਵਿੱਚ ਮੈਸ. ਓਸਵਾਲ ਸਾਇੰਟਿਫਿਕ ਸਟੋਰਜ਼, ਚੰਡੀਗੜ੍ਹ ਦੇ ਇਕਲੌਤੇ ਮਾਲਕ ਵਜੋਂ ਸ਼੍ਰੀ ਸੁਰੇਸ਼ ਕੁਮਾਰ ਜੈਨ ਦਾ ਨਾਮ ਨੋਟ ਕਰਨ ਸੰਬੰਧੀ।
ਆਮ ਜਨਤਾ ਅਤੇ ਸਾਰੇ ਸਬੰਧਤਾਂ ਦੀ ਜਾਣਕਾਰੀ ਲਈ ਸੂਚਿਤ ਕੀਤਾ ਜਾਂਦਾ ਹੈ ਕਿ ਇਸ ਦਫ਼ਤਰ ਦੇ ਰਿਕਾਰਡ ਅਨੁਸਾਰ, ਐਸ.ਸੀ.ਓ. ਸਾਈਟ ਨੰਬਰ 4, ਸੈਕਟਰ 16-ਡੀ, ਚੰਡੀਗੜ੍ਹ ਦੇ 100% ਹਿੱਸੇ ਵਜੋਂ ਜਾਣੀ ਜਾਂਦੀ ਜਾਇਦਾਦ, ਸ਼੍ਰੀ ਸ਼ਾਦੀ ਲਾਲ ਰਾਹੀਂ ਓਸਵਾਲ ਸਾਇੰਟਿਫਿਕ ਸਟੋਰਜ਼ ਦੇ ਨਾਮ 'ਤੇ ਹੈ। ਸੁਰੇਸ਼ ਕੁਮਾਰ ਜੈਨ ਦੁਆਰਾ ਰਿਪੋਰਟ ਕੀਤੀ ਗਈ ਹੈ ਕਿ ਉਕਤ ਫਰਮ ਦੇ ਭਾਈਵਾਲਾਂ ਨੇ ਸਮੇਂ-ਸਮੇਂ 'ਤੇ ਉਨ੍ਹਾਂ ਦੁਆਰਾ ਬਦਲੇ ਗਏ ਹਨ, ਜਿਸ ਦੇ ਵੇਰਵੇ ਹੇਠ ਲਿਖੇ ਅਨੁਸਾਰ ਹਨ:-

| ਲ ਨੰ. | ਮੌਜੂਦਾ ਸ਼ੇਅਰ ਮਾਲਕਾਂ ਦਾ ਨਾਮ | ਹਿੱਸਾ | ਤਬਾਦਲਾ ਦਾ ਢੰਗ |
|---|---|---|---|
| 1. | ਮੈਸਰਜ਼ ਓਸਵਾਲ ਸਾਇੰਟਿਫਿਕ ਸਟੋਰਜ਼ ਰਾਹੀਂ ਸ਼ਾਦੀ ਲਾਲ | 100% | ਵਿਕਰੀ ਡੀਡ |
| 2. | ਸ਼੍ਰੀ ਸ਼ਾਦੀ ਲਾਲ, ਸ਼੍ਰੀ ਮਹਿੰਦਰ ਕੁਮਾਰ ਜੈਨ, ਸ਼੍ਰੀ ਰਾਜਿੰਦਰ ਕੁਮਾਰ ਜੈਨ (ਰਿਟਾਇਰਡ) | 100% | ਭਾਈਵਾਲੀ-ਕਮ-ਰਿਟਾਇਰਮੈਂਟ ਡੀਡ |
| 3. | ਸ਼੍ਰੀ ਮਹਿੰਦਰ ਕੁਮਾਰ ਜੈਨ (ਐਚਯੂਐਫ), ਸ਼੍ਰੀ ਸੁਰੇਸ਼ ਕੁਮਾਰ ਜੈਨ (ਐਚਯੂਐਫ), ਸ਼੍ਰੀ ਸੁਰੇਸ਼ ਕੁਮਾਰ ਜੈਨ ਅਤੇ ਸ਼੍ਰੀ ਵਿਸ਼ਾਲ ਜੈਨ | 100% | ਭਾਈਵਾਲੀ ਡੀਡ |

ਹੁਣ, ਸ਼੍ਰੀ ਸੁਰੇਸ਼ ਕੁਮਾਰ ਜੈਨ ਨੇ ਭੰਗ ਭਾਈਵਾਲੀ ਡੀਡ ਜਮ੍ਹਾਂ ਕਰਵਾਈ ਹੈ ਅਤੇ ਉਨ੍ਹਾਂ ਨੇ ਭਾਈਵਾਲੀ ਭੰਗ ਦੇ ਆਧਾਰ 'ਤੇ ਮੈਸਰਜ਼ ਓਸਵਾਲ ਸਾਇੰਟਿਫਿਕ ਸਟੋਰਜ਼, ਚੰਡੀਗੜ੍ਹ ਦੇ ਇਕਲੌਤੇ ਮਾਲਕ ਵਜੋਂ ਆਪਣਾ ਨਾਮ ਦਰਜ ਕਰਨ ਦੀ ਬੇਨਤੀ ਕੀਤੀ ਹੈ। ਪ੍ਰਭਾਵਿਤ ਧਿਰਾਂ ਨੂੰ ਆਪਣੇ ਹਲਫ਼ਨਾਮੇ ਜਮ੍ਹਾਂ ਕਰਵਾਏ ਗਏ ਸਨ। ਜੇਕਰ ਕਿਸੇ ਨੂੰ ਇਸ ਬਦਲਾਅ 'ਤੇ ਕੋਈ ਇਤਰਾਜ਼ ਹੈ, ਤਾਂ ਉਹ ਇਸ ਨੋਟਿਸ ਦੇ ਪ੍ਰਕਾਸ਼ਨ ਦੀ ਮਿਤੀ ਤੋਂ 30 ਦਿਨਾਂ ਦੇ ਅੰਦਰ-ਅੰਦਰ ਹੇਠ ਹਸਤਾਖਰ ਕਰਨ ਵਾਲੇ ਦੇ ਦਫ਼ਤਰ ਵਿੱਚ ਲਿਖਤੀ ਰੂਪ ਵਿੱਚ ਕਾਰਜਕਾਰੀ ਮੈਜਿਸਟਰੇਟ/ਨੋਟਰੀ ਪਬਲਿਕ ਦੁਆਰਾ ਤਸਦੀਕ ਕੀਤੇ ਗਏ ਹਲਫ਼ਨਾਮੇ ਦੇ ਰੂਪ ਵਿੱਚ ਜਮ੍ਹਾਂ ਕਰਵਾ ਸਕਦੇ ਹਨ, ਜਿਸ ਵਿੱਚ ਇਹ ਮੰਨਿਆ ਜਾਵੇਗਾ ਕਿ ਉਨ੍ਹਾਂ ਦੇ ਇਤਰਾਜ਼ ਦੀ ਅਸਲੀਅਤ ਜਾਇਦਾਦ ਦਫ਼ਤਰ, ਸੈਕਟਰ 17, ਚੰਡੀਗੜ੍ਹ ਨੂੰ ਇਸ ਤਰ੍ਹਾਂ ਦਿੱਤੀ ਗਈ ਹੈ, ਨਹੀਂ ਤਾਂ ਜਾਇਦਾਦ ਦੇ ਉਪਰੋਕਤ ਹਿੱਸੇ ਦੇ ਸਬੰਧ ਵਿੱਚ ਇਕੱਲੇ ਮਾਲਕ ਦਾ ਨਾਮ ਉਸ ਅਨੁਸਾਰ ਨੋਟ ਕੀਤਾ ਜਾਵੇਗਾ ਅਤੇ ਬਾਅਦ ਵਿੱਚ ਕਿਸੇ ਵੀ ਹੋਰ ਦਾਅਵੇ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ।
**ਸ਼੍ਰੀ ਰਾਜੀਵ ਤਿਵਾੜੀ ਸਹਾਇਕ ਅਸਟੇਟ ਅਫ਼ਸਰ-III ਅਸਟੇਟ ਅਫ਼ਸਰ, ਯੂ.ਟੀ., ਚੰਡੀਗੜ੍ਹ ਦੀਆਂ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ**

# ਹੜ੍ਹ ਨਾਲ ਪ੍ਰਭਾਵਿਤ ਖੇਤਰਾਂ ਵਿੱਚ ਪ੍ਰਸ਼ਾਸਨਿਕ ਅਧਿਕਾਰੀ ਅਤੇ ਕਰਮਚਾਰੀ ਪੂਰੀ ਤਰ੍ਹਾਂ ਨਾਲ ਮੁਸਤੈਦ : ਡਿਪਟੀ ਕਮਿਸ਼ਨਰ



ਫਿਰੋਜ਼ਪੁਰ, 17 ਅਗਸਤ (ਤਿਵਾੜੀ): ਡਿਪਟੀ ਕਮਿਸ਼ਨਰ ਦੀਪਸ਼ਿਖਾ ਸ਼ਰਮਾ ਨੇ ਦੱਸਿਆ ਕਿ ਸਤਲੁਜ ਦਰਿਆ ਅਤੇ ਇਸ ਦੇ ਨਾਲ ਲੱਗਦੇ ਪਿੰਡਾਂ ਦੇ ਵਿੱਚ ਹੜ੍ਹਾਂ ਨਾਲ ਪ੍ਰਭਾਵਿਤ ਖੇਤਰਾਂ ਵਿੱਚ ਪ੍ਰਸ਼ਾਸਨਿਕ ਅਧਿਕਾਰੀ ਅਤੇ ਕਰਮਚਾਰੀ ਪੂਰੀ ਤਰ੍ਹਾਂ ਨਾਲ ਮੁਸਤੈਦ ਹਨ ਅਤੇ ਸਥਿਤੀ 'ਤੇ ਪੂਰੀ ਤਰ੍ਹਾਂ ਨਾਲ ਨਜ਼ਰ ਰੱਖੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਸਿਹਤ ਵਿਭਾਗ ਵੱਲੋਂ ਮਮਦੋਟ, ਰੁਕਨੇ ਵਾਲਾ, ਹਬੀਬ ਵਾਲਾ, ਗੱਟਾ ਬਾਦਸ਼ਾਹ ਆਦਿ ਪਿੰਡਾਂ ਦੇ ਵਿੱਚ ਮੈਡੀਕਲ ਕੈਂਪ ਲਗਾ ਕੇ ਸਿਹਤ ਸਬੰਧੀ ਮੁਢਲੀ ਸਹਾਇਤਾ ਮੁਹੱਈਆ ਕਰਵਾਈ ਜਾ ਰਹੀ ਹੈ। ਫਿਲਹਾਲ ਜ਼ਿਲ੍ਹੇ ਦੇ ਵਿੱਚ ਸਥਿਤੀ ਪੂਰੀ ਤਰ੍ਹਾਂ ਨਾਲ ਅੰਡਰ ਕੰਟਰੋਲ ਹੈ ਅਤੇ ਕਿਸੇ ਵੀ ਤਰ੍ਹਾਂ ਦੀਆਂ ਅਫਵਾਹਾਂ ਤੋਂ ਸੁਚੇਤ ਰਹਿਣ ਦੀ ਜ਼ਰੂਰਤ ਹੈ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸਮੂਹ ਐਸਡੀਐਮ ਆਪਣੇ ਆਪਣੇ ਖੇਤਰਾਂ ਦੇ ਵਿੱਚ ਮੁਸਤੈਦ ਹਨ ਅਤੇ ਉਹਨਾਂ ਵੱਲੋਂ ਲਗਾਤਾਰ ਆਪਣੇ ਆਪਣੇ ਖੇਤਰ ਅਧੀਨ ਲੱਗਦੇ ਦਰਿਆ ਕਿਨਾਰੇ ਪਿੰਡਾਂ ਦਾ ਦੌਰਾ ਕੀਤਾ ਜਾ ਰਿਹਾ ਹੈ। ਐਸਡੀਐਮ ਫਿਰੋਜ਼ਪੁਰ ਗੁਰਮੀਤ ਸਿੰਘ ਵੱਲੋਂ ਪਿੰਡ ਟੈਂਡੀ ਵਾਲਾ ਸਮੇਤ ਨਾਲ ਲੱਗਦੇ ਪਿੰਡਾਂ ਦੇ ਵਿੱਚ ਹਾਲਾਤ ਦਾ ਜਾਇਜ਼ਾ ਲਿਆ ਗਿਆ ਹੈ। ਦਰਿਆ ਨਾਲ ਲੱਗਦੇ ਪਿੰਡ ਵਾਸੀਆਂ ਦੀ ਸਲਾਹ ਅਨੁਸਾਰ ਦਰਿਆ ਵਿੱਚ ਚੱਲਣ ਵਾਲੇ ਜਿਨ੍ਹਾਂ ਬੇੜਿਆਂ ਦੀ ਰਿਪੇਅਰ ਕਰਵਾਉਣ ਦੇ ਲਈ ਦੱਸਿਆ ਗਿਆ ਸੀ ਉਨ੍ਹਾਂ ਦੀ ਰਿਪੇਅਰ ਪਹਿਲਾਂ ਹੀ ਕਰਵਾ ਦਿੱਤੀ ਗਈ ਸੀ ਅਤੇ ਹੁਣ ਵੀ ਜਿੱਥੇ ਕਿਤੇ ਬੇੜਿਆਂ ਦੀ ਰਿਪੇਅਰ ਅਤੇ ਸਹਾਇਤਾ ਦੀ ਲੋੜ ਹੈ, ਪਿੰਡ ਵਾਸੀਆਂ ਦੀ ਸਲਾਹ ਅਨੁਸਾਰ ਪ੍ਰਸ਼ਾਸਨਿਕ ਅਧਿਕਾਰੀਆਂ ਵੱਲੋਂ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਨੇ ਕਿਹਾ ਕਿ ਦਰਿਆ ਦੇ ਵਿੱਚ ਪਾਣੀ ਦੇ ਵਹਾਅ ਦੇ ਨੇੜੇ ਬਿਲਕੁਲ ਵੀ ਨਾ ਜਾਇਆ ਜਾਵੇ ਅਤੇ ਐਮਰਜੰਸੀ ਹਾਲਾਤਾਂ ਵਿੱਚ ਹੀ ਰਾਹਤ ਕਾਰਜਾਂ ਲਈ ਬੇੜਿਆਂ ਦਾ ਇਸਤੇਮਾਲ ਕੀਤਾ ਜਾਵੇ ਤਾਂ ਜੋ ਕਿਸੇ ਤਰ੍ਹਾਂ ਦੀ ਅਣਸੁਖਾਵੀਂ ਸਥਿਤੀ ਤੋਂ ਬਚਿਆ ਜਾ ਸਕੇ। ਉਨ੍ਹਾਂ ਨੇ ਪਿੰਡ ਵਾਸੀਆਂ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਕੋਈ ਵੀ ਦਰਿਆ ਦੇ ਨਜ਼ਦੀਕ ਕਿਨਾਰਿਆਂ 'ਤੇ ਨਾ ਜਾਣ। ਉਨ੍ਹਾਂ ਨੇ ਕਿਹਾ ਕਿ ਜਿੱਥੇ ਪ੍ਰਸ਼ਾਸਨਿਕ ਅਧਿਕਾਰੀ ਅਤੇ ਕਰਮਚਾਰੀ ਮੁਸਤੈਦੀ ਨਾਲ ਕੰਮ ਕਰ ਰਹੇ ਹਨ, ਉਥੇ ਕਾਲਜਾਂ ਦੇ ਵਿਦਿਆਰਥੀ ਵੀ ਜ਼ਿਲ੍ਹਾ ਪ੍ਰਸ਼ਾਸਨ ਦਾ ਸਹਿਯੋਗ ਕਰ ਰਹੇ ਹਨ। ਬਲਾਕ ਮਮਦੋਟ ਵਿਖੇ ਸ਼ਹੀਦ ਭਗਤ ਸਿੰਘ ਨਰਸਿੰਗ ਕਾਲਜ ਦੇ ਵਿਦਿਆਰਥੀ ਵੀ ਦਰਿਆ ਕਿਨਾਰੇ ਲਗਾਏ ਗਏ ਕੈਂਪਾਂ ਦੇ ਵਿੱਚ ਸਹਿਯੋਗ ਕਰ ਰਹੇ ਹਨ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਦੁਪਹਿਰ ਤੱਕ ਮਿਲੀਆਂ ਰਿਪੋਰਟਾਂ ਅਨੁਸਾਰ ਮੱਖੂ ਅਤੇ ਮੱਲਾਂ ਵਾਲਾ ਦਰਿਆ ਦੇ ਵਿੱਚ ਪਾਣੀ ਦਾ ਪੱਧਰ ਕੁਝ ਘੱਟ ਹੋਇਆ ਹੈ। ਫਿਰੋਜ਼ਪੁਰ ਸ਼ਹਿਰੀ ਖੇਤਰ ਨਾਲ ਲੱਗਦੇ ਪਿੰਡ ਕਾਲੂ ਵਾਲਾ ਜੋ ਕਿ ਤਿੰਨੋ ਪਾਸਿਓਂ ਦਰਿਆ ਦੇ ਨਾਲ ਘਿਰਿਆ ਹੈ, ਵਿਖੇ ਦਰਿਆ ਦਾ ਪੱਧਰ ਪਿੰਡ ਦੇ ਪੱਧਰ ਦੇ ਬਰਾਬਰ ਹੈ। ਇਸ ਪਿੰਡ 'ਤੇ ਵਿਸ਼ੇਸ਼ ਨਜ਼ਰ ਰੱਖੀ ਜਾ ਰਹੀ ਹੈ ਅਤੇ ਪ੍ਰਸ਼ਾਸਨਿਕ ਅਧਿਕਾਰੀਆਂ ਵੱਲੋਂ ਰਾਹਤ ਕਾਰਜ ਕਰਵਾਏ ਜਾ ਰਹੇ ਹਨ। ਉਨ੍ਹਾਂ ਨੇ ਸਤਲੁਜ ਦਰਿਆ ਨਜ਼ਦੀਕ ਰਹਿਣ ਵਾਲੇ ਨਿਵਾਸੀਆਂ ਨੂੰ ਅਪੀਲ ਕਰਦੇ ਹੋਏ ਕਿਹਾ ਕੀ ਅਫਵਾਹਾਂ ਤੋਂ ਸੁਚੇਤ ਰਹਿਣ ਅਤੇ ਜ਼ਰੂਰਤ ਪੈਣ 'ਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਜਾਰੀ ਕੀਤੇ ਗਏ ਨੰਬਰ 'ਤੇ ਸੰਪਰਕ ਕਰਨ।

# ਸੁੱਕਾ ਝੋਨਾ ਹੀ ਮੰਡੀਆਂ ਵਿੱਚ ਵੇਚਣ ਲਈ ਲਿਆਂਦਾ ਜਾਵੇ: ਆਲੋਵਾਲ

ਗੁਰਦਾਸਪੁਰ, 17 ਅਗਸਤ ( ਜਸਵਿੰਦਰ ਸਿੰਘ ): ਮੁੱਖਦੇਵ ਸਿੰਘ ਆਲੋਵਾਲ ਹਲਕਾ ਕਾਦੀਆਂ ਜ਼ਿਲ੍ਹਾ ਮੀਡੀਆ ਇੰਚਾਰਜ ਗੁਰਦਾਸਪੁਰ ਨੇ ਜ਼ਿਲ੍ਹੇ ਦੇ ਸਮੂਹ ਕਿਸਾਨਾਂ ਨੂੰ ਅਪੀਲ ਕੀਤੀ ਹੈ ਕਿ ਇਸ ਵਾਰ ਝੋਨੇ ਦੀ ਕਟਾਈ ਝੋਨਾ ਪੂਰੀ ਤਰ੍ਹਾਂ ਪੱਕਣ 'ਤੇ ਹੀ ਕੀਤੀ ਜਾਵੇ ਅਤੇ ਖ਼ਰੀਫ਼ ਸੀਜ਼ਨ ਦੌਰਾਨ ਸੁੱਕਾ ਝੋਨਾ ਹੀ ਮੰਡੀਆਂ ਵਿੱਚ ਵੇਚਣ ਲਈ ਲਿਆਂਦਾ ਜਾਵੇ ਉਨ੍ਹਾਂ ਕਿਹਾ ਕਿ ਭਾਰਤ ਸਰਕਾਰ ਵੱਲੋਂ ਖ਼ਰੀਦ ਵੇਲੇ ਝੋਨੇ ਵਿੱਚ ਨਮੀਂ ਦੀ ਹੱਦ 17 ਫ਼ੀਸਦੀ ਨਿਰਧਾਰਿਤ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਕਿਸਾਨ ਦੇ ਝੋਨੇ ਦੀ ਫ਼ਸਲ ਵਿੱਚ 17 ਫ਼ੀਸਦੀ ਤੋਂ ਵੱਧ ਦੀ ਨਮੀਂ ਪਾਈ ਜਾਂਦੀ ਹੈ ਤਾਂ ਉਸ ਦੀ ਜਿਣਸ ਦੀ ਖ਼ਰੀਦ ਨਹੀਂ ਹੋ ਪਾਉਂਦੀ, ਜਿਸ ਕਾਰਨ ਕਿਸਾਨ ਨੂੰ ਮੰਡੀ ਵਿੱਚ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ। ਉਨ੍ਹਾਂ ਕਿਹਾ ਕਿ ਜੇਕਰ ਝੋਨੇ ਦੀ ਫ਼ਸਲ ਪੂਰੀ ਤਰ੍ਹਾਂ ਪੱਕਣ 'ਤੇ ਹੀ ਵਢਾਈ ਜਾਵੇ ਤਾਂ ਉਸ ਵਿੱਚ ਨਮੀਂ ਦੀ ਮਾਤਰਾ ਸਹੀ ਹੁੰਦੀ ਹੈ। ਉਨ੍ਹਾਂ ਦੱਸਿਆ ਕਿ ਸਰਕਾਰ ਵੱਲੋਂ ਇਸ ਸਾਲ ਝੋਨੇ ਦੀ ਫ਼ਸਲ ਦਾ ਮੁੱਲ 2389/- ਰੁਪਏ ਪ੍ਰਤੀ ਕੁਇੰਟਲ ਨਿਰਧਾਰਿਤ ਕੀਤਾ ਗਿਆ ਹੈ ਅਤੇ ਜੇਕਰ ਕਿਸਾਨ ਮੰਡੀਆਂ ਵਿੱਚ ਸੁੱਕਾ ਝੋਨਾ ਲੈ ਕੇ ਆਉਣਗੇ ਤਾਂ ਉਨ੍ਹਾਂ ਨੂੰ ਆਪਣੀ ਜਿਣਸ ਦਾ ਪੂਰਾ ਮੁੱਲ ਮਿਲੇਗਾ। ਆਲੋਵਾਲ ਨੇ ਜ਼ਿਲ੍ਹੇ ਦੇ ਮੁੱਖ ਖੇਤੀਬਾੜੀ ਅਫ਼ਸਰ ਨੂੰ ਵੀ ਹਦਾਇਤ ਕੀਤੀ ਹੈ ਕਿ ਉਹ ਪਿੰਡਾਂ ਵਿੱਚ ਵਿਸ਼ੇਸ਼ ਕੈਂਪ ਲਗਾ ਕੇ ਕਿਸਾਨਾਂ ਨੂੰ ਮੰਡੀਆਂ ਵਿੱਚ ਝੋਨੇ ਦੀ ਸੁੱਕੀ ਫ਼ਸਲ ਲਿਆਉਣ ਲਈ ਜਾਗਰੂਕ ਕਰਨ। ਇਸ ਦੇ ਨਾਲ ਹੀ ਉਨ੍ਹਾਂ ਨੇ ਕੰਬਾਈਨ ਓਪਰੇਟਰਾਂ ਨੂੰ ਵੀ ਹਦਾਇਤ ਕੀਤੀ ਹੈ ਕਿ ਝੋਨੇ ਦੇ ਸੀਜ਼ਨ ਦੌਰਾਨ ਸਵੇਰੇ 10:00 ਵਜੇ ਤੋਂ ਸ਼ਾਮ 6:00 ਵਜੇ ਤੱਕ ਹੀ ਝੋਨੇ ਦੀ ਕਟਾਈ ਕੀਤੀ ਜਾਵੇ। ਉਨ੍ਹਾਂ ਕਿਸਾਨਾਂ ਨੂੰ ਵੀ ਅਪੀਲ ਕੀਤੀ ਕਿ ਉਹ ਕੇਵਲ ਦਿਨ ਵੇਲੇ ਹੀ ਆਪਣੀ ਝੋਨੇ ਦੀ ਪੱਕੀ ਹੋਈ ਫ਼ਸਲ ਦੀ ਕਟਾਈ ਕਰਵਾਉਣ।


**ਚੜ੍ਹਦੀਕਲਾ ਪੜ੍ਹੋ, ਚੜ੍ਹਦੀਕਲਾ ਵਿੱਚ ਰਹੋ।**


## ਪੰਜਾਬੀ ਸੂਬੇ ਲਈ ਬਚਪਨ ਵਿੱਚ ਜੇਲ੍ਹ ਕੱਟਣ ਵਾਲੀ ਮਾਤਾ ਤਰਸੇਮ ਕੌਰ ਦੀਆਂ ਅਸਥੀਆਂ 'ਤੇ ਲਗਾਇਆ ਬੂਟਾ

ਡੇਰਾ ਬਾਬਾ ਨਾਨਕ, 17 ਅਗਸਤ (ਹੈਪੀ ਕੋਟਲੀ): ਵਿਧਾਨ ਸਭਾ ਹਲਕਾ ਡੇਰਾ ਬਾਬਾ ਨਾਨਕ ਅਧੀਨ ਆਉਂਦੇ ਪਿੰਡ ਨਿੱਜਰਪੁਰ ਦੇ ਅਗਾਂਹਵਾਧੂ ਕਿਸਾਨ ਸਰਦੂਲ ਸਿੰਘ ਅਤੇ ਮਾਸਟਰ ਹਰਮਿੰਦਰ ਸਿੰਘ ਅਜ਼ਾਦ ਦੀ ਮਾਂ ਤਰਸੇਮ ਕੌਰ, ਜਿਨ੍ਹਾਂ ਵੱਲੋਂ ਬਚਪਨ ਵਿੱਚ ਪੰਜਾਬੀ ਸੂਬੇ ਲਈ ਜੇਲ ਕੱਟੀ ਸੀ, ਦਾ ਵੀਰਵਾਰ ਦਿਹਾਂਤ ਹੋ ਗਿਆ, ਦਾ ਅੰਤਿਮ ਸਸਕਾਰ ਕਰਨ ਉਪਰੰਤ ਉਹਨਾਂ ਦੀਆਂ ਅਸਥੀਆਂ ਨੂੰ ਜਲ ਪ੍ਰਵਾਹ ਕਰਨ ਦੀ ਬਜਾਏ ਆਪਣੇ ਘਰ ਦੇ ਚੌਗਿਰਦੇ ਵਿੱਚ ਰੱਖ ਕੇ ਉਸ ਉੱਪਰ ਫ਼ਲਦਾਰ ਬੂਟਾ ਲਗਾ ਦਿੱਤਾ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਹੋਇਆਂ ਮਰਹੂਮ ਮਾਤਾ ਤਰਸੇਮ ਕੌਰ ਦੇ ਪੁੱਤਰ ਮਾਸਟਰ ਹਰਮਿੰਦਰ ਸਿੰਘ ਅਤੇ ਪਿੰਡ ਨਿੱਜਰਪੁਰ ਦੇ ਸਰਪੰਚ ਰਣਦੀਪ ਸਿੰਘ ਨੇ ਦੱਸਿਆ ਕਿ ਮਾਤਾ ਤਰਸੇਮ ਕੌਰ ਦੀਆਂ ਅਸਥੀਆਂ ਘਰ ਦੇ ਚੌਗਿਰਦੇ 'ਚ ਰੱਖ ਕੇ ਉਸ ਥਾਂ 'ਤੇ ਫ਼ਲਦਾਰ ਬੂਟਾ ਲਗਾਇਆ ਗਿਆ ਹੈ। ਉਹਨਾਂ ਕਿਹਾ ਕਿ ਪਰਿਵਾਰ ਵੱਲੋਂ ਇਸ ਬੂਟੇ ਦਾ ਪਾਲਣ ਪੋਸ਼ਣ ਕਰਕੇ ਜਿੱਥੇ ਇਸ ਬੂਟੇ ਦੇ ਫਲ ਆਉਣ ਵਾਲੀਆਂ ਪੀੜੀਆਂ ਨੂੰ ਨਸੀਬ ਹੋਣਗੇ, ਉਥੇ ਪੰਜਾਬੀ ਸੂਬੇ ਲਈ ਜੇਲਾਂ ਕੱਟਣ ਵਾਲੀ ਮਾਤਾ ਤਰਸੇਮ ਕੌਰ ਦੀਆਂ ਯਾਦਾਂ ਵੀ ਹਮੇਸ਼ਾ ਤਾਜ਼ੀਆਂ ਰਹਿਣਗੀਆਂ। ਇਸ ਮੌਕੇ 'ਤੇ ਕਿਸਾਨ ਜਥੇਬੰਦੀ ਦੇ ਆਗੂ ਸਰਵਨ ਸਿੰਘ ਪੰਧੇਰ, ਰਸਪਾਲ ਸਿੰਘ, ਸਰਦੂਲ ਸਿੰਘ, ਜਗਜੀਤ ਸਿੰਘ, ਸਰਬਜੀਤ ਸਿੰਘ, ਜੋਗਿੰਦਰ ਸਿੰਘ, ਤੀਰਥ ਸਿੰਘ ,ਦਿਲਬਾਗ ਸਿੰਘ , ਧਰਮਿੰਦਰਜੀਤ ਸਿੰਘ, ਡਾਕਟਰ ਸਤਿੰਦਰਜੀਤ ਸਿੰਘ ਆਦਿ ਹਾਜ਼ਰ ਸਨ।

# 23 ਦੇ ਜਨਤਕ ਇਕੱਠ ਸਬੰਧੀ ਬੁੱਧੂਪੁਰ ਵਿੱਚ ਮੀਟਿੰਗ: ਸਰਬਜੋਤ ਸਿੰਘ ਸਾਬੀ



ਮੁਕੇਰੀਆ,17 ਅਗਸਤ ( ਧਰਮ ਚੰਦ ): 23 ਅਗਸਤ ਨੂੰ ਮੁਕੇਰੀਆਂ ਵਿੱਚ ਕਾਂਗਰਸ ਦੇ ਹੋਣ ਜਾ ਰਹੇ ਇਕੱਠ ਪ੍ਰਤੀ ਹਲਕੇ ਦੇ ਲੋਕਾਂ ਦੀ ਕੀਤੀ ਜਾ ਰਹੀ ਲਾਮਬੰਦੀ ਦੇ ਸਿਲਸਿਲੇ ਦੌਰਾਨ ਪਿੰਡ ਬੁੱਧੂਪੁਰ ਵਿਖੇ ਹੋਏ ਭਾਰੀ ਇਕੱਠ ਦੌਰਾਨ ਕਾਂਗਰਸੀ ਆਗੂ ਸਰਬਜੋਤ ਸਿੰਘ ਸਾਬੀ ਵਿਸ਼ੇਸ਼ ਤੌਰ 'ਤੇ ਪੁੱਜੇ। ਜਿਨ੍ਹਾਂ ਦਾ ਪਿੰਡ ਵਾਸੀਆਂ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ।

ਇਸ ਮੌਕੇ ਆਪਣੇ ਸੰਬੋਧਨ ਵਿੱਚ ਸਰਬਜੋਤ ਸਿੰਘ ਸਾਬੀ ਨੇ ਕਿਹਾ ਕਿ ਇਹ ਜਨਤਕ ਇਕੱਠ ਸਮੇਂ ਦੀ ਮੰਗ ਹੈ ਕਿਉਂਕਿ ਸੂਬੇ ਦੀ ਆਪ ਸਰਕਾਰ ਨੇ ਹਲਕਾ ਮੁਕੇਰੀਆਂ ਨੂੰ ਵਿਸਾਰ ਦਿੱਤਾ ਹੈ ਅਤੇ ਮੌਜੂਦਾ ਸਮੇਂ ਹਲਕੇ ਨਾਲ ਸਬੰਧਤ ਆਪ ਦੇ ਆਗੂ ਤੇ ਭਾਜਪਾ ਵਿਧਾਇਕ ਹਲਕਾ ਵਾਸੀਆਂ ਦੇ ਹੱਕਾਂ ਤੇ ਹਿੱਤਾਂ ਦੀ ਰਾਖੀ ਕਰਨ ਦੇ ਅਸਮਰੱਥ ਹਨ। ਇਸ ਲਈ ਹੁਣ ਬਦਲਾਅ ਦੀ ਜ਼ਰੂਰਤ ਹੈ, ਉਨ੍ਹਾਂ ਕਿਹਾ ਕਿ 2022 ਵਿੱਚ ਲੋਕਾਂ ਨੇ ਜੋ ਬਦਲਾਅ ਲਿਆਂਦਾ ਸੀ ਉਹ ਬੁਰੀ ਤਰ੍ਹਾਂ ਨਾਲ ਫੇਲ ਹੋ ਚੁੱਕਾ ਹੈ ਕਿਉਂਕਿ ਖੁਦ ਨੂੰ ਆਮ ਘਰਾਂ ਦੇ ਦੱਸਣ ਵਾਲੇ ਆਪ ਦੇ ਆਗੂਆਂ ਨੇ ਸਰਕਾਰ ਬਣਨ ਉਪਰੰਤ ਖਾਸ ਬਣਨ ਨੂੰ ਮਿੰਟ ਨਹੀਂ ਲਗਾਇਆ, ਜਿਸ ਕਾਰਨ ਇਹ ਲੋਕ ਆਮ ਲੋਕਾਂ ਦੀ ਪਹੁੰਚ ਤੋਂ ਦੂਰ ਹੋ ਗਏ ਹਨ।

ਸਰਬਜੋਤ ਸਾਬੀ ਨੇ ਕਿਹਾ ਕਿ ਆਉਂਦੇ ਸਮੇਂ ਦੌਰਾਨ ਪੰਜਾਬ ਦੇ ਲੋਕ ਆਪ ਆਗੂਆਂ ਨੂੰ ਸੱਤਾ ਤੋਂ ਦੂਰ ਕਰ ਦੇਣਗੇ। ਉਨ੍ਹਾਂ ਕਿਹਾ ਕਿ ਆਪ ਦੀ ਦਿੱਲੀ ਲੀਡਰਸ਼ਿਪ ਦੇ ਆਗੂ ਮਨੀਸ਼ ਸਿਸੋਦੀਆ ਜਿਸ ਨੂੰ ਕਿ ਦਿੱਲੀ ਦੀ ਜਨਤਾ ਨਕਾਰ ਚੁੱਕੀ ਹੈ, ਉਹ ਪੰਜਾਬ ਵਾਸੀਆਂ ਦੀਆਂ ਵੋਟਾਂ ਪੈਸੇ ਤੇ ਜ਼ੋਰ ਨਾਲ ਲੈਣ ਦੀਆਂ ਗੱਲਾਂ ਕਰ ਰਿਹਾ ਹੈ ਪਰ ਉਹ ਇਹ ਭੁੱਲ ਚੁੱਕਾ ਹੈ ਕਿ ਜਿਸ ਤਰ੍ਹਾਂ ਪੰਜਾਬੀ ਕਿਸੇ ਨੂੰ ਸਿਰ 'ਤੇ ਬਿਠਾਉਂਦੇ ਹਨ, ਉਵੇਂ ਹੀ ਵਿਸ਼ਵਾਸ਼ਘਾਤ ਕਰਨ ਵਾਲਿਆਂ ਨੂੰ ਪਟਕਾ ਵੀ ਮਾਰ ਦਿੰਦੇ ਹਨ ਤੇ ਇਹ ਧੋਬੀ ਪਟਕਾ 2027 ਵਿੱਚ ਆਪ ਸਰਕਾਰ ਨੂੰ ਵੱਜਣ ਜਾ ਰਿਹਾ ਹੈ। ਸਰਬਜੋਤ ਸਾਬੀ ਨੇ ਕਿਹਾ ਕਿ 23 ਦੇ ਜਨਤਕ ਇਕੱਠ ਦੌਰਾਨ ਸੂਬਾ ਕਾਂਗਰਸ ਦੀ ਸਮੁੱਚੀ ਲੀਡਰਸ਼ਿਪ ਹਲਕਾ ਵਾਸੀਆਂ ਦੇ ਰੂਬਰੂ ਹੋਵੇਗੀ। ਇਸ ਮੌਕੇ ਸਰਪੰਚ ਸਰਵਣ ਸਿੰਘ, ਨੰਬਰਦਾਰ ਕਮਲਜੀਤ ਸਿੰਘ, ਮੈਂਬਰ ਅਮਰੀਕ ਸਿੰਘ, ਮਾਸਟਰ ਅਵਤਾਰ ਸਿੰਘ, ਗੁਰਪ੍ਰੀਤ ਸਿੰਘ, ਪਰਗਟ ਸਿੰਘ, ਲਖਬੀਰ ਸਿੰਘ ਮਾਨਾ, ਸੋਮਰਾਜ, ਸੂਬੇਦਾਰ ਕੇਵਲ ਸਿੰਘ, ਸੰਜੀਵ ਉੱਪਲ, ਪਰਮਜੀਤ ਸਿੰਘ, ਲਖਵਿੰਦਰ ਸਿੰਘ ਘੁੰਮਣ, ਦਲਜੀਤ ਸਿੰਘ ਤਲਵੰਡੀ, ਸਰੇਮ ਮਸੀਹ ਆਦਿ ਸਮੇਤ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਮੌਜੂਦ ਸਨ।

## ਡਾਇਰੈਕਟੋਰੇਟ ਪੰਜਾਬ ਸਟੇਟ ਲਾਟਰੀਜ਼

ਡਰਾਅ ਸਮਾਂ : ਸ਼ਾਮ 06:00 ਵਜੇ ਤੋਂ ਪੰਜਾਬ ਸਟੇਟ ਡੀਅਰ 50 ਰੇਂਜਰ ਐਤਵਾਰ ਹਫ਼ਤਾਵਾਰੀ ਲਾਟਰੀ ਦਾ ਨਤੀਜਾ ਡਰਾਅ ਮਿਤੀ : 17.08.2025
ਮੁੱਲ ਰੁਪਏ 50/- ਪ੍ਰਤੀ ਟਿਕਟ

ਪਹਿਲੇ ਇਨਾਮ ਦੀ ਰਾਸ਼ੀ (1) ਰੂ. 25 ਲੱਖ (ਲੜੀਆਂ ਨਾਲ 5 ਅੰਕਾਂ 'ਤੇ)
(ਵਿਕ੍ਰੇਤਾ ਇਨਾਮੀ ਰਾਸ਼ੀ ਰੂ. 1 ਲੱਖ + ਸਬ ਸਟਾਕਿਸਟ ਇਨਾਮੀ ਰਾਸ਼ੀ ਰੂ. 25 ਹਜ਼ਾਰ, ਕੁੱਲ ਇਨਾਮੀ ਰਾਸ਼ੀ ਰੂ. 26.25 ਲੱਖ)
D 27855

ਦੂਜੇ ਇਨਾਮ ਦੀ ਰਾਸ਼ੀ (50) ਰੁਪਏ 9,000/- (5 ਅੰਕਾਂ 'ਤੇ)
(ਵਿਕ੍ਰੇਤਾ ਇਨਾਮੀ ਰਾਸ਼ੀ ਰੂ. 1000/- + ਸਬ ਸਟਾਕਿਸਟ ਇਨਾਮੀ ਰਾਸ਼ੀ ਰੂ. 100/-, ਕੁੱਲ ਇਨਾਮੀ ਰਾਸ਼ੀ ਰੂ. 10,100/- ਹਰੇਕ)
08602 14840 16771 26998 44716 54237 76968 81317 97015 99931

ਤੀਜੇ ਇਨਾਮ ਦੀ ਰਾਸ਼ੀ (250) ਰੁਪਏ 5,000/- (ਆਖ਼ਰੀ 4 ਅੰਕਾਂ 'ਤੇ)
(ਵਿਕ੍ਰੇਤਾ ਇਨਾਮੀ ਰਾਸ਼ੀ ਰੂ. 500/- + ਸਬ ਸਟਾਕਿਸਟ ਇਨਾਮੀ ਰਾਸ਼ੀ ਰੂ. 100/-, ਕੁੱਲ ਇਨਾਮੀ ਰਾਸ਼ੀ ਰੂ. 5,600/- ਹਰੇਕ)
0560 5376 5891 7636 8281

ਚੌਥੇ ਇਨਾਮ ਦੀ ਰਾਸ਼ੀ (500) ਰੁਪਏ 2,000/- (ਆਖ਼ਰੀ 4 ਅੰਕਾਂ 'ਤੇ)
(ਵਿਕ੍ਰੇਤਾ ਇਨਾਮੀ ਰਾਸ਼ੀ ਰੂ. 200/- + ਸਬ ਸਟਾਕਿਸਟ ਇਨਾਮੀ ਰਾਸ਼ੀ ਰੂ. 50/-, ਕੁੱਲ ਇਨਾਮੀ ਰਾਸ਼ੀ ਰੂ. 2,250/- ਹਰੇਕ)
1072 2058 2506 2999 4756 5021 6008 8479 8529 9570

ਪੰਜਵੇਂ ਇਨਾਮ ਦੀ ਰਾਸ਼ੀ (500) ਰੁਪਏ 1000/- (ਆਖ਼ਰੀ 4 ਅੰਕਾਂ 'ਤੇ)
(ਵਿਕ੍ਰੇਤਾ ਇਨਾਮੀ ਰਾਸ਼ੀ ਰੂ. 100/- + ਸਬ ਸਟਾਕਿਸਟ ਇਨਾਮੀ ਰਾਸ਼ੀ ਰੂ. 50/-, ਕੁੱਲ ਇਨਾਮੀ ਰਾਸ਼ੀ ਰੂ. 1,150/- ਹਰੇਕ)
1529 2126 2175 2341 4432 4769 4820 5769 6283 7989

ਛੇਵੇਂ ਇਨਾਮ ਦੀ ਰਾਸ਼ੀ (500) ਰੁਪਏ 500/- (ਆਖ਼ਰੀ 4 ਅੰਕਾਂ 'ਤੇ)
(ਵਿਕ੍ਰੇਤਾ ਇਨਾਮੀ ਰਾਸ਼ੀ ਰੂ. 50/- + ਸਬ ਸਟਾਕਿਸਟ ਇਨਾਮੀ ਰਾਸ਼ੀ ਰੂ. 20/-, ਕੁੱਲ ਇਨਾਮੀ ਰਾਸ਼ੀ ਰੂ. 570/- ਹਰੇਕ)
1691 1881 1996 3134 3276 3607 4708 6502 6881 7091

ਸੱਤਵੇਂ ਇਨਾਮ ਦੀ ਰਾਸ਼ੀ (40,000) ਰੁਪਏ 100/- (ਆਖ਼ਰੀ 4 ਅੰਕਾਂ 'ਤੇ)
(ਵਿਕ੍ਰੇਤਾ ਇਨਾਮੀ ਰਾਸ਼ੀ ਰੂ. 20/- + ਸਬ ਸਟਾਕਿਸਟ ਇਨਾਮੀ ਰਾਸ਼ੀ ਰੂ. 5/-, ਕੁੱਲ ਇਨਾਮੀ ਰਾਸ਼ੀ ਰੂ. 125/- ਹਰੇਕ)

| | | | | | | | | | |
|---|---|---|---|---|---|---|---|---|---|
| 0002 | 0013 | 0021 | 0070 | 0072 | 0076 | 0095 | [illegible] | [illegible] | [illegible] |
| 0140 | 0156 | 0206 | 0228 | 0234 | 0243 | 0287 | [illegible] | [illegible] | [illegible] |
| 0306 | 0313 | 0318 | 0319 | 0325 | 0326 | 0327 | [illegible] | [illegible] | [illegible] |
| [illegible] | [illegible] | [illegible] | [illegible] | [illegible] | [illegible] | [illegible] | [illegible] | [illegible] | [illegible] |

ਜਾਰੀ ਕਰਤਾ ਡਾਇਰੈਕਟਰ ਪੰਜਾਬ ਸਟੇਟ ਲਾਟਰੀਜ਼
RO. No. PR-Advt. No. 1118/11/2025-26/2119/Dated CHD 11.8.2025

# ਜ਼ੋਨਲ ਮੁਕਾਬਲਿਆਂ ਵਿੱਚੋਂ ਹੈਰੀਟੇਜ ਸਕੂਲ ਦੇ 200 ਤੋਂ ਵੱਧ ਖਿਡਾਰੀ ਜ਼ਿਲ੍ਹਾ ਪੱਧਰੀ ਖੇਡਾਂ ਲਈ ਚੁਣੇ ਗਏ



ਭਵਾਨੀਗੜ੍ਹ, 17 ਅਗਸਤ (ਅਮਨਦੀਪ ਸਿੰਘ ਮਾਝਾ): ਖੇਡਾਂ ਵਿਦਿਆਰਥੀਆਂ ਦੀ ਸਰੀਰਕ ਅਤੇ ਮਾਨਸਿਕ ਸਥਿਤੀ ਨੂੰ ਮਜ਼ਬੂਤ ਕਰਦੀਆਂ ਹਨ, ਇਸ ਗੱਲ ਨੂੰ ਮੁੱਖ ਰੱਖਦਿਆਂ ਸਥਾਨਕ ਹੈਰੀਟੇਜ ਪਬਲਿਕ ਸਕੂਲ ਦੇ ਵਿਦਿਆਰਥੀਆਂ ਨੇ 69ਵੇਂ ਪੰਜਾਬ ਸਕੂਲ ਜ਼ੋਨਲ ਪੱਧਰੀ ਖੇਡ ਮੁਕਾਬਲਿਆਂ ਵਿੱਚ ਵਿਸ਼ੇਸ਼ ਦਿਲਚਸਪੀ ਦਿਖਾ ਕੇ ਸ਼ਲਾਘਾਯੋਗ ਕੰਮ ਕੀਤਾ ਹੈ। ਇਸ ਜ਼ੋਨਲ ਪੱਧਰੀ ਖੇਡ ਮੁਕਾਬਲਿਆਂ ਵਿੱਚ ਸਕੂਲ ਦੇ ਖਿਡਾਰੀਆਂ ਨੇ ਤੈਰਾਕੀ, ਸਕੇਟਿੰਗ , ਕ੍ਰਿਕਟ, ਵਾਲੀਬਾਲ, ਬੇਸਬਾਲ, ਫੁੱਟਬਾਲ, ਸਾਫਟਬਾਲ, ਸ਼ਤਰੰਜ , ਹਾਕੀ , ਬੈਡਮਿੰਟਨ ਸਕਟਬਾਲ, ਨੈੱਟਬਾਲ ਖੇਡਾਂ ਵਿੱਚ ਆਪਣਾ ਵਧੀਆ ਪ੍ਰਦਰਸ਼ਨ ਕੀਤਾ ਅਤੇ 200 ਤੋਂ ਵੱਧ ਖਿਡਾਰੀ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਲਈ ਚੁਣੇ ਗਏ। ਖਿਡਾਰੀਆਂ ਨੇ ਸਕੂਲ ਅਤੇ ਮਾਪਿਆਂ ਦਾ ਮਾਣ ਵਧਾਇਆ। ਖਿਡਾਰੀਆਂ ਦੀ ਇਸ ਸਫ਼ਲਤਾ ਦਾ ਸਿਹਰਾ ਸਕੂਲ ਦੇ ਖੇਡ ਕੋਚਾਂ ਨੂੰ ਜਾਂਦਾ ਹੈ, ਜਿਨ੍ਹਾਂ ਨੇ ਪੂਰੀ ਲਗਨ ਅਤੇ ਮਿਹਨਤ ਨਾਲ ਉਨ੍ਹਾਂ ਨੂੰ ਅਭਿਆਸ ਕਰਵਾਇਆ ਕਿਉਂਕਿ ਇਨ੍ਹਾਂ ਖੇਡਾਂ ਦੇ ਨਤੀਜਿਆਂ ਨੂੰ ਦੇਖਦਿਆਂ ਕੋਚਾਂ ਅਤੇ ਖਿਡਾਰੀਆਂ ਦੀ ਸਖ਼ਤ ਮਿਹਨਤ ਸਾਫ਼ ਨਜ਼ਰ ਆਉਂਦੀ ਹੈ। ਇਸ ਮੌਕੇ ਸਕੂਲ ਪ੍ਰਬੰਧਕ ਸ੍ਰੀ ਅਨਿਲ ਮਿੱਤਲ, ਸ੍ਰੀਮਤੀ ਆਸ਼ਿਮਾ ਮਿੱਤਲ ਅਤੇ ਸਕੂਲ ਪ੍ਰਿੰਸੀਪਲ ਸ੍ਰੀ ਯੋਗੇਸ਼ਵਰ ਸਿੰਘ ਬਟਿਆਲ ਨੇ ਵਿਦਿਆਰਥੀਆਂ ਦੀ ਹੌਸਲਾ ਅਫਜ਼ਾਈ ਕਰਦੇ ਹੋਏ ਉਨ੍ਹਾਂ ਨੂੰ ਜ਼ਿਲ੍ਹਾ ਅਤੇ ਰਾਸ਼ਟਰੀ ਪੱਧਰ 'ਤੇ ਜਿੱਤ ਪ੍ਰਾਪਤ ਕਰਨ ਲਈ ਪ੍ਰੇਰਿਤ ਕੀਤਾ।

# ਗੁਲਾੜੀ ਦੇ ਸਰਕਾਰੀ ਸਕੂਲ ਵਿੱਚ ਆਜ਼ਾਦੀ ਦਿਵਸ ਮਨਾਇਆ



ਖਨੌਰੀ, 17 ਅਗਸਤ (ਓਮਪ੍ਰਕਾਸ਼ ਮੁਆਲ): ਨੇੜਲੇ ਪਿੰਡ ਗੁਲਾੜੀ ਦੇ ਸਰਕਾਰੀ ਪ੍ਰਾਇਮਰੀ ਅਤੇ ਹਾਈ ਸਕੂਲ ਗੁਲਾੜੀ ਵਿੱਚ 79 ਵੇਂ ਅਜ਼ਾਦੀ ਦਿਵਸ ਮੌਕੇ ਝੰਡਾ ਲਹਿਰਾਉਣ ਦੀ ਰਸਮ ਪਿੰਡ ਦੀ ਸਰਪੰਚ ਕਮਲ ਦੇਵੀ ਅਤੇ ਸਮਾਜ ਸੇਵੀ ਰਿਸ਼ੀਪਾਲ ਠੇਕੇਦਾਰ ਵੱਲੋਂ ਨਿਭਾਈ ਗਈ। ਇਸ ਮੌਕੇ ਉਨ੍ਹਾਂ ਆਜ਼ਾਦੀ ਦਿਵਸ ਦੀ ਅਤੇ ਜਨਮ ਅਸ਼ਟਮੀ ਦੀ ਵਧਾਈ ਦਿੰਦਿਆਂ ਬੱਚਿਆਂ ਨੂੰ ਆਪਣੇ ਆਲੇ ਦੁਆਲੇ ਅਤੇ ਘਰਾਂ ਵਿੱਚ ਸਾਫ਼ ਸਫ਼ਾਈ ਰੱਖਣ ਅਤੇ ਨਸ਼ਿਆਂ ਤੋਂ ਦੂਰ ਰਹਿਣ ਦੀ ਸੌਂਹ ਚੁੱਕਾਈ। ਇਸ ਮੌਕੇ ਮੁੱਖ ਅਧਿਆਪਕ ਕੁਲਦੀਪ ਸਿੰਘ, ਮਾਸਟਰ ਸੁਰਜਭਾਨ, ਮਾਸਟਰ ਅਮਰੀਕ ਸਿੰਘ ਆਦਿ ਨਾਲ ਸਮੂਹ ਸਕੂਲ ਸਟਾਫ ਮੈਂਬਰਾਂ ਵੱਲੋਂ ਵੀ ਆਜ਼ਾਦੀ ਦਿਵਸ ਦੀ ਵਧਾਈ ਦਿੱਤੀ ਗਈ। ਇਸ ਮੌਕੇ ਸਕੂਲ ਦੀ ਮਨੈਜਮੈਂਟ ਕਮੇਟੀ, ਮੈਡਮ ਮਨਜੀਤ ਕੌਰ, ਮੈਡਮ ਦਲਬੀਰ ਕੌਰ, ਮੈਡਮ ਰਾਮਬਾਈ, ਮੈਡਮ ਜਯੋਤੀ, ਮਾਸਟਰ ਰਣਬੀਰ ਸ਼ਾਸਤਰੀ, ਚੋਧਰੀ ਨਫ਼ੇ ਸਿੰਘ, ਸ਼ਮਸ਼ੇਰ ਸਿੰਘ ਸ਼ੇਰੂ ਠੇਕੇਦਾਰ, ਚੋਧਰੀ ਕਿਰਪਾਲ ਸਿੰਘ, ਸਾਬਕਾ ਸਰਪੰਚ ਲੱਖੀ ਰਾਮ ਆਦਿ ਨਾਲ ਪਿੰਡ ਵਾਸੀ ਭਾਰੀ ਗਿਣਤੀ ਵਿੱਚ ਹਾਜ਼ਰ ਸਨ।

# ਆਕਸਫ਼ੋਰਡ ਸਕੂਲ ਵਿਖੇ ਧੂਮ-ਧਾਮ ਨਾਲ ਮਨਾਇਆ 79 ਵਾਂ ਸੁਤੰਤਰਤਾ ਦਿਵਸ




ਭਗਤਾ ਭਾਈ ਕਾ, 17 ਅਗਸਤ (ਸਵਰਨ ਸਿੰਘ ਭਗਤਾ):'ਦ ਆਕਸਫ਼ੋਰਡ ਸਕੂਲ ਆਫ਼ ਐਜੂਕੇਸ਼ਨ' ਭਗਤਾ ਭਾਈ ਕਾ ਇੱਕ ਅਜਿਹੀ ਮਾਣਮੱਤੀ ਵਿੱਦਿਅਕ ਸੰਸਥਾ ਹੈ, ਜੋ ਹਰ ਖਾਸ ਦਿਵਸ ਨੂੰ ਬੜੇ ਉਤਸ਼ਾਹ ਅਤੇ ਹੁਲਾਸ ਨਾਲ ਮਨਾਉਂਦੀ ਹੈ। ਇਸ ਸੰਸਥਾ ਦੇ ਵਿਹੜੇ ਵਿੱਚ 79 ਵਾਂ ਅਜ਼ਾਦੀ ਦਿਵਸ ਨੂੰ ਵੀ ਬੜੀ ਧੂਮ-ਧਾਮ ਨਾਲ ਮਨਾਇਆ ਗਿਆ। ਪ੍ਰੋਗਰਾਮ ਦਾ ਅਗਾਜ਼ ਸਵੇਰ ਦੀ ਸਭਾ ਦੌਰਾਨ ਦੇਸ਼ ਭਗਤੀ ਦੇ ਗੀਤ ਸਰਫ਼ਰੋਸ਼ੀ ਕੀ ਤਮੰਨਾ ਨਾਲ ਹੋਇਆ। ਇਸ ਤੋਂ ਬਾਅਦ ਨਰਸਰੀ ਤੋਂ ਪਹਿਲੀ ਜਮਾਤ ਦੇ ਵਿਦਿਆਰਥੀਆਂ ਵੱਲੋਂ ਮਾਣ ਤਿਰੰਗੇ 'ਤੇ ਡਾਂਸ ਪੇਸ਼ ਕੀਤਾ ਗਿਆ। ਦੂਸਰੀ ਤੋਂ ਪੰਜਵੀਂ ਜਮਾਤ ਦੇ ਵਿਦਿਆਰਥੀਆਂ ਨੇ ਜੂਨੀਅਰ ਡਾਂਸ ਸ਼ੋਅ ਪੇਸ਼ ਕੀਤਾ। ਡਾਂਸ ਪੇਸ਼ ਕਰਦੇ ਇਹ ਨੰਨ੍ਹੇ ਡਾਂਸਰ ਬੜੇ ਮਨਮੋਹਕ ਲੱਗ ਰਹੇ ਸਨ। ਸਕੂਲ ਦੇ ਛੇਵੀਂ ਤੋਂ ਅੱਠਵੀਂ ਜਮਾਤ ਦੇ ਵਿਦਿਆਰਥੀਆਂ ਵੱਲੋਂ ਦੇਸ਼-ਭਗਤੀ ਦਾ ਇੰਟਰ ਹਾਊਸ ਸਮੂਹਿਕ ਗਾਣ ਵੀ ਪੇਸ਼ ਕੀਤਾ ਗਿਆ। ਨੌਵੀਂ ਤੋਂ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਨੇ ਕੋਰੀਓਗ੍ਰਾਫ਼ੀ-'ਸਾਕਾ ਪਹਿਲਗਾਮ ਦਾ' ਰਾਹੀਂ ਭਾਰਤੀ ਸੈਨਾ ਦੀ ਬਹਾਦਰੀ ਦੀ ਪੇਸ਼ਕਾਰੀ ਕੀਤੀ।ਤਿਰੰਗੇ ਦੇ ਰੰਗਾਂ ਵਿੱਚ ਸਜੇ ਵਿਦਿਆਰਥੀ ਸਮੁੱਚਾ ਹਿੰਦੁਸਤਾਨ ਲੱਗ ਰਹੇ ਸਨ। ਇਸ ਤੋਂ ਬਿਨਾਂ ਸਕੂਲ ਵਿੱਚ ਕਾਰਡ ਮੇਕਿੰਗ, ਹੋਮ ਡੈਕੋਰੇਸ਼ਨ, ਹੈਂਗਿੰਗ ਡੈਕੋਰੇਸ਼ਨ, ਪੋਸਟਰ ਮੇਕਿੰਗ, ਅਜ਼ਾਦੀ ਘੁਲਾਟੀਆਂ ਦੀਆਂ ਤਸਵੀਰਾਂ ਅਤੇ ਤਿਰੰਗਾ ਬਣਾਉਣ ਅਤੇ ਇੰਟਰ ਹਾਊਸ ਡਿਸਪਲੇਅ ਬੋਰਡ ਡੈਕੋਰੇਸ਼ਨ ਦੇ ਮੁਕਾਬਲੇ ਵੀ ਕਰਵਾਏ ਗਏ, ਜਿਸ ਵਿੱਚ ਵਿਦਿਆਰਥੀਆਂ ਨੇ ਆਪਣੇ-ਆਪਣੇ ਹੁਨਰ ਦਾ ਪ੍ਰਗਟਾਵਾ ਕੀਤਾ। ਸਕੂਲ ਦੇ ਪ੍ਰਿੰਸੀਪਲ ਰੂਪ ਲਾਲ ਬਾਂਸਲ ਨੇ ਦੇਸ਼ ਦੀ ਆਜ਼ਾਦੀ ਲਈ ਜਾਨਾਂ ਵਾਰਨ ਵਾਲੇ ਯੋਧਿਆਂ ਨੂੰ ਯਾਦ ਕੀਤਾ ਅਤੇ ਉਨ੍ਹਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਪ੍ਰਿੰਸੀਪਲ ਰੂਪ ਲਾਲ ਬਾਂਸਲ ਨੇ ਵਿਦਿਆਰਥੀਆਂ ਨੂੰ ਸੰਬੋਧਨ ਹੁੰਦੇ ਕਿਹਾ ਕਿ ਅੱਜ ਅਸੀਂ ਹਜ਼ਾਰਾਂ ਸੂਰਮਿਆਂ ਦੀਆਂ ਕੁਰਬਾਨੀਆਂ ਕਾਰਨ ਹੀ ਅਜ਼ਾਦੀ ਦੀ ਫਿਜ਼ਾ ਵਿੱਚ ਸਾਹ ਲੈ ਰਹੇ ਹਾਂ ਅਤੇ ਸਾਡਾ ਫਰਜ਼ ਬਣਦਾ ਹੈ ਕਿ ਸ਼ਹੀਦਾਂ ਦੇ ਪਾਏ ਪੂਰਨਿਆਂ 'ਤੇ ਚੱਲ ਕੇ ਉਨ੍ਹਾਂ ਦੇ ਸੁਪਨਿਆਂ ਨੂੰ ਜੀਵਤ ਰੱਖੀਏ। ਇਸ ਸਮੇਂ ਸਕੂਲ ਦੀ ਪ੍ਰਬੰਧਕ ਕਮੇਟੀ ਦੇ ਸਰਪ੍ਰਸਤ ਮੈਂਬਰ ਹਰਦੇਵ ਸਿੰਘ ਬਰਾੜ (ਸਾਬਕਾ ਚੇਅਰਮੈਨ), ਹਰਗੁਰਪ੍ਰੀਤ ਸਿੰਘ ਗਗਨ ਬਰਾੜ (ਚੇਅਰਮੈਨ), ਗੁਰਮੀਤ ਸਿੰਘ ਗਿੱਲ (ਪ੍ਰਧਾਨ), ਪਰਮਪਾਲ ਸਿੰਘ 'ਸ਼ੈਰੀ ਢਿੱਲੋਂ' (ਵਾਈਸ ਚੇਅਰਮੈਨ), ਗੁਰਮੀਤ ਸਿੰਘ ਗਿੱਲ ਸਰਪੰਚ (ਵਿੱਤ-ਸਕੱਤਰ) ਕੋਆਰਡੀਨੇਟਰਜ਼ ਅਤੇ ਸਮੂਹ ਸਟਾਫ਼ ਮੈਂਬਰ ਵੀ ਮੌਜੂਦ ਸਨ।

# ਪੰਜਾਬ 'ਚ ਲਾਇਸੈਂਸੀ ਹਥਿਆਰ ਰੱਖਣ ਦੇ ਸ਼ੌਕੀਨ 55 ਹਜ਼ਾਰ ਤੋਂ ਵੱਧ ਵਿਅਕਤੀ ਨਸ਼ੇ ਦੇ ਆਦੀ ਨਿਕਲੇ, ਡੋਪ ਟੈਸਟ ਵਿੱਚ ਹੋਇਆ ਖੁਲਾਸਾ

ਬਠਿੰਡਾ, 17 ਅਗਸਤ (ਦੀਪਕ ਸ਼ਰਮਾ):ਪੰਜਾਬ ਵਿੱਚ ਹਥਿਆਰਾਂ ਦਾ ਲਾਇਸੈਂਸ ਲੈਣਾ ਹੁਣ ਓਨਾ ਆਸਾਨ ਨਹੀਂ ਰਿਹਾ। ਨਸ਼ੇ ਦੇ ਵੱਧਦੇ ਕਹਿਰ ਨੂੰ ਦੇਖਦਿਆਂ ਸਰਕਾਰ ਨੇ ਅਸਲਾ ਲਾਇਸੈਂਸ ਲੈਣ ਵਾਲਿਆਂ ਲਈ ਡੋਪ ਟੈਸਟ ਲਾਜ਼ਮੀ ਕਰ ਦਿੱਤਾ ਹੈ। ਪਿਛਲੇ 8 ਸਾਲਾਂ ਦੇ ਅੰਕੜਿਆਂ ਨੇ ਇਸ ਸਖ਼ਤੀ ਦੀ ਅਹਿਮੀਅਤ ਨੂੰ ਹੋਰ ਵੀ ਵਧਾ ਦਿੱਤਾ ਹੈ। ਕਿਉਂਕਿ ਡੋਪ ਟੈਸਟਾਂ ਵਿੱਚ ਹਜ਼ਾਰਾਂ ਲੋਕ ਨਸ਼ੇ ਦੇ ਆਦੀ ਪਾਏ ਗਏ ਹਨ।ਸਿਹਤ ਵਿਭਾਗ ਵੱਲੋਂ ਇਕੱਤਰ ਕੀਤੇ ਗਏ ਅੰਕੜਿਆਂ ਮੁਤਾਬਕ, ਪਿਛਲੇ 8 ਸਾਲਾਂ ਵਿੱਚ 3 ਲੱਖ 65 ਹਜ਼ਾਰ 872 ਲੋਕਾਂ ਦੇ ਡੋਪ ਟੈਸਟ ਕੀਤੇ ਗਏ ਹਨ। ਇਨ੍ਹਾਂ ਵਿੱਚੋਂ 3 ਲੱਖ 10 ਹਜ਼ਾਰ 488 ਲੋਕਾਂ ਦੇ ਟੈਸਟ ਨੈਗੇਟਿਵ ਆਏ ਹਨ, ਜਦੋਂ ਕਿ 55 ਹਜ਼ਾਰ 318 ਲੋਕਾਂ ਦੇ ਟੈਸਟ ਪਾਜ਼ਿਟਿਵ ਪਾਏ ਗਏ ਹਨ। ਇਹ ਖੁਲਾਸਾ ਬਠਿੰਡਾ ਦੇ ਆਰਟੀਆਈ ਕਾਰਕੁੰਨ ਸੰਜੀਵ ਗੋਇਲ ਵੱਲੋਂ ਸੂਚਨਾ ਦੇ ਅਧਿਕਾਰ ਕਾਨੂੰਨ ਤਹਿਤ ਮੰਗੀ ਗਈ ਜਾਣਕਾਰੀ ਤੋਂ ਹੋਇਆ ਹੈ।ਨਵੰਬਰ 2019 ਵਿੱਚ, ਪਰਿਵਾਰ ਭਲਾਈ ਵਿਭਾਗ, ਪੰਜਾਬ ਨੇ ਸਾਰੇ ਸਿਵਲ ਸਰਜਨਾਂ ਨੂੰ ਪੱਤਰ ਜਾਰੀ ਕਰਕੇ ਅਸਲਾ ਲਾਇਸੈਂਸ ਲਈ ਡੋਪ ਟੈਸਟ ਲਾਜ਼ਮੀ ਕਰ ਦਿੱਤਾ ਸੀ। ਇਸਦਾ ਮੁੱਖ ਮਕਸਦ ਨਸ਼ੇ ਦਾ ਸੇਵਨ ਕਰਨ ਵਾਲਿਆਂ ਨੂੰ ਹਥਿਆਰਾਂ ਦਾ ਲਾਇਸੈਂਸ ਜਾਰੀ ਹੋਣ ਤੋਂ ਰੋਕਣਾ ਸੀ। ਹਰ ਟੈਸਟ ਦੀ ਸਰਕਾਰੀ ਫੀਸ 1500 ਰੁਪਏ ਨਿਰਧਾਰਿਤ ਕੀਤੀ ਗਈ ਹੈ। ਇਨ੍ਹਾਂ ਟੈਸਟਾਂ ਲਈ ਮਲਟੀਕਿੱਟਾਂ ਦਾ ਇਸਤੇਮਾਲ ਕੀਤਾ ਜਾਂਦਾ ਹੈ, ਜਿਸ ਵਿੱਚ ਮਾਰਫ਼ਿਨ, ਕੋਡੀਨ, ਕੋਨਬਿਨੋਲ, ਬਰਬੀਚਿਊਰੇਟਸ, ਕੋਕੀਨ, ਟਰਾਮਾਡੋਲ ਸਮੇਤ 10 ਵੱਖ-ਵੱਖ ਨਸ਼ੀਲੀਆਂ ਦਵਾਈਆਂ ਦੀ ਜਾਂਚ ਕੀਤੀ ਜਾਂਦੀ ਹੈ। ਇਨ੍ਹਾਂ ਟੈਸਟਾਂ ਰਾਹੀਂ ਸਿਹਤ ਵਿਭਾਗ ਨੇ ਕਰੀਬ 55 ਕਰੋੜ ਰੁਪਏ ਦਾ ਮਾਲੀਆ ਵੀ ਇਕੱਠਾ ਕੀਤਾ ਹੈ।ਡੋਪ ਟੈਸਟ ਕਰਵਾਉਣ ਵਾਲਿਆਂ ਵਿੱਚ ਅੰਮ੍ਰਿਤਸਰ ਜ਼ਿਲ੍ਹਾ ਸਭ ਤੋਂ ਅੱਗੇ ਰਿਹਾ, ਜਿੱਥੇ 61 ਹਜ਼ਾਰ 158 ਟੈਸਟ ਹੋਏ। ਦੂਜੇ ਨੰਬਰ 'ਤੇ ਬਠਿੰਡਾ (36,927) ਅਤੇ ਤੀਜੇ ਨੰਬਰ 'ਤੇ ਤਰਨਤਾਰਨ (27,007) ਰਿਹਾ। ਸ੍ਰੀ ਮੁਕਤਸਰ ਸਾਹਿਬ ਵਿੱਚ 26 ਹਜ਼ਾਰ 990 ਡੋਪ ਟੈਸਟ ਹੋਏ ਹਨ। ਪਿਛਲੇ 8 ਸਾਲਾਂ ਵਿੱਚ ਪੰਜਾਬ ਦੇ ਲੋਕਾਂ ਨੇ ਡੋਪ ਟੈਸਟਾਂ'ਤੇ ਹੀ 55 ਕਰੋੜ ਰੁਪਏ ਖਰਚ ਕੀਤੇ ਹਨ। ਇਸ ਹਿਸਾਬ ਨਾਲ ਹਰ ਸਾਲ ਔਸਤਨ 45 ਹਜ਼ਾਰ 734 ਅਤੇ ਹਰ ਮਹੀਨੇ 3,812 ਡੋਪ ਟੈਸਟ ਕੀਤੇ ਗਏ।ਇੱਕ ਦਿਲਚਸਪ ਤੱਥ ਇਹ ਵੀ ਹੈ ਕਿ ਜ਼ਿਲ੍ਹਾ ਪਠਾਨਕੋਟ ਇਕੱਲਾ ਅਜਿਹਾ ਜ਼ਿਲ੍ਹਾ ਹੈ ਜਿੱਥੇ ਬਜ਼ੁਰਗਾਂ ਦੇ ਵੀ ਡੋਪ ਟੈਸਟ ਹੋਏ। ਇੱਥੇ ਸਾਲ 2024 ਵਿੱਚ 55 ਅਤੇ ਸਾਲ 2025 ਵਿੱਚ 108 ਬਜ਼ੁਰਗਾਂ ਦੇ ਡੋਪ ਟੈਸਟ ਕੀਤੇ ਗਏ। ਹਾਲਾਂਕਿ, ਆਮ ਤੌਰ 'ਤੇ ਬਜ਼ੁਰਗਾਂ ਦੇ ਡੋਪ ਟੈਸਟ ਨਹੀਂ ਕੀਤੇ ਜਾਂਦੇ।ਬਠਿੰਡਾ ਨੇ ਮਾਨਸਾ ਨੂੰ ਪਛਾੜਿਆ,ਜੇਕਰ ਨੇੜਲੇ ਜ਼ਿਲ੍ਹਿਆਂ ਬਠਿੰਡਾ ਅਤੇ ਮਾਨਸਾ ਦੀ ਤੁਲਨਾ ਕੀਤੀ ਜਾਵੇ, ਤਾਂ ਬਠਿੰਡਾ ਵਿੱਚ ਮਾਨਸਾ ਨਾਲੋਂ ਤਿੰਨ ਗੁਣਾ ਤੋਂ ਵੀ ਵੱਧ ਡੋਪ ਟੈਸਟ ਹੋਏ। ਬਠਿੰਡਾ ਵਿੱਚ 36,927 ਟੈਸਟ ਹੋਏ, ਜਦੋਂ ਕਿ ਮਾਨਸਾ ਵਿੱਚ ਸਿਰਫ 11,029 ਟੈਸਟ ਹੀ ਹੋਏ। ਇਸੇ ਕਾਰਨ ਸ਼ਾਇਦ ਲੋਕ ਕਹਿੰਦੇ ਹਨ ਕਿ ਬਠਿੰਡੇ ਵਾਲੇ ਅਸਲਾ ਰੱਖਣ ਦੇ ਸ਼ੌਕੀਨ ਹਨ। ਸੂਚਨਾ ਲਈ ਛੇ ਮਹੀਨਿਆਂ ਦਾ ਇੰਤਜ਼ਾਰ ਕਰਨਾ ਪਿਆ।

# ਪਿੰਡ ਗੁਲਾੜੀ ਦੇ ਸਰਕਾਰੀ ਸਕੂਲ ਵਿੱਚ ਆਜ਼ਾਦੀ ਦਿਵਸ ਮਨਾਇਆ



ਖਨੌਰੀ, 17 ਅਗਸਤ (ਓਮਪ੍ਰਕਾਸ਼ ਮੁਆਲ): ਨੇੜਲੇ ਪਿੰਡ ਗੁਲਾੜੀ ਦੇ ਸਰਕਾਰੀ ਪ੍ਰਾਇਮਰੀ ਅਤੇ ਹਾਈ ਸਕੂਲ ਗੁਲਾੜੀ ਵਿੱਚ 79 ਵੇਂ ਅਜ਼ਾਦੀ ਦਿਵਸ ਮੌਕੇ ਝੰਡਾ ਲਹਿਰਾਉਣ ਦੀ ਰਸਮ ਪਿੰਡ ਦੀ ਸਰਪੰਚ ਕਮਲ ਦੇਵੀ ਅਤੇ ਸਮਾਜ ਸੇਵੀ ਰਿਸ਼ੀਪਾਲ ਠੇਕੇਦਾਰ ਵੱਲੋਂ ਨਿਭਾਈ ਗਈ। ਇਸ ਮੌਕੇ ਉਨ੍ਹਾਂ ਆਜ਼ਾਦੀ ਦਿਵਸ ਦੀ ਅਤੇ ਜਨਮ ਅਸ਼ਟਮੀ ਦੀ ਵਧਾਈ ਦਿੰਦਿਆਂ ਬੱਚਿਆਂ ਨੂੰ ਆਪਣੇ ਆਲੇ ਦੁਆਲੇ ਅਤੇ ਘਰਾਂ ਵਿੱਚ ਸਾਫ਼ ਸਫ਼ਾਈ ਰੱਖਣ ਅਤੇ ਨਸ਼ਿਆਂ ਤੋਂ ਦੂਰ ਰਹਿਣ ਦੀ ਸੌਂਹ ਚੁੱਕਾਈ। ਇਸ ਮੌਕੇ ਮੁੱਖ ਅਧਿਆਪਕ ਕੁਲਦੀਪ ਸਿੰਘ, ਮਾਸਟਰ ਸੁਰਜਭਾਨ, ਮਾਸਟਰ ਅਮਰੀਕ ਸਿੰਘ ਆਦਿ ਨਾਲ ਸਮੂਹ ਸਕੂਲ ਸਟਾਫ ਮੈਂਬਰਾਂ ਵੱਲੋਂ ਵੀ ਆਜ਼ਾਦੀ ਦਿਵਸ ਦੀ ਵਧਾਈ ਦਿੱਤੀ ਗਈ। ਇਸ ਮੌਕੇ ਸਕੂਲ ਦੀ ਮਨੈਜਮੈਂਟ ਕਮੇਟੀ, ਮੈਡਮ ਮਨਜੀਤ ਕੌਰ, ਮੈਡਮ ਦਲਬੀਰ ਕੌਰ, ਮੈਡਮ ਰਾਮਬਾਈ, ਮੈਡਮ ਜਯੋਤੀ, ਮਾਸਟਰ ਰਣਬੀਰ ਸ਼ਾਸਤਰੀ, ਚੋਧਰੀ ਨਫ਼ੇ ਸਿੰਘ, ਸ਼ਮਸ਼ੇਰ ਸਿੰਘ ਸ਼ੇਰੂ ਠੇਕੇਦਾਰ, ਚੋਧਰੀ ਕਿਰਪਾਲ ਸਿੰਘ, ਸਾਬਕਾ ਸਰਪੰਚ ਲੱਖੀ ਰਾਮ ਆਦਿ ਨਾਲ ਪਿੰਡ ਵਾਸੀ ਭਾਰੀ ਗਿਣਤੀ ਵਿੱਚ ਹਾਜ਼ਰ ਸਨ।

# ਲਹਿਰਾਗਾਗਾ ਵਿਖੇ ਬੀਬੀ ਦਾਮਨ ਥਿੰਦ ਬਾਜਵਾ ਦੀ ਅਗਵਾਈ ਵਿੱਚ ਕੱਢੀ ਤਿਰੰਗਾ ਯਾਤਰਾ

ਲਹਿਰਾਗਾਗਾ, 17 ਅਗਸਤ (ਗੁਰਦੀਪ ਸਿੰਘ): ਆਜ਼ਾਦੀ ਦੇ ਦਿਹਾੜੇ ਨੂੰ ਮੁੱਖ ਰੱਖਦੇ ਹੋਏ ਲਹਿਰਾਗਾਗਾ ਵਿਖੇ ਤਿਰੰਗਾ ਯਾਤਰਾ ਕੱਢੀ ਗਈ, ਜਿਸ ਦੀ ਅਗਵਾਈ ਭਾਰਤੀ ਜਨਤਾ ਪਾਰਟੀ ਜ਼ਿਲ੍ਹਾ ਸੰਗਰੂਰ ਦੇ ਪ੍ਰਧਾਨ ਬੀਬੀ ਦਾਮਨ ਥਿੰਦ ਬਾਜਵਾ ਨੇ ਕੀਤੀ। ਇਸ ਤਿਰੰਗਾ ਯਾਤਰਾ ਵਿੱਚ ਬੀਜੇਪੀ ਦੇ ਸੈਂਕੜੇ ਵਰਕਰਾਂ ਅਤੇ ਲਹਿਰਾਗਾਗਾ ਨਾਲ ਸਬੰਧਿਤ ਵੱਡੀ ਗਿਣਤੀ ਵਿੱਚ ਲੋਕਾਂ ਨੇ ਸ਼ਮੂਲੀਅਤ ਕੀਤੀ। ਯਾਤਰਾ ਵਿੱਚ ਸ਼ਾਮਲ ਲੋਕਾਂ ਨੇ ਆਕਾਸ਼ ਗੁੰਜਾਊ ਨਾਅਰੇ ਲਗਾ ਆਪਣਾ ਉਤਸ਼ਾਹ ਪਰਗਟ ਕੀਤਾ। ਇਸ ਸਮੇਂ ਜ਼ਿਲ੍ਹਾ ਪ੍ਰਧਾਨ ਬੀਬੀ ਦਾਮਨ ਥਿੰਦ ਬਾਜਵਾ ਨੇ ਗੱਲਬਾਤ ਕਰਦੇ ਹੋਏ ਕਿਹਾ ਕਿ ਇਹ ਯਾਤਰਾ ਦੇਸ਼ ਦੀ ਆਜ਼ਾਦੀ ਦਿਵਸ ਸਮੇਂ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲੇ ਸ਼ਹੀਦਾਂ ਨੂੰ ਸਮਰਪਿਤ ਹੈ। ਉਨ੍ਹਾਂ ਕਿਹਾ ਕਿ ਇਸ ਯਾਤਰਾ ਪ੍ਰਤੀ ਲੋਕਾਂ ਵਿੱਚ ਬਹੁਤ ਭਾਰੀ ਉਤਸ਼ਾਹ ਹੈ। ਯਾਤਰਾ ਸੰਪੰਨ ਹੋਣ ਤੋਂ ਬਾਅਦ ਹਰ ਘਰ ਤਿਰੰਗਾ ਮੁਹਿੰਮ ਤਹਿਤ ਆਏ ਹੋਏ ਵਿਅਕਤੀਆਂ ਨੂੰ ਆਪਣੇ ਘਰਾਂ ਉੱਪਰ ਲਗਾਉਣ ਲਈ ਤਿਰੰਗੇ ਦਿੱਤੇ ਜਾਣਗੇ। ਬੀਜੇਪੀ ਮੰਡਲ ਲਹਿਰਾ ਦੇ ਪ੍ਰਧਾਨ ਸੋਹਣ ਲਾਲ ਸਿੰਗਲਾ ਨੇ ਜ਼ਿਲ੍ਹਾ ਪ੍ਰਧਾਨ ਬੀਬੀ ਦਾਮਨ ਥਿੰਦ ਬਾਜਵਾ ਨੂੰ ਇੱਥੇ ਪਹੁੰਚਣ 'ਤੇ ਜੀ ਆਇਆਂ ਕਹਿ ਕੇ ਉਨ੍ਹਾਂ ਦਾ ਸਵਾਗਤ ਕੀਤਾ ਅਤੇ ਕਿਹਾ ਕਿ ਬੀਬੀ ਬਾਜਵਾ ਦੀ ਅਗਵਾਈ ਹੇਠ ਜ਼ਿਲ੍ਹਾ ਸੰਗਰੂਰ ਵਿੱਚ ਪਾਰਟੀ ਮਜ਼ਬੂਤ ਹੋ ਕੇ ਉੱਭਰੇਗੀ। ਕਿਉਂਕਿ ਹਾਈ ਕਮਾਨ ਨੇ ਸਾਨੂੰ ਹਿੰਮਤੀ ਤੇ ਇਕ ਤਾਕਤਵਰ ਜ਼ਿਲ੍ਹਾ ਪ੍ਰਧਾਨ ਦਿੱਤਾ ਹੈ।



ਇਸ ਯਾਤਰਾ ਵਿੱਚ ਸ਼ੇਰਵਿੰਦਰ ਸਿੰਘ ਧਾਲੀਵਾਲ ਜ਼ਿਲ੍ਹਾ ਪ੍ਰਧਾਨ ਯੂਥ ਬੀਜੇਪੀ, ਹਰਮਨਦੇਵ ਬਾਜਵਾ, ਕੇਵਲ ਸਿੰਗਲਾ ਸਾਬਕਾ ਵਾਈਸ ਚੇਅਰਮੈਨ ਮਾਰਕੀਟ ਕਮੇਟੀ , ਬੀਜੇਪੀ ਦੇ ਸੀਨੀਅਰ ਆਗੂ ਵਿਨੋਦ ਸਿੰਗਲਾ, ਸੋਹਣ ਲਾਲ ਮੰਡਲ ਪ੍ਰਧਾਨ ਲਹਿਰਾ, ਗੁਰਤੇਜ ਸਿੰਘ ਭੁਟਾਲ, ਸੱਤਪਾਲ ਸਿੰਗਲਾ, ਰਾਮ ਸ਼ਰਮਾ ਦਿਹਾਤੀ ਪ੍ਰਧਾਨ ਲਹਿਰਾ, ਅਸ਼ੋਕ ਖਨੌਰੀ, ਗਿਆਨ ਚੰਦ ਸੈਣੀ, ਮੇਘ ਰਾਜ ਚੱਠਾ, ਮਹੀਪਾਲ ਗੁਲਾੜੀ, ਕੁੰਦਨ ਲਾਲ, ਰਿੰਕੂ ਅਤੇ ਫੌਜਾ ਸਿੰਘ ਹਮੀਰਗੜ੍ਹ ਆਦਿ ਆਗੂ ਹਾਜ਼ਰ ਸਨ,

# ਪਰਮਿੰਦਰ ਢੀਂਡਸਾ ਦੀ ਅਗਵਾਈ 'ਚ ਸੰਤ ਲੌਂਗੋਵਾਲ ਦੀ ਬਰਸੀ ਸਬੰਧੀ ਮੀਟਿੰਗ



ਭਵਾਨੀਗੜ੍ਹ, 17 ਅਗਸਤ (ਅਮਨਦੀਪ ਸਿੰਘ ਮਾਝਾ) :ਸ਼੍ਰੋਮਣੀ ਅਕਾਲੀ ਦਲ ਵੱਲੋਂ ਸੰਤ ਹਰਚੰਦ ਸਿੰਘ ਲੌਂਗੋਵਾਲ ਦੀ 40ਵੀਂ ਬਰਸੀ ਮਨਾਉਣ ਸਬੰਧੀ ਹਲਕਾ ਸੰਗਰੂਰ ਦੀ ਮੀਟਿੰਗ ਅੱਜ ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਭਵਾਨੀਗੜ੍ਹ ਵਿਖੇ ਹਲਕਾ ਸੰਗਰੂਰ ਦੇ ਵਰਕਰਾਂ ਦੀ ਮੀਟਿੰਗ ਕੀਤੀ ਗਈ। ਮੀਟਿੰਗ ਨੂੰ ਸਾਬਕਾ ਵਿੱਤ ਮੰਤਰੀ ਪ੍ਰਮਿੰਦਰ ਸਿੰਘ ਢੀਂਡਸਾ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਗੋਬਿੰਦ ਸਿੰਘ ਲੌਂਗੋਵਾਲ, ਸਾਬਕਾ ਵਿਧਾਇਕ ਇਕਬਾਲ ਸਿੰਘ ਝੂੰਦਾਂ, ਸਾਬਕਾ ਸੰਸਦੀ ਸਕੱਤਰ ਪ੍ਰਕਾਸ਼ ਚੰਦ ਗਰਗ ਅਤੇ ਸਾਬਕਾ ਪ੍ਰਬੰਧਕ ਮੈਂਬਰ ਗੁਰਬਚਨ ਸਿੰਘ ਬਚੀ ਨੇ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਦਿਸ਼ਾ ਨਿਰਦੇਸ਼ਾਂ ਤਹਿਤ ਸੁਰਜੀਤ ਹੋਏ ਅਕਾਲੀ ਦਲ ਅਤੇ ਬਹੁਤ ਹੀ ਉੱਚ ਧਾਰਮਿਕ ਸਖਸ਼ੀਅਤ ਗਿਆਨੀ ਹਰਪ੍ਰੀਤ ਸਿੰਘ ਨੂੰ ਪ੍ਰਧਾਨ ਬਣਨ ਨਾਲ ਪੰਥ ਵਿੱਚੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ 20 ਅਗਸਤ ਨੂੰ ਅਨਾਜ ਮੰਡੀ ਲੌਂਗੋਵਾਲ ਵਿਖੇ ਪੰਜਾਬ ਅਤੇ ਪੰਥ ਦੇ ਹਿੱਤਾਂ ਲਈ ਕੁਰਬਾਨੀ ਦੇਣ ਵਾਲੇ ਸੰਤ ਹਰਚੰਦ ਸਿੰਘ ਲੌਂਗੋਵਾਲ ਦੀ ਬਰਸੀ ਮੌਕੇ ਨਿਵੇਕਲਾ ਇਤਿਹਾਸ ਸਿਰਜਿਆ ਜਾਵੇਗਾ। ਇਸ ਮੌਕੇ ਹਰਵਿੰਦਰ ਸਿੰਘ ਕਾਕੜਾ, ਜਥੇਦਾਰ ਹਰਦੇਵ ਸਿੰਘ ਕਾਲਾਝਾੜ, ਕੁਲਵੰਤ ਸਿੰਘ ਜੌਲੀਆਂ, ਰਵਜਿੰਦਰ ਸਿੰਘ ਵਿਰਕ, ਇੰਦਰਜੀਤ ਸਿੰਘ ਤੂਰ, ਧਨਮਿੰਦਰ ਸਿੰਘ ਭੱਟੀਵਾਲ, ਡਾ. ਗੁਰਚਰਨ ਸਿੰਘ ਪੰਨਵਾਂ, ਕੇਵਲ ਸਿੰਘ ਜਲਾਣ ਅਤੇ ਰਿਪਦੱਮਣ ਸਿੰਘ ਢਿੱਲੋਂ ਹਾਜ਼ਰ ਸਨ

# ਫ਼ੌਜੀ ਪਰਿਵਾਰ ਨੇ ਆਜ਼ਾਦੀ ਦਿਵਸ ਮੌਕੇ ਲਹਿਰਾਇਆ ਕੌਮੀ ਝੰਡਾ



ਭਗਤਾ ਭਾਈ ਕਾ, 17 ਅਗਸਤ (ਸਵਰਨ ਸਿੰਘ ਭਗਤਾ): ਸਥਾਨਕ ਸ਼ਹਿਰ ਦੇ ਸੁਰਜੀਤ ਨਗਰ ਵਿਖੇ ਇੱਕ ਫੌਜ ਨਾਲ ਸਬੰਧਤ ਪਰਿਵਾਰ ਵੱਲੋਂ ਉਨਾਸੀਵੇਂ ਆਜ਼ਾਦੀ ਦਿਵਸ ਮੌਕੇ ਕੌਮੀ ਝੰਡਾ ਲਹਿਰਾਇਆ ਗਿਆ। ਇਸ ਮੌਕੇ ਸੂਬੇਦਾਰ ਦਲਜੀਤ ਸਿੰਘ ਅਤੇ ਸੁਰਜੀਤ ਸਿੰਘ ਫੌਜੀ ਸਪੁੱਤਰ ਸਵਰਗਵਾਸੀ ਸੂਬੇਦਾਰ ਕਰਨੈਲ ਸਿੰਘ ਨੇ ਕਿਹਾ ਕਿ ਸਾਡਾ ਪਰਿਵਾਰ ਕਈ ਪੀੜ੍ਹੀਆਂ ਤੋਂ ਫੌਜ ਨਾਲ ਜੁੜਿਆ ਹੋਇਆ ਹੈ ਅਤੇ ਸਾਡੇ ਪਰਿਵਾਰ ਦੇ ਨੌਜਵਾਨ ਅੱਜ ਵੀ ਫੌਜ ਵਿੱਚ ਸੇਵਾ ਨਿਭਾ ਰਹੇ ਹਨ। ਉਹਨਾਂ ਕਿਹਾ ਕਿ ਸਾਨੂੰ ਆਪਣੇ ਦੇਸ਼ ਉੱਪਰ ਮਾਣ ਮਹਿਸੂਸ ਕਰਨਾ ਚਾਹੀਦਾ ਹੈ। ਉਹਨਾਂ ਨੌਜਵਾਨਾਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਉਹ ਨਸ਼ੇ ਅਤੇ ਹੋਰ ਮਾੜੀਆਂ ਅਲਾਮਤਾਂ ਛੱਡ ਕੇ ਫ਼ੌਜ ਵਿੱਚ ਭਰਤੀ ਹੋ ਕੇ ਦੇਸ਼ ਦੀ ਸੇਵਾ ਵਿੱਚ ਸ਼ਮੂਲੀਅਤ ਕਰਨ। ਇਸ ਮੌਕੇ ਉਨ੍ਹਾਂ ਦੇ ਪਰਿਵਾਰਿਕ ਮੈਂਬਰਾਂ ਤੋਂ ਇਲਾਵਾ ਹੋਰ ਲੋਕ ਵੀ ਹਾਜ਼ਰ ਸਨ।

# ਕਾਲਜ ਵਿੱਚ ਆਜ਼ਾਦੀ ਦਿਵਸ ਧੂਮਧਾਮ ਨਾਲ ਮਨਾਇਆ




ਭਵਾਨੀਗੜ੍ਹ, 17 ਅਗਸਤ (ਅਮਨਦੀਪ ਸਿੰਘ ਮਾਝਾ) : ਰਹਿਬਰ ਗਰੁੱਪ ਆਫ਼ ਇੰਸਟੀਚਿਊਟਸ, ਭਵਾਨੀਗੜ੍ਹ ਵਿੱਚ 79ਵਾਂ ਆਜ਼ਾਦੀ ਦਿਵਸ ਬੜੇ ਉਤਸ਼ਾਹ ਅਤੇ ਦੇਸ਼ ਭਗਤੀ ਦੇ ਜੋਸ਼ ਨਾਲ ਮਨਾਇਆ ਗਿਆ। ਸਮਾਰੋਹ ਦੀ ਸ਼ੁਰੂਆਤ ਕਾਲਜ ਦੇ ਮੈਨੇਜਿੰਗ ਡਾਇਰੈਕਟਰ ਡਾ. ਕਾਸ਼ਿਫ਼ ਖ਼ਾਨ ਵੱਲੋਂ ਝੰਡਾ ਲਹਿਰਾ ਕੇ ਕੀਤੀ ਗਈ। ਇਸ ਮੌਕੇ ਬੀ.ਯੂ. ਐੱਮ. ਐੱਸ ਦੇ ਪ੍ਰਿੰਸੀਪਲ ਡਾ. ਸਿਰਾਜੁਨਬੀ ਜਾਫ਼ਰੀ ਜੀ. ਐਨ. ਐੱਮ ਕੋਰਸ ਦੇ ਪ੍ਰਿੰਸੀਪਲ ਵਿੱਕਰ ਸਿੰਘ ਅਤੇ ਫਾਰਮੇਸੀ ਆਯੁਰਵੇਦ ਦੇ ਪ੍ਰਿੰਸੀਪਲ ਡਾ. ਨਰੇਸ਼ ਚੰਦਰ ਸਾਰੇ ਸਟਾਫ਼ ਮੈਂਬਰ, ਵਿਦਿਆਰਥੀ ਅਤੇ ਮਹਿਮਾਨ ਇਸ ਮੌਕੇ 'ਤੇ ਮੌਜੂਦ ਸਨ। ਝੰਡਾ ਲਹਿਰਾਉਣ ਤੋਂ ਬਾਅਦ ਰਾਸ਼ਟਰੀ ਗੀਤ ਗਾਇਆ ਗਿਆ ਅਤੇ ਸ਼ਹੀਦਾਂ ਨੂੰ ਯਾਦ ਕਰਦੇ ਹੋਏ ਇੱਕ ਮਿੰਟ ਦਾ ਮੌਨ ਧਾਰਿਆ ਗਿਆ। ਵਿਦਿਆਰਥੀਆਂ ਵੱਲੋਂ ਦੇਸ਼-ਭਗਤੀ ਦੇ ਗੀਤ, ਭਾਸ਼ਣ ਅਤੇ ਨਾਟਕ ਪੇਸ਼ ਕੀਤੇ ਗਏ। ਪ੍ਰਿੰਸੀਪਲ ਸਾਹਿਬ ਨੇ ਆਪਣੇ ਸੰਬੋਧਨ ਵਿੱਚ ਦੇਸ਼ ਦੇ ਇਤਿਹਾਸ ਅਤੇ ਆਜ਼ਾਦੀ ਦੀ ਮਹੱਤਤਾ 'ਤੇ ਰੌਸ਼ਨੀ ਪਾਈ। ਸਮਾਰੋਹ ਦੇ ਅੰਤ 'ਤੇ ਸਾਰੇ ਹਾਜ਼ਰ ਲੋਕਾਂ ਨੂੰ ਮਿਠਾਈ ਵੰਡ ਕੇ ਦਿਨ ਨੂੰ ਯਾਦਗਾਰ ਬਣਾਇਆ ਗਿਆ। ਪੂਰੇ ਕਾਲਜ ਦਾ ਮਾਹੌਲ ਦੇਸ਼-ਭਗਤੀ ਦੇ ਰੰਗ ਨਾਲ ਰੰਗਿਆ ਹੋਇਆ ਸੀ। ਇਸ ਮੌਕੇ ਡਾ. ਐੱਮ.ਐੱਸ. ਖ਼ਾਨ ਚੇਅਰਮੈਨ ਅਤੇ ਵਾਇਸ ਚੇਅਰ ਪਰਸਨ ਡਾ. ਕਾਫ਼ਲਾ ਖ਼ਾਨ ਨੇ ਵਿਦਿਆਰਥੀਆਂ ਨੂੰ ਆਜ਼ਾਦੀ ਦਿਵਸ ਦੀ ਵਧਾਈ ਦਿੱਤੀ।

# ਗਿਆਨੀ ਹਰਪ੍ਰੀਤ ਸਿੰਘ ਦੀ ਅਕਾਲੀ ਦਲ ਦੇ ਪ੍ਰਧਾਨ ਵਜੋਂ ਨਿਯੁਕਤੀ ਪੰਥ ਅਤੇ ਪੰਜਾਬੀਆਂ ਲਈ ਇੱਕ ਮਹੱਤਵਪੂਰਨ ਕਦਮ : ਬਾਦਲਗੜ੍ਹ, ਬਿੱਲੂ ਖੰਡੇਬਾਦ

ਲਹਿਰਾਗਾਗਾ, 17 ਅਗਸਤ (ਗੁਰਦੀਪ ਸਿੰਘ): ਗਿਆਨੀ ਹਰਪ੍ਰੀਤ ਸਿੰਘ ਨੂੰ ਅਕਾਲੀ ਦਲ ਦਾ ਪ੍ਰਧਾਨ ਬਣਾਏ ਜਾਣ 'ਤੇ ਸਮੁੱਚੇ ਪੰਜਾਬੀਆਂ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ ਹੈ। ਉਹਨਾਂ ਦੇ ਪ੍ਰਧਾਨ ਵਜੋਂ ਨਿਯੁਕਤੀ ਪੰਥ ਅਤੇ ਪੰਜਾਬੀਆਂ ਲਈ ਇੱਕ ਮਹੱਤਵਪੂਰਨ ਕਦਮ ਹੈ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਚਮਕੌਰ ਸਿੰਘ ਬਾਦਲਗੜ੍ਹ ਸਾਬਕਾ ਚੇਅਰਮੈਨ ਅਤੇ ਯੂਥ ਆਗੂ ਸੁਖਵਿੰਦਰ ਸਿੰਘ ਬਿੱਲੂ ਖੰਡੇਬਾਦ ਨੇ ਪੱਤਰਕਾਰ ਨਾਲ ਗੱਲਬਾਤ ਕਰਦਿਆਂ ਕੀਤਾ। ਉਹਨਾਂ ਕਿਹਾ ਕਿ ਗਿਆਨੀ ਹਰਪ੍ਰੀਤ ਸਿੰਘ ਦੀ ਅਗਵਾਈ ਨਾਲ ਅਕਾਲੀ ਦਲ ਇੱਕ ਵਾਰ ਫਿਰ ਮਜਬੂਤੀ ਨਾਲ ਖੇਤਰੀ ਪੱਧਰ 'ਤੇ ਆਪਣਾ ਸਿਆਸੀ ਦਬਦਬਾ ਬਣਾਉਣ ਵਿੱਚ ਕਾਮਯਾਬ ਹੋਵੇਗਾ। ਉਹਨਾਂ ਕਿਹਾ ਕਿ ਇਹ ਨਿਯੁਕਤੀ ਨਾ ਸਿਰਫ ਪਾਰਟੀ ਲਈ, ਸਗੋਂ ਪੰਥ ਅਤੇ ਪੰਜਾਬੀ ਕੌਮ ਲਈ ਵੀ ਇੱਕ ਮਹੱਤਵਪੂਰਨ ਕਦਮ ਹੈ। ਅਕਾਲੀ ਦਲ ਨੇ ਆਪਣੇ ਇਤਿਹਾਸਕ ਸਫਰ ਵਿੱਚ ਹਮੇਸ਼ਾ ਪੰਥਕ ਹਿੱਤਾਂ, ਪੰਜਾਬੀ ਸੱਭਿਆਚਾਰ ਅਤੇ ਕਿਸਾਨਾਂ ਮਜਦੂਰਾਂ ਦੇ ਹੱਕਾਂ ਦੀ ਰੱਖਿਆ ਕਰਨ ਲਈ ਅਗਵਾਈ ਕੀਤੀ ਹੈ। ਉਹਨਾਂ ਕਿਹਾ ਕਿ ਪਿਛਲੇ ਕੁਝ ਸਾਲਾਂ ਤੋਂ ਪਾਰਟੀ ਕਈ ਚੁਣੌਤੀਆਂ ਦਾ ਸਾਹਮਣਾ ਕਰ ਰਹੀ ਹੈ, ਪਰ ਸਮਰੱਥ ਅਗਵਾਈ ਦੀ ਘਾਟ ਕਾਰਨ ਲੋਕਾਂ ਵਿੱਚ ਉਹ ਪ੍ਰਭਾਵ ਨਹੀਂ ਬਣ ਸਕਿਆ, ਜੋ ਪਹਿਲਾਂ ਕਦੇ ਸ਼੍ਰੋਮਣੀ ਅਕਾਲੀ ਦਲ ਦਾ ਹੁੰਦਾ ਸੀ। ਬਾਦਲਗੜ੍ਹ ਅਤੇ ਖੰਡੇਬਾਦ ਨੇ ਅੱਗੇ ਕਿਹਾ ਕਿ ਅੱਜ ਜਦੋਂ ਪੰਥ ਅਤੇ ਪੰਜਾਬੀਆਂ ਨੂੰ ਇੱਕਜੁੱਟਤਾ ਕਰਨ ਲਈ



ਮਜਬੂਤ ਲੀਡਰਸ਼ਿਪ ਦੀ ਲੋੜ ਹੈ, ਤਦ ਇੱਕ ਸੁਲਝਿਆ ਹੋਇਆ, ਸਿਆਣਾ ,ਸੂਝਵਾਨ ਅਤੇ ਪੰਥਕ ਸੋਚ ਰੱਖਣ ਵਾਲਾ ਗਿਆਨੀ ਹਰਪ੍ਰੀਤ ਸਿੰਘ ਵਰਗਾ ਆਗੂ ਪਾਰਟੀ ਪ੍ਰਧਾਨ ਬਣਿਆ ਹੈ, ਜੋ ਹਰ ਪਾਸੇ ਲੋਕਾਂ ਦੇ ਭਰੋਸੇ 'ਤੇ ਖਰਾ ਉਤਰੇਗਾ। ਉਹਨਾਂ ਕਿਹਾ ਕਿ ਗਿਆਨੀ ਹਰਪ੍ਰੀਤ ਸਿੰਘ ਦੀ ਲੰਬੀ ਪੰਥਕ ਸੇਵਾ, ਗੁਰਮਤਿ ਪ੍ਰਤੀ ਸਮਰਪਣ ਅਤੇ ਸ੍ਰੀ ਅਕਾਲ ਤਖਤ ਸਾਹਿਬ ਦੇ ਬਤੌਰ ਜਥੇਦਾਰ ਰਹਿੰਦਿਆਂ ਕੀਤੇ ਗਏ ਮਹੱਤਵਪੂਰਨ ਫੈਸਲੇ ਇਤਿਹਾਸ ਬਣ ਚੁੱਕੇ ਹਨ। ਇਹਨਾਂ ਕੀਤੇ ਫੈਸਲਿਆਂ ਕਾਰਨ ਗਿਆਨੀ ਜੀ ਦੀ ਸ਼ਖ਼ਸੀਅਤ ਇੱਕ ਪੰਥਕ ਅਤੇ ਸੱਚੇ ਸੇਵਾਦਾਰ ਵਜੋਂ ਉੱਭਰੀ ਹੈ। ਪੰਜਾਬ ਦੇ ਲੋਕ ਅਜਿਹੇ ਆਗੂ ਦੀ ਹੀ ਉਮੀਦ ਕਰ ਰਹੇ ਸਨ, ਜੋ ਬਿਨਾਂ ਕਿਸੇ ਦਬਾਅ ਅਤੇ ਡਰ ਤੋਂ ਪੰਥਕ ਅਤੇ ਲੋਕ ਹਿੱਤਾਂ ਲਈ ਹਮੇਸ਼ਾ ਖੜ੍ਹਾ ਹੋਵੇ। ਉਹਨਾਂ ਨੇ ਇਸ ਗੱਲ 'ਤੇ ਵੀ ਜ਼ੋਰ ਦਿੱਤਾ ਕਿ ਅੱਜ ਪੰਜਾਬ ਨੂੰ ਇੱਕ ਅਜਿਹੀ ਆਵਾਜ਼ ਦੀ ਲੋੜ ਸੀ ਜੋ ਕੇਂਦਰ ਸਰਕਾਰ ਤੱਕ ਪੰਜਾਬ ਦੇ ਮੁੱਦਿਆਂ ਨੂੰ ਪਹੁੰਚਾਉਣ ਦੇ ਨਾਲ ਨਾਲ ਪੰਜਾਬੀਆਂ ਦੇ ਹਿੱਤਾਂ ਦੀ ਰੱਖਿਆ ਲਈ ਹਰ ਪੱਧਰ 'ਤੇ ਲੜਾਈ ਲੜਨ ਦੇ ਸਮਰੱਥ ਹੋਵੇ। ਗਿਆਨੀ ਹਰਪ੍ਰੀਤ ਸਿੰਘ ਦਾ ਸਾਫ ਸੁਥਰਾ ਜੀਵਨ, ਨਿਡਰ ਸੁਭਾਉ, ਪੰਥ ਪ੍ਰਤੀ ਵਚਨਵੱਧਤਾ ਇਹ ਗੱਲ ਸਪੱਸ਼ਟ ਕਰਦੀ ਹੈ ਕਿ ਉਹ ਇਸ ਚੁਣੌਤੀ ਨੂੰ ਸਵੀਕਾਰ ਕਰਨ ਦੇ ਸਮਰੱਥ ਹਨ। ਸਰਦਾਰ ਬਾਦਲਗੜ੍ਹ ਤੇ ਖੰਡੇਬਾਦ ਨੇ ਅੱਗੇ ਕਿਹਾ ਕਿ ਇਹ ਸਮਾਂ ਪਾਰਟੀ ਨੂੰ ਨਵੇਂ ਜੋਸ਼, ਨਵੀਂ ਸੋਚ ਅਤੇ ਨਵੇਂ ਮਿਸ਼ਨ ਨਾਲ ਅੱਗੇ ਵਧਾਉਣ ਦਾ ਹੈ, ਅਤੇ ਉਹਨਾਂ ਨੂੰ ਪੂਰਾ ਭਰੋਸਾ ਹੈ ਕਿ ਗਿਆਨੀ ਜੀ ਦੀ ਅਗਵਾਈ ਵਿੱਚ ਸ਼੍ਰੋਮਣੀ ਅਕਾਲੀ ਦਲ ਆਪਣੀ ਪੁਰਾਣੀ ਸਾਖ਼ ਵਾਪਸ ਹਾਸਲ ਕਰਨ ਵਿੱਚ ਸਫਲ ਹੋਵੇਗਾ।

# ਲਹਿਰਾਗਾਗਾ ਵਾਸੀ ਗੰਦਾ ਪਾਣੀ ਪੀਣ ਲਈ ਮਜਬੂਰ - ਪ੍ਰਸ਼ਾਸਨ ਚੁੱਪ, ਕਰੋੜਾਂ ਬੇਕਾਰ ਕੰਮਾਂ 'ਤੇ ਖਰਚੇ

ਲਹਿਰਾਗਾਗਾ, 17 ਅਗਸਤ (ਰਾਮੇਸ਼ਵਰ ਸ਼ਰਮਾ/ਖੁਸਵਿੰਦਰ ਸ਼ਰਮਾ): ਪਿਛਲੇ 20 ਦਿਨਾਂ ਤੋਂ ਲਹਿਰਾਗਾਗਾ ਦੇ ਲੋਕਾਂ ਨੂੰ ਗੰਦਾ ਤੇ ਦੂਸ਼ਿਤ ਪਾਣੀ ਪੀਣ ਲਈ ਮਜਬੂਰ ਕੀਤਾ ਜਾ ਰਿਹਾ ਹੈ। ਪੀਣ ਵਾਲੇ ਪਾਣੀ ਵਿੱਚ ਸੀਵਰੇਜ ਮਿਲ ਰਿਹਾ ਹੈ, ਜਿਸ ਨਾਲ ਹਜ਼ਾਰਾਂ ਪਰਿਵਾਰਾਂ ਦੀ ਸਿਹਤ ਨਾਲ ਭਾਰੀ ਖ਼ਤਰਾ ਪੈਦਾ ਹੋ ਚੁੱਕਾ ਹੈ। ਬੱਚੇ, ਬੁਜ਼ੁਰਗ ਅਤੇ ਮਰੀਜ਼ ਸਭ ਤੋਂ ਵੱਧ ਪੀੜਤ ਹਨ।ਲੋਕਾਂ ਵੱਲੋਂ ਕਈ ਵਾਰ ਸ਼ਿਕਾਇਤ ਕਰਨ ਦੇ ਬਾਵਜੂਦ ਨਾ ਤਾਂ EO, ਨਾ ਕਮੇਟੀ ਪ੍ਰਧਾਨ ਤੇ ਨਾ ਹੀ ਚੁਣੇ ਹੋਏ ਕੌਂਸਲਰਾਂ ਵੱਲੋਂ ਕੋਈ ਢੁੱਕਵਾਂ ਕਦਮ ਚੁੱਕਿਆ ਗਿਆ ਹੈ। ਮਿਊਂਸਿਪਲ ਕਮੇਟੀ ਦਾ ਹਾਊਸ ਲੋਕਾਂ ਦੀ ਮੁਸੀਬਤ ਸੁਲਝਾਉਣ ਦੀ ਥਾਂ 'ਤੇ ਚੁੱਪ ਬੈਠਾ ਹੈ। ਇਹ ਚੁੱਪੀ ਦਰਅਸਲ ਬੇਪਰਵਾਹੀ ਤੇ ਸਾਥੀਦਾਰੀ ਹੈ।ਸਭ ਤੋਂ ਹੈਰਾਨੀਜਨਕ ਗੱਲ ਹੈ ਕਿ ਲੋਕਲ ਮੰਤਰੀ, ਬਰੀਂਦਰ ਗੋਇਲ, ਨੇ ਵੀ ਇਸ ਗੰਭੀਰ ਸਮੱਸਿਆ ਦੇ ਹੱਲ ਲਈ ਅਜੇ ਤੱਕ ਇੱਕ ਵੀ ਕਦਮ ਨਹੀਂ ਚੁੱਕਿਆ। ਮੰਤਰੀ ਤੇ ਪ੍ਰਸ਼ਾਸਨ ਇਸ ਤਰ੍ਹਾਂ ਵਰਤਾਅ ਕਰ ਰਹੇ ਹਨ ਜਿਵੇਂ ਲੋਕਾਂ ਦੀ ਪੀੜ੍ਹਾ ਦਾ ਉਨ੍ਹਾਂ ਲਈ ਕੋਈ ਅਰਥ ਹੀ ਨਹੀਂ।ਜਦੋਂ ਲੋਕਾਂ ਨੂੰ ਸਾਫ ਪੀਣ ਵਾਲੇ ਪਾਣੀ ਦੀ ਲੋੜ ਹੈ, ਉਸੇ ਸਮੇਂ ਮਿਊਂਸਿਪਲ ਕਮੇਟੀ ਕਰੋੜਾਂ ਰੁਪਏ ਬੇਕਾਰ ਕੰਮਾਂ 'ਤੇ ਖਰਚ ਰਹੀ ਹੈ। ਪਾਣੀ ਸਪਲਾਈ ਤੇ ਸੀਵਰੇਜ ਠੀਕ ਕਰਨ ਦੀ ਥਾਂ 'ਤੇ, ਕਰੋੜਾਂ ਰੁਪਏ ਚਾਰਦੀਵਾਰੀ (ਬਾਊਂਡਰੀ ਵਾਲ) ਬਣਾਉਣ 'ਤੇ ਲੁਟਾ ਦਿੱਤੇ ਗਏ। ਸਿਰਫ ਲਹਿਰਾਗਾਗਾ ਵਿੱਚ ਹੀ ਦੋ ਚਾਰਦੀਵਾਰੀਆਂ ਬਣਾਈਆਂ ਗਈਆਂ — ਇੱਕ ਵਾਟਰ ਵਰਕਸ ਵਿੱਚ ਤੇ ਇੱਕ ਗੈਸਟ ਹਾਊਸ ਨੇੜੇ — ਜੋ ਲੋਕਾਂ ਲਈ ਕਿਸੇ ਕੰਮ ਦੀ



ਨਹੀਂ।ਇਸੇ ਤਰ੍ਹਾਂ ਘੱਟ ਗੁਣਵੱਤਾ ਵਾਲੇ ਡਸਟਬਿਨਾਂ 'ਤੇ ਵੀ ਲੱਖਾਂ ਰੁਪਏ ਖਰਚੇ ਗਏ, ਜੋ ਕਿ ਕਿਸੇ ਅਮਲ ਵਿੱਚ ਨਹੀਂ ਆ ਰਹੇ। ਲੋਕ ਸਵਾਲ ਪੁੱਛ ਰਹੇ ਹਨ: ਜੇ ਕਰੋੜਾਂ ਰੁਪਏ ਬੇਕਾਰ ਤੇ ਦਿਖਾਵਟੀ ਕੰਮਾਂ 'ਤੇ ਖਰਚ ਹੋ ਸਕਦੇ ਹਨ ਤਾਂ ਇਹੀ ਪੈਸਾ ਸਾਫ ਪਾਣੀ, ਢੰਗ ਦਾ ਸੀਵਰੇਜ, ਸਫਾਈ ਤੇ ਲੋਕਾਂ ਦੀ ਸਿਹਤ ਲਈ ਕਿਉਂ ਨਹੀਂ ਵਰਤਿਆ ਜਾ ਸਕਦਾ। ਪੀਣ ਵਾਲਾ ਪਾਣੀ ਜ਼ਿੰਦਗੀ ਦੀ ਸਭ ਤੋਂ ਮੁੱਖ ਲੋੜ ਹੈ। ਲੋਕਾਂ ਨੂੰ ਇਹ ਨਾ ਦੇਣਾ ਤੇ ਪੈਸਾ ਬੇਕਾਰ ਗਵਾਉਣਾ, ਸਿਰਫ ਲਾਪਰਵਾਹੀ ਨਹੀਂ ਬਲਕਿ ਜਨਤਾ ਦੇ ਭਰੋਸੇ ਨਾਲ ਧੋਖਾਧੜੀ ਹੈ।ਸਾਡੀਆਂ ਮੰਗਾਂ: ਤੁਰੰਤ ਕਾਰਵਾਈ ਕਰਕੇ ਪੀਣ ਵਾਲੇ ਪਾਣੀ ਵਿੱਚੋਂ ਸੀਵਰੇਜ ਮਿਲਣਾ ਰੋਕਿਆ ਜਾਵੇ। ਮਿਊਂਸਿਪਲ ਕਮੇਟੀ ਹੁਣ ਤੱਕ ਕੀ ਕੀਤਾ ਹੈ, ਇਸਦੀ ਪੂਰੀ ਜਾਣਕਾਰੀ ਜਨਤਾ ਦੇ ਸਾਹਮਣੇ ਰੱਖੀ ਜਾਵੇ। C.EO, ਕਮੇਟੀ ਪ੍ਰਧਾਨ ਤੇ ਸਾਰੇ ਜ਼ਿੰਮੇਵਾਰ ਅਧਿਕਾਰੀਆਂ ਤੋਂ ਜਵਾਬਦੇਹੀ ਲਈ ਜਾਵੇ। ਚਾਰਦੀਵਾਰੀ ਤੇ ਘੱਟ ਗੁਣਵੱਤਾ ਵਾਲੇ ਡਸਟਬਿਨਾਂ 'ਤੇ ਹੋ ਰਹੇ ਬੇਕਾਰ ਖਰਚੇ ਰੋਕ ਕੇ ਇਹ ਰਕਮ ਬੁਨਿਆਦੀ ਸੁਵਿਧਾਵਾਂ ਜਿਵੇਂ ਸਾਫ ਪਾਣੀ, ਸੀਵਰੇਜ, ਸਫਾਈ ਤੇ ਸਿਹਤ 'ਤੇ ਲਗਾਈ ਜਾਵੇ। ਭਵਿੱਖ ਵਿੱਚ ਇਹੋ ਜਿਹੀ ਲਾਪਰਵਾਹੀ ਮੁੜ ਨਾ ਹੋਵੇ, ਇਸ ਲਈ ਪੱਕਾ ਹੱਲ ਕੀਤਾ ਜਾਵੇ।ਲਹਿਰਾਗਾਗਾ ਦੇ ਲੋਕ ਹੁਣ ਹੋਰ ਚੁੱਪ ਨਹੀਂ ਰਹਿਣਗੇ। ਜੇ ਸਰਕਾਰ ਤੇ ਮਿਊਂਸਿਪਲ ਕਮੇਟੀ ਨੇ ਤੁਰੰਤ ਕਾਰਵਾਈ ਨਾ ਕੀਤੀ ਤਾਂ ਲੋਕਾਂ ਨੂੰ ਮਜਬੂਰ ਹੋ ਕੇ ਸੜਕਾਂ 'ਤੇ ਉਤਰਨਾ ਪਵੇਗਾ।

# ਅੰਨ੍ਹੇ ਕਤਲ ਦੀ ਗੁੱਥੀ ਸੁਲਝੀ : ਮਾਂ ਦੇ ਪ੍ਰੇਮੀ ਨੇ ਦੋਸਤ ਨਾਲ ਮਿਲ ਕੇ ਹੀ ਕੀਤਾ ਸੀ, 17 ਸਾਲਾ ਨੌਜਵਾਨ ਦਾ ਕਤਲ

ਬਠਿੰਡਾ, 17 ਅਗਸਤ (ਦੀਪਕ ਸ਼ਰਮਾ):ਪੁਲਿਸ ਨੇ ਇੱਕ ਅੰਨ੍ਹੇ ਕਤਲ ਦਾ ਮਾਮਲਾ ਸੁਲਝਾਉਂਦਿਆਂ ਦੋ ਜਾਣਿਆਂ ਨੂੰ ਗ੍ਰਿਫਤਾਰ ਕੀਤਾ ਹੈ। ਇਸ ਮਾਮਲੇ ਦਾ ਦੁੱਖਦਾਈ ਪਹਿਲੂ ਇਹ ਹੈ ਕਿ ਮਾਂ ਦੇ ਨਾਜਾਇਜ਼ ਸਬੰਧਾਂ ਦੇ ਚੱਲਦਿਆਂ ਉਕਤ ਨੌਜਵਾਨ ਨੂੰ ਆਪਣੀ ਜਾਨ ਤੋਂ ਹੱਥ ਧੋਣਾ ਪਿਆ। ਮ੍ਰਿਤਕ ਦੀ ਮਾਂ ਦੇ ਪ੍ਰੇਮੀ ਨੇ ਆਪਣੇ ਦੋਸਤ ਨਾਲ ਮਿਲ ਕੇ ਇਸ ਵਾਰਦਾਤ ਨੂੰ ਅੰਜ਼ਾਮ ਦਿੱਤਾ ਹੈ।ਇਸ ਮਾਮਲੇ ਵਿੱਚ ਕਤਲ ਦਾ ਕਾਰਨ ਸਿਰਫ਼ ਇੰਨਾ ਸੀ ਕਿ ਮ੍ਰਿਤਕ ਨੂੰ ਆਪਣੀ ਮਾਂ ਦੇ ਪ੍ਰੇਮੀ ਨਾਲ ਉਸਦੇ ਰਿਸ਼ਤੇ 'ਤੇ ਇਤਰਾਜ਼ ਸੀ। ਪੁਲਿਸ ਨੇ ਕੱਥਿਤ ਦੋਸ਼ੀ ਗੁਰਦੀਪ ਸਿੰਘ ਅਤੇ ਉਸਦੇ ਸਾਥੀ ਅਮੀਨ ਸ਼ਰਮਾ ਨੂੰ ਕਾਬੂ ਕਰ ਲਿਆ ਹੈ।ਇਸ ਸਬੰਧੀ ਸਥਾਨਕ ਸੈਕਟਰੀਏਟ ਵਿੱਚ ਕੀਤੀ ਗਈ ਪ੍ਰੈੱਸ ਵਾਰਤਾ ਦੌਰਾਨ ਐਸਪੀ(ਡੀ) ਜਸਮੀਤ ਸਿੰਘ ਸਾਹੀਵਾਲ ਨੇ ਦੱਸਿਆ ਕਿ ਲੰਘੀ 15 ਅਗਸਤ ਨੂੰ ਪਿੰਡ ਬੀੜ ਬਹਿਮਣ ਵਿੱਚੋਂ ਲੰਘਦੀ ਸਰਹੰਦ ਨਹਿਰ ਦੇ ਕੋਲ ਖਤਾਨਾ ਵਿੱਚੋਂ ਇੱਕ 17 ਸਾਲਾ ਨੌਜਵਾਨ ਦੀ ਲਾਸ਼ ਮਿਲੀ। ਮ੍ਰਿਤਕ ਦੇ ਪਰਿਵਾਰ ਵਾਲਿਆਂ ਨੇ ਉਕਤ ਨੌਜਵਾਨ ਦੀ ਪਛਾਣ ਦੀਪ ਸਿੰਘ ਦੇ ਵਜੋਂ ਕੀਤੀ ਸੀ। ਪੁਲਿਸ ਲਈ ਇਹ ਕਤਲ ਇੱਕ ਬੁਝਾਰਤ ਬਣਿਆ ਹੋਇਆ ਸੀ। ਜਿਸ 'ਤੇ ਚੱਲਦੇ ਐਸਐਸਪੀ ਅਮਨੀਤ ਕੌਂਡਲ ਦੇ ਦਿਸ਼ਾ ਨਿਰਦੇਸ਼ਾਂ 'ਤੇ ਪੁਲਿਸ ਦੀਆਂ ਵੱਖ ਵੱਖ ਟੀਮਾਂ ਬਣਾ ਕੇ ਇਸ ਕਤਲ ਕਾਂਡ ਦੀ ਜਾਂਚ ਕੀਤੀ ਜਾ ਰਹੀ ਸੀ। ਇਸ ਦੌਰਾਨ ਪਤਾ ਲੱਗਾ ਕਿ ਇਸ ਵਾਰਦਾਤ ਨੂੰ ਦੀਪ ਸਿੰਘ ਦੀ ਮਾਂ ਦੇ ਪ੍ਰੇਮੀ ਗੁਰਦੀਪ ਸਿੰਘ ਨੇ ਆਪਣੇ ਦੋਸਤ ਅਮੀਨ ਸ਼ਰਮਾ ਨਾਲ ਮਿਲ ਕੇ ਕੀਤਾ ਸੀ। ਪੁਲਿਸ ਨੇ ਮ੍ਰਿਤਕ ਦੀਪ ਸਿੰਘ ਦਾ ਮੋਟਰਸਾਈਕਲ ਵੀ ਬਰਾਮਦ ਕਰ ਲਿਆ ਹੈ। ਕਥਿਤ ਦੋਸ਼ੀਆਂ ਖਿਲਾਫ ਥਾਣਾ ਸਦਰ ਵਿਖੇ ਦਰਜ ਕੇਸ ਦੀਆਂ ਧਾਰਾਵਾਂ ਵਿੱਚ ਵਾਧਾ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।ਇਸ ਵਾਰਦਾਤ ਨੂੰ ਅੰਜਾਮ ਦੇਣ ਵਾਲਿਆਂ ਦੀ ਪਛਾਣ ਮੁੱਖ ਦੋਸ਼ੀ ਗੁਰਦੀਪ ਸਿੰਘ (ਵਾਸੀ ਗੁਰੂਸਰ ਸੈਣੇਵਾਲਾ) ਅਤੇ ਅਮੀਨ ਸ਼ਰਮਾ (ਵਾਸੀ ਧੋਬੀਆਣਾ) ਵਜੋਂ ਹੋਈ ਹੈ। ਜ਼ਿਕਰਯੋਗ ਹੈ ਕਿ ਮੁਲਜ਼ਮਾਂ ਨੇ ਹੀ ਦੀਪ ਸਿੰਘ ਦੀ ਗੁਮਸ਼ੁਦਗੀ ਦੀ ਰਿਪੋਰਟ ਥਾਣਾ ਸਦਰ ਬਠਿੰਡਾ ਵਿਖੇ ਦਰਜ ਕਰਵਾਈ ਸੀ।ਪੁਲਿਸ ਅਨੁਸਾਰ ਕਥਿਤ ਦੋਸ਼ੀ ਅਪਰਾਧਿਕ ਪ੍ਰਵਿਰਤੀ ਦੇ ਵਿਅਕਤੀ ਹਨ ਉਹ ਪਹਿਲਾਂ ਵੀ ਵੱਖ-ਵੱਖ ਮਾਮਲਿਆਂ ਵਿੱਚ ਸਿਰਸਾ ਅਤੇ ਬਠਿੰਡਾ ਜੇਲ੍ਹਾਂ ਵਿੱਚ ਰਹਿ ਚੁੱਕੇ ਹਨ।ਘਟਨਾ ਸਬੰਧੀ ਜਾਣਕਾਰੀ ਦਿੰਦੇ ਹੋਏ ਪੁਲਿਸ ਅਧਿਕਾਰੀ ਨੇ ਦੱਸਿਆ ਕਿ ਕਤਲ ਦੀ ਵਾਰਦਾਤ ਸਰਹਿੰਦ ਨਹਿਰ ਦੇ ਕੋਲ, ਪਿੰਡ ਬੀੜ ਬਹਿਮਣ ਦੀ ਹੱਦ ਵਿੱਚ ਹੋਈ ਸੀ। ਲਾਸ਼ ਨੂੰ ਨਹਿਰ ਦੇ ਖੱਬੇ ਪਾਸੇ ਖੇਤਾਂ ਵਿੱਚੋਂ ਬਰਾਮਦ ਕੀਤਾ ਗਿਆ ਸੀ।ਉਹਨਾਂ ਨੇ ਦੱਸਿਆ ਕਿ ਦੀਪ ਸਿੰਘ ਲੰਘੀ 14 ਅਗਸਤ ਨੂੰ ਸਵੇਰੇ ਕਰੀਬ 11 ਵਜੇ ਆਪਣੇ ਘਰੋਂ ਨਿਕਲਿਆ ਸੀ। ਉਸਦੀ ਲਾਸ਼ ਅਗਲੇ ਦਿਨ, ਯਾਨੀ 15 ਅਗਸਤ ਨੂੰ ਮਿਲੀ ਸੀ। ਇਸ ਸਬੰਧ ਵਿੱਚ ਥਾਣਾ ਸਦਰ ਬਠਿੰਡਾ ਵਿੱਚ 15 ਅਗਸਤ 2025 ਨੂੰ ਐਫਆਈਆਰ ਦਰਜ ਕੀਤੀ ਗਈ ਸੀ। ਪੁਲਿਸ ਨੇ ਮਨੁੱਖ ਅਤੇ ਤਕਨੀਕੀ ਸੋਰਸਾਂ ਦੀ ਵਰਤੋਂ ਕਰਦਿਆਂ ਹੋਇਆਂ ਕਥਿਤ ਦੋਸ਼ੀਆਂ ਦੀ ਪਛਾਣ ਕਰਕੇ ਉਨਾਂ ਨੂੰ 16 ਅਗਸਤ ਨੂੰ ਗ੍ਰਿਫਤਾਰ ਕੀਤਾ ਸੀ।ਮੁਲਜ਼ਮਾਂ ਨੂੰ, ਅਦਾਲਤ ਵਿੱਚ ਪੇਸ਼ ਕਰਕੇ ਪੁਲਿਸ ਰਿਮਾਂਡ ਹਾਸਲ ਕੀਤਾ ਗਿਆ ਹੈ।ਪੁਲਿਸ ਵੱਲੋਂ ਕੀਤੀ ਗਈ ਮੁੱਢਲੀ ਪੁੱਛਗਿੱਛ ਦੌਰਾਨ ਇਹ ਗੱਲ ਸਾਹਮਣੇ ਆਈ ਕਿ ਦੀਪ ਸਿੰਘ ਦੀ ਮਾਂ ਸਰਬਜੀਤ ਕੌਰ ਦਾ ਗੁਰਦੀਪ ਸਿੰਘ ਨਾਲ ਪਿਛਲੇ 7-8 ਸਾਲਾਂ ਤੋਂ ਰਿਸ਼ਤਾ ਸੀ। ਦੀਪ ਸਿੰਘ ਨੂੰ ਇਸ ਰਿਸ਼ਤੇ 'ਤੇ ਇਤਰਾਜ਼ ਸੀ ਅਤੇ ਇਸ ਕਾਰਨ ਉਸਦੀ ਗੁਰਦੀਪ ਸਿੰਘ ਨਾਲ ਕਈ ਵਾਰ ਬਹਿਸ ਹੋਈ ਸੀ। ਗੁਰਦੀਪ ਸਿੰਘ ਨੇ ਇਸੇ ਗੱਲੋਂ ਦੀਪ ਸਿੰਘ ਨੂੰ ਆਪਣੇ ਰਸਤੇ ਤੋਂ ਹਟਾਉਣ ਦੀ ਯੋਜਨਾ ਬਣਾਈ। ਉਸਨੇ ਆਪਣੇ ਦੋਸਤ ਅਮੀਨ ਸ਼ਰਮਾ ਨਾਲ ਮਿਲ ਕੇ, ਮੋਟਰਸਾਈਕਲ ਖਰੀਦਣ ਦਾ ਬਹਾਨਾ ਬਣਾ ਕੇ ਦੀਪ ਸਿੰਘ ਨੂੰ ਨਹਿਰ 'ਤੇ ਬੁਲਾਇਆ ਅਤੇ ਫਿਰ ਗਲਾ ਘੁੱਟ ਕੇ ਉਸਦਾ ਕਤਲ ਕਰ ਦਿੱਤਾ। ਇਸ ਤੋਂ ਬਾਅਦ, ਉਸਨੇ ਖੁਦ ਆਪਣੇ ਜ਼ੁਰਮ ਨੂੰ ਲੁਕਾਉਣ ਲਈ ਦੀਪ ਸਿੰਘ ਦੀ ਮਾਂ ਨਾਲ ਜਾ ਕੇ ਪੁਲਿਸ ਸਟੇਸ਼ਨ ਵਿੱਚ ਗੁੰਮਸ਼ੁਦਗੀ ਦੀ ਰਿਪੋਰਟ ਦਰਜ ਕਰਵਾਈ। ਪੁਲਿਸ ਅਧਿਕਾਰੀ ਦੇ ਦੱਸਣ ਅਨੁਸਾਰ ਗੁਰਦੀਪ ਸਿੰਘ ਖਿਲਾਫ ਥਾਣਾ ਸਦਰ ਬਠਿੰਡਾ ਵਿੱਚ ਧਾਰਾ 457, 380 ਤਹਿਤ ਅਤੇ ਥਾਣਾ ਸੰਗਤ ਵਿੱਚ ਧਾਰਾ 380, 411 ਤਹਿਤ ਮਾਮਲੇ ਦਰਜ ਹਨ।ਇਸੇ ਤਰ੍ਹਾਂ ਅਮੀਨ ਸ਼ਰਮਾ ਉਰਫ਼ ਗਿੰਨ ਖਿਲਾਫ ਥਾਣਾ ਸਿਵਲ ਲਾਈਨਜ਼, ਬਠਿੰਡਾ ਵਿੱਚ ਧਾਰਾ 420, 435, 468, 471 ਤਹਿਤ ਅਤੇ ਥਾਣਾ ਸਿਟੀ ਮੰਡੀ ਡੱਬਵਾਲੀ ਵਿੱਚ ਧਾਰਾ 379, 120-ਬੀ, 34 ਤਹਿਤ ਮਾਮਲੇ ਦਰਜ ਹਨ।

# ਆਜ਼ਾਦੀ ਦਿਵਸ ਮੌਕੇ ਸਰਪੰਚ ਹਰਜਿੰਦਰ ਕੌਰ ਨੇ ਲਹਿਰਾਇਆ ਕੌਮੀ ਝੰਡਾ



ਭਗਤਾ ਭਾਈ ਕਾ, 17 ਅਗਸਤ (ਸਵਰਨ ਸਿੰਘ ਭਗਤਾ): ਉਨਾਸੀਵੇਂ ਆਜ਼ਾਦੀ ਦਿਵਸ ਦੇ ਉੱਪਰ ਸਥਾਨਕ ਸ਼ਹਿਰ ਦੇ ਨਜ਼ਦੀਕੀ ਪਿੰਡ ਸਿਰੀਏਵਾਲਾ ਵਿਖੇ ਸਾਂਝੇ ਜਲ ਤਲਾਬ ਉੱਪਰ ਕੌਮੀ ਝੰਡਾ ਲਹਿਰਾਇਆ ਗਿਆ। ਝੰਡਾ ਲਹਿਰਾਉਣ ਦੀ ਰਸਮ ਪਿੰਡ ਦੇ ਸਰਪੰਚ ਹਰਜਿੰਦਰ ਕੌਰ ਵੱਲੋਂ ਅਦਾ ਕੀਤੀ।ਉਹਨਾਂ ਨੇ ਪਿੰਡ ਵਾਸੀਆਂ ਨੂੰ ਆਜ਼ਾਦੀ ਦਾ ਮਹੱਤਵ ਦੱਸਦੇ ਹੋਏ ਮਹਾਨ ਸ਼ਹੀਦਾਂ ਨੂੰ ਸਿਜਦਾ ਕੀਤਾ ਅਤੇ ਉਹਨਾਂ ਦੀ ਸੋਚ 'ਤੇ ਚੱਲਣ ਦਾ ਸੁਨੇਹਾ ਵੀ ਦਿੱਤਾ।ਇਸ ਮੌਕੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿਖੇ ਵੀ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ ਗਈ, ਜਿੱਥੇ ਸਕੂਲ ਕਮੇਟੀ ਚੇਅਰਮੈਨ,ਸਕੂਲ ਕਮੇਟੀ ਅਤੇ ਸਮੁੱਚੀ ਗ੍ਰਾਮ ਪੰਚਾਇਤ ਨੇ ਬੱਚਿਆਂ ਤੇ ਸਕੂਲ ਸਟਾਫ਼ ਦੀ ਹਾਜ਼ਰੀ ਵਿੱਚ ਝੰਡਾ ਲਹਿਰਾਉਣ ਦੀ ਰਸਮਾਂ ਅਦਾ ਕੀਤੀ। ਸਕੂਲੀ ਵਿਦਿਆਰਥੀਆਂ ਵੱਲੋਂ ਦੇਸ਼ ਭਗਤੀ ਦੇ ਗੀਤ ਅਤੇ ਨਾਟਕ ਪੇਸ਼ ਕੀਤੇ।ਇਸ ਮੌਕੇ ਸਮੂਹ ਗ੍ਰਾਮ ਪੰਚਾਇਤ ਅਤੇ ਸਮੁੱਚੀ ਸਹਿਯੋਗੀ ਟੀਮ ਹਾਜ਼ਰ ਸਨ।

# ਰਾਮਪੁਰਾ ਸ਼ਹਿਰੀ ਦੇ ਨਿਯੁਕਤ ਅਹੁਦੇਦਾਰ ਮਲੂਕਾ ਵੱਲੋਂ ਸਨਮਾਨਤ



ਰਾਮਪੁਰਾ ਫੂਲ , 17 ਅਗਸਤ (ਜਗਸੀਰ ਭੁੱਲਰ) : ਸਾਬਕਾ ਮੰਤਰੀ ਸਿਕੰਦਰ ਸਿੰਘ ਮਲੂਕਾ ਦੀ ਅਗਵਾਈ 'ਚ ਹਲਕਾ ਰਾਮਪੁਰਾ ਫੂਲ ਅੰਦਰ ਸੱਤਪਾਲ ਗਰਗ ਨੂੰ ਮੁੜ ਸ਼ਹਿਰੀ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ।ਇਸ ਤੋਂ ਇਲਾਵਾ ਨਰੇਸ਼ ਕੁਮਾਰ ਸੀਏ ਨੂੰ ਪਟਿਆਲਾ ਮੰਡੀ, ਹੈਪੀ ਬਾਂਸਲ ਨੂੰ ਨਾਭਾ ਮੰਡੀ ਦਾ ਸਰਕਲ ਪ੍ਰਧਾਨ ਬਣਾਇਆ ਗਿਆ ਹੈ । ਜਦਕਿ ਯੂਥ ਅਕਾਲੀ ਦਲ 'ਚ ਸੁਸ਼ੀਲ ਕੁਮਾਰ ਆਸ਼ੂ ਨੂੰ ਨਾਭਾ ਮੰਡੀ ਦਾ ਸਰਕਲ ਪ੍ਰਧਾਨ ਬਣਾਇਆ ਗਿਆ ਹੈ । ਸਿਕੰਦਰ ਸਿੰਘ ਮਲੂਕਾ ਨੇ ਨਵਨਿਯੁਕਤ ਅਹੁਦੇਦਾਰਾਂ ਨੂੰ ਵਧਾਈ ਦਿੱਤੀ ਤੇ ਸਨਮਾਨਿਤ ਕੀਤਾ । ਮਲੂਕਾ ਨੇ ਕਿਹਾ ਕਿ ਅਕਾਲੀ ਦਲ 'ਚ ਹਮੇਸ਼ਾ ਮਿਹਨਤ ਕਰਨ ਵਾਲੇ ਵਰਕਰਾਂ ਨੂੰ ਅੱਗੇ ਵਧਣ ਦਾ ਮੌਕਾ ਦਿੱਤਾ ਜਾਂਦਾ ਹੈ। ਅਗਲੇ ਦਿਨਾਂ 'ਚ ਹਲਕਾ ਫੂਲ 'ਚ ਹੋਰ ਅਹਿਮ ਨਿਯੁਕਤੀਆਂ ਕੀਤੀਆਂ ਜਾਣਗੀਆਂ। ਇਸ ਮੌਕੇ ਮਲੂਕਾ ਨੇ ਨਵੇਂ ਅਕਾਲੀ ਦਲ ਬਾਰੇ ਗੱਲ ਕਰਦਿਆਂ ਕਿਹਾ ਕਿ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਸ਼੍ਰੋਮਣੀ ਅਕਾਲੀ ਇੱਕ ਹੀ ਹੈ; ਜਦਕਿ ਸਮੇਂ ਸਮੇਂ 'ਤੇ ਕਈ ਨਵੇਂ ਦਲ ਬਣੇ ਪਰ ਲੋਕਾਂ ਨੇ ਕਿਸੇ ਨੂੰ ਸਮਰਥਨ ਨਹੀਂ ਦਿੱਤਾ। ਇਸ ਮੌਕੇ ਹਲਕਾ ਫੂਲ ਦੇ ਮੁੱਖ ਸੇਵਾਦਾਰ ਹਰਿੰਦਰ ਸਿੰਘ ਹਿੰਦਾ, ਸੁਰਿੰਦਰ ਜੌੜਾ, ਗੁਰਤੇਜ਼ ਸ਼ਰਮਾ, ਨਿਰਮਲ ਸਿੰਘ ਬੁਰਜ ਗਿੱਲ, ਸੁਰਿੰਦਰ ਗਰਗ, ਦੀਪੂ ਗਰਗ ਤੇ ਵੱਡੀ ਗਿਣਤੀ 'ਚ ਹਾਜ਼ਰ ਅਕਾਲੀ ਵਰਕਰਾਂ ਨੇ ਚੁਣੇ ਗਏ ਅਹੁਦੇਦਾਰਾਂ ਨੂੰ ਵਧਾਈ ਦਿੱਤੀ। ਸੱਤਪਾਲ ਗਰਗ, ਨਰੇਸ਼ ਕੁਮਾਰ , ਹੈਪੀ ਬਾਂਸਲ ਅਤੇ ਆਸ਼ੂ ਕੁਮਾਰ ਨੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ, ਸਿਕੰਦਰ ਸਿੰਘ ਮਲੂਕਾ ਦਾ ਧੰਨਵਾਦ ਕੀਤਾ।

# 4 ਨਸ਼ਾ ਤਸ਼ਕਰ 300 ਨਸ਼ੀਲੀਆਂ ਗੋਲੀਆਂ, ਸਕੂਟਰੀ ਸਣੇ ਕਾਬੂ

ਤਪਾ ਮੰਡੀ, 17 ਅਗਸਤ (ਭੂਸ਼ਨ ਘੜੈਲਾ)-ਤਪਾ ਪੁਲਿਸ ਨੇ 4 ਨਸ਼ਾ ਤਸ਼ਕਰਾਂ ਨੂੰ ਕਾਬੂ ਕਰਕੇ ਉਨ੍ਹਾਂ ਪਾਸੋਂ ਇੱਕ ਸਕੂਟਰੀ ਬਰਾਮਦ ਕਰਕੇ 300 ਨਸ਼ੀਲੀਆਂ ਗੋਲੀਆਂ ਬਰਾਮਦ ਕਰਨ ਦੀ ਜਾਣਕਾਰੀ ਮਿਲੀ ਹੈ।



ਇਸ ਸਬੰਧੀ ਥਾਣਾ ਮੁੱਖੀ ਸਰੀਫ ਖਾਂ ਨੇ ਦੱਸਿਆ ਕਿ ਐਸ . ਐਸ.ਪੀ ਬਰਨਾਲਾ ਮੁਹੰਮਦ ਸਰਫਰਾਜ ਆਲਮ ਦੇ ਨਿਰਦੇਸ਼ਾਂ ਅਤੇ ਡੀ. ਐਸ. ਪੀ ਤਪਾ ਗੁਰਬਿੰਦਰ ਸਿੰਘ ਦੇ ਹੁਕਮਾਂ 'ਤੇ ਯੁੱਧ ਨਸ਼ਿਆਂ ਖਿਲਾਫ ਚਲਾਈ ਮੁਹਿੰਮ ਦੌਰਾਨ ਪੁਲਿਸ ਨੂੰ ਗੁਪਤ ਸੂਚਨਾ ਮਿਲੀ ਕਿ ਤਾਜੋਕੇ ਰੋਡ ਸਥਿਤ ਦਾਣਾ ਮੰਡੀ 'ਚ ਚਾਰ ਨੌਜਵਾਨ ਜੋ ਬਾਹਰੋਂ ਗੋਲੀਆਂ ਲਿਆ ਕੇ ਵੇਚਣ ਦੇ ਆਦੀ ਹਨ ਅਤੇ ਅੱਜ ਵੀ ਉਹ ਇਲਾਕੇ 'ਚ ਘੁੰਮ ਰਹੇ ਹਨ ਤਾਂ ਚੌਂਕੀ ਇੰਚਾਰਜ ਬਲਜੀਤ ਸਿੰਘ ਢਿਲੋਂ ਦੀ ਅਗਵਾਈ 'ਚ ਅਗਵਾਈ 'ਚ ਪੁਲਿਸ ਨੇ ਜਸਵੀਰ ਖਾਂ, ਲਵਪ੍ਰੀਤ ਸਿੰਘ, ਮਨਪ੍ਰੀਤ ਸਿੰਘ ਉਰਫ ਮਨੀ ਗਾਂਧੀ ਪੁੱਤਰ ਬਿੰਦਰ ਸਿੰਘ ਵਾਸੀ ਬਾਜੀਗਰ ਬਸਤੀ ਅਤੇ ਬੌਬੀ ਪੁੱਤਰ ਜਸਵੰਤ ਸਿੰਘ ਵਾਸੀ ਟਿੱਬਾ ਬਸਤੀ ਜੇਠੂਕੇ ਨੂੰ ਇੱਕ ਸਕੂਟਰੀ ਸਣੇ ਕਾਬੂ ਕਰਕੇ ਇਨ੍ਹਾਂ ਪਾਸੋਂ 300 ਨਸ਼ੀਲੀਆਂ ਗੋਲੀਆਂ ਬਰਾਮਦ ਕਰਕੇ ਉਕਤ ਚਾਰਾਂ ਖਿਲਾਫ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਸ੍ਰੀ ਕ੍ਰਿਸ਼ਨ ਪੰਚਾਇਤੀ ਮੰਦਰ ਬਰਨਾਲਾ ਵਿਖੇ ਜਨਮ ਅਸ਼ਟਮੀ ਦਾ ਤਿਉਹਾਰ ਧੂਮ-ਧਾਮ ਨਾਲ ਮਨਾਇਆ



ਬਰਨਾਲਾ, 17 ਅਗਸਤ (ਸੁਖਵਿੰਦਰ ਸਿੰਘ ਭੰਡਾਰੀ)- ਭਾਰਤ ਅਤੇ ਵਿਦੇਸ਼ਾਂ 'ਚ ਬੈਠੇ ਸਨਾਤਨ ਧਰਮ ਦੇ ਪੈਰੋਕਾਰਾਂ ਵੱਲੋਂ ਸ਼੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦਾ ਤਿਉਹਾਰ ਜਗ੍ਹਾ ਜਗ੍ਹਾ ਮਨਾਇਆ ਗਿਆ। ਕਈ ਦਿਨਾਂ ਤੋਂ ਮੰਦਰਾਂ 'ਚ ਰੌਣਕਾਂ ਲੱਗੀਆਂ ਰਹੀਆਂ। ਹਰ ਸਾਲ ਦੀ ਤਰ੍ਹਾਂ ਸ਼੍ਰੀ ਕ੍ਰਿਸ਼ਨ ਪੰਚਾਇਤੀ ਮੰਦਰ ਬਰਨਾਲਾ ਵਿਖੇ ਚੇਅਰਮੈਨ ਕੁਲਵੰਤ ਰਾਏ ਪੈਟਰੋਲ ਪੰਪ (ਹੰਡਿਆਇਆ ਵਾਲੇ) ਵਾਲਿਆਂ ਦੀ ਅਗਵਾਈ 'ਚ ਸ਼੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦਾ ਉਤਸਵ ਖੁਸ਼ੀਆਂ ਅਤੇ ਚਾਵਾਂ ਨਾਲ ਮਨਾਇਆ ਗਿਆ। ਇਸ ਮੌਕੇ ਮੰਦਰ ਦੀ ਸਜਾਵਟ ਖਿੱਚ ਦਾ ਆਕਰਸ਼ਣ ਬਣੀ ਰਹੀ। ਸ਼੍ਰੀ ਬਾਂਕੇ ਬਿਹਾਰੀ ਜੀ ਦੇ ਦਰਸ਼ਨਾਂ ਲਈ ਭਗਤ ਜਨ ਪਰਿਵਾਰਾਂ ਸਮੇਤ ਮੰਦਰ 'ਚ ਲਾਈਨਾਂ 'ਚ ਲੱਗੇ ਹੋਏ ਸਨ ਅਤੇ ਮੰਦਰ 'ਚ ਭਗਤਾਂ ਦਾ ਤਾਂਤਾ ਲੱਗਿਆ ਹੋਇਆ ਸੀ। ਇਸ ਮੌਕੇ ਸ਼ਹਿਰ ਦੇ ਪਤਵੰਤੇ ਸੱਜਣ ਵੀ ਮੌਕੇ 'ਤੇ ਹਾਜ਼ਰ ਸਨ। ਸ਼੍ਰੀ ਬਾਂਕੇ ਬਿਹਾਰੀ ਸੰਕੀਰਤਨ ਮੰਡਲ ਵੱਲੋਂ ਨਾਮ ਸੰਕੀਰਤਨ ਕੀਤਾ ਗਿਆ। ਰਾਤ ਠੀਕ 12 ਵਜੇ ਸ਼੍ਰੀ ਕ੍ਰਿਸ਼ਨ ਜੀ ਦੇ ਜਨਮ ਮੌਕੇ ਦੀ ਝਾਕੀ ਨੇ ਸਭਨਾਂ ਦਾ ਮਨ ਮੋਹ ਲਿਆ। ਸਾਰਿਆਂ ਨੂੰ ਮੱਖਣ ਮਿਸ਼ਰੀ ਦਾ ਪ੍ਰਸ਼ਾਦ ਵਿਤਰਣ ਕੀਤਾ ਗਿਆ। ਅਗਲੇ ਦਿਨ ਐਤਵਾਰ ਨੂੰ ਸਵੇਰੇ 5:15 ਵਜੇ ਨੰਦ ਉਤਸਵ ਆਯੋਜਿਤ ਕੀਤਾ ਗਿਆ। ਸਾਰੇ ਭਗਤਾਂ ਨੂੰ ਪੂੜਿਆਂ ਦਾ ਪ੍ਰਸ਼ਾਦ ਵੰਡਿਆ ਗਿਆ। ਭਾਰਤੀ ਮਹਾਂਵੀਰ ਦਲ ਦੇ ਸਮੂਹ ਮੈਂਬਰ ਬਹੁਤ ਹੀ ਸਲੀਕੇ ਅਤੇ ਨਿਮਰਤਾ ਨਾਲ ਸਭਨਾਂ ਨੂੰ ਜੀ ਆਇਆਂ ਆਖਦਿਆਂ ਸਤਿਕਾਰ ਕਰ ਰਹੇ ਸਨ। ਇਸ ਦੌਰਾਨ ਕੁਲਵੰਤ ਰਾਏ ਪੈਟਰੋਲ ਪੰਪ ਵਾਲੇ, ਰਾਜੀਵ ਮਿੱਤਲ, ਰਾਜ ਕੁਮਾਰ ਰਾਜੀ, ਸੁਰਿੰਦਰ ਮੋਹਨ, ਐਡਵੋਕੇਟ ਬਾਲ ਮੁਕੰਦ, ਸੁਖਵਿੰਦਰ ਸਿੰਘ ਭੰਡਾਰੀ, ਮਹਿੰਦਰਪਾਲ ਗਰਗ, ਰਾਜੇਸ਼ ਭੁਟਾਨੀ, ਮੋਨਿਕਾ ਗਰਗ, ਰਾਕੇਸ਼ ਕੁਮਾਰ, ਸੁਭਾਸ਼ ਬਾਲਾ ਜੀ ਵਾਲੇ, ਜਨਕ ਰਾਜ ਗੋਇਲ ਅਤੇ ਭਾਰਤੀ ਮਹਾਂਵੀਰ ਦਲ ਦੇ ਸਮੂਹ ਮੈਂਬਰ ਹਾਜ਼ਰ ਸਨ।

# ਫਰਵਾਹੀ ਠਾਕੁਰ ਦੁਆਰ ਸਮਾਧਾਂ ਵਿਖੇ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦਾ ਤਿਉਹਾਰ ਧੂਮ-ਧਾਮ ਨਾਲ ਮਨਾਇਆ

ਬਰਨਾਲਾ, 17 ਅਗਸਤ (ਅਮਨਦੀਪ ਸਿੰਘ): ਨੇੜਲੇ ਪਿੰਡ ਫਰਵਾਹੀ ਵਿਖੇ ਸਥਿਤ ਇਤਿਹਾਸਕ ਠਾਕੁਰ ਦੁਆਰ ਸਮਾਧਾਂ ਵਿਖੇ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦਾ ਤਿਉਹਾਰ ਇਸ ਸਾਲ ਵੀ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਸਾਰੀ ਰਾਤ ਸ੍ਰੀ ਕ੍ਰਿਸ਼ਨ ਭਗਵਾਨ ਦੀ ਪੂਜਾ-ਅਰਚਨਾ ਕੀਤੀ ਗਈ, ਜਿਸ ਵਿੱਚ ਇਲਾਕੇ ਦੇ ਲੋਕਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ। ਇਸ ਪ੍ਰੋਗਰਾਮ ਨੇ ਪਿੰਡ ਅਤੇ ਆਸ-ਪਾਸ ਦੇ ਖੇਤਰਾਂ ਵਿੱਚ ਭਗਤੀ ਅਤੇ ਖੁਸ਼ੀ ਦਾ ਮਾਹੌਲ ਪੈਦਾ ਕਰ ਦਿੱਤਾ।



ਮੰਦਰ ਦੀ ਸਜਾਵਟ ਅਤੇ ਵਿਸ਼ੇਸ਼ ਪ੍ਰਬੰਧ ਮੰਦਰ ਨੂੰ ਜਨਮ ਅਸ਼ਟਮੀ ਦੇ ਤਿਉਹਾਰ ਲਈ ਬੜੀ ਖੂਬਸੂਰਤੀ ਨਾਲ ਸਜਾਇਆ ਗਿਆ ਸੀ। ਮੁੱਖ ਸੇਵਾਦਾਰ ਮਹੰਤ ਖੁਸ਼ੀ ਰਾਮ ਅਤੇ ਮਹੰਤ ਭੋਜ ਰਾਜ ਬਾਵਾ (ਕਾਕਾ ਮਹੰਤ) ਨੇ ਦੱਸਿਆ ਕਿ ਸ੍ਰੀ ਰਾਮ ਮੰਦਰ ਨੂੰ ਰੰਗ-ਬਿਰੰਗੀਆਂ ਲਾਈਟਾਂ, ਫੁੱਲਾਂ ਅਤੇ ਖੂਬਸੂਰਤ ਝਾਂਕੀਆਂ ਨਾਲ ਸਜਾਇਆ ਗਿਆ ਸੀ। ਇਸ ਸਜਾਵਟ ਨੇ ਮੰਦਰ ਦੀ ਸੁੰਦਰਤਾ ਨੂੰ ਹੋਰ ਵਧਾ ਦਿੱਤਾ ਅਤੇ ਸ਼ਰਧਾਲੂਆਂ ਦਾ ਮਨ ਮੋਹ ਲਿਆ। ਖਾਸ ਤੌਰ 'ਤੇ ਮੰਦਰ ਵਿੱਚ ਬਣਾਇਆ ਗਿਆ ਫੁੱਲ ਬੰਗਲਾ ਸਾਰਿਆਂ ਲਈ ਖਿੱਚ ਦਾ ਕੇਂਦਰ ਰਿਹਾ। ਰੰਗ-ਬਿਰੰਗੇ ਅਤੇ ਤਾਜ਼ੇ ਫੁੱਲਾਂ ਨਾਲ ਬਣਿਆ ਇਹ ਬੰਗਲਾ ਬਹੁਤ ਹੀ ਆਕਰਸ਼ਕ ਲੱਗ ਰਿਹਾ ਸੀ, ਜਿਸ ਵਿੱਚ ਸ੍ਰੀ ਕ੍ਰਿਸ਼ਨ ਭਗਵਾਨ ਦੀ ਝਾਕੀ ਸਥਾਪਿਤ ਕੀਤੀ ਗਈ ਸੀ। ਇਸ ਝਾਕੀ ਨੂੰ ਦੇਖ ਕੇ ਸ਼ਰਧਾਲੂ ਭਗਤੀ ਵਿੱਚ ਲੀਨ ਹੋ ਗਏ। ਸ੍ਰੀ ਕ੍ਰਿਸ਼ਨ ਜੀ ਦੇ ਜੀਵਨ ਤੇ ਸਿੱਖਿਆਵਾਂ ਮਹੰਤ ਖੁਸ਼ੀ ਰਾਮ ਨੇ ਜਨਮ ਅਸ਼ਟਮੀ ਦੇ ਮਹੱਤਵ ਬਾਰੇ ਦੱਸਦਿਆਂ ਕਿਹਾ ਕਿ ਇਹ ਤਿਉਹਾਰ ਸਾਨੂੰ ਸ੍ਰੀ ਕ੍ਰਿਸ਼ਨ ਦੇ ਜੀਵਨ ਦੀਆਂ ਸਿੱਖਿਆਵਾਂ ਦੀ ਯਾਦ ਦਿਵਾਉਂਦਾ ਹੈ। ਸ੍ਰੀ ਕ੍ਰਿਸ਼ਨ ਨੇ ਨਾ ਸਿਰਫ ਬੁਰਾਈ ਦਾ ਨਾਸ਼ ਕੀਤਾ, ਸਗੋਂ ਲੋਕਾਂ ਨੂੰ ਧਰਮ ਅਤੇ ਸੱਚ ਦੇ ਮਾਰਗ 'ਤੇ ਚੱਲਣ ਦੀ ਪ੍ਰੇਰਨਾ ਵੀ ਦਿੱਤੀ। ਉਨ੍ਹਾਂ ਨੇ ਭਗਵਾਨ ਕ੍ਰਿਸ਼ਨ ਦੇ ਬਚਪਨ ਦੀਆਂ ਮਨਮੋਹਕ ਲੀਲਾਵਾਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਹਰ ਲੀਲਾ ਵਿੱਚ ਕੋਈ ਨਾ ਕੋਈ ਮਹੱਤਵਪੂਰਨ ਸਿੱਖਿਆ ਛਿਪੀ ਹੋਈ ਹੈ। ਪ੍ਰਮੁੱਖ ਹਸਤੀਆਂ ਦੀ ਸ਼ਮੂਲੀਅਤ: ਇਸ ਪਵਿੱਤਰ ਮੌਕੇ 'ਤੇ ਕਈ ਪ੍ਰਮੁੱਖ ਰਾਜਨੀਤਿਕ ਅਤੇ ਧਾਰਮਿਕ ਸ਼ਖ਼ਸੀਅਤਾਂ ਵੀ ਮੌਜੂਦ ਰਹੀਆਂ, ਜਿਨ੍ਹਾਂ ਨੇ ਸ਼ਰਧਾਲੂਆਂ ਦੇ ਨਾਲ ਮਿਲ ਕੇ ਭਗਵਾਨ ਕ੍ਰਿਸ਼ਨ ਜੀ ਦਾ ਆਸ਼ੀਰਵਾਦ ਲਿਆ। ਇਸ ਵਿੱਚ ਮੈਂਬਰ ਪਾਰਲੀਮੈਂਟ ਗੁਰਮੀਤ ਸਿੰਘ ਮੀਤ ਹੇਅਰ, ਹਲਕਾ ਇੰਚਾਰਜ ਹਰਿੰਦਰ ਸਿੰਘ ਧਾਲੀਵਾਲ, ਇੰਪਰੂਵਮੈਂਟ ਟਰੱਸਟ ਦੇ ਚੇਅਰਮੈਨ ਰਾਮ ਤੀਰਥ ਮੰਨਾ, ਅਤੇ ਸੰਤ ਹਾਕਮ ਸਿੰਘ ਗੰਡੇਵਾਲਾ ਸਮੇਤ ਹੋਰ ਵੀ ਕਈ ਉੱਘੇ ਵਿਅਕਤੀ ਸ਼ਾਮਲ ਸਨ। ਇਸ ਮੌਕੇ ਮਹੰਤ ਬਲਜਿੰਦਰ ਸਿੰਘ ਬਿੰਦਰ ਖ਼ਾਲਸਾ, ਮਸ਼ਹੂਰ ਜੋਤਸ਼ੀ ਅਮਨਦੀਪ ਸ਼ਰਮਾ, ਮਹੰਤ ਪਵਨ ਕੁਮਾਰ, ਮਹੰਤ ਬਲਦੇਵ ਕ੍ਰਿਸ਼ਨ, ਮਹੰਤ ਕੇਵਲ ਕ੍ਰਿਸ਼ਨ, ਮਹੰਤ ਸੁੱਖੀ ਸੁਖਪੁਰਾ, ਮਹੰਤ ਹਰਮਨ ਦਾਸ, ਕੁਲਦੀਪ ਸਿੰਘ ਸਿੱਧੂ, ਅਤੇ ਗੁਰਮੇਲ ਸਿੰਘ ਸਮੇਤ ਅਨੇਕਾਂ ਹੋਰ ਪ੍ਰਮੁੱਖ ਸ਼ਖਸੀਅਤਾਂ ਅਤੇ ਵੱਡੀ ਗਿਣਤੀ ਵਿੱਚ ਸ਼ਰਧਾਲੂ ਮੌਜੂਦ ਸਨ।

# ਸੂਅਰ 7 ਬੈਂਡ ਬਰਨਾਲਾ ਅਤੇ ਏ ਵੀ ਫਿਨਕੈਪ ਨੇ ਲਾਇਆ ਬੂਟਿਆਂ ਦਾ ਲੰਗਰ




ਬਰਨਾਲਾ, 17 ਅਗਸਤ (ਬਘੇਲ ਸਿੰਘ ਧਾਲੀਵਾਲ)- ਜਨਮ ਅਸ਼ਟਮੀ ਦੇ ਪਵਿੱਤਰ ਦਿਹਾੜੇ ਮੌਕੇ ਦੋ ਸੰਸਥਾਵਾਂ ਵੱਲੋਂ ਨਿਵੇਕਲੀ ਪਹਿਲ ਕਦਮੀ ਕਰਦਿਆਂ ਫੁੱਲਾਂ, ਫਲਾਂ ਅਤੇ ਛਾਂਦਾਰ ਬੂਟਿਆਂ ਦਾ ਲੰਗਰ ਲਾਇਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ 7 ਬੈਂਡ ਬਰਨਾਲਾ ਦੇ ਮੈਨੇਜਿੰਗ ਡਾਇਰੈਕਟਰ ਸੰਦੀਪ ਰਾਏ ਅਤੇ ਏ ਵੀ ਫਿਨਕੈਪ ਦੇ ਮੈਨੇਜਿੰਗ ਡਾਇਰੈਕਟਰ ਵਿਜੇ ਕੁਮਾਰ ਨੇ ਦੱਸਿਆ ਕਿ ਅਸੀ ਇਹ ਤਹੱਈਆ ਕੀਤਾ ਸੀ ਕਿ ਇਸ ਵਾਰ ਜਨਮ ਅਸ਼ਟਮੀ ਦੇ ਪਵਿੱਤਰ ਦਿਹਾੜੇ ਮੌਕੇ ਹੋਰ ਫਾਲਤੂ ਖਰਚ ਕਰਨ ਦੀ ਬਜਾਏ ਬਜਾਜ ਏਜੰਸੀ ਦੇ ਸਾਹਮਣੇ ਨੇੜੇ ਬੱਸ ਸਟੈਂਡ ਬਰਨਾਲਾ ਵਿਖੇ ਆਪਣੇ ਦਫਤਰਾਂ ਅੱਗੇ ਫੁੱਲਦਾਰ, ਫਲਦਾਰ ਅਤੇ ਛਾਂਦਾਰ ਬੂਟਿਆਂ ਦੇ ਲੰਗਰ ਲਾਏ ਜਾਣ, ਤਾਂ ਕਿ ਗੰਧਲੇ ਹੋ ਰਹੇ ਵਾਤਾਵਰਣ ਦੀ ਸ਼ੁੱਧਤਾ ਵਿੱਚ ਆਪਣਾ ਯੋਗਦਾਨ ਪਾਇਆ ਜਾ ਸਕੇ। ਇਸ ਸ਼ੁਭ ਕਾਰਜ ਦਾ ਅਰੰਭ ਬਰਨਾਲਾ ਦੇ ਕਾਂਗਰਸੀ ਵਿਧਾਇਕ ਕੁਲਦੀਪ ਸਿੰਘ ਕਾਲਾ ਢਿੱਲੋਂ ਨੇ ਖੁਦ ਬੂਟੇ ਤਕਸੀਮ ਕਰਕੇ ਕੀਤਾ। ਇਸ ਮੌਕੇ ਰਾਹੁਲ ਕੁਮਾਰ, ਜਗਸੀਰ ਸਿੰਘ ਅਤੇ ਗਿਆਨ ਮੱਲ੍ਹੀ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਬੱਸ ਸਟੈਂਡ ਮਾਰਕੀਟ ਦੇ ਦੁਕਾਨਦਾਰਾਂ ਅਤੇ ਆਮ ਲੋਕਾਂ ਵੱਲੋਂ ਇਸ ਬੂਟਿਆਂ ਦੇ ਲੰਗਰ ਵਿੱਚੋਂ ਬੂਟੇ ਲੈ ਕੇ ਲਾਉਣ ਅਤੇ ਉਹਨਾਂ ਦੀ ਸਾਂਭ ਸੰਭਾਲ ਦਾ ਪ੍ਰਣ ਕੀਤਾ ਗਿਆ।

# ਮਾਨਾ ਪਿੰਡੀ ਦੀ ਪੰਚਾਇਤ ਨੇ ਫਿਰਨੀ 'ਤੇ 800 ਪੌਦੇ ਲਗਾਕੇ ਨਗਰ ਦੀ ਨੁਹਾਰ ਬਦਲੀ

ਧਨੌਲਾ, 17 ਅਗਸਤ (ਚਮਕੌਰ ਸਿੰਘ ਗੱਗੀ)- ਪ੍ਰਦੂਸ਼ਿਤ ਹੋ ਰਹੇ ਵਾਤਾਵਰਨ ਨੂੰ ਬਚਾਉਣ ਲਈ ਪਹਿਲਕਦਮੀ ਕਰਦੇ ਹੋਏ ਮਾਨਾ ਪਿੰਡੀ ਦੀ ਪੰਚਾਇਤ ਵੱਲੋਂ ਸਰਪੰਚ ਸੁਖਵੀਰ ਸਿੰਘ ਮਾਨ ਦੀ ਅਗਵਾਈ ਵਿੱਚ ਐੱਸ ਬੀ ਆਈ ਬੈਂਕ ਦੇ ਸਹਿਯੋਗ ਸਦਕਾ ਪਿੰਡ ਵਿੱਚ ਘਰ ਘਰ ਅੱਗੇ ਫਿਰਨੀ 'ਤੇ 800 ਦੇ ਕਰੀਬ ਫਲਦਾਰ, ਛਾਂਦਾਰ ਅਤੇ ਫੁੱਲਦਾਰ ਪੌਦੇ ਲਗਾਏ। ਡਿਪਟੀ ਕਮਿਸ਼ਨਰ ਬਰਨਾਲਾ ਸ੍ਰੀ ਟੀ ਬੈਨਿਥ, ਦੇ ਦਿਸ਼ਾਂ ਨਿਰਦੇਸ਼ਾਂ ਤਹਿਤ ਵਾਤਾਵਰਨ ਅਤੇ ਚੌਗਿਰਦੇ ਦੀ ਸਾਂਭ ਸੰਭਾਲ ਲਈ ਐਸ.ਬੀ.ਆਈ ਆਰ.ਬੀ.ਓ. 4, ਬਰਨਾਲਾ ਵੱਲੋਂ ਰੀਜਨਲ ਮੈਨੇਜਰ ਸ੍ਰੀ ਮਨੋਜ ਕੁਮਾਰ ਸਿੰਘ ਦੀ ਅਗਵਾਈ ਹੇਠ ਕਾਰਪੋਰੇਟ ਸਮਾਜਿਕ ਜ਼ਿੰਮੇਵਾਰੀ (ਸੀ.ਐਸ.ਆਰ) ਤਹਿਤ ਅੱਜ ਪਿੰਡ ਮਾਨਾ ਪਿੰਡੀ ਵਿੱਚ 800 ਪੌਦੇ ਲਗਾਏ ਗਏ। ਐਸ.ਬੀ.ਆਈ ਵੱਲੋਂ ਲੀਡ ਬੈਂਕ ਮੈਨੇਜਰ ਗੁਰਪ੍ਰਮਿੰਦਰ ਸਿੰਘ ਨੇ ਦੱਸਿਆ ਕਿ ਇਹ ਮੁਹਿੰਮ ਡਿਪਟੀ ਕਮਿਸ਼ਨਰ ਬਰਨਾਲਾ ਸ੍ਰੀ ਟੀ ਬੈਨਿਥ ਦੇ ਦਿਸ਼ਾ ਨਿਰਦੇਸ਼ਾਂ ਅਤੇ ਵਧੀਕ ਡਿਪਟੀ ਕਮਿਸ਼ਨਰ ਵਿਕਾਸ ਸਤਵੰਤ ਸਿੰਘ ਦੀ ਅਗਵਾਈ ਹੇਠ ਪਿੰਡਾਂ ਵਿਚ ਚੱਲ ਰਹੀ ਹਰਿਆਵਲ ਮੁਹਿੰਮ ਦੀ ਲੜੀ ਵਜੋਂ ਚਲਾਈ ਗਈ ਅਤੇ ਪਿੰਡ ਦੀ ਪੰਚਾਇਤ ਦਾ ਸਹਿਯੋਗ ਰਿਹਾ। ਉਨ੍ਹਾਂ ਦੱਸਿਆ ਕਿ ਇਹ ਉਪਰਾਲਾ ਨਾ ਸਿਰਫ ਵਾਤਾਵਰਨ ਸੰਭਾਲ ਲਈ ਸਾਰਥਕ ਹੈ, ਸਗੋਂ ਭਵਿੱਖ ਦੀ ਪੀੜ੍ਹੀ ਲਈ ਵੀ ਇਕ ਨਮੂਨਾ ਪੇਸ਼ ਕਰਦਾ ਹੈ। ਐਸ.ਬੀ.ਆਈ ਵੱਲੋਂ ਆਗਾਮੀ ਦਿਨਾਂ ਵਿੱਚ ਵੀ ਇਸ ਤਰ੍ਹਾਂ ਦੇ ਸੀ.ਐਸ.ਆਰ ਉਪਰਾਲਿਆਂ ਨੂੰ ਜਾਰੀ ਰੱਖਣ ਦੀ ਯੋਜਨਾ ਹੈ। ਇਸ ਮੌਕੇ ਪਿੰਡ ਦੇ ਸਰਪੰਚ ਸ. ਸੁਖਵੀਰ ਸਿੰਘ, ਪੰਚਾਇਤ ਮੈਂਬਰਾਂ ਭਿੰਦਰ ਸਿੰਘ (ਪੰਚ) ਗੁਰਮੇਲ ਸਿੰਘ (ਪੰਚ) ਅਮਰੀਕ ਸਿੰਘ (ਪੰਚ) ਗੁਰਮੀਤ ਸਿੰਘ ਗੁਰਦੀਪ ਸਿੰਘ ਤੇ ਨੌਜਵਾਨਾ ਨੇ ਉਤਸ਼ਾਹ ਨਾਲ ਭਾਗ ਲਿਆ। ਐਸ.ਬੀ.ਆਈ ਵੱਲੋਂ ਚੀਫ ਮੈਨੇਜਰ ਸ. ਗੁਰਪ੍ਰਮਿੰਦਰ ਸਿੰਘ, ਐੱਸ.ਆਰ. ਮੈਨੇਜਰ ਆਰ.ਬੀ.ਓ. 4 ਬਰਨਾਲਾ ਸ੍ਰੀ ਸ਼ੁਭਮ ਅਰੋੜਾ, ਬ੍ਰਾਂਚ ਮੈਨੇਜਰ ਧਨੌਲਾ ਸਲਮਾਨ ਮੁਹੰਮਦ ਅਤੇ ਐੱਚ.ਆਰ. ਵਿਭਾਗ ਬਰਨਾਲਾ ਤੋਂ ਵਰਿੰਦਰਜੀਤ ਸਿੰਘ ਮੌਜੂਦ ਰਹੇ।




# ਕਾਂਗਰਸ ਦੇ ਪੱਖ ਵਿੱਚ ਝੁੱਲੀ ਹਨੇਰੀ : ਵਿਜੈ ਇੰਦਰ ਸਿੰਗਲਾ



ਸੰਗਰੂਰ, 17 ਅਗਸਤ (ਹਰਕੰਵਲ ਸਿੰਘ ਹੈਪੀ): ਜਿਉਂ ਜਿਉਂ ਆਮ ਆਦਮੀ ਪਾਰਟੀ ਪੰਜਾਬ ਲਈ ਲੋਕ ਮਾਰੂ ਨੀਤੀਆਂ ਲੈ ਕੇ ਆ ਰਹੀ ਹੈ, ਉਵੇਂ ਹੀ ਪੰਜਾਬ ਦੇ ਲੋਕ ਇਹਨਾਂ ਨੂੰ ਵੱਡੇ ਪੱਧਰ 'ਤੇ ਨਕਾਰ ਰਹੇ ਹਨ। ਇਹ ਪ੍ਰਗਟਾਵਾ ਸਾਬਕਾ ਕੈਬਨਿਟ ਮੰਤਰੀ ਵਿਜੈ ਇੰਦਰ ਸਿੰਗਲਾ ਨੇ ਗੱਲਬਾਤ ਦੌਰਾਨ ਕੀਤਾ । ਸ੍ਰੀ ਸਿੰਗਲਾ ਨੇ ਦੱਸਿਆ ਕਿ ਅੱਜ ਜ਼ਿਲ੍ਹਾ ਸੰਗਰੂਰ ਵਿਚ ਮੁੱਖ ਮੰਤਰੀ ਭਗਵੰਤ ਮਾਨ ਦੇ ਪਿੰਡ ਸਤੌਜ, ਜਵੰਧਾ, ਸੰਗਤੀਵਾਲਾ, ਹਰਿਆਊ, ਕੌਹਰੀਆਂ, ਮਹਿਲਾਂ ਤੇ ਗੁੱਜਰਾਂ ਵਿੱਚ ਵੱਖ-ਵੱਖ ਪਾਰਟੀਆਂ ਦੇ ਵੱਡੀ ਗਿਣਤੀ ਆਗੂਆਂ ਨੇ ਕਾਂਗਰਸ ਪਾਰਟੀ ਵਿੱਚ ਸ਼ਮੂਲੀਅਤ ਕਰਨ ਦਾ ਫੈਸਲਾ ਲਿਆ ਹੈ । ਅਸੀਂ ਉਹਨਾਂ ਦੇ ਫੈਸਲੇ ਦਾ ਸਨਮਾਨ ਕਰਦੇ ਹਾਂ। ਉਹਨਾਂ ਨੂੰ ਵਿਸ਼ਵਾਸ ਦਿਵਾਉਂਦੇ ਹਾਂ ਕਿ ਕਾਂਗਰਸ ਸਰਕਾਰ ਬਣਨ 'ਤੇ ਉਹਨਾਂ ਦਾ ਮਾਣ ਸਤਿਕਾਰ ਬਹਾਲ ਰੱਖਿਆ ਜਾਵੇਗਾ। ਸ੍ਰੀ ਸਿੰਗਲਾ ਨੇ ਕਿਹਾ ਕਿ ਇਹਨਾਂ ਪਿੰਡਾਂ ਵਿੱਚ ਕਾਂਗਰਸ ਪਾਰਟੀ ਪ੍ਰਤੀ ਆਏ ਹੜ੍ਹ ਨੇ ਸਾਬਤ ਕਰ ਦਿੱਤਾ ਹੈ ਕਿ ਲੋਕਾਂ ਦਾ ਵਿਸ਼ਵਾਸ ਕਾਂਗਰਸ ਪਾਰਟੀ ਵੱਲ ਹੋਰ ਵੀ ਪਕੇਰਾ ਹੋ ਗਿਆ ਹੈ, ਜਿਸ ਕਾਰਨ ਇਹ ਸਪੱਸ਼ਟ ਹੈ ਕਿ ਆਉਣ ਵਾਲੀ ਸਰਕਾਰ ਕਾਂਗਰਸ ਪਾਰਟੀ ਦੀ ਹੀ ਹੋਵੇਗੀ। ਸ੍ਰੀ ਸਿੰਗਲਾ ਨੇ ਦੱਸਿਆ ਕਿ ਕਾਂਗਰਸ ਪਾਰਟੀ ਦੇਸ਼ ਦੀ ਸਭ ਤੋਂ ਪੁਰਾਣੀ ਪਾਰਟੀ ਹੈ ਅਤੇ ਧਰਮ ਨਿਰਪੱਖ ਤੇ ਸਾਰੇ ਵਰਗਾਂ ਨੂੰ ਨਾਲ ਲੈ ਕੇ ਚੱਲਣ ਵਾਲੀ ਪਾਰਟੀ ਹੈ। ਦੇਸ਼ ਦੇ ਵੱਡੀ ਗਿਣਤੀ ਵਿਕਾਸ ਕੰਮ ਕਾਂਗਰਸ ਸਰਕਾਰ ਸਮੇਂ ਹੀ ਸੰਭਵ ਹੋਏ ਸਨ ਅਤੇ ਪੰਜਾਬ ਵਿੱਚ ਵੀ ਕਾਂਗਰਸ ਸਰਕਾਰ ਸਮੇਂ ਰਿਕਾਰਡ ਤੋੜ ਕੰਮ ਹੋਏ। ਇਕੱਲੇ ਸੰਗਰੂਰ ਵਿੱਚ ਜਿੱਥੇ ਸੜਕਾਂ ਦਾ ਜਾਲ ਬੁਣਿਆ, ਉੱਥੇ ਪੀਜੀਆਈ ਘਾਬਦਾਂ ਵਰਗੇ ਵੱਡੇ ਪ੍ਰੋਜੈਕਟ ਜਿਹੜੇ ਅੱਜ ਲੋਕਾਂ ਨੂੰ ਸਿਹਤਮੰਦ ਜ਼ਿੰਦਗੀ ਦੇ ਰਹੇ ਹਨ ਲਿਆਂਦੇ ਗਏ। ਸੰਗਰੂਰ ਦੇ ਖੇਡ ਸਟੇਡੀਅਮ, ਰੇਲਵੇ ਸਟੇਸ਼ਨ ਨਵਿਆਉਣ ਦੇ ਕੰਮ, ਸਪੋਰਟਸ ਅਥਾਰਟੀ ਆਫ ਇੰਡੀਆ ਦੇ ਸੈਂਟਰ ਸੰਗਰੂਰ ਵਿੱਚ ਲਿਆਂਦੇ ਗਏ। ਹੋਰ ਵੀ ਵੱਡੀ ਗਿਣਤੀ ਅਨੇਕਾਂ ਕੰਮ ਕੀਤੇ ਗਏ। ਸਿੰਗਲਾ ਨੇ ਆਖਿਆ ਕਿ ਹੁਣ ਲੋਕ ਸਮਝਦਾਰ ਹੋ ਚੁੱਕੇ ਹਨ। ਆਮ ਆਦਮੀ ਪਾਰਟੀ ਦੀਆਂ ਗੁੰਮਰਾਹਕੁੰਨ ਗੱਲਾਂ ਵਿੱਚ ਨਹੀਂ ਆਉਣਗੇ ਕਿਉਂਕਿ ਉਹ ਆਮ ਆਦਮੀ ਪਾਰਟੀ ਦਾ ਸੱਚ ਜਾਣ ਚੁੱਕੇ ਹਨ ਜਿਹੜੀਆਂ ਗਰੰਟੀਆਂ ਵੋਟਾਂ ਤੋਂ ਪਹਿਲਾਂ ਪੰਜਾਬ ਦੇ ਲੋਕਾਂ ਨਾਲ ਇਹਨਾਂ ਨੇ ਲਈਆਂ ਸਨ, ਉਹਨਾਂ ਨੂੰ ਹਾਲੇ ਤੱਕ ਪੂਰਾ ਨਹੀਂ ਕੀਤਾ ਗਿਆ, ਜਿਸ ਕਾਰਨ ਪੰਜਾਬ ਦੇ ਲੋਕਾਂ ਵਿੱਚ ਆਮ ਆਦਮੀ ਪਾਰਟੀ ਪ੍ਰਤੀ ਵੱਡੀ ਨਰਾਜ਼ਗੀ ਹੈ। ਇਸ ਮੌਕੇ ਕਾਂਗਰਸੀ ਆਗੂ ਜਗਦੇਵ ਗਾਗਾ, ਸਤਨਾਮ ਸੱਤਾ, ਗੋਗੀ ਖੋਪੜਾ, ਬੂਟਾ ਭੰਗੂ, ਭੁਪਿੰਦਰ ਗਾਗਾ, ਸਨਮੀਕ ਸਿੰਘ ਹੈਨਰੀ, ਜੱਸੀ ਨੰਬਰਦਾਰ, ਜਗਤਾਰ ਖੇਤਲਾ, ਦਾਰੀ ਨੰਬਰਦਾਰ, ਬਰਿੰਦਰ ਕੌਹਰੀਆਂ ਵੀ ਮੌਜੂਦ ਸਨ।

# ਸਨਮਾਨ 'ਚ ਮਿਲੇ 3 ਲੱਖ ਗਰੀਬ ਬੱਚਿਆਂ ਨੂੰ ਸਮਰਪਿਤ ਕਰਨਾ ਸ਼ਲਾਘਾਯੋਗ ਕਦਮ

ਬਰਨਾਲਾ, 17 ਅਗਸਤ (ਸੁਖਵਿੰਦਰ ਸਿੰਘ ਭੰਡਾਰੀ)- ਮੀਰੀ ਪੀਰੀ ਸਪੋਰਟਸ ਐਂਡ ਵੈਲਫੇਅਰ ਕਲੱਬ ਧੂਰੀ ਦੇ ਸਰਪ੍ਰਸਤ ਮਾ: ਰਾਮ ਸਿੰਘ ਜੱਖਲਾਂ ਨੇ ਪੱਤਰਕਾਰਾਂ ਨਾਲ ਵਿਸ਼ੇਸ਼ ਗੱਲਬਾਤ ਦੌਰਾਨ ਦੱਸਿਆ ਕਿ ਅੱਜ 18 ਅਗਸਤ ਨੂੰ ਬਰਨਾਲਾ ਦੀ ਦਾਣਾ ਮੰਡੀ ਵਿੱਚ ਸ਼ਾਮ ਦੇ 5 ਵਜੇ ਗਰੀਬ ਬੱਚਿਆਂ ਦਾ ਸਮਾਗਮ ਕਰਵਾਇਆ ਜਾ ਰਿਹਾ ਹੈ। ਮਾ: ਰਾਮ ਸਿੰਘ ਨੇ ਦੱਸਿਆ ਕਿ ਯੂ.ਐਸ.ਏ ਰਹਿੰਦੇ ਮੇਰੇ ਪੁੱਤਰ ਹਰਦੀਪ ਸਿੰਘ ਬਬਲੂ (ਯੂ.ਐਸ.ਏ) ਅਤੇ ਕਲੱਬ ਦੇ ਸਮੁੱਚੇ ਆਗੂਆਂ, ਮੈਂਬਰਾਂ, ਉਹਦੇ ਵਿਦੇਸ਼ ਰਹਿੰਦੇ ਦੋਸਤਾਂ ਵੱਲੋਂ ਮਿਲ ਰਹੇ ਭਰਵੇ ਸਹਿਯੋਗ ਸਦਕਾ ਵੱਡਾ ਕਬੱਡੀ ਕੱਪ ਕਰਵਾਇਆ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਇਸ ਕਬੱਡੀ ਕੱਪ ਤੇ ਜਿੱਥੇ ਖਿਡਿਆਰੀਆਂ ਨੂੰ ਵੱਡੇ ਇਨਾਮ ਦਿੱਤੇ ਜਾਂਦੇ ਹਨ ਉੱਥੇ ਹਰਦੀਪ ਸਿੰਘ ਬਾਬੂਲੂ ਜੱਖਲਾਂ ਅਤੇ ਮੇਰੀ ਨੂੰਹ ਬੇਟੀ ਕਿਸਮਤ ਕੌਰ ਵੱਲੋਂ ਗਰੀਬਾਂ ਦੇ ਬੱਚਿਆਂ ਦੀ ਪੜ੍ਹਾਈ ਲਈ ਖੁੱਲ੍ਹੇ ਦਿਲ ਨਾਲ ਵਿਸ਼ੇਸ਼ ਆਰਥਿਕ ਯੋਗਦਾਨ ਪਾਇਆ ਜਾਂਦਾ ਹੈ। ਉਸਨੇ ਕਿਹਾ ਕਿ ਐਤਕੀਂ ਵੀ ਖੇਡ ਮੇਲੇ ਉੱਤੇ ਗਰੀਬਾਂ ਦੇ ਬੱਚਿਆਂ ਨੂੰ ਲੰਬੇ ਸਮੇਂ ਤੋਂ ਮੁਫ਼ਤ ਸਿੱਖਿਆ ਦੇਣ ਦੀ ਮੁਹਿੰਮ ਚਲਾਉਣ ਅਤੇ ਲੋੜਵੰਦਾਂ ਦੀ ਮਦਦ ਕਰਨ ਵਾਲੇ ਸਮਾਜ ਸੇਵੀ ਭਾਨ ਸਿੰਘ ਜੱਸੀ ਨੂੰ ਇਸ ਵੱਡੇ ਕਬੱਡੀ ਖੇਡ ਮੇਲੇ ਤੇ 3 ਲੱਖ ਰੁਪਏ ਦੀ ਰਾਸ਼ੀ ਨਾਲ ਸਨਮਾਨਿਤ ਕੀਤਾ ਗਿਆ। ਸਾਨੂੰ ਬਹੁਤ ਖੁਸ਼ੀ ਮਹਿਸੂਸ ਹੋਈ ਜਦੋਂ ਹਜ਼ਾਰਾਂ ਖੇਡ ਪ੍ਰੇਮੀਆਂ ਦੀ ਹਾਜ਼ਰੀ ਵਿੱਚ ਸਮਾਜ ਸੇਵੀ ਭਾਨ ਸਿੰਘ ਜੱਸੀ ਨੇ ਸਨਮਾਨ ਵਿੱਚ ਮਿਲੀ 3 ਲੱਖ ਰੁਪਏ ਦੀ ਰਾਸ਼ੀ ਗਰੀਬ ਬੱਚਿਆਂ ਦੀ ਭਲਾਈ ਉੱਤੇ ਹੀ ਖ਼ਰਚਣ ਦਾ ਐਲਾਨ ਕਰਕੇ ਇਮਾਨਦਾਰੀ ਦੇ ਸੰਕਲਪ ਦੀਆਂ ਕਮਜ਼ੋਰ ਹੁੰਦੀਆਂ ਜਾ ਰਹੀਆਂ ਕੜੀਆਂ ਨੂੰ ਮਜ਼ਬੂਤ ਕਰਨ ਵਿੱਚ ਆਪਣਾ ਵਿਲੱਖਣ ਯੋਗਦਾਨ ਪਾਇਆ। ਅੰਤ ਵਿੱਚ ਉਹਨਾਂ ਕਿਹਾ ਕਿ ਸਮਾਜ ਸੇਵੀ ਭਾਨ ਸਿੰਘ ਜੱਸੀ ਨੂੰ ਮਿਲੀ ਰਾਸ਼ੀ ਨਾਲ ਪ੍ਰਾਪਤ ਕੀਤਾ ਸਟੇਸ਼ਨਰੀ ਦਾ ਸਮਾਨ ਗਰੀਬ ਬੱਚਿਆਂ 'ਚ ਵੰਡਿਆ ਜਾਵੇਗਾ. ਕਲੱਬ ਦੇ ਚੇਅਰਮੈਨ ਹਰਦੀਪ ਸਿੰਘ ਬਬਲੂ ਜੱਖਲਾਂ, ਜਸਵੀਰ ਸਿੰਘ ਜੱਸਾ ਆਸਟਰੇਲੀਆ, ਪ੍ਰਧਾਨ ਗੁਰਸੇਵ ਸਿੰਘ ਸੇਬੀ ਕਾਂਜਲਾ ਅਤੇ ਮਾ: ਦਵਿੰਦਰ ਸਿੰਘ ਮਾਨਾ ਵੱਲੋਂ ਕਲੱਬ ਦੇ ਅਹੁਦੇਦਾਰਾਂ/ਮੈਂਬਰਾਂ ਅਤੇ ਸੰਗਤਾਂ ਨੂੰ ਇਸ ਸਮਾਗਮ ਵਿੱਚ ਸ਼ਾਮਿਲ ਹੋਣ ਦੀ ਅਪੀਲ ਕੀਤੀ।



# ਕਿਸਾਨ ਯੂਨੀਅਨ ਏਕਤਾ (ਆਜ਼ਾਦ) ਬਲਾਕ ਦਿੜ੍ਹਬਾ ਦੀ ਮੀਟਿੰਗ



ਦਿੜ੍ਹਬਾ ਮੰਡੀ, 17 ਅਗਸਤ (ਸੁਖਵਿੰਦਰ ਸਿੰਘ ਵਿਰਕ): ਭਾਰਤੀ ਕਿਸਾਨ ਯੂਨੀਅਨ ਏਕਤਾ (ਆਜ਼ਾਦ) ਬਲਾਕ ਦਿੜ੍ਹਬਾ ਦੀ ਮੀਟਿੰਗ ਗੁਰਦੁਆਰਾ ਭਜਨਸਰ ਸਾਹਿਬ ਹਰੀਗੜ੍ਹ ਵਿਖੇ ਸਤਪਾਲ ਸਿੰਘ ਹਰੀਗੜ੍ਹ ਅਤੇ ਜਗਦੀਪ ਸਿੰਘ ਕੌਹਰੀਆਂ ਦੀ ਅਗਵਾਈ ਹੇਠ ਕੀਤੀ ਗਈ। ਜਿਸ ਵਿੱਚ ਬਲਾਕ ਆਗੂ ,ਪਿੰਡ ਇਕਾਈ ਅਹੁਦੇਦਾਰ ਅਤੇ ਮੈਂਬਰ ਸ਼ਾਮਿਲ ਹੋਏ। ਪੰਜਾਬ ਸਰਕਾਰ ਨੇ ਲੈਂਡ ਪੂਲਿੰਗ ਸਕੀਮ ਵਿੱਚ ਕਾਰਪੋਰੇਟ ਦੇ ਹੱਕਾਂ ਵਿੱਚ ਭੁਗਤ ਕੇ ਇਹ ਸਾਬਤ ਕਰ ਦਿੱਤਾ ਹੈ ਕਿ ਮੌਜੂਦਾ ਸਰਕਾਰ ਵੀ ਕਿਸਾਨ ਵਿਰੋਧੀ ਅਤੇ ਕਾਰਪੋਰੇਟ ਪੱਖੀ ਸਰਕਾਰ ਹੈ, ਪ੍ਰੰਤੂ ਲੋਕ ਤਾਕਤ ਅਤੇ ਜਥੇਬੰਦੀਆਂ ਦੇ ਵਿਰੋਧ ਕਾਰਨ ਇਹਨਾਂ ਨੂੰ ਇਹ ਨੀਤੀ ਵਾਪਸ ਲੈਣੀ ਪਈ। ਸੂਬਾਈ ਆਗੂ ਦਿਲਬਾਗ ਸਿੰਘ ਹਰੀਗੜ੍ਹ ਨੇ ਸੰਬੋਧਨ ਕਰਦੇ ਹੋਏ ਕਿਹਾ ਕੇ.ਐਮ.ਐਮ ਦੇ ਸੱਦੇ 'ਤੇ 20 ਅਗਸਤ ਨੂੰ ਜਲੰਧਰ ਦੇ ਅਧੀਨ ਪੈਂਦੇ ਪਿੰਡ ਕੁੱਕੜ ਵਿਖੇ ਹੋਣ ਜਾ ਰਹੀ ਮਹਾਂ ਪੰਚਾਇਤ ਵਿੱਚ ਬਲਾਕ ਦਿੜ੍ਹਬਾ ਵਿੱਚੋਂ ਸੈਂਕੜੇ ਕਿਸਾਨ, ਮਜ਼ਦੂਰ, ਨੌਜਵਾਨ, ਤੇ ਬੀਬੀਆਂ, ਭੈਣਾਂ ਵੱਧ ਤੋਂ ਵੱਧ ਗਿਣਤੀ ਵਿੱਚ ਸ਼ਮੂਲੀਅਤ ਕਰਨਗੀਆਂ। ਕਿਉਂਕਿ ਬੇਸ਼ੱਕ ਪੰਜਾਬ ਸਰਕਾਰ ਨੇ ਲੈਂਡ ਪੂਲਿੰਗ ਪੋਲਿਸੀ ਨੂੰ ਵਾਪਸ ਲੈਣ ਦਾ ਨੋਟੀਫਿਕੇਸ਼ਨ ਜਾਰੀ ਕੀਤਾ ਹੈ ਪ੍ਰੰਤੂ ਪੋਲਿਸੀ ਅੰਦਰੂਨੀ ਖਾਤੇ ਜਿਉਂ ਦੀ ਤਿਉਂ ਸਟੈਂਡ ਕਰਦੀ ਹੈ। ਲੈਂਡ ਪੂਲਿੰਗ ਪੋਲਿਸੀ ਨੂੰ ਮੁੱਢੋਂ ਰੱਦ ਕਰਨ ਲਈ ਪੰਜਾਬ ਵਿਧਾਨ ਸਭਾ ਵਿੱਚ ਮਤਾ ਪਾਸ ਕਰਕੇ ਸਰਕਾਰ ਇਸ ਨੂੰ ਮੁੱਢੋਂ ਹੀ ਰੱਦ ਕਰੇ ਅਤੇ ਇਸ ਦੇ ਨਾਲ ਹੀ ਬਿਜਲੀ ਐਕਟ 2025 ਜਿਸ ਅਧੀਨ ਬਿਜਲੀ ਬੋਰਡ ਨੂੰ ਨਿੱਜੀ ਹੱਥਾਂ ਵਿੱਚ ਦਿੱਤਾ ਜਾਣਾ ਹੈ। ਉਸ ਖਿਲਾਫ ਮਤਾ ਪਾਸ ਕਰਕੇ ਇਸ ਨੂੰ ਵੀ ਮੁੱਢੋਂ ਰੱਦ ਕੀਤਾ ਜਾਵੇ ਅਤੇ ਇਸ ਤੋਂ ਇਲਾਵਾ ਸ਼ੰਭੂ ਖਨੌਰੀ ਬਾਰਡਰ 'ਤੇ ਕਿਸਾਨੀ ਸੰਘਰਸ਼ਾਂ ਦੌਰਾਨ ਹੋਏ ਨੁਕਸਾਨ ਦਾ ਮੁਆਵਜ਼ਾ ਅਤੇ ਹੜਾ ਨਾਲ ਪੰਜਾਬ ਅੰਦਰ ਹੋਏ ਨੁਕਸਾਨ ਦੇ ਮੁਆਵਜ਼ੇ ਦੀ ਭਰਪਾਈ ਵੀ ਸਰਕਾਰ ਜਲਦੀ ਕਰੇ। ਇਸ ਤੋਂ ਇਲਾਵਾ ਆਗੂਆਂ ਨੇ ਕਿਹਾ ਕਿ ਪੰਜਾਬ ਅੰਦਰ ਚਿੱਪਾਂ ਵਾਲੇ ਮੀਟਰ ਜਬਰੀ ਲਗਾਉਣੇ ਬੰਦ ਕੀਤੇ ਜਾਣ ਅਤੇ ਪਹਿਲਾਂ ਵਾਲੇ ਮੀਟਰ ਹੀ ਨਵੇਂ ਕੁਨੈਕਸ਼ਨ 'ਤੇ ਲਗਾਏ ਜਾਣ। ਧੱਕੇ ਨਾਲ ਕਿਸੇ ਦੇ ਵੀ ਨਵੇਂ ਚਿੱਪ ਵਾਲੇ ਮੀਟਰ ਨਹੀਂ ਲੱਗਣ ਦਿੱਤੇ ਜਾਣਗੇ । ਇਸ ਤੋਂ ਇਲਾਵਾ ਲੋਕਾਂ ਨੂੰ 20 ਅਗਸਤ ਨੂੰ ਕੁੱਕੜ ਪਿੰਡ ਜਿਲਾ ਜਲੰਧਰ ਵਿਖੇ ਮਹਾਂ ਪੰਚਾਇਤ ਵਿੱਚ ਲੋਕਾਂ ਨੂੰ ਵੱਧ ਚੜ੍ਹ ਕੇ ਹਿੱਸਾ ਲੈਣ ਦੀ ਬੇਨਤੀ ਕੀਤੀ।ਇਸ ਮੌਕੇ ਮੰਗਾ ਸਿੰਘ ਸਾਦੀਹਰੀ ਚਮਕੌਰ ਸਿੰਘ ਸਾਦੀਹਰੀ, ਗੁਰਚਰਨ ਸਿੰਘ ਖੇਤਲਾ, ਬਘੇਲ ਸਿੰਘ ਦਿੜ੍ਹਬਾ,ਬਲਵਿੰਦਰ ਸਿੰਘ ਹਰੀਗੜ੍ਹ , ਨਿਰਮਲ ਸਿੰਘ ,ਜਸਪ੍ਰੀਤ ਸਿੰਘ ਹਰੀਗੜ੍ਹ ,ਬਿਕਰਜੀਤ ਸਿੰਘ ਕੌਹਰੀਆਂ, ਜਗਮੀਤ ਸਿੰਘ ਕੌਹਰੀਆਂ, ਹੈਪੀ ਕੌਹਰੀਆਂ, ਰਣਧੀਰ ਸਿੰਘ ਬਘਰੌਲ, ਦਲਵਾਰਾ ਸਿੰਘ ਖੇਤਲਾ, ਗੁਰਮੇਲ ਸਿੰਘ ਕੈਂਪਰ , ਸ਼ੇਰ ਸਿੰਘ ਤੂਰਬੰਨਜਾਰਾ, ਸਤਿਗੁਰ ਸਿੰਘ ਆਦਿ ਕਿਸਾਨ ਹਾਜ਼ਰ ਸਨ ।

# ਭਗਵਾਨ ਸ੍ਰੀ ਕ੍ਰਿਸ਼ਨ ਜੀ ਦੀ ਕੂਟਨੀਤੀ ਭਾਜਪਾ ਲਈ ਆਦਰਸ਼ : ਦੂੱਲਟ



ਸੰਗਰੂਰ, 17 ਅਗਸਤ (ਹਰਕੰਵਲ ਸਿੰਘ ਹੈਪੀ): ਸ਼੍ਰੀ ਕ੍ਰਿਸ਼ਨ ਜਨਮ ਅਸ਼ਟਮੀ ਮੌਕੇ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਧਰਮਿੰਦਰ ਸਿੰਘ ਦੂੱਲਟ ਨੇ ਸੰਗਰੂਰ ਅਤੇ ਧੂਰੀ ਦੇ ਵੱਖ ਵੱਖ ਮੰਦਰਾਂ ਵਿੱਚ ਨਤਮਸਤਕ ਹੋਏ ਅਤੇ ਭਗਵਾਨ ਸ਼੍ਰੀ ਕ੍ਰਿਸ਼ਨ ਜੀ ਦਾ ਆਸ਼ੀਰਵਾਦ ਪ੍ਰਾਪਤ ਕਰਦਿਆਂ ਉਹਨਾਂ ਦੇ ਬਾਲ ਸਰੂਪ ਨੂੰ ਝੂਲਾ ਝੁਲਾਇਆ।

ਇਸ ਮੌਕੇ ਦੂੱਲਟ ਨੇ ਕਿਹਾ ਕਿ ਭਗਵਾਨ ਸ੍ਰੀ ਕ੍ਰਿਸ਼ਨ ਜੀ ਦਾ ਅਵਤਾਰ ਪੂਰੀ ਮਨੁੱਖਤਾ ਲਈ ਇੱਕ ਚਾਨਣ ਮੁਨਾਰਾ ਹੈ, ਉਨ੍ਹਾਂ ਦੀਆਂ ਬਾਲ ਰੂਪ ਵਿੱਚ ਲੀਲਾਵਾਂ ਬਹੁਤ ਮਨਮੋਹਕ ਅਤੇ ਮਨ ਨੂੰ ਸ਼ਾਂਤੀ ਦੇਣ ਵਾਲੀਆਂ ਸਨ, ਉਥੇ ਹੀ ਮਹਾਂਭਾਰਤ ਦੌਰਾਨ ਅਰੁਜਨ ਨੂੰ ਦਿੱਤਾ ਗੀਤਾ ਉਪਦੇਸ਼ ਅੱਜ ਵੀ ਪੂਰੀ ਦੁਨੀਆ ਦਾ ਮਾਰਗਦਰਸ਼ਨ ਕਰ ਰਿਹਾ ਹੈ, ਦੁਨੀਆ ਦੇ ਵੱਡੇ ਵੱਡੇ ਸਾਇੰਸਦਾਨ, ਸਿਆਸਤਦਾਨ, ਬਿਜਨਸਮੈਨ ਅਤੇ ਖਿਡਾਰੀ ਵੀ ਗੀਤਾ ਤੋਂ ਪ੍ਰਭਾਵਿਤ ਹਨ। ਇਸ ਤੋਂ ਇਲਾਵਾ ਉਨ੍ਹਾਂ ਕਿਹਾ ਕਿ ਭਗਵਾਨ ਸ੍ਰੀ ਕ੍ਰਿਸ਼ਨ ਜੀ ਬਹੁਤ ਹੀ ਸੁਲਝੇ ਹੋਏ ਕੂਟਨੀਤਿਕਕਾਰ ਸਨ ਜਿਨ੍ਹਾਂ ਦੀ ਕੂਟਨੀਤੀ ਨੂੰ ਭਾਜਪਾ ਅਤੇ ਕੇਂਦਰੀ ਸੱਤਾ 'ਤੇ ਰਾਜ ਕਰ ਰਹੀ ਪ੍ਰਧਾਨ ਮੰਤਰੀ ਮੋਦੀ ਦੀ ਸਰਕਾਰ ਆਦਰਸ਼ ਮੰਨਦੀ ਹੈ। ਉਹਨਾਂ ਅੱਗੇ ਕਿਹਾ ਕਿ 15 ਅਗਸਤ ਦੇ ਦਿਹਾੜੇ ਮੌਕੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਖਾਸ ਤੌਰ 'ਤੇ ਭਗਵਾਨ ਸ੍ਰੀ ਕ੍ਰਿਸ਼ਨ ਜੀ ਦਾ ਜ਼ਿਕਰ ਕੀਤਾ ਗਿਆ ਅਤੇ ਉਹਨਾਂ ਦੇ ਸੁਦਰਸ਼ਨ ਚੱਕਰ ਤੋਂ ਪ੍ਰਭਾਵਿਤ ਹੋ ਕੇ ਦੇਸ਼ ਲਈ ਸੁਰੱਖਿਆ ਕਵਚ ਵੀ ਬਣਾਉਣ ਦਾ ਐਲਾਨ ਕੀਤਾ । ਇਸ ਦੌਰਾਨ ਵੱਡੀ ਗਿਣਤੀ ਵਿੱਚ ਭਾਜਪਾ ਦੇ ਆਗੂ ਮੌਕੇ 'ਤੇ ਮੌਜੂਦ ਸਨ।

# ਦੇਸ਼ ਦੇ ਆਜ਼ਾਦੀ ਸੰਘਰਸ਼ ਦੌਰਾਨ ਪੰਜਾਬੀਆਂ ਨੇ ਸਭ ਤੋਂ ਜ਼ਿਆਦਾ ਕੁਰਬਾਨੀਆਂ ਦਿੱਤੀਆਂ: ਸੰਜੀਵ ਅਰੋੜਾ

ਸੰਗਰੂਰ, 17 ਅਗਸਤ (ਹਰਕੰਵਲ ਸਿੰਘ ਹੈਪੀ): ਦੇਸ਼ ਦੀ ਆਜ਼ਾਦੀ ਲਈ ਚੱਲੀਆਂ ਵੱਖ-ਵੱਖ ਲਹਿਰਾਂ ਅਤੇ ਸ਼ਹੀਦ-ਏ-ਆਜ਼ਮ ਸ. ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ, ਸ. ਕਰਤਾਰ ਸਿੰਘ ਸਰਾਭਾ, ਸ਼ਹੀਦ ਊਧਮ ਸਿੰਘ, ਮਦਨ ਲਾਲ ਢੀਂਗਰਾ, ਲਾਲਾ ਲਾਜਪਤ ਰਾਏ, ਦੀਵਾਨ ਸਿੰਘ ਕਾਲੇਪਾਣੀ ਅਤੇ ਹੋਰ ਆਜ਼ਾਦੀ ਘੁਲਾਟੀਆਂ ਵੱਲੋਂ ਸਮੇਂ-ਸਮੇਂ 'ਤੇ ਆਰੰਭੇ ਸੰਘਰਸ਼ਾਂ ਸਦਕਾ ਹੀ ਅੱਜ ਅਸੀਂ ਆਜ਼ਾਦ ਮੁਲਕ ਦੇ ਵਾਸੀ ਹਾਂ । ਸਾਨੂੰ ਮਾਣ ਹੈ ਕਿ ਦੇਸ਼ ਦੇ ਆਜ਼ਾਦੀ ਸੰਘਰਸ਼ ਦੌਰਾਨ ਪੰਜਾਬੀਆਂ ਨੇ ਸਭ ਤੋਂ ਜ਼ਿਆਦਾ ਕੁਰਬਾਨੀਆਂ ਦਿੱਤੀਆਂ ਹਨ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਕੈਬਨਿਟ ਮੰਤਰੀ ਸ਼੍ਰੀ ਸੰਜੀਵ ਅਰੋੜਾ ਨੇ ਅੱਜ ਇਥੇ ਪੁਲਿਸ ਲਾਈਨ ਸਟੇਡੀਅਮ ਵਿਖੇ ਕਰਵਾਏ ਜ਼ਿਲ੍ਹਾ ਪੱਧਰੀ ਅਜ਼ਾਦੀ ਦਿਵਸ ਸਮਾਗਮ ਦੌਰਾਨ ਸੰਬੋਧਨ ਕਰਦਿਆਂ ਕੀਤਾ। ਉਹਨਾਂ ਕਿਹਾ ਕਿ ਸੂਬੇ ਦੇ ਲੋਕਾਂ ਵੱਲੋਂ ਦਿੱਤੇ ਅਥਾਹ ਪਿਆਰ ਸਕਦਾ ਮੁੱਖ ਮੰਤਰੀ ਬਣੇ ਸ. ਭਗਵੰਤ ਸਿੰਘ ਮਾਨ ਨੇ ਜਿੱਥੇ ਆਪਣੇ ਅਹੁਦੇ ਦੀ ਸਹੁੰ ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਦੇ ਜੱਦੀ ਪਿੰਡ ਖਟਕੜ ਕਲਾਂ ਵਿਖੇ ਚੁੱਕੀ, ਉੱਥੇ ਹੀ ਇਹ ਫੈਸਲਾ ਕੀਤਾ ਕਿ ਸਰਕਾਰੀ ਦਫਤਰਾਂ ਵਿੱਚ ਸ਼ਹੀਦ ਭਗਤ ਸਿੰਘ ਅਤੇ ਸੰਵਿਧਾਨ ਦੇ ਨਿਰਮਾਤਾ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਦਕਰ ਦੀਆਂ ਤਸਵੀਰਾਂ ਲਾਈਆਂ ਜਾਣ । ਮੋਹਾਲੀ ਕੌਮਾਂਤਰੀ ਏਅਰਪੋਰਟ ਦਾ ਨਾਮ ਵੀ ਸ਼ਹੀਦ ਭਗਤ ਸਿੰਘ ਦੇ ਨਾਮ ਉੱਤੇ ਰੱਖਿਆ ਗਿਆ ਅਤੇ ਉੱਥੇ ਸ਼ਹੀਦ ਭਗਤ ਸਿੰਘ ਦਾ ਬੁੱਤ ਵੀ ਲਾਇਆ ਗਿਆ ਹੈ।ਆਮ ਆਦਮੀ ਕਲੀਨਿਕਾਂ ਦਾ ਵਿਸਥਾਰ, ਨਵੀਆਂ ਐਂਬੂਲੈਂਸਾਂ, ਮੁਫਤ ਬਿਜਲੀ, ਈਜ਼ੀ ਰਜਿਸਟਰੀ, ਆਜ਼ਾਦੀ ਤੋਂ ਬਾਅਦ ਪਹਿਲੀ ਵਾਰ ਪੰਜਾਬ ਦੇ ਸਾਰੇ ਪਿੰਡਾਂ ਦੇ ਛੱਪੜਾਂ ਤੇ ਟੋਭਿਆਂ ਦੀ ਸਫਾਈ, ਟੇਲਾਂ ਤੱਕ ਪਾਣੀ ਪੁੱਜਦਾ ਕਰਨਾ, ਯੁੱਧ ਨਸ਼ਿਆਂ ਵਿਰੁੱਧ, ਭ੍ਰਿਸ਼ਟਾਚਾਰ ਵਿਰੁੱਧ ਮੁਹਿੰਮ, ਪੇਂਡੂ ਖੇਡ ਮੈਦਾਨਾਂ ਦੀ ਉਸਾਰੀ, ਖਿਡਾਰੀਆਂ ਨੂੰ ਨੌਕਰੀ ਤੇ ਵੱਡੇ ਖੇਡ ਮੁਕਾਬਲਿਆਂ ਤੋਂ ਪਹਿਲਾਂ ਤਿਆਰੀ ਭੱਤੇ ਦੇਣੇ, ਸਾਰਿਆਂ ਲਈ 10 ਲੱਖ ਦਾ ਸਿਹਤ ਬੀਮਾ ਅਤੇ ਸਨਅਤਾਂ ਦੇ ਵਿਕਾਸ ਲਈ ਉਦਯੋਗਪਤੀਆਂ ਦੀਆਂ ਕਮੇਟੀਆਂ ਦਾ ਗਠਨ-ਅਜਿਹੇ ਫੈਸਲੇ ਹਨ, ਜਿਸ ਨਾਲ ਪੰਜਾਬ ਤਰੱਕੀ ਦੀਆਂ ਨਵੀਆਂ ਇਬਾਰਤਾਂ ਲਿਖਣ ਵੱਲ ਕਦਮ ਵਧਾ ਰਿਹਾ ਹੈ।ਇਸ ਸਾਲ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦਾ 350ਵਾਂ ਸ਼ਹੀਦੀ ਦਿਵਸ ਪੰਜਾਬ ਸਰਕਾਰ ਵੱਲੋਂ ਵੱਡੇ ਪੱਧਰ 'ਤੇ ਮਨਾਇਆ ਜਾ ਰਿਹਾ ਹੈ। 19 ਨਵੰਬਰ ਤੋਂ ਲੈ ਕੇ 25 ਨਵੰਬਰ ਤੱਕ ਰਾਜ ਪੱਧਰੀ ਸਮਾਗਮ ਕਰਵਾਏ ਜਾ ਰਹੇ ਹਨ।



# ਸਕੂਲ ਵਿੱਚ 79ਵਾਂ ਸੁਤੰਤਰਤਾ ਦਿਵਸ ਮਨਾਇਆ

ਭੁੱਚੋ ਮੰਡੀ ਨਥਾਣਾ, 17ਅਗਸਤ (ਹਰਬੰਸ ਸਿੰਘ ਭੋਲਾ): ਸੁਤੰਤਰਤਾ ਦਿਵਸ ਹਰ ਭਾਰਤੀ ਦੇ ਦਿਲ ਵਿੱਚ ਇੱਕ ਵਿਸ਼ੇਸ਼ ਥਾਂ ਰੱਖਦਾ ਹੈ। ਇਹ ਕੇਵਲ ਆਜ਼ਾਦੀ ਦਾ ਜਸ਼ਨ ਨਹੀਂ, ਸਗੋਂ ਦੇਸ਼ ਦੀ ਤਰੱਕੀ ਅਤੇ ਏਕਤਾ ਦਾ ਪ੍ਰਤੀਕ ਹੈ। 15 ਅਗਸਤ 2025 ਨੂੰ ਸਾਡੀ ਮਾਂ ਧਰਤੀ ਭਾਰਤ ਦਾ 79ਵਾਂ ਸੁਤੰਤਰਤਾ ਦਿਵਸ ਸਿਲਵਰ ਓਕਸ ਸਕੂਲ, ਰਾਮਪੁਰਾ ਰੋਡ ਵਿਖੇ ਬੜੇ ਉਤਸ਼ਾਹ ਅਤੇ ਦੇਸ਼ ਭਗਤੀ ਦੀ ਭਾਵਨਾ ਨਾਲ ਮਨਾਇਆ ਗਿਆ।




ਉਤਸਵ ਦੀ ਸ਼ੁਰੂਆਤ ਰੰਗਾ-ਰੰਗ ਸਭਿਆਚਾਰਕ ਪ੍ਰੋਗਰਾਮ ਨਾਲ ਹੋਈ, ਜਿਸ ਦਾ ਮਕਸਦ ਵਿਦਿਆਰਥੀਆਂ ਵਿਚ ਦੇਸ਼ ਭਗਤੀ ਦੀ ਭਾਵਨਾ ਜਗਾਉਣਾ ਸੀ। ਵਿਦਿਆਰਥੀਆਂ ਵੱਲੋਂ ਦੇਸ਼ ਭਗਤੀ ਗੀਤ, ਕਵਿਤਾ ਪਾਠ ਅਤੇ ਨਾਚ ਪੇਸ਼ ਕੀਤਾ ਗਿਆ, ਜੋ ਭਾਰਤ ਦੀ ਸੰਸਕ੍ਰਿਤੀ ਅਤੇ ਏਕਤਾ ਨੂੰ ਦਰਸਾਉਂਦੇ ਸਨ । ਸਾਰੇ ਵਿਦਿਆਰਥੀ ਤਿਰੰਗੇ ਦੇ ਰੰਗਾਂ ਵਾਲੇ ਕੱਪੜੇ ਪਾ ਕੇ ਰਾਸ਼ਟਰੀ ਝੰਡਾ ਲਹਿਰਾਉਂਦੇ ਹੋਏ ਗਰਵ ਮਹਿਸੂਸ ਕਰ ਰਹੇ ਸਨ।ਸ਼੍ਰੀ ਪਰਦੀਪ ਕੌੜਾ, ਪ੍ਰਿੰਸੀਪਲ- ਸਿਲਵਰ ਓਕਸ ਇੰਸਟੀਚਿਊਟ ਆਫ ਪ੍ਰੋਫੈਸ਼ਨਲ ਸਟਡੀਜ਼ ਅਤੇ ਸ਼੍ਰੀਮਤੀ ਮਮਤਾ ਭਾਰਗਵ, ਗਿਆਨਮੰਥਨ ਐਜੂਕੇਸ਼ਨਲ ਸਰਵਿਸਿਜ਼ ਦੇ ਅਕੈਡਮਿਕ ਹੈੱਡ ਪ੍ਰੋਗਰਾਮ ਵਿੱਚ ਮੁੱਖ ਮਹਿਮਾਨਾਂ ਵਜੋਂ ਸ਼ਾਮਲ ਹੋਏ । ਦੋਹਾਂ ਮਹਾਨੁਭਾਵਾਂ ਵੱਲੋਂ ਝੰਡਾ ਲਹਿਰਾ ਕੇ ਸਮਾਰੋਹ ਦੀ ਸ਼ੁਰੂਆਤ ਕੀਤੀ ਗਈ। ਸ਼੍ਰੀ ਪਰਦੀਪ ਕੌੜਾ ਨੇ ਆਪਣੇ ਉਤਸ਼ਾਹਜਨਕ ਭਾਸ਼ਣ ਵਿੱਚ ਕਿਹਾ ਸੁਤੰਤਰਤਾ ਇੱਕ ਅਮੂਲ ਵਰਦਾਨ ਹੈ — ਜਿਸਨੂੰ ਕਦੇ ਵੀ ਹਲਕੇ ਵਿੱਚ ਨਹੀਂ ਲੈਣਾ ਚਾਹੀਦਾ। ਸਾਡੇ ਜਵਾਨਾਂ ਅਤੇ ਨਾਇਕਾਂ ਵੱਲੋਂ ਦਿੱਤੇ ਗਏ ਬੇਹਿਸਾਬ ਬਲਿਦਾਨਾਂ ਲਈ ਸਾਨੂੰ ਸਦਾ ਰਿਣੀ ਰਹਿਣਾ ਚਾਹੀਦਾ ਹੈ। ਉਹਨਾਂ ਦੀ ਕੁਰਬਾਨੀ ਸਾਨੂੰ ਇਹ ਸਿਖਾਉਂਦੀ ਹੈ ਕਿ ਅਸੀਂ ਇਸ ਆਜ਼ਾਦੀ ਦੀ ਕਦਰ ਸਿਰਫ਼ ਸ਼ਬਦਾਂ ਨਾਲ ਨਹੀਂ, ਸਗੋਂ ਆਪਣੇ ਕਰਮਾਂ ਨਾਲ ਕਰੀਏ।ਸ਼੍ਰੀਮਤੀ ਮਮਤਾ ਭਾਰਗਵ ਨੇ ਵੀ ਬੱਚਿਆਂ ਨੂੰ ਸੰਬੋਧਿਤ ਕਰਦਿਆਂ ਭਾਰਤੀ ਆਜ਼ਾਦੀ ਸੰਗਰਾਮ ਅਤੇ ਸੰਵਿਧਾਨ ਦੇ ਮਹੱਤਵ ਬਾਰੇ ਵਿਚਾਰ ਸਾਂਝੇ ਕੀਤੇ । ਉਨ੍ਹਾਂ ਨੇ ਵਿਦਿਆਰਥੀਆਂ ਨੂੰ ਅਸਲ ਆਜ਼ਾਦੀ ਦੇ ਅਰਥ 'ਤੇ ਵਿਚਾਰ ਕਰਨ, ਪਿਆਰ ਤੇ ਭਾਈਚਾਰੇ ਨੂੰ ਵਧਾਉਣ ਦੀ ਸਲਾਹ ਦਿੱਤੀ।ਸਕੂਲ ਵੱਲੋਂ ਕਈ ਰਚਨਾਤਮਕ ਮੁਕਾਬਲੇ ਵੀ ਕਰਵਾਏ ਗਏ, ਤਾਂ ਜੋ ਵਿਦਿਆਰਥੀਆਂ ਦੀ ਭਾਗੀਦਾਰੀ ਅਤੇ ਕਲਪਨਾਤਮਕ ਸ਼ਕਤੀ ਨੂੰ ਉਤਸ਼ਾਹਤ ਕੀਤਾ ਜਾਵੇ। ਇਨ੍ਹਾਂ ਵਿੱਚ ਕਲਾਸ 9 ਤੋਂ IV ਲਈ 'ਸੁਤੰਤਰਤਾ ਸੈਨਾਨੀ ਭੂਮਿਕਾ ਨਿਭਾਉਣ ਦੀ ਮੁਕਾਬਲਾ' ਅਤੇ ਕਲਾਸ V ਤੋਂ VIII ਲਈ 'ਈ-ਕਾਰਡ ਬਣਾਉਣ ਦਾ ਮੁਕਾਬਲਾ' ਸ਼ਾਮਲ ਸਨ ।ਇਸ ਮੌਕੇ 'ਤੇ ਪ੍ਰਿੰਸੀਪਲ ਸ਼੍ਰੀਮਤੀ ਛਾਇਆ ਵਿਨੋਚਾ ਨੇ ਆਜ਼ਾਦੀ ਦੀ ਮਹੱਤਤਾ ਅਤੇ ਇਸਨੂੰ ਸੰਭਾਲ ਕੇ ਰੱਖਣ ਦੀ ਲੋੜ ਉੱਤੇ ਜ਼ੋਰ ਦਿੱਤਾ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਯਾਦ ਦਿਵਾਇਆ ਕਿ ਸਾਡੀ ਆਜ਼ਾਦੀ ਪੂਰੀ ਤਰ੍ਹਾਂ ਉਨ੍ਹਾਂ ਦੀ ਕੁਰਬਾਨੀਆਂ ਦੀ ਦੇਣ ਹੈ ਜੋ ਸੁਤੰਤਰਤਾ ਲਈ ਲੜੇ । ਉਨ੍ਹਾਂ ਨੇ ਕਿਹਾ ਕਿ ਆਜ਼ਾਦੀ ਨੂੰ ਬਰਕਰਾਰ ਰੱਖਣ ਲਈ ਅਨੁਸ਼ਾਸਨ ਬਹੁਤ ਜ਼ਰੂਰੀ ਹੈ।ਅੰਤ ਵਿੱਚ ਰਾਸ਼ਟਰੀ ਗੀਤ ਗਾਇਆ ਗਿਆ, ਜਿਸ ਨਾਲ ਹਰ ਦਿਲ ਵਿੱਚ ਨਵਾਂ ਜੋਸ਼, ਮਾਣ ਅਤੇ ਏਕਤਾ ਦੀ ਭਾਵਨਾ ਜਨਮ ਲੈ ਗਈ। ਇਹ ਸਮਾਰੋਹ ਸਾਬਤ ਕਰਦਾ ਹੈ ਕਿ ਸਕੂਲ ਸਮਾਜਿਕ ਤੌਰ 'ਤੇ ਜ਼ਿੰਮੇਵਾਰ ਨਾਗਰਿਕ ਤਿਆਰ ਕਰਨ ਅਤੇ ਨੌਜਵਾਨ ਮਨਾਂ ਵਿੱਚ ਸ਼ਾਂਤੀ, ਸਦਭਾਵਨਾ ਅਤੇ ਰਾਸ਼ਟਰੀ ਗਰਵ ਦੀ ਭਾਵਨਾ ਉਤਸ਼ਾਹਿਤ ਕਰਨ ਲਈ ਵਚਨਬੱਧ ਹੈ।

ਰੋਜ਼ਾਨਾ ਚੜ੍ਹਦੀਕਲਾ

## ਸਿਹਤ ਖ਼ਬਰਨਾਮਾ

# ਮਾਨਸੂਨ ਦੌਰਾਨ ਵਾਰ-ਵਾਰ ਗਲ਼ਾ ਹੋ ਜਾਂਦੈ ਖ਼ਰਾਬ ਤਾਂ ਅਪਣਾਓ ਘਰੇਲੂ ਨੁਸਖ਼ੇ



ਮਾਨਸੂਨ 'ਚ ਜ਼ਿਆਦਾ ਨਮੀ ਕਾਰਨ ਹਵਾ 'ਚ ਵਾਇਰਸ, ਬੈਕਟੀਰੀਆ ਅਤੇ ਐਲਰਜੀ ਵਾਲੇ ਤੱਤ ਤੇਜ਼ੀ ਨਾਲ ਫੈਲਦੇ ਹਨ। ਇਸ ਕਾਰਨ ਜਦੋਂ ਅਸੀਂ ਸਵੇਰੇ ਉੱਠਦੇ ਹਾਂ ਤਾਂ ਗਲੇ 'ਚ ਖ਼ਰਾਸ਼, ਦਰਦ ਜਾਂ ਜਲਣ ਹੋਣੀ ਆਮ ਗੱਲ ਬਣ ਜਾਂਦੀ ਹੈ। ਕੁਝ ਖਾਣ-ਪੀਣ ਦੀ ਚੀਜ਼ ਵੀ ਅਜੀਬ ਲੱਗਣ ਲੱਗਦੀ ਹੈ।

**ਇਸ ਦੇ ਮੁੱਖ ਕਾਰਨ ਹਨ:**

**ਵਾਇਰਲ ਇਨਫ਼ੈਕਸ਼ਨ:** ਮਾਨਸੂਨ ਦੌਰਾਨ ਜ਼ੁਕਾਮ ਅਤੇ ਫਲੂ ਵਰਗੀਆਂ ਵਾਇਰਲ ਬੀਮਾਰੀਆਂ ਆਮ ਹੋ ਜਾਂਦੀਆਂ ਹਨ ਜੋ ਗਲੇ ਚ ਦਰਦ ਜਾਂ ਖ਼ਰਾਸ਼ ਦਾ ਕਾਰਨ ਬਣਦੀਆਂ ਹਨ।

**ਬੈਕਟੀਰੀਅਲ ਇਨਫ਼ੈਕਸ਼ਨ:** ਇਸ ਮੌਸਮ 'ਚ ਸਟਰੈਪਟੋਕੋਕਸ ਪਾਇਓਜੀਨਸ ਨਾਮੀ ਬੈਕਟੀਰੀਆ ਵੱਧਣ ਲੱਗਦਾ ਹੈ ਜੋ ਕਿ ਸਟ੍ਰੈਪ ਥ੍ਰੋਟ (ਭਾਰੀ ਇਨਫੈਕਸ਼ਨ) ਦਾ ਕਾਰਨ ਬਣਦਾ ਹੈ।

**ਐਲਰਜੀ:** ਨਮੀ ਵਾਲੀ ਹਵਾ 'ਚ ਪੋਲੇਨ ਅਤੇ ਧੂੜ ਦੇ ਕਰਕੇ ਐਲਰਜੀ ਵਧ ਜਾਂਦੀ ਹੈ, ਜੋ ਕਿ ਗਲੇ 'ਚ ਜਲਣ ਅਤੇ ਖ਼ਰਾਸ਼ ਦਾ ਕਾਰਨ ਬਣਦੀ ਹੈ।

**ਵਾਤਾਵਰਣ ਦੀ ਗੰਦਗੀ:** ਬਾਰਿਸ਼ ਦਾ ਪਾਣੀ ਹਵਾ ਚ ਮੌਜੂਦ ਧੂੜ-ਮਿੱਟੀ ਹੇਠਾਂ ਸੁੱਟਦਾ ਹੈ, ਜਿਸ ਨਾਲ ਗਲੇ 'ਚ ਇਰੀਟੇਸ਼ਨ ਹੋ ਸਕਦੀ ਹੈ।

**ਘਰੇਲੂ ਉਪਾਅ ਜੋ ਦਿਵਾਉਣਗੇ ਰਾਹਤ:**

**ਲੂਣ ਵਾਲੇ ਗਰਮ ਪਾਣੀ ਨਾਲ ਗਰਾਰੇ ਕਰੋ:** ਇਕ ਗਿਲਾਸ ਗਰਮ ਪਾਣੀ 'ਚ ਇਕ ਚਮਚ ਲੂਣ ਪਾਓ ਅਤੇ ਦਿਨ 'ਚ 2-3 ਵਾਰ ਗਰਾਰੇ ਕਰੋ। ਇਸ ਨਾਲ ਗਲੇ ਦੀ ਸੋਜ ਅਤੇ ਜਲਣ ਤੋਂ ਰਾਹਤ ਮਿਲਦੀ ਹੈ।

**ਸ਼ਹਿਦ ਵਾਲਾ ਗਰਮ ਪਾਣੀ ਜਾਂ ਚਾਹ:** ਇਕ ਚਮਚ ਸ਼ਹਿਦ ਗਰਮ ਪਾਣੀ ਜਾਂ ਹਰਬਲ ਚਾਹ 'ਚ ਮਿਲਾ ਕੇ ਪੀਓ। ਇਹ ਗਲੇ ਨੂੰ ਆਰਾਮ ਦਿੰਦਾ ਹੈ।

**ਪਾਣੀ ਵੱਧ ਪੀਓ:** ਗਲੇ ਦੀ ਨਮੀ ਬਣਾਈ ਰੱਖਣ ਲਈ ਵੱਧ ਤੋਂ ਵੱਧ ਕੋਸਾ ਪਾਣੀ ਪੀਓ ਜਾਂ ਹਰਬਲ ਚਾਹ, ਕਾੜ੍ਹਾ ਜਾਂ ਸੂਪ ਵਰਗੀਆਂ ਚੀਜ਼ਾਂ ਪੀਓ।

**ਭਾਪ ਲਵੋ:** ਗਰਮ ਪਾਣੀ ਦੀ ਭਾਫ਼ ਲੈਣ ਨਾਲ ਨਾ ਸਿਰਫ਼ ਗਲੇ ਨੂੰ ਆਰਾਮ ਮਿਲਦਾ ਹੈ, ਸਗੋਂ ਜੇਕਰ ਜ਼ੁਕਾਮ ਵੀ ਹੋਵੇ ਤਾਂ ਨੱਕ ਖੁਲਣ 'ਚ ਵੀ ਸਹਾਇਤਾ ਮਿਲਦੀ ਹੈ।

**ਗਲੇ ਨੂੰ ਆਰਾਮ ਦਿਓ:** ਸਵੇਰੇ ਜ਼ਿਆਦਾ ਬੋਲਣ ਜਾਂ ਉਚੀ ਆਵਾਜ਼ 'ਚ ਗੱਲ ਕਰਨ ਤੋਂ ਬਚੋ। ਇਹ ਗਲੇ 'ਤੇ ਵਾਧੂ ਦਬਾਅ ਪਾਉਂਦਾ ਹੈ।

## ਨਾਰਕੋਟਿਕਸ ਵਿਭਾਗ ਚੰਡੀਗੜ੍ਹ ਵੱਲੋਂ ਨਸ਼ਿਆਂ ਵਿਰੁੱਧ ਜਾਗਰੂਕਤਾ ਮੁਹਿੰਮ ਸ਼ੁਰੂ

# ਨਸ਼ੇ ਦੀ ਦੁਰਵਰਤੋਂ ਇੱਕ ਮੱਠਾ ਜ਼ਹਿਰ ਹੈ, ਜੋ ਪਰਿਵਾਰਾਂ ਅਤੇ ਸਮਾਜ ਨੂੰ ਤੋੜ ਰਿਹੈ: ਗੁਲਾਬ ਚੰਦ ਕਟਾਰੀਆ

ਚੰਡੀਗੜ੍ਹ, 17 ਅਗਸਤ (ਅੰਮ੍ਰਿਤਪਾਲ ਸਿੰਘ): 79ਵੇਂ ਆਜ਼ਾਦੀ ਦਿਵਸ ਦੇ ਜਸ਼ਨਾਂ ਦੇ ਹਿੱਸੇ ਵਜੋਂ, ਨਾਰਕੋਟਿਕਸ ਕੰਟਰੋਲ ਬਿਊਰੋ (ਐਨਸੀਬੀ) ਚੰਡੀਗੜ੍ਹ ਜ਼ੋਨਲ ਯੂਨਿਟ ਨੇ 15-16 ਅਗਸਤ 2025 ਨੂੰ ਚੰਡੀਗੜ੍ਹ ਅਤੇ ਗੁਆਂਢੀ ਰਾਜਾਂ ਵਿੱਚ #ਨਸ਼ੇ ਸੇ ਆਜ਼ਾਦੀ ਥੀਮ ਤਹਿਤ ਇੱਕ ਬਹੁ-ਪੱਖੀ ਜਾਗਰੂਕਤਾ ਮੁਹਿੰਮ ਦਾ ਆਯੋਜਨ ਕੀਤਾ। ਇਹ ਮੁਹਿੰਮ ਜ਼ਮੀਨੀ ਗਤੀਵਿਧੀਆਂ ਅਤੇ ਡਿਜੀਟਲ ਪਲੇਟਫਾਰਮਾਂ ਰਾਹੀਂ ਵਿਦਿਆਰਥੀਆਂ, ਆਮ ਲੋਕਾਂ, ਫਾਰਮਾਸਿਊਟੀਕਲ ਸੈਕਟਰ ਅਤੇ ਲੱਖਾਂ ਨਾਗਰਿਕਾਂ ਤੱਕ ਪਹੁੰਚੀ ਅਤੇ ਨਸ਼ਾ ਮੁਕਤ ਭਾਰਤ ਦਾ ਸੁਨੇਹਾ ਫੈਲਾਇਆ। ਇਹ ਮੁਹਿੰਮ AKSIPS-41 ਸਮਾਰਟ ਸਕੂਲ ਤੋਂ ਸ਼ੁਰੂ ਹੋਈ, ਜਿੱਥੇ ਸ਼੍ਰੀ ਅਮਨਜੀਤ ਸਿੰਘ, ਐਡੀਸ਼ਨਲ ਡਾਇਰੈਕਟਰ, ਐਨਸੀਬੀ ਚੰਡੀਗੜ੍ਹ ਵੱਲੋਂ ਵਿਦਿਆਰਥੀਆਂ ਨੂੰ ਨਸ਼ੀਲੇ ਪਦਾਰਥਾਂ ਦੀ ਦੁਰਵਰਤੋਂ ਦੇ ਕਾਨੂੰਨੀ ਨਤੀਜਿਆਂ ਅਤੇ ਇਸ ਸਮੱਸਿਆ ਨਾਲ ਨਜਿੱਠਣ ਲਈ ਭਾਰਤ ਸਰਕਾਰ ਦੇ ਯਤਨਾਂ ਬਾਰੇ ਸੰਬੋਧਨ ਕੀਤਾ। ਵਿਦਿਆਰਥੀਆਂ ਨੇ ਨਸ਼ਿਆਂ ਨੂੰ ਨਾਂਹ ਕਹੋ, ਜ਼ਿੰਦਗੀ ਨੂੰ ਹਾਂ ਕਹੋ ਦਾ ਪ੍ਰਣ ਲਿਆ। ਬਾਅਦ ਵਿੱਚ ਸ਼ਾਮ ਨੂੰ, Nexus Elante Mall ਵਿਖੇ ਇੱਕ ਜੀਵੰਤ ਆਊਟਰੀਚ ਪ੍ਰੋਗਰਾਮ ਵਿੱਚ ਨੁੱਕੜ ਨਾਟਕ, ਵਿਦਿਆਰਥੀ ਨ੍ਰਿਤ ਪ੍ਰਦਰਸ਼ਨ, ਸ਼੍ਰੀ ਅਮਨਦੀਪ ਸਿੰਘ (ਭਾਰਤ ਦੇ ਸਟੀਲ ਮੈਨ) ਵਲੋਂ ਇੱਕ ਪ੍ਰੇਰਨਾਦਾਇਕ ਭਾਸ਼ਣ ਅਤੇ ਇੱਕ ਪ੍ਰਸਿੱਧ ਪੰਜਾਬੀ ਗਾਇਕ ਦੁਆਰਾ ਗਾਏ ਗਏ ਗੀਤ ਸ਼ਾਮਲ ਸਨ ਜਿਨ੍ਹਾਂ ਨੇ ਨਸ਼ਾ ਵਿਰੋਧੀ ਸੰਦੇਸ਼ ਨੂੰ ਰਚਨਾਤਮਕ ਤੌਰ ਤੇ ਮਜ਼ਬੂਤ ਕੀਤਾ ਅਤੇ ਨਾਗਰਿਕਾਂ ਤੇ ਡੂੰਘਾ ਪ੍ਰਭਾਵ ਛੱਡਿਆ। ਐਨ.ਡੀ.ਪੀ. (ਐਸ.ਆਰ.ਸੀ.) ਐਸ ਆਰਡਰ, 2013 ਦੇ ਤਹਿਤ ਯੂਨੀਫਾਰਮ ਰਜਿਸਟ੍ਰੇਸ਼ਨ ਨੰਬਰ (ਯੂ.ਆਰ.ਐਨ.) ਧਾਰਕਾਂ ਲਈ ਇੱਕ ਸੰਵੇਦਨਸ਼ੀਲਤਾ ਵਰਕਸ਼ਾਪ ਵੀ ਆਯੋਜਿਤ ਕੀਤੀ ਗਈ। 20 ਫਾਰਮਾਸਿਊਟੀਕਲ ਕੰਪਨੀਆਂ ਦੇ ਪ੍ਰਤੀਨਿਧੀਆਂ ਨੇ ਨਿਯੰਤਰਿਤ ਪਦਾਰਥਾਂ ਦੀ ਪਾਲਣਾ, ਰਿਕਾਰਡ ਰੱਖਣ ਅਤੇ ਜ਼ਿੰਮੇਵਾਰ ਤਰੀਕੇ ਨਾਲ ਸੰਭਾਲਣ ਤੇ ਵਿਚਾਰ-ਵਟਾਂਦਰਾ ਕੀਤਾ, ਜੋ ਜ਼ਿੰਮੇਵਾਰ ਅਭਿਆਸਾਂ ਪ੍ਰਤੀ ਸਮੂਹਿਕ ਵਚਨਬੱਧਤਾ ਨੂੰ ਦਰਸਾਉਂਦਾ ਹੈ।




ਵਿਆਪਕ ਪਹੁੰਚ ਲਈ, ਪੰਜਾਬ, ਹਰਿਆਣਾ ਅਤੇ ਹਿਮਾਚਲ ਪ੍ਰਦੇਸ਼ ਵਿੱਚ ਦੂਰਸੰਚਾਰ ਸੇਵਾ ਪ੍ਰਦਾਤਾਵਾਂ ਵਲੋਂ ਰੇਡੀਓ ਪ੍ਰਸਾਰਣ ਅਤ ਐਸ.ਐਮ.ਐਸ. ਅਲਰਟ ਰਾਹੀਂ ਨਸ਼ਾ ਜਾਗਰੂਕਤਾ ਸੰਦੇਸ਼ ਪ੍ਰਸਾਰਿਤ ਕੀਤੇ ਗਏ, ਜੋ ਸਿੱਧੇ ਤੌਰ ਤੇ ਲੱਖਾਂ ਗਾਹਕਾਂ ਤੱਕ ਪਹੁੰਚੇ। ਇੱਕ ਮਜ਼ਬੂਤ ਸੋਸ਼ਲ ਮੀਡੀਆ ਮੁਹਿੰਮ ਨੇ ਸੰਦੇਸ਼ ਨੂੰ ਹੋਰ ਵਧਾ ਦਿੱਤਾ, ਜਿਸ ਵਿੱਚ ਪੰਜਾਬ ਦੇ ਮਾਣਯੋਗ ਰਾਜਪਾਲ, ਸ਼੍ਰੀ ਗੁਲਾਬ ਚੰਦ ਕਟਾਰੀਆ, ਸ਼੍ਰੀ ਸਾਗਰ ਪ੍ਰੀਤ ਹੁੱਡਾ (ਡੀਜੀਪੀ ਚੰਡੀਗੜ੍ਹ), ਸ਼੍ਰੀ ਓ.ਪੀ. ਸਿੰਘ (ਹਰਿਆਣਾ ਨਾਰਕੋਟਿਕਸ ਕੰਟਰੋਲ ਬਿਊਰੋ ਦੇ ਡਾਇਰੈਕਟਰ ਜਨਰਲ), ਆਈਜੀ ਏਐਨਟੀਐਫ ਚੰਡੀਗੜ੍ਹ, ਸ਼੍ਰੀ ਜੈਰਾਜ ਸਿੰਘ ਧਾਲੀਵਾਲ ਅਤੇ ਅਦਾਕਾਰਾ ਆਲੀਆ ਭੱਟ ਸਮੇਤ ਪ੍ਰਮੁੱਖ ਸ਼ਖਸੀਅਤਾਂ ਦੀ ਸਰਗਰਮ ਭਾਗੀਦਾਰੀ ਰਹੀ, ਜਿਨ੍ਹਾਂ ਦੀਆਂ ਅਪੀਲਾਂ ਨੇ ਮੁਹਿੰਮ ਨੂੰ ਵਿਆਪਕ ਦ੍ਰਿਸ਼ਟੀਕੋਣ ਅਤੇ ਪਹੁੰਚ ਦਿੱਤੀ।

ਪੰਜਾਬ ਦੇ ਮਾਣਯੋਗ ਰਾਜਪਾਲ, ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਜ਼ੋਰ ਦੇ ਕੇ ਕਿਹਾ ਕਿ ਨਸ਼ਾ ਇੱਕ ਧੀਮਾ ਜ਼ਹਿਰ ਹੈ ਜੋ ਪਰਿਵਾਰਾਂ ਅਤੇ ਸਮਾਜ ਨੂੰ ਤੋੜਦਾ ਹੈ। ਉਨ੍ਹਾਂ ਨੇ ਇਸ ਬੁਰਾਈ ਨੂੰ ਖਤਮ ਕਰਨ ਵਿੱਚ ਰਾਜ ਪੁਲਿਸ, ਐਂਟੀ-ਨਾਰਕੋਟਿਕਸ ਬਿਊਰੋ ਏਜੰਸੀਆਂ ਅਤੇ ਸਮਾਜਿਕ ਕਾਰਕੁਨਾਂ ਦੇ ਅਣਥੱਕ ਯਤਨਾਂ ਦੀ ਸ਼ਲਾਘਾ ਕੀਤੀ। ਅਦਾਕਾਰਾ ਆਲੀਆ ਭੱਟ ਨੇ ਨਸ਼ੇ ਦੀ ਦੁਰਵਰਤੋਂ ਨੂੰ ਜੀਵਨ ਅਤੇ ਸਮਾਜ ਲਈ ਇੱਕ ਗੰਭੀਰ ਖ਼ਤਰਾ ਦੱਸਿਆ ਅਤੇ ਸਾਰਿਆਂ ਨੂੰ ਨਸ਼ਿਆਂ ਨੂੰ ਨਾਂਹ ਅਤੇ ਜੀਵਨ ਨੂੰ ਹਾਂ ਆਖਣ ਦੀ ਅਪੀਲ ਕੀਤੀ ਅਤੇ ਨਾਗਰਿਕਾਂ ਨੂੰ ਈ-ਸਹੁੰ ਚੁੱਕਣ ਲਈ ਉਤਸ਼ਾਹਿਤ ਕੀਤਾ। ਚੰਡੀਗੜ੍ਹ ਦੇ ਪੁਲਿਸ ਡਾਇਰੈਕਟਰ ਜਨਰਲ, ਸ਼੍ਰੀ ਸਾਗਰ ਪ੍ਰੀਤ ਹੁੱਡਾ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ 1933 ਮਾਨਸ ਨੈਸ਼ਨਲ ਨਾਰਕੋਟਿਕਸ ਹੈਲਪਲਾਈਨ 'ਤੇ ਕਾਲ ਕਰਕੇ ਨਸ਼ੀਲੇ ਪਦਾਰਥਾਂ ਦੇ ਤਸਕਰਾਂ ਬਾਰੇ ਜਾਣਕਾਰੀ ਸਾਂਝੀ ਕਰਨ ਤਾਂ ਜੋ ਜਾਨਾਂ ਬਚਾਈਆਂ ਜਾ ਸਕਣ ਅਤੇ ਇਸ ਸਮਾਜਿਕ ਕਾਰਜ ਦਾ ਸਮਰਥਨ ਕੀਤਾ ਜਾ ਸਕੇ। ਉਨ੍ਹਾਂ ਭਰੋਸਾ ਦਿੱਤਾ ਕਿ ਸੂਚਨਾ ਦੇਣ ਵਾਲਿਆਂ ਦੀ ਪਛਾਣ ਪੂਰੀ ਤਰ੍ਹਾਂ ਗੁਪਤ ਰੱਖੀ ਜਾਵੇਗੀ। ਉਨ੍ਹਾਂ ਇਸ ਗੱਲ 'ਤੇ ਵੀ ਜ਼ੋਰ ਦਿੱਤਾ ਕਿ ਚੰਡੀਗੜ੍ਹ ਪੁਲਿਸ ਨਸ਼ੀਲੇ ਪਦਾਰਥਾਂ ਦੇ ਵਪਾਰ ਨੂੰ ਜੜ੍ਹੋਂ ਪੁੱਟਣ ਲਈ ਵਚਨਬੱਧ ਹੈ। ਸ਼੍ਰੀ ਪੁਸ਼ਪੇਂਦਰ ਕੁਮਾਰ, ਇੰਸਪੈਕਟਰ ਜਨਰਲ, ਐਂਟੀ-ਨਾਰਕੋਟਿਕਸ ਟਾਸਕ ਫੋਰਸ, ਚੰਡੀਗੜ੍ਹ ਨੇ ਇਸ ਗੱਲ ਤੇ ਜ਼ੋਰ ਦਿੱਤਾ ਕਿ ਨਸ਼ੀਲੇ ਪਦਾਰਥਾਂ ਦੀ ਤਸਕਰੀ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ ਅਤੇ ਸਮਾਜ ਨੂੰ ਨਸ਼ਾ ਮੁਕਤ ਸਮਾਜ ਬਣਾਉਣ ਵਿੱਚ ਪੂਰਾ ਸਹਿਯੋਗ ਦੇਣ ਦੀ ਅਪੀਲ ਕੀਤੀ। ਇਨਫੋਰਸਮੈਂਟ, ਜਾਗਰੂਕਤਾ ਅਤੇ ਭਾਈਚਾਰਕ ਸ਼ਮੂਲੀਅਤ ਦੀ ਤਿੰਨ-ਪੱਖੀ ਰਣਨੀਤੀ ਪ੍ਰਤੀ ਆਪਣੀ ਅਟੁੱਟ ਵਚਨਬੱਧਤਾ ਨੂੰ ਦੁਹਰਾਉਂਦੇ ਹੋਏ, ਐਨਸੀਬੀ ਚੰਡੀਗੜ੍ਹ ਜ਼ੋਨਲ ਯੂਨਿਟ ਨੇ ਭਰੋਸਾ ਦਿਵਾਇਆ ਕਿ ਸਮੂਹਿਕ ਯਤਨਾਂ, ਨਿਰੰਤਰ ਜਨਤਕ ਸੰਵੇਦਨਸ਼ੀਲਤਾ ਅਤੇ ਸਰਗਰਮ ਨਾਗਰਿਕ ਭਾਗੀਦਾਰੀ ਰਾਹੀਂ, ਇਹ ਇੱਕ ਸਿਹਤਮੰਦ, ਸੁਰੱਖਿਅਤ ਅਤੇ ਨਸ਼ਾ ਮੁਕਤ ਭਾਰਤ ਬਣਾਉਣ ਦੇ ਮਿਸ਼ਨ ਨੂੰ ਅੱਗੇ ਵਧਾਉਂਦਾ ਰਹੇਗਾ।

# ਪੁਤਿਨ ਨੇ ਟਰੰਪ ਦੀ ਖੋਲ੍ਹੀ ਪੋਲ ! ਭਾਰਤ ਨੂੰ ਧਮਕਾ ਕੇ ਅਮਰੀਕਾ ਖ਼ੁਦ ਰੂਸ ਨਾਲ ਕਰ ਰਿਹੈ ਵੱਡਾ ਕਾਰੋਬਾਰ

ਨਵੀਂ ਦਿੱਲੀ, 17 ਅਗਸਤ (ਚ.ਨ.ਸ.): ਪਿਛਲੇ ਕੁਝ ਦਿਨਾਂ ਤੋਂ ਅਮਰੀਕਾ ਅਤੇ ਭਾਰਤ ਦੇ ਸਬੰਧਾਂ ਵਿੱਚ ਕੁਝ ਖਟਾਸ ਆ ਗਈ ਹੈ। ਇਸਦਾ ਕਾਰਨ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦਾ ਟੈਰਿਫ ਸਬੰਧੀ ਇੱਕਪਾਸੜ ਹੁਕਮ ਹੈ। ਉਨ੍ਹਾਂ ਨੇ ਭਾਰਤ 'ਤੇ 50 ਪ੍ਰਤੀਸ਼ਤ ਟੈਰਿਫ਼ ਲਗਾਉਣ ਦਾ ਐਲਾਨ ਸਿਰਫ਼ ਇਸ ਲਈ ਕੀਤਾ ਕਿਉਂਕਿ ਸਾਡਾ ਦੇਸ਼ ਰੂਸ ਤੋਂ ਤੇਲ ਖਰੀਦਦਾ ਹੈ। ਟਰੰਪ ਦਾ ਕਹਿਣਾ ਹੈ ਕਿ ਰੂਸ ਨਾਲ ਵਪਾਰ ਕਰਕੇ, ਭਾਰਤ ਯੂਕਰੇਨ ਵਿਰੁੱਧ ਜੰਗ ਵਿੱਚ ਉਸਦੀ ਮਦਦ ਕਰ ਰਿਹਾ ਹੈ। ਇੱਕ ਪਾਸੇ, ਜਿੱਥੇ ਅਮਰੀਕਾ ਨੇ ਰੂਸ ਨਾਲ ਵਪਾਰ ਕਰਨ ਲਈ ਭਾਰਤ ਵਿਰੁੱਧ ਕਾਰਵਾਈ ਕੀਤੀ, ਉੱਥੇ ਦੂਜੇ ਪਾਸੇ, 15 ਅਗਸਤ ਨੂੰ, ਅਮਰੀਕੀ ਰਾਸ਼ਟਰਪਤੀ ਟਰੰਪ ਨੇ ਖੁਦ ਕਿਹਾ ਕਿ ਉਨ੍ਹਾਂ ਦੇ ਦੂਜੇ ਕਾਰਜਕਾਲ ਯਾਨੀ ਟਰੰਪ 2.0 ਦੌਰਾਨ, ਅਮਰੀਕਾ ਅਤੇ ਰੂਸ ਵਿਚਕਾਰ ਵਪਾਰ 20 ਫ਼ੀਸਦੀ ਵਧਿਆ ਹੈ। ਰੂਸੀ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਨੇ ਵੀ ਅਮਰੀਕਾ-ਰੂਸ ਵਪਾਰ ਸਬੰਧੀ ਆਪਣੀ ਪ੍ਰਤੀਕਿਰਿਆ ਦਿੱਤੀ। ਅਲਾਸਕਾ ਵਿੱਚ ਸਿਖਰ ਸੰਮੇਲਨ ਦੌਰਾਨ, ਪੁਤਿਨ ਨੇ ਕਿਹਾ, ਇਤਫਾਕ ਨ, ਜਦੋਂ ਅਮਰੀਕਾ ਵਿੱਚ ਨਵਾਂ ਪ੍ਰਸ਼ਾਸਨ ਸੱਤਾ ਵਿੱਚ ਆਇਆ, ਤਾਂ ਦੁਵੱਲਾ ਵਪਾਰ ਵਧਣ ਲੱਗਾ। ਇਹ ਅਜੇ ਵੀ ਬਹੁਤ ਪ੍ਰਤੀਕਾਤਮਕ ਹੈ, ਫਿਰ ਵੀ ਸਾਡੀ ਵਿਕਾਸ ਦਰ 20% ਹੈ। ਉਨ੍ਹਾਂ ਅੱਗੇ ਕਿਹਾ ਕਿ ਇਹ ਸਪੱਸ਼ਟ ਹੈ ਕਿ ਅਮਰੀਕਾ ਅਤੇ ਰੂਸ ਵਿਚਕਾਰ ਨਿਵੇਸ਼ ਅਤੇ ਵਪਾਰਕ ਸਹਿਯੋਗ ਵਿੱਚ ਅਥਾਹ ਸੰਭਾਵਨਾਵਾਂ ਹਨ ਅਤੇ ਵਪਾਰ, ਡਿਜੀਟਲ, ਉੱਚ-ਤਕਨੀਕ ਤੋਂ ਲੈ ਕੇ ਪੁਲਾੜ ਖੋਜ ਵਿੱਚ ਮੌਕੇ ਹਨ।




# ਅਮਰੀਕੀ ਪ੍ਰਥਮ ਮਹਿਲਾ ਨੇ ਪੁਤਿਨ ਨੂੰ ਪੱਤਰ ਲਿਖਿਆ, ਯੂਕ੍ਰੇਨ ਦਾ ਨਾਂ ਲਏ ਬਿਨਾਂ ਸ਼ਾਂਤੀ ਬਹਾਲੀ ਦੀ ਕੀਤੀ ਮੰਗ

ਵਾਸ਼ਿੰਗਟਨ, 17 ਅਗਸਤ (ਚ.ਨ.ਸ.): ਅਮਰੀਕਾ ਦੀ ਪ੍ਰਥਮ ਮਹਿਲਾ ਮੇਲਾਨੀਆ ਟਰੰਪ ਨੇ ਯੂਕਰੇਨ ਵਿੱਚ ਸ਼ਾਂਤੀ ਦੀ ਮੰਗ ਕਰਨ ਵਾਲਾ ਇੱਕ ਪੱਤਰ ਤਿਆਰ ਕਰਨ ਦਾ ਅਨੋਖਾ ਕਦਮ ਚੁੱਕਿਆ ਹੈ। ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਨੇ ਪਤਨੀ ਮੇਲਾਨੀਆ ਵੱਲੋਂ ਲਿਖਿਆ ਇਹ ਪੱਤਰ ਅਲਾਸਕਾ ਵਿੱਚ ਸ਼ੁੱਕਰਵਾਰ ਨੂੰ ਹੋਈ ਬੈਠਕ ਦੌਰਾਨ ਆਪਣੇ ਰੂਸੀ ਹਮਰੁਤਬਾ ਵਲਾਦੀਮੀਰ ਪੂਤਿਨ ਨੂੰ ਹੱਥੀਂ ਸੌਂਪਿਆ। ਪੱਤਰ ਵਿੱਚ ਖਾਸ ਤੌਰ 'ਤੇ ਯੂਕਰੇਨ ਦਾ ਨਾਮ ਨਹੀਂ ਲਿਆ ਗਿਆ, ਜਿਸ 'ਤੇ ਪੂਤਿਨ ਦੀਆਂ ਫੌਜਾਂ ਨੇ 2022 ਵਿੱਚ ਹਮਲਾ ਕੀਤਾ ਸੀ, ਹਾਲਾਂਕਿ ਰੂਸੀ ਸਦਰ ਨੂੰ ਬੱਚਿਆਂ ਅਤੇ 'ਮਾਸੂਮੀਅਤ ਜੋ ਭੂਗੋਲ, ਸਰਕਾਰ ਅਤੇ ਵਿਚਾਰਧਾਰਾ ਤੋਂ ਵੀ ਉੱਪਰ ਹੈ' ਬਾਰੇ ਸੋਚਣ ਲਈ ਬੇਨਤੀ ਕੀਤੀ ਗਈ ਹੈ। ਅਮਰੀਕਾ ਦੀ ਪ੍ਰਥਮ ਮਹਿਲਾ ਨੇ ਪੱਤਰ ਵਿਚ ਦੋਵਾਂ ਮੁਲਕਾਂ ਵਿਚ ਜਾਰੀ ਜੰਗ ਬਾਰੇ ਵੀ ਕੋਈ ਚਰਚਾ ਨਹੀਂ ਕੀਤੀ। ਮੇਲਾਨੀਆ ਨੇ ਪੂਤਿਨ ਨੂੰ ਸਿਰਫ਼ ਇੰਨਾ ਕਿਹਾ ਕਿ ਉਹ ਇਸ ਟਕਰਾਅ ਵਿਚ ਫਸੇ ਬੱਚਿਆਂ ਦੀ 'ਹਾਸੇ' ਨੂੰ 'ਇਕੱਲੇ ਹੀ ਬਹਾਲ' ਕਰ ਸਕਦੇ ਹਨ। ਮੇਲਾਨੀਆ ਨੇ ਵ੍ਹਾਈਟ ਹਾਊਸ ਦੇ ਨੋਟ ਪੈਡ ਵਾਲੇ ਪੱਤਰ 'ਤੇ ਲਿਖਿਆ, "ਇਨ੍ਹਾਂ ਬੱਚਿਆਂ ਦੀ ਮਾਸੂਮੀਅਤ ਨੂੰ ਬਚਾ ਕੇ ਤੁਸੀਂ ਨਾ ਸਿਰਫ਼ ਰੂਸ ਬਲਕਿ ਮਾਨਵਤਾ ਦੀ ਵੀ ਸੇਵਾ ਕਰੋਗੇ।" ਪੱਤਰ ਦੀ ਇੱਕ ਕਾਪੀ ਸਭ ਤੋਂ ਪਹਿਲਾਂ ਫੌਕਸ ਨਿਊਜ਼ ਡਿਜੀਟਲ ਨੂੰ ਮਿਲੀ ਸੀ ਅਤੇ ਬਾਅਦ ਵਿੱਚ ਅਮਰੀਕੀ ਰਾਸ਼ਟਰਪਤੀ ਦੇ ਸਮਰਥਕਾਂ, ਜਿਨ੍ਹਾਂ ਵਿੱਚ ਅਟਾਰਨੀ ਜਨਰਲ ਪੈਮ ਬੋਂਡੀ ਵੀ ਸ਼ਾਮਲ ਹਨ, ਵੱਲੋਂ ਸੋਸ਼ਲ ਮੀਡੀਆ 'ਤੇ ਪੋਸਟ ਕੀਤੀ ਗਈ ਸੀ।



# ਜ਼ਵੇਰੇਵ ਨੂੰ ਹਰਾ ਕੇ ਅਲਕਾਰਾਜ਼ ਸਿਨਸਿਨਾਟੀ ਓਪਨ ਦੇ ਫ਼ਾਈਨਲ ਵਿੱਚ ਪੁੱਜਾ

ਓਹੀਓ (ਅਮਰੀਕਾ), 17 ਅਗਸਤ (ਚ.ਨ.ਸ.): ਸਪੈਨਿਸ਼ ਸਟਾਰ ਕਾਰਲੋਸ ਅਲਕਾਰਾਜ਼ ਸਿਨਸਿਨਾਟੀ ਓਪਨ ਵਿੱਚ ਬਿਮਾਰ ਅਲੈਗਜ਼ੈਂਡਰ ਜ਼ਵੇਰੇਵ ਨੂੰ ਹਰਾ ਕੇ ਲਗਾਤਾਰ ਸੱਤਵੇਂ ਟੂਰ-ਲੈਵਲ ਫਾਈਨਲ ਵਿੱਚ ਪਹੁੰਚਿਆ। ਰਾਤ ਨੂੰ ਖੇਡੇ ਗਏ ਸੈਮੀਫਾਈਨਲ ਮੈਚ ਵਿੱਚ, ਅਲਕਾਰਾਜ਼ ਨੇ ਜਰਮਨੀ ਦੇ ਬਿਮਾਰ ਜ਼ਵੇਰੇਵ ਨੂੰ 6-4, 6-3 ਨਾਲ ਹਰਾ ਦਿੱਤਾ। ਇਸ ਜਿੱਤ ਨੇ ਇਹ ਯਕੀਨੀ ਬਣਾਇਆ ਕਿ ਅਲਕਾਰਾਜ਼ ਟੂਰਨਾਮੈਂਟ ਦੇ ਖਿਤਾਬੀ ਮੈਚ ਵਿੱਚ ਇਟਲੀ ਦੇ ਜੈਨਿਕ ਸਿਨਰ ਨਾਲ ਭਿੜੇਗਾ। ਸ਼ੁਰੂਆਤੀ ਸੈੱਟ ਦਾ ਫੈਸਲਾ ਅਲਕਾਰਾਜ਼ ਦੇ ਸ਼ਾਨਦਾਰ ਪ੍ਰਦਰਸ਼ਨ ਨਾਲ ਹੋਇਆ। ਪਰ ਪਸੀਨੇ ਨਾਲ ਭਿੱਜੇ ਜ਼ਵੇਰੇਵ ਨੂੰ ਦੂਜੇ ਸੈੱਟ ਵਿੱਚ ਸਰੀਰਕ ਤੌਰ 'ਤੇ ਸੰਘਰਸ਼ ਕਰਨਾ ਪਿਆ। ਸ਼ੁੱਕਰਵਾਰ ਨੂੰ ਬੇਨ ਸ਼ੈਲਟਨ ਵਿਰੁੱਧ ਕੁਆਰਟਰ ਫਾਈਨਲ ਵਿੱਚ ਆਪਣੀ ਪ੍ਰਭਾਵਸ਼ਾਲੀ ਜਿੱਤ ਦੌਰਾਨ ਫਿਜ਼ੀਓ ਤੋਂ ਇਲਾਜ ਕਰਵਾਉਣ ਵਾਲੇ ਜਰਮਨ ਖਿਡਾਰੀ ਨੂੰ ਦੂਜੇ ਸੈੱਟ ਵਿੱਚ 2-1 ਦੇ ਸਕੋਰ 'ਤੇ ਮੈਡੀਕਲ ਟਾਈਮਆਊਟ ਲਈ ਕੋਰਟ ਛੱਡਣਾ ਪਿਆ ਅਤੇ ਬਾਕੀ ਮੈਚ ਲਈ ਉਸਦੀ ਹਾਲਤ ਸਪੱਸ਼ਟ ਤੌਰ 'ਤੇ ਕਮਜ਼ੋਰ ਸੀ। ਮੈਚ ਤੋਂ ਬਾਅਦ, ਅਲਕਾਰਾਜ਼ ਨੇ ਕਿਹਾ, ਕਿਸੇ ਅਜਿਹੇ ਵਿਅਕਤੀ ਵਿਰੁੱਧ ਖੇਡਣਾ ਕਦੇ ਵੀ ਆਸਾਨ ਨਹੀਂ ਹੁੰਦਾ ਜਿਸਨੂੰ ਤੁਸੀਂ ਜਾਣਦੇ ਹੋ ਕਿ ਉਹ ਪੂਰੀ ਤਰ੍ਹਾਂ ਫਿੱਟ ਨਹੀਂ ਹੈ। ਇਹ ਹੋਰ ਵੀ ਮੁਸ਼ਕਲ ਹੋ ਜਾਂਦਾ ਹੈ ਜਦੋਂ ਤੁਸੀਂ ਜਾਣਦੇ ਹੋ ਕਿ ਉਹ ਇੱਕ ਮਹਾਨ ਖਿਡਾਰੀ ਹੈ ਅਤੇ ਕੋਰਟ ਤੋਂ ਬਾਹਰ ਇੱਕ ਚੰਗਾ ਵਿਅਕਤੀ ਹੈ। ਸਾਡਾ ਬਹੁਤ ਵਧੀਆ ਰਿਸ਼ਤਾ ਹੈ।



# ਭਾਟੀਆ ਨੇ ਹੋਲ ਇਨ ਵਨ ਬਣਾ ਕੇ ਜਿੱਤੀ ਕਾਰ, 22ਵੇਂ ਸਥਾਨ 'ਤੇ ਰਹੇ

ਮੈਰੀਲੈਂਡ (ਅਮਰੀਕਾ), 17 ਅਗਸਤ (ਚ.ਨ.ਸ.): ਭਾਰਤੀ-ਅਮਰੀਕੀ ਗੋਲਫਰ ਅਕਸ਼ੈ ਭਾਟੀਆ ਨੇ ਤੀਜੇ ਦੌਰ ਵਿੱਚ ਚਾਰ ਅੰਡਰ 66 ਦਾ ਕਾਰਡ ਖੇਡਿਆ ਜਿਸ ਵਿੱਚ ਇੱਕ ਬਰਡੀ ਅਤੇ ਇੱਕ ਹੋਲ ਇਨ ਵਨ ਵੀ ਸ਼ਾਮਲ ਸੀ। ਇਸ ਨਾਲ ਉਹ ਸਾਂਝੇ 22ਵੇਂ ਸਥਾਨ 'ਤੇ ਹੈ। ਇਸ ਪ੍ਰਦਰਸ਼ਨ ਦੇ ਕਾਰਨ, ਉਸਨੂੰ ਫੇਡੈਕਸ ਕੱਪ ਵਿੱਚ ਚੋਟੀ ਦੇ 30 ਵਿੱਚ ਰਹਿਣ ਅਤੇ ਅਗਲੇ ਹਫਤੇ ਟੂਰ ਚੈਂਪੀਅਨਸ਼ਿਪ ਲਈ ਕੁਆਲੀਫਾਈ ਕਰਨ ਦਾ ਮੌਕਾ ਮਿਲਿਆ। ਭਾਟੀਆ 16ਵੇਂ ਹੋਲ ਤੇ ਬਰਡੀ ਅਤੇ 17ਵੇਂ ਹੋਲ ਤੇ ਹੋਲ ਇਨ ਵਨ ਨਾਲ ਸਾਂਝੇ 37ਵੇਂ ਸਥਾਨ ਤੋਂ ਸਾਂਝੇ 22ਵੇਂ ਸਥਾਨ 'ਤੇ ਪਹੁੰਚ ਗਿਆ। ਇਹ ਪੀ.ਜੀ.ਏ.ਟੂਰ ਤੇ ਭਾਟੀਆ ਦਾ ਪਹਿਲਾ ਹੋਲ ਇਨ ਵਨ ਸੀ, ਜਿਸ ਨਾਲ ਉਸਨੂੰ BMW iX ਅਤੇ ਚਾਰ ਸਾਲਾਂ ਦੀ ਇਵਾਨਸ ਸਕਾਲਰਸ਼ਿਪ ਵੀ ਮਿਲੇਗੀ।



# ਵੀਰ ਅਹਿਲਾਵਤ ਡੈਨਿਸ਼ ਓਪਨ ਵਿੱਚ 28ਵੇਂ ਸਥਾਨ 'ਤੇ

ਕੋਪਨਹੇਗਨ (ਡੈਨਮਾਰਕ), 17 ਅਗਸਤ (ਚ.ਨ.ਸ.): ਭਾਰਤੀ ਖਿਡਾਰੀ ਵੀਰ ਅਹਿਲਾਵਤ ਨੇ ਤੀਜੇ ਦੌਰ ਵਿੱਚ ਇੱਕ ਅੰਡਰ 70 ਦਾ ਸਕੋਰ ਬਣਾਇਆ ਅਤੇ ਇੱਥੇ ਫੁਰੇਸੀਓ ਗੋਲਫ ਕਲੱਬ ਵਿਖੇ ਚੱਲ ਰਹੀ ਡੈਨਿਸ਼ ਗੋਲਫ ਚੈਂਪੀਅਨਸ਼ਿਪ ਵਿੱਚ ਸਾਂਝੇ 28ਵੇਂ ਸਥਾਨ 'ਤੇ ਪਹੁੰਚ ਗਿਆ। ਇਹ ਅਹਿਲਾਵਤ ਲਈ ਇੱਕ ਦਿਲਚਸਪ ਦੌਰ ਸੀ ਕਿਉਂਕਿ ਉਸਨੇ ਸ਼ੁਰੂਆਤ ਤੋਂ ਹੀ ਲਗਾਤਾਰ 14 ਪਾਰ ਐੱਸ ਬਣਾਏ। ਫਿਰ ਉਸਨੇ 15ਵੇਂ ਹੋਲ ਵਿੱਚ ਬੋਗੀ ਕੀਤੀ, ਪਰ 18ਵੇਂ ਹੋਲ 'ਤੇ ਇੱਕ ਈਗਲ ਨਾਲ ਇੱਕ ਅੰਡਰ 71 ਦਾ ਸਕੋਰ ਕਰਕੇ ਰਾਊਂਡ ਨੂੰ ਚੰਗੀ ਤਰ੍ਹਾਂ ਖਤਮ ਕੀਤਾ। ਪਹਿਲਾਂ, ਅਹਿਲਾਵਤ ਦਾ ਸਕੋਰ 73-68 ਸੀ ਅਤੇ ਹੁਣ ਤਿੰਨ ਦੌਰਾਂ ਤੋਂ ਬਾਅਦ ਉਸਦਾ ਕੁੱਲ ਸਕੋਰ ਦੋ-ਅੰਡਰ ਹੈ। ਉਹ ਡੀਪੀ ਵਰਲਡ ਟੂਰ 'ਤੇ ਲਗਾਤਾਰ ਦੂਜੇ ਹਫ਼ਤੇ ਘੱਟੋ-ਘੱਟ ਚੋਟੀ ਦੇ 30 ਵਿੱਚ ਪਹੁੰਚਣ ਲਈ ਚੌਥੇ ਦੌਰ ਵਿੱਚ ਵਧੀਆ ਪ੍ਰਦਰਸ਼ਨ ਕਰ ਸਕਦਾ ਹੈ। ਇਸ ਦੌਰਾਨ, ਰਾਸਮਸ ਹੋਜਗਾਰਡ ਨੇ ਅੰਤਿਮ ਦੌਰ ਤੋਂ ਪਹਿਲਾਂ ਇੱਕ-ਸਟ੍ਰੋਕ ਦੀ ਬੜ੍ਹਤ ਬਣਾਈ ਰੱਖੀ।



# ਪੀ.ਐਨ.ਬੀ. ਚੰਡੀਗੜ੍ਹ ਜ਼ੋਨ ਨੇ ਆਜ਼ਾਦੀ ਦਿਵਸ ਮਨਾਇਆ

ਚੰਡੀਗੜ੍ਹ, 17 ਅਗਸਤ (ਚ.ਨ.ਸ.): ਦੇਸ਼ ਦਾ 79ਵਾਂ ਆਜ਼ਾਦੀ ਦਿਵਸ 15 ਅਗਸਤ 2025 ਨੂੰ ਸੈਕਟਰ 17, ਚੰਡੀਗੜ੍ਹ ਵਿਖੇ ਸਥਿਤ ਪੰਜਾਬ ਨੈਸ਼ਨਲ ਬੈਂਕ ਦੇ ਜ਼ੋਨਲ ਅਤੇ ਡਿਵੀਜ਼ਨਲ ਦਫਤਰ ਵੱਲੋਂ ਜ਼ੋਰ-ਸ਼ੋਰ ਨਾਲ ਮਨਾਇਆ ਗਿਆ। ਇਸ ਮੌਕੇ ਜ਼ੋਨਲ ਮੈਨੇਜਰ ਸ਼੍ਰੀ ਲਲਿਤ ਤਨੇਜਾ ਵੱਲੋਂ ਰਾਸ਼ਟਰੀ ਝੰਡਾ ਲਹਿਰਾਇਆ ਗਿਆ। ਸਮਾਰੋਹ ਵਿੱਚ ਡਿਵੀਜ਼ਨਲ ਹੈੱਡ ਸ਼੍ਰੀ ਸੰਜੀਵ ਸਿੰਘ ਅਤੇ ਵੱਖ-ਵੱਖ ਦਫਤਰਾਂ ਦੇ ਮੁਖੀਆਂ ਸਮੇਤ 100 ਤੋਂ ਵੱਧ ਸਟਾਫ ਮੈਂਬਰ ਮੌਜੂਦ ਸਨ। ਆਪਣੇ ਸੰਬੋਧਨ ਵਿੱਚ, ਜ਼ੋਨਲ ਮੈਨੇਜਰ ਨੇ ਦੇਸ਼ ਦੀ ਏਕਤਾ ਅਤੇ ਭਾਰਤੀਅਤਾ ਦੀ ਮਹੱਤਤਾ ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਮੌਜੂਦ ਸਟਾਫ ਮੈਂਬਰਾਂ ਨੂੰ ਪੂਰੀ ਇਮਾਨਦਾਰੀ ਨਾਲ ਆਪਣੀਆਂ ਬੈਂਕਿੰਗ ਜ਼ਿੰਮੇਵਾਰੀਆਂ ਨਿਭਾਉਣ ਦਾ ਸੱਦਾ ਦਿੱਤਾ। ਸੁਤੰਤਰਤਾ ਦਿਵਸ ਦੇ ਮੌਕੇ 'ਤੇ ਇੱਕ ਰੰਗਾਰੰਗ ਸੱਭਿਆਚਾਰਕ ਪ੍ਰੋਗਰਾਮ ਵੀ ਆਯੋਜਿਤ ਕੀਤਾ ਗਿਆ ਜਿਸ ਵਿੱਚ ਕਲਾਕਾਰਾਂ ਨੇ ਆਪਣੀ ਪੇਸ਼ਕਾਰੀ ਰਾਹੀਂ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ। ਸਮਾਰੋਹ ਦੀ ਸਮਾਪਤੀ ਡਿਪਟੀ ਜ਼ੋਨਲ ਮੈਨੇਜਰ ਸ਼੍ਰੀ ਸਿਕੰਦਰ ਪਾਲ ਵੱਲੋਂ ਧੰਨਵਾਦ ਪ੍ਰਗਟ ਕਰਦਿਆਂ ਕੀਤੀ ਗਈ।






ਅਜ਼ਾਦੀ ਦਿਵਸ ਮੌਕੇ ਦੇਸ਼ ਭਗਤੀ ਪ੍ਰੋਗਰਾਮ ਪੇਸ਼ ਕਰਦੇ ਹੋਏ ਹੋਲੀ ਹਾਰਟ ਪਬਲਿਕ ਪਿੰਡ ਕਰੋਦਾ ਸਕੂਲ ਦੇ ਬੱਚੇ। (ਫੋਟੋ : ਮੁਆਲ ( ਖਨੌਰੀ) )

# ਇੰਡੋਨੇਸ਼ੀਆ ਦੇ ਸੁਲਾਵੇਸੀ ਟਾਪੂ 'ਤੇ 5.8 ਦੀ ਤੀਬਰਤਾ ਵਾਲੇ ਭੂਚਾਲ ਦੇ ਝਟਕੇ

ਪਾਲੂ, 17 ਅਗਸਤ (ਚ.ਨ.ਸ.): ਇੰਡੋਨੇਸ਼ੀਆ ਦੇ ਪੂਰਬੀ ਹਿੱਸੇ ਵਿੱਚ ਐਤਵਾਰ ਸਵੇਰੇ ਸਮੁੰਦਰ ਹੇਠ 5.8 ਤੀਬਰਤਾ ਵਾਲੇ ਭੂਚਾਲ ਦੇ ਝਟਕੇ ਮਹਿਸੂਸ ਕੀਤੇ ਗਏ ਹਨ। ਇਸ ਦੌਰਾਨ 29 ਲੋਕ ਜ਼ਖ਼ਮੀ ਹੋ ਗਏ, ਜਿਨ੍ਹਾਂ ਵਿੱਚੋਂ ਦੋ ਦੀ ਹਾਲਤ ਗੰਭੀਰ ਹੈ। ਯੂਐਸ ਜੀਓਲੌਜੀਕਲ ਸਰਵੇ ਅਨੁਸਾਰ ਭੂਚਾਲ ਕੇਂਦਰੀ ਸੁਲਾਵੇਸੀ ਸੂਬੇ ਦੇ ਪੋਸੋ ਜ਼ਿਲ੍ਹੇ ਤੋਂ 15 ਕਿਲੋਮੀਟਰ ਉੱਤਰ ਵਿੱਚ ਆਇਆ, ਅਤੇ ਇਸ ਤੋਂ ਬਾਅਦ ਘੱਟੋ-ਘੱਟ 15 ਝਟਕੇ ਮਹਿਸੂਸ ਕੀਤੇ ਗਏ। ਇੰਡੋਨੇਸ਼ਿਆਈ ਅਧਿਕਾਰੀਆਂ ਵੱਲੋਂ ਸੁਨਾਮੀ ਦੀ ਕੋਈ ਚੇਤਾਵਨੀ ਜਾਰੀ ਨਹੀਂ ਕੀਤੀ ਗਈ। ਇੰਡੋਨੇਸ਼ੀਆ ਦੀ ਕੌਮੀ ਆਫ਼ਤ ਪ੍ਰਬੰਧਨ ਏਜੰਸੀ ਨੇ ਕਿਹਾ ਕਿ ਬਹੁਤੇ ਜ਼ਖ਼ਮੀਆਂ ਨੂੰ ਖੇਤਰੀ ਸਰਕਾਰੀ ਹਸਪਤਾਲ ਲਿਜਾਇਆ ਗਿਆ ਹੈ। ਏਜੰਸੀ ਦੇ ਬੁਲਾਰੇ ਅਬਦੁਲ ਮੁਹਾਰੀ ਨੇ ਐਤਵਾਰ ਨੂੰ ਕਿਹਾ ਕਿ ਇਨ੍ਹਾਂ ਵਿੱਚੋਂ ਜ਼ਿਆਦਾਤਰ ਲੋਕ ਐਤਵਾਰ ਸਵੇਰ ਦੀ ਇੱਕ ਚਰਚ ਵਿੱਚ ਸੇਵਾ ਵਿੱਚ ਸ਼ਾਮਲ ਹੋਏ ਸਨ। ਇੰਡੋਨੇਸ਼ੀਆ, ਜੋ 270 ਮਿਲੀਅਨ ਤੋਂ ਵੱਧ ਲੋਕਾਂ ਦਾ ਇੱਕ ਵਿਸ਼ਾਲ ਟਾਪੂ ਸਮੂਹ ਹੈ, ਅਕਸਰ ਭੂਚਾਲਾਂ, ਜਵਾਲਾਮੁਖੀ ਫਟਣ ਅਤੇ ਸੁਨਾਮੀ ਦਾ ਸ਼ਿਕਾਰ ਹੁੰਦਾ ਹੈ ਕਿਉਂਕਿ ਇਹ ਪ੍ਰਸ਼ਾਂਤ ਬੇਸਿਨ ਵਿੱਚ ਜਵਾਲਾਮੁਖੀ ਅਤੇ ਫਾਲਟ ਲਾਈਨਾਂ ਦੇ ਇੱਕ ਚਾਪ 'ਰਿੰਗ ਆਫ਼ ਫਾਇਰ' ਉੱਤੇ ਸਥਿਤ ਹੈ।

# ਚੀਨ ਨੇ ਪਾਕਿਸਤਾਨ ਨੂੰ ਹੰਗੋਰ ਸ਼੍ਰੇਣੀ ਦੀ ਤੀਜੀ ਪਣਡੁੱਬੀ ਸੌਂਪੀ

ਬੀਜਿੰਗ, 17 ਅਗਸਤ (ਚ.ਨ.ਸ.): ਚੀਨ ਨੇ ਪਾਕਿਸਤਾਨ ਨੂੰ ਸੌਂਪੀਆਂ ਜਾਣ ਵਾਲੀਆਂ 8 ਨਵੀਆਂ ਉੱਨਤ ਹੰਗੋਰ ਸ਼੍ਰੇਣੀ ਦੀਆਂ ਪਣਡੁੱਬੀਆਂ ਵਿਚੋਂ ਤੀਜੀ ਪਣਡੁੱਬੀ ਸੌਂਪ ਦਿੱਤੀ ਹੈ। ਬੀਜਿੰਗ ਦਾ ਇਹ ਕਦਮ ਇਸਲਾਮਾਬਾਦ ਦੀ ਸਮੁੰਦਰੀ ਫੌਜ ਤਾਕਤ ਨੂੰ ਉੱਨਤ ਕਰ ਕੇ ਭਾਰਤ ਦੇ ਨਜ਼ਦੀਕੀ ਖੇਤਰ ਹਿੰਦ ਮਹਾਸਾਗਰ 'ਚ ਪਾਕਿਸਤਾਨ ਦੀ ਵਧਦੀ ਮੌਜੂਦਗੀ ਨੂੰ ਸਮਰਥਨ ਦੇਣ ਦੇ ਚੀਨ ਦੇ ਯਤਨਾਂ ਦਾ ਹਿੱਸਾ ਹੈ। ਚੀਨ ਦੀ ਸਰਕਾਰੀ ਅਖਬਾਰ ਨੇ ਦੱਸਿਆ ਕਿ ਹੰਗੋਰ ਸ਼੍ਰੇਣੀ ਦੀ ਤੀਜੀ ਪਣਡੁੱਬੀ ਦਾ ਲਾਂਚਿੰਗ ਪ੍ਰੋਗਰਾਮ ਮੱਧ ਚੀਨ ਦੇ ਹੁਬੇਈ ਸੂਬੇ ਦੇ ਵੁਹਾਨ 'ਚ ਆਯੋਜਿਤ ਕੀਤਾ ਗਿਆ। ਚੀਨ ਵੱਲੋਂ ਪਾਕਿਸਤਾਨ ਲਈ ਬਣਾਈਆਂ ਜਾ ਰਹੀਆਂ 8 ਪਣਡੁੱਬੀਆਂ ਵਿਚੋਂ ਦੂਜੀ ਪਣਡੁੱਬੀ ਇਸ ਸਾਲ ਮਾਰਚ ਵਿਚ ਸੌਂਪੀ ਗਈ ਸੀ। ਇਹ ਉਨ੍ਹਾਂ 4 ਆਧੁਨਿਕ ਨੇਵੀ ਲੜਾਕੂ ਬੇੜਿਆਂ ਤੋਂ ਇਲਾਵਾ ਹਨ ਜਿਨ੍ਹਾਂ ਨੂੰ ਚੀਨ ਨੇ ਪਿਛਲੇ ਕੁਝ ਸਾਲਾਂ 'ਚ ਪਾਕਿਸਤਾਨ ਨੂੰ ਦਿੱਤਾ ਹੈ। ਇਹ ਸਪਲਾਈ ਅਰਬ ਸਾਗਰ 'ਚ ਚੀਨੀ ਸਮੁੰਦਰੀ ਫੌਜ ਦੇ ਲਗਾਤਾਰ ਵਿਸਤਾਰ ਵਿਚਾਲੇ ਪਾਕਿਸਤਾਨ ਦੀ ਸਮੁੰਦਰੀ ਫੌਜ ਤਾਕਤ ਨੂੰ ਵਧਾਉਣ ਦੇ ਉਸ ਦੇ ਯਤਨਾਂ ਦਾ ਹਿੱਸਾ ਹੈ, ਜਿੱਥੇ ਉਹ ਬਲੋਚਿਸਤਾਨ 'ਚ ਗਵਾਦਰ ਬੰਦਰਗਾਹ ਦਾ ਵਿਕਾਸ ਕਰਨ ਦੇ ਨਾਲ-ਨਾਲ ਹਿੰਦ ਮਹਾਸਾਗਰ 'ਚ ਵੀ ਵਿਕਾਸ ਕਰ ਰਿਹਾ ਹੈ। ਚੀਨ ਦੇ ਫੌਜ ਮਾਮਲਿਆਂ ਦੇ ਮਾਹਿਰ ਝਾਂਗ ਜੁਨਸ਼ੇ ਨੇ ਦੱਸਿਆ ਕਿ ਹੰਗੋਰ ਸ਼੍ਰੇਣੀ ਦੀ ਪਣਡੁੱਬੀ ਦੀ ਵਿਸ਼ੇਸ਼ਤਾ ਇਸ ਦੀ ਪਾਣੀ ਦੇ ਹੇਠਾਂ ਮਜ਼ਬੂਤ ਲੜਾਕੂ ਸਮਰੱਥਾ ਹੈ, ਜਿਨ੍ਹਾਂ ਵਿਚ ਵਿਆਪਕ ਸੈਂਸਰ ਪ੍ਰਣਾਲੀ, ਚੰਗੀਆਂ 'ਸਟੀਲਥ' ਵਿਸ਼ੇਸ਼ਤਾਵਾਂ, ਉੱਚ ਗਤੀਸ਼ੀਲਤਾ, ਇਕ ਵਾਰ ਈਂਧਨ ਭਰਨ ਤੋਂ ਬਾਅਦ ਲੰਮੇ ਸਮੇਂ ਤਕ ਪਾਣੀ ਹੇਠਾਂ ਰਹਿਣ ਦੀ ਸਮਰੱਥਾ ਅਤੇ ਵੱਡੀ ਮਾਰੂ ਸਮਰੱਥਾ ਸ਼ਾਮਲ ਹਨ।



## ਜਨਮ ਦਿਨ ਮੁਬਾਰਕ



ਧਨਵੀਰ ਸਿੰਘ



ਗੁਣਤਾਜ ਸਿੰਘ



ਗੁਰਪ੍ਰੀਤ ਕੌਰ



# ਪਟਿਆਲਾ-ਆਸ/ਪਾਸ



## ਸ੍ਰੀ ਸਾਹਿਬ (ਕਕਾਰ) ਪਾਏ ਹੋਣ ਕਰਕੇ ਆਜ਼ਾਦੀ ਦਿਵਸ ਦੇ ਪ੍ਰੋਗਰਾਮ 'ਚ ਜਾਣ ਦੀ ਨਹੀਂ ਮਿਲੀ ਇਜਾਜ਼ਤ

### ☛ਦਿੱਲੀ ਦੇ ਲਾਲ ਕਿਲੇ 'ਤੇ ਤਿਰੰਗਾ ਝੰਡਾ ਲਹਿਰਾਉਣ ਸਮੇਂ ਪ੍ਰੋਗਰਾਮ ਵਿੱਚ ਸ਼ਾਮਲ ਹੋਣ ਲਈ ਮਿਲਿਆ ਸੀ ਸੱਦਾ ਪੱਤਰ



ਨਾਭਾ, 17 ਅਗਸਤ (ਬਲਜਿੰਦਰ ਮਾਨ) : ਨਾਭਾ ਬਲਾਕ ਦੇ ਕਲਸਾਣਾ ਪਿੰਡ ਦੀ ਪੰਚਾਇਤ ਨੂੰ 15 ਅਗਸਤ ਦੇ ਮੌਕੇ 'ਤੇ ਨਵੀਂ ਦਿੱਲੀ ਨਗਰ ਕੌਂਸਲ ਵਿੱਚ ਜਲ ਸ਼ਕਤੀ ਮੰਤਰੀ ਵੱਲੋਂ ਪਿੰਡ ਦੀ ਸਫਾਈ ਸਵੱਛ ਭਾਰਤ ਅਭਿਆਨ ਦੇ ਤਹਿਤ ਦਿੱਲੀ ਵਿਖੇ ਸਨਮਾਨ ਕਰਨਾ ਸੀ, ਪਿੰਡ ਦੇ ਸਰਪੰਚ ਨੂੰ ਜਲ ਮੰਤਰੀ ਦੇ ਵੱਲੋਂ ਤਾਂ ਸਨਮਾਨ ਕਰ ਦਿੱਤਾ ਗਿਆ ਪਰ 15 ਅਗਸਤ ਨੂੰ ਜਦੋਂ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਦਿੱਲੀ ਦੇ ਲਾਲ ਕਿਲ੍ਹੇ 'ਤੇ ਤਿਰੰਗਾ ਝੰਡਾ ਲਹਿਰਾਉਣਾ ਸੀ ਤਾਂ ਪਿੰਡ ਦੇ ਸਰਪੰਚ ਗੁਰਧਿਆਨ ਸਿੰਘ ਨੂੰ ਉਥੋਂ ਸੱਦਾ ਪੱਤਰ ਮਿਲਿਆ ਹੋਇਆ ਸੀ ਪਰ ਸੁਰੱਖਿਆ ਕਰਮੀਆਂ ਦੇ ਵੱਲੋਂ ਉਨ੍ਹਾਂ ਨੂੰ ਗੇਟ ਦੀ ਐਂਟਰੀ 'ਤੇ ਹੀ ਰੋਕ ਲਿਆ ਅੱਗੇ ਜਾਣ ਨਹੀਂ ਦਿੱਤਾ, ਕਿਉਂਕਿ ਪਿੰਡ ਦੇ ਸਰਪੰਚ ਜੋ ਗੁਰਸਿੱਖ ਹਨ ਉਨ੍ਹਾਂ ਦੇ ਸ੍ਰੀ ਸਾਹਿਬ (ਕਕਾਰ) ਪਾਏ ਹੋਏ ਸੀ ਤਾਂ ਉਨ੍ਹਾਂ ਨੂੰ ਪ੍ਰਧਾਨ ਮੰਤਰੀ ਦੇ ਪ੍ਰੋਗਰਾਮ ਵਿੱਚ ਜਾਣ ਦੀ ਇਜਾਜ਼ਤ ਨਹੀਂ ਦਿੱਤੀ ਗਈ। ਸੁਰੱਖਿਆ ਕਰਮੀਆਂ ਨੇ ਉਨ੍ਹਾਂ ਨੂੰ ਕਿਹਾ ਕਿ ਉਨ੍ਹਾਂ ਨੂੰ ਸ਼੍ਰੀ ਸਾਹਿਬ ਉਤਾਰਨ 'ਤੇ ਹੀ ਐਂਟਰੀ ਮਿਲੇਗੀ। ਪਰ ਸਰਪੰਚ ਨੇ ਕਿਹਾ ਕਿ ਉਹ ਸ਼੍ਰੀ ਸਾਹਿਬ ਨਹੀਂ ਉਤਾਰੇਗਾ। ਇਸ ਕਾਰਨ ਸਰਪੰਚ ਵਾਪਸ ਆ ਗਿਆ। ਸਰਪੰਚ ਨੇ ਮੰਗ ਕੀਤੀ ਕਿ ਵਿਦੇਸ਼ਾਂ ਵਿੱਚ ਸਿੱਖਾਂ ਨਾਲ ਇਸ ਤਰ੍ਹਾਂ ਦੀਆਂ ਗੱਲਾਂ ਹੋ ਰਹੀਆਂ ਹਨ, ਪਰ ਦਿੱਲੀ ਵਿੱਚ ਮੇਰੇ ਨਾਲ ਜੋ ਵੀ ਹੋਇਆ, ਮੈਂ ਇਸਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦਾ ਹਾਂ ਅਤੇ ਮੈਨੂੰ ਦਿੱਲੀ ਪ੍ਰੋਗਰਾਮ ਦੇ ਵਿੱਚ ਬੁਲਾ ਕੇ ਬੇਇੱਜ਼ਤ ਕੀਤਾ ਅਤੇ ਸ਼੍ਰੋਮਣੀ ਕਮੇਟੀ ਨੂੰ ਇਸ 'ਤੇ ਕਾਰਵਾਈ ਕਰਕੇ ਸਖਤ ਐਕਸ਼ਨ ਲੈਣਾ ਚਾਹੀਦਾ ਹੈ। ਇਸ ਮੌਕੇ 'ਤੇ ਪਿੰਡ ਮੱਲੇਵਾਲ ਦੇ ਸਰਪੰਚ ਗੁਰਬਚਨ ਸਿੰਘ ਬਿੱਲੂ ਨੇ ਕਿਹਾ ਕਿ ਪਿੰਡ ਕਾਲਸਨਾ ਦੇ ਸਰਪੰਚ ਨਾਲ ਇਹ ਜੋ ਘਟਨਾਕ੍ਰਮ ਹੋਇਆ ਹੈ ਇਸ ਦੀ ਅਸੀਂ ਸਖਤ ਸ਼ਬਦਾਂ ਦੇ ਵਿੱਚ ਨਿਖੇਧੀ ਕਰਦੇ ਹਾਂ, ਕਿਉਂਕਿ ਅਸੀਂ ਤਾਂ ਪਿੰਡ ਦੇ ਵਿੱਚ ਤਿਆਰੀ ਕਰਕੇ ਬੈਠੇ ਸੀ ਕਿ ਪਿੰਡ ਦੇ ਵਿੱਚ ਜਦੋਂ ਸਰਪੰਚ ਦਿੱਲੀ ਤੋਂ ਵਾਪਸ ਆਵੇਗਾ ਤਾਂ ਉਸ ਦਾ ਢੋਲ ਦੇ ਨਾਲ ਸਵਾਗਤ ਕਰਾਂਗੇ। ਉਸਦੇ ਸ੍ਰੀ ਸਾਹਿਬ (ਕਕਾਰ) ਲਾਹੁਣ ਬਾਰੇ ਕਿਹਾ ਗਿਆ। ਇਹ ਬਹੁਤ ਹੀ ਮੰਦਭਾਗੀ ਗੱਲ ਹੈ। ਅਸੀਂ ਇਸ ਸਬੰਧੀ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਅਤੇ ਸ਼੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਨੂੰ ਮਿਲ ਕੇ ਇਸ ਸਬੰਧੀ ਸਖਤ ਕਾਰਵਾਈ ਦੀ ਮੰਗ ਕਰਾਂਗੇ। ਇਸ ਮੌਕੇ ਨਗਰ ਨਿਵਾਸੀ ਤੇ ਇਲਾਕੇ ਦੀਆਂ ਸੰਗਤਾਂ ਮੌਜੂਦ ਸਨ।

## ਪ੍ਰੋ. ਬਡੂੰਗਰ ਨੇ ਭੁਨਰਹੇੜੀ ਵਿਖੇ ਸੰਗਤਾਂ ਨਾਲ ਕੀਤੀ ਮੁਲਾਕਾਤ



ਭੁਨਰਹੇੜੀ, 17 ਅਗਸਤ (ਗੁਰਜੀਤ ਸਿੰਘ ਢੋਟ) : ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਅੱਜ ਕਸਬਾ ਭੁਨਰਹੇੜੀ 'ਚ ਸੰਗਤ ਨਾਲ ਮੁਲਾਕਾਤ ਕੀਤੀ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਪ੍ਰਬੰਧ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਮੌਕੇ ਪ੍ਰੋ.ਬਡੂੰਗਰ ਨੇ ਕਿਹਾ ਕਿ ਗੁਰਦੁਆਰਾ ਸਾਹਿਬ ਭੁਨਰਹੇੜੀ ਦਾ ਪ੍ਰਬੰਧ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੰਮ੍ਰਿਤਸਰ ਦੇ ਪਾਸ ਹੈ। ਉਹਨਾਂ ਕਿਹਾ ਕਿ ਗੁਰਦੁਆਰਾ ਬਾਬਾ ਗਾਂਧਾ ਸਿੰਘ ਜੀ ਬਰਨਾਲਾ ਦੇ ਮੈਨੇਜਰ ਇੱਥੋਂ ਦੇ ਪ੍ਰਬੰਧ ਦੀ ਦੇਖ ਰੇਖ ਕਰਦੇ ਹਨ। ਉਹਨਾਂ ਕਿਹਾ ਕਿ ਸੰਗਤ ਗੁਰਦੁਆਰਾ ਸਾਹਿਬ ਦੇ ਦਰਬਾਰ ਹਾਲ ਨੂੰ ਵੱਡਾ ਕਰਨਾ ਚਾਹੁੰਦੀ ਹੈ। ਇਹ ਹਾਲ ਕਾਫੀ ਛੋਟਾ ਹੈ। ਸੰਗਤ ਦੀ ਆਮਦ ਜ਼ਿਆਦਾ ਰਹਿੰਦੀ ਹੈ। ਭੁਨਰਹੇੜੀ ਕਸਬੇ ਦੇ ਰੂਪ ਵਿੱਚ ਹੈ। ਉਹਨਾਂ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਅਤੇ ਗੁਰਦੁਆਰਾ ਸਾਹਿਬ ਦੀ ਮੈਨੇਜਮੈਂਟ ਨਾਲ ਮਸਲਾ ਵਿਚਾਰਨਯੋਗ ਹੈ, ਜਿਸ ਦਾ ਸਾਰਥਕ ਹੱਲ ਕੱਢਿਆ ਜਾਵੇਗਾ। ਉਹਨਾਂ ਕਿਹਾ ਕਿ ਸੰਗਤ ਦੀਆਂ ਭਾਵਨਾਵਾਂ ਦਾ ਹਰ ਪਖੋਂ ਖਿਆਲ ਰੱਖਿਆ ਜਾਵੇਗਾ। ਉਹਨਾਂ ਕਿਹਾ ਕਿ ਸੰਗਤ ਦੀ ਮੰਗ ਅਨੁਸਾਰ ਸੇਵਾ ਵਾਲੇ ਬਾਬਾ ਅਮਰੀਕ ਸਿੰਘ ਹੀਰਾ ਬਾਗ ਪਟਿਆਲਾ ਵਾਲਿਆਂ ਦੀਆਂ ਸੇਵਾਵਾਂ ਲਈਆਂ ਜਾਣਗੀਆਂ। ਇਸ ਮੌਕੇ ਗੁਰਮੀਤ ਸਿੰਘ ਬਿੱਟੂ, ਬੂਟਾ ਸਿੰਘ ਸ਼ਾਦੀਪੁਰ, ਮੇਜ਼ਰ ਸਿੰਘ ਸਵਾਈ ਸਿੰਘ ਵਾਲਾ,ਕੈਪਟਨ ਰਣਧੀਰ ਸਿੰਘ, ਜੋਗਾ ਸਿੰਘ ਮੱਲ੍ਹੀ ਕੈਪਟਨ ਸਤਨਾਮ ਸਿੰਘ, ਗਿਆਨੀ ਰਣਜੀਤ ਸਿੰਘ ਬੀਰੋਕੇ, ਗੁਰਸ਼ਰਨ ਸਿੰਘ ਸੰਧੂ,ਡਾ ਹਰਵਿੰਦਰ ਸਿੰਘ, ਨਰਿੰਦਰ ਸਿੰਘ , ਅਮਰਜੀਤ ਸਿੰਘ ਜਾਗਦੇ ਰਹੋ ,ਗੁਰਜਿੰਦਰ ਸਿੰਘ ਮਾਨ, ਸਰਬਜੀਤ ਸਿੰਘ ਮਿੱਠਾ, ਕੁਲਵੀਰ ਸਿੰਘ, ਜਸਪਾਲ ਸਿੰਘ ਹਾਜ਼ਰ ਸਨ।

## ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਮੌਕੇ ਹਰਚੰਦ ਸਿੰਘ ਬਰਸਟ ਸ਼ਿਵ ਮੰਦਰ ਅਨਾਜ ਮੰਡੀ ਵਿਖੇ ਹੋਏ ਨਤਮਸਤਕ

### ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਨੇ ਪੰਜਾਬ ਦੀ ਤਰੱਕੀ, ਖੁਸ਼ਹਾਲੀ ਅਤੇ ਸਰਬੱਤ ਦੇ ਭਲੇ ਲਈ ਕੀਤੀ ਅਰਦਾਸ



ਪਟਿਆਲਾ, 17 ਅਗਸਤ (ਰੁਪਾਣਾ) : ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦੇ ਪਵਿੱਤਰ ਮੌਕੇ 'ਤੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਅਤੇ ਆਮ ਆਦਮੀ ਪਾਰਟੀ, ਪੰਜਾਬ ਦੇ ਸੂਬਾ ਜਨਰਲ ਸਕੱਤਰ ਸ. ਹਰਚੰਦ ਸਿੰਘ ਬਰਸਟ ਪਟਿਆਲਾ ਦੀ ਅਨਾਜ ਮੰਡੀ ਸਥਿਤ ਸ਼ਿਵ ਮੰਦਰ ਵਿਖੇ ਨਤਮਸਤਕ ਹੋਏ। ਇਸ ਮੌਕੇ ਚੇਅਰਮੈਨ ਨੇ ਸ੍ਰੀ ਕ੍ਰਿਸ਼ਨ ਜੀ ਨੂੰ ਝੂਲਾ ਝੁਲਾਇਆ ਅਤੇ ਭਗਵਾਨ ਸ਼ਿਵ ਦਾ ਜਲ ਅਭਿਸ਼ੇਕ ਕਰਕੇ ਆਸ਼ੀਰਵਾਦ ਪ੍ਰਾਪਤ ਕੀਤਾ ਅਤੇ ਪੰਜਾਬ ਦੀ ਤਰੱਕੀ, ਖੁਸ਼ਹਾਲੀ ਅਤੇ ਸਰਬੱਤ ਦੇ ਭਲੇ ਲਈ ਪ੍ਰਾਰਥਨਾ ਕੀਤੀ। ਇਸ ਦੌਰਾਨ ਸ. ਹਰਚੰਦ ਸਿੰਘ ਬਰਸਟ ਨੇ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦੀਆਂ ਵਧਾਈਆਂ ਦਿੰਦਿਆਂ ਹੋਇਆਂ ਸਾਰਿਆਂ ਨੂੰ ਇੱਕਜੁੱਟ ਹੋ ਕੇ ਰਹਿਣ ਦਾ ਸੰਦੇਸ਼ ਦਿੱਤਾ। ਉਨ੍ਹਾਂ ਕਿਹਾ ਕਿ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦਾ ਤਿਉਹਾਰ ਪੂਰੇ ਦੇਸ਼ ਵਿੱਚ ਬੜੇ ਹੀ ਉਤਸਾਹ ਨਾਲ ਮਨਾਇਆ ਜਾਂਦਾ ਹੈ ਅਤੇ ਪਟਿਆਲਾ ਵਿੱਚ ਵੀ ਅੱਜ ਇਸ ਤਿਉਹਾਰ ਦੇ ਮੌਕੇ 'ਤੇ ਸ਼ਰਧਾਲੂਆਂ ਵਿੱਚ ਪੂਰਾ ਉਤਸ਼ਾਹ ਵੇਖਣ ਨੂੰ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਇਹ ਤਿਉਹਾਰ ਹੀ ਸਾਡੀ ਸੰਸਕ੍ਰਿਤੀ ਦੀ ਪਹਿਚਾਣ ਹਨ, ਜੋ ਸਾਨੂੰ ਜੀਵਨ ਵਿੱਚ ਸਹੀ ਰਾਹ 'ਤੇ ਚੱਲਣ ਲਈ ਪ੍ਰੇਰਿਤ ਕਰਦੇ ਹਨ। ਉਨ੍ਹਾਂ ਕਿਹਾ ਕਿ ਸ੍ਰੀ ਕ੍ਰਿਸ਼ਨ ਜੀ ਦਾ ਜੀਵਨ ਸੰਸਾਰ ਲਈ ਧਰਮ, ਕਰਮ ਅਤੇ ਸੱਚਾਈ ਦੀ ਪ੍ਰੇਰਣਾ ਹੈ। ਸ੍ਰੀ ਕ੍ਰਿਸ਼ਨ ਜੀ ਦੇ ਉਪਦੇਸ਼ ਅਤੇ ਲੀਲਾਵਾਂ ਸਾਨੂੰ ਜੀਵਨ ਦੇ ਹਰ ਪੜਾਅ ਵਿੱਚ ਸੱਚਾਈ, ਕਰਮ ਅਤੇ ਧਰਮ ਦਾ ਰਾਹ ਦਿਖਾਉਂਦੀਆਂ ਹਨ। ਇਸ ਲਈ ਸਾਨੂੰ ਸਾਰਿਆਂ ਨੂੰ ਉਨ੍ਹਾਂ ਦੇ ਦਰਸਾਏ ਰਾਹ 'ਤੇ ਚੱਲਣਾ ਚਾਹੀਦਾ ਹੈ। ਇਸ ਮੌਕੇ ਡਿਪਟੀ ਮੇਅਰ ਜਗਦੀਪ ਸਿੰਘ ਜੱਗਾ, ਜਸਵਿੰਦਰ ਸਿੰਘ ਰਾਣਾ ਪੰਜਾਬ ਪ੍ਰਧਾਨ ਆੜ੍ਹਤੀ ਐਸੋਸੀਏਸ਼ਨ, ਇੰਜੀ. ਸਤਵਿੰਦਰ ਸਿੰਘ ਸੈਣੀ ਪ੍ਰਧਾਨ ਆੜ੍ਹਤੀ ਐਸੋਸੀਏਸ਼ਨ ਨਵੀਂ ਅਨਾਜ ਮੰਡੀ ਪਟਿਆਲਾ ਅਤੇ ਸੀਨੀਅਰ ਮੀਤ ਪ੍ਰਧਾਨ ਆੜ੍ਹਤੀ ਐਸੋਸੀਏਸ਼ਨ ਪੰਜਾਬ, ਹਰਿੰਦਰ ਸਿੰਘ ਧਬਲਾਨ, ਹਨੀ ਮਾਹਲਾ ਚੇਅਰਮੈਨ ਮਾਰਕਿਟ ਕਮੇਟੀ ਡਕਾਲਾ, ਨਰੇਸ਼ ਮਿੱਤਲ ਜਨਰਲ ਸਕੱਤਰ, ਖਰਦਮਨ ਰਾਏ ਕੈਸ਼ੀਅਰ, ਹਰਦੇਵ ਸਿੰਘ ਮੁੱਖ ਸਲਾਹਕਾਰ, ਪਰਮਜੀਤ ਸਿੰਘ ਵਾਈਸ ਚੇਅਰਮੈਨ, ਰਣਧੀਰ ਸਿੰਘ ਤੇਜਾ ਉਪ ਪ੍ਰਧਾਨ, ਕਮਲ ਗੋਇਲ ਚੇਅਰਮੈਨ ਮੰਦਰ ਕਮੇਟੀ, ਸੰਜੀਵਨ ਕੁਮਾਰ, ਦਲਵਾਰਾ ਸਿੰਘ, ਪ੍ਰਗਟ ਸਿੰਘ, ਕੁਲਦੀਪ ਸਿੰਘ ਕੌਰਜੀਵਾਲ, ਸੋਹਨ ਲਾਲ ਕਾਂਸਲ ਮੀਤ, ਜਗਦੀਸ਼, ਹਰਦੇਵ ਸਿੰਘ ਸਰਪੰਚ ਮੁੱਖ ਸਲਾਹਕਾਰ, ਤਰਸੇਮ ਸੈਣੀ, ਦਿਲਬਾਗ ਸਿੰਘ, ਪਵਨ ਸਿੰਗਲਾ, ਵਿਜੇ ਗੋਇਲ ਪ੍ਰਧਾਨ ਪਟਿਆਲਾ ਸੋਸ਼ਲ ਵੈਲਫੇਅਰ ਸੋਸਾਇਟੀ, ਮਨੀ ਜਿੰਗਲ ਸਮੇਤ ਹੋਰ ਲੋਕ ਵੀ ਮੌਜੂਦ ਰਹੇ।

## ਬਾਂਕੇ ਬਿਹਾਰੀ ਯੂਥ ਕਲੱਬ ਨੇ ਆਜ਼ਾਦੀ ਦਿਵਸ 'ਤੇ ਬੂਟਾ ਲਗਾਇਆ



ਸਮਾਣਾ, 17 ਅਗਸਤ (ਵਿਜੇ ਕੁਮਾਰ) : ਸ੍ਰੀ ਬਾਂਕੇ ਬਿਹਾਰੀ ਯੂਥ ਕਲੱਬ ਦੇ ਮੈਂਬਰਾਂ ਵੱਲੋਂ ਪੌਦੇ ਲਗਾਉਣ ਦੀ ਵਿੱਢੀ ਮੁਹਿੰਮ ਤਹਿਤ 79ਵੇਂ ਆਜ਼ਾਦੀ ਦਿਵਸ ਸਵੇਰ ਦੀ ਸ਼ੁਰੂਆਤ ਸਥਾਨਕ ਨਗਰ ਕੌਂਸਲ ਸਮਾਣਾ ਦੇ ਪਾਰਕ ਵਿੱਚ ਬੂਟੇ ਲਗਾ ਕੇ ਕੀਤੀ । ਇਸ ਮੌਕੇ ਕਾਰਸਾਧਕ ਅਫਸਰ ਬਰਜਿੰਦਰ ਸਿੰਘ, ਨਗਰ ਕੌਂਸਲ ਕਰਮਚਾਰੀ ਅਤੇ ਐਮ.ਸੀ ਵੀ ਮੌਜੂਦ ਸਨ। ਇਸ ਮੌਕੇ ਕਲੱਬ ਮੈਂਬਰਾਂ ਅਭਿਨਵ ਗੁਪਤਾ,ਕਮਲ ਗੁਪਤਾ, ਸਾਹਿਲ ਕਾਂਸਲ, ਮਨੀਸ਼ ਅਗਰਵਾਲ, ਪ੍ਰਿੰਸ ਗਰਗ,ਧਰੁਵ ਬਾਂਸਲ, ਡਿੰਪਲ ਜਿੰਦਲ ਨੇ ਕਿਹਾ ਕਿ ਵਾਤਾਵਰਨ ਦੀ ਸ਼ੁੱਧਤਾ ਲਈ ਕਲੱਬ ਦੇ ਸਮੂਹ ਮੈਂਬਰਾਂ ਦੇ ਸਹਿਯੋਗ ਨਾਲ ਇਹ ਉਪਰਾਲਾ ਕੀਤਾ ਜਾ ਰਿਹਾ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸੰਜੇ ਮੰਤਰੀ, ਗੋਪਾਲ ਕ੍ਰਿਸ਼ਨ ਗਰਗ ਆਦਿ ਵੀ ਮੌਜੂਦ ਸਨ।

## ਮਾਨਸ਼ਾਹੀਆ ਕਲੋਨੀ ਵਾਰਡ ਨੰਬਰ 50 'ਚ ਪਹਿਲੀ ਵਾਰ ਮਨਾਇਆ ਆਜ਼ਾਦੀ ਸਮਾਰੋਹ



ਪਟਿਆਲਾ, 17 ਅਗਸਤ (ਚ.ਨ.ਸ.) : 79ਵਾਂ ਆਜ਼ਾਦੀ ਦਿਹਾੜਾ ਉਤਸ਼ਾਹ ਅਤੇ ਦੇਸ਼ਭਗਤੀ ਦੇ ਜਜ਼ਬੇ ਨਾਲ ਮਾਨਸ਼ਾਹੀਆ ਕਲੋਨੀ ਵਾਰਡ ਨੰਬਰ 50 ਵਿਚ ਮਨਾਇਆ ਗਿਆ। ਅਜ਼ਾਦੀ ਦਿਹਾੜਾ ਸੰਤ ਨਗਰ, ਮਾਨਸ਼ਾਹੀਆ ਕਲੋਨੀ, ਸੇਵਕ ਕਲੋਨੀ 'ਚ ਪਹਿਲੀ ਵਾਰ ਸਮੂਹਿਕ ਰੂਪ 'ਚ ਬਲਾਕ ਪ੍ਰਧਾਨ ਜਗਤਾਰ ਜੱਗੀ ਦੀ ਸਰਪ੍ਰਸਤੀ 'ਚ, ਐਮ.ਸੀ ਹਰਮਨ ਸੰਧੂ, ਐਮ.ਸੀ. ਕਵਲਜੀਤ ਕੌਰ ਜੱਗੀ, ਐਮ.ਸੀ. ਰਜਿੰਦਰ ਕੌਰ ਸੁਖਵਿੰਦਰ ਸਿੰਘ ਦੀ ਅਗਵਾਈ ਵਿੱਚ ਮਨਾਇਆ ਗਿਆ। ਇਸ ਮੌਕੇ 'ਆਪ' ਦੇ ਸੀਨੀਅਰ ਆਗੂ ਅਤੇ ਬਲਾਕ ਪ੍ਰਧਾਨ ਜਗਤਾਰ ਜੱਗੀ ਵੱਲੋਂ ਆਜ਼ਾਦੀ ਦਿਵਸ ਦੀਆਂ ਮੁਬਾਰਕਾਂ ਦਿੱਤੀਆਂ ਗਈਆਂ। ਉਨ੍ਹਾਂ ਦੱਸਿਆ ਕਿ ਦੇਸ਼ ਦੀ ਅਜਾਦੀ ਦੇ 78 ਸਾਲ ਬਾਅਦ ਮਾਨਸ਼ਾਹੀਆ ਕਲੋਨੀ ਦੇ ਪਾਰਕ ਵਿੱਚ ਅਜ਼ਾਦੀ ਦਿਵਸ ਮਨਾਇਆ ਗਿਆ ਹੈ। ਇਸ ਮੌਕੇ ਰਾਸ਼ਟਰੀ ਝੰਡਾ ਲਹਿਰਾਇਆ ਗਿਆ। ਵਾਰਡ ਨੰਬਰ 50 ਦੇ ਐਮ.ਸੀ. ਹਰਮਨ ਸੰਧੂ ਨੇ ਕਿਹਾ ਕਿ ਜਿਸ ਤਰ੍ਹਾਂ ਅਸੀਂ ਹੋਰ ਤਿਉਹਾਰ ਮਨਾਉਂਦੇ ਹਾਂ ਉਸ ਤਰਾਂ ਸਾਨੂੰ ਸਾਡੇ ਰਾਸ਼ਟਰੀ ਦਿਨ ਵੀ ਮਨਾਉਣੇ ਚਾਹੀਦੇ ਹਨ। ਇਸ ਮੌਕੇ ਸੀਨੀਅਰ ਆਗੂ ਸੁਖਵਿੰਦਰ ਨੇ ਬੋਲਦਿਆਂ ਕਿਹਾ ਕੇ ਸਾਡੇ ਵੱਲੋਂ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਅਤੇ ਬਲਾਕ ਪ੍ਰਧਾਨ ਜਗਤਾਰ ਜੱਗੀ ਦੀ ਅਗਵਾਈ 'ਚ ਇਸੇ ਤਰ੍ਹਾਂ ਰਾਸ਼ਟਰੀ ਪ੍ਰੋਗਰਾਮ ਮਨਾਏ ਜਾਣਗੇ। ਇਸ ਮੌਕੇ ਵੱਡੀ ਗਿਣਤੀ ਵਿਚ ਵਾਰਡ ਨੰਬਰ 50, ਵਾਰਡ 55 ਅਤੇ ਵਾਰਡ 57 ਦੇ ਵਸਨੀਕਾਂ ਨੇ ਹਿੱਸਾ ਲਿਆ। ਇਸ ਮੌਕੇ ਪਹੁੰਚੀਆ ਸ਼ਖਸੀਅਤਾਂ ਵਿਚ ਹਰਦੀਪ ਸਿੰਘ ਸੰਧੂ, ਬਲਵਿੰਦਰ ਸਿੱਧੂ, ਰਾਹੁਲ ਚੌਹਾਨ , ਬਾਵਾ ਰਾਮ, ਸਾਬਕਾ ਸਰਪੰਚ ਸੋਹੀ ਸਾਹਿਬ, ਭੁਪਿੰਦਰ ਪੱਪੂ, ਅਮਰਜੀਤ ਪਮ , ਰਾਜਿੰਦਰ ਕਾਲਾ, ਸਤਿੰਦਰਜੀਤ ਸਾਹਨੀ ਸਾਹਿਬ, ਤੇਜ ਪ੍ਰਤਾਪ, ਪ੍ਰੀਤ ਇੰਦਰ ਸਿੰਘ, ਜਸਮੇਰ ਰਾਜੂ ਵੀਰ, ਪਰਮਿੰਦਰ ਸਿੰਘ,ਰਮੇਸ਼, ਰਾਜ ਕੁਮਾਰ ਸ਼ਰਮਾ, ਬੋਥਮ ਸ਼ਰਮਾ, ਪ੍ਰੀਤ ਕੰਵਲ ਬਬਲਾ, ਰਵੀ ਸੋਹਲ, ਹਨੀਸ਼ ਗੋਇਲ, ਚੋਕਸ ਜਿੰਦਲ ਅਤੇ ਹੋਰ ਇਲਾਕਾ ਨਿਵਾਸੀ ਸ਼ਾਮਲ ਹੋਏ।

## ਫਰੀਡਮ ਫਾਈਟਰ ਉਤਰਾਧਿਕਾਰੀ ਸੰਸਥਾ ਦੇ ਪਰਿਵਾਰ ਆਜ਼ਾਦੀ ਦਿਵਸ ਦੇ ਸਮਾਗਮ 'ਚ ਹੋਏ ਸ਼ਾਮਲ



ਪਟਿਆਲਾ, 17 ਅਗਸਤ (ਚ.ਨ.ਸ.): ਸੁਤੰਤਰਤਾ ਦਿਵਸ ਸਮਾਗਮ ਮੌਕੇ ਮੁੱਖ ਮਹਿਮਾਨ ਊਰਜਾ ਅਤੇ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਨੇ ਪਟਿਆਲਾ ਵਿਖੇ ਪੋਲੋ ਗਰਾਊਂਡ 'ਚ ਤਿਰੰਗਾ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ। ਉਨ੍ਹਾਂ ਦੇਸ਼ ਦੀ ਆਜ਼ਾਦੀ ਲਈ ਕੁਰਬਾਨੀਆਂ ਕਰਨ ਵਾਲੇ ਮਹਾਨ ਦੇਸ਼ ਭਗਤਾਂ ਅਤੇ ਆਜ਼ਾਦੀ ਘੁਲਾਟੀਆਂ ਨੂੰ ਯਾਦ ਕਰਦਿਆਂ ਨਮਨ ਕੀਤਾ। ਉਨ੍ਹਾਂ ਨਾਲ ਐਮ ਐਲ ਏ ਅਜੀਤਪਾਲ ਸਿੰਘ ਕੋਹਲੀ ਅਤੇ ਐਮ ਐਲ ਏ ਚੇਤਨ ਸਿੰਘ ਜੌੜਾਮਾਜਰਾ ਵੀ ਪਹੁੰਚੇ। ਇਸ ਦੌਰਾਨ ਫਰੀਡਮ ਫਾਈਟਰ ਉਤਰਾਧਿਕਾਰੀ ਸੰਸਥਾ ਰਜਿ 196 ਪੰਜਾਬ ਪਟਿਆਲਾ ਦੇ ਫਰੀਡਮ ਫਾਈਟਰ ਮੋਹਕਮ ਸਿੰਘ ਚੌਹਾਨ ਜ਼ਿਲ੍ਹਾ ਪ੍ਰਧਾਨ ਜਗਦੀਪ ਸਿੰਘ ਧਨੇਠਾ ਜ਼ਿਲ੍ਹਾ ਸੈਕਟਰੀ ਸੁਖਵਿੰਦਰ ਸਿੰਘ ਖੁਰਾਨਾ ਜ਼ਿਲ੍ਹਾ ਖਜ਼ਾਨਚੀ ਜਸਵੀਰ ਸਿੰਘ ਧੀਮਾਨ ਅਤੇ ਫਰੀਡਮ ਫਾਈਟਰ ਪਰਿਵਾਰਾ ਨੂੰ ਸਨਮਾਨ ਦਿੱਤਾ ਗਿਆ ਤੇ ਯਾਦਗਾਰ ਫੋਟੋ ਖਿਚਵਾਈ । ਕੈਬਨਿਟ ਮੰਤਰੀ ਹਰਭਜਨ ਸਿੰਘ ਨੂੰ ਅਜ਼ਾਦੀ ਘੁਲਾਟੀਆ ਪਰਿਵਾਰਾਂ ਦੀਆਂ ਸਮੱਸਿਆਵਾਂ ਦਾ ਹਲ ਕਰਨ ਲਈ ਮੁੱਖ ਮੰਤਰੀ ਤੋਂ ਮੀਟਿੰਗ ਦੇਣ ਬਾਰੇ ਜੱਥੇਬੰਦੀ ਵੱਲੋਂ ਕਿਹਾ ਗਿਆ। ਜ਼ਿਲ੍ਹਾ ਪ੍ਰਧਾਨ ਜਗਦੀਪ ਸਿੰਘ ਧਨੇਠਾ ਤੇ ਸੰਸਥਾ ਦੇ ਆਗੂਆਂ ਨੇ ਨਰਾਜ਼ਗੀ ਜ਼ਾਹਿਰ ਕੀਤੀ ਕੇ ਸਰਕਾਰ ਦੇ ਕਾਰਜਕਾਲ ਦੇ 3 ਸਾਲ ਤੋਂ ਵੱਧ ਸਮਾਂ ਬੀਤਣ ਉਪਰੰਤ ਵੀ ਸੁਤੰਤਰਤਾ ਸੰਗਰਾਮੀ ਪ੍ਰੀਵਾਰਾਂ ਦੀਆਂ ਸਨਮਾਨ ਸਹੂਲਤਾਂ ਨੂੰ ਅਣਗੌਲਿਆ ਕੀਤਾ ਜਾ ਰਿਹਾ ਹੈ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਹੁੰਚੇ ਸੁਤੰਤਰਤਾ ਸੰਗਰਾਮੀ ਦੀ ਪੋਤੀ ਐਸ.ਪੀ. ਸਵਰਨਜੀਤ ਕੌਰ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਜ਼ਿਲ੍ਹਾ ਸਕੱਤਰ ਸੁਖਵਿੰਦਰ ਸਿੰਘ ਖੁਰਾਨਾ, ਬਲਾਕ ਪ੍ਰਧਾਨ ਬੇਅੰਤ ਸਿੰਘ, ਰਾਜਵੀਰ ਸਿੰਘ, ਜਰਨੈਲ ਸਿੰਘ, ਬਲਦੇਵ ਸਿੰਘ, ਮਹਿੰਦਰ ਸਿੰਘ, ਜਸਵਿੰਦਰ ਕੌਰ, ਪਰਮਜੀਤ ਕੌਰ, ਸੁਰਜੀਤ ਕੌਰ, ਪ੍ਰੈਸ ਸਕੱਤਰ ਲਖਵਿੰਦਰ ਕੌਰ ਲੌਟ, ਕਸ਼ਮੀਰ ਸਿੰਘ, ਹਰਪ੍ਰੀਤ ਸਿੰਘ ਕਵਲਜੀਤ ਸਿੰਘ, ਸੁਖਵਿੰਦਰ ਸਿੰਘ, ਬਲਦੇਵ ਸਿੰਘ, ਸੁਖਜਿੰਦਰ ਸਿੰਘ ਦੇਵੀਗੜ੍ਹ, ਕਰਨੈਲ ਸਿੰਘ ਰਣਧੀਰ ਸਿੰਘ, ਜਗਜੀਤ ਸਿੰਘ ਦਰਦੀ, ਅਮਰਜੀਤ ਸਿੰਘ ਗੁਰਾਇਆ, ਬਲਜੀਤ ਸਿੰਘ, ਹਰਚੰਦ ਸਿੰਘ, ਸੰਦੀਪ ਸਿੰਘ, ਰੇਸ਼ਮ ਸਿੰਘ, ਅਮਰੀਕ ਸਿੰਘ ਆਦਿ ਹਾਜ਼ਰ ਸਨ।

## ਸ.ਮਿ.ਸ. ਖੇੜੀ ਗੁੱਜਰਾਂ ਵਿਖੇ ਸੁਤੰਤਰਤਾ ਦਿਵਸ ਮਨਾਇਆ



ਭੁਨਰਹੇੜੀ, 17 ਅਗਸਤ (ਗੁਰਜੀਤ ਸਿੰਘ ਢੋਟ) : ਸਰਕਾਰੀ ਮਿਡਲ ਸਕੂਲ ਖੇੜੀ ਗੁੱਜਰਾਂ, ਵਿਖੇ ਸੁਤੰਤਰਤਾ ਦਿਵਸ ਧੂਮ-ਧਾਮ ਨਾਲ ਮਨਾਇਆ ਗਿਆ। ਇਸ ਸੁਤੰਤਰਤਾ ਦਿਵਸ ਦੇ ਮੌਕੇ 'ਤੇ ਸਕੂਲ ਮੈਨੇਜਮੈਂਟ ਕਮੇਟੀ ਦੇ ਮੈਂਬਰ ਵੀ ਵਿਸ਼ੇਸ਼ ਤੌਰ 'ਤੇ ਪਹੁੰਚੇ। ਮਮਤਾ ਰਾਣੀ ਨੇ ਸਟੇਜ ਸੰਚਾਲਨ ਕਰਦਿਆਂ ਪ੍ਰੋਗਰਾਮ ਦੀ ਰੂਪ ਰੇਖਾ ਦੱਸੀ। ਤਿਰੰਗਾ ਝੰਡਾਂ ਲਹਿਰਾਉਣ ਦੀ ਰਸਮ ਸ੍ਰੀਮਤੀ ਰਵਿੰਦਰਪਾਲ ਕੌਰ (ਸਕੂਲ ਇੰਚਾਰਜ) ਅਤੇ ਸ੍ਰੀਮਤੀ ਹਰਪ੍ਰੀਤ ਕੌਰ (ਚੈਅਰਮੈਨ, ਐੱਸ.ਐੱਮ.ਸੀ. ਕਮੇਟੀ) ਵੱਲੋਂ ਨਿਭਾਈ ਗਈ। ਸਕੂਲ ਦੇ ਵਿਦਿਆਰਥੀਆਂ ਨੇ ਆਜ਼ਾਦੀ ਦੇ ਗੀਤ ਗਾਏ। ਰਵਿੰਦਰਪਾਲ ਕੌਰ (ਸਕੂਲ ਇੰਚਾਰਜ) ਨੇ ਸਮੂਹ ਵਿਦਿਆਰਥੀਆਂ ਨੂੰ ਇਸ ਅਜ਼ਾਦੀ ਦਿਵਸ ਦੀ ਵਧਾਈ ਦਿੰਦਿਆਂ ਆਪਣੇ ਸੰਦੇਸ਼ ਵਿੱਚ ਕਿਹਾ ਕਿ ਰਾਸ਼ਟਰ ਧਰਮ ਸਭ ਧਰਮਾਂ ਤੋਂ ਉੱਚਾ ਹੈ, ਦੇਸ਼ ਲਈ ਕੰਮ ਕਰਨਾ ਸਭ ਤੋਂ ਵੱਡਾ ਧਰਮ ਹੈ। ਇਸ ਮੌਕੇ 'ਤੇ ਸ੍ਰੀ ਮਨਪ੍ਰੀਤ ਸਿੰਘ, ਸ੍ਰੀਮਤੀ ਮੀਨੂੰ ਯਾਦਵ, ਸ੍ਰੀਮਤੀ ਨੀਤੂ, ਸ੍ਰੀਮਤੀ ਮਨਪ੍ਰੀਤ ਕੌਰ, ਸ੍ਰੀਮਤੀ ਸਤਿਆ ਅਤੇ ਬੱਚਿਆਂ ਦੇ ਮਾਪੇ ਮੌਜੂਦ ਸਨ।

## ਕਾਲਾਪਾਣੀ ਦੇ ਸ਼ਹੀਦਾਂ 'ਤੇ ਅੱਤਿਆਚਾਰ ਅਤੇ ਤਸ਼ੱਦਦ 'ਤੇ ਆਧਾਰਿਤ ਨਾਟਕ ਖੇਡਿਆ



ਪਟਿਆਲਾ, 17 ਅਗਸਤ (ਚ.ਨ.ਸ.) : 79ਵੇਂ ਆਜ਼ਾਦੀ ਦਿਵਸ 'ਤੇ ਤਮਾਸ਼ਾ ਆਰਟ ਥੀਏਟਰ ਗਰੁੱਪ ਵੱਲੋਂ ਇਹ ਨਾਟਕ ਕਾਲਾਪਾਣੀ ਦੇ ਸ਼ਹੀਦਾਂ ਦੇ ਅੱਤਿਆਚਾਰਾਂ ਅਤੇ ਤਸ਼ੱਦਦ 'ਤੇ ਆਧਾਰਿਤ ਹੈ। ਉਹ ਕਾਲਾਪਾਣੀ ਵਿੱਚ ਰਹਿੰਦੇ ਹੋਏ ਫਾਂਸੀ ਦੀ ਸਜ਼ਾ ਪਾਉਣ ਲਈ ਤਰਸਦੇ ਸਨ। ਇਹ ਨਾਟਕ ਤਮਾਸ਼ਾ ਆਰਟ ਥੀਏਟਰ ਗਰੁੱਪ ਵੱਲੋਂ ਪੇਸ਼ ਕੀਤਾ ਗਿਆ ਸੀ। ਇਹ ਨਾਟਕ ਉੱਤਰੀ ਜ਼ੋਨ ਸੰਸਕ੍ਰਿਤ ਪਟਿਆਲਾ ਅਤੇ ਭਾਸ਼ਾ ਵਿਭਾਗ ਦੇ ਸਹਿਯੋਗ ਨਾਲ ਪੇਸ਼ ਕੀਤਾ ਗਿਆ ਸੀ। ਇਸ ਨਾਟਕ ਦੇ ਲੇਖਕ ਲਲਿਤ ਸਿੰਘ ਪੋਖਾਰੀਆ ਅਤੇ ਨਿਰਦੇਸ਼ਕ ਸੰਨੀ ਸਿੱਧੂ ਸੁਨੀਲ ਸਨ। ਨਾਟਕ ਵਿੱਚ ਮਹਿਮਾਨ ਕਰੁਣ ਕੌੜਾ ਸਨ, ਜੋ ਇੱਕ ਸਮਾਜ ਸੇਵਕ ਹਨ। ਨਾਟਕ ਵਿੱਚ ਕੰਮ ਕਰਨ ਵਾਲੇ ਕਲਾਕਾਰਾਂ ਦੇ ਨਾਮ ਰਵਿੰਦਰ ਸਿੰਘ, ਕੈਲਾਸ਼ ਕੁਮਾਰ, ਰਿਪਨ ਇਸ਼ਨੂਰ, ਜਸਪ੍ਰੀਤ ਸਿੰਘ, ਬਲਜੀਤ ਸਿੰਘ, ਰਵੀਨ ਥਰਟੀ, ਸੰਨੀ ਸਿੱਧ ਹਨ ਨਾਟਕ ਦਾ ਪੂਰਾ ਪ੍ਰਬੰਧ ਹਰਸ਼ ਸੇਠੀ ਨੇ ਕੀਤਾ। ਬੈਕ ਸਟੇਟ ਅਮਰਜੀਤ ਵਾਲਿਆ, ਟਿੰਮੀ ,ਸ਼ਬਦ,ਵਿਨੋਦ ਕੁਸ਼ਲ, ਜੱਗੀ ਪਰਭਾਸ ਪੰਡਿਤ ਸੀ ਆਜ਼ਾਦੀ ਦੇ 200 ਸਾਲਾਂ ਦੇ ਲੰਬੇ ਸੰਘਰਸ਼ ਵਿੱਚ, ਬਹੁਤ ਸਾਰੇ ਅਣਗੌਲੇ ਸ਼ਹੀਦਾਂ ਨੂੰ ਨਾਟਕੀ ਪ੍ਰਦਰਸ਼ਨਾਂ ਰਾਹੀਂ ਜਨਤਾ ਦੇ ਸਾਹਮਣੇ ਲਿਆਂਦਾ ਗਿਆ ਹੈ, ਜਿਨ੍ਹਾਂ ਦਾ ਜ਼ਿਕਰ ਇਤਿਹਾਸ ਵਿੱਚ ਬਹੁਤ ਘੱਟ ਹੈ। ਉਸ ਤੋਂ ਬਾਅਦ ਵੀ, ਕਾਲਾਪਾਣੀ ਜੇਲ੍ਹ ਦੇ ਨਰਕ ਭਰੇ ਤਸੀਹੇ ਝੱਲਣ ਵਾਲੇ ਜਾਂ ਆਜ਼ਾਦੀ ਸੰਗਰਾਮ ਵਿੱਚ ਸ਼ਹੀਦੀ ਪ੍ਰਾਪਤ ਕਰਨ ਵਾਲੇ ਸੈਂਕੜੇ ਸ਼ਹੀਦ ਅਣਜਾਣ ਰਹੇ। ਇਹ ਥੀਏਟਰ ਕਲਾਕਾਰਾਂ ਦਾ ਸਭ ਤੋਂ ਵੱਡਾ ਫਰਜ਼ ਹੈ ਕਿ ਉਹ ਆਪਣੀ ਬੇਮਿਸਾਲ ਕੁਰਬਾਨੀ ਨੂੰ ਜਨਤਾ ਦੇ ਸਾਹਮਣੇ ਲਿਆਉਣ। ਨਾਟਕ ਵਿੱਚ ਵੱਖ-ਵੱਖ ਸਮੇਂ 'ਤੇ ਸੈਲੂਲਰ ਜੇਲ੍ਹ ਵਿੱਚ ਲਿਆਂਦੇ ਗਏ ਇਹ ਇਨਕਲਾਬੀ ਦੇਸ਼ ਦੀ ਆਜ਼ਾਦੀ ਲਈ ਕੁਝ ਨਾ ਕਰ ਸਕਣ ਦਾ ਦਰਦ ਸਹਿਣ ਕਰਦੇ ਹਨ ਅਤੇ ਨਾਲ ਹੀ ਘੋਰ ਨਰਕ ਭਰੇ ਤਸੀਹੇ ਵੀ ਝੱਲਦੇ ਹਨ। ਦੇਸ਼ ਤੋਂ ਹਜ਼ਾਰਾਂ ਮੀਲ ਦੂਰ ਇੱਕ ਟਾਪੂ 'ਤੇ ਇਕੱਲਾ ਜੀਵਨ ਬਤੀਤ ਕਰਦੇ ਹੋਏ, ਉਹ ਆਜ਼ਾਦੀ ਅੰਦੋਲਨ ਦੀ ਪ੍ਰਗਤੀ ਨੂੰ ਜਾਣਨ ਲਈ ਦਿਨ-ਰਾਤ ਕੋਸ਼ਿਸ਼ ਕਰਦੇ ਰਹਿੰਦੇ ਹਨ ਪਰ ਉਨ੍ਹਾਂ ਨੂੰ ਕੋਈ ਖਾਸ ਜਾਣਕਾਰੀ ਨਹੀਂ ਮਿਲਦੀ। ਜੇਲ੍ਹ ਵਿੱਚ ਬੰਦ ਪੁਰਾਣੇ ਇਨਕਲਾਬੀ ਜੇਲ੍ਹ ਵਿੱਚ ਲਿਆਂਦੇ ਗਏ ਨਵੇਂ ਇਨਕਲਾਬੀਆਂ ਤੋਂ ਆਜ਼ਾਦੀ ਅੰਦੋਲਨ ਦੀ ਪ੍ਰਗਤੀ ਨੂੰ ਜਾਣਨ ਦੀ ਕੋਸ਼ਿਸ਼ ਕਰਦੇ ਰਹਿੰਦੇ ਹਨ ਪਰ ਉਨ੍ਹਾਂ ਨੂੰ ਕਦੇ ਕੋਈ ਖਾਸ ਸਫਲਤਾ ਨਹੀਂ ਮਿਲਦੀ। ਹਰ ਕਿਸੇ ਦੇ ਦਿਲ ਵਿੱਚ ਦੋਸ਼ ਦੀ ਭਾਵਨਾ ਹੁੰਦੀ ਹੈ ਕਿ ਉਹ ਅੰਗਰੇਜ਼ਾਂ ਵਿਰੁੱਧ ਕੋਈ ਅਜਿਹਾ ਸ਼ਾਨਦਾਰ ਸੰਘਰਸ਼ ਨਹੀਂ ਲੜ ਸਕੇ ਜਿਸ ਦੇ ਨਤੀਜੇ ਵਜੋਂ ਉਨ੍ਹਾਂ ਨੂੰ ਫਾਂਸੀ ਦੇ ਕੇ ਮੌਤ ਦੀ ਸ਼ਾਨਦਾਰ ਸਜ਼ਾ ਮਿਲ ਸਕੇ। ਉਨ੍ਹਾਂ ਦਾ ਯੋਗਦਾਨ ਬਹੁਤ ਘੱਟ ਸੀ। ਨਤੀਜੇ ਵਜੋਂ, ਉਨ੍ਹਾਂ ਨੂੰ ਫਾਂਸੀ ਦੀ ਬਜਾਏ ਕਾਲਾ ਪਾਣੀ ਦੀ ਸਜ਼ਾ ਦਿੱਤੀ ਗਈ। ਦੇਸ਼ ਦੀ ਸੇਵਾ ਨਾ ਕਰ ਸਕਣ ਦੀ ਇਹ ਦੋਸ਼ੀ ਭਾਵਨਾ ਉਨ੍ਹਾਂ ਨੂੰ ਆਪਣੇ ਪ੍ਰਤੀ ਨਫ਼ਰਤ ਨਾਲ ਭਰ ਦਿੰਦੀ ਹੈ। ਇਸ ਲਈ, ਇਹ ਇਨਕਲਾਬੀ, ਜੇਲ੍ਹ ਵਿੱਚ ਰਹਿੰਦਿਆਂ, ਉੱਥੇ ਪੁਲਿਸ ਵਾਲਿਆਂ ਅਤੇ ਅਫਸਰਾਂ ਨੂੰ ਮਾਰ ਕੇ ਦੋਸ਼ ਦੇ ਭਾਰ ਤੋਂ ਛੁਟਕਾਰਾ ਪਾਉਣ ਦੀ ਕੋਸ਼ਿਸ਼ ਕਰਦੇ ਹਨ ਅਤੇ ਸ਼ਹਾਦਤ ਪ੍ਰਾਪਤ ਕਰਦੇ ਰਹਿੰਦੇ ਹਨ।

## ਬੀ.ਕੇ.ਯੂ. ਰਾਜੇਵਾਲ ਵੱਲੋਂ ਪਿੰਡ ਦਰਗਾਪੁਰ 'ਚ ਨਵੀਂ ਇਕਾਈ ਦੀ ਚੋਣ



ਨਾਭਾ, 17 ਅਗਸਤ (ਬਲਜਿੰਦਰ ਮਾਨ) : ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਬਲਾਕ ਨਾਭਾ ਨੇ ਅੱਜ ਪਿੰਡ ਦਰਗਾਪੁਰ ਵਿੱਚ ਨਵੀਂ ਇਕਾਈ ਦੀ ਚੋਣ ਕੀਤੀ। ਜਥੇਬੰਦੀ ਦੇ ਸੂਬਾ ਸਕੱਤਰ ਹਰਦੀਪ ਸਿੰਘ ਘਨੁੜਕੀ, ਬਲਾਕ ਖਜ਼ਾਨਚੀ ਗੁਰਮੇਲ ਸਿੰਘ ਪੂਨੀਵਾਲ, ਸੀਨੀਅਰ ਆਗੂ ਅਵਤਾਰ ਸਿੰਘ ਕੈਦੂਪੁਰ ਅਤੇ ਜਸਵੰਤ ਸਿੰਘ ਪੂਨੀਵਾਲ ਦੀ ਹਾਜ਼ਰੀ ਵਿੱਚ ਦਰਗਾਪੁਰ ਦੇ ਗੁਰੂ ਘਰ ਵਿਖੇ ਕਮੇਟੀ ਦੀ ਚੋਣ ਕੀਤੀ ਗਈ। 11 ਮੈਂਬਰੀ ਕਮੇਟੀ ਵਿੱਚ ਪ੍ਰਧਾਨ ਦਰਸ਼ਨ ਸਿੰਘ, ਜਨਰਲ ਸਕੱਤਰ ਕੁਲਦੀਪ ਸਿੰਘ, ਖਜ਼ਾਨਚੀ ਬਲਤੇਜ ਸਿੰਘ, ਮੀਤ ਪ੍ਰਧਾਨ ਸੁਰਿੰਦਰ ਸਿੰਘ, ਪ੍ਰਚਾਰ ਸਕੱਤਰ ਮੇਜਰ ਸਿੰਘ ਤੋਂ ਇਲਾਵਾ ਮੈਂਬਰ ਮੱਖਣ ਸਿੰਘ, ਸੁਖਪਾਲ ਸਿੰਘ, ਤਰਲੋਚਨ ਸਿੰਘ, ਬਲਵੀਰ ਸਿੰਘ, ਅਮਰ ਸਿੰਘ ਅਤੇ ਉਜਾਗਰ ਸਿੰਘ ਨੂੰ ਸਰਬ ਸੰਮਤੀ ਨਾਲ ਚੁਣਿਆ ਗਿਆ। ਨਵੀਂ ਬਣੀ ਕਮੇਟੀ ਨੇ ਆਗੂਆਂ ਨੂੰ ਭਰੋਸਾ ਦਵਾਇਆ ਕਿ ਉਹ ਜਥੇਬੰਦੀ ਦੀ ਚੜ੍ਹਦੀ ਕਲਾ ਲਈ ਕੰਮ ਕਰਨਗੇ ਅਤੇ ਕਿਸਾਨੀ ਘੋਲ ਵਿੱਚ ਹਮੇਸ਼ਾ ਤੱਤਪਰ ਰਹਿਣਗੇ। 24 ਅਗਸਤ ਦੀ ਸਮਰਾਲਾ ਰੈਲੀ ਰਹੀ ਉਹ ਅੱਜ ਤੋਂ ਹੀ ਤਿਆਰੀ ਸ਼ੁਰੂ ਕਰ ਦੇਣਗੇ ਅਤੇ ਵੱਡੀ ਗਿਣਤੀ ਵਿੱਚ ਸਮਰਾਲਾ ਰੈਲੀ ਵਿੱਚ ਸਮੂਲੀਅਤ ਕਰਨਗੇ।

## ਸੂਬੇ ਦੇ ਏਡਿਡ ਸਕੂਲਾਂ ਦੇ ਅਧਿਆਪਕਾਂ ਦੀਆਂ ਸਮੱਸਿਆਵਾਂ ਨੂੰ ਹੱਲ ਕਰਵਾਉਣ ਦਾ ਸਿਹਤ ਮੰਤਰੀ ਨੇ ਦਿੱਤਾ ਭਰੋਸਾ

ਪਟਿਆਲਾ, 17 ਅਗਸਤ (ਰੁਪਾਣਾ) : ਪੰਜਾਬ ਦੇ ਸਿੱਖਿਆ ਵਿਕਾਸ ਯੂਨੀਅਨ ਦਾ ਇੱਕ ਵਫ਼ਦ ਉਹਨਾਂ ਨੂੰ ਆਪਣੀਆਂ ਸਮੱਸਿਆਵਾਂ ਨੂੰ ਹੱਲ ਸਕੱਤਰ ਸ਼ਰਨਜੀਤ ਸਿੰਘ, ਪਟਿਆਲਾ ਜ਼ਿਲ੍ਹਾ ਪ੍ਰਧਾਨ ਪ੍ਰਿੰਸੀਪਲ ਅਸ਼ਵਨੀ ਮਦਾਨ, ਪ੍ਰਿੰਸੀਪਲ ਰਿਪੁਦਮਨ ਸਿੰਘ ਦੇ ਯੋਗ ਮਾਰਗ ਦਰਸ਼ਨ ਵਿੱਚ ਪਟਿਆਲਾ ਦੇ ਉੱਘੇ ਸਮਾਜਸੇਵਕ ਅਤੇ ਆਪ ਪਾਰਟੀ ਆਗੂ ਚਰਨਜੀਤ ਸਿੰਘ ਐਸ ਕੇ ਨੇ ਸਿਹਤ ਮੰਤਰੀ ਨੂੰ ਏਡਿਡ ਸਕੂਲਾਂ ਦੀਆਂ ਸਮੱਸਿਆਵਾਂ ਦਾ ਹੱਲ ਕਰਵਾਉਣ ਲਈ ਸਿਹਤ ਮੰਤਰੀ ਜੀ ਨੂੰ ਬੇਨਤੀ ਕੀਤੀ ਹੈ । ਇਸ ਵਫ਼ਦ ਦੀ ਅਗਵਾਈ ਕਰ ਰਹੇ ਸੂਬਾ ਆਗੂ ਹਰਵਿੰਦਰ ਪਾਲ ਅਤੇ ਅਨਿਲ ਕੁਮਾਰ ਭਾਰਤੀ ਨੇ



ਵਿੱਚ ਏਡਿਡ ਸਕੂਲਾਂ ਨੇ ਬਹੁਤ ਵਡਮੁੱਲਾ ਯੋਗਦਾਨ ਪਾਇਆ ਹੈ। ਮੈਂ ਖ਼ੁਦ ਏਡਿਡ ਸਕੂਲ ਦਾ ਵਿਦਿਆਰਥੀ ਰਿਹਾ ਹਾਂ। ਇਹਨਾਂ ਸਕੂਲਾਂ ਦੇ ਅਧਿਆਪਕਾਂ ਦੀ ਸਮੱਸਿਆਵਾਂ ਦੇ ਹੱਲ ਲਈ ਜਿਨ੍ਹਾਂ ਵੀ ਹੋ ਸਕਿਆ ਵੱਧ ਤੋਂ ਵੱਧ ਸਹਿਯੋਗ ਦੇਣਗੇ। ਇਹ ਸ਼ਬਦ ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਉਦੋਂ ਆਖੇ ਜਦੋਂ ਪੰਜਾਬ ਰਾਜ ਸਰਕਾਰੀ ਸਹਾਇਤਾ ਪ੍ਰਾਪਤ ਸਕੂਲ ਅਧਿਆਪਕ ਅਤੇ ਹੋਰ ਕਰਮਚਾਰੀ ਕਰਵਾਉਣ ਲਈ ਮਿਲਿਆ। ਇੱਥੇ ਇਹ ਖਾਸ ਜਿਕਰਯੋਗ ਹੈ ਕਿ ਸੂਬੇ ਦੇ ਪਿਛਲੇ ਪੰਜ ਮਹੀਨਿਆਂ ਤੋਂ ਆਪਣੀ ਤਨਖਾਹਾਂ ਲਈ ਤਰਸ ਰਹੇ ਅਧਿਆਪਕਾਂ ਦੀ ਸਮੱਸਿਆਵਾਂ ਨੂੰ ਹੱਲ ਕਰਵਾਉਣ ਲਈ ਪੰਜਾਬ ਸਰਕਾਰ ਦੀ ਕੈਬਿਨੈਟ ਸਬ ਕਮੇਟੀ ਵਲੋਂ 20 ਅਗਸਤ ਨੂੰ ਯੂਨੀਅਨ ਨਾਲ ਇੱਕ ਸਾਂਝੀ ਮੀਟਿੰਗ ਨਿਰਧਾਰਤ ਕੀਤੀ ਹੋਈ ਹੈ। ਯੂਨੀਅਨ ਦੇ ਸੂਬਾ ਪ੍ਰਧਾਨ ਗੁਰਮੀਤ ਸਿੰਘ ਮਦਨੀਪੁਰ, ਸੂਬਾ ਜਨਰਲ ਦੱਸਿਆ ਕਿ ਪੰਜਾਬ ਦੇ ਸਹਾਇਤਾ ਪ੍ਰਾਪਤ ਸਕੂਲਾਂ ਦੇ ਹਜ਼ਾਰਾਂ ਅਧਿਆਪਕਾਂ ਅਤੇ ਹੋਰ ਕਰਮਚਾਰੀਆਂ ਨੂੰ ਪਿਛਲੇ 5 ਮਹੀਨਿਆਂ ਤੋਂ ਤਨਖਾਹ ਦੀ ਗ੍ਰਾਂਟਾਂ ਜਾਰੀ ਨਹੀਂ ਕੀਤੀਆਂ ਗਈਆਂ ਹਨ। ਵਫ਼ਦ ਵਿੱਚ ਯੂਨੀਅਨ ਵੱਲੋਂ ਅਨਿਲ ਕੁਮਾਰ ਭਾਰਤੀ ਅਤੇ ਹਰਵਿੰਦਰ ਪਾਲ ਦੇ ਨਾਲ ਨਾਲ ਮਨੀਸ਼ ਸਚਦੇਵਾ, ਯਤਿੰਦਰ ਕੁਮਾਰ ਅਤੇ ਸੰਦੀਪ ਗੁਪਤਾ ਆਦਿ ਨੇਤਾ ਵੀ ਸ਼ਾਮਿਲ ਸਨ।

## ਆਜ਼ਾਦੀ ਦਿਵਸ ਦੇ ਸਮਾਗਮ 'ਚ ਪ੍ਰਾਇਮਰੀ ਸਕੂਲ ਕਪੂਰੀ ਦੇ ਬੱਚਿਆਂ ਨੇ ਭਾਗ ਲਿਆ

### ☛ਐਸ.ਡੀ.ਐਮ. ਦੂਧਨਸਾਧਾਂ ਵੱਲੋਂ ਸਨਮਾਨ

ਦੇਵੀਗੜ੍ਹ, 17 ਅਗਸਤ (ਗੁਰਜੀਤ ਸਿੰਘ ਢੋਟ) : ਦੇਸ਼ ਦਾ 79 ਵਾਂ ਅਜ਼ਾਦੀ ਦਿਵਸ ਜਿੱਥੇ ਦੇਸ਼ ਵਿਦੇਸ਼ ਵਿੱਚ ਬੜੀ ਧੂਮ ਧਾਮ ਨਾਲ ਮਨਾਇਆ



ਜਾ ਰਿਹਾ ਹੈ, ਉੱਥੇ ਹੀ ਤਹਿਸੀਲ ਦੂੱਧਨ ਸਾਧਾਂ ਵਿਖੇ ਵੀ ਬਹੁਤ ਧੂਮ ਧਾਮ ਨਾਲ ਮਨਾਇਆ ਗਿਆ। ਇਸ ਮੌਕੇ ਝੰਡਾ ਲਹਿਰਾਉਣ ਦੀ ਰਸਮ ਐਸ.ਡੀ.ਐਮ ਕਿਰਪਾਲਵੀਰ ਸਿੰਘ, ਸਿਮਰਨਜੀਤ ਕੌਰ ਪਠਾਣਮਾਜਰਾ ਧਰਮ ਪਤਨੀ ਹਰਮੀਤ ਸਿੰਘ ਪਠਾਨਮਾਜਰਾ ਨੇ ਅਦਾ ਕੀਤੀ। ਇਸ ਮੌਕੇ ਸਰਕਾਰੀ ਪ੍ਰਾਇਮਰੀ ਸਕੂਲ ਕਪੂਰੀ ਦੇ ਬੱਚਿਆਂ ਦੁਆਰਾ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਗਿਆ। ਸਕੂਲ ਦੇ ਬੱਚਿਆਂ ਗੁਰਨੂਰ ਸਿੰਘ ਤੇ ਗੁਰਤੇਜ ਸਿੰਘ ਨੇ ਜ਼ਫ਼ਰਨਾਮਾ ਸੁਣਾ ਕੇ ਖੂਬ ਨਿਮਾਣਾ ਖੱਟਿਆ। ਸਕੂਲ ਦੀ ਹੀ ਵਿਦਿਆਰਥਨ ਹਰਸ਼ਪ੍ਰੀਤ ਕੌਰ ਨੇ ਆਜ਼ਾਦੀ ਦਿਹਾੜੇ ਤੇ ਅੰਗਰੇਜ਼ੀ ਵਿੱਚ ਸਪੀਚ ਪੇਸ਼ ਕੀਤੀ। ਇਸ ਸਮੇਂ ਸਕੂਲ ਦੇ ਅਧਿਆਪਕ ਹਰਪ੍ਰੀਤ ਸਿੰਘ ਉੱਪਲ ਤੇ ਸਤਵਿੰਦਰ ਕੌਰ ਨੇ ਦੱਸਿਆ ਕਿ ਹਰ ਵਾਰ ਦੀ ਤਰ੍ਹਾਂ ਇਸ ਵਾਰ ਵੀ ਬੱਚਿਆਂ ਨੇ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕਰਕੇ ਸਕੂਲ ਦਾ ਨਾਮ ਉੱਚਾ ਕੀਤਾ ਹੈ। ਇਸ ਸਮੇਂ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ ਸ੍ਰੀਮਤੀ ਬਲਜੀਤ ਕੌਰ, ਹੈੱਡ ਮਾਸਟਰ ਮਨੋਜ ਜੋਇਆ ਸਰਕਾਰੀ ਹਾਈ ਸਕੂਲ ਰੱਤਾਖੇੜਾ, ਨਗਰ ਪੰਚਾਇਤ ਦੇਵੀਗੜ੍ਹ ਦੇ ਪ੍ਰਧਾਨ ਸ੍ਰੀਮਤੀ ਸਵਿੰਦਰ ਕੌਰ ਧੰਜੂ, ਸੀਨੀਅਰ ਮੀਤ ਪ੍ਰਧਾਨ ਲਖਵੀਰ ਸਿੰਘ ਲੱਖੀ ਮੀਤ ਪ੍ਰਧਾਨ, ਮਾਰਕੀਟ ਕਮੇਟੀ ਦੇ ਪ੍ਰਧਾਨ ਬਲਦੇਵ ਸਿੰਘ, ਐਮ .ਸੀ ਕਰਮਜੀਤ ਸਿੰਘ, ਐਮ.ਸੀ ਗੁਰਮੀਤ ਸਿੰਘ ਭੰਬੂਆਂ ਆਦਿ ਸਾਥੀ ਹਾਜ਼ਰ ਰਹੇ।

## ਸਾਵਣ ਕਵੀ ਦਰਬਾਰ ਅਤੇ ਪੁਸਤਕਾਂ ਦਾ ਲੋਕ ਅਰਪਣ



ਪਟਿਆਲਾ, 17 ਅਗਸਤ (ਚ.ਨ.ਸ.) : ਸਾਂਝਾ ਸਾਹਿਤਕ ਮੰਚ, ਪਟਿਆਲਾ ਅਤੇ ਸਾਹਿਤ ਅਕਾਦਮੀ, ਪਟਿਆਲਾ ਵੱਲੋਂ ਸਤਨਾਮ ਕੌਰ ਚੌਹਾਨ ਤੇ ਇੰਜ: ਜਗਰਾਜ ਸਿੰਘ ਦੇ ਘਰ ਸਾਵਣ ਕਵੀ ਦਰਬਾਰ ਤੇ ਪੁਸਤਕਾਂ ਦਾ ਲੋਕ ਅਰਪਣ ਕਰਵਾਇਆ ਗਿਆ। ਸਮਾਗਮ ਦੀ ਸ਼ੁਰੂਆਤ ਕਰਦੇ ਹੋਏ ਡਾ. ਅਮਰਜੀਤ ਸਿੰਘ ਨੇ ਆਪਣੇ ਖ਼ਾਸ ਅੰਦਾਜ਼ ਵਿੱਚ ਆਏ ਹੋਏ ਸਾਹਿਤਕਾਰਾਂ ਦਾ ਸਵਾਗਤ ਕੀਤਾ। ਉਹਨਾਂ ਕਵੀ ਦਰਸ਼ਨ ਬੁੱਟਰ ਬਾਰੇ ਲਿਖੀ ਸਵ: ਨਰੇਸ਼ ਕੋਹਲੀ ਦੀ ਪੁਸਤਕ, ਜਿਸ ਨੂੰ ਕਵੀ ਬਲਵਿੰਦਰ ਸੰਧੂ ਵੱਲੋਂ ਸੰਪਾਦਿਤ ਕੀਤਾ ਗਿਆ ਹੈ ਬਾਰੇ ਬਹੁਤ ਖੂਬਸੂਰਤ ਵਿਚਾਰ ਪੇਸ਼ ਕੀਤੇ। ਮੰਚ ਸੰਚਾਲਨ ਕਰਦੇ ਨਵਦੀਪ ਸਿੰਘ ਮੁੰਡੀ ਨੇ ਸਾਵਣ ਕਵੀ ਦਰਬਾਰ ਦਾ ਆਰੰਭ ਕਰਵਾਇਆ। ਕਵੀ ਦਰਬਾਰ ਵਿਚ ਅਮਨ ਸਰਾਂ ਧੂਰੀ, ਸਿਮਰਨਜੀਤ ਸਿਮਰ, ਰਾਜਵਿੰਦਰ ਕੌਰ ਜਟਾਣਾ, ਕਮਲ ਸੇਖੋਂ, ਰਮਨਦੀਪ ਵਿਰਕ, ਸਤਨਾਮ ਕੌਰ ਚੌਹਾਨ, ਅਮਰਜੀਤ ਕਸਕ ਤੇ ਕੁਝ ਹੋਰ ਕਵੀਆਂ ਨੇ ਆਪਣਾ ਰੰਗ ਪੇਸ਼ ਕੀਤਾ। ਇਸ ਉਪਰੰਤ ਵਿਸ਼ੇਸ਼ ਮਹਿਮਾਨ ਡਾ. ਅਮਰਜੀਤ ਕੌਂਕੇ, ਮੁੱਖ ਮਹਿਮਾਨ ਬਲਵਿੰਦਰ ਸੰਧੂ ਤੇ ਸਮਾਗਮ ਦੀ ਪ੍ਰਧਾਨਗੀ ਕਰ ਰਹੇ ਦਰਸ਼ਨ ਬੁੱਟਰ ਜੀ ਨੇ ਆਪਣੀਆਂ ਕਵਿਤਾਵਾਂ ਸੁਣਾਈਆਂ। ਸਮਾਗਮ ਦੇ ਅਗਲੇ ਦੌਰ ਵਿੱਚ ਪ੍ਰੋ. ਗੁਰਭਜਨ ਗਿੱਲ ਵੱਲੋਂ ਸੰਪਾਦਿਤ ਪੁਸਤਕ ਧਰਤੀ ਵੰਗਾਰੇ ਤਖ਼ਤ ਨੂੰ, ਦਰਸ਼ਨ ਬੁੱਟਰ ਬਾਰੇ ਪੁਸਤਕ ਦਰਸ਼ਨ ਬੁੱਟਰ ਦੇ ਕਾਵਿ ਕਦਮ, ਡਾ. ਅਮਰਜੀਤ ਕੌਂਕੇ ਦਾ ਚਰਚਿਤ ਮੈਗਜ਼ੀਨ ਪ੍ਰਤਿਮਾਨ ਤੇ ਇੰਦਰਜੀਤ ਪੂਰੇਵਾਲ ਦਾ ਚਰਚਿਤ ਮੈਗਜ਼ੀਨ ਰਾਗ ਲੋਕ ਅਰਪਣ ਕੀਤਾ ਗਿਆ। ਇਸ ਉਪਰੰਤ ਸਭ ਹਾਜ਼ਰੀਨ ਲੇਖਕਾਂ ਵੱਲੋਂ ਦਰਸ਼ਨ ਬੁੱਟਰ ਜੀ ਦਾ ਸਨਮਾਨ ਕੀਤਾ ਗਿਆ। ਕੁਲਦੀਪ ਕੌਰ, ਜਗਰਾਜ ਸਿੰਘ ਤੇ ਤਜਿੰਦਰ ਫਰਵਾਹੀ ਵੱਲੋਂ ਵੀ ਆਪਣੀ ਹਾਜ਼ਰੀ ਲਗਵਾਈ ਗਈ। ਅੰਤ ਵਿੱਚ ਡਾ. ਕੰਵਰ ਜਸਮਿੰਦਰ ਪਾਲ ਸਿੰਘ ਵੱਲੋਂ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਧੰਨਵਾਦ ਕੀਤਾ ਗਿਆ।



# ਪਟਿਆਲਾ-ਆਸ/ਪਾਸ



## ਕਲੱਬ 'ਚ ਚੱਲੀਆਂ ਗੋਲੀਆਂ

# ਸਕਿਉਰਿਟੀ ਗਾਰਡ ਜ਼ਖ਼ਮੀ, ਰਾਜਿੰਦਰਾ ਹਸਪਤਾਲ ਦਾਖ਼ਲ

ਪਟਿਆਲਾ, 17 ਅਗਸਤ (ਵਿਨੋਦ ਸ਼ਰਮਾ) : ਥਾਣਾ ਸਿਵਲ ਲਾਇਨ ਪਟਿਆਲਾ ਪੁਲਿਸ ਕੋਲ ਰਾਜਨ ਬਹਿਲ ਪੁੱਤਰ ਗੁਰਦੇਵ ਸਿੰਘ ਵਾਸੀ ਕੁਆਟਰ ਨੰ. 44-ਐਚ ਮਹਾਰਾਣੀ ਕਲੱਬ ਛੋਟੀ ਬਾਰਾਦਰੀ ਹਾਲ ਕਿਰਾਏਦਾਰ ਪਾਣੀ ਵਾਲੀ ਟੈਂਕੀ ਨੇੜੇ ਸਰਕਾਰੀ ਡਿਸਪੈਂਸਰੀ ਤ੍ਰਿਪੜੀ ਪਟਿਆਲਾ ਨੇ ਕਥਿਤ ਦੋਸ਼ੀਆਂ ਮਨਸਤਵੀਰ ਸਿੰਘ ਵਾਸੀ ਪਿੰਡ ਰਾਜਗੜ੍ਹ ਕੁਬੇ ਥਾਣਾ ਮੋੜ ਹਾਲ ਵਾਸੀ ਗਲੀ ਨੰ. 01 ਆਦਰਸ਼ ਕਲੋਨੀ ਰਾਮਪੁਰਾ ਫੂਲ ਬਠਿੰਡਾ, ਗੁਰਚਰਨ ਸਿੰਘ ਵਾਸੀ ਫਰੈਂਡਜ ਕਲੋਨੀ ਨੇੜੇ ਐਚ.ਪੀ ਪੈਟਰੋਲ ਪੰਪ ਸਨੌਰ, ਗੁਰਤੇਜ ਸਿੰਘ ਵਾਸੀ ਪਿੰਡ ਪੇਧਨ ਥਾਣਾ ਭਾਦਸੋਂ ਅਤੇ ਇੱਕ ਅਣਪਛਾਤੇ ਵਿਅਕਤੀ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਕਿ ਉਹ ਸਟਰੀਟ ਕਲੱਬ



ਭੁਪਿੰਦਰਾ ਰੋਡ ਪਟਿਆਲਾ ਵਿਖੇ ਬਤੌਰ ਸਕਿਉਰਿਟੀ ਗਾਰਡ ਦੀ ਨੌਕਰੀ ਕਰਦਾ ਹੈ। ਕਥਿਤ ਦੋਸ਼ੀ ਕਲੱਬ ਵਿੱਚ ਆਏ ਅਤੇ ਕਥਿਤ ਤੌਰ 'ਤੇ ਸ਼ਰਾਬ ਪੀ ਕੇ ਨੱਚਣ ਲੱਗ ਪਏ। ਕਲੱਬ ਬੰਦ ਕਰਨ ਦਾ ਸਮਾਂ ਹੋਣ ਕਾਰਨ ਕਥਿਤ ਦੋਸ਼ੀਆਂ ਨੂੰ ਜਾਣ ਲਈ ਕਿਹਾ ਤਾਂ ਕਥਿਤ ਦੋਸ਼ੀ ਨਹੀਂ ਗਏ, ਜਦੋਂ ਉਸ ਨੇ ਡੀ.ਜੇ. ਬੰਦ ਕਰ ਦਿੱਤਾ ਤਾਂ ਕਥਿਤ ਦੋਸ਼ੀ ਉਸ ਨਾਲ ਬਹਿਸਬਾਜ਼ੀ ਅਤੇ ਗਾਲੀ ਗਲੋਚ ਕਰਦੇ ਹੋਏ ਲਾਬੀ ਵਿੱਚ ਆ ਗਏ ਅਤੇ ਕਥਿਤ ਦੋਸ਼ੀ ਮਨਸਤਵੀਰ ਸਿੰਘ ਨੇ ਡੱਬ ਵਿੱਚੋਂ ਪਿਸਟਲ ਕੱਢ ਕੇ ਜਾਨੋਂ ਮਾਰਨ ਦੀ ਨਿਯਤ ਨਾਲ ਮੁਦਈ ਪਰ ਫਾਇਰ ਕੀਤਾ, ਜੋ ਉਸ ਦੇ ਸੱਜੇ ਡੋਲੇ ਪਰ ਲੱਗਾ, ਜੋ ਫਿਰ ਇੱਕ ਹੋਰ ਫਾਇਰ ਕੀਤਾ, ਜੋ ਉਸ ਦੇ ਸੱਜੇ ਪੱਟ ਨੂੰ ਟੱਚ ਕਰਕੇ ਲੰਘ ਗਿਆ, ਜਦੋਂ ਮੌਕੇ ਤੋਂ ਭੱਜਣ ਲੱਗਾ ਤਾ ਫਿਰ ਤੀਜਾ ਫਾਇਰ ਉਸ 'ਤੇ ਕੀਤਾ, ਜੋ ਉਸ ਦੇ ਸਿਰ ਤੋਂ ਲੰਘ ਕੇ ਸੋਫੇ ਪਰ ਲੱਗਾ ਅਤੇ ਚੌਥਾ ਫਾਇਰ ਸਟਾਫ 'ਤੇ ਕੀਤਾ ਗਿਆ, ਜੋ ਕਿਸੇ ਦੇ ਨਹੀਂ ਲੱਗਾ ਅਤੇ ਕਥਿਤ ਦੋਸ਼ੀ ਮੌਕੇ ਤੋਂ ਫਰਾਰ ਹੋ ਗਏ। ਸ਼ਿਕਾਇਤਕਰਤਾ ਜੇਰੇ ਇਲਾਜ ਰਾਜਿੰਦਰਾ ਹਸਪਤਾਲ ਪਟਿਆਲਾ ਦਾਖਲ ਹੈ। ਪੁਲਿਸ ਨੇ ਮਾਮਲਾ ਦਰਜ ਕਰ ਲਿਆ ਹੈ।

## ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਮੌਕੇ ਸ੍ਰੀ ਲਕਸ਼ਮੀ ਨਰਾਇਣ ਮੰਦਰ ਵਿਖੇ ਬਰਸਟ ਹੋਏ ਨਤਮਸਤਕ



ਸਮਾਣਾ, 17 ਅਗਸਤ (ਸੁਖਜਿੰਦਰ ਕੁਲਾਰਾਂ/ਜਵੰਦਾ/ਵਿਜੇ ਕੁਮਾਰ) : ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦੇ ਪਵਿੱਤਰ ਮੌਕੇ 'ਤੇ ਸਮਾਣਾ ਸ਼ਹਿਰ ਦੇ ਸ੍ਰੀ ਲਕਸ਼ਮੀ ਨਰਾਇਣ ਮੰਦਰ ਵਿਖੇ ਵਿਸ਼ੇਸ਼ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਸ਼ੁਭ ਮੌਕੇ 'ਤੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਅਤੇ ਆਮ ਆਦਮੀ ਪਾਰਟੀ, ਪੰਜਾਬ ਦੇ ਸੂਬਾ ਜਨਰਲ ਸਕੱਤਰ ਹਰਚੰਦ ਸਿੰਘ ਬਰਸਟ ਨੇ ਵਿਸ਼ੇਸ਼ ਤੌਰ 'ਤੇ ਹਾਜ਼ਰੀ ਲਗਵਾਈ। ਸ. ਬਰਸਟ ਨੇ ਮੰਦਰ ਵਿਖੇ ਮੱਥਾ ਟੇਕਿਆ ਅਤੇ ਆਸ਼ੀਰਵਾਦ ਪ੍ਰਾਪਤ ਕੀਤਾ। ਉਨ੍ਹਾਂ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦੀਆਂ ਵਧਾਈਆਂ ਦਿੰਦਿਆਂ ਹੋਇਆ ਸਾਰਿਆਂ ਨੂੰ ਇੱਕਜੁੱਟ ਹੋ ਕੇ ਰਹਿਣ ਦਾ ਸੰਦੇਸ਼ ਦਿੱਤਾ। ਉਨ੍ਹਾਂ ਕਿਹਾ ਕਿ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦਾ ਤਿਉਹਾਰ ਪੂਰੇ ਦੇਸ਼ ਵਿੱਚ ਬੜੇ ਹੀ ਉਤਸਾਹ ਨਾਲ ਮਨਾਇਆ ਜਾਂਦਾ ਹੈ ਅਤੇ ਸਮਾਣਾ ਵਿਖੇ ਸ਼ਰਧਾਲੂਆਂ ਵਿੱਚ ਪੂਰਾ ਉਤਸ਼ਾਹ ਵੇਖਣ ਨੂੰ ਮਿਲ ਰਿਹਾ ਹੈ। ਇਸ ਮੌਕੇ ਸ਼੍ਰੀ ਕ੍ਰਿਸ਼ਨ ਜੀ ਦੇ ਬਾਲ ਰੂਪ ਦੀ ਝਾਕੀ ਮੁੱਖ ਖਿੱਚ ਦਾ ਕੇਂਦਰ ਬਣੀ ਰਹੀ। ਮੰਦਰ ਕਮੇਟੀ ਵੱਲੋਂ ਬਰਸਟ ਨੂੰ ਯਾਦਗਾਰੀ ਚਿੰਨ ਭੇਂਟ ਕਰਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸ੍ਰੀ ਲਕਸ਼ਮੀ ਨਾਰਾਇਣ ਮੰਦਿਰ ਕਮੇਟੀ ਪ੍ਰਧਾਨ ਰਮੇਸ਼ ਅਨੇਜਾ, ਹਰਿੰਦਰ ਸਿੰਘ ਧਬਲਾਨ, ਸ਼ਾਮ ਲਾਲ ਦੱਤ, ਜੈਕੀ ਸਮਾਣਾ, ਚੀਫ ਪੈਟਰਨ ਨਸੀਬ ਚੰਦ, ਸਰਪ੍ਰਸਤ ਅਸ਼ੋਕ ਚਾਵਲਾ, ਕੈਸ਼ੀਅਰ ਲਾਜਪਤ ਟੂਟੇਜਾ, ਵਿੱਕੀ ਦਾਵਰਾ, ਸੈਕਟਰੀ ਸੋਨੂੰ ਪੂਰੀ ਸਮੇਤ ਹੋਰ ਵੀ ਮੌਜੂਦ ਰਹੇ।

## ਆਜ਼ਾਦੀ ਦਿਵਸ ਮੌਕੇ ਵਿਧਾਇਕ ਡਾ. ਜਮੀਲ ਉਰ ਰਹਿਮਾਨ ਨੇ ਕੌਮੀ ਝੰਡਾ ਲਹਿਰਾਇਆ

ਮਲੇਰਕੋਟਲਾ, 17 ਅਗਸਤ (ਚ.ਨ.ਸ.) : ਆਜ਼ਾਦੀ ਦਿਵਸ ਦੇ ਪਾਵਨ ਮੌਕੇ ਮਾਲੇਰਕੋਟਲਾ ਦੇ ਵਿਧਾਇਕ ਡਾ. ਜਮੀਲ ਉਰ ਰਹਿਮਾਨ ਨੇ ਸਥਾਨਕ ਐਮ.ਐਲ.ਏ. ਲਾਂਜ ਦਫ਼ਤਰ ਵਿਖੇ ਰਾਸ਼ਟਰੀ ਝੰਡਾ ਲਹਿਰਾਇਆ । ਦਫ਼ਤਰ ਦਾ ਮਾਹੌਲ ਰਾਸ਼ਟਰੀ ਗੀਤ ਦੀ ਗੂੰਜ ਨਾਲ ਹਾਜ਼ਰੀਨਾਂ ਵਿੱਚ ਦੇਸ਼ ਭਗਤੀ ਦਾ ਜੋਸ਼ ਹੋਰ ਵਧ ਗਿਆ। ਇਸ ਮੌਕੇ ਵਿਧਾਇਕ ਡਾ. ਜਮੀਲ ਉਰ ਰਹਿਮਾਨ ਨੇ ਸ਼ਹੀਦਾਂ ਨੂੰ ਯਾਦ ਕਰਦੇ ਹੋਏ ਕਿਹਾ ਕਿ ਸਾਡੀ ਆਜ਼ਾਦੀ ਬੇਸ਼ੁਮਾਰ ਬਲਿਦਾਨਾਂ ਦੀ ਦੇਣ ਹੈ, ਜਿਸ ਨੂੰ ਸਦਾ ਯਾਦ ਰੱਖਣਾ ਤੇ ਅਗਲੀ ਪੀੜ੍ਹੀ ਤੱਕ ਪਹੁੰਚਾਉਣਾ ਸਾਡੀ ਸਾਂਝੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸੂਬੇ ਨੂੰ ਮੁੜ ਰੰਗਲਾ, ਹੱਸਦਾ-ਖੇਡਦਾ ਅਤੇ ਖੁਸ਼ਹਾਲ ਬਣਾਉਣ ਲਈ ਪੂਰੇ ਜਜ਼ਬੇ ਅਤੇ ਵਚਨਬੱਧਤਾ ਨਾਲ ਕੰਮ ਕਰ ਰਹੀ ਹੈ। ਡਾ. ਰਹਿਮਾਨ ਨੇ ਕਿਹਾ ਕਿ ਰਾਜ ਸਰਕਾਰ ਵੱਲੋਂ ਲੋਕਾਂ ਦੀ ਭਲਾਈ ਲਈ ਕਈ ਇਤਿਹਾਸਕ ਕਦਮ ਚੁੱਕੇ ਜਾ ਰਹੇ ਹਨ, ਜਿਵੇਂ ਕਿ



ਸਿੱਖਿਆ, ਸਿਹਤ, ਕਿਸਾਨੀ ਅਤੇ ਰੋਜ਼ਗਾਰ ਖੇਤਰ ਵਿੱਚ ਸੁਧਾਰ। ਉਨ੍ਹਾਂ ਦੱਸਿਆ ਕਿ ਵਾਤਾਵਰਣ ਸੰਭਾਲ, ਨਸ਼ਾ ਮੁਕਤੀ ਅਤੇ ਜਵਾਨਾਂ ਨੂੰ ਰੋਜ਼ਗਾਰ ਦੇਣ ਵੱਲ ਵੀ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ। ਵਿਧਾਇਕ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਸੀ ਏਕਤਾ, ਭਰਾਤਰੀਚਾਰ ਅਤੇ ਸ਼ਾਂਤੀ ਨੂੰ ਮਜ਼ਬੂਤ ਕਰਨ ਲਈ ਮਿਲ ਕੇ ਕੰਮ ਕਰਨ। ਉਨ੍ਹਾਂ ਕਿਹਾ ਕਿ ਜਿਵੇਂ ਸਾਡੀਆਂ ਆਜ਼ਾਦੀ ਦੀਆਂ ਲੜਾਈਆਂ ਵਿੱਚ ਕੌਮਾਂ ਨੇ ਇਕੱਠੇ ਹੋ ਕੇ ਲੜਾਈ ਲੜੀ ਸੀ, ਓਹੋ ਜਿਹਾ ਜਜ਼ਬਾ ਅਸੀਂ ਪੰਜਾਬ ਦੀ ਤਰੱਕੀ ਲਈ ਵੀ ਜਿਉਂਦਾ ਰੱਖਣਾ ਚਾਹੀਦਾ ਹੈ। ਵਿਧਾਇਕ ਨੇ ਕਿਹਾ ਕਿ ਨਵੀਂ ਪੀੜ੍ਹੀ ਵਿੱਚ ਦੇਸ਼ ਪ੍ਰੇਮ ਅਤੇ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਕਰਨਾ ਸਭ ਤੋਂ ਵੱਡੀ ਸੇਵਾ ਹੈ। ਇਸ ਮੌਕੇ ਵਿਧਾਇਕ ਨੇ ਆਮ ਲੋਕਾਂ ਨੂੰ ਆਜ਼ਾਦੀ ਦਿਵਸ ਦੀਆਂ ਮੁਬਾਰਕਾਂ ਦਿੱਤੀਆਂ ਅਤੇ ਯਕੀਨ ਦਿਵਾਇਆ ਕਿ ਪੰਜਾਬ ਸਰਕਾਰ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਨ ਲਈ ਕੋਈ ਕਸਰ ਨਹੀਂ ਛੱਡੇਗੀ।

## ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ ਵਿਖੇ ਜਨਮ ਅਸ਼ਟਮੀ ਦਾ ਤਿਉਹਾਰ ਮਨਾਇਆ



ਨਾਭਾ, 17 ਅਗਸਤ (ਗੁਰਚਰਨ ਸਿੰਘ ਚੌਧਰੀਮਾਜਰਾ) : ਭਗਵਾਨ ਸ੍ਰੀ ਕ੍ਰਿਸ਼ਨ ਜੀ ਦੇ ਜਨਮ ਦਿਵਸ ਨੂੰ ਸਮਰਪਿਤ ਜਨਮ ਅਸ਼ਟਮੀ ਦਾ ਤਿਉਹਾਰ ਬੜੇ ਸ਼ਰਧਾ ਪੂਰਵਕ ਮਨਾਇਆ, ਜਿਸ ਵਿੱਚ ਸਕੂਲ ਦੇ ਛੋਟੇ ਬੱਚਿਆਂ ਵੱਲੋਂ ਬੜੇ ਹੀ ਸੋਹਣੇ ਰੂਪ ਵਿੱਚ ਝਾਕੀਆਂ ਪੇਸ਼ ਕੀਤੀਆਂ ਗਈਆਂ ਅਤੇ ਭਜਨ ਅਤੇ ਕੀਰਤਨ ਦੇ ਨਾਲ ਭਗਵਾਨ ਸ੍ਰੀ ਕ੍ਰਿਸ਼ਨ ਜੀ ਦੀਆਂ ਲੀਲਾਵਾਂ ਨੂੰ ਦਰਸਾਇਆ। ਸਕੂਲ ਡਾਇਰੈਕਟਰ ਭੁਪਿੰਦਰ ਸਿੰਘ ਚੱਢਾ ਅਤੇ ਪ੍ਰਿੰਸੀਪਲ ਸਤਵਿੰਦਰ ਪ੍ਰੀਤ ਵੱਲੋਂ ਇਸ ਤਿਉਹਾਰ ਦੀਆਂ ਸਾਰਿਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ।

## ਧਰਮਪਾਲ ਨਾਹਰ ਨੂੰ 'ਆਪ' ਨੇ ਜ਼ਿਲ੍ਹੇ ਦੇ ਐਸ.ਸੀ. ਵਿੰਗ ਦਾ ਇੰਚਾਰਜ ਲਗਾਇਆ

ਸਮਾਣਾ, 17 ਅਗਸਤ (ਜਵੰਦਾ) : ਆਮ ਆਦਮੀ ਪਾਰਟੀ ਵੱਲੋਂ ਸਮਾਣਾ ਦੇ ਕੌਂਸਲਰ ਧਰਮਪਾਲ ਨਾਹਰ ਨੂੰ ਜ਼ਿਲ੍ਹਾ ਪਟਿਆਲਾ ਦੇ ਐਸ.ਸੀ. ਵਿੰਗ ਦਾ ਪ੍ਰਧਾਨ ਨਿਯੁਕਤ ਕੀਤਾ ਹੈ। ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਨੇ ਕਿਹਾ ਕਿ ਧਰਮਪਾਲ ਨਾਹਰ ਇਕ ਇਮਾਨਦਾਰ ਨੇਕ ਦਿਲ ਸਰੀਫ ਵਿਅਕਤੀ ਹੈ, ਜੋ ਪਾਰਟੀ ਲਈ ਦਿਨ ਰਾਤ ਇੱਕ ਕਰਕੇ ਕੰਮ ਕਰਦਾ ਹੈ



ਉਸ ਦੀਆਂ ਸੇਵਾਵਾਂ ਨੂੰ ਵੇਖਦਿਆਂ ਪਾਰਟੀ ਹਾਈ ਕਮਾਂਡ ਨੇ ਧਰਮਪਾਲ ਨਾਹਰ ਨੂੰ ਜ਼ਿਲ੍ਹਾ ਪਟਿਆਲਾ ਦੇ ਐਸ.ਸੀ ਵਿੰਗ ਦਾ ਪ੍ਰਧਾਨ ਨਿਯੁਕਤ ਕੀਤਾ ਹੈ। ਧਰਮਪਾਲ ਨਾਹਰ ਨੇ ਵਿਧਾਇਕ ਜੌੜਾਮਾਜਰਾ ਅਤੇ ਪਾਰਟੀ ਹਾਈ ਕਮਾਂਡ ਦਾ ਉਸ ਨੂੰ ਜ਼ਿਲ੍ਹਾ ਪਟਿਆਲਾ ਦੇ ਐਸਸੀ ਵਿੰਗ ਦਾ ਪ੍ਰਧਾਨ ਬਣਾਉਣ ਲਈ ਧੰਨਵਾਦ ਕੀਤਾ।

## ਅਮਰਨਾਥ ਯਾਤਰਾ ਦੌਰਾਨ ਵਧੀਆ ਸੇਵਾਵਾਂ ਦੇਣ ਲਈ ਜੰਮੂ-ਕਸ਼ਮੀਰ ਦੇ ਉਪ ਰਾਜਪਾਲ ਵੱਲੋਂ ਸ਼ਿਵ ਲੰਗਰ ਕਮੇਟੀ ਦਾ ਸਨਮਾਨ

ਸਮਾਣਾ, 17 ਅਗਸਤ (ਜਵੰਦਾ/ ਸੁਖਜਿੰਦਰ/ਵਿਜੇ ਕੁਮਾਰ) : ਸ੍ਰੀ ਅਮਰਨਾਥ ਯਾਤਰਾ ਲੰਗਰ ਆਰਗਨਾਈਜ਼ੇਸ਼ਨ ਵੱਲੋਂ ਅਮਰਨਾਥ ਯਾਤਰਾ ਦੌਰਾਨ ਭੰਡਾਰਾ ਲਗਾਉਣ ਵਾਲੀਆਂ ਕਮੇਟੀਆਂ ਦੇ ਜੰਮੂ ਵਿੱਚ ਰੱਖੇ ਸਨਮਾਨ ਸਮਾਰੋਹ ਵਿੱਚ ਜੰਮੂ ਕਸ਼ਮੀਰ ਦੇ ਉਪਰਾਜਪਾਲ ਸ੍ਰੀ ਮਨੋਜ ਸਿਨਹਾ ਵਿਸ਼ੇਸ਼ ਤੌਰ 'ਤੇ ਪਹੁੰਚੇ। ਇਸ ਸਮਾਰੋਹ ਵਿੱਚ 140 ਲੰਗਰ ਕਮੇਟੀਆਂ ਦੇ ਮੈਂਬਰਾਂ ਨੇ ਭਾਗ ਲਿਆ। ਜੰਮੂ ਕਸ਼ਮੀਰ ਦੇ ਉਪ ਰਾਜਪਾਲ ਮਨੋਜ ਸਿਨਹਾ ਵੱਲੋਂ ਬਾਲਟਾਲ ਤੋਂ ਲੈ ਕੇ ਅਮਰਨਾਥ ਦੀ ਗੁਫਾ ਤੱਕ ਲੰਗਰ ਲਾਉਣ ਵਾਲੀਆਂ ਕਮੇਟੀਆਂ ਨੂੰ ਸਨਮਾਨਿਤ ਵੀ ਕੀਤਾ। ਇਸ ਮੌਕੇ ਉਪ ਰਾਜਪਾਲ ਮਨੋਜ ਸਿਨਹਾ ਨੇ ਕਿਹਾ ਕਿ ਲੰਗਰ ਕਮੇਟੀਆਂ ਦੇ ਦਿੱਤੇ ਜਾਂਦੇ ਵਡਮੁੱਲੇ ਸਹਿਯੋਗ ਕਾਰਨ ਹੀ ਇਹ ਯਾਤਰਾ ਸਫਲ ਹੁੰਦੀ ਹੈ। ਸ੍ਰੀ ਸਿਨਹਾ ਨੇ ਕਿਹਾ ਕਿ ਇੱਕ ਆਮ ਨਾਗਰਿਕ ਨੂੰ



ਅਮਰਨਾਥ ਦੀ ਯਾਤਰਾ ਕਰਨਾ ਬਹੁਤ ਔਖਾ ਲੱਗਦਾ ਹੈ ਪਰ ਲੰਗਰ ਕਮੇਟੀਆਂ ਬਿਨਾਂ ਕਿਸੇ ਸਵਾਰਥ ਅਤੇ ਡਰ ਤੋਂ ਯਾਤਰੀਆਂ ਦੀ ਸੇਵਾ ਕਰ ਬਹੁਤ ਵੱਡੀ ਸਮਾਜ ਸੇਵਾ ਦਾ ਕੰਮ ਕਰ ਰਹੀਆਂ ਹਨ ਜਿਸ ਦੀ ਮਿਸਾਲ ਸ਼ਿਵ ਲੰਗਰ ਕਮੇਟੀ ਸਮਾਣਾ ਵੱਲੋਂ ਮਿਲਦੀ ਹੈ ਉਹਨਾਂ ਕਿਹਾ ਕਿ ਸ਼ਿਵ ਲੰਗਰ ਕਮੇਟੀ ਵੱਲੋਂ ਬੁਰਜੀ ਟੋਪ ਤੇ ਸਭ ਤੋਂ ਵਧੀਆ ਅਤੇ ਵਿਸ਼ਾਲ ਭੰਡਾਰੇ ਵਿੱਚ ਯਾਤਰੀਆਂ ਲਈ ਪੌਸ਼ਟਿਕ ਭੋਜਨ, ਯਾਤਰੀਆਂ ਨੂੰ ਹਰ ਤਰ੍ਹਾਂ ਦੀਆਂ ਸਹੂਲਤਾਂ ਤੇ ਭੰਡਾਰੇ ਵਾਲੀ ਜਗ੍ਹਾ ਤੇ ਸਾਫ ਸਫਾਈ ਦਾ ਵਧੀਆ ਪ੍ਰਬੰਧ ਰੱਖਣ ਤੇ ਸ਼ਿਵ ਲੰਗਰ ਕਮੇਟੀ ਦੇ ਪ੍ਰਧਾਨ ਅਤੇ ਉਨ੍ਹਾਂ ਦੇ ਮੈਂਬਰਾਂ ਦੀ ਪ੍ਰਸ਼ੰਸਾ ਕਰਦਾ ਹਾਂ। ਇਸ ਮੌਕੇ ਜੰਮੂ ਕਸ਼ਮੀਰ ਦੇ ਉਪ ਰਾਜਪਾਲ ਸ੍ਰੀ ਮਨੋਜ ਸਿਨਹਾ ਵੱਲੋਂ ਸ਼ਿਵ ਲੰਗਰ ਕਮੇਟੀ ਦੇ ਪ੍ਰਧਾਨ ਅਮਰ ਗੋਇਲ ਅਤੇ ਮੈਂਬਰ ਗਗਨ ਗੁਪਤਾ ਸਹਿਤ ਕਮੇਟੀ ਮੈਂਬਰਾਂ ਨੂੰ ਸਨਮਾਨਿਤ ਕੀਤਾ ਗਿਆ ਇਸ ਮੌਕੇ ਸ਼ਿਵ ਲੰਗਰ ਕਮੇਟੀ ਦੇ ਪ੍ਰਧਾਨ ਅਮਰ ਗੋਇਲ ਅਤੇ ਗਗਨ ਗੁਪਤਾ ਨੇ ਭੰਡਾਰੇ ਲਈ ਸਹਿਯੋਗ ਦੇਣ ਵਾਲੇ ਹਰ ਵਿਅਕਤੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਪਿਛਲੇ 33 ਸਾਲਾਂ ਤੋਂ ਇਲਾਕੇ ਦੇ ਲੋਕਾਂ ਅਤੇ ਦਾਨਵੀਰ ਸੱਜਣਾ ਦੇ ਸਹਿਯੋਗ ਨਾਲ ਹੀ ਇਹ ਭੰਡਾਰਾ ਚਲਾਇਆ ਜਾ ਰਿਹਾ ਹੈ ਅਤੇ ਹਰ ਸਾਲ ਇਹ ਭੰਡਾਰਾ ਇਸ ਤੋਂ ਵੀ ਵਧੀਆ ਤਰੀਕੇ ਨਾਲ ਚਲਾਇਆ ਜਾਵੇਗਾ ਅਤੇ ਅਮਰਨਾਥ ਯਾਤਰੀਆਂ ਲਈ ਫਰੀ ਬੱਸ ਸਰਵਿਸ ਅਤੇ ਹੋਰ ਸਹੂਲਤਾਂ ਦੇਣ ਦਾ ਵੀ ਪ੍ਰਬੰਧ ਕੀਤਾ ਜਾਵੇਗਾ। ਇਸ ਮੌਕੇ ਜੀਵਨ ਗੋਇਲ, ਸ਼ਿਵ ਨਰਾਇਣ ਗਗਨ (ਲੰਗਰ ਇੰਚਾਰਜ) ਅਸ਼ੋਕ ਕੁਮਾਰ ਮਿਨੋਚਾ, ਮੋਹਿਤ ਗੋਇਲ, ਗੌਰਵ ਗੋਇਲ, ਪਰਸ਼ੋਤਮ ਦਾਸ, ਪਵਨ ਕੁਮਾਰ, ਨਰੇਸ਼ ਕੁਮਾਰ,ਰਾਜ ਸ਼ਰਮਾ, ਜੀਵਨ ਗਗਨ, ਸਾਬਕਾ ਪ੍ਰਧਾਨ ਅਗਰਵਾਲ ਧਰਮਸ਼ਾਲਾ ਅਤੇ ਸ਼ਿਵ ਲੰਗਰ ਪ੍ਰਬੰਧਕ ਕਮੇਟੀ ਸਮਾਣਾ ਸਹਿਤ ਕਈ ਮੈਂਬਰ ਹਾਜ਼ਰ ਸਨ।

## ਨਸ਼ੀਲੀਆਂ ਗੋਲੀਆਂ ਬ੍ਰਾਮਦ

ਪਟਿਆਲਾ, 17 ਅਗਸਤ (ਵਿਨੋਦ ਸ਼ਰਮਾ) : ਥਾਣਾ ਸਨੌਰ ਪੁਲਿਸ ਨੇ ਕਥਿਤ ਦੋਸ਼ੀ ਜਗਜੀਤ ਸਿੰਘ ਵਾਸੀ ਰਾਜ ਕਲੋਨੀ ਨੇੜੇ ਮਹਿੰਦਰਾ ਕਾਲਜ ਪਟਿਆਲਾ ਹਾਲ ਭਾਂਖਰ ਰੋਡ ਸਨੌਰ ਵਿਰੁੱਧ ਮਾਮਲਾ ਦਰਜ ਕੀਤਾ ਹੈ। ਏ.ਐਸ.ਆਈ. ਸੁਰਜਨ ਸਿੰਘ ਸਮੇਤ ਪੁਲਿਸ ਪਾਰਟੀ ਪਿੰਡ ਬੋਂਸਰ ਬੀੜ ਪਾਸ ਮੌਜੂਦ ਸੀ, ਜੋ ਦੋਸ਼ੀ ਨੂੰ ਸ਼ੱਕ ਦੇ ਅਧਾਰ ਪਰ ਰੋਕ ਕੇ ਚੈਕ ਕਰਨ ਪਰ 90 ਖੁੱਲੀਆ ਨਸ਼ੀਲੀਆ ਗੋਲੀਆ ਬ੍ਰਾਮਦ ਹੋਈਆਂ।



ਬਾਰਾਂਦਰੀ ਬਾਗ ਪਟਿਆਲਾ ਵਿਖੇ, ਸਿਮੀ ਭੰਗੜਾ ਗਰੁੱਪ ਦੇ ਨਾਲ ਜਨਮ ਅਸ਼ਟਮੀ ਦਾ ਤਿਉਹਾਰ ਮਨਾਉਣ ਪਹੁੰਚੇ ਗਾਇਕਾ ਮੈਡਮ ਅਰਵਿੰਦਰ ਕੌਰ ਅਤੇ ਪ੍ਰੈਸ ਸਕੱਤਰ ਜਗਪ੍ਰੀਤ ਸਿੰਘ ਮਹਾਜਨ। (ਫੋਟੋ ਤੇ ਵੇਰਵਾ : ਚੜ੍ਹਦੀਕਲਾ ਬਿਊਰੋ)

## ਹਿਊਮਨ ਸਰਵਿਸ ਸੁਸਾਇਟੀ ਦੇ ਪ੍ਰਧਾਨ ਜਤਿੰਦਰ ਸ਼ਰਮਾ ਦਾ ਆਜ਼ਾਦੀ ਦਿਹਾੜੇ ਮੌਕੇ ਸਨਮਾਨ



ਪਟਿਆਲਾ, 17 ਅਗਸਤ (ਚ.ਨ.ਸ.) : ਹਿਊਮਨ ਸਰਵਿਸ ਸੁਸਾਇਟੀ ਦੇ ਚੰਗੇ ਲੋਕ ਭਲਾਈ ਦੇ ਕੰਮਾਂ ਨੂੰ ਦੇਖਦੇ ਹੋਏ ਸੁਤੰਤਰਤਾ ਦਿਵਸ 15 ਅਗਸਤ ਜ਼ਿਲ੍ਹਾ ਪੱਧਰੀ ਸਮਾਗਮ ਮੌਕੇ ਤੇ ਹਰਭਜਨ ਸਿੰਘ ਕੈਬਨਿਟ ਮੰਤਰੀ, ਉਰਜਾ ਤੇ ਲੋਕ ਨਿਰਮਾਣ ਵਿਭਾਗ ਪੰਜਾਬ ਦੁਆਰਾ ਸਨਮਾਨ ਚਿੰਨ ਤੇ ਸਨਮਾਨ ਪੱਤਰ ਦੇ ਕੇ ਪੋਲੋ ਗਰਾਉਂਡ ਪਟਿਆਲਾ ਵਿਖੇ ਸਨਮਾਨਿਤ ਕੀਤਾ ਗਿਆ। ਇਸ ਮੌਕੇ 'ਤੇ ਪੰਜਾਬ ਪ੍ਰਧਾਨ ਜਤਿੰਦਰ ਸ਼ਰਮਾ ਨੇ ਦੱਸਿਆ ਕਿ ਸਾਡੀ ਟੀਮ ਪੂਰੇ ਪੰਜਾਬ ਵਿੱਚ ਨਸ਼ੇ ਖਿਲਾਫ ਲੋਕਾਂ ਨੂੰ ਜਾਗਰੂਕ ਕਰਨ ਤੇ ਨਸ਼ੇ ਕਰਨ ਵਾਲੇ ਮਰੀਜ਼ਾਂ ਦਾ ਮੁਫ਼ਤ ਇਲਾਜ ਕਰਵਾਉਣਾ, ਪੇੜ ਪੌਦੇ ਲਗਾਉਣਾ, ਫਰੀ ਮੈਡੀਕਲ ਕੈਂਪ ਲਗਾਉਣਾ, ਬਲੱਡ ਕੈਂਪ, ਜ਼ਰੂਰਤਮੰਦ ਦੀ ਮਦਦ ਕਰਨਾ ਆਦਿ ਦਾ ਕੰਮ ਪੂਰੇ ਪੰਜਾਬ ਵਿੱਚ ਕਰ ਰਹੀ ਹੈ। ਇਹ ਐਵਾਰਡ ਮਿਲਣ 'ਤੇ ਸਾਡੀ ਟੀਮ ਦਾ ਹੌਸਲਾ ਹੋਰ ਬੁਲੰਦ ਹੋਵੇਗਾ ਤੇ ਲੋਕ ਭਲਾਈ ਦੇ ਕੰਮ ਸਾਡੀ ਟੀਮ ਹੋਰ ਤੇਜ਼ੀ ਨਾਲ ਕਰੇਗੀ। ਇਹ ਐਵਾਰਡ ਇਕੱਲਾ ਜਤਿੰਦਰ ਸ਼ਰਮਾ ਦਾ ਨਹੀਂ ਪੂਰੀ ਪੰਜਾਬ ਟੀਮ ਦਾ ਹੈ, ਜੋ ਇਕਜੁੱਟ ਹੋ ਕੇ ਕੰਮ ਕਰ ਰਹੀ ਹੈ। ਇਸ ਮੌਕੇ 'ਤੇ ਵਿਸ਼ੇਸ਼ ਤੌਰ 'ਤੇ ਲੱਕੀ ਯਾਦਵ, ਰਘਵੀਰ ਖਾਨ, ਰਾਜਸ਼ੇਖਰ, ਜਸਮੀਰ ਪਾਲ, ਹਰਮਿੰਦਰ ਰਾਠੌਰ, ਅਜੇ ਕੁਮਾਰ, ਵਰਸ਼ਾ ਗੋਇਲ, ਲਵਲੀ, ਅਰੋੜਾ, ਦਰਸ਼ਨਾ, ਕਿਰਨ, ਵਿਕਰਮ ਠਾਕੁਰ, ਵਰਿੰਦਰ ਕੁਮਾਰ ਆਦਿ ਮੈਂਬਰ ਮੌਜੂਦ ਰਹੇ।

## 15 ਗ੍ਰਾਮ ਨਸ਼ੀਲਾ ਪਾਊਡਰ ਬ੍ਰਾਮਦ

ਪਟਿਆਲਾ, 17 ਅਗਸਤ (ਵਿਨੋਦ ਸ਼ਰਮਾ) : ਥਾਣਾ ਕੋਤਵਾਲੀ ਪਟਿਆਲਾ ਪੁਲਿਸ ਨੇ ਕਥਿਤ ਦੋਸ਼ੀ ਸੂਰਜ ਵਾਸੀ ਝੁਗੀਆ ਅੰਡਰ ਬ੍ਰਿਜ ਨੇੜੇ ਐਮ.ਕੇ ਪਲਾਈ ਵੁੱਡ ਫੈਕਟਰੀ ਅੰਬਾਲਾ ਰੋਡ ਰਾਜਪੁਰਾ ਵਿਰੁੱਧ ਧਾਰਾ 22, 61, 85 ਦੇ ਤਹਿਤ ਮਾਮਲਾ ਦਰਜ ਕੀਤਾ ਹੈ। ਏ.ਐਸ.ਆਈ. ਸੁੱਖਾ ਸਿੰਘ ਸਮੇਤ ਪੁਲਿਸ ਪਾਰਟੀ ਭੂਤਨਾਥ ਮੰਦਰ ਪਟਿਆਲਾ ਕੋਲ ਮੌਜੂਦ ਸੀ, ਜੋ ਕਕਿਤ ਦੋਸ਼ੀ ਨੂੰ ਸ਼ੱਕ ਦੇ ਅਧਾਰ 'ਤੇ ਰੋਕ ਕੇ ਚੈਕ ਕਰਨ ਪਰ 15 ਗ੍ਰਾਮ ਨਸ਼ੀਲਾ ਪਾਊਡਰ ਬ੍ਰਾਮਦ ਹੋਇਆ।

## ਸੜਕ ਹਾਦਸੇ 'ਚ ਮਹਿਲਾ ਦੀ ਮੌਤ

ਪਟਿਆਲਾ, 17 ਅਗਸਤ (ਵਿਨੋਦ ਸ਼ਰਮਾ) : ਥਾਣਾ ਕੋਤਵਾਲੀ ਪਟਿਆਲਾ ਪੁਲਿਸ ਕੋਲ ਮਹੇਸ਼ ਸਿੰਘ ਪੁੱਤਰ ਬਰਮੇਸ਼ਵਰ ਸਿੰਘ ਵਾਸੀ ਗਊ ਦਰਿਆ ਨੇੜੇ ਰੇਲਵੇ ਸਟੇਸ਼ਨ ਚੰਡੀਗੜ੍ਹ ਨੇ ਕਾਰ ਦਾ ਡਰਾਇਵਰ ਸਹਿਜਵੀਰ ਸਿੰਘ ਵਾਸੀ ਤੇਜਬਾਗ ਕਲੋਨੀ ਪਟਿਆਲਾ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਕਿ ਉਸ ਦੀ ਭੈਣ ਸੰਤੋਸ਼ ਰਾਣੀ, ਜੋ ਕਿ ਸਕੂਟਰੀ 'ਤੇ ਸਵਾਰ ਹੋ ਕੇ ਨਿਊ ਮਹਿੰਦਰਾ ਕਲੋਨੀ ਪਟਿਆਲਾ ਕੋਲ ਜਾ ਰਹੀ ਸੀ, ਜੋ ਕਕਿਤ ਦੋਸ਼ੀ ਡਰਾਇਵਰ ਨੇ ਆਪਣੀ ਕਾਰ ਤੇਜ਼ ਰਫਤਾਰ ਤੇ ਲਾਪ੍ਰਵਾਹੀ ਨਾਲ ਲਿਆ ਕੇ ਸੰਤੋਸ਼ ਰਾਣੀ ਵਿੱਚ ਮਾਰੀ, ਜਿਸ ਕਾਰਨ ਉਸਦੀ ਮੌਤ ਹੋ ਗਈ। ਪੁਲਿਸ ਨੇ ਮਾਮਲਾ ਦਰਜ ਕਰ ਲਿਆ ਹੈ।

## ਆਜ਼ਾਦੀ ਦਿਵਸ ਨੂੰ ਸਮਰਪਿਤ 'ਯੁੱਧ ਨਸ਼ਿਆਂ ਵਿਰੁੱਧ' 19ਵਾਂ ਨਾਟਕ ਮੇਲਾ ਸਾਂਈ ਬਿਰਧ ਆਸ਼ਰਮ ਵਿਖੇ ਕਰਵਾਇਆ



ਪਟਿਆਲਾ, 17 ਅਗਸਤ (ਚ.ਨ.ਸ.) : ਨੈਸ਼ਨਲ ਥੀਏਟਰ ਆਰਟਸ ਸੋਸਾਇਟੀ (ਨਟਾਸ) ਦਮਪਤੀ ਪਦਮਸ਼੍ਰੀ ਅਵਾਰਡੀ ਸ਼੍ਰੀ ਪ੍ਰਾਨ ਸੱਭਰਵਾਲ - ਸ਼੍ਰੀਮਤੀ ਸੁਨੀਤਾ ਸੱਭਰਵਾਲ ਵੱਲੋਂ ਆਪਣਾ 79ਵਾਂ ਆਜ਼ਾਦੀ ਦਿਵਸ 'ਤੇ 19ਵਾਂ 'ਯੁੱਧ ਨਸ਼ਿਆਂ ਵਿਰੁੱਧ' ਨਾਟਕ ਮੇਲਾ ਸਾਂਈ ਬਿਰਧ ਆਸ਼ਰਮ ਵਿਖੇ, ਆਸ਼ਰਮ ਪ੍ਰਧਾਨ, ਸੁਹਿਰਦ, ਕੁਸ਼ਲ ਪ੍ਰਸ਼ਾਸ਼ਕ ਦਮਨਜੀਤ ਸਿੰਘ ਸੇਠੀ ਦੇ ਸਹਿਯੋਗ ਨਾਲ ਆਯੋਜਿਤ ਕੀਤਾ ਗਿਆ। ਪ੍ਰਧਾਨਗੀ ਮੰਡਲ ਵਿੱਚ ਸ਼ਾਮਲ ਆਸ਼ਰਮ ਪ੍ਰਬੰਧ ਦੀਆਂ ਪ੍ਰਸਿੱਧ ਸਮਾਜਿਕ ਸ਼ਖਸੀਅਤਾਂ ਮੁੱਖ ਮਹਿਮਾਨ ਸ੍ਰ; ਦਮਨਜੀਤ ਸਿੰਘ ਸੇਠੀ, ਸ੍ਰ: ਕੇ.ਐਸ. ਕਪੂਰ, ਸ਼੍ਰੀ ਓ.ਪੀ. ਗਰਗ, ਪ੍ਰਿੰਸੀਪਲ ਪ੍ਰਤਿਭਾ ਜੀ, ਮੈਡਮ ਜੀਓਤਸਨਾ ਜੀ, ਨਟਾਸ ਸੀਨੀਅਰ ਮੀਤ ਪ੍ਰਧਾਨ ਸ਼੍ਰੀ ਰਾਜਿੰਦਰ ਵਰਮਾ, ਪ੍ਰਧਾਨ ਆਰੀਆ ਸਮਾਜ ਸਨੌਰ ਅਤੇ ਸ਼੍ਰੀ ਪ੍ਰਾਨ ਸੱਭਰਵਾਲ ਨੇ ਭਗਵਾਨ ਨਟਰਾਜ ਦੀ ਪ੍ਰਤਿਮਾ ਨੂੰ ਪੁਸ਼ਪਾਂਜਲੀ ਅਤੇ ਪ੍ਰਸ਼ਾਦ ਭੇਟ ਕਰਕੇ ਸਮਾਗਮ ਦਾ ਉਦਘਾਟਨ ਕੀਤਾ। ਆਸ਼ਰਮ ਵਸਨੀਕਾਂ ਦੀ ਦਿਲਜੋਈ ਲਈ ਨਾਟਕ ਮੇਲਾ 'ਮੇਰਾ ਰੰਗ ਦੇ ਬਸੰਤੀ ਚੋਲਾ', ਸਹਿਗਾਨ ਅਤੇ 'ਸ਼ਹੀਦ ਭਗਤ ਸਿੰਘ ਦੇ ਦਾਦਾ ਦਾਦੀ ਦਾ ਦੁੱਖੜਾ' ਨਾਟਕੀ ਮੰਚਨ ਨਾਲ ਆਰੰਭ ਹੋਇਆ। ਪ੍ਰਾਨ ਸੱਭਰਵਾਲ ਸਮੇਤ ਕਲਾਕਾਰਾਂ 'ਚ ਸੁਭਾਸ਼ ਭਗਤ, ਗਾਇਕ-ਕੰਪੋਜ਼ਰ ਅਦਾਕਾਰ ਗਿੱਲ-ਦੀਪ (ਟਿੰਮੀ), ਐਮ.ਐਸ. ਜੱਗੀ, ਪਰਮਜੀਤ ਕੌਰ, ਸਿਮਰਨਜੀਤ ਕੌਰ ਸਰਨਾ, ਵਰਕਸ਼ਾਪ ਟ੍ਰੇਡ ਕਲਾਕਾਰ ਸਿਮਰਨ ਬੀ.ਏ. ਫਾਈਨ ਆਰਟਸ ਪੰਜਾਬੀ ਯੂਨੀਵਰਸਿਟੀ, ਤਨੀਸ਼ਾ ਬੀ.ਏ. ਐਲ.ਐਲ.ਬੀ. ਸਟੂਡੈਂਟ ਅਤੇ ਅੰਮ੍ਰਿਤਪਾਲ ਸਿੰਘ ਤੋਂ ਬਿਨ੍ਹਾ ਪ੍ਰਬੰਧਕੀ ਅਤੇ ਟੈਕਨੀਕਲ ਟੀਮਾਂ ਦੇ ਸਹਿਯੋਗੀ ਸ਼ਾਮਲ ਸਨ। ਮੁੱਖ ਮਹਿਮਾਨ ਸ੍ਰ: ਦਮਨਜੀਤ ਸਿੰਘ ਸੇਠੀ ਨੇ ਹੌਸਲਾਂ ਅਫਜਾਈ ਵਜੋਂ 3100/- ਰੁਪਏ ਕੈਸ਼ ਅਵਾਰਡ ਪ੍ਰਦਾਨ ਕੀਤਾ ਅਤੇ ਉਨ੍ਹਾਂ ਤੇ ਮਹਿਮਾਨਾ ਨੇ ਨਟਾਸ ਵਲੋਂ ਕਲਕਾਰਾਂ ਨੂੰ ਕੈਸ਼ ਅਵਾਰਡ ਚੈਕ ਪ੍ਰਦਾਨ ਕੀਤੇ। ਅੰਤ ਵਿੱਚ ਸ੍ਰੀ ਰਾਜਿੰਦਰ ਵਰਮਾ ਨੇ ਧੰਨਵਾਦ ਕੀਤਾ ਅਤੇ ਸੱਭਰਵਾਲ ਪਰਿਵਾਰ ਸ਼੍ਰੀਮਤੀ ਸੁਨੀਤਾ ਸੱਭਰਵਾਲ, ਆਰਕੀਟੈਕਟ ਸੰਮਪਨ ਸੱਭਰਵਾਲ, ਏ.ਆਈ.ਜੀ. ਪੁਲਿਸ ਵਿਕਾਸ ਸੱਭਰਵਾਲ ਵੱਲੋਂ ਅਜਾਦੀ ਦਿਵਸ ਲਈ ਵਧਾਈ ਦਿੱਤੀ ਗਈ, ਸੱਭਰਵਾਲ ਨੇ ਦਸਿਆ ਕਿ ਇਸ ਤੋਂ ਪਹਿਲੇ ਦਿਨ ਤਿਰੰਗਾ ਜਾਗਰੂਕਤਾਂ ਥੀਏਟਰ ਮੁਹਿੰਮ ਦਾ ਉਦਘਾਟਨ ਭੀਮ ਕਾਲੋਨੀ, ਝੁੱਗੀ ਝੌਂਪੜੀ ਇਲਾਕਾ ਵਿਖੇ ਨਾਮਵਰ ਹਸਤੀ ਸ. ਗੁਰਜੀਤ ਸਿੰਘ ਕੋਹਲੀ, ਕੌਮੀ ਪ੍ਰਧਾਨ, ਖੁਖਰਾਇਣ ਭਲਾਈ ਐਸੋਸੀਏਸ਼ਨ ਦੇ ਭਰਪੂਰ ਸਹਿਯੋਗ ਨਾਲ ਕੀਤਾ ਗਿਆ।

## ਵਿੱਕੀ ਘਨੌਰ ਨੇ ਪਿੰਡ ਮਹਿਮਾ ਦੀ ਗੁੱਗਾ ਮਾੜੀ ਵਿਖੇ ਮੱਥਾ ਟੇਕਿਆ



ਘਨੌਰ, 17 ਅਗਸਤ (ਮਦਨ ਲਾਲ) : ਪੰਜਾਬ ਹੈਲਥ ਸਿਸਟਮ ਕਾਰਪੋਰੇਸ਼ਨ ਦੇ ਵਾਈਸ ਚੇਅਰਮੈਨ ਵਿੱਕੀ ਘਨੌਰ ਨੇ ਘਨੌਰ ਦੇ ਪਿੰਡ ਮਹੀਮਾ ਦੀ ਗੁੱਗਾ ਮਾੜੀ ਵਿੱਚ ਰੱਖੇ ਪ੍ਰੋਗਰਾਮ ਵਿੱਚ ਸ਼ਿਰਕਤ ਕੀਤੀ ਅਤੇ ਸ਼੍ਰੀ ਕ੍ਰਿਸ਼ਨ ਜਨਮ ਅਸ਼ਟਮੀ ਅਤੇ ਗੁਗਾ ਨੌਵੀਂ ਮੌਕੇ ਮੱਥਾ ਟੇਕਿਆ ਗਿਆ। ਇਸ ਮੌਕੇ ਤੇ ਉਹਨਾਂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਅੱਜ ਉਹਨਾਂ ਵੱਲੋਂ ਆਪਣੀ ਟੀਮ ਦੇ ਨਾਲ ਪਿੰਡ ਮਹਿਮਾ ਦੀ ਗੁਗਾ ਮਾੜੀ ਵਿਖੇ ਜਨਮ ਅਸਟਮੀ ਅਤੇ ਗੁਗਾ ਨੌਵੀਂ ਦੇ ਮੌਕੇ 'ਤੇ ਮੱਥਾ ਟੇਕਿਆ ਅਤੇ ਹਲਕਾ ਪੂਰੇ ਪੰਜਾਬ ਵਿੱਚ ਭਾਈਚਾਰਕ ਸਾਂਝ ਬਣੀ ਰਹੇ ਏਕਤਾ ਬਣੀ ਰਹੇ ਅਤੇ ਸਾਡਾ ਪੰਜਾਬ ਅਤੇ ਮੇਰਾ ਹਲਕਾ ਦਿਨ ਦੁਗਣੀ ਰਾਤ ਚੌਗਣੀ ਤਰੱਕੀ ਕਰੇ । ਉਹਨਾਂ ਗੁੱਗਾ ਨੌਮੀ ਦੀਆਂ ਸਮੂਹ ਇਲਾਕਾ ਵਾਸੀਆਂ ਨੂੰ ਵਧਾਈ ਦਿੱਤੀ। ਇਸ ਮੌਕੇ ਮਨਜੀਤ ਸਿੰਘ ਨਹਿਰਾ ਗੁਗਾ ਮਾੜੀ ਭਗਤ ,ਜਸਵਿੰਦਰ ਸਿੰਘ ਸਰਪੰਚ ਪਿੰਡ ਮਹਿਮਾ ,ਗੁਰਮੁਖ ਸਿੰਘ ਸਾਬਕਾ ਸਰਪੰਚ ਪਿੰਡ ਮਹਿਮਾ, ਸਾਗਰ ਦੀਪ ਸਿੰਘ ਨਹਿਰਾ, ਬਲਜਿੰਦਰ ਸਿੰਘ ਬਿੰਦਾ, ਰਾਮ ਸਿੰਘ ਭਗਤ ,ਅਮਰਜੀਤ ਸਿੰਘ ਹਰਪਾਲਪੁਰ ਵਿਕਰਮਜੀਤ ਸਿੰਘ ਕੁੱਥਾ ਖੇੜੀ, ਅਮਰੀਕ ਸਿੰਘ ਹਰਪਾਲਪੁਰ, ਮੰਗਾ ਸਿੰਘ ਹਰਪਾਲਪੁਰ, ਸਾਹਿਬ ਸਿੰਘ ਲੰਬੜਦਾਰ ,ਅੰਤਰ ਰਾਸ਼ਟਰੀ ਕਬੱਡੀ ਖਿਡਾਰੀ ਖੁਸਦੀਪ ਸਿੰਘ ਟਿੰਕੂ ਘਨੌਰ, ਗੁਰਪ੍ਰੀਤ ਸਿੰਘ ਹਰਪਾਲਪੁਰ, ਜੱਗੀ ਭੰਗੂ ਹਰਪਾਲਪੁਰ ਮੌਜੂਦ ਸਨ।

## ਨਗਰ ਪੰਚਾਇਤ ਪਿੰਡ ਰੈਸਲ ਵੱਲੋਂ ਰਾਜਵਿੰਦਰ ਕੌਰ ਖਰੌੜ ਦਾ ਸਨਮਾਨ



ਭਾਦਸੋਂ, 17 ਅਗਸਤ (ਭਰਪੂਰ ਸਿੰਘ ਮੱਟਰਾਂ ਸਿੰਘ ਮੱਟਰਾਂ): ਪਿਛਲੇ ਦਿਨੀਂ ਪੰਜਾਬ ਦੀ ਰਾਜ ਸੱਤਾ ਚਲਾਉਣ ਵਾਲੀ ਆਮ ਆਦਮੀ ਪਾਰਟੀ ਵੱਲੋਂ ਆਗਾਮੀ ਚੋਣਾਂ ਵਿੱਚ ਵਧੀਆ ਕਾਰਜ ਗੁਜ਼ਾਰੀ ਕਰਨ ਅਤੇ ਮੁੜ ਸਰਕਾਰ ਬਣਾਉਣ ਲਈ ਪਾਰਟੀ ਵਿੱਚ ਵਿਸਥਾਰ ਕੀਤਾ ਗਿਆ ਹੈ, ਜਿਸ ਤਹਿਤ ਨਾਭਾ ਤੋਂ ਰਾਜਵਿੰਦਰ ਕੌਰ ਖਰੌੜ ਨੂੰ ਹਲਕਾ ਇੰਚਾਰਜ ਮਹਿਲਾ ਵਿੰਗ ਲਗਾਇਆ ਗਿਆ, ਜਿਨ੍ਹਾਂ ਦਾ ਅੱਜ ਪਿੰਡ ਦੇ ਸਰਪੰਚ ਬੀਬੀ ਦਲਜੀਤ ਕੌਰ ਰੈਸਲ ਅਤੇ ਸਾਬਕਾ ਸਰਪੰਚ ਹਰਬੰਸ ਸਿੰਘ ਰੈਸਲ ਤੇ ਸਮੂਹ ਨਗਰ ਪੰਚਾਇਤ ਵੱਲੋਂ ਮੈਡਮ ਰਾਜਵਿੰਦਰ ਕੌਰ ਖਰੌੜ ਦਾ ਸਿਰਪਾਓ ਦੇ ਕੇ ਸਨਮਾਨ ਕੀਤਾ ਗਿਆ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮੈਡਮ ਰਾਜਵਿੰਦਰ ਕੌਰ ਨੇ ਧੰਨਵਾਦ ਕਰਦਿਆਂ ਕਿਹਾ ਕਿ ਜੋ ਪਾਰਟੀ ਵੱਲੋਂ ਉਹਨਾਂ ਨੂੰ ਮਾਨ ਸਨਮਾਨ ਦਿੱਤਾ ਗਿਆ ਹੈ ਉਹ ਪੂਰੀ ਤਨਦੇਹੀ ਨਾਲ ਨਿਭਾਉਣਗੇ ਅਤੇ ਪਾਰਟੀ ਦੀਆਂ ਨੀਤੀਆਂ ਨੂੰ ਲੋਕਾਂ ਵਿੱਚ ਪਹੁੰਚਾਉਣਗੇ। ਇਸ ਮੌਕੇ ਉਹਨਾਂ ਨਾਲ ਬਲਾਕ ਪ੍ਰਧਾਨ ਕਾਲਾ ਕਿਤਾਬਾਂ ਵਾਲਾ ਭਾਦਸੋ, ਨਿਰਮਲ ਸਿੰਘ ਪੰਚ ਜਸਵਿੰਦਰ ਸਿੰਘ ਪੰਚ ਗੁਰਜਿੰਦਰ ਸਿੰਘ ਕਾਲਾ ਪੰਚ ਜਰਨੈਲ ਸਿੰਘ ਪੰਚ ਬਲਜੀਤ ਕੌਰ ਪੰਚ ,ਹਰਿੰਦਰ ਸਿੰਘ ਰੈਸਲ ਆਦਿ ਹਾਜ਼ਰ ਸਨ।

## ਡਾ. ਬੀ.ਐੱਸ. ਸੰਧੂ ਸਕੂਲ 'ਚ ਜਨਮ ਅਸ਼ਟਮੀ ਦਾ ਤਿਉਹਾਰ ਮਨਾਇਆ



ਦੇਵੀਗੜ੍ਹ, 17 ਅਗਸਤ (ਗੁਰਜੀਤ ਸਿੰਘ ਢੋਟ) : ਡਾ. ਬੀ.ਐੱਸ ਸੰਧੂ ਮੈਮੋਰੀਅਲ ਪਬਲਿਕ ਸਕੂਲ ਘੜਾਮ ਰੋਡ ਜੁਲਾਹਖੇੜੀ ਵਿਖੇ ਜਨਮ ਅਸ਼ਟਮੀ ਦਾ ਤਿਓਹਾਰ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ । ਇਸ ਤਿਓਹਾਰ ਵਿੱਚ ਪ੍ਰੈਪਰੇਟਰੀ ਜਮਾਤ ਦੇ ਵਿਦਿਆਰਥੀਆਂ ਨੇ ਬੜੀ ਉਤਸੁਕਤਾ ਨਾਲ ਭਾਗ ਲਿਆ ।ਇਹ ਵਿਦਿਆਰਥੀ ਰਾਧਾ ਅਤੇ ਕ੍ਰਿਸ਼ਨ ਦੀ ਡਰੈੱਸ ਵਿੱਚ ਸਕੂਲ ਆਏ । ਇਨ੍ਹਾਂ ਵਿਦਿਆਰਥੀਆਂ ਨੇ ਬਹੁਤ ਹੀ ਵਧੀਆ ਢੰਗ ਨਾਲ ਸ਼੍ਰੀ ਕ੍ਰਿਸ਼ਨ ਜੀ ਨੂੰ ਸਮਰਪਿਤ ਗਰੁੱਪ ਵਿੱਚ ਨਾਚ ਪੇਸ਼ ਕੀਤਾ ਅਤੇ ਦਹੀਂ-ਹਾਂਡੀ ਦੀ ਰਸਮ ਵੀ ਅਦਾ ਕੀਤੀ ਗਈ। ਸਕੂਲ ਪ੍ਰਿੰਸੀਪਲ ਰਜਿੰਦਰ ਕੌਰ ਸੰਧੂ ਨੇ ਜਨਮ ਅਸ਼ਟਮੀ ਦੇ ਤਿਉਹਾਰ ਬਾਰੇ ਵਿਦਿਆਰਥੀਆਂ ਨੂੰ ਜਾਣੂ ਕਰਵਾਇਆ ਗਿਆ ਅਤੇ ਸ਼੍ਰੀ ਕ੍ਰਿਸ਼ਨ ਜੀ ਦੇ ਜੀਵਨ ਬਾਰੇ ਚਾਨਣਾ ਪਾਇਆ। ਉਨ੍ਹਾਂ ਨੇ ਸਮੂਹ ਇਲਾਕਾ ਨਿਵਾਸੀਆਂ ਨੂੰ ਜਨਮ ਅਸ਼ਟਮੀ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ।

## ਨਸ਼ੇ ਦਾ ਸੇਵਨ ਕਰਨ 'ਤੇ ਮਾਮਲਾ ਦਰਜ

ਪਟਿਆਲਾ, 17 ਅਗਸਤ (ਵਿਨੋਦ ਸ਼ਰਮਾ) : ਥਾਣਾ ਅਰਬਨ ਅਸਟੇਟ ਪਟਿਆਲਾ ਪੁਲਿਸ ਨੇ ਕਥਿਤ ਦੋਸ਼ੀ ਮੋਨੂੰ ਵਾਸੀ ਗਲੀ ਨੰ. 03 ਨੇੜੇ ਸਰਕਾਰੀ ਕੁਆਟਰ ਸੰਜੇ ਕਲੋਨੀ ਮਹਿੰਦਰਾ ਕਾਲਜ ਰੋਡ ਪਟਿਆਲਾ ਵਿਰੁੱਧ ਧਾਰਾ 27, 61, 85 ਦੇ ਤਹਿਤ ਮਾਮਲਾ ਦਰਜ ਕੀਤਾ ਹੈ। ਏ.ਐਸ.ਆਈ. ਵਿਕਰਮਜੀਤ ਸਿੰਘ ਸਮੇਤ ਪੁਲਿਸ ਪਾਰਟੀ ਗਸ਼ਤ ਵਾ ਤਲਾਸ਼ ਸ਼ੱਕੀ ਤੇ ਭੈੜੇ ਪੁਰਸ਼ਾਂ ਦੇ ਸਬੰਧ ਵਿੱਚ ਫੇਸ-3 ਦੀਆਂ ਲਾਈਟਾਂ ਅਰਬਨ ਅਸਟੇਟ ਪਟਿਆਲਾ ਪਾਸ ਮੌਜੂਦ ਸੀ, ਜੋ ਇਤਲਾਹ ਮਿਲੀ ਕਿ ਦੋਸ਼ੀ ਫੇਸ-4 ਅਰਬਨ ਅਸਟੇਟ ਪਟਿਆਲਾ ਨੇੜੇ ਝਾੜੀਆਂ ਵਿੱਚ ਬੈਠ ਕੇ ਨਸ਼ੇ ਦਾ ਸੇਵਨ ਕਰ ਰਿਹਾ ਹੈ, ਜੋ ਰੇਡ ਕਰਨ ਪਰ 1 ਲਾਇਟਰ ਅਤੇ ਅੱਧਾ ਜਲਿਆ ਹੋਇਆ ਫੋਇਲ ਪੇਪਰ ਬ੍ਰਾਮਦ ਹੋਇਆ।

## ਜਨਰਲ ਭਲਾਈ ਕਮਿਸ਼ਨ ਦਾ ਚੇਅਰਮੈਨ ਅਤੇ ਅਮਲਾ ਤਾਇਨਾਤ ਕਰਕੇ ਤੁਰੰਤ ਕਮਿਸ਼ਨ ਚਾਲੂ ਕਰਨ ਸਬੰਧੀ ਬਿਜਲੀ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੂੰ ਦਿੱਤਾ ਮੰਗ ਪੱਤਰ

ਪਟਿਆਲਾ, 17 ਅਗਸਤ (ਰੁਪਾਣਾ) :ਜਨਰਲ ਕੈਟਾਗਰੀ ਵੈਲਫੇਅਰ ਫੈਡਰੇਸ਼ਨ, ਪੀਐਸਪੀਸੀਐਲ/ਪੀਐਸਟੀਸੀਐਲ, ਪੰਜਾਬ ਦੇ ਸੂਬਾ ਪ੍ਰਧਾਨ ਕੁਲਜੀਤ ਸਿੰਘ ਰਟੋਲ, ਸਕੱਤਰ ਜਨਰਲ ਸੁਖਪ੍ਰੀਤ ਸਿੰਘ, ਵਿੱਤ ਸਕੱਤਰ ਹਰਗੁਰਮੀਤ ਸਿੰਘ, ਅਮਿਤ ਕੁਮਾਰ ਵੱਲੋਂ ਪਟਿਆਲਾ ਵਿਖੇ ਸ੍ਰੀ ਹਰਭਜਨ ਸਿੰਘ ਈਟੀਓ ਲੋਕ ਨਿਰਮਾਣ ਅਤੇ ਬਿਜਲੀ ਮੰਤਰੀ ਪੰਜਾਬ ਨੂੰ ਮਿਲ ਕੇ 2 ਨੰ: ਮੰਗ ਪੱਤਰ ਦਿੱਤੇ ਗਏ । ਇੱਕ ਮੰਗ ਪੱਤਰ ਪੰਜਾਬ ਸਟੇਟ ਕਮਿਸ਼ਨ ਫਾਰਮ ਜਨਰਲ ਕੈਟਾਗਰੀ ਦਾ ਚੇਅਰਮੈਨ ਅਤੇ ਹੋਰ ਅਮਲਾ ਤੈਨਾਤ ਕਰਨ ਸਬੰਧੀ ਦਿੱਤਾ ਗਿਆ ਅਤੇ ਦੂਸਰਾ ਪੀਐਸਪੀਸੀਐਲ/ਪੀਐਸਟੀਸੀਐਲ ਅਧੀਨ ਕੰਮ ਕਰਦੇ ਕਰਮਚਾਰੀਆਂ/ ਅਧਿਕਾਰੀਆਂ ਨੂੰ ਪੇਸ਼ ਆ ਰਹੀਆਂ ਮੁਸ਼ਕਲਾਂ/ਮੰਗਾਂ ਸਬੰਧੀ ਮੰਗ ਪੱਤਰ ਦਿੱਤਾ ਗਿਆ। ਮੰਤਰੀ ਸਾਹਿਬ ਵੱਲੋਂ ਫੈਡਰੇਸ਼ਨ ਵੱਲੋਂ ਦੱਸੀਆਂ ਗਈਆਂ ਸਮੱਸਿਆਵਾਂ ਨੂੰ ਧਿਆਨਪੂਰਵਕ ਸੁਣਿਆ ਗਿਆ।



ਆਗੂਆਂ ਵੱਲੋਂ ਪ੍ਰੈਸ ਨੋਟ ਜਾਰੀ ਕਰਦਿਆਂ ਦੱਸਿਆ ਕਿ ਪਿਛਲੀ ਸਰਕਾਰ ਸਮੇਂ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ (ਰਿਜਰਵੇਸ਼ਨ ਸੈਲ), ਚੰਡੀਗੜ੍ਹ ਵੱਲੋਂ ਮਿਤੀ 29.12.2021 ਨੂੰ ਜਾਰੀ ਨੋਟੀਫਿਕੇਸ਼ਨ ਅਨੁਸਾਰ ਪੰਜਾਬ ਸਟੇਟ ਕਮਿਸ਼ਨ ਫਾਰਮ ਜਨਰਲ ਕੈਟਾਗਰੀ ਸਥਾਪਿਤ ਕੀਤਾ ਗਿਆ ਸੀ । ਜਿਸ ਵਿੱਚ ਸ੍ਰੀ ਨਵਜੋਤ ਸਿੰਘ ਦਾਹੀਆ ਨੂੰ ਕਮਿਸ਼ਨ ਦਾ ਚੇਅਰਮੈਨ ਅਤੇ ਸ੍ਰੀ ਸੁਸ਼ੀਲ ਪਰਾਸ਼ਰ ਨੂੰ ਵਾਇਸ ਚੇਅਰਮੈਨ ਅਤੇ ਸ੍ਰੀ ਗੋਰਵ ਸ਼ਰਮਾ ਨੂੰ ਮੈਂਬਰ ਨਿਯੁਕਤ ਕੀਤਾ ਗਿਆ ਸੀ ਪਰੰਤੂ 2022 ਦੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਡਾ:ਦਾਹੀਆ ਵੱਲੋਂ ਬਤੌਰ ਐਮਐਲ ਏ ਚੋਣ ਲੜਨ ਲਈ ਅਸਤੀਫਾ ਦੇ ਦਿੱਤਾ ਸੀ। ਹੁਣ ਪੰਜਾਬ ਵਿਚ 'ਆਪ' ਪਾਰਟੀ ਦੀ ਨਵੀਂ ਸਰਕਾਰ ਵਲੋਂ 3 ਸਾਲ ਤੋਂ ਜ਼ਿਆਦਾ ਸਮਾਂ ਬੀਤ ਜਾਣ ਦੇ ਬਾਵਜੂਦ ਵੀ ਜਨਰਲ ਵਰਗ ਲਈ ਸਥਾਪਿਤ ਕਮਿਸ਼ਨ ਦਾ ਕੋਈ ਵੀ ਚੇਅਰਮੈਨ, ਵਾਈਸ ਚੇਅਰਮੈਨ ਅਤੇ ਮੈਂਬਰ ਨਹੀਂ ਲਗਾਇਆ ਗਿਆ। ਪੰਜਾਬ ਸਰਕਾਰ ਵੱਲੋਂ ਜਨਰਲ ਵਰਗ ਨਾਲ ਕੀਤੇ ਜਾ ਰਹੇ ਪੱਖਪਾਤ ਕਾਰਨ ਕਾਫੀ ਰੋਸ ਪਾਇਆ ਜਾ ਰਿਹਾ ਹੈ । ਪੰਜਾਬ ਸਰਕਾਰ ਵੱਲੋਂ ਪਿਛਲੇ ਦਿਨਾਂ ਵਿੱਚ ਪੰਜਾਬ ਦੇ ਲਗਭਗ ਸਾਰੇ ਬੋਰਡਾਂ/ ਕਾਰਪੋਰੇਸ਼ਨ ਦੇ ਚੇਅਰਮੈਨ, ਵਾਈਸ ਚੇਅਰਮੈਨ ਅਤੇ ਮੈਂਬਰ ਨਿਯੁਕਤ ਕੀਤੇ ਜਾ ਚੁੱਕੇ ਹਨ, ਪ੍ਰੰਤੂ ਪੰਜਾਬ ਸਟੇਟ ਕਮਿਸ਼ਨ ਫਾਰ ਜਨਰਲ ਕੈਟਾਗਰੀ ਦਾ ਚੇਅਰਪਰਸਨ ਲਗਾਉਣ ਲਈ 3 ਸਾਲ ਤੋਂ ਜ਼ਿਆਦਾ ਦਾ ਸਮਾਂ ਬੀਤ ਜਾਣ ਦੇ ਬਾਵਯੂਵ ਵੀ ਕੋਈ ਇਸ਼ਤਿਹਾਰ ਤੱਕ ਨਹੀਂ ਦਿੱਤਾ ਗਿਆ । ਜਨਰਲ ਵਰਗ ਦੇ ਭਲਾਈ/ਸੁਣਵਾਈ ਲਈ ਕੋਈ ਵੀ ਅਫਸਰ, ਲੀਡਰ ਜਾਂ ਵਿਭਾਗ ਸਥਾਪਿਤ ਨਹੀਂ ਕੀਤਾ ਗਿਆ ਜਿੱਥੇ ਜਾ ਕੇ ਜਨਰਲ ਵਰਗ ਦੇ ਲੋਕ ਆਪਣੀ ਸਮੱਸਿਆ ਦੱਸ ਸਕਣ । ਜਨਰਲ ਵਰਗ ਦੇ ਲੋਕਾਂ ਨੂੰ 'ਆਪ' ਸਰਕਾਰ ਤੋਂ ਬਹੁਤ ਹੀ ਜ਼ਿਆਦਾ ਉਮੀਦਾਂ ਸਨ ਪਰੰਤੂ ਅਜੇ ਤੱਕ ਜਨਰਲ ਵਰਗ ਦੀ ਭਲਾਈ ਲਈ ਸਥਾਪਿਤ ਕਮਿਸ਼ਨ ਦੇ ਚੇਅਰਮੈਨ, ਮੈਂਬਰਾਂ ਅਤੇ ਹੋਰ ਸਟਾਫ ਦੀਆਂ ਹਾਲੇ ਤੱਕ ਨਿਯੁਕਤੀਆਂ ਨਹੀਂ ਕੀਤੀਆਂ ਗਈਆਂ, ਜਿਸ ਨਾਲ ਜਨਰਲ ਵਰਗ ਦੇ ਮੁਲਾਜ਼ਮਾਂ, ਵਪਾਰੀਆਂ, ਦੁਕਾਨਕਾਰਾਂ, ਕਿਸਾਨਾਂ ਅਤੇ ਵਿਦਿਆਰਥੀਆਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ । ਇਹਨਾਂ ਆਗੂਆਂ ਵੱਲੋਂ ਇਹ ਵੀ ਮੰਗ ਕੀਤੀ ਗਈ ਕਿ ਜਨਰਲ ਕਮਿਸ਼ਨ ਨੂੰ ਸਮਾਜਿਕ ਨਿਆ, ਅਧਿਕਾਰਤਾ ਅਤੇ ਘੱਟ ਗਿਣਤੀ (ਰਿਜਰਵੇਸ਼ਨ ਸੈਲ), ਚੰਡੀਗੜ੍ਹ ਤੋਂ ਵੱਖਰੇ ਤੌਰ 'ਤੇ ਖੁਦ ਮੁਖਤਿਆਰ ਤੌਰ ਤੇ ਕੰਮ ਕਰਨ ਦੀ ਸ਼ਕਤੀ /ਪਾਵਰਾਂ ਪ੍ਰਦਾਨ ਕੀਤੀਆਂ ਜਾਣ ਜਾਂ ਫਿਰ ਜਨਰਲ ਕਮਿਸ਼ਨ ਸਿੱਧੇ ਤੌਰ 'ਤੇ ਪ੍ਰਸੋਨਲ ਵਿਭਾਗ ਦੇ ਅਧੀਨ ਲਗਾਇਆ ਜਾਵੇ ਤਾਂ ਜੋ ਜਨਰਲ ਵਰਗ ਦੇ ਲੋਕਾਂ ਦੀ ਯੋਗ ਸੁਣਵਾਈ ਤੇ ਪੂਰਾ ਇਨਸਾਫ ਮਿਲ ਸਕੇ । ਆਗੂਆਂ ਵਲੋਂ ਸਰਕਾਰ ਵਿਰੁੱਧ ਰੋਸ ਪ੍ਰਗਟ ਕਰਦੇ ਹੋਏ ਕਿਹਾ ਗਿਆ ਕਿ ਜੇਕਰ ਜਨਰਲ ਵਰਗ ਦਾ ਚੇਅਰਪਰਸਨ ਲਗਾਉਣ ਲਈ ਜਲਦੀ ਪ੍ਰੋਸੈਸ ਸੁਰੂ ਨਾ ਕੀਤਾ ਗਿਆ ਤਾਂ ਜਨਰਲ ਫੈਡਰੇਸ਼ਨ ਤਿੱਖਾ ਸੰਘਰਸ਼ ਕਰਨ ਲਈ ਮਜਬੂਰ ਹੋਣਾ ਪਵੇਗਾ।

ਖ਼ਾਲਸਾ ਪ੍ਰਚਾਰ ਮਿਸ਼ਨ ਪਟਿਆਲਾ ਵੱਲੋਂ ਚੌਥਾ ਮਹਾਨ
21 ਰੋਜ਼ਾ ਗੁਰੂ ਮਾਨਿਓ ਗ੍ਰੰਥ ਚੇਤਨਾ ਸਮਾਗਮ
18 ਅਗਸਤ 2025 ਦਿਨ ਸੋਮਵਾਰ
ਗੁ: ਸੰਤ ਬਾਬਾ ਕਰਮ ਸਿੰਘ ਜੀ, ਹੋਤੀ ਮਰਦਾਨ, ਚਰਨ ਬਾ.ਗ, ਪਟਿਆਲਾ
ਵਿਖੇ ਸ਼ਾਮ 7 ਤੋਂ 9 ਵਜੇ ਤੱਕ ਹੋਵੇਗਾ।